19-JUNE-PAGE-1.qxd 6/18/2025 10:53 PM Page 1

ਵੀਰਵਾਰ, 19 ਜੂਨ, 2025
5 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 18

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 19 JUNE, 2025
ਜਲੰਧਰ

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਟਰੰਪ ਅੱਗੇ ਗੋਡੇ ਨਹੀਂ ਟੇਕਾਂਗੇ : ਖਾਮੇਨੀ

**ਤਹਿਰਾਨ** : ਈਰਾਨ ਦੇ ਸੁਪਰੀਮ ਲੀਡਰ ਆਯਾਤੁੱਲ੍ਹਾ ਅਲੀ ਖਾਮੇਨੀ ਨੇ ਕਿਹਾ ਹੈ ਕਿ ਜਿਹੜੇ ਲੋਕ ਈਰਾਨ ਦੇ ਇਤਿਹਾਸ ਨੂੰ ਜਾਣਦੇ ਹਨ, ਉਨ੍ਹਾਂ ਨੂੰ ਪਤਾ ਹੈ ਕਿ ਈਰਾਨੀ ਧਮਕੀ ਵਾਲੀ ਭਾਸ਼ਾ ਬਰਦਾਸ਼ਤ ਨਹੀਂ ਕਰਦੇ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਧਮਕੀਆਂ ਦੇ ਸੰਦਰਭ ਵਿੱਚ ਖਾਮੇਨੀ ਨੇ ਟੀ ਵੀ ’ਤੇ ਖਿਤਾਬ ਕਰਦਿਆਂ ਕਿਹਾ ਕਿ ਈਰਾਨ ਮੜ੍ਹਿਆ ਅਮਨ ਜਾਂ ਜੰਗ ਮਨਜ਼ੂਰ ਨਹੀਂ ਕਰੇਗਾ। ਉਨ੍ਹਾ ਕਿਹਾ—ਉਨ੍ਹਾਂ ਨੂੰ ਸਮਝ ਲੈਣਾ ਚਾਹੀਦਾ ਹੈ ਕਿ ਈਰਾਨ ਗੋਡੇ ਨਹੀਂ ਟੇਕੇਗਾ ਅਤੇ ਕਿਸੇ ਵੀ ਅਮਰੀਕੀ ਹਮਲੇ ਦੇ ਗੰਭੀਰ ਸਿੱਟੇ ਨਿਕਲਣਗੇ। ਇਜ਼ਰਾਈਲ ਨੇ ਬਹੁਤ ਵੱਡੀ ਗਲਤੀ ਕੀਤੀ ਹੈ ਤੇ ਉਸ ਨੂੰ ਇਸਦੀ ਸਜ਼ਾ ਦੇਵਾਂਗੇ। ਲੋਕ ਸ਼ਹੀਦਾਂ ਦੇ ਡੁੱਲ੍ਹੇ ਖ਼ੂਨ ਤੇ ਆਪਣੇ ਇਲਾਕੇ ’ਤੇ ਹਮਲੇ ਨੂੰ ਨਹੀਂ ਭੁੱਲਣਗੇ।



ਟਰੰਪ ਨੇ ਮੰਗਲਵਾਰ ਕਈ ਪੋਸਟਾਂ ਪਾ ਕੇ ਈਰਾਨ ਨੂੰ ਆਤਮ-ਸਮਰਪਣ ਕਰਨ ਲਈ ਧਮਕਾਇਆ ਸੀ। ਉਸ ਨੇ ਕਿਹਾ ਸੀ ਕਿ ਉਨ੍ਹਾ ਦਾ ਈਰਾਨੀ ਆਕਾਸ਼ ’ਤੇ ਮੁਕੰਮਲ ਕਬਜ਼ਾ ਹੋ ਗਿਆ ਹੈ। ਈਰਾਨ ਦੇ ਵਿਦੇਸ਼ ਮੰਤਰਾਲੇ ਦੇ ਬੁਲਾਰੇ ਨੇ ਬੁੱਧਵਾਰ ਚੇਤਾਵਨੀ ਜਾਰੀ ਕਰਦਿਆਂ ਕਿਹਾ ਕਿ ਉਨ੍ਹਾ ਦੇ ਦੇਸ਼ ਨੂੰ ਨਿਸ਼ਾਨਾ ਬਣਾ ਕੇ ਚੱਲ ਰਹੇ ਇਜ਼ਰਾਈਲੀ ਹਮਲਿਆਂ ਵਿੱਚ ਅਮਰੀਕੀ ਦਖਲਅੰਦਾਜ਼ੀ ਇੱਕ ਸੰਪੂਰਨ ਯੁੱਧ ਨੂੰ ਜਨਮ ਦੇਵੇਗੀ। ਇਸਮਾਈਲ ਬਾਘਾਈ ਨੇ ਅਲ ਜਜ਼ੀਰਾ ਇੰਗਲਿਸ਼ ’ਤੇ ਲਾਈਵ ਇੱਕ ਇੰਟਰਵਿਊ ਵਿੱਚ ਕਿਹਾ, ‘ਕੋਈ ਵੀ ਅਮਰੀਕੀ ਦਖਲਅੰਦਾਜ਼ੀ ਖੇਤਰ ਵਿੱਚ ਇੱਕ ਸੰਪੂਰਨ ਯੁੱਧ ਦਾ ਨੁਸਖਾ ਹੋਵੇਗੀ।’ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਸ਼ੁਰੂ ਵਿੱਚ ਈਰਾਨ ’ਤੇ ਇਜ਼ਰਾਈਲ ਦੇ ਹਮਲਿਆਂ ਤੋਂ ਆਪਣੇ ਆਪ ਨੂੰ ਦੂਰ ਕਰ ਲਿਆ ਸੀ, ਪਰ ਉਨ੍ਹਾ ਅਮਰੀਕਾ ਦੀ ਵੱਡੀ ਸ਼ਮੂਲੀਅਤ ਦਾ ਸੰਕੇਤ ਦਿੰਦੇ ਹੋਏ ਕਿਹਾ ਹੈ ਕਿ ਉਹ ਜੰਗਬੰਦੀ ਨਾਲੋਂ ਕੁਝ ਬਹੁਤ ਵੱਡਾ ਚਾਹੁੰਦੇ ਹਨ। ਅਮਰੀਕਾ ਨੇ ਖੇਤਰ ਵਿੱਚ ਹੋਰ ਜੰਗੀ ਜਹਾਜ਼ ਵੀ ਭੇਜੇ ਹਨ। ਈਰਾਨ ਤੇ ਇਜ਼ਰਾਈਲ ਵਿਚਾਲੇ ਸੰਘਰਸ਼ ਵਿੱਚ ਹੁਣ ਤਕ ਈਰਾਨ ’ਚ ਮਰਨ ਵਾਲਿਆਂ ਦੀ ਗਿਣਤੀ 585 ਹੋ ਚੁੱਕੀ ਹੈ। ਵਾਸ਼ਿੰਗਟਨ ਸਥਿਤ ਇੱਕ ਮਨੁੱਖੀ ਅਧਿਕਾਰ ਗਰੁੱਪ ਮੁਤਾਬਕ 1326 ਲੋਕ ਜ਼ਖਮੀ ਹੋਏ ਹਨ। ਇਜ਼ਰਾਈਲੀ ਹਵਾਈ ਜਹਾਜ਼ਾਂ ਨੇ ਬੁੱਧਵਾਰ ਪੂਰਬੀ ਈਰਾਨ ਵਿੱਚ ਫੌਜੀ ਟਿਕਾਣਿਆਂ ’ਤੇ ਜ਼ੋਰਦਾਰ ਹਮਲੇ ਕੀਤੇ। ਉਸਨੇ ਕਿਹਾ ਕਿ ਉਸਦੇ 25 ਫਾਈਟਰਾਂ ਨੇ 40 ਮਿਜ਼ਾਈਲਾਂ ਦਾਗੀਆਂ। ਈਰਾਨ ਨੇ ਵੀ ਪਹਿਲੀ ਵਾਰ ਹਾਈਪਰਸੋਨਿਕ ਫਤਿਹ-1 ਮਿਜ਼ਾਈਲਾਂ ਦੀ ਵਰਤੋਂ ਕੀਤੀ ਹੈ। ਇਨ੍ਹਾਂ ਦੀ ਰਫਤਾਰ ਆਵਾਜ਼ ਨਾਲੋਂ ਪੰਜ ਗੁਣਾ ਵੱਧ ਹੈ। ਫੌਰੀ ਤੌਰ ’ਤੇ ਪਤਾ ਨਹੀਂ ਲੱਗਾ ਕਿ ਇਨ੍ਹਾਂ ਨੇ ਇਜ਼ਰਾਈਲੀ ਡਿਫੈਂਸ ਸਿਸਟਮ ਨੂੰ ਵਿੰਨ੍ਹ ਕੇ ਕਿੰਨਾ ਨੁਕਸਾਨ ਕੀਤਾ।

ਇਸੇ ਦੌਰਾਨ ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਨੇ ਰਾਤ ਨੂੰ ਸੁਰੱਖਿਆ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਹੰਗਾਮੀ ਮੀਟਿੰਗ ਸੱਦੀ ਹੈ।

ਤੁਰਕੀ ਦੇ ਰਾਸ਼ਟਰਪਤੀ ਰੇਸੇਪ ਤਈਅਪ ਐਰਦੋਗਨ ਨੇ ਨੇਤਨਯਾਹੂ ਦੀ ਤੁਲਨਾ ਹਿਟਲਰ ਨਾਲ ਕਰਦਿਆਂ ਕਿਹਾ ਹੈ ਕਿ ਉਸਨੇ ਕਤਲੇਆਮ ਦੇ ਮਾਮਲੇ ਵਿੱਚ ਹਿਟਲਰ ਨੂੰ ਬਹੁਤ ਪਿੱਛੇ ਛੱਡ ਦਿੱਤਾ ਹੈ। ਉਹ ਉਮੀਦ ਕਰਦੇ ਹਨ ਕਿ ਉਸਦਾ ਹਸ਼ਰ ਹਿਟਲਰ ਵਰਗਾ ਨਾ ਹੋਵੇ।

ਉਧਰ, ਅਮਰੀਕਾ ਨੇ ਸਕਾਟਲੈਂਡ ਤੇ ਇਟਲੀ ਵਿੱਚ ਲੜਾਕੇ ਜਹਾਜ਼ਾਂ ਦੀ ਤਾਇਨਾਤੀ ਵਧਾ ਦਿੱਤੀ ਹੈ। ਇੱਕ ਦਿਨ ਪਹਿਲਾਂ ਅਮਰੀਕਾ ਨੇ ਇਟਲੀ ਤੋਂ ਦਰਜਨ ਭਰ ਐੱਫ-16 ਲੜਾਕੂ ਜਹਾਜ਼ ਸਾਊਦੀ ਅਰਬ ਦੇ ਪ੍ਰਿੰਸ ਸੁਲਤਾਨ ਏਅਰਬੇਸ ’ਤੇ ਟਰਾਂਸਫਰ ਕਰ ਦਿੱਤੇ ਸਨ।

## 11 ਕਿੱਲੋਮੀਟਰ ਉੱਚਾ ਸੁਆਹ ਦਾ ਗੁਬਾਰ



ਇੰਡੋਨੇਸ਼ੀਆ ਦੇ ਪੂਰਬੀ ਨੁਸਾ ਤੇਂਗੜਾ ਸੂਬੇ ਦੇ ਮਾਊਂਟ ਲੇਵੋਟੋਬੀ ਲਕੀ-ਲਕੀ ਵਿੱਚ ਮੰਗਲਵਾਰ ਫੁੱਟੇ ਜਵਾਲਾਮੁਖੀ ਨੇ 11 ਕਿੱਲੋਮੀਟਰ ਉਚਾਈ ਤੱਕ ਸੁਆਹ ਦਾ ਗੁਬਾਰ ਪੈਦਾ ਕਰ ਦਿੱਤਾ। ਨਤੀਜੇ ਵਜੋਂ ਇੰਡੋਨੇਸ਼ੀਆਈ ਸੈਲਾਨੀ ਟਾਪੂ ਬਾਲੀ ਲਈ ਘੱਟੋ-ਘੱਟ 32 ਉਡਾਣਾਂ ਰੱਦ ਕਰਨੀਆਂ ਪਈਆਂ। ਏਅਰ ਇੰਡੀਆ ਨੂੰ ਬੁੱਧਵਾਰ ਦਿੱਲੀ-ਬਾਲੀ ਉਡਾਣ ਨੂੰ ਰਾਹ ਵਿੱਚੋਂ ਹੀ ਕੌਮੀ ਰਾਜਧਾਨੀ ਵਾਪਸ ਮੋੜਨਾ ਪਿਆ। ਏਅਰ ਇੰਡੀਆ ਨੇ ਬਿਆਨ ਵਿੱਚ ਕਿਹਾ ਕਿ ਉਡਾਣ ਸੁਰੱਖਿਅਤ ਢੰਗ ਨਾਲ ਦਿੱਲੀ ਵਾਪਸ ਉਤਰ ਗਈ ਅਤੇ ਸਾਰੇ ਯਾਤਰੀਆਂ ਨੂੰ ਉਤਾਰ ਲਿਆ ਗਿਆ।

## ਤਿੰਨ ਹਜ਼ਾਰ ਦਾ ਸਾਲਾਨਾ ਫਾਸਟੈਗ




**ਨਵੀਂ ਦਿੱਲੀ** : ਕੇਂਦਰੀ ਮੰਤਰੀ ਨਿਤਿਨ ਗਡਕਰੀ ਨੇ ਬੁੱਧਵਾਰ ਕਿਹਾ ਕਿ ਸਰਕਾਰ ਆਮ ਲੋਕਾਂ ਨੂੰ ਪ੍ਰੇਸ਼ਾਨੀ ਰਹਿਤ ਹਾਈਵੇ ਸਫਰ ਦੀ ਸਹੂਲਤ ਮੁਹੱਈਆ ਕਰਾਉਣ ਵੱਲ ਇੱਕ ਕਦਮ ਵਜੋਂ 15 ਅਗਸਤ ਤੋਂ ਨਿੱਜੀ ਵਾਹਨਾਂ ਲਈ 3,000 ਰੁਪਏ ਦੀ ਕੀਮਤ ਵਾਲਾ ਫਾਸਟਟੈਗ ਅਧਾਰਤ ਸਾਲਾਨਾ ਪਾਸ ਦੀ ਸਕੀਮ ਜਾਰੀ ਕਰੇਗੀ। ਗਡਕਰੀ ਨੇ ਕਿਹਾ ਕਿ ਇਹ ਪਾਸ ਐਕਟੀਵੇਸ਼ਨ ਦੀ ਮਿਤੀ ਤੋਂ ਇੱਕ ਸਾਲ ਜਾਂ 200 ਯਾਤਰਾਵਾਂ ਤੱਕ, ਜੋ ਵੀ ਪਹਿਲਾਂ ਆਵੇ, ਲਈ ਵਾਜਬ ਹੋਵੇਗਾ। ਇਹ ਪਾਸ ਵਿਸ਼ੇਸ਼ ਤੌਰ ’ਤੇ ਗੈਰ-ਵਪਾਰਕ ਨਿੱਜੀ ਵਾਹਨਾਂ ਜਿਵੇਂ ਕਿ ਕਾਰਾਂ, ਜੀਪਾਂ ਅਤੇ ਵੈਨਾਂ ਲਈ ਤਿਆਰ ਕੀਤਾ ਗਿਆ ਹੈ। ਗਡਕਰੀ ਨੇ ਕਿਹਾ ਕਿ ਇਹ ਨੀਤੀ 60 ਕਿੱਲੋਮੀਟਰ ਦੀ ਰੇਂਜ ਦੇ ਅੰਦਰ ਸਥਿਤ ਟੋਲ ਪਲਾਜ਼ਿਆਂ ਸੰਬੰਧੀ ਲੰਮੇ ਸਮੇਂ ਤੋਂ ਚੱਲੀਆਂ ਆ ਰਹੀਆਂ ਚਿੰਤਾਵਾਂ ਨੂੰ ਦੂਰ ਕਰੇਗੀ।

## ਭਾਰਤੀ ਕੂਟਨੀਤੀ ਤਬਾਹ ਹੋ ਰਹੀ : ਕਾਂਗਰਸ

**ਨਵੀਂ ਦਿੱਲੀ** : ਪਾਕਿਸਤਾਨੀ ਫੌਜ ਮੁਖੀ ਜਨਰਲ ਆਸੀਮ ਮੁਨੀਰ ਦੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨਾਲ ਦੁਪਹਿਰ ਦਾ ਖਾਣਾ ਖਾਣ ਦੀਆਂ ਖ਼ਬਰਾਂ ਤੋਂ ਬਾਅਦ ਕਾਂਗਰਸ ਨੇ ਬੁੱਧਵਾਰ ਮੋਦੀ ਸਰਕਾਰ ’ਤੇ ਤਨਜ਼ ਕੱਸਦਿਆਂ ਕਿਹਾ ਕਿ ਭਾਰਤੀ ਕੂਟਨੀਤੀ ਤਬਾਹ ਹੋ ਰਹੀ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਬਿਲਕੁਲ ਚੁੱਪ ਹਨ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਇਹ ਵੀ ਕਿਹਾ ਕਿ ਰਾਸ਼ਟਰਪਤੀ ਟਰੰਪ ਨੇ ਖੁਦ 14 ਵਾਰ ਕਿਹਾ ਹੈ ਕਿ ਉਨ੍ਹਾ ਭਾਰਤ ਅਤੇ ਪਾਕਿਸਤਾਨ ਵਿਚਾਲੇ ਜੰਗਬੰਦੀ ਕਰਵਾਈ, ਭਾਵ ਉਨ੍ਹਾ ‘ਅਪ੍ਰੇਸ਼ਨ ਸਿੰਧੂਰ’ ਖਤਮ ਕਰ ਦਿੱਤਾ।

ਰਮੇਸ਼ ਨੇ ਕਿਹਾ, ‘ਫੀਲਡ ਮਾਰਸ਼ਲ ਆਸੀਮ ਮੁਨੀਰ, ਉਹ ਵਿਅਕਤੀ ਹੈ ਜਿਸ ਦੀਆਂ ਭੜਕਾਊ ਅਤੇ ਉਕਸਾਊ ਟਿੱਪਣੀਆਂ ਦਾ ਸਿੱਧਾ ਸੰਬੰਧ 22 ਅਪਰੈਲ ਦੇ ਪਹਿਲਗਾਮ ਅੱਤਵਾਦੀ ਹਮਲਿਆਂ ਨਾਲ ਸੀ, ਅੱਜ ਵ੍ਹਾਈਟ ਹਾਊਸ ਵਿੱਚ ਰਾਸ਼ਟਰਪਤੀ ਟਰੰਪ ਨਾਲ ਦੁਪਹਿਰ ਦਾ ਖਾਣਾ ਖਾ ਰਿਹਾ ਹੈ।’ ਉਨ੍ਹਾ ਪੁੱਛਿਆ ਕਿ ਕੀ ਇਸੇ ਲਈ ਰਾਸ਼ਟਰਪਤੀ ਟਰੰਪ ਨੇ ਜੀ-7 ਸੰਮੇਲਨ ਇੱਕ ਦਿਨ ਪਹਿਲਾਂ ਛੱਡ ਦਿੱਤਾ, ਜਿਸ ਨਾਲ ਨਰਿੰਦਰ ਮੋਦੀ ਨੂੰ ਵੱਡੀ ਜੱਫੀ ਤੋਂ ਵਾਂਝਾ ਕਰ ਦਿੱਤਾ ਗਿਆ। ਕਾਂਗਰਸੀ ਆਗੂ ਨੇ ਕਿਹਾ, ‘ਅਮਰੀਕੀ ਸੈਂਟਰਲ ਕਮਾਂਡ ਦੇ ਮੁਖੀ ਜਨਰਲ ਮਾਈਕਲ ਕੁਰੀਲਾ ਨੇ ਪਾਕਿਸਤਾਨ ਨੂੰ ਅੱਤਵਾਦ ਵਿਰੋਧੀ ਕਾਰਵਾਈਆਂ ਵਿੱਚ ਇੱਕ ਅਸਾਧਾਰਨ ਭਾਈਵਾਲ ਕਿਹਾ। ਇਹ ਨਮਸਤੇ ਟਰੰਪ ਵੱਲੋਂ ਹਾਉਡੀ ਮੋਦੀ ਨੂੰ ਤੀਜਾ ਝਟਕਾ ਹੈ!’ ਰਮੇਸ਼ ਨੇ ਕਿਹਾ, ‘ਭਾਰਤੀ ਕੂਟਨੀਤੀ ਤਬਾਹ ਹੋ ਰਹੀ ਹੈ ਅਤੇ ਪ੍ਰਧਾਨ ਮੰਤਰੀ ਬਿਲਕੁਲ ਚੁੱਪ ਹਨ। ਕੱਲ੍ਹ ਉਨ੍ਹਾ ਦੀ (ਬਦਨਾਮ) ਚੀਨ ਨੂੰ ਕਲੀਨ ਚਿੱਟ ਦੀ ਪੰਜਵੀਂ ਵਰ੍ਹੇਗੰਢ ਹੈ।’ ਕਾਂਗਰਸ ਨੇ ਪਿਛਲੇ ਹਫਤੇ ਕਿਹਾ ਸੀ ਕਿ ਅਮਰੀਕਾ ਲਗਾਤਾਰ ਅਜਿਹੇ ਬਿਆਨ ਦੇ ਰਿਹਾ ਹੈ, ਜਿਨ੍ਹਾਂ ਦਾ ਮਤਲਬ ਸਿਰਫ ਇਹ ਕੱਢਿਆ ਜਾ ਸਕਦਾ ਹੈ ਕਿ ਉਹ ਭਾਰਤ ਅਤੇ ਪਾਕਿਸਤਾਨ ਨੂੰ ਇਕੱਠੇ ਕਰ ਰਿਹਾ ਹੈ। ਇਸ ਨੇ ਜ਼ੋਰ ਦਿੱਤਾ ਸੀ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਰਬ ਪਾਰਟੀ ਮੀਟਿੰਗ ਅਤੇ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਲਈ ਆਪਣੀ ਜ਼ਿੱਦ ਛੱਡ ਦੇਣੀ ਚਾਹੀਦੀ ਹੈ।

### ਐਤਕੀਂ ਹੈਲੀਕਾਪਟਰ ਨਹੀਂ

**ਸ੍ਰੀਨਗਰ** : ਇਸ ਸਾਲ ਅਮਰਨਾਥ ਤੀਰਥ ਯਾਤਰਾ ਲਈ ਹੈਲੀਕਾਪਟਰ ਸੇਵਾ ਉਪਲੱਬਧ ਨਹੀਂ ਹੋਵੇਗੀ। ਸ਼ਰਾਈਨ ਬੋਰਡ ਹਰ ਸਾਲ ਯਾਤਰਾ ਦੇ ਦੋ ਦੋਵਾਂ ਰੂਟਾਂ—ਰਵਾਇਤੀ ਪਹਿਲਗਾਮ ਰੂਟ ਤੇ ਛੋਟੇ ਬਾਲਟਾਲ ਰੂਟ ’ਤੇ ਹੈਲੀਕਾਪਟਰ ਸੇਵਾ ਮੁਹੱਈਆ ਕਰਵਾਉਂਦਾ ਹੈ। ਇਸ ਵਾਰ ਪਹਿਲਗਾਮ ਦਹਿਸ਼ਤੀ ਹਮਲੇ ਦੇ ਮੱਦੇਨਜ਼ਰ ਵਾਧੂ ਚੌਕਸੀ ਵਰਤੀ ਜਾ ਰਹੀ ਹੈ। ਸ਼ਰਧਾਲੂ ਗੁਫਾ ਤੱਕ ਪੈਦਲ ਜਾ ਸਕਦੇ ਹਨ ਜਾਂ ਘੋੜਿਆਂ ਅਤੇ ਪਾਲਕੀਆਂ ਦੀਆਂ ਸੇਵਾਵਾਂ ਲੈ ਸਕਦੇ ਹਨ।



### ਕੰਗਨਾ ਬ੍ਰਾਂਡ ਅੰਬੈਸਡਰ

**ਨਵੀਂ ਦਿੱਲੀ** : ਅਦਾਕਾਰਾ ਤੇ ਸੰਸਦ ਮੈਂਬਰ 39 ਸਾਲਾ ਕੰਗਨਾ ਰਣੌਤ ਨੂੰ ਬੁੱਧਵਾਰ ਸਤੰਬਰ-ਅਕਤੂਬਰ ਵਿੱਚ ਇੱਥੇ ਹੋਣ ਵਾਲੀ ਆਲਮੀ ਪੈਰਾ ਅਥਲੈਟਿਕਸ ਚੈਂਪੀਅਨਸ਼ਿਪ ਦੀ ਬ੍ਰਾਂਡ ਅੰਬੈਸਡਰ ਨਿਯੁਕਤ ਕੀਤਾ ਗਿਆ ਹੈ।

### ਮੁੱਖ ਮੰਤਰੀ ਦੀ ਕਾਰ ਚੋਰੀ ਕਰਨ ਵਾਲੇ 4 ਫੜੇ

**ਵੈਨਕੂਵਰ** : ਓਂਟਾਰੀਓ ਦੇ ਪ੍ਰੀਮੀਅਰ (ਮੁੱਖ ਮੰਤਰੀ) ਡੱਗ ਫੋਰਡ ਦੀ ਈਟੋਬੀਕੇ ਸਥਿਤ ਰਿਹਾਇਸ਼ ’ਤੇ ਖੜ੍ਹੀ ਕਾਰ ਚੋਰੀ ਕਰਨ ਦੇ ਦੋਸ਼ ਵਿੱਚ ਪੁਲਸ ਨੇ ਦੋ ਨਾਬਾਲਗਾਂ ਸਮੇਤ ਚਾਰ ਵਿਅਕਤੀਆਂ ਨੂੰ ਹਿਰਾਸਤ ਵਿੱਚ ਲਿਆ ਹੈ। ਉਨ੍ਹਾਂ ਦੇ ਕਬਜ਼ੇ ’ਚੋਂ ਕਾਰਾਂ ਦੀਆਂ ਡਿਜੀਟਲ ਨਕਲੀ ਚਾਬੀਆਂ ਵਾਲਾ ਪ੍ਰੋਗਰਾਮਰ ਅਤੇ ਕੁਝ ਚਾਬੀਆਂ ਫੜੀਆਂ ਹਨ।

ਡੱਗ ਫੋਰਡ ਨੇ ਚੋਰਾਂ ਦੇ ਹੌਸਲੇ ’ਤੇ ਤਨਜ਼ ਕੱਸਦਿਆਂ ਕਿਹਾ ਕਿ ਇਹ ਸਾਰਾ ਕੁਝ ਕੈਨੇਡਾ ਦੇ ਨਰਮ ਕਾਨੂੰਨਾਂ ਦਾ ਨਤੀਜਾ ਹੈ। ਬੇਸ਼ੱਕ ਚੋਰ ਅਪਰਾਧ ਕਰਦਿਆਂ ਫੜੇ ਗਏ, ਪਰ ਉਹ ਕੱਲ੍ਹ ਨੂੰ ਜ਼ਮਾਨਤ ’ਤੇ ਬਾਹਰ ਆ ਕੇ ਮੁੜ ਇਹੀ ਕੰਮ ਕਰਨਗੇ। ਅਜਿਹੀ ਮਾਨਸਿਕਤਾ ਵਾਲੇ ਲੋਕਾਂ ਦੀ ਥਾਂ ਜੇਲ੍ਹ ਹੋਣੀ ਚਾਹੀਦੀ ਹੈ, ਪਰ ਨਰਮ ਕਾਨੂੰਨਾਂ ਕਰਕੇ ਅਮਨਪਸੰਦ ਲੋਕਾਂ ਦਾ ਕਾਨੂੰਨ ਤੋਂ ਵਿਸ਼ਵਾਸ਼ ਉੱਠ ਰਿਹਾ ਹੈ। ਡੱਗ ਫੋਰਡ ਨੇ ਕਿਹਾ ਕਿ ਇਹ ਘਟਨਾ ਉਨ੍ਹਾਂ ਲੋਕਾਂ ਲਈ ਸਬਕ ਹੈ, ਜੋ ਕਾਨੂੰਨ ਵਿੱਚ ਸੋਧ ਦਾ ਵਿਰੋਧ ਕਰਦੇ ਹਨ। ਦੋਵਾਂ ਨਾਬਾਲਗਾਂ ਨੂੰ 16 ਜੁਲਾਈ ਤੱਕ ਘਰ ਵਿੱਚ ਬੰਦੀ ਬਣਾ ਦਿੱਤਾ ਗਿਆ ਹੈ, ਜਦ ਕਿ ਬਾਲਗਾਂ ਖਿਲਾਫ ਕਾਨੂੰਨ ਤਹਿਤ ਕਾਰਵਾਈ ਕੀਤੀ ਜਾਏਗੀ।

## ਮੋਦੀ ਦੀ ਟਰੰਪ ਨਾਲ ਫੋਨ ’ਤੇ ਗੱਲਬਾਤ

**ਨਵੀਂ ਦਿੱਲੀ** : ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਇਸ ਦਾਅਵੇ ਨੂੰ ਖਾਰਜ ਕਰ ਦਿੱਤਾ ਹੈ ਕਿ ਪਿਛਲੇ ਮਹੀਨੇ ਭਾਰਤ-ਪਾਕਿਸਤਾਨ ਜੰਗ ਰੋਕਣ ਲਈ ਅਮਰੀਕਾ ਨੇ ਵਪਾਰ ਦਾ ਲਾਲਚ ਦਿੱਤਾ ਸੀ। ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਨੇ ਕਸ਼ਮੀਰ ਬਾਰੇ ਕਦੇ ਵੀ ਕਿਸੇ ਤੀਜੀ ਧਿਰ ਦਾ ਦਖਲ ਸਵੀਕਾਰ ਨਹੀਂ ਕੀਤਾ ਤੇ ਨਾ ਹੀ ਭਵਿੱਖ ਵਿੱਚ ਕਦੇ ਕਰੇਗਾ।

ਮੋਦੀ ਨੇ ਇਹ ਗੱਲ ਖੁਦ ਜਨਤਕ ਤੌਰ ’ਤੇ ਨਹੀਂ ਦੱਸੀ, ਪਰ ਵਿਦੇਸ਼ ਸਕੱਤਰ ਵਿਕਰਮ ਮਿਸਰੀ ਨੇ ਐੱਕਸ ’ਤੇ ਇਕ ਵੀਡੀਓ ਪੋਸਟ ਕਰਦਿਆਂ ਕਿਹਾ ਕਿ ਮੋਦੀ ਨੇ ਟਰੰਪ ਨਾਲ ਫੋਨ ’ਤੇ 35 ਮਿੰਟ ਦੇ ਕਰੀਬ ਗੱਲਬਾਤ ਕੀਤੀ ਤੇ ਟਰੰਪ ਨੂੰ ਸਾਫ ਕਰ ਦਿੱਤਾ ਕਿ ਇਸ ਪੂਰੇ ਘਟਨਾਕ੍ਰਮ (7 ਤੋਂ 10 ਮਈ) ਦੌਰਾਨ ਕਿਸੇ ਵੀ ਸਮੇਂ, ਕਿਸੇ ਵੀ ਪੱਧਰ ’ਤੇ, ਭਾਰਤ-ਅਮਰੀਕਾ ਵਪਾਰ ਸਮਝੌਤੇ ਜਾਂ ਭਾਰਤ ਅਤੇ ਪਾਕਿਸਤਾਨ ਵਿਚਕਾਰ ਅਮਰੀਕਾ ਵੱਲੋਂ ਵਿਚੋਲਗੀ ਵਰਗੇ ਮੁੱਦਿਆਂ ’ਤੇ ਚਰਚਾ ਨਹੀਂ ਕੀਤੀ ਗਈ। ਫੌਜੀ ਕਾਰਵਾਈ ਰੋਕਣ ਦੇ ਫੈਸਲੇ ’ਤੇ ਭਾਰਤ ਤੇ ਪਾਕਿਸਤਾਨ ਵਿਚਕਾਰ ਸਿੱਧੇ ਤੌਰ ’ਤੇ ਦੋਵਾਂ ਮੁਲਕਾਂ ਦੀਆਂ ਫੌਜਾਂ ਦੇ ਮੌਜੂਦਾ ਚੈਨਲਾਂ ਰਾਹੀਂ ਚਰਚਾ ਪਾਕਿਸਤਾਨ ਦੀ ਬੇਨਤੀ ’ਤੇ ਕੀਤੀ ਗਈ ਸੀ। ਪ੍ਰਧਾਨ ਮੰਤਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਨੇ ਕਦੇ ਵੀ ਵਿਚੋਲਗੀ ਸਵੀਕਾਰ ਨਹੀਂ ਕੀਤੀ, ਨਾ ਹੀ ਇਸ ਨੂੰ ਕਦੇ ਕਰੇਗਾ। ਇਸ ਮੁੱਦੇ ’ਤੇ ਭਾਰਤ ਵਿੱਚ ਸਿਆਸੀ ਤੌਰ ’ਤੇ ਸਾਰੀਆਂ ਸਿਆਸੀ ਧਿਰਾਂ ’ਚ ਮੁਕੰਮਲ ਸਹਿਮਤੀ ਹੈ। ਵਿਦੇਸ਼ ਸਕੱਤਰ ਨੇ ਕਿਹਾ ਕਿ ਟਰੰਪ ਨੇ ਪ੍ਰਧਾਨ ਮੰਤਰੀ ਵੱਲੋਂ ਉਠਾਏ ਗਏ ਨੁਕਤਿਆਂ ਨੂੰ ਸਮਝਿਆ ਅਤੇ ਅੱਤਵਾਦ ਵਿਰੁੱਧ ਭਾਰਤ ਦੀ ਲੜਾਈ ਲਈ ਸਹਿਮਤੀ ਦਿੱਤੀ। ਮੋਦੀ ਨੇ ਟਰੰਪ ਨੂੰ ਦੱਸਿਆ ਕਿ ਭਾਰਤ ਹੁਣ ਦਹਿਸ਼ਤੀ ਸਰਗਰਮੀਆਂ ਨੂੰ ਪ੍ਰੌਕਸੀ ਵਜੋਂ ਨਹੀਂ, ਬਲਕਿ ਜੰਗੀ ਕਾਰਵਾਈ ਵਜੋਂ ਲਏਗਾ। ਜ਼ਿਕਰਯੋਗ ਹੈ ਕਿ ਮੋਦੀ ਅਤੇ ਟਰੰਪ ਨੇ 18 ਜੂਨ ਨੂੰ ਵ੍ਹਾਈਟ ਹਾਊਸ ਵਿੱਚ ਟਰੰਪ ਦੇ ਪਾਕਿਸਤਾਨੀ ਫੌਜ ਮੁਖੀ ਫੀਲਡ ਮਾਰਸ਼ਲ ਅਸੀਮ ਮੁਨੀਰ ਨਾਲ ਦੁਪਹਿਰ ਦੇ ਖਾਣੇ ਦੀ ਨਿਰਧਾਰਤ ਮੁਲਾਕਾਤ ਤੋਂ ਕੁਝ ਘੰਟੇ ਪਹਿਲਾਂ ਗੱਲਬਾਤ ਕੀਤੀ।

ਮਿਸਰੀ ਨੇ ਦੱਸਿਆ ਕਿ ਕੈਨੇਡਾ ਵਿੱਚ ਜੀ-7 ਸਿਖਰ ਸੰਮੇਲਨ ਤੋਂ ਇਕ ਪਾਸੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਰਾਸ਼ਟਰਪਤੀ ਡੋਨਾਲਡ ਟਰੰਪ ਵਿਚਾਲੇ ਬੈਠਕ ਪ੍ਰਸਤਾਵਤ ਸੀ, ਪਰ ਟਰੰਪ ਦੇ ਸੰਮੇਲਨ ਵਿਚਾਲੇ ਛੱਡ ਵਾਸ਼ਿੰਗਟਨ ਪਰਤਣ ਕਰਕੇ ਇਹ ਮੁਲਾਕਾਤ ਨਹੀਂ ਹੋ ਸਕੀ। ਇਹ ਟੈਲੀਫੋਨ ਕਾਲ ਰਾਸ਼ਟਰਪਤੀ ਟਰੰਪ ਦੀ ਬੇਨਤੀ ’ਤੇ ਹੋਈ, ਜਿਨ੍ਹਾ ਪ੍ਰਧਾਨ ਮੰਤਰੀ ਮੋਦੀ ਨੂੰ ਪੁੱਛਿਆ ਸੀ ਕਿ ਕੀ ਉਹ ਕੈਨੇਡਾ ਤੋਂ ਵਾਪਸ ਆਉਂਦੇ ਸਮੇਂ ਅਮਰੀਕਾ ਰੁਕ ਸਕਦੇ ਹਨ। ਮੋਦੀ ਨੇ ਹਾਲਾਂਕਿ ਪਹਿਲਾਂ ਤੋਂ ਨਿਰਧਾਰਤ ਰੁਝੇਵਿਆਂ ਕਾਰਨ ਅਸਮਰੱਥਾ ਜ਼ਾਹਰ ਕੀਤੀ। ਟਰੰਪ ਅਤੇ ਮੋਦੀ ਨੇ ਇਜ਼ਰਾਈਲ-ਈਰਾਨ ਟਕਰਾਅ ’ਤੇ ਵੀ ਚਰਚਾ ਕੀਤੀ। ਰੂਸ-ਯੂਕਰੇਨ ਟਕਰਾਅ ’ਤੇ, ਦੋਵੇਂ ਇਸ ਗੱਲ ’ਤੇ ਸਹਿਮਤ ਹੋਏ ਕਿ ਜਲਦੀ ਸ਼ਾਂਤੀ ਲਈ ਦੋਵਾਂ ਧਿਰਾਂ ਵਿਚਕਾਰ ਸਿੱਧੀ ਗੱਲਬਾਤ ਜ਼ਰੂਰੀ ਹੈ ਅਤੇ ਯਤਨ ਜਾਰੀ ਰਹਿਣੇ ਚਾਹੀਦੇ ਹਨ।



ਕੈਨੇਡਾ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਇਟਲੀ ਦੀ ਪ੍ਰਧਾਨ ਮੰਤਰੀ ਜਿਓਰਜੀਆ ਮੇਲੋਨੀ ਨੇ ਇੱਕ-ਦੂਜੇ ਦੀ ਰਾਜ਼ੀ-ਖੁਸ਼ੀ ਪੁੱਛੀ। ਵਾਇਰਲ ਵੀਡੀਓ ਵਿੱਚ ਮੇਲੋਨੀ ਇਹ ਕਹਿੰਦੀ ਸੁਣਾਈ ਦਿੱਤੀ—ਯੂ ਆਰ ਦੀ ਬੈਸਟ। ਆਈ ਐੱਮ ਟਰਾਈਂਗ ਟੂ ਬੀ ਐਜ਼ ਯੂ।

## ਪ੍ਰੇਮੀ ਤੇ ਭਾੜੇ ਦੇ ਕਾਤਲਾਂ ਤੋਂ ਪਤੀ ਮਰਵਾਇਆ

**ਜੈਪੁਰ** : ਰਾਜਸਥਾਨ ਦੇ ਅਲਵਰ ਜ਼ਿਲ੍ਹੇ ਵਿੱਚ ਇੱਕ ਔਰਤ ਨੇ ਕਥਿਤ ਤੌਰ ’ਤੇ ਆਪਣੇ ਪ੍ਰੇਮੀ ਅਤੇ ਚਾਰ ਹੋਰਨਾਂ ਨਾਲ ਮਿਲ ਕੇ ਆਪਣਾ ਪਤੀ ਮਾਰ ਦਿੱਤਾ। ਮ੍ਰਿਤਕ ਦੀ ਪਤਨੀ ਅਨੀਤਾ ਦੀ ਮੁੱਖ ਮੁਲਜ਼ਮ ਕਾਸ਼ੀ ਨਾਲ ਇੰਸਟਾਗਰਾਮ ਰਾਹੀਂ ਮੁਲਾਕਾਤ ਹੋਈ ਸੀ। ਇਹ ਅਪਰਾਧ ਇਸ ਕਰਕੇ ਸਾਹਮਣੇ ਆਇਆ, ਕਿਉਂਕਿ ਮ੍ਰਿਤਕ ਵੀਰੂ ਜਾਟਵ ਦੇ ਨੌਂ ਸਾਲ ਦੇ ਪੁੱਤਰ ਨੇ ਕਤਲ ਹੁੰਦਾ ਦੇਖ ਲਿਆ ਸੀ ਅਤੇ ਉਸ ਨੇ ਪੁਲਸ ਨੂੰ ਸਾਰਾ ਕੁਝ ਦੱਸ ਦਿੱਤਾ। ਵੀਰੂ ਜਾਟਵ ਦੀ 7 ਜੂਨ ਦੀ ਰਾਤ ਨੂੰ ਗਲਾ ਘੁੱਟ ਕੇ ਹੱਤਿਆ ਕਰ ਦਿੱਤੀ ਗਈ ਸੀ। ਵਾਰਦਾਤ ਨੂੰ ਅਨੀਤਾ, ਉਸ ਦੇ ਪ੍ਰੇਮੀ ਕਾਸ਼ੀ ਅਤੇ ਚਾਰ ਭਾੜੇ ਦੇ ਕਾਤਲਾਂ ਨੇ ਮਿਲ ਕੇ ਅੰਜਾਮ ਦਿੱਤਾ। ਅਨੀਤਾ ਨੇ ਕਾਤਲਾਂ ਨੂੰ ਅੰਦਰ ਆਉਣ ਦੇਣ ਲਈ ਘਰ ਦਾ ਬੂਹਾ ਖੋਲ੍ਹਿਆ ਅਤੇ ਜਦੋਂ ਉਸ ਦੇ ਪਤੀ ਨੂੰ ਬੇਰਹਿਮੀ ਨਾਲ ਮਾਰਿਆ ਗਿਆ ਤਾਂ ਉਹ ਚੁੱਪਚਾਪ ਖੜ੍ਹੀ ਦੇਖਦੀ ਰਹੀ। ਸ਼ੁਰੂ ਵਿੱਚ ਵੀਰੂ ਨੂੰ ਦਿਲ ਦਾ ਦੌਰਾ ਪੈਣ ਦੀ ਰਿਪੋਰਟ ਕੀਤੀ ਗਈ ਸੀ, ਪਰ ਮੁੰਡੇ ਦੇ ਬਿਆਨ ਅਤੇ ਸੀ ਸੀ ਟੀ ਵੀ ਫੁਟੇਜ ਰਾਹੀਂ ਇਸ ਘਿਨਾਉਣੀ ਸਾਜ਼ਿਸ਼ ਦੀ ਸੱਚਾਈ ਸਾਹਮਣੇ ਆਈ। ਡੀ ਐੱਸ ਪੀ ਕੈਲਾਸ਼ ਚੰਦ ਨੇ ਦੱਸਿਆ ਕਿ ਕਾਸ਼ੀ ਨੇ ਕਥਿਤ ਤੌਰ ’ਤੇ ਕਾਤਲਾਂ ਨੂੰ 2 ਲੱਖ ਰੁਪਏ ਦਿੱਤੇ ਸਨ। ਅਨੀਤਾ ਅਤੇ ਕਾਸ਼ੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ। ਇਹ ਅਪਰਾਧ ਇੰਦੌਰ (ਮੱਧ ਪ੍ਰਦੇਸ਼) ਦੇ ਰਾਜਾ ਰਘੂਵੰਸ਼ੀ ਦੇ ਉਸ ਦੀ ਪਤਨੀ ਸੋਨਮ ਵੱਲੋਂ ਆਪਣੇ ਪ੍ਰੇਮੀ ਅਤੇ ਤਿੰਨ ਹੋਰਨਾਂ ਤੋਂ ਬੀਤੀ 23 ਮਈ ਨੂੰ ਮੇਘਾਲਿਆ ਵਿੱਚ ਹਨੀਮੂਨ ’ਤੇ ਗਏ ਹੋਣ ਸਮੇਂ ਕਰਵਾਏ ਗਏ ਭਿਆਨਕ ਕਤਲ ਦੀ ਯਾਦ ਦਿਵਾਉਂਦਾ ਹੈ। ਰਘੂਵੰਸ਼ੀ ਦੀ ਗਲੀ-ਸੜੀ ਲਾਸ਼ 2 ਜੂਨ ਨੂੰ ਮੇਘਾਲਿਆ ਦੇ ਪੂਰਬੀ ਖਾਸੀ ਪਹਾੜੀ ਜ਼ਿਲ੍ਹੇ ਦੇ ਸੋਹਰਾ ਖੇਤਰ (ਜਿਸ ਨੂੰ ਚੇਰਾਪੂੰਜੀ ਵੀ ਕਿਹਾ ਜਾਂਦਾ ਹੈ) ਵਿੱਚ ਇੱਕ ਝਰਨੇ ਦੇ ਨੇੜੇ ਇੱਕ ਡੂੰਘੀ ਖੱਡ ਵਿੱਚੋਂ ਮਿਲੀ ਸੀ।



ਮੁਲਜ਼ਮ ਕਾਸ਼ੀ, ਅਨੀਤਾ ਤੇ ਮ੍ਰਿਤਕ ਵੀਰੂ।

## ਪਣਡੁੱਬੀ-ਤੋੜ ਜੰਗੀ ਜਹਾਜ਼ ਨੇਵੀ ਹਵਾਲੇ

**ਵਿਸ਼ਾਖਾਪਟਨਮ** : ਭਾਰਤ ਦੀਆਂ ਸਾਹਿਲੀ ਰੱਖਿਆ ਸਮਰਥਾਵਾਂ ਨੂੰ ਮਜ਼ਬੂਤ ਕਰਦੇ ਹੋਏ ਨੇਵਲ ਡੌਕਯਾਰਡ ਵਿਖੇ ਆਈ ਐੱਨ ਐੱਸ ਅਰਨਾਲਾ ਨੂੰ ਬੁੱਧਵਾਰ ਨੇਵੀ ਵਿੱਚ ਸ਼ਾਮਲ ਕੀਤਾ ਗਿਆ। ਇਹ ਭਾਰਤ ਦਾ ਪਹਿਲਾ ਸਵਦੇਸ਼ੀ ਤੌਰ ’ਤੇ ਤਿਆਰ ਕੀਤਾ ਪਣਡੁੱਬੀ-ਤੋੜਜੰਗੀ ਸ਼ੈਲੋ ਵਾਟਰ ਕਰਾਫਟ ਹੈ। ਕਮਿਸ਼ਨਿੰਗ ਸਮਾਰੋਹ ਦੀ ਪ੍ਰਧਾਨਗੀ ਡਿਫੈਂਸ ਸਟਾਫ ਦੇ ਮੁਖੀ ਜਨਰਲ ਅਨਿਲ ਚੌਹਾਨ ਨੇ ਕੀਤੀ। ਇਹ ਗਾਰਡਨ ਰੀਚ ਸ਼ਿਪਬਿਲਡਰਸ ਐਂਡ ਇੰਜੀਨੀਅਰਜ਼, ਕੋਲਕਾਤਾ ਵੱਲੋਂ ਬਣਾਇਆ ਗਿਆ ਹੈ। 77 ਮੀਟਰ ਲੰਮਾ ਇਹ ਸਮੁੰਦਰੀ ਜਹਾਜ਼ ਪਾਣੀ ਹੇਠ ਨਿਗਰਾਨੀ ਪ੍ਰਣਾਲੀਆਂ ਅਤੇ ਬਾਰੂਦੀ ਸੁਰੰਗਾਂ ਵਿਛਾਉਣ ਵਰਗੀਆਂ ਕਾਰਵਾਈਆਂ ਦੇ ਸਮਰੱਥ ਹੈ। ਇਸ ਦਾ ਨਾਂਅ ਮਹਾਰਾਸ਼ਟਰ ਦੇ ਵਸਈ ਲਾਗਲੇ ਇਤਿਹਾਸਕ ਅਰਨਾਲਾ ਕਿਲ੍ਹੇ ਦੇ ਨਾਂਅ ’ਤੇ ਰੱਖਿਆ ਗਿਆ ਹੈ। ਇਸ ਨੂੰ ਘੱਟ ਪਾਣੀ ਵਿੱਚ ਚੱਲਣ ਲਈ ਤਿਆਰ ਕੀਤਾ ਗਿਆ ਹੈ ਤੇ ਇਹ ਡੀਜ਼ਲ ਇੰਜਣ-ਵਾਟਰਜੈੱਟ ਸੁਮੇਲ ਦੁਆਰਾ ਚਲਾਇਆ ਜਾਣ ਵਾਲਾ ਸਭ ਤੋਂ ਵੱਡਾ ਭਾਰਤੀ ਜੰਗੀ ਜਹਾਜ਼ ਹੈ।




### ਅੱਜ-ਨਾਮਾ

ਵੱਜਦੇ ਰਹਿੰਦੇ ਆ ਬਿਨਾਂ ਸ਼ੱਕ ਬੜੇ ਛਾਪੇ,
ਲੱਗਦੀ ਨਹੀਂਉਂ ਅਪਰਾਧ ਨੂੰ ਠੱਲ੍ਹ ਬੇਲੀ।
ਅਮਲਾ-ਫੈਲਾ ਜੇ ਦਿਲੋਂ ਨਹੀਂ ਸਾਥ ਦੇਵੇ,
ਲੱਗਣੀ ਸਿਰੇ ਨਹੀਂ ਕਦੀ ਵੀ ਗੱਲ ਬੇਲੀ।
ਛਾਪਾ ਮਾਰਨ ਲਈ ਟੀਮ ਤਾਂ ਜਾਏ ਪਿੱਛੋਂ,
ਸੁਨੇਹਾ ਪਹਿਲਾਂ ਹੀ ਦੇਂਦੇ ਈ ਘੱਲ ਬੇਲੀ।
ਗੰਦੇ ਅਨਸਰ ਨੂੰ ਪਾਈ ਨਹੀਂ ਨੱਥ ਜਾਵੇ,
ਮਿਲਣੀ ਸਫਲਤਾ ਦੀ ਕਿੱਦਾਂ ਭੱਲ ਬੇਲੀ।
ਪੁਰਜ਼ੇ ਸਰਕਾਰ ਦੇ ਆਪਣੇ ਠੀਕ ਨਾਹੀਂ,
ਮਿਲ ਕੇ ਚੱਲਣ ਨੂੰ ਨਹੀਂ ਤਿਆਰ ਬੇਲੀ।
ਚੁਸਤ-ਦਰੁਸਤ ਪ੍ਰਬੰਧ ਨੂੰ ਕਰੇ ਪਹਿਲਾਂ,
ਚਾਹੁੰਦੀ ਦਿਲੋਂ ਜੇ ਸਿੱਟੇ ਸਰਕਾਰ ਬੇਲੀ।

-ਤੀਸ ਮਾਰ ਖਾਂ

## ਪਾਲੀ ਖ਼ਾਦਿਮ ਦੇ ‘ਜਾਦੂ-ਪੱਤਾ’ ਤੇ ਮਨਦੀਪ ਔਲਖ ਦੇ ‘ਗਰਲਜ਼ ਹੋਸਟਲ’ ਨੂੰ ਐਵਾਰਡ

**ਨਵੀਂ ਦਿੱਲੀ** : ਭਾਰਤੀ ਸਾਹਿਤ ਅਕੈਡਮੀ ਨੇ 2025 ਦੇ ਬਾਲ ਸਾਹਿਤ ਇਨਾਮਾਂ ਦਾ ਬੁੱਧਵਾਰ ਐਲਾਨ ਕਰ ਦਿੱਤਾ, ਜਿਸ ਤਹਿਤ ਪੰਜਾਬੀ ਵਿੱਚ ਇਹ ਇਨਾਮ ਪਾਲੀ ਖ਼ਾਦਿਮ ਦੇ ਨਾਵਲ ‘ਜਾਦੂ-ਪੱਤਾ’ ਨੂੰ ਦਿੱਤਾ ਗਿਆ ਹੈ। ਪੰਜਾਬੀ ਵਿੱਚ ਇਨਾਮ ਦਾ ਫੈਸਲਾ ਕਰਨ ਵਾਲੀ ਜਿਊਰੀ ਵਿੱਚ ਕਵੀ ਦਰਸ਼ਨ ਬੁੱਟਰ, ਕਮਲਜੀਤ ਨੀਲੋਂ ਅਤੇ ਅਤੇ ਡਾ. ਪਰਮਿੰਦਰ ਸਿੰਘ ਸ਼ਾਮਲ ਸਨ।



ਅਕੈਡਮੀ ਦੇ ਮੁਖੀ ਮਾਧਵ ਕੌਸ਼ਿਕ ਦੀ ਪ੍ਰਧਾਨਗੀ ਹੇਠ ਕਾਰਜਕਾਰੀ ਮੰਡਲ ਵੱਲੋਂ 24 ਭਾਸ਼ਾਵਾਂ ਦੇ ਲੇਖਕਾਂ ਦੀ ਚੋਣ ਕੀਤੀ ਗਈ ਅਤੇ ਤੈਅ ਪ੍ਰਕਿਰਿਆ ਅਪਣਾਈ ਗਈ। ਇਨਾਮਾਂ ਲਈ ਪੁਸਤਕਾਂ 1 ਜਨਵਰੀ 2019 ਤੋਂ 31 ਦਸੰਬਰ 2023 ਦੇ ਸਾਲਾਂ ਦੌਰਾਨ ਛਪੀਆਂ ਲਈਆਂ ਗਈਆਂ। ਇਨਾਮ ਜੇਤੂ ਲੇਖਕਾਂ ਨੂੰ 50 ਹਜ਼ਾਰ ਰੁਪਏ ਨਕਦ ਅਤੇ ਸਨਮਾਨ ਚਿੰਨ੍ਹ ਭਵਿੱਖ ਵਿੱਚ ਇੱਕ ਪ੍ਰਭਾਵਸ਼ਾਲੀ ਪ੍ਰੋਗਰਾਮ ਕਰ ਕੇ ਦਿੱਤੇ ਜਾਣਗੇ।

ਭਾਰਤੀ ਸਾਹਿਤ ਅਕੈਡਮੀ ਦੇ ਪੰਜਾਬੀ ਹਿੱਸੇ ਦੇ ਕਨਵੀਨਰ ਡਾ. ਰਵੇਲ ਸਿੰਘ ਨੇ ਦੱਸਿਆ ਕਿ ਹਿੰਦੀ ਵਿੱਚ ‘ਇੱਕ ਬਟੇ ਬਾਰਾਂ’ (ਕਹਾਣੀ) ਦੇ ਲੇਖਕ ਸੁਸ਼ੀਲ ਸ਼ੁਕਲ, ਅੰਗਰੇਜ਼ੀ ਲਈ ਲੇਖਕ ਨਿਖਿਲ ਕੁਸ਼ਲੱਪਾ ਐੱਮ ਪੀ ਦੇ ਕਹਾਣੀ ਸੰਗ੍ਰਹਿ ‘ਦੱਖਣ, ਸਾਊਥ ਇੰਡੀਅਨ ਮਿਥਸ ਐਂਡ ਫੈਵਲਸ ਰੀਟੋਲਡ’ ਨੂੰ, ਉਰਦੂ ਵਿੱਚ ਗ਼ਜ਼ਨਫ਼ਰ ਇਕਬਾਲ ਦੀ ਲੇਖਾਂ ਦੀ ਕਿਤਾਬ ‘ਕੌਮੀ ਸਿਤਾਰੇ’ ਨੂੰ ਇਹ ਐਵਾਰਡ ਦੇਣ ਦਾ ਫੈਸਲਾ ਗਿਆ ਹੈ। ਸਿੰਧੀ ਲਈ ਲੇਖਕ ਲੇਖਕ ਹਿਨਾ ਨਗਨਾਨੀ ‘ਹੀਰ’ ਦੀ ਕਿਤਾਬ ‘ਅਸਮਾਨੀ ਪਰੀ’ (ਕਵਿਤਾ) ਨੂੰ ਐਵਾਰਡ ਦੇਣ ਦਾ ਫੈਸਲਾ ਕੀਤਾ ਗਿਆ। ਇਸੇ ਤਰ੍ਹਾਂ ਅਸਾਮੀ, ਬੰਗਾਲੀ, ਉੜੀਆ, ਤਾਮਿਲ, ਤੇਲਗੂ ਸਮੇਤ ਬਾਕੀ ਸੂਚੀਬੱਧ ਭਾਸ਼ਾਵਾਂ ਦੇ ਬਾਲ ਲੇਖਕਾਂ ਦੀਆਂ ਕਿਤਾਬਾਂ ਵੀ ਇਨਾਮ ਲਈ ਚੁਣੀਆਂ ਗਈਆਂ ਹਨ। ਕੁੱਲ 24 ਕਿਤਾਬਾਂ ਦੀ ਚੋਣ ਬਾਲ ਸਾਹਿਤ ਇਨਾਮ ਲਈ ਕੀਤੀ ਗਈ ਹੈ। ਇਨ੍ਹਾਂ ਵਿੱਚੋਂ ਨੌਂ ਕਹਾਣੀ ਸੰਗ੍ਰਹਿ, ਅੱਠ ਕਵਿਤਾ ਸੰਗ੍ਰਹਿ, ਚਾਰ ਨਾਵਲ ਤੇ ਨਾਟਕ ਦੀਆਂ ਦੋ ਕਿਤਾਬਾਂ ਅਤੇ ਲੇਖਾਂ ਦੀ ਇੱਕ ਕਿਤਾਬ ਹੈ।

ਪਾਲੀ ਖ਼ਾਦਿਮ (ਅੰਮ੍ਰਿਤਪਾਲ ਸਿੰਘ) ਅਹਿਮਦਗੜ੍ਹ ਦੇ ਰਹਿਣ ਵਾਲੇ ਅਤੇ ਅਧਿਆਪਕ ਹਨ। ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪੰਜਾਬੀ ਲੋਕ ਸਾਜ਼ਾਂ ’ਤੇ ਅਧਾਰਤ ਵੰਨਗੀ ‘ਫੋਕ ਆਰਕੈਸਟਰਾ’ ਵਿੱਚ ਸਾਲ 2002 ਵਿੱਚ ਸੋਨ ਤਮਗਾ ਜੇਤੂ, ਪੰਜਾਬੀ ਸਾਹਿਤ ਦੀ ਸੇਵਾ ਵਿੱਚ ਪੰਜ ਕਿਤਾਬਾਂ—‘ਸਵੈ ਦੀ ਤਸਦੀਕ’ ਗ਼ਜ਼ਲ ਸੰਗ੍ਰਹਿ, ‘ਜਾਦੂ ਪੱਤਾ’ ਬਾਲ ਨਾਵਲ, ‘ਸਾਡੀ ਕਿਤਾਬ’ ਬਾਲ ਕਵਿਤਾ, ‘ਵਾਇਰਸ’ ਬਾਲ ਨਾਵਲ ਅਤੇ ‘ਪੰਜਾਬੀ ਵਿਆਕਰਨ’ (ਕਵਿਤਾ ਰੂਪ ਵਿੱਚ) ਲਿਖ ਚੁੱਕੇ ਹਨ। ਪੰਜਾਬੀ ਰੰਗ-ਮੰਚ ਨਾਲ ਜੁੜੇ ਰਹੇ ਪਾਲੀ ਨੂੰ ਕੋਰੀਓਗ੍ਰਾਫੀ, ਹਿਸਟਾਨਿਕਸ, ਸਕਿੱਟ, ਮਮਿਕਰੀ ਅਤੇ ਮਾਈਮ ਆਦਿ ਦਾ ਵੀ ਗਿਆਨ ਹੈ।



ਇਸੇ ਦੌਰਾਨ ਯੁਵਾ ਪੁਰਸਕਾਰ ਪੰਜਾਬੀ ਕਵਿੱਤਰੀ ਮਨਦੀਪ ਔਲਖ ਦੀ ਕਵਿਤਾ ਦੀ ਕਿਤਾਬ ‘ਗਰਲਜ਼ ਹੋਸਟਲ’ ਨੂੰ ਦੇਣ ਦਾ ਫੈਸਲਾ ਕੀਤਾ ਗਿਆ ਹੈ। ਭਾਰਤੀ ਸਾਹਿਤ ਅਕੈਡਮੀ ਵੱਲੋਂ ਇਸ ਇਨਾਮ ਲਈ ਜਸਵੀਰ ਸਿੰਘ ਰਾਣਾ, ਜਸਵਿੰਦਰ ਸਿੰਘ ਸੈਣੀ ਅਤੇ ਪਰਮਜੀਤ ਸਿੰਘ ਮਾਨ ਦੀ ਤਿੰਨ ਮੈਂਬਰੀ ਜਿਊਰੀ ਬਣਾਈ ਗਈ ਸੀ।

ਮਨਦੀਪ ਔਲਖ ਨੇ ਐੱਮ ਏ ਆਨਰਜ਼ (ਅੰਗਰੇਜ਼ੀ) ਦੀ ਪੜ੍ਹਾਈ ਕੀਤੀ ਹੈ ਅਤੇ ਪੀ ਐੱਚ ਡੀ ਪੰਜਾਬ ਯੂਨੀਵਰਸਟੀ ਚੰਡੀਗੜ੍ਹ ਤੋਂ ਕੀਤੀ ਹੈ। ਉਹ ਐੱਸ ਸੀ ਡੀ ਸਰਕਾਰੀ ਕਾਲਜ, ਲੁਧਿਆਣਾ ਅੰਗਰੇਜ਼ੀ ਵਿਭਾਗ ਵਿੱਚ ਸਹਾਇਕ ਪ੍ਰੋਫੈਸਰ ਵਜੋਂ ਸੇਵਾ ਨਿਭਾ ਰਹੇ ਹਨ। ਉਨ੍ਹਾ ਹੁਣ ਤੱਕ ‘ਮਨ ਕਸਤੂਰੀ’ (2019) ਅਤੇ ‘ਗਰਲਜ਼ ਹੋਸਟਲ’ (2024) ਦੋ ਕਵਿਤਾ ਸੰਗ੍ਰਹਿ ਲਿਖੇ ਹਨ। ਉਨ੍ਹਾ 3 ਕਿਤਾਬਾਂ ਅਨੁਵਾਦ ਵੀ ਕੀਤੀਆਂ ਹਨ।

# ਮੰਡੀ ਗੋਬਿੰਦਗੜ੍ਹ ਵਿਖੇ ਵਾਪਰੀ ਘਟਨਾ ਦੇ ਮਾਮਲੇ 'ਚ ਪੁਲਸ ਨੇ ਲਿਆ ਤੁਰੰਤ ਐਕਸ਼ਨ

**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**- ਜ਼ਿਲ੍ਹਾ ਪੁਲਸ ਮੁਖੀ ਸ਼ੁਭਮ ਅਗਰਵਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾਂ ਖਿਲਾਫ ਸਖਤ ਕਾਰਵਾਈ ਅਮਲ ਵਿੱਚ ਲਿਆਉਣ ਦੀ ਪ੍ਰਕਿਰਿਆ ਜਾਰੀ ਹੈ। ਬੀਤੇ ਦਿਨੀਂ ਮੰਡੀ ਗੋਬਿੰਦਗੜ੍ਹ ਵਿਖੇ ਵਾਪਰੀ ਘਟਨਾ ਬਾਰੇ ਐਸ.ਪੀ ਰਾਕੇਸ਼ ਯਾਦਵ ਨੇ ਪ੍ਰੈਸ ਕਾਨਫਰੰਸ ਕੀਤੀ ਅਤੇ ਦੱਸਿਆ ਕਿ ਹਮਲਾਵਰ ਨੂੰ ਵਿਸ਼ੇਸ਼ ਨਾਕਾਬੰਦੀ ਕਰਕੇ ਘਟਨਾ ਵਾਪਰਨ ਦੇ ਮਹਿਜ਼ ਕੁਝ ਘੰਟਿਆਂ ਅੰਦਰ ਹੀ ਗ੍ਰਿਫਤਾਰ ਕਰ ਲਿਆ ਗਿਆ ਸੀ। ਐਸ ਪੀ ਯਾਦਵ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਅਫਸਰ ਥਾਣਾ ਗੋਬਿੰਦਗੜ੍ਹ ਨੂੰ 16 ਜੂਨ ਨੂੰ ਦੌਰਾਨੇ ਗਸ਼ਤ ਇਤਲਾਹ ਮਿਲੀ ਕਿ ਯਤਿਨ ਵਾਲੀਆ ਪੁੱਤਰ ਸੂਰਜ ਕੁਮਾਰ ਵਾਸੀ ਮਕਾਨ ਨੰ: 180, ਮਾਸਟਰ ਕਲੋਨੀ, ਸੈਕਟਰ 2, ਨੇੜੇ ਬੱਸ ਸਟੈਂਡ, ਗੋਬਿੰਦਗੜ੍ਹ ਆਪਣੇ ਘਰ ਦੇ ਬਾਹਰ ਖੜ੍ਹਾ ਸੀ ਤਾਂ ਕਰਮਵੀਰ ਸਿੰਘ ਉਰਫ ਲਵਲੀ ਪੁੱਤਰ ਜਸਵਿੰਦਰ ਸਿੰਘ ਵਾਸੀ ਮਾਸਟਰ ਕਲੋਨੀ, ਸੈਕਟਰ 2, ਨੇੜੇ ਬੱਸ ਸਟੈਂਡ, ਗੋਬਿੰਦਗੜ੍ਹ ਗਲੀ ਵਿੱਚ ਪੈਦਲ ਆ ਰਿਹਾ ਸੀ, ਜੋ ਯਤਿਨ ਵਾਲੀਆ ਉਕਤ ਪਾਸ ਆ ਕੇ ਉਸ ਨੂੰ ਗਾਲੀ ਗਲੋਚ ਕਰਨ ਲੱਗ ਪਿਆ ਤਾਂ ਮੁਦੱਈ ਨੇ ਕਰਮਵੀਰ ਸਿੰਘ ਉਰਫ ਲਵਲੀ ਗਾਲੀ ਗਲੋਚ ਕਰਨ ਤੋਂ ਰੋਕਿਆ ਤਾਂ ਕਰਮਵੀਰ ਸਿੰਘ ਉਰਫ ਲਵਲੀ ਨੇ ਆਪਣੇ ਹੱਥ ਵਿੱਚ ਫੜੀ ਤਲਵਾਰ ਦਾ ਵਾਰ ਮੁਦੱਈ ਨੂੰ ਜਾਨੋਂ ਮਾਰਨ ਦੀ ਨੀਅਤ ਨਾਲ ਕੀਤਾ, ਜੋ ਮੁਦੱਈ ਦੇ ਸੱਜੇ ਹੱਥ



**● ਵਿਸ਼ੇਸ਼ ਨਾਕਾਬੰਦੀ ਕਰਕੇ ਹਮਲਾਵਰ ਨੂੰ ਕੀਤਾ ਗ੍ਰਿਫਤਾਰ**

ਉੱਪਰ ਲੱਗਾ ਅਤੇ ਦੂਜਾ ਵਾਰ ਮੁਦੱਈ ਦੇ ਦੂਜੇ ਹੱਥ 'ਤੇ ਲੱਗਾ। ਜਿਸ ਨਾਲ ਮੁਦੱਈ ਗੰਭੀਰ ਰੂਪ ਵਿੱਚ ਜ਼ਖਮੀ ਹੋ ਗਿਆ। ਕਰਮਵੀਰ ਸਿੰਘ ਉਰਫ ਲਵਲੀ ਮੌਕਾ ਪਰ ਲੋਕਾਂ ਦਾ ਇਕੱਠ ਹੁੰਦਾ ਦੇਖ ਕੇ ਫਰਾਰ ਹੋ ਗਿਆ। ਜੋ ਕਰਮਵੀਰ ਸਿੰਘ ਉਰਫ ਲਵਲੀ ਉਕਤ ਨੇ ਕਰੀਬ 6-7 ਮਹੀਨੇ ਪਹਿਲਾਂ ਨਿਹੰਗ ਸਿੰਘ ਦਾ ਬਾਣਾ ਪਾਇਆ ਹੈ, ਜੋ ਇਸੇ ਆੜ ਸੋਸ਼ਲ ਮੀਡੀਆ ਰਾਹੀਂ ਲੋਕਾਂ ਦੀਆ ਵੀਡੀਓ ਬਣਾ ਕੇ ਪਾ ਦਿੰਦਾ ਹੈ ਅਤੇ ਲੋਕਾਂ ਪਾਸੋਂ ਪੈਸਿਆ ਦੀ ਮੰਗ ਕਰਦਾ ਹੈ। ਐਸ ਪੀ ਨੇ ਦੱਸਿਆ ਕਿ ਇਸ ਵਾਰਦਾਤ ਸਬੰਧੀ ਮੁਦਈ ਯਤਿਨ ਵਾਲੀਆ ਦੇ ਬਿਆਨ ਉਤੇ ਕਰਮਵੀਰ ਸਿੰਘ ਲਵਲੀ ਉਕਤ ਦੇ ਖਿਲਾਫ ਕਾਰਵਾਈ ਕਰਦੇ ਹੋਏ ਮੁਕੱਦਮਾ ਥਾਣਾ ਗੋਬਿੰਦਗੜ੍ਹ ਦਰਜ ਰਜਿਸਟਰ ਕੀਤਾ ਗਿਆ। ਰਾਕੇਸ਼ ਕੁਮਾਰ ਯਾਦਵ ਐਸ.ਪੀ.ਡੀ ਅਤੇ ਗੁਰਦੀਪ ਸਿੰਘ ਸੰਧੂ ਡੀ.ਐਸ.ਪੀ ਸਬ ਡਵੀਜ਼ਨ ਅਮਲੋਹ ਦੀਆਂ ਹਦਾਇਤਾਂ ਅਨੁਸਾਰ ਇੰਸਪੈਕਟਰ ਮਨਪ੍ਰੀਤ ਸਿੰਘ ਦਿਓਲ ਮੁੱਖ ਅਫਸਰ ਥਾਣਾ ਮੰਡੀ ਗੋਬਿੰਦਗੜ੍ਹ ਦੀ ਰਹਿਨਮਾਈ ਹੇਠ ਕਾਰਵਾਈ ਕਰਦੇ ਹੋਏ ਏ ਐਸ ਆਈ ਰਾਜਿੰਦਰ ਸਿੰਘ ਵੱਲੋਂ ਸਮੇਤ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਕਰਮਵੀਰ ਸਿੰਘ ਉਰਫ ਲਵਲੀ ਉਕਤ ਨੂੰ ਰੇਡ ਕਰਕੇ 16 ਜੂਨ ਨੂੰ ਹੀ ਮੁਕੱਦਮਾ ਹਜ਼ਾ ਵਿੱਚ ਗ੍ਰਿਫਤਾਰ ਕੀਤਾ। ਜਿਸ ਨੂੰ 17 ਜੂਨ ਨੂੰ ਪੇਸ਼ ਮਾਨਯੋਗ ਅਦਾਲਤ ਕੀਤਾ ਜਾ ਰਿਹਾ ਹੈ ਅਤੇ ਪੁਲਿਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ਤੇ ਵਾਰਦਾਤ ਦੌਰਾਨ ਵਰਤੇ ਹਥਿਆਰ ਬ੍ਰਾਮਦ ਕਰਵਾਏ ਜਾਣਗੇ।

# ਖੱਬੇ ਪੱਖੀ ਪਾਰਟੀਆਂ ਨੇ ਫਿਲਸਤੀਨ ਦੇ ਹੱਕ 'ਚ ਮਨਾਇਆ ਇਕਜੁਟਤਾ ਦਿਵਸ

**ਬਠਿੰਡਾ (ਬਖਤੌਰ ਢਿੱਲੋਂ, ਪਰਵਿੰਦਰ ਜੀਤ ਸਿੰਘ)** ਖੱਬੇ ਪੱਖੀ ਪਾਰਟੀਆਂ ਸੀ.ਪੀ.ਆਈ. ਤੇ ਸੀ.ਪੀ.ਆਈ (ਐਮ) ਵੱਲੋਂ ਫਿਲਸਤੀਨ ਦੇ ਹੱਕ ਵਿੱਚ ਤੇ ਸਮਰਾਜੀ ਦੇਸ਼ ਅਮਰੀਕਾ ਦੇ




ਰਾਸ਼ਟਰਪਤੀ ਡੋਨਾਲਡ ਟਰੰਪ ਤੇ ਇਜ਼ਰਾਈਲ ਦੇ ਪ੍ਰਧਾਨ ਮੰਤਰੀ ਨਿਤਿਨ ਯਾਹੂ ਦੇ ਖਿਲਾਫ ਰੋਸ ਮਾਰਚ ਕਰਕੇ ਪੁਤਲੇ ਸਾੜੇ ਗਏ। ਇਸ ਸਮੇਂ ਸੀ.ਪੀ.ਆਈ.ਦੇ ਜ਼ਿਲ੍ਹਾ ਸਕੱਤਰ ਬਲਕਰਨ ਸਿੰਘ ਬਰਾੜ ਅਤੇ ਸੀ.ਪੀ.ਆਈ (ਐਮ) ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਮਿੰਦਰ ਸਿੰਘ ਬਾਠ ਨੇ ਕਿਹਾ ਕਿ ਸਾਮਰਾਜੀ ਦੇਸ਼ ਅਮਰੀਕਾ ਦੀ ਸਹਿ ਤੇ ਇਜ਼ਰਾਈਲ ਵੱਲੋਂ ਫਿਲਸਤੀਨ ਤੇ ਲਗਾਤਾਰ ਬੰਬ-ਬਾਰੀ ਕੀਤੀ ਜਾ ਰਹੀ ਹੈ। ਔਰਤਾਂ ਤੇ ਬੱਚਿਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਰਿਹਾਇਸ਼ੀ ਇਲਾਕਿਆਂ ਇਮਾਰਤਾਂ, ਸਕੂਲਾਂ ਤੇ ਹਸਪਤਾਲਾਂ ਨੂੰ ਨੂੰ ਤਹਿਸ਼-ਨਹਿਸ਼ ਕਰ ਦਿੱਤਾ ਗਿਆ ਹੈ। ਇਹ ਮੰਜ਼ਰ ਦਿਲ ਦਹਿਲਾ ਦੇਣ ਵਾਲਾ ਹੈ, ਜਦੋਂ ਕਿ ਫਿਲਿਸਤੀਨ ਆਪਣੀ ਆਜ਼ਾਦੀ ਦੀ ਲੜਾਈ ਲੜ ਰਿਹਾ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਦੇ ਰਾਸ਼ਟਰਪਤੀ ਡੋਨਾਲਡ ਟਰੰਪ ਆਪਣੀ ਬਣਦੀ ਭੂਮਿਕਾ ਨਿਭਾਉਣ ਦੀ ਬਜਾਏ ਇਨ੍ਹਾਂ ਦੇਸ਼ਾਂ ਨੂੰ ਹਥਿਆਰ ਸਪਲਾਈ ਕਰਕੇ ਲੜਾਈ ਲਈ ਉਕਸਾ ਰਿਹਾ ਹੈ। ਸਾਮਰਾਜੀ ਦੇਸ਼ ਸਾਜ਼ਿਸ਼ ਤਹਿਤ ਸਮਾਜਵਾਦੀ ਦੇਸ਼ਾਂ ਤੇ ਕਬਜ਼ਾ ਕਰਨਾ ਚਾਹੁੰਦੇ ਹਨ। ਫਲਸਤੀਨ ਤੋਂ ਬਾਅਦ ਹੁਣ ਇਜ਼ਰਾਈਲ ਨੇ ਇਰਾਨ ਉੱਪਰ ਵੀ ਹਮਲੇ ਕਰਕੇ ਉਥੋਂ ਦੇ ਲੋਕਾਂ ਦੀ ਭਾਰੀ ਤਬਾਹੀ ਕੀਤੀ ਹੈ। ਇਨ੍ਹਾਂ ਘਟਨਾਵਾਂ 'ਤੇ ਅਰਬ ਜਗਤ ਦੇ ਸਾਰੇ ਦੇਸ਼ਾਂ ਦੇ ਸ਼ਾਸਕ ਵੀ ਅਮਰੀਕਾ ਦੀ ਕਠਪੁਤਲੀ ਬਣ ਕੇ ਚੁੱਪ ਧਾਰੀ ਬੈਠੇ ਹਨ। ਹੁਣ ਸਥਿਤੀ ਤੀਜੇ ਵਿਸ਼ਵ ਯੁੱਧ ਦੀ ਬਣਦੀ ਜਾ ਰਹੀ ਹੈ।

# ਮੀਂਹ ਦੇ ਪਾਣੀ ਨਾਲ ਟੁੱਟ ਰਹੀਆਂ ਸੜਕਾਂ ਦਾ ਜ਼ਿੰਮੇਵਾਰ ਕੌਣ?

**ਦਿੜਬਾ (ਜਸਵੀਰ ਲਾਡੀ)** ਪੰਜਾਬ ਦੀਆਂ ਤਕਰੀਬਨ ਸਾਰੀਆਂ ਪਿੰਡਾਂ ਨੂੰ ਜੋੜਦੀਆਂ ਸੜਕਾਂ 'ਤੇ ਵੱਖ-ਵੱਖ ਜਗ੍ਹਾ ਪਾਣੀ ਖੜਾ ਆਮ ਵੇਖਿਆ ਜਾ ਸਕਦਾ ਹੈ, ਜਿਸ ਕਾਰਨ ਰਾਹਗੀਰਾਂ ਨੂੰ ਲੰਘਣਾਂ ਬਹੁਤ



ਮੁਸ਼ਕਲ ਹੁੰਦਾ ਹੈ ਅਤੇ ਇਸ ਪਾਣੀ ਨਾਲ ਸੜਕਾਂ ਬੁਰੀ ਤਰ੍ਹਾਂ ਟੁੱਟ ਜਾਂਦੀਆਂ ਹਨ। ਬਾਵਾ ਧਾਲੀਵਾਲ ਛਾਜਲੀ ਸਾਬਕਾ ਮੀਤ ਪ੍ਰਧਾਨ ਪੰਚਾਇਤ ਯੂਨੀਅਨ ਬਲਾਕ ਸੁਨਾਮ ਨੇ ਕਿਹਾ ਕਿ ਅਸੀਂ ਆਮ ਤੌਰ 'ਤੇ ਸਰਕਾਰਾਂ ਨੂੰ ਦੋਸ਼ ਦਿੰਦੇ ਰਹਿੰਦੇ ਹਾਂ ਪ੍ਰੰਤੂ ਕਦੇ ਕਿਸੇ ਨੇ ਬਹੁਤੀ ਜਗ੍ਹਾ ਸੜਕਾਂ ਉੱਪਰ ਖੜੇ ਇਸ ਪਾਣੀ ਦਾ ਅਸਲ ਕਾਰਨ ਨਹੀਂ ਸਮਝਿਆ। ਸੜਕਾਂ ਦੇ ਨਾਲ ਲੱਗਦੇ ਖੇਤਾਂ ਦੇ ਮਾਲਕ ਕਿਸਾਨ ਆਪਣੀ ਜ਼ਮੀਨ ਵਾਲੀ ਸਾਇਡ ਮਿੱਟੀ ਦੀਆਂ ਉੱਚੀਆਂ ਉੱਚੀਆਂ ਵੱਟਾਂ ਬਣਾ ਕੇ ਪਾਣੀ ਨੂੰ ਸੜਕ ਉੱਪਰ ਘੇਰ ਦਿੰਦੇ ਹਨ, ਜੇਕਰ ਸੜਕ 'ਤੇ ਖੜਾ ਪਾਣੀ ਖੇਤ ਵਿੱਚ ਚਲਾ ਜਾਵੇ ਤਾਂ ਉਸ ਨਾਲ ਕੀ ਫ਼ਰਕ ਪੈਂਦਾ ਹੈ। ਇਸੇ ਤਰ੍ਹਾਂ ਪਿੰਡਾਂ ਦੀਆ ਫਿਰਨੀਆਂ 'ਤੇ ਲੋਕ ਰੂੜੀਆਂ ਲਾ ਕੇ ਪਾਣੀ ਸੜਕਾਂ 'ਤੇ ਖੜਾ ਕਰ ਦਿੰਦੇ ਹਨ। ਪਾਣੀ ਜ਼ਿਆਦਾ ਦੇਰ ਸੜਕ 'ਤੇ ਖੜਨ ਨਾਲ ਸੜਕਾਂ ਤੇ ਵੱਡੇ ਵੱਡੇ ਟੋਏ ਬਣ ਜਾਂਦੇ ਹਨ, ਜੋ ਰਾਹਗੀਰਾਂ ਲਈ ਮੁਸੀਬਤ ਬਣਦੇ ਹਨ। ਪੰਜਾਬ ਸਰਕਾਰ ਦਾ ਸਬੰਧਤ ਮਹਿਕਮਾ ਇਸ ਵੱਲ ਤੁਰੰਤ ਧਿਆਨ ਦੇ ਕੇ ਸੜਕਾਂ ਕਿਨਾਰੇ ਬਣਾਈਆਂ ਵੱਟਾਂ ਨੂੰ ਸਾਫ ਕਰਕੇ ਸੜਕਾਂ ਟੁੱਟਣ ਤੋਂ ਬਚਾਵੇ। ਉਨ੍ਹਾਂ ਸੜਕਾਂ ਕਿਨਾਰੇ ਖੇਤਾਂ ਦੇ ਮਾਲਕ ਕਿਸਾਨਾਂ ਨੂੰ ਬੇਨਤੀ ਕੀਤੀ ਕਿ ਉਹ ਖੇਤ ਵਾਲੀ ਸਾਇਡ ਵੱਟਾਂ ਬਣਾ ਕੇ ਪਾਣੀ ਨੂੰ ਸੜਕ ਉਪਰ ਨਾ ਘੇਰਨ। ਇਸ ਨਾਲ ਸੜਕਾਂ ਟੁੱਟਣ ਤੋਂ ਬਚਣਗੀਆਂ ਤੇ ਰਾਹਗੀਰਾਂ ਨੂੰ ਵੀ ਕੋਈ ਸਮੱਸਿਆ ਨਹੀਂ ਆਵੇਗੀ।

# ਬਾਬਾ ਮੋਨੀ ਜੀ ਡਿਗਰੀ ਕਾਲਜ ਬੀ ਏ ਭਾਗ-ਤੀਜਾ ਦਾ ਨਤੀਜਾ ਸੌ ਫੀਸਦੀ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**- ਪਿਛਲੇ ਦਿਨੀਂ ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ. ਏ ਭਾਗ-ਤੀਜਾ (ਸਮੈਸਟਰ-ਪੰਜਵਾਂ) ਦੇ ਨਤੀਜੇ 'ਚੋਂ ਬਾਬਾ ਮੋਨੀ ਜੀ ਡਿਗਰੀ ਕਾਲਜ ਲਹਿਰਾ ਮੁਹੱਬਤ ਦਾ ਨਤੀਜਾ ਸੌ ਫੀਸਦੀ ਰਿਹਾ। ਕਾਲਜ ਦੀਆਂ ਵਿਦਿਆਰਥਣਾਂ ਖੁਸ਼ਪ੍ਰੀਤ ਕੌਰ (86.4%) ਨੇ ਪਹਿਲਾ, ਲਖਵੀਰ ਕੌਰ (82.6%) ਨੇ ਦੂਜਾ ਅਤੇ ਸੁਮਨਪ੍ਰੀਤ ਕੌਰ (77.9%) ਨੇ ਤੀਸਰਾ ਸਥਾਨ ਹਾਸਲ ਕਰਕੇ ਕਾਲਜ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ। ਸਾਰੇ ਵਿਦਿਆਰਥੀਆਂ ਨੇ ਪਹਿਲੇ ਦਰਜੇ ਵਿੱਚ ਪ੍ਰੀਖਿਆ ਪਾਸ ਕੀਤੀ। ਕਾਲਜ ਦੇ ਡਾਇਰੈਕਟਰ ਕੇਸਰ ਸਿੰਘ ਧਲੇਵਾਂ, ਮੈਨੇਜਿੰਗ ਡਾਇਰੈਕਟਰ ਲਖਵੀਰ ਸਿੰਘ ਸਿੱਧੂ ਅਤੇ ਐਡਮਨਿਸਟ੍ਰੇਟਿਵ ਕੁਲਵੀਰ ਸਿੰਘ ਨੇ ਵਿਦਿਆਰਥੀਆਂ ਅਤੇ ਸਮੂਹ ਸਟਾਫ਼ ਨੂੰ ਵਧਾਈ ਦਿੱਤੀ। ਡਿਗਰੀ ਕਾਲਜ ਦੇ ਪ੍ਰਿੰਸੀਪਲ ਰਵੀ ਕਾਂਤ ਨੇ ਵਧਾਈ ਦਿੰਦਿਆਂ ਵਿਦਿਆਰਥਣਾਂ ਨੂੰ ਹੋਰ ਵੱਧ ਤੋਂ ਵੱਧ ਮਿਹਨਤ ਕਰਕੇ ਤਰੱਕੀਆਂ ਹਾਸਲ ਕਰਨ ਦੀ ਪ੍ਰੇਰਨਾ ਦਿੱਤੀ।

# ਅੰਤਰਰਾਸ਼ਟਰੀ ਪੈੜਾਂ ਛੱਡਦਾ ਹੋਇਆ ਮਲੇਸ਼ੀਆ ਸੰਮੇਲਨ ਸਫਲ ਰਿਹਾ : ਚੇਅਰਮੈਨ ਬਾਂਸਲ

**ਨਾਭਾ (ਵਰਿੰਦਰ ਵਰਮਾ)**- ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਪ ਵੱਲੋਂ ਅੰਤਰਰਾਸ਼ਟਰੀ ਸਿੱਖਿਆ ਸੰਮੇਲਨਾਂ ਦੀ ਲੜੀ ਵਜੋਂ ਤੀਜਾ ਸੰਮੇਲਨ ਮਲੇਸ਼ੀਆ ਦੇ ਸ਼ਹਿਰ ਕੁਆਲਾਲੰਪੁਰ ਵਿਖੇ ਸਫਲਤਾਪੂਰਵਕ ਸੰਪੰਨ ਹੋਇਆ। ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਸੰਦੀਪ ਬਾਂਸਲ ਨੇ ਦੱਸਿਆ ਕਿ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ 2023 ਵਿੱਚ ਇਹ ਸਿੱਖਿਆ ਸੰਮੇਲਨ ਡੁਬਈ ਵਿਖੇ ਅਤੇ 2024 ਵਿੱਚ ਇਹ ਸੰਮੇਲਨ ਵੀਅਤਨਾਮ ਦੇ ਸ਼ਹਿਰ ਹਨੋਈ ਵਿਖੇ ਹੋਇਆ। ਉਹਨਾਂ ਦੱਸਿਆ ਕਿ ਇਸ ਵਾਰ ਭਾਰਤ ਅਤੇ ਬਾਹਰਲੇ ਦੇਸ਼ਾਂ ਤੋਂ ਆਏ 75 ਡੈਲੀਗੇਟਾਂ ਨੇ ਕੁਆਲਾਲੰਪੁਰ ਵਿਖੇ ਹੋਏ ਇਸ ਸੰਮੇਲਨ ਵਿੱਚ ਭਾਗ ਲਿਆ। ਇਸ ਸੰਮੇਲਨ ਦੇ ਸ਼ੁਰੂਆਤ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਡਾਲੀ ਸਿੰਘ ਨੇ ਸਭ ਨੂੰ ਜੀਆਇਆਂ ਨੂੰ ਕਿਹਾ ਅਤੇ ਕਾਨਫਰੰਸ ਦੇ ਵਿਸ਼ੇ ਉੱਪਰ ਚਾਨਣਾ ਪਾਇਆ। ਡਾ. ਜਗਜੀਤ ਸਿੰਘ ਧੂਰੀ ਇਸ ਸੰਮੇਲਨ ਦੇ ਮੁੱਖ ਬੁਲਾਰੇ ਸਨ ਜਿਹਨਾਂ ਨੇ ਸੰਮੇਲਨ ਦੇ ਵਿਸ਼ੇ ਐਜੂਪਰਿਨਿਓਰਲ ਈਕੋਸਿਸਟਮ - ਫਿਊਚਰ ਪਰੂਫਿੰਗ ਦ ਐਜੂਕੇਸ਼ਨ ਦੇ ਸਬੰਧ ਵਿੱਚ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਵਿਦਿਆਰਥੀਆਂ ਦੇ ਨਾਲ ਨਾਲ ਸਿੱਖਿਆ ਸੰਸਥਾਵਾਂ ਅਤੇ ਮਾਪਿਆਂ ਨੂੰ ਵੀ ਸਮੇਂ ਦਾ ਹਾਣੀ ਹੋਣਾ ਪਵੇਗਾ। ਇਸ ਮੌਕੇ ਸੰਦੀਪ ਬਾਂਸਲ ਨੇ ਸਕਿੱਲ ਐਜੂਕੇਸ਼ਨ ਉੱਪਰ ਜ਼ੋਰ ਦਿੱਤਾ। ਬੁਲਾਰਿਆਂ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਅਨਿਲ ਮਿੱਤਲ, ਬਲਦੇਵ ਬਾਵਾ, ਸੰਜੈ ਗੁਪਤਾ, ਸੁਖਦੇਵ ਸਿੰਘ ਜੱਜ, ਤਰਸੇਮ ਜੋਸ਼ੀ, ਸਤਨਾਮ ਸਿੰਘ ਬੁੱਟਰ, ਸ਼ਿਵ ਕੁਮਾਰ ਜਿੰਦਲ, ਗੁਰਮੀਤ ਕੌਰ ਨੇ ਆਪਣੇ-ਆਪਣੇ ਸੁਝਾਅ ਦਿੱਤੇ। ਇਹਨਾਂ ਬੁਲਾਰਿਆਂ ਤੋਂ ਬਿਨਾਂ ਡੈਲੀਗੇਟ ਦੇ ਤੌਰ ਤੇ ਪਹੁੰਚੇ ਜਤਿੰਦਰ ਸਿੰਘ - ਆਸਟਰੇਲੀਆ, ਸ਼ੀਰੂ ਬੇਦੀ, ਸਰਗਮ ਬਿੰਦ, ਦਿਵਿਆ ਜੁਲਕਾ, ਪ੍ਰਗਟ ਸਿੰਘ, ਸ਼ੁਭਕਰਮਨ ਸਿੰਘ, ਵਿਸ਼ਾਲੀ ਗੁਪਤਾ, ਕ੍ਰਿਸ਼ਾ ਮਿੱਤਲ ਅਤੇ ਵਰਿੰਦਾ ਮਿੱਤਲ ਨੇ ਇਸ ਸੰਮੇਲਨ ਨੂੰ ਕਾਮਯਾਬ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ। ਅੰਤ ਵਿੱਚ ਆਪਣਾ ਪੰਜਾਬ ਫਾਊਂਡੇਸ਼ਨ ਦੇ ਡਾਇਰੈਕਟਰ ਸੰਦੀਪ ਬਾਂਸਲ ਨੇ ਸਫਲ ਪ੍ਰਬੰਧਾਂ ਲਈ ਸਾਰੇ ਅੰਤਰਰਾਸ਼ਟਰੀ ਸੰਮੇਲਨ ਕਮੇਟੀ ਦੇ ਡਾਇਰੈਕਟਰਾਂ ਦੀ ਪ੍ਰਸੰਸਾ ਕੀਤੀ ਅਤੇ ਚੌਥੇ ਅੰਤਰਰਾਸ਼ਟਰੀ ਸੰਮੇਲਨ 2026 ਲਈ ਕੈਨੇਡਾ ਦੀ ਧਰਤੀ ਨੂੰ ਚੁਣਿਆ ਗਿਆ।



# ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ 'ਤੇ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ : ਵਧੀਕ ਡਿਪਟੀ ਕਮਿਸ਼ਨਰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**- ਵਧੀਕ ਡਿਪਟੀ ਕਮਿਸ਼ਨਰ (ਜ) ਡਾ ਮਨਦੀਪ ਕੌਰ ਨੇ ਦੱਸਿਆ ਕਿ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਜ਼ਿਲ੍ਹਾ ਫਾਜ਼ਿਲਕਾ ਵਿਖੇ ਯੋਗਾ ਦਿਵਸ ਪਟੇਲ ਪਾਰਕ ਅਬੋਹਰ, ਪਾਵਰਹਾਊਸ ਪਾਰਕ ਅਰਨੀਵਾਲਾ ਸ਼ੇਖ ਸੁਭਾਨ, ਬਹੁਮੰਤਵੀ ਖੇਡ ਸਟੇਡੀਅਮ ਫਾਜ਼ਿਲਕਾ ਤੇ ਬਹੁਮੰਤਵੀ ਖੇਡ ਸਟੇਡੀਅਮ ਜਲਾਲਾਬਾਦ ਅਤੇ ਡੇਰਾ ਬਾਬਾ ਭੂਮਣ ਸ਼ਾਹ ਖੂਈਆ ਸਰਵਰ ਵਿਖੇ ਮਨਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਯੋਗਾ ਦਿਵਸ ਸਵੇਰੇ 6 ਵਜੇ ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ 'ਤੇ ਮਨਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਅਤੇ ਕਰਮਚਾਰੀਆਂ ਸਮੇਤ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿਹਤਯਾਬ ਜ਼ਿੰਦਗੀ ਜਿਊਣ ਦੇ ਗੁਰ ਸਿੱਖਣ ਲਈ ਇਸ ਸਮਾਗਮ ਵਿੱਚ ਸ਼ਿਰਕਤ ਜ਼ਰੂਰ ਕਰਨ ਅਤੇ ਯੋਗਾ ਨੂੰ ਆਪਣੇ ਜੀਵਨ ਵਿੱਚ ਅਪਨਾਉਣ। ਇਹ ਪ੍ਰੋਗਰਾਮ ਮੁੱਖ ਮੰਤਰੀ ਯੋਗਸ਼ਾਲਾ ਜ਼ਿਲ੍ਹਾ ਕੋਆਰਡੀਨੇਟਰ ਰਾਧੇਸ਼ਿਆਮ ਦੀ ਨਿਗਰਾਨੀ ਹੇਠ ਆਯੋਜਿਤ ਕੀਤਾ ਜਾਵੇਗਾ, ਜਿਸ ਵਿੱਚ ਮੁੱਖ ਮੰਤਰੀ ਯੋਗਸ਼ਾਲਾਵਾਂ ਦੇ ਟ੍ਰੇਨਰ ਅਤੇ ਸਿਖਿਆਰਥੀ ਵਿਸ਼ੇਸ਼ ਤੌਰ 'ਤੇ ਹਿੱਸਾ ਲੈਣਗੇ।

# ਸੰਧਵਾਂ 7 ਹੁਸ਼ਿਆਰ ਬੱਚਿਆਂ ਦਾ ਕਰਨਗੇ ਸਨਮਾਨ

**ਕੋਟਕਪੂਰਾ (ਰਛਪਾਲ ਭੁੱਲਰ)** ਅਰੋੜਬੰਸ ਸਭਾ ਵੱਲੋਂ ਬਰਾਦਰੀ ਦੇ 8ਵੀਂ, 10ਵੀਂ ਤੇ 12ਵੀਂ ਵਿੱਚ 90 ਫ਼ੀਸਦੀ ਤੋਂ ਜ਼ਿਆਦਾ ਅੰਕ ਲੈਣ ਵਾਲੇ ਵਿਦਿਆਰਥੀ-ਵਿਦਿਆਰਥਣਾਂ ਦੇ ਸਨਮਾਨ ਸਮਾਰੋਹ ਲਈ



ਰੱਖੇ ਪ੍ਰੋਗਰਾਮ ਦੌਰਾਨ 7 ਬੱਚਿਆਂ ਦੀ ਚੋਣ ਕੀਤੀ ਗਈ। ਸਭਾ ਦੇ ਪ੍ਰਧਾਨ ਮਨਿੰਦਰ ਸਿੰਘ ਮਿੱਕੂ ਮੱਕੜ, ਜਨਰਲ ਸਕੱਤਰ ਮਾ. ਕਰਨੈਲ ਸਿੰਘ ਤੇ ਪ੍ਰੋਜੈਕਟ ਇੰਚਾਰਜ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ 19 ਜੂਨ ਨੂੰ ਸ਼ਾਮ 8:00 ਵਜੇ ਤੱਕ ਹੋਰ ਬੱਚਿਆਂ ਦੀ ਉਡੀਕ ਕੀਤੀ ਜਾਵੇਗੀ ਅਤੇ ਉਸ ਤੋਂ ਬਾਅਦ ਹੋਰ ਬੱਚੇ ਸ਼ਾਮਲ ਕਰਨ ਦਾ ਸਿਲਸਿਲਾ ਬੰਦ ਹੋ ਜਾਵੇਗਾ। ਉਨ੍ਹਾਂ ਦੱਸਿਆ ਕਿ 22 ਜੂਨ ਨੂੰ ਸਵੇਰੇ 9:30 ਵਜੇ ਅਰੋੜਬੰਸ ਧਰਮਸ਼ਾਲਾ, ਜੈਤੋ ਰੋਡ, ਕੋਟਕਪੂਰਾ ਵਿਖੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਤੋਂ ਰਮਨਦੀਪ ਕੌਰ, ਜਸਲੀਨ ਕੌਰ, ਰਮਜੋਤ ਕੌਰ, ਸ਼ਰਨਦੀਪ ਕੌਰ, ਹਰਕੀਰਤ ਸਿੰਘ, ਸਿਮਰਜੀਤ ਸਿੰਘ ਅਤੇ ਹਰਜਸ਼ਨ ਸਿੰਘ ਦਾ ਉਨ੍ਹਾਂ ਦੇ ਪਰਵਾਰਾਂ ਦੀ ਹਾਜ਼ਰੀ ਵਿੱਚ ਸਨਮਾਨ ਹੋਵੇਗਾ। ਧਰਮਵੀਰ ਸਿੰਘ ਰਾਜੂ ਮੱਕੜ, ਸੁਰਜੀਤ ਸਿੰਘ ਘੁਲਿਆਣੀ ਅਤੇ ਮਨਮੋਹਨ ਸਿੰਘ ਚਾਵਲਾ ਨੇ ਦੱਸਿਆ ਕਿ ਡਾ ਮਨਜੀਤ ਸਿੰਘ ਢਿੱਲੋਂ ਦੀ ਪ੍ਰਧਾਨਗੀ ਹੇਠ ਹੋਣ ਵਾਲੇ ਉਕਤ ਸਮਾਗਮ ਦੌਰਾਨ ਇੱਕ ਵਰਤਮਾਨ ਸਰੋਕਾਰਾਂ ਨਾਲ ਜੁੜਿਆ ਸੈਮੀਨਾਰ ਵੀ ਕਰਾਇਆ ਜਾਵੇਗਾ, ਜਿਸ ਵਿੱਚ ਡਾ. ਕੁਲਵੰਤ ਕੌਰ ਪਟਿਆਲਾ ਤੇ ਬੀਬਾ ਪਵਨਪ੍ਰੀਤ ਕੌਰ ਹਾਜਰੀਨ ਨੂੰ ਵਰਤਮਾਨ ਸਰੋਕਾਰਾਂ ਨਾਲ ਸਬੰਧਤ ਮੁਸ਼ਕਲਾਂ, ਸਮੱਸਿਆਵਾਂ ਦੇ ਹੱਲ ਲਈ ਸਮਝਾਉਣਗੇ।

# ਵਿਦਿਆਰਥੀਆਂ ਨੇ ਜਲ ਸੇਵਾ ਕੀਤੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੁਆਰਾ ਚਲਾਈ ਜਾ ਰਹੀ ਸਿੱਖਿਆ ਸੰਸਥਾ ਗੁਰੂ ਨਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਤਖਤੂਪੁਰਾ ਦੇ ਵਿਦਿਆਰਥੀਆਂ ਨੇ ਗ਼ਰਮੀ ਦੀਆਂ ਛੁੱਟੀਆਂ ਦੌਰਾਨ ਦਰਬਾਰ ਸਾਹਿਬ ਅੰਮ੍ਰਿਤਸਰ ਵਿਖੇ ਜਲ ਸੇਵਾ ਕੀਤੀ। ਗੁਰਮਤਿ ਅਧਿਆਪਕ ਭਾਈ ਦਵਿੰਦਰਦੁਆਰ ਸਿੰਘ ਨੇ ਦੱਸਿਆ ਕਿ ਪ੍ਰਿੰਸੀਪਲ ਸੰਦੀਪ ਸਿੰਘ ਵੋਹਰਾ ਦੀ ਅਗਵਾਈ ਹੇਠ ਬੱਚਿਆਂ ਨੇ ਅੱਤ ਦੀ ਗ਼ਰਮੀ ਦੌਰਾਨ ਸੰਗਤਾਂ ਨੂੰ ਜਲ ਛਕਾਉਣ ਦੀ ਸੇਵਾ ਨਿਭਾਈ। ਉਨ੍ਹਾਂ ਦੱਸਿਆ ਕਿ ਸਕੂਲਾਂ ਵਿੱਚ ਗ਼ਰਮੀਆਂ ਦੀਆਂ ਛੁੱਟੀਆਂ ਹੋਣ ਕਾਰਨ ਇਨ੍ਹਾਂ ਦਿਨਾਂ ਦੌਰਾਨ ਸ੍ਰੀ ਅੰਮ੍ਰਿਤਸਰ ਦਰਬਾਰ ਸਾਹਿਬ ਵਿਖੇ ਸੰਗਤਾਂ ਦੀ ਆਮਦ 'ਚ ਵਾਧਾ ਹੋ ਜਾਂਦਾ ਹੈ। ਇਸ ਲਈ ਸਕੂਲ ਦੇ ਬੱਚਿਆਂ ਤੇ ਅਧਿਆਪਕਾਂ ਨੇ ਜਲ ਦੀ ਸੇਵਾ ਛਕਾਉਣ ਦੀ ਸੇਵਾ ਨਿਭਾਅ ਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਪ੍ਰਿੰਸੀਪਲ ਸੰਦੀਪ ਸਿੰਘ ਵੋਹਰਾ ਨੇ ਕਿਹਾ ਕਿ ਸਿੱਖ ਧਰਮ ਵਿੱਚ ਹੱਥੀਂ ਸੇਵਾ ਕਰਨ ਨੂੰ ਵਿਸ਼ੇਸ਼ ਮਹੱਤਵ ਦਿੱਤਾ ਗਿਆ ਹੈ। ਵਿਦਿਆਰਥੀਆਂ ਨੂੰ ਅਜਿਹੀ ਚੇਟਕ ਲਾਉਣ ਸਦਕਾ ਉਹ ਸਿੱਖੀ ਸਿਧਾਂਤਾਂ 'ਚ ਪ੍ਰਪੱਕ ਹੁੰਦੇ ਹਨ ਅਤੇ ਉਹ ਅਗਲੇਰੇ ਜੀਵਨ ਪੰਧ ਦੌਰਾਨ ਸੇਵਾ ਦੇ ਸੰਕਲਪ ਨਾਲ ਦਿਲੋਂ ਜੁੜ ਜਾਦੇ ਹਨ।

# ਤਿੰਨ ਦਿਨ ਨਹੀਂ ਚੱਲਣਗੀਆਂ ਸਰਕਾਰੀ ਬੱਸਾਂ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)** ਸੂਬੇ ਵਿਚ 9, 10 ਅਤੇ 11 ਜੁਲਾਈ ਨੂੰ ਸਰਕਾਰੀ ਬੱਸਾਂ ਨਹੀਂ ਚੱਲਣਗੀਆਂ। ਇਸ ਲਈ ਆਪਣੀ ਯੋਜਨਾ ਉਸ ਹਿਸਾਬ ਨਾਲ ਹੀ ਬਣਾਓ ਤਾਂ ਜੁ ਤੁਹਾਨੂੰ ਕਿਸੇ ਕਿਸਮ ਦੀ ਖੱਜਲ ਖ਼ੁਆਰੀ ਦਾ ਸਾਹਮਣਾ ਨਾ ਕਰਨਾ ਪਵੇ। ਦਰਅਸਲ ਪੰਜਾਬ ਰੋਡਵੇਜ਼, ਪਨਬਸ ਤੇ ਪੀ.ਆਰ.ਟੀ.ਸੀ. ਕੰਟਰੈਕਟ ਵਰਕਰਜ਼ ਯੂਨੀਅਨ ਵੱਲੋਂ ਆਪਣੀਆਂ ਮੰਗਾਂ ਦੀ ਪੂਰਤੀ ਲਈ ਤਿੰਨ ਦਿਨ ਦੇ ਚੱਕਾ ਜਾਮ ਦੀ ਚੇਤਾਵਨੀ ਦਿੱਤੀ ਹੈ। ਯੂਨੀਅਨ ਆਗੂਆਂ ਕਮਲ ਕੁਮਾਰ, ਬਲਵਿੰਦਰ ਸਿੰਘ ਰਾਠ, ਰੇਸ਼ਮ ਸਿੰਘ ਗਿੱਲ ਤੇ ਸ਼ਮਸ਼ੇਰ ਸਿੰਘ ਢਿੱਲੋਂ ਨੇ ਦੱਸਿਆ ਕਿ ਸਰਕਾਰ ਨਾਲ ਕਈ ਵਾਰ ਮੀਟਿੰਗਾਂ ਕਰਨ ਦੇ ਬਾਵਜੂਦ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਨਹੀਂ ਹੋਇਆ। ਇਸ ਲਈ ਉਨ੍ਹਾਂ ਨੇ 30 ਜੂਨ ਨੂੰ ਸਟੇਟ ਟਰਾਂਸਪੋਰਟ ਦੇ ਡਾਇਰੈਕਟਰ ਦਫ਼ਤਰ ਅੱਗੇ ਧਰਨਾ ਲਾਉਣ ਦਾ ਫ਼ੈਸਲਾ ਕੀਤਾ ਹੈ। ਇਸ ਦੇ ਨਾਲ ਹੀ ਮੰਗਾਂ ਪੂਰੀਆਂ ਨਾ ਹੋਣ 'ਤੇ 9, 10 ਅਤੇ 11 ਜੁਲਾਈ ਨੂੰ ਚੱਕਾ ਜਾਮ ਕਰ ਕੇ ਮੁੱਖ ਮੰਤਰੀ ਰਿਹਾਇਸ਼ 'ਤੇ ਪੱਕਾ ਧਰਨਾ ਲਾਉਣ ਦੀ ਚੇਤਾਵਨੀ ਵੀ ਦਿੱਤੀ ਗਈ ਹੈ।

# ਸੱਭਿਆਚਾਰਕ ਵਿਰਾਸਤ ਦੀਆਂ ਜੜ੍ਹਾਂ 'ਚੋਂ ਹਮੇਸ਼ਾ ਸਰਬੱਤ ਦੇ ਭਲੇ ਦੀ ਭਾਵਨਾ ਉਠਦੀ ਹੈ : ਸੰਧਵਾਂ

**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸਾਡੀ ਸੱਭਿਆਚਾਰਕ ਵਿਰਾਸਤ ਦੀਆਂ ਜੜ੍ਹਾਂ ਬਹੁਤ ਡੂੰਘੀਆਂ ਹਨ, ਜਿਨ੍ਹਾਂ 'ਚੋਂ ਹਮੇਸ਼ਾ ਸਰਬੱਤ ਦੇ ਭਲੇ ਦੀ ਭਾਵਨਾ ਉਠਦੀ ਹੈ। ਮਾਲਵੇ ਦੀ ਇਹ ਧਰਤੀ ਸਿਰਫ਼ ਖੇਤੀਬਾੜੀ ਦੀ ਉਪਜਾਊ ਭੂਮੀ ਨਹੀਂ, ਸਗੋਂ ਇਤਿਹਾਸ ਦੀਆਂ ਵੱਡੀਆਂ ਘਟਨਾਵਾਂ ਦੀ ਗਵਾਹ ਵੀ ਹੈ। ਇਨ੍ਹਾਂ ਗੱਲਾਂ ਦਾ



ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਕੁਲਤਾਰ ਸਿੰਘ ਸੰਧਵਾਂ ਨੇ ਇੱਕ ਹਿੰਦੀ ਅਖ਼ਬਾਰ ਵਲੋਂ ਕਰਾਏ 'ਸ਼ਾਨ-ਏ-ਮਾਲਵਾ ਐਵਾਰਡ' ਸਮਾਗਮ 'ਚ ਮੁੱਖ ਮਹਿਮਾਨ ਵਜੋ ਸ਼ਿਰਕਤ ਕਰਨ ਮੌਕੇ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਵਿਧਾਇਕ ਜਗਰੂਪ ਸਿੰਘ ਗਿੱਲ, ਮੇਅਰ ਸ਼੍ਰੀ ਪਦਮਜੀਤ ਸਿੰਘ ਮਹਿਤਾ ਤੇ ਪੰਜਾਬ ਕ੍ਰਿਕਟ ਐਸੋਸ਼ੀਏਸ਼ਨ ਦੇ ਪ੍ਰਧਾਨ ਸ਼੍ਰੀ ਅਮਰਜੀਤ ਸਿੰਘ ਮਹਿਤ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਕੁਲਤਾਰ ਸਿੰਘ ਸੰਧਵਾਂ ਨੇ ਪ੍ਰਬੰਧਕਾਂ ਨੂੰ ਸ਼ਾਨ-ਏ-ਮਾਲਵਾ ਐਵਾਰਡ ਸਮਾਗਮ ਦੀ ਵਧਾਈ ਦਿੰਦਿਆਂ ਕਿਹਾ ਕਿ 'ਰੋਹੀਆਂ ਦਾ ਦੇਸ਼ ਮਾਲਵਾ' ਇਹ ਕਹਾਵਤ ਪੁਰਾਣੇ ਸਮਿਆਂ 'ਚ ਮਾਲਵੇ ਇਲਾਕੇ ਬਾਰੇ ਪ੍ਰਚਲਤ ਸੀ। ਰੋਹੀ-ਬੀਆਬਾਨ, ਟਿੱਬੇ, ਰੇਤਾ, ਲੇਹਾ, ਬੇਰੀਆਂ, ਚਿੱਬੜ, ਕੌੜਤੁੰਮੇ, ਕਿੱਕਰਾਂ, ਜੰਡ, ਰੇਰੂ, ਰਹੂੜੇ ਦੇ ਦਰਖਤ, ਨਰਮੇ ਦੇ ਖੇਤ ਇਹ ਸਭ ਮਾਲਵੇ ਦਾ ਨਾਂਅ ਲਿਆਂ ਸੁਭਾਵਕ ਹੀ ਦ੍ਰਿਸ਼ ਨਜ਼ਰਾਂ ਅੱਗੇ ਘੁੰਮ ਜਾਂਦੇ ਸਨ। ਸੰਧਵਾਂ ਨੇ ਕਿਹਾ ਕਿ ਮਾਲਵਾ, ਜੋ ਪੰਜਾਬ ਦਾ ਦਿਲ ਹੈ, ਸਦਾ ਹੀ ਸਮਰਪਣ ਅਤੇ ਸੰਘਰਸ਼ ਦੀਆਂ ਕਹਾਣੀਆਂ ਦਾ ਘਰ ਰਿਹਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਉਹ ਧਰਤੀ ਹੈ ਜਿਥੇ ਸੂਫੀ ਸੰਤਾਂ, ਪੀਰ ਪੈਗੰਬਰਾਂ ਨੇ ਆਪਣੀ ਬਾਣੀ ਨਾਲ ਸੱਚ ਤੇ ਪ੍ਰੇਮ ਦਾ ਸੁਨੇਹਾ ਦਿੱਤਾ।

# ਆੜ੍ਹਤੀ ਐਸੋਸੀਏਸ਼ਨ ਪੰਜਾਬ ਪ੍ਰਧਾਨ ਰਾਣਾ ਦੀ ਅਗਵਾਈ 'ਚ ਆਮ ਆਦਮੀ ਪਾਰਟੀ ਦੇ ਹੱਕ ਨਿੱਤਰੀ

**ਪਟਿਆਲਾ (ਰਾਜਿੰਦਰ ਥਿੰਦ)**- ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ ਦੀ ਅਗਵਾਈ ਹੇਠ ਆੜ੍ਹਤੀਆ ਐਸੋਸੀਏਸ਼ਨ ਪੰਜਾਬ ਲੁਧਿਆਣਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਦੇ ਹੱਕ ਵਿੱਚ ਨਿੱਤਰ ਗਈ ਹੈ। ਪੰਜਾਬ ਦੇ ਪ੍ਰਧਾਨ ਰਾਣਾ ਦੀ ਅਗਵਾਈ ਵਿੱਚ ਆੜ੍ਹਤੀ ਐਸੋਸੀਏਸ਼ਨ ਦੇ ਮੈਂਬਰ ਅਤੇ ਹੋਰ ਸੈਕੜੇ ਮੈਂਬਰ ਲੁਧਿਆਣਾ ਵਿਖੇ ਘਰ ਘਰ ਜਾ ਕੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿਚ ਚੋਣ ਪ੍ਰਚਾਰ ਕਰ ਰਹੇ ਹਨ। ਰਾਣਾ ਨੇ ਅੱਜ ਇਥੇ ਇਕ ਬਿਆਨ ਰਾਹੀਂ ਕਿਹਾ ਕਿ ਪੰਜਾਬ ਦੇ ਆਗਾਮੀ ਭਵਿੱਖ ਲਈ ਇਹ ਸਰਕਾਰ ਜ਼ਰੂਰੀ ਹੈ। ਉਨ੍ਹਾਂ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਨੂੰ ਕਿਸਾਨ ਅਤੇ ਆੜ੍ਹਤੀ ਦੋਹਾਂ ਲਈ ਲਾਭਕਾਰੀ ਦੱਸਿਆ। ਉਨ੍ਹਾਂ ਕਿਹਾ ਕਿ ਪਹਿਲੀ ਵਾਰ ਕਿਸੇ ਸਰਕਾਰ ਨੇ ਮੰਡੀ ਸਿਸਟਮ, ਆੜ੍ਹਤੀਆਂ ਦੀ ਭੂਮਿਕਾ ਅਤੇ ਕਿਸਾਨੀ ਸੰਕਟ ਨੂੰ ਸਮਝ ਕੇ ਨੀਤੀਆਂ ਬਣਾਈਆਂ ਹਨ। ਰਾਣਾ ਨੇ ਅੱਗੇ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ

**● ਵੱਧ ਚੜ੍ਹ ਕੇ ਘਰ-ਘਰ ਕੀਤਾ ਜਾ ਰਿਹਾ ਚੋਣ ਪ੍ਰਚਾਰ**



ਦੀ ਸਰਕਾਰ ਨੇ ਨੌਜਵਾਨਾਂ ਨੂੰ ਨੌਕਰੀਆਂ, ਮੈਡੀਕਲ ਸਹੂਲਤਾਂ ਅਤੇ ਵਪਾਰਕ ਸਤਰ 'ਤੇ ਨਵੇਂ ਮੌਕੇ ਦਿੱਤੇ ਹਨ। ਉਨ੍ਹਾਂ ਦੱਸਿਆ ਕਿ ਮੌਜੂਦਾ ਸਰਕਾਰ ਨੇ ਮੰਡੀਆਂ ਵਿਚ ਡਿਜੀਟਲ ਲੇਖਾ-ਜੋਖਾ ਲਿਆਂਦਿਆਂ ਆੜ੍ਹਤੀਆਂ ਦੀ ਔਨਲਾਈਨ ਭੂਮਿਕਾ ਨੂੰ ਮਾਨਤਾ ਦਿੱਤੀ ਹੈ, ਜੋ ਭਵਿੱਖ ਲਈ ਇਕ ਵੱਡਾ ਕਦਮ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹੋਰ ਪਾਰਟੀਆਂ ਨੇ ਸਿਰਫ ਆੜ੍ਹਤੀਆਂ ਨੂੰ ਚੁਣਾਵੀ ਹਥਿਆਰ ਵਜੋਂ ਵਰਤਿਆ ਪਰ ਆਮ ਆਦਮੀ ਪਾਰਟੀ ਨੇ ਮੰਡੀਆਂ ਦੀ ਸੁਧਾਰ ਯੋਜਨਾ, ਬਿਜਲੀ ਰਾਹਤ ਅਤੇ ਕਿਸਾਨੀ ਕਾਰਜਾਂ 'ਚ ਆੜ੍ਹਤੀਆਂ ਦੀ ਮਦਦ ਨੂੰ ਯਕੀਨੀ ਬਣਾਇਆ। ਰਾਣਾ ਨੇ ਆੜ੍ਹਤੀਆਂ ਅਤੇ ਖੇਤੀਬਾੜੀ ਨਾਲ ਜੁੜੇ ਹਜ਼ਾਰਾਂ ਪਰਵਾਰਾਂ ਨੂੰ ਅਪੀਲ ਕੀਤੀ ਕਿ ਓਹ ਆਮ ਆਦਮੀ ਪਾਰਟੀ ਨੂੰ ਸਿਰਫ ਸੁਰੱਖਿਆ ਦੀ ਗਰੰਟੀ ਸਮਝਣ, ਜੋ ਕਿਸਾਨੀ, ਮੰਡੀਆਂ ਅਤੇ ਆੜ੍ਹਤੀਆਂ ਦੀ ਆਵਾਜ਼ ਨੂੰ ਸੰਵੇਦਨਸ਼ੀਲਤਾ ਨਾਲ ਸੁਣ ਰਹੀ ਹੈ। ਉਨ੍ਹਾਂ ਕਿਹਾ ਕਿ ਸਾਡੀ ਲੜਾਈ ਕਿਸੇ ਪਾਰਟੀ ਵਿਰੁੱਧ ਨਹੀਂ, ਪਰ ਜਿਹੜਾ ਹਿੱਤ ਵਿਚ ਕੰਮ ਕਰੇ, ਅਸੀਂ ਉਸ ਦਾ ਸਾਥ ਦੇਵਾਂਗੇ। ਆਮ ਆਦਮੀ ਪਾਰਟੀ ਨੇ ਗਰੀਬ, ਆੜ੍ਹਤੀ, ਖੇਤ ਮਜ਼ਦੂਰ ਤੇ ਕਿਸਾਨ-ਸਭ ਦੀ ਗੱਲ ਕੀਤੀ ਹੈ। ਇਸ ਮੌਕੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ, ਲਾਲਜੀਤ ਸਿੰਘ ਭੁੱਲਰ ਕੈਬਨਿਟ ਮੰਤਰੀ, ਮਨਵਿੰਦਰ ਸਿੰਘ ਗਿਆਸਪੁਰਾ ਵਿਧਾਇਕ, ਅਵਿਨਾਸ਼ ਪ੍ਰੀਤ ਸਿੰਘ, ਰਣਜੀਤ ਸਿੰਘ ਔਜਲਾ, ਸਤਵਿੰਦਰ ਸਿੰਘ ਸੈਣੀ, ਅਜਮੇਰ ਧਾਰੀਵਾਲ, ਅਰਵਿੰਦਰਪਾਲ ਵਿੱਕੀ ਹਾਜ਼ਰ ਸਨ।

# ਬਲਾਕ ਕਾਂਗਰਸ ਕਮੇਟੀ ਦੀ ਮੀਟਿੰਗ ਹੋਈ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਜ਼ਿਲਾ ਪ੍ਰਧਾਨ ਲਖਵੀਰ ਸਿੰਘ ਲੱਖਾ ਅਤੇ ਹਲਕਾ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਦੀਆਂ ਹਦਾਇਤਾਂ ਅਨੁਸਾਰ ਬਲਾਕ ਕਾਂਗਰਸ ਕਮੇਟੀ ਦੀ ਮਹੀਨਾਵਾਰ ਮੀਟਿੰਗ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਸਮਰਾਲਾ ਸ਼ਹਿਰੀ ਦੇ ਪ੍ਰਧਾਨ ਮਰਹੂਮ ਸੰਜੀਵ ਕੁਮਾਰ ਦੂਆ ਦੀ ਹੋਈ ਬੇਵਕਤੀ ਮੌਤ 'ਤੇ ਇੱਕ ਮਿੰਟ ਦਾ ਮੌਨ ਧਾਰ ਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਬਲਾਕ ਮੀਡੀਆ ਇੰਚਾਰਜ ਵਿਨੀਤ ਕੁਮਾਰ ਝੜੌਦੀ ਨੇ ਦੱਸਿਆ ਕਿ ਮੀਟਿੰਗ ਦੌਰਾਨ ਬਲਾਕ ਸੰਮਤੀ ਅਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਬਲਾਕ, ਮੰਡਲ ਅਤੇ ਬੂਥ ਪੱਧਰੀ ਕਮੇਟੀਆਂ ਦਾ ਪਿੰਡ ਪੱਧਰ ਤੇ ਵਿਸਥਾਰ ਕਰਨ ਦੀ ਹਦਾਇਤ ਕੀਤੀ ਗਈ। ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ ਨੇ ਕਿਹਾ ਕਿ ਆਉਣ ਵਾਲੀਆਂ ਚੋਣਾਂ ਲਈ ਬਲਾਕ ਕਾਂਗਰਸ ਦੀ ਪੂਰੀ ਟੀਮ ਤਿਆਰ ਬਰ ਤਿਆਰ ਹੈ।

# ਫਲਸਤੀਨ ਲੋਕਾਂ ਦੇ ਹੱਕ 'ਚ ਭਾਰਤੀ ਕਮਿਊਨਿਸਟ ਪਾਰਟੀ ਫਰੀਦਕੋਟ ਨੇ ਇਜ਼ਰਾਇਲੀ ਜੰਗਬਾਜ਼ਾਂ ਦਾ ਫ਼ੂਕਿਆ ਪੁਤਲਾ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**- ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਦੇਸ਼ ਭਰ ਵਿੱਚ ਫਲਸਤੀਨੀਆਂ ਦੇ ਹੱਕ ਵਿੱਚ ਅਤੇ ਅਮਰੀਕੀ ਸਾਮਰਾਜ ਦੀ ਸ਼ਹਿ 'ਤੇ ਇਜ਼ਰਾਇਲੀ ਹਾਕਮਾਂ ਵੱਲੋਂ ਕੀਤੀ ਜਾ ਰਹੀ ਕਤਲੋਗਾਰਤ ਦੀ ਸਖਤ ਨਿੰਦਾ ਕਰਨ ਦੇ ਮਨੋਰਥ ਨਾਲ ਉਲੀਕੇ ਗਏ ਐਕਸ਼ਨ ਪ੍ਰੋਗਰਾਮ ਨੂੰ ਲਾਗੂ ਕਰਦਿਆਂ ਫਰੀਦਕੋਟ ਜ਼ਿਲ੍ਹੇ ਦੇ ਸਾਥੀਆਂ ਵੱਲੋਂ ਸ਼ਹੀਦ ਅਮੋਲਕ ਸਿੰਘ ਭਵਨ ਵਿਖੇ ਇੱਕ ਸਭਾ ਕੀਤੀ ਗਈ। ਇਸ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਦੇ ਕਾਰਜਕਾਰੀ ਜ਼ਿਲ੍ਹਾ ਸਕੱਤਰ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸੁਖਜਿੰਦਰ ਸਿੰਘ ਤੂੰਬੜਭੰਨ, ਪੰਜਾਬ ਇਸਤਰੀ ਸਭਾ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਮਨਜੀਤ ਕੌਰ ਨੱਥੇਵਾਲਾ, ਪੈਨਸ਼ਨਰ ਆਗੂ ਪ੍ਰੇਮ ਚਾਵਲਾ, ਕੁਲਵੰਤ ਸਿੰਘ ਚਾਨੀ, ਜ਼ਿਲ੍ਹਾ ਕੌਂਸਲ ਮੈਂਬਰ ਗੁਰਚਰਨ ਸਿੰਘ ਮਾਨ, ਬੋਹੜ ਸਿੰਘ ਔਲਖ ਸੁਖਦਰਸ਼ਨ ਰਾਮ ਸ਼ਰਮਾ ਅਤੇ ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ, ਨਰੇਗਾ ਰੁਜ਼ਗਾਰ ਪ੍ਰਾਪਤੀ ਮਜ਼ਦੂਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਵੀਰ ਸਿੰਘ ਕੰਮਿਆਣਾ ਨੇ ਦੋਸ਼ ਲਾਇਆ ਕਿ ਅਮਰੀਕੀ ਸਾਮਰਾਜ ਦੇ ਦਬਾਅ ਹੇਠ ਇਜ਼ਰਾਈਲੀ ਹਾਕਮਾਂ ਵੱਲੋਂ ਫਲਸਤੀਨੀ ਲੋਕਾਂ ਦਾ ਵੱਡੇ ਪੱਧਰ 'ਤੇ ਜਾਨੀ ਅਤੇ ਮਾਲੀ ਨੁਕਸਾਨ ਕੀਤਾ ਜਾ ਰਿਹਾ ਹੈ, ਹਰ ਰੋਜ਼ ਅਨੇਕਾਂ ਜ਼ਖਮੀ ਦਵਾਈਆਂ ਅਤੇ ਰਾਹਤ ਸਮੱਗਰੀ ਨਾ ਮਿਲਣ ਕਰਕੇ ਆਪਣੀਆਂ ਜਾਨਾਂ ਗੁਆ ਰਹੇ ਹਨ। ਉਹਨਾਂ ਅੱਗੇ ਕਿਹਾ ਕਿ ਅਮਰੀਕੀ ਸਾਮਰਾਜ ਦੇ ਦਬਾਅ ਹੇਠ ਭਾਰਤ ਦੀ ਹੁਕਮਰਾਨ ਮੋਦੀ ਸਰਕਾਰ ਇਸ ਸਭ ਕੁਝ ਬਾਰੇ ਖਾਮੋਸ਼ੀ ਧਾਰ ਕੇ ਤਮਾਸ਼ਾ ਵੇਖ ਰਹੀ ਹੈ। ਆਗੂਆਂ ਨੇ ਕਿਹਾ ਕਿ ਸੰਸਾਰ ਵਿੱਚ ਅਮਨ ਸ਼ਾਂਤੀ ਦੇ ਹਾਲਾਤ ਪੈਦਾ ਕਰਨ ਲਈ ਯੂ ਐਨ ਓ ਨੂੰ ਤੁਰੰਤ ਜੰਗਬੰਦੀ ਕਰਵਾਉਣ ਲਈ ਅੱਗੇ ਆ ਕੇ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ। ਇਸ ਉਪਰੰਤ ਜ਼ੋਰਦਾਰ ਨਾਅਰੇਬਾਜ਼ੀ ਕਰਦੇ ਹੋਏ ਭਾਈ ਘਨੱਈਆ ਚੌਂਕ ਤੱਕ ਰੋਸ ਮਾਰਚ ਕਰਕੇ ਇਜ਼ਰਾਇਲੀ ਹਾਕਮਾਂ ਦਾ ਪੁਤਲਾ ਫੂਕਿਆ ਗਿਆ। ਪ੍ਰਦਰਸ਼ਨਕਾਰੀ ਨਾਅਰੇ ਲਗਾ ਰਹੇ ਸਨ ਕਿ ਫਲਸਤੀਨੀ ਲੋਕਾਂ ਦੀ ਨਸਲਕੁਸ਼ੀ ਕਰਨਾ ਬੰਦ ਕਰੋ, ਮਨੁੱਖਤਾ ਦਾ ਵੈਰੀ ਅਮਰੀਕਨ ਸਾਮਰਾਜਵਾਦ ਮੁਰਦਾਬਾਦ, ਗਾਜ਼ਾ ਪੱਟੀ ਦੇ ਉਜਾੜੇ ਲੋਕਾਂ ਲਈ ਰਾਹਤ ਸਮੱਗਰੀ ਲੈ ਕੇ ਜਾਣ 'ਤੇ ਲਾਈਆਂ ਰੋਕਾਂ ਖਤਮ ਕਰੋ ਅਤੇ ਮੋਦੀ ਸਰਕਾਰ ਅਮਰੀਕੀ ਸਾਮਰਾਜ ਦੇ ਦਬਾਅ ਹੇਠ ਇਜ਼ਰਾਈਲੀ ਹਾਕਮਾਂ ਨਾਲ ਹੇਜ਼ ਪੁਗਾਉਣਾ ਬੰਦ ਕਰੇ ਆਦਿ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਮੁਖਤਿਆਰ ਸਿੰਘ ਭਾਣਾ, ਇੰਦਰਜੀਤ ਸਿੰਘ ਗਿੱਲ, ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਰਮੇਸ਼ ਕੌਸ਼ਲ ਤੇ ਰਮੇਸ਼ ਢੈਪਈ, ਪੰਜਾਬ ਇਸਤਰੀ ਸਭਾ ਦੇ ਆਗੂ ਆਸ਼ਾ ਚੌਧਰੀ ਅਤੇ ਜਸਪ੍ਰੀਤ ਕੌਰ, ਗੁਰਦੇਵ ਸਿੰਘ ਚੌਧਰੀ, ਬਲਕਾਰ ਸਿੰਘ ਕੁਲਦੀਪ ਸਿੰਘ, ਬੂਟਾ ਸਿੰਘ, ਕੁਲਵੰਤ ਸਿੰਘ, ਗੁਰਦੀਪ ਸਿੰਘ, ਸੁਰਿੰਦਰ ਸਿੰਘ, ਜੈ ਸਿੰਘ ਭਾਣਾ, ਮੀਤਾ ਸਿੰਘ ਭਾਣਾ, ਜੋਤੀ ਪ੍ਰਕਾਸ਼ ਤੇ ਹਰੀ ਸਿੰਘ ਆਦਿ ਹਾਜ਼ਰ ਸਨ।




# ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਲਗਾਇਆ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**- ਸਿਵਲ ਸਰਜਨ ਫਾਜ਼ਿਲਕਾ ਡਾਕਟਰ ਰਾਜ ਕੁਮਾਰ ਅਤੇ ਜ਼ਿਲ੍ਹਾ ਐਪੀਡੀਮਾਲੋਜਿਸਟ ਡਾਕਟਰ ਸੁਨੀਤਾ ਕੰਬੋਜ ਦੇ ਦਿਸ਼ਾ ਨਿਰਦੇਸ਼ਾਂ ਅਤੇ ਸੀਨੀਅਰ ਮੈਡੀਕਲ ਅਫਸਰ ਸੀ ਐਚ ਸੀ ਡੱਬਵਾਲਾ ਕਲਾਂ ਡਾਕਟਰ ਪੰਕਜ ਚੌਹਾਨ ਦੇ ਯੋਗ ਅਗਵਾਈ ਹੇਠ ਅਤੇ ਵਿਜੇ ਕੁਮਾਰ ਮਲਟੀਪਰਪਜ਼ ਹੈਲਥ ਸੁਪਰਵਾਈਜ਼ਰ ਦੀ ਨਿਗਰਾਨੀ ਹੇਠ ਜੰਡਵਾਲਾ ਖਰਤਾ ਵਿਖੇ ਮਲੇਰੀਆ ਬੁਖਾਰ ਤੋਂ ਬਚਾਅ ਲਈ ਜਾਗਰੂਕਤਾ ਕੈਂਪ ਲਗਾਇਆ ਗਿਆ। ਮਲੇਰੀਆ ਬੁਖ਼ਾਰ ਦੇ ਲੱਛਣ ਤੇ ਇਲਾਜ ਬਾਰੇ ਜਾਣਕਾਰੀ ਦਿੱਤੀ ਗਈ ਇਸ ਦੌਰਾਨ ਪਰਦੀਪ ਕੁਮਾਰ ਮਲਟੀ ਪਰਪਜ਼ ਹੈਲਥ ਵਰਕਰ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਕੋਈ ਵੀ ਬੁਖ਼ਾਰ ਮਲੇਰੀਆ ਹੋ ਸਕਦਾ ਹੈ। ਮਲੇਰੀਆ ਬੁਖਾਰ ਦਾ ਇਲਾਜ ਸਰਕਾਰੀ ਹਸਪਤਾਲਾਂ ਵਿਚ ਮੁਫ਼ਤ ਕਰਵਾ ਸਕਦਾ ਹੈ। ਇਸ ਦੌਰਾਨ ਬੁਖਾਰ ਦੇ ਸ਼ੱਕੀ ਮਰੀਜ਼ਾਂ ਦੇ ਮਲੇਰੀਆ ਆਰ ਡੀ ਟੀ ਟੈਸਟ ਕੀਤੇ ਗਏ। ਉਨ੍ਹਾਂ ਨੇ ਕਿਹਾ ਕਿ ਆਪਣੇ ਘਰ ਦੇ ਆਲੇ ਦੁਆਲੇ ਦੀ ਸਫਾਈ ਰੋਜ਼ਾਨਾ ਕੀਤੀ ਜਾਵੇ ਅਤੇ ਕਿਸੇ ਵੀ ਤਰ੍ਹਾਂ ਦਾ ਪਾਣੀ ਖੜ੍ਹਾ ਨਾ ਹੋਣ ਦਿੱਤਾ ਜਾਵੇ ਉਥੇ ਹਮੇਸ਼ਾ ਮੱਛਰਾਂ ਦੇ ਪੈਦਾ ਹੋਣ ਦਾ ਕਾਰਨ ਬਣਦਾ ਹੈ। ਨਾਲ਼ੀਆਂ ਅਤੇ ਟੋਭਿਆਂ ਵਿਚ ਮੱਛਰਾਂ ਦੀ ਪੈਦਾਵਾਰ ਨੂੰ ਰੋਕਣ ਲਈ ਕਾਲਾ ਤੇਲ ਪਾਇਆ ਜਾਵੇ। ਘਰਾਂ ਵਿਚ ਪਏ ਵਾਧੂ ਦੇ ਕਬਾੜ ਨੂੰ ਛੱਤ ਥੱਲੇ ਰੱਖ ਦਿੱਤਾ ਜਾਵੇ, ਕੋਈ ਵੀ ਕਬਾੜ ਖੁੱਲ੍ਹੇ ਵਿਹੜੇ ਵਿੱਚ ਨਾ ਰੱਖਿਆ ਜਾਵੇ। ਘਰ ਵਿਚ ਕੂਲਰਾਂ, ਫਰਿਜ ਦੀ ਟਰੇਅ, ਗਮਲਿਆਂ ਆਦਿ ਦੀ ਹਫਤੇ ਵਿੱਚ ਇੱਕ ਵਾਰ ਸਫਾਈ ਜ਼ਰੂਰ ਕੀਤੀ ਜਾਵੇ। ਮੱਛਰਾਂ ਤੋਂ ਬਚਾਅ ਲਈ ਪੂਰੀ ਬਾਜੂ ਵਾਲੇ ਕੱਪੜੇ ਪਾਏ ਜਾਣ ਅਤੇ ਰਾਤ ਨੂੰ ਸੌਣ ਵੇਲੇ ਮੱਛਰਦਾਨੀ ਅਤੇ ਮੱਛਰ ਭਜਾਓ ਕਰੀਮਾਂ ਦੀ ਵਰਤੋਂ ਕਰਨੀ ਚਾਹੀਦੀ ਹੈ। ਪਾਣੀ ਵਾਲੇ ਬਰਤਨਾਂ ਨੂੰ ਹਮੇਸ਼ਾ ਢਕ ਕੇ ਰੱਖਿਆ ਜਾਵੇ ਅਤੇ ਇਹਨਾਂ ਦੀ ਹਫਤੇ ਵਿਚ ਇਕ ਦਿਨ ਸਫਾਈ ਕੀਤੀ ਜਾਵੇ। ਇਸ ਦੌਰਾਨ ਸੀ ਐਚ ਓ ਸੁਨੀਤਾ ਰਾਣੀ, ਗੀਤਾ ਰਾਣੀ ਏ ਐਨ ਐਮ, ਆਸ਼ਾ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।

# ਕਾਸੋ ਅਪ੍ਰੇਸ਼ਨ ਤਹਿਤ ਦਰਜਨਾਂ ਘਰਾਂ ਦੀ ਕੀਤੀ ਗਈ ਚੈਕਿੰਗ

**ਨਾਭਾ (ਵਰਿੰਦਰ ਵਰਮਾ)** ਅਲੋਹਰਾ ਗੇਟ ਵਿਖੇ ਢੇਹਾ ਬਸਤੀ ਦੇ ਉਹ ਘਰ ਹਨ, ਜਿੱਥੇ ਪੁਲਸ ਵੱਲੋਂ ਅਚਨਚੇਤ ਚੈਕਿੰਗ ਕੀਤੀ ਗਈ ਹੈ। ਇਹ ਘਰ ਏਨੇ ਬਦਨਾਮ ਹਨ ਕਿ ਪੁਲਿਸ ਵੱਲੋਂ ਇਨ੍ਹਾਂ



ਖਿਲਾਫ਼ ਐਨਡੀਪੀਸੀ ਐਕਟ ਦੇ ਮਾਮਲੇ ਵੀ ਦਰਜ ਕੀਤੇ ਗਏ ਹਨ। ਫਿਰ ਵੀ ਇਹ ਨਸ਼ਾ ਤਸਕਰ ਆਪਣੀਆਂ ਹਰਕਤਾਂ ਤੋਂ ਬਾਜ਼ ਨਹੀਂ ਆ ਰਹੇ, ਜਿਸ ਕਰਕੇ ਐਸਐਸਪੀ ਪਟਿਆਲਾ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡੀਐਸਪੀ ਮੈਡਮ ਮਨਦੀਪ ਕੌਰ ਦੀ ਅਗਵਾਈ ਹੇਠ ਥਾਣਾ ਕੋਤਵਾਲੀ ਮੁਖੀ ਸਰਬਜੀਤ ਸਿੰਘ ਚੀਮਾ ਵੱਲੋਂ ਪੁਲਿਸ ਪ੍ਰਸ਼ਾਸਨ ਨੂੰ ਨਾਲ ਲੈ ਕੇ ਕਾਸੋ ਅਪ੍ਰੇਸ਼ਨ ਦੇ ਤਹਿਤ ਦਰਜਨਾਂ ਘਰਾਂ ਦੀ ਅਚਨਚੇਤ ਚੈਕਿੰਗ ਕੀਤੀ ਗਈ ਅਤੇ ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਦੇ ਘਰਾਂ ਦਾ ਇੱਕ-ਇੱਕ ਚੱਪਾ ਛਾਣ ਮਾਰਿਆ ਗਿਆ। ਕਾਸੋ ਆਪਰੇਸ਼ਨ ਵਿੱਚ ਐਸਐਚਓ ਗੁਰਪ੍ਰੀਤ ਸਿੰਘ ਸਮਰਾਓ ਤੋਂ ਇਲਾਵਾ ਦਰਜਨਾਂ ਤੋਂ ਵੱਧ ਪੁਲਸ ਮੁਲਾਜ਼ਮ ਮੌਜੂਦ ਸਨ। ਕੋਤਵਾਲੀ ਦੇ ਐਸਐਚਓ ਸਰਬਜੀਤ ਸਿੰਘ ਚੀਮਾ ਨੇ ਦੱਸਿਆ ਕਿ ਅਸੀਂ ਕਾਸੋ ਅਪ੍ਰੇਸ਼ਨ ਤਹਿਤ ਇਹ ਸਰਚ ਅਭਿਆਨ ਚਲਾਇਆ ਗਿਆ ਹੈ। ਇਹ ਉਹ ਘਰ ਹਨ, ਜੋ ਨਸ਼ਾ ਤਸਕਰੀ ਦਾ ਕੰਮ ਕਰਦੇ ਹਨ। ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਵੱਲੋਂ 10 ਦੇ ਕਰੀਬ ਮੋਟਰਸਾਈਕਲਾਂ ਹਿਰਾਸਤ ਵਿੱਚ ਲਿਆ ਗਿਆ ਹੈ ਤੇ 5 ਦੇ ਕਰੀਬ ਸ਼ੱਕੀ ਵਿਅਕਤੀ ਦੀ ਵੀ ਹਿਰਾਸਤ ਵਿੱਚ ਲਏ ਗਏ ਹਨ ਤੇ ਇਹਨਾਂ ਤੋਂ ਪੁੱਛ ਪੜਤਾਲ ਕੀਤੀ ਜਾਵੇਗੀ, ਜੋ 10 ਦੇ ਕਰੀਬ ਮੋਟਰਸਾਈਕਲ ਇਥੇ ਖੜੇ ਸਨ, ਇੱਥੇ ਕੋਈ ਵੀ ਵਿਅਕਤੀ ਲੈਣ ਨਹੀਂ ਆਇਆ ਅਤੇ ਇਨ੍ਹਾਂ ਨੂੰ ਅਸੀਂ ਪੁਲਿਸ ਸਟੇਸ਼ਨ ਵਿੱਚ ਲੈ ਕੇ ਜਾ ਰਹੇ ਹਾਂ ਤੇ ਇਨ੍ਹਾਂ ਦੇ ਕਾਗ਼ਜ਼ਾਤ ਮੰਗਾਵਾਂਗੇ ਅਤੇ ਜੇਕਰ ਕੋਈ ਕਾਗ਼ਜ਼ਾਤ ਨਹੀਂ ਦਿਖਾ ਸਕੇ ਤਾਂ ਇਨ੍ਹਾਂ ਨੂੰ ਬੌਂਡ ਕੀਤਾ ਜਾਵੇਗਾ।

# ਆਰ ਟੀ ਓ ਵੱਲੋਂ ਹੈਵੀ ਵਾਹਨਾਂ 'ਚ ਲੱਗੇ ਸਪੀਡ ਗਵਰਨਰਾਂ ਦੀ ਚੈਕਿੰਗ

**ਪਟਿਆਲਾ, (ਨਵਾਂ ਜ਼ਮਾਨਾ ਸਰਵਿਸ)**- ਪਟਿਆਲਾ ਦੇ ਆਰ.ਟੀ.ਓ ਬਬਨਦੀਪ ਸਿੰਘ ਵਾਲੀਆ ਨੇ ਨਿਰਧਾਰਤ ਨੇਮਾਂ ਮੁਤਾਬਕ ਵੱਖ-ਵੱਖ ਗੱਡੀਆਂ 'ਚ ਲੱਗੇ ਸਪੀਡ ਗਵਰਨਰਾਂ ਦੀ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਕੁਝ ਨਿਰਧਾਰਤ ਸ਼੍ਰੇਣੀ ਦੇ ਮੀਡੀਅਮ, ਹੈਵੀ, ਯਾਤਰੀ ਆਵਾਜਾਈ ਵਾਹਨਾਂ ਤੇ ਸਕੂਲੀ ਬੱਸਾਂ 'ਚ ਸਪੀਡ ਗਵਰਨਰ ਲੱਗੇ ਹੋਣੇ ਲਾਜਮੀ ਹਨ, ਅਤੇ ਇਨ੍ਹਾਂ ਦੀ ਚੈਕਿੰਗ ਲਈ ਜਿੱਥੇ ਉਹ ਖ਼ੁਦ ਸੜਕਾਂ 'ਤੇ ਉਤਰਨਗੇ ਉਥੇ ਹੀ ਮੋਟਰ ਵਹੀਕਲ ਇੰਸਪੈਕਟਰ ਨੂੰ ਵੀ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਪੀਡ ਗਵਰਨਰ ਚੈਕ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਨੇ ਰੂਲ 118 ਆਫ਼ ਸੈਂਟਰਲ ਮੋਟਰ ਵਹੀਕਲ ਰੂਲਜ਼ 1989 ਅਤੇ ਮਿਤੀ 21 ਅਗਸਤ 2012 ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਕੁਝ ਨਿਰਧਾਰਤ ਸ਼੍ਰੇਣੀ ਦੇ ਮੀਡੀਅਮ, ਹੈਵੀ, ਯਾਤਰੀ ਆਵਾਜਾਈ ਵਾਹਨਾਂ ਤੇ ਸਕੂਲੀ ਬੱਸਾਂ ਚ ਸਪੀਡ ਗਵਰਨਰ ਲੱਗਿਆ ਹੋਣਾ ਲਾਜਮੀ ਹੈ ਅਤੇ ਇਸ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਤੇ ਡਰਾਇਵਰਾਂ ਤੇ ਮਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਆਰ.ਟੀ.ਓ ਨੇ ਕਿਹਾ ਕਿ ਖਾਸ ਤੌਰ 'ਤੇ ਸਕੂਲ ਬੱਸਾਂ ਵਿੱਚ ਏ.ਆਈ.ਐਸ.0018 ਮਿਆਰ ਦੇ ਸਪੀਡ ਗਵਰਨਰ ਲੱਗੇ ਹੋਣੇ ਲਾਜਮੀ ਹਨ। ਉਨ੍ਹਾਂ ਦੱਸਿਆ ਕਿ ਚੈਕਿੰਗ ਸਮੇਂ ਇਹ ਧਿਆਨ ਰੱਖਿਆ ਜਾਂਦਾ ਹੈ ਕਿ ਵਹੀਕਲ 'ਤੇ ਲੱਗੇ ਸਪੀਡ ਗਵਰਨਰ ਦੀਆਂ ਸੀਲਾਂ ਬਰਕਰਾਰ ਹੋਣ ਤੇ ਕੋਈ ਛੇੜਖਾਨੀ ਨਾ ਕੀਤੀ ਹੋਵੇ। ਸਪੀਡ ਗਵਰਨਰ ਦੀ ਗਤੀ ਸੀਮਾ ਵਿਭਾਗ ਦੀਆਂ ਸ਼ਰਤਾਂ ਮੁਤਾਬਕ ਹੈ ਜਾਂ ਨਹੀਂ ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੋਟਰ ਵਹੀਕਲ ਇੰਸਪੈਕਟਰ ਵੱਲੋਂ ਵੀ ਗੱਡੀਆਂ ਦੇ ਨਿਰੀਖਣ ਸਮੇਂ ਸਪੀਡ ਗਵਰਨਰ ਲਈ ਸਹੀ ਪ੍ਰਮਾਣ ਪੱਤਰ ਤੇ ਲੋੜੀਂਦੇ ਪੈਰਾਮੀਟਰ ਦੀ ਐਂਟਰੀ ਵਾਹਨ ਪੋਰਟਲ ਵਿੱਚ ਵੀ ਲਾਜਮੀ ਦਰਜ ਕੀਤੇ ਜਾਣ। ਬਬਨਦੀਪ ਸਿੰਘ ਵਾਲੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਨਿਰਦੇਸ਼ਾਂ ਮੁਤਾਬਕ ਟਰਾਂਸਪੋਰਟ ਵਿਭਾਗ ਵੱਲੋਂ ਸਕੂਲੀ ਬੱਚਿਆਂ ਦੀ ਆਵਾਜਾਈ ਸੁਰੱਖਿਅਤ ਬਣਾਉਣ ਲਈ 2 ਜੁਲਾਈ ਤੋਂ ਸਾਰੇ ਸਕੂਲ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਅਰੰਭੀ ਜਾਵੇਗੀ। ਉਨ੍ਹਾਂ ਕਿਹਾ ਕਿ ਕਿਸੇ ਵੀ ਵਾਹਨ ਨੂੰ ਸੜਕ ਸੁਰੱਖਿਆ ਨੇਮਾਂ ਤੇ ਸਕੂਲ ਸੇਫ਼ ਵਾਹਨ ਨੀਤੀ ਦੀ ਉਲੰਘਣਾ ਨਹੀਂ ਕਰਨ ਦਿੱਤੀ ਜਾਵੇਗੀ ਅਤੇ ਉਲੰਘਣਾ ਸਾਹਮਣੇ ਆਉਣ 'ਤੇ ਸਕੂਲ ਮੁਖੀਆਂ ਵਿਰੁੱਧ ਵੀ ਕਾਰਵਾਈ ਅਰੰਭੀ ਜਾਵੇਗੀ। ਆਰ.ਟੀ.ਓ. ਨੇ ਕਿਹਾ ਕਿ ਸੜਕ ਸੁਰੱਖਿਆ ਨੇਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਅਜਿਹੀ ਚੈਕਿੰਗ ਲਗਾਤਾਰ ਜਾਰੀ ਰਹੇਗੀ ਅਤੇ ਉਲੰਘਣਾ ਕਰਨ ਵਾਲਿਆਂ ਨਾਲ ਕੋਈ ਢਿੱਲ ਨਹੀਂ ਵਰਤੀ ਜਾਵੇਗੀ। ਇਸ ਦੇ ਨਾਲ ਹੀ ਸੜਕ ਸੁਰੱਖਿਆ ਵੀ ਯਕੀਨੀ ਬਣਾਉਣ ਲਈ ਆਵਾਜਾਈ ਨੇਮਾਂ ਦੀ ਪਾਲਣਾ ਕਰਵਾਉਣ ਬਾਬਤ ਚੈਕਿੰਗ ਜ਼ੋਰਾਂ 'ਤੇ ਕੀਤੀ ਜਾ ਰਹੀ ਹੈ।

# ਮੁਲਾਜ਼ਮ ਵਿਰੋਧੀ ਨੀਤੀਆਂ ਖ਼ਿਲਾਫ਼ ਸੰਘਰਸ਼ ਜਾਰੀ ਰਹੇਗਾ : ਡੈਮੋਕ੍ਰੇਟਿਕ ਟੀਚਰਜ਼ ਫਰੰਟ

**ਮਾਨਸਾ (ਆਤਮਾ ਸਿੰਘ ਪਮਾਰ)**- ਮੁਲਾਜ਼ਮ ਅਤੇ ਲੋਕ ਵਿਰੋਧੀ ਫੈਸਲਿਆਂ ਕਾਰਨ ਲਗਾਤਾਰ ਵਿਰੋਧ ਦਾ ਸਾਹਮਣਾ ਕਰ ਰਹੀ ਪੰਜਾਬ ਸਰਕਾਰ ਆਪਣੇ ਚੋਣ ਮਨੋਰਥ ਪੱਤਰ ਦੇ ਖਿਲਾਫ ਹੀ ਇੱਕ ਵਾਰ ਫਿਰ ਸਿੱਖਿਆ ਸੇਵਾ ਨਿਯਮਾਂ 'ਚ ਸੋਧ ਕਰਕੇ ਜੁਲਾਈ 2020 ਤੋਂ ਬਾਅਦ ਭਰਤੀ ਹੋਣ ਵਾਲੇ ਮੁਲਾਜ਼ਮਾਂ ਉੱਪਰ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਨ ਲਈ ਸੇਵਾ ਸ਼ਰਤਾਂ ਵਿੱਚ ਸੋਧ ਕਰ ਰਹੀ ਹੈ। ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਅਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਅਤੇ ਹਰਜਿੰਦਰ ਅਨੂਪਗੜ੍ਹ ਨੇ ਸਰਕਾਰ ਦੇ ਮੁਲਾਜ਼ਮ ਵਿਰੋਧੀ ਫ਼ੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਸੂਬਾ ਸਰਕਾਰ ਵੱਲੋਂ ਪਹਿਲਾਂ ਵੀ ਜੁਲਾਈ 2020 ਤੋਂ ਬਾਅਦ ਭਰਤੀ ਹੋਣ ਵਾਲੇ ਮੁਲਾਜ਼ਮਾਂ ਨੂੰ ਕੇਂਦਰੀ ਤਨਖਾਹ ਕਮਿਸ਼ਨ ਦੀ ਆੜ੍ਹ ਹੇਠ ਘੱਟ ਤਨਖਾਹ ਦਿੱਤੀ ਜਾ ਰਹੀ ਹੈ। ਜਿਸ ਕਾਰਨ ਵੱਡੀ ਗਿਣਤੀ ਅਧਿਆਪਕ ਅਤੇ ਮੁਲਾਜ਼ਮ ਲੱਗਭਗ ਦਸ ਤੋਂ ਬਾਰਾਂ ਹਜ਼ਾਰ ਰੁਪਏ ਘੱਟ ਤਨਖਾਹ ਲੈਣ ਲਈ ਮਜਬੂਰ ਹਨ। ਨਵੇਂ ਤਨਖਾਹ ਕਮਿਸ਼ਨ ਅਨੁਸਾਰ ਮਾਸਟਰ ਕਾਡਰ, ਹੈੱਡ ਮਾਸਟਰ ਅਤੇ ਬਲਾਕ ਪ੍ਰਾਇਮਰੀ ਸਿੱਖਿਆ ਅਫ਼ਸਰ ਸਾਰੇ ਕਾਡਰਾਂ ਦੇ ਤਨਖਾਹ ਸਕੇਲ ਇੱਕ ਹੋਣ ਕਾਰਨ ਤਰੱਕੀ ਬੇਅਰਥ ਹੋ ਕੇ ਰਹਿ ਜਾਵੇਗੀ। ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲੀ ਦੇ ਅਹਿਮ ਮਸਲੇ ਨੂੰ ਹੱਲ ਨਾ ਕਰਨ, ਅਧਿਆਪਕਾਂ ਦੇ 37 ਤਰ੍ਹਾਂ ਦੇ ਕੱਟੇ ਹੋਏ ਭੱਤਿਆਂ ਨੂੰ ਮੁੜ ਬਹਾਲ ਕਰਨ ਦੀ ਬਜਾਏ, ਆਊਟ ਸੋਰਸਿੰਗ ਅਤੇ ਠੇਕਾ ਸਿਸਟਮ ਬੰਦ ਕਰਕੇ ਪੱਕੀ ਭਰਤੀ ਕਰਨ ਦੀ ਥਾਂ ਸਰਕਾਰ ਸੇਵਾ ਸ਼ਰਤਾਂ ਵਿੱਚ ਸੋਧ ਕਰਕੇ ਕੇਂਦਰੀ ਤਨਖਾਹ ਕਮਿਸ਼ਨ ਲਾਗੂ ਕਰਨ ਲਈ ਬਕਾਇਦਾ ਤੌਰ 'ਤੇ ਗਜ਼ਟ ਜਾਰੀ ਕੀਤਾ ਗਿਆ ਹੈ। ਅਧਿਆਪਕ ਆਗੂਆਂ ਨੇ ਸਪੱਸ਼ਟ ਕੀਤਾ ਕਿ ਆਪ ਸਰਕਾਰ ਕੇਂਦਰ ਸਰਕਾਰ ਦੇ ਨਕਸ਼ੇ ਕਦਮਾਂ 'ਤੇ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਪ੍ਰਤੀ ਵਿਅਕਤੀ ਆਮਦਨ ਦੂਜੇ ਸੂਬਿਆਂ ਦੇ ਵੱਧ ਹੋਣ ਕਾਰਨ ਪਿਛਲੇ ਸਮੇਂ ਤੋਂ ਇੱਥੋਂ ਦੇ ਮੁਲਾਜ਼ਮ ਮੁਕਾਬਲਤਨ ਵੱਧ ਤਨਖਾਹਾਂ ਲੈਂਦੇ ਰਹੇ ਹਨ। ਪ੍ਰੰਤੂ ਆਪ ਸਰਕਾਰ ਵੱਲੋਂ ਤਨਖਾਹ ਕਟੌਤੀ ਕਰਨ ਹਿੱਤ ਸੇਵਾ ਸ਼ਰਤਾਂ ਬਦਲੀਆਂ ਜਾ ਰਹੀਆਂ ਹਨ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਸਲ ਵਿਚ ਸਰਕਾਰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਸਿੰਗਲ ਬੈਂਚ ਅਤੇ ਫਿਰ ਡਬਲ ਬੈਂਚ ਵਿਚ ਕੇਸ ਹਾਰ ਚੁੱਕੀ ਹੈ। ਅਧਿਆਪਕ ਆਗੂਆਂ ਨੇ ਮੰਗ ਕੀਤੀ ਕਿ ਸੂਬਾ ਸਰਕਾਰ ਮੁਲਾਜ਼ਮ ਵਿਰੋਧੀ ਫ਼ੈਸਲੇ ਤੁਰੰਤ ਵਾਪਸ ਲਵੇ ਅਜਿਹਾ ਨਾ ਹੋਣ ਦੀ ਸੂਰਤ ਚ ਸਰਕਾਰ ਖ਼ਿਲਾਫ਼ ਤਿੱਖਾ ਸੰਘਰਸ਼ ਜਾਰੀ ਰਹੇਗਾ। ਇਸ ਮੌਕੇ ਦਮਨਜੀਤ ਸਿੰਘ, ਮਨਦੀਪ ਕੋਟਲੀ, ਸਿਕੰਦਰ ਕੋਟਲੀ, ਨਵੀਨ ਬੋਹਾ, ਕੁਲਦੀਪ ਅੱਕਾਂਵਾਲੀ, ਅਮਰੀਕ ਬੋਹਾ, ਰਾਜ ਸਿੰਘ, ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਰਾਜਿੰਦਰ ਸਿੰਘ ਐਚ ਟੀ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਮੱਘਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓ, ਮਨਦੀਪ ਕੁਮਾਰ, ਕੁਲਵਿੰਦਰ ਦਲੇਲਵਾਲਾ, ਬਲਜਿੰਦਰ ਦਲੇਲਵਾਲਾ, ਧਰਮ ਸਿੰਘ ਆਦਿ ਅਧਿਆਪਕ ਆਗੂ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਗੁਰਦਾਸਪੁਰ ਦੇ ਪ੍ਰਬੰਧਕੀ ਕੰਪਲੈਕਸ ਦੇ ਪਖਾਨਿਆਂ ਦਾ ਰੱਬ ਹੀ ਰਾਖਾ, ਚੋਰ ਟੂਟੀਆਂ ਤਕ ਲੈ ਗਏ

**ਗੁਰਦਾਸਪੁਰ, (ਜਨਕ ਮਹਾਜਨ)** ਗੁਰਦਾਸਪੁਰ ਦੇ ਪ੍ਰਬੰਧਕੀ ਕੰਪਲੈਕਸ ਦੇ ਪਖਾਨਿਆਂ ਦੀ ਹਾਲਤ ਬੇਹੱਦ ਖਸਤਾ ਹੋਈ ਪਈ ਹੈ। ਪਾਣੀ ਵਾਲੀਆਂ ਟੂਟੀਆਂ ਵੀ ਨਸ਼ੇੜੀਆਂ ਵਲੋਂ ਚੋਰੀ ਕਰਨ ਦੇ ਨਾਲ ਨਾਲ ਟੀਕੇ ਲਗਾਉਣ ਵਾਲਿਆਂ ਸਰਿੰਜਾਂ ਤੇ ਫੁਲਿੰਗ ਦੀਆਂ ਟਿੱਕੀਆਂ ਆਮ ਦੇਖਣ ਨੂੰ ਮਿਲ ਰਹੀਆਂ ਹਨ। ਜ਼ਿਲ੍ਹਾ ਪ੍ਰਸ਼ਾਸਨ ਇਸ ਪਾਸੇ ਬਿਲਕੁਲ ਵੀ ਧਿਆਨ ਨਹੀਂ ਦੇ ਰਿਹਾ ਜਿਸ ਕਰਕੇ ਲੋਕ ਚਿੰਤਤ ਨਜ਼ਰ ਆ ਰਹੇ ਹਨ। ਇਸ ਸਬੰਧੀ ਕੰਪਲੈਕਸ ਵਿਖੇ ਵੱਖ-ਵੱਖ ਦਫ਼ਤਰਾਂ 'ਚ ਕੰਮ ਕਰਵਾਉਣ ਆਏ ਲੋਕਾਂ ਨੇ ਦੱਸਿਆ ਕਿ ਡੀ. ਸੀ. ਦਫਤਰ ਦੇ ਨਾਲ ਲੱਗਦੇ ਆਮ ਜਨਤਾ ਵਾਲੇ ਪਖਾਨੇ ਗੰਦਗੀ ਨਾਲ ਭਰੇ ਹਨ ਅਤੇ ਕਈ ਪਖਾਨਿਆਂ ਨੂੰ ਤਾਲਾ ਲੱਗਿਆ ਹੋਇਆ ਹੈ। ਇਨ੍ਹਾਂ ਖਸਤਾ ਹਾਲਤ ਪਖ਼ਾਨਿਆਂ ਤੋਂ ਆਉਂਦੀ ਬਦਬੂ ਨਾਲ ਕਈ ਬਿਮਾਰੀਆਂ ਫੈਲਣ ਦਾ ਖਦਸ਼ਾ ਪਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਮਾਮਲਾ ਸੀਨੀਅਰ ਅਧਿਕਾਰੀਆਂ ਦੇ ਧਿਆਨ ਹਿੱਤ ਲਿਆਉਣ ਦੇ ਬਾਵਜੂਦ ਵੀ ਕੋਈ ਵੀ ਸੀਨੀਅਰ ਅਧਿਕਾਰੀ ਗੌਰ ਨਹੀਂ ਕਰ ਰਿਹਾ। ਇਸ ਕਰਕੇ ਲੋਕਾਂ ਦਾ ਜ਼ਿਲ੍ਹਾ ਪ੍ਰਸ਼ਾਸਨ ਤੋਂ ਕਾਫੀ ਖਫਾ ਹੋਏ ਪਏ ਹਨ। ਉਨ੍ਹਾਂ ਨੇ ਦੱਸਿਆ ਕਿ ਸਾਫ ਸਫਾਈ ਦੀ ਮਾੜੀ ਹਾਲਤ ਬਾਰੇ ਕਈ ਵਾਰ ਖ਼ਬਰਾਂ ਵੀ ਪ੍ਰਕਾਸ਼ਿਤ ਹੋਈਆਂ ਹਨ ਪਰ ਫਿਰ ਵੀ ਪ੍ਰਸ਼ਾਸਨ ਪਖਾਨਿਆਂ ਦੀ ਸਫ਼ਾਈ ਨੂੰ ਲੈ ਕੇ ਕੋਈ ਗੰਭੀਰਤਾ ਨਹੀਂ ਦਿਖਾ ਰਿਹਾ। ਲੋਕਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਤੋਂ ਮੰਗ ਕੀਤੀ ਗਈ ਕੰਪਲੈਕਸ ਵਿੱਚ ਪਾਣੀ ਵਾਲੀਆਂ ਟੈਂਕੀਆਂ, ਟੂਟੀਆਂ, ਪਖਾਨਿਆਂ ਦੀ ਹਾਲਤ ਸੁਧਾਰਨ ਵਾਸਤੇ ਸੰਬੰਧਿਤ ਵਿਭਾਗ ਨੂੰ ਨਿਰਦੇਸ਼ ਜਾਰੀ ਕੀਤੇ ਜਾਣ ਜਿਸ ਨਾਲ ਲੋਕਾਂ ਦੇ ਮੁਲਾਜ਼ਮਾਂ ਨੂੰ ਭੈੜੀ ਬਦਬੂ ਅਤੇ ਬਿਮਾਰੀਆਂ ਲੱਗਣ ਤੋਂ ਬਚਾਅ ਹੋ ਸਕੇ।



# ਲੁਧਿਆਣਾ ਜ਼ਿਮਨੀ ਚੋਣ 'ਚ 'ਆਪ' ਦਾ ਉਮੀਦਵਾਰ ਇਤਿਹਾਸਕ ਜਿੱਤ ਦਰਜ ਕਰੇਗਾ : ਲੁੱਧੜ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-** ਵਿਧਾਨ ਸਭਾ ਹਲਕਾ ਲੁਧਿਆਣਾ ਵੈਸਟ ਦੀ ਹੋ ਰਹੀ ਜ਼ਿਮਨੀ ਚੋਣ ਵਿਚ ਆਮ ਆਦਮੀ ਪਾਰਟੀ ਦੇ ਹੱਕ 'ਚ ਇਕਪਾਸੜ ਹਵਾ ਚੱਲ ਰਹੀ ਹੈ।ਲੁਧਿਆਣਾ ਵੈਸਟ ਦੇ ਸੂਝਵਾਨ ਵੋਟਰ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਭਾਰੀ ਬਹੁਮਤ ਨਾਲ ਜਿਤਾਉਣਗੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਤੇ ਸਰਪੰਚ ਰਾਜ ਕੁਮਾਰ ਲੁੱਧੜ ਨੇ ਲੁਧਿਆਣਾ ਵੈਸਟ ਜ਼ਿਮਨੀ ਚੋਣ 'ਚ ਪ੍ਰਚਾਰ ਕਰਨ ਉਪਰੰਤ ਅੱਜ ਇਥੇ ਪੁੱਜਣ ਤੇ ਵਿਸ਼ੇਸ਼ ਤੌਰ ਤੇ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸੂਬੇ 'ਚ ਕੀਤੇ ਗਏ ਵਿਕਾਸ ਅਤੇ ਲੋਕਾਂ ਦੇ ਹਿੱਤ ਲਏ ਗਏ ਫੈਸਲਿਆਂ ਤੋਂ ਲੋਕ ਪੂਰੀ ਤਰ੍ਹਾਂ ਸੰਤੁਸ਼ਟ ਹਨ।ਹਲਕਾ ਲੁਧਿਆਣਾ ਵੈਸਟ ਦੇ ਲੋਕ ਹਲਕੇ ਦਾ ਵਿਕਾਸ ਚਾਹੁੰਦੇ ਹਨ ਇਸ ਲਈ ਉਹ ਸੰਜੀਵ ਅਰੋੜਾ ਨੂੰ ਚੁਣਨ ਦਾ ਮਨ ਬਣਾ ਚੁੱਕੇ ਹਨ।ਆਪ ਦੇ ਉਮੀਦਵਾਰ ਸੰਜੀਵ ਅਰੋੜਾ ਇਸ ਜ਼ਿਮਨੀ ਚੋਣ ਵਿਚ ਇਤਿਹਾਸਿਕ ਜਿੱਤ ਦਰਜ ਕਰਨਗੇ।ਲੁਧਿਆਣਾ ਵੈਸਟ ਦੇ ਵਾਸੀ ਰਵਾਇਤੀ ਪਾਰਟੀਆਂ ਦੇ ਝੂਠ ਨੂੰ ਨਕਾਰ ਚੁੱਕੇ ਹਨ ਤੇ ਸੰਜੀਵ ਅਰੋੜਾ ਦੇ ਉਮੀਦਵਾਰ ਆਗੂ ਦਾ ਹੰਕਾਰ ਤੋੜ ਕੇ ਉਸਨੂੰ ਸਬਕ ਸਿਖਾਉਣ ਲਈ ਤਿਆਰ ਬਰ ਤਿਆਰ ਬੈਠੇ ਹਨ।ਇਸ ਮੌਕੇ ਉਨ੍ਹਾਂ ਦੇ ਨਾਲ ਅਰਸ਼ਦੀਪ ਸਿੰਘ ਭੱਟੀ ਸਰਕਲ ਪ੍ਰਧਾਨ ਯੂਥ ਵਿੰਗ, ਸੌਰਵ ਕਲੋਨੀਆ, ਵਿਜੇ ਕੁਮਾਰ ਤੇ ਗੋਲੂ ਭਗਤ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



# ਯੂ-ਟਿਊਬਰ ਰਮੇਸ਼ ਬਹਿਲ 'ਤੇ ਬੇਬੁਨਿਆਦ ਵੀਡੀਓ ਵਾਇਰਲ ਕਰਨ 'ਤੇ ਆਈ ਟੀ ਐਕਟ ਤਹਿਤ ਪਰਚਾ ਦਰਜ

**ਧਾਰੀਵਾਲ,(ਮਨਦੀਪ ਸਿੰਘ ਵਿੱਕੀ)** ਪਰਮਵੀਰ ਸਿੰਘ ਡੀਐਸਪੀ ਸਿਟੀ ਬਟਾਲਾ ਨੇ ਪੱਤਰਕਾਰਾਂ ਨਾਲ ਕੀਤੀ ਗੱਲਬਾਤ ਦੌਰਾਨ ਦੱਸਿਆ ਕਿ 13 ਜੂਨ ਨੂੰ ਇੱਕ ਵੀਡੀਓ ਵਾਇਰਲ ਹੋਈ ਸੀ, ਜਿਸ ਵਿੱਚ ਇਲਾਕੇ ਵਿੱਚ ਸ਼ਰੇਆਮ ਨਸ਼ਾ ਵਿਕਣ ਦੇ ਦੋਸ਼ ਲਗਾਏ ਗਏ ਸਨ।ਉਨ੍ਹਾਂ ਦੱਸਿਆ ਕਿ ਇਕ ਪੱਤਰਕਾਰ ਰਮੇਸ਼ ਬਹਿਲ, ਜੋ ਇੱਕ ਯੂ ਟਿਊਬ ਚੈਨਲ ਹੈ ਜਿਸ ਨੇ ਆਪਣੀ ਫੇਸਬੁੱਕ 'ਤੇ ਇੱਕ ਵੀਡੀਓ ਵਾਇਰਲ ਕੀਤੀ ਸੀ ਜੋ ਵੀਡੀਓ ਕਰੀਬ ਸ਼ਾਮ 4-4.30 ਵਜੇ ਵਾਇਰਲ ਕੀਤੀ ਸੀ ਡੀਐਸਪੀ ਨੇ ਅੱਗੇ ਦੱਸਿਆ ਕਿ ਵੀਡੀਓ ਵੇਖਣ ਉਪਰੰਤ ਉਹ ਆਪਣੀ ਟੀਮ ਐੱਸਐੱਚਓ ਸਿਵਲ ਲਾਈਨ ਬਟਾਲਾ ਨਿਰਮਲ ਸਿੰਘ ਨਾਲ ਸ਼ੁਕਰਪੁਰਾ ਮੁਹੱਲਾ ਵਿਖੇ ਗਏ ਜਿਥੇ ਸਾਗਰ ਨਾਮ ਦੇ ਵਿਅਕਤੀ ਜਿਸ ਦੀ ਉਮਰ 25-26 ਸਾਲ ਸੀ ਅਤੇ ਵਾਇਰਲ ਵੀਡੀਓ ਵਿੱਚ ਕਿਹਾ ਗਿਆ ਸੀ ਕਿ ਨਸ਼ੇ ਦੇ ਨਾਲ ਇਸਦੀ ਮੌਤ ਹੋਈ ਹੈ, ਬਾਰੇ ਮੌਕੇ 'ਤੇ ਜਾ ਕੇ ਜਾਂਚ ਕੀਤੀ ਗਈ।ਮ੍ਰਿਤਕ ਦੀ ਮਾਤਾ ਮੀਨਾ ਕੁਮਾਰੀ ਨੇ ਦੱਸਿਆ ਕਿ ਮੇਰਾ ਬੇਟਾ ਕੋਈ ਨਸ਼ਾ ਨਹੀਂ ਕਰਦਾ ਹੈ।ਮਾਤਾ ਨੇ ਦੱਸਿਆ ਕਿ ਇੱਕ ਪ੍ਰੈਸ ਰਿਪੋਰਟਰ ਆਉਂਦਾ, ਜਿਸ ਦਾ ਬਾਅਦ ਵਿੱਚ ਨਾਮ ਪਤਾ ਲੱਗਾ ਕਿ ਉਸਦਾ ਨਾਮ ਰਮੇਸ਼ ਬਹਿਲ ਸੀ।ਇਸਨੇ ਆਪਣੇ ਯੂ ਟਿਊਬ ਚੈਨਲ 'ਤੇ ਧੱਕੇ ਨਾਲ ਸਾਨੂੰ ਬਦਨਾਮ ਕਰਨ ਦੀ ਖਾਤਰ ਵੀਡੀਓ ਪਾ ਦਿੱਤੀ।ਡੀਐਸਪੀ ਨੇ ਅੱਗੇ ਦੱਸਿਆ ਕਿ ਉਸ ਤੋਂ ਬਾਅਦ ਹੋਰ ਵੀ ਦੋ ਜਣੇ ਮੁਹੱਲੇ ਦੇ ਮੀਨਾ ਕੁਮਾਰੀ ਨਾਲ ਸਵਰਨ ਸਿੰਘ, ਸੁਖਵਿੰਦਰ ਸਿੰਘ ਨਾਮ ਦੇ ਵਿਅਕਤੀ ਮਿਲੇ ਹਨ, ਉਨ੍ਹਾਂ ਦਾ ਇੰਟਰਵਿਊ ਵੀ ਲਿਆ ਸੀ ਜਿਸ ਵਿੱਚ ਉਨ੍ਹਾਂ ਵੀ ਕਿਹਾ ਕਿ ਵੀਡੀਓ ਵਿਚ ਵਾਇਰਲ ਕੀਤਾ ਗਿਆ ਕਿ ਵਾਰਡ ਨੰਬਰ 13 ਵਿਚ ਇਸ ਰਿਪੋਰਟਰ ਨੇ ਖਬਰ ਲਗਾਈ ਹੈ ਕਿ ਮੁਹੱਲੇ ਵਿੱਚ ਬਹੁਤ ਨਸ਼ਾ ਤੇ ਚਿੱਟਾ ਜਾਂ ਸਮੈਕ ਵਗੈਰਾ ਵਿਕਦਾ ਹੈ ਪਰ ਉਨ੍ਹਾਂ ਵਿਅਕਤੀਆਂ ਨੇ ਇਸ ਪੱਤਰਕਾਰ ਨੂੰ ਕੋਈ ਲਿਖਤੀ ਜਾਂ ਚਿੱਟੇ ਬਾਰੇ ਕੁਝ ਨਹੀਂ ਦੱਸਿਆ।ਉਨ੍ਹਾਂ ਕਿਹਾ ਕਿ ਰਮੇਸ਼ ਬਹਲਿ ਨੇ ਜਾਣਬੁੱਝ ਕੇ ਬਦਨਾਮ ਕਰਨ ਦੀ ਖਾਤਰ ਇਹ ਕੰਮ ਕੀਤਾ ਹੈ।ਮੀਨਾ ਕੁਮਾਰੀ ਨੇ ਕਿਹਾ ਕਿ ਉਸਦਾ ਪੁੱਤਰ 13 ਜੂਨ ਨੂੰ ਸਵੇਰੇ 4-5 ਵਜੇ ਬੀਮਾਰ ਹੋਇਆ ਤੇ ਉਸਨੂੰ ਅਸੀਂ ਹਸਪਤਾਲ ਲੈ ਕੇ ਗਏ ਸੀ। ਹਸਪਤਾਲ ਗਏ ਤਾਂ ਡਾਕਟਰਾਂ ਨੇ ਕਿਹਾ ਕਿ ਉਸਦੀ ਮੌਤ ਹੋ ਚੁੱਕੀ ਹੈ।ਡੀਐਸਪੀ ਨੇ ਦੱਸਿਆ ਕਿ ਮ੍ਰਿਤਕ ਦੀ ਮਾਤਾ ਨੇ ਕਿਹਾ ਕਿ ਅਸੀਂ ਸਾਰੇ ਰਿਸ਼ਤੇਦਾਰ ਬੁਲਾਏ ਸਨ। ਰਿਸ਼ਤੇਦਾਰਾਂ ਨੇ ਆਪਣੇ ਧਰਮ ਦੇ ਜੋ ਰੀਤੀ ਰਿਵਾਜਾਂ ਤਹਿਤ ਮ੍ਰਿਤਕ ਸਾਗਰ ਦਾ ਸਸਕਾਰ ਕਰ ਦਿੱਤਾ ਸੀ।ਮੇਰਾ ਬੇਟਾ ਕੋਈ ਨਸ਼ਾ ਨਹੀਂ ਕਰਦਾ ਸੀ।ਡੀਐਸਪੀ ਨੇ ਦੱਸਿਆ ਕਿ ਮ੍ਰਿਤਕ ਦੀ ਮਾਂ ਮੀਨਾ ਕੁਮਾਰੀ ਨੇ ਲਿਖਤੀ ਰੂਪ ਵਿੱਚ ਬਿਆਨ ਦਿੱਤਾ ਹੈ ਜਿਸ ਦੇ ਆਧਾਰ 'ਤੇ ਪੁਲਸ ਸਟੇਸ਼ਨ ਸਿਵਲ ਲਾਈਨ ਬਟਾਲਾ ਵਿਖੇ 67 ਆਈਟੀ ਐਕਟ ਤਹਿਤ ਐਫਆਈਆਰ ਨੰਬਰ 176 ਤਹਿਤ ਬੀਐਨਐਸ ਦੀ ਧਾਰਾ 352 (1), 356 (2) ਅਤੇ 61 (2) ਤਹਿਤ ਪਰਚਾ ਦਰਜ ਕਰਕੇ ਰਮੇਸ਼ ਬਹਿਲ ਨੂੰ ਗ੍ਰਿਫਤਾਰ ਕਰ ਲਿਆ ਸੀ ਤੇ ਅਦਾਲਤ ਵੱਲੋਂ ਤਿੰਨ ਦਿਨ ਦਾ ਪੁਲਸ ਰਿਮਾਂਡ ਦਿੱਤਾ ਗਿਆ ਹੈ। ਡੀ.ਐਸ.ਪੀ ਨੇ ਦੱਸਿਆ ਕਿ ਇਸ ਪੱਤਰਕਾਰ ਰਮੇਸ਼ ਬਹਿਲ 'ਤੇ ਪਹਿਲਾਂ ਵੀ ਤਿੰਨ ਮੁਕੱਦਮੇ ਦਰਜ ਹਨ।ਉਨ੍ਹਾਂ ਅੱਗੇ ਦੱਸਿਆ ਕਿ ਬਹਿਲ ਨਾਲ ਇੱਕ ਹੋਰ ਸਾਥੀ ਵੀ ਹੈ, ਜਿਸ ਦੀ ਅਜੇ ਅਰੈਸਟ ਨਹੀਂ ਹੋਈ ਹੈ।



# ਖਾਲਸਾ ਕਾਲਜ ਆਫ ਲਾਅ ਦੇ ਵਿਦਿਆਰਥੀਆਂ ਨੇ 'ਵਰਸਿਟੀ ਦੇ ਵੱਖ-ਵੱਖ ਇਮਤਿਹਾਨਾਂ 'ਚ ਮਾਰੀਆਂ ਮੱਲਾਂ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਖ਼ਾਲਸਾ ਕਾਲਜ ਆਫ਼ ਲਾਅ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਲਏ ਗਏ ਵੱਖ-ਵੱਖ ਇਮਤਿਹਾਨਾਂ 'ਚ ਸ਼ਾਨਦਾਰ ਨਤੀਜੇ ਪ੍ਰਾਪਤ ਕਰਕੇ ਕਾਲਜ ਅਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਕਾਲਜ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ 'ਤੇ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਵਧੀਆ ਨਤੀਜੇ ਹਾਸਲ ਕਰਨ 'ਤੇ ਵਧਾਈ ਦਿੰਦਿਆਂ ਆਪਣੇ ਦਫ਼ਤਰ ਵਿਖੇ ਸਟਾਫ਼ ਦੀ ਹਾਜ਼ਰੀ 'ਚ ਮੂੰਹ ਮਿੱਠਾ ਕਰਵਾਇਆ। ਇਸ ਸਬੰਧੀ ਡਾ. ਜਸਪਾਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 'ਵਰਸਿਟੀ ਵੱਲੋਂ ਲਈ ਗਈ ਬੀ. ਏ. ਐੱਲ. ਐੱਲ. ਬੀ. (ਪੰਜ ਸਾਲਾ ਕੋਰਸ) ਸਮੈਸਟਰ ਪਹਿਲਾ ਦੇ ਹੋਏ ਇਮਤਿਹਾਨਾਂ 'ਚੋਂ ਵਿਦਿਆਰਥਣ ਸੁਖਬੀਰ ਕੌਰ ਨੇ ਕੁਲ 600 'ਚੋ 443 ਅੰਕਾਂ ਨਾਲ ਯੂਨੀਵਰਸਿਟੀ 'ਚੋਂ ਦੂਜਾ ਅਤੇ ਬੀ. ਏ. ਐੱਲ. ਐੱਲ. ਬੀ. (ਪੰਜ ਸਾਲਾ ਕੋਰਸ) ਸਮੈਸਟਰ 9ਵਾਂ ਦੀਆਂ ਵਿਦਿਆਰਥਣਾਂ ਚਾਹਤ ਲਾਂਬਾ ਨੇ 375 ਅੰਕਾਂ ਨਾਲ 'ਵਰਸਿਟੀ 'ਚੋਂ ਦੂਜਾ, ਤਾਨੀਆ ਭੱਲਾ ਨੇ 372 ਨਾਲ ਤੀਜਾ ਅਤੇ ਮਨਪ੍ਰੀਤ ਕੌਰ ਨੇ 370 ਅੰਕਾਂ ਨਾਲ ਚੌਥਾ ਸਥਾਨ ਪ੍ਰਾਪਤ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਕਾਲਜ ਦਾ ਵਧੀਆ ਨਤੀਜਾ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ, ਲਗਨ ਅਤੇ ਮੈਨੇਜਮੈਂਟ ਵੱਲੋਂ ਸਿੱਖਿਆ ਦਾ ਵਧੀਆ ਵਾਤਾਵਰਣ ਪ੍ਰਦਾਨ ਕਰਨ ਕਰਕੇ ਹੀ ਸੰਭਵ ਹੋ ਸਕਿਆ ਹੈ।ਇਸ ਮੌਕੇ ਡਾ. ਗੁਨੀਸ਼ਾ ਸਲੂਜਾ, ਡਾ. ਸੀਮਾ ਰਾਣੀ, ਡਾ. ਰਾਸ਼ੀਮਾ ਪ੍ਰਭਾਕਰ, ਡਾ. ਪਵਨਦੀਪ ਕੌਰ, ਡਾ. ਅਨੀਤਾ, ਪ੍ਰੋ. ਹੇਮਾ, ਡਾ. ਸੁਖਮਨਪ੍ਰੀਤ ਕੌਰ, ਪ੍ਰੋ. ਉਤਕਰਸ਼ ਸੇਠ, ਪ੍ਰੋ. ਸੁਗਮ ਆਦਿ ਹਾਜ਼ਰ ਸਨ।

# ਅਮਰੀਕੀ ਰਾਸ਼ਟਰਪਤੀ ਤੇ ਇਜ਼ਰਾਈਲੀ ਪ੍ਰਧਾਨ ਦੇ ਪੁਤਲੇ ਫੂਕੇ

**ਮਜੀਠਾ (ਸੋਇਮ ਆਨੰਦ)**—ਵੱਖ-ਵੱਖ ਖੱਬੇ ਪੱਖੀ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਦੇ ਸੱਦੇ 'ਤੇ ਸੁੱਚਾ ਸਿੰਘ ਅਤੇ ਮੇਜਰ ਸਿੰਘ ਅਬਦਾਲ ਦੀ ਪ੍ਰਧਾਨਗੀ ਹੇਠ ਮਜੀਠਾ ਵਿਖੇ ਅਮਰੀਕੀ ਰਾਸ਼ਟਰਪਤੀ ਅਤੇ ਇਜ਼ਰਾਈਲੀ ਪ੍ਰਧਾਨ ਦੇ ਪੁਤਲੇ ਫੂਕੇ ਗਏ।



ਇਸ ਪ੍ਰਦਰਸ਼ਨ ਦੌਰਾਨ ਭਾਰੀ ਗਿਣਤੀ 'ਚ ਕਿਸਾਨ, ਮਜ਼ਦੂਰ ਅਤੇ ਨੌਜਵਾਨ ਸ਼ਾਮਲ ਹੋਏ।ਪੁਤਲੇ ਫੂਕਣ ਤੋਂ ਪਹਿਲਾਂ ਕਾਮਰੇਡ ਹਰਭਜਨ ਸਿੰਘ ਟਰਪਈ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਰਮਾਏਦਾਰੀ ਸ਼ਕਤੀਆਂ ਆਪਣੀਆਂ ਅੰਦਰੂਨੀ ਮੁਸ਼ਕਲਾਂ ਤੋਂ ਧਿਆਨ ਹਟਾਉਣ ਲਈ ਦੁਨੀਆ ਨੂੰ ਜੰਗ ਦੀ ਭੱਠੀ 'ਚ ਝੋਕ ਰਹੀਆਂ ਹਨ।ਉਨ੍ਹਾਂ ਕਿਹਾ ਕਿ ਭਾਰਤ ਦੀਆਂ ਖੱਬੀਆਂ ਪਾਰਟੀਆਂ ਇਸ ਦਾ ਸਖ਼ਤ ਵਿਰੋਧ ਕਰਦੀਆਂ ਹਨ।ਉਨ੍ਹਾਂ ਨੇ ਚਿੰਤਾ ਜ਼ਾਹਰ ਕੀਤੀ ਕਿ ਭਾਰਤ ਦੀ ਵਿਦੇਸ਼ ਨੀਤੀ ਦੀ ਅਣਹੋਂਦ ਕਾਰਨ ਦੇਸ਼ ਬ੍ਰਿਕਸ ਸੰਘ 'ਚ ਵੀ ਅਲੱਗ-ਥਲੱਗ ਹੁੰਦਾ ਜਾ ਰਿਹਾ ਹੈ।ਬਲਕਾਰ ਸਿੰਘ ਦੁਧਾਲਾ ਨੇ ਸੰਬੋਧਨ 'ਚ ਕਿਹਾ ਕਿ ਅੱਜ ਦੇਸ਼ ਅਤੇ ਦੁਨੀਆ 'ਚ ਬੇਰੁਜ਼ਗਾਰੀ ਨੇ ਵਿਕਰਾਲ ਰੂਪ ਧਾਰਨ ਕਰ ਲਿਆ ਹੈ।ਇਸ ਮੁੱਦੇ ਦਾ ਸਮੇਂ ਸਿਰ ਹੱਲ ਨਾ ਕੀਤਾ ਗਿਆ ਤਾਂ ਨੌਜਵਾਨਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਮੁਸ਼ਕਿਲ ਹੋ ਜਾਵੇਗਾ।ਉਨ੍ਹਾਂ ਨੇ ਖੱਬੀਆਂ ਧਿਰਾਂ ਨੂੰ ਇਕਜੁੱਟ ਹੋ ਕੇ ਸੰਘਰਸ਼ ਨੂੰ ਤੇਜ਼ ਕਰਨ ਦੀ ਅਪੀਲ ਕੀਤੀ।ਇਸ ਮੌਕੇ ਰਾਜਵਿੰਦਰ ਸਿੰਘ ਗੋਪਾਲਪੁਰ, ਨਵਤੇਜ ਸਿੰਘ, ਸੁਖਰਾਜ ਸਿੰਘ, ਗੁਰਜੀਤ ਸਿੰਘ ਸਹਿਜ਼ਾਦੀ ਅਤੇ ਅਵਤਾਰ ਸਿੰਘ ਟਰਪਈ ਨੇ ਵੀ ਸੰਬੋਧਨ ਕੀਤਾ।ਪ੍ਰਦਰਸ਼ਨਕਾਰੀਆਂ ਨੇ ਬਜ਼ਾਰ 'ਚ ਮਾਰਚ ਕੱਢਿਆ ਅਤੇ ਅਮਰੀਕੀ ਰਾਸ਼ਟਰਪਤੀ ਅਤੇ ਇਜ਼ਰਾਇਲੀ ਪ੍ਰਧਾਨ ਦੇ ਪੁਤਲਿਆਂ ਨੂੰ ਅੱਗ ਲਗਾਈ।ਪੁਤਲੇ ਨੂੰ ਕਾਰਜ ਸਿੰਘ ਨੇ ਅਗਨੀ ਭੇਟ ਕੀਤਾ।ਮਾਸਟਰ ਹਰਭਜਨ ਸਿੰਘ ਨੇ ਸਮਾਗਮ 'ਚ ਸ਼ਾਮਲ ਸਾਥੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੰਘਰਸ਼ਾਂ ਨਾਲ ਸਰਮਾਏਦਾਰੀ ਅਤੇ ਸਾਮਰਾਜੀ ਸ਼ਕਤੀਆਂ ਵਿਰੁੱਧ ਆਵਾਜ਼ ਬੁਲੰਦ ਕੀਤੀ ਜਾਵੇਗੀ।

# 21 ਨੂੰ ਐੱਸ ਡੀ ਕਾਲਜ (ਲੜਕੀਆਂ) ਵਿਖੇ ਯੋਗਾ ਦਿਵਸ ਮਨਾਇਆ ਜਾਵੇਗਾ : ਐੱਸ ਡੀ ਐੱਮ

**ਫ਼ਤਿਹਗੜ੍ਹ ਚੂੜੀਆਂ, (ਜਸਦੇਵ ਮਾਨ)** ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਬ ਡਵੀਜ਼ਨ ਫ਼ਤਿਹਗੜ੍ਹ ਚੂੜੀਆਂ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਉਣ ਲਈ ਐੱਸਡੀਐੱਮ ਕੁਲਦੀਪ ਚੰਦ ਵੱਲੋਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਐੱਸਡੀਐੱਮ ਕੁਲਦੀਪ ਚੰਦ ਨੇ ਕਿਹਾ ਕਿ ਸਬ ਡਵੀਜ਼ਨ ਫ਼ਤਿਹਗੜ੍ਹ ਚੂੜੀਆਂ ਵਿਖੇ 21 ਜੂਨ ਨੂੰ ਸਵੇਰੇ 6 ਤੋਂ 8 ਵਜੇ ਤੱਕ ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ (ਲੜਕੀਆਂ) ਡੇਰਾ ਰੋਡ ਫ਼ਤਿਹਗੜ੍ਹ ਚੂੜੀਆਂ ਵਿਖੇ ਅੰਤਰਰਾਸ਼ਟਰੀ ਯੋਗਾ ਦਿਵਸ ਮਨਾਇਆ ਜਾਵੇਗਾ, ਜਿਸ ਦੀਆਂ ਤਿਆਰੀਆਂ ਮੁਕੰਮਲ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਇਸ ਦਿਨ ਨੂੰ ਮਨਾਉਣ ਵਾਸਤੇ ਪਾਬੰਦ ਕਰ ਦਿੱਤਾ ਗਿਆ ਹੈ। ਐੱਸਡੀਐੱਮ ਨੇ ਲੋਕਾਂ ਨੂੰ ਵੱਧ ਤੋਂ ਵੱਧ ਇਸ ਦਿਨ ਨੂੰ ਮਨਾਉਣ ਅਤੇ ਪ੍ਰੋਗਰਾਮ 'ਚ ਸ਼ਾਮਿਲ ਹੋਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਯੋਗ ਕਰਨ ਨਾਲ ਜਿੱਥੇ ਸਾਡਾ ਸਰੀਰ ਤੰਦਰੁਸਤ ਰਹਿੰਦਾ ਹੈ, ਉਥੇ ਕਈ ਬਿਮਾਰੀਆਂ ਤੋਂ ਛੁਟਕਾਰਾ ਮਿਲਦਾ ਹੈ। ਮੀਟਿੰਗ ਵਿੱਚ ਪਰਮਿੰਦਰ ਸਿੰਘ ਤਹਿਸੀਲਦਾਰ, ਪਰਮਜੀਤ ਕੌਰ ਬੀਡੀਪੀਓ, ਪ੍ਰਿੰ. ਅਨੀਤਾ ਅਰੋੜਾ ਲੜਕੀਆਂ ਸਕੂਲ, ਪ੍ਰਿੰ. ਪ੍ਰੋ. ਪ੍ਰਦੀਪ ਕੌਰ ਪੰਡਿਤ ਮੋਹਨ ਲਾਲ ਐੱਸ. ਡੀ. ਕਾਲਜ, ਪ੍ਰਿੰ. ਵਰਿੰਦਰ ਕੌਰ ਪੰਡਿਤ ਮੋਹਨ ਲਾਲ ਗਲੋਬਲ ਸਕੂਲ, ਪ੍ਰਿੰ. ਮੁਨੀਸ਼ ਗਾਂਧੀ ਆਈ. ਟੀ. ਆਈ. ਫ਼ਤਿਹਗੜ੍ਹ ਚੂੜੀਆਂ, ਲੈਕ. ਨਰੇਸ਼ ਸੋਢੀ, ਰਾਜੀਵ ਦੁੱਗਲ ਆਈ. ਟੀ. ਆਈ, ਡਾ. ਮਨਪ੍ਰੀਤ ਕੌਰ ਯੋਗਾ ਇੰਚਾਰਜ, ਕੁਲਜੀਤ ਕੌਰ ਸੁਪਰਵੀਜ਼ਰ ਸੀ. ਡੀ. ਪੀ. ਓ. ਦਫ਼ਤਰ, ਰੁਪਿੰਦਰਜੀਤ ਕੌਰ ਸੁਪਰਵਾਈਜ਼ਰ ਸੀ. ਡੀ. ਪੀ. ਓ ਦਫ਼ਤਰ, ਹਰਮੀਤ ਸਿੰਘ ਫੂਡ ਸਪਲਾਈ ਇੰਸਪੈਕਟਰ, ਸੁਮਨਦੀਪ ਸਿੰਘ ਲੇਖਾਕਾਰ ਮਾਰਕੀਟ ਕਮੇਟੀ, ਹਰਜਿੰਦਰ ਸਿੰਘ ਕਲਰਕ ਨਗਰ ਕੌਂਸਲ ਦਫ਼ਤਰ, ਪਲਵਿੰਦਰ ਸਿੰਘ ਜੇ. ਏ ਨਗਰ ਕੌਂਸਲ ਦਫ਼ਤਰ, ਪ੍ਰੋ. ਦੀਪਿੰਦਰ ਕੌਰ ਐਸ. ਡੀ. ਕਾਲਜ, ਡਾ. ਹਰਜਿੰਦਰ ਸਿੰਘ, ਪੰਕਜ ਕੁਮਾਰ ਸੀ. ਐੱਮ. ਯੋਗਸ਼ਾਲਾ, ਡਾ. ਰਵਿੰਦਰਪਾਲ ਸਿੰਘ ਮਾਨ ਖੇਤੀਬਾੜੀ ਵਿਭਾਗ, ਦਰਸ਼ਨ ਕੁਮਾਰ ਸਟੈਨੋ , ਰਵੀ ਸਿੱਧੂ ਕਲਰਕ ਆਦਿ ਹਾਜ਼ਰ ਸਨ।



# ਬਲਾਕ ਕਾਂਗਰਸ ਮਜੀਠਾ ਵੱਲੋਂ ਇਕੱਤਰਤਾ, ਬੂਥ ਪੱਧਰ 'ਤੇ ਇੱਕੀ ਮੈਂਬਰੀ ਕਮੇਟੀਆਂ ਬਣਾਉਣ ਦੀ ਤਜਵੀਜ਼



**ਵੇਰਕਾ (ਰਾਣਾ)** ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਹੀਨਾਵਾਰ ਕੀਤੀਆਂ ਜਾਂਦੀਆਂ ਬਲਾਕ ਕਾਂਗਰਸ ਕਮੇਟੀਆਂ ਦੀਆਂ ਮੀਟਿੰਗਾਂ ਦੇ ਤਹਿਤ ਮਜੀਠਾ ਹਲਕੇ ਦੇ ਬਲਾਕ ਮਜੀਠਾ ਤੇ ਤਰਸਿੱਕਾ ਦੀਆਂ ਕਮੇਟੀਆਂ ਦੀ ਮੀਟਿੰਗ ਹਲਕਾ ਇੰਚਾਰਜ ਭਗਵੰਤਪਾਲ ਸਿੰਘ ਸੱਚਰ ਦੀ ਅਗਵਾਈ ਹੇਠ ਸਥਾਨਕ ਕਸਬਾ ਕੱਥੂਨੰਗਲ ਵਿਖੇ ਹੋਈ ਜਿਸ ਵਿੱਚ ਕੋਆਰਡੀਨੇਟਰ ਨਵਰੂਪ ਸਿੰਘ ਡਾਲੇਕੇ ਵੀ ਉਚੇਚੇ ਤੌਰ 'ਤੇ ਪਹੁੰਚੇ।ਇਸ ਮੌਕੇ ਮੀਟਿੰਗ 'ਚ ਬੋਲਦੇ ਸੱਚਰ ਨੇ ਕਿਹਾ ਕਿ ਹਰ ਪਿੰਡ, ਬੂਥ ਪੱਧਰ 'ਤੇ 21 ਮੈਂਬਰੀ ਕਮੇਟੀਆਂ ਬਣਾਈਆਂ ਜਾਣ ਤੇ ਮੈਂਬਰ ਸਿਰਫ਼ ਉਸ ਬੂਥ ਦੀ ਵੋਟਰ ਲਿਸਟ ਵਿੱਚੋਂ ਹੀ ਬਣਾਏ ਜਾਣ।ਉਸਦਾ ਨਾਮ ਪਤਾ ਤੇ ਫੋਟੋ ਵੀ ਲਗਾਉਣੀ ਜ਼ਰੂਰੀ ਹੈ ਤਾਂ ਜੋ ਦਿੱਲੀ ਕੰਟੈਕਟ ਸੈਂਟਰ ਵਾਲੇ ਫੋਨ ਕਰਕੇ ਇਸਦੀ ਪੜਤਾਲ ਕਰ ਸਕਣ।ਸੱਚਰ ਨੇ ਆਖਿਆ ਕਿ 30 ਜੂਨ ਤੋਂ ਪਹਿਲਾਂ-ਪਹਿਲਾਂ ਇਹ ਲਿਸਟ ਬਣਾ ਕੇ ਪੰਜਾਬ ਪ੍ਰਦੇਸ਼ ਦੇ ਦਫ਼ਤਰ ਚੰਡੀਗੜ੍ਹ ਵਿੱਚ ਜਮਾਂ ਕਰਵਾਉਣੀਆਂ ਹਨ ਤਾਂ ਜੋ 7 ਜੁਲਾਈ ਤੋਂ ਪਹਿਲਾਂ ਆਲ ਇੰਡੀਆ ਕਾਂਗਰਸ ਕਮੇਟੀ ਦੇ ਦਫ਼ਤਰ ਦਿੱਲੀ ਪਹੁੰਚ ਸਕਣ।ਇਸ ਮੌਕੇ ਮੀਟਿੰਗ ਨੂੰ ਨਵਰੂਪ ਸਿੰਘ ਡਾਲੇਕੇ ਤੋਂ ਇਲਾਵਾ ਸਾਬਕਾ ਚੇਅਰਮੈਨ ਗੁਰਮੀਤ ਸਿੰਘ ਭੀਲੋਵਾਲ, ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆਂ, ਬਲਾਕ ਤਰਸਿੱਕਾ ਦੇ ਪ੍ਰਧਾਨ ਸਤਨਾਮ ਸਿੰਘ ਕਾਜ਼ੀਕੋਟ, ਮਜੀਠਾ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਨਵਦੀਪ ਸਿੰਘ ਸੋਨਾ, ਜਰਨੈਲ ਸਿੰਘ ਰਾਮਦਿਵਾਲੀ, ਸਾਬਕਾ ਸਰਪੰਚ ਮਨਜੀਤ ਸਿੰਘ ਬੱਲੋਵਾਲੀ, ਝਿਲਮਿਲ ਸਿੰਘ ਬਾਠ, ਤਜਿੰਦਰ ਸਿੰਘ ਤਰਫਾਨ, ਸਤਨਾਮ ਸਿੰਘ ਚਾਚੋਵਾਲੀ, ਸਰਪੰਚ ਸਵਿੰਦਰ ਸਿੰਘ ਚਾਟੀਵਿੰਡ, ਗੁਰਵਿੰਦਰ ਸਿੰਘ ਚੋਗਾਵਾਂ, ਗੁਰਿੰਦਰ ਸਿੰਘ ਨਾਗ ਕਲਾਂ, ਸੁਲੱਖਣ ਸਿੰਘ ਕੱਥੂਨੰਗਲ, ਬਲਦੇਵ ਸਿੰਘ ਕੱਥੂਨੰਗਲ ਖੁਰਦ, ਸਾਬਕਾ ਸਰਪੰਚ ਗੁਰਜੰਟ ਸਿੰਘ ਉਦੋਕੇ, ਸਾਬਕਾ ਸਰਪੰਚ ਸੁਰਜੀਤ ਸਿੰਘ ਤਰਗੜ, ਸਰਪੰਚ ਜਗਜੀਤ ਸਿੰਘ ਢਿੰਗਨੰਗਲ, ਗੋਲਡੀ ਸੋਹੀ ਅਬਦਾਲ, ਹਰਮਨ ਟਾਹਲੀ ਸਾਹਿਬ, ਅਸ਼ੋਕ ਮੱਤੇਵਾਲ, ਨਵਦੀਪ ਖੈੜੇ ਬਾਲਾ ਚੱਕ, ਹਰਮਨ ਸਿੰਘ ਗਿੱਲ ਮਜੀਠਾ, ਮੋਹਨ ਸਿੰਘ ਅਠਵਾਲ, ਕਰਮ ਸਿੰਘ, ਨਿਰਮਲ ਸਿੰਘ ਮਜੀਠਾ, ਸੁਰਜੀਤ ਸਿੰਘ ਭੀਲੋਵਾਲ, ਹਰਦਿਆਲ ਸਿੰਘ ਭੰਗਵਾਂ, ਬਲਵਿੰਦਰ ਸਿੰਘ ਰੋੜੀ, ਮਨੋਹਰ ਗਾਲੋਵਾਲੀ, ਵੀਰ ਸਿੰਘ ਚਾਟੀਵਿੰਡ, ਡਾਕਟਰ ਸੁੱਖਵਿੰਦਰ ਸਿੰਘ ਰੰਧਾਵਾ, ਮੰਗਲ ਸਿੰਘ ਵੀਰਮ, ਸੋਨੀ ਗਿੱਲ ਪੰਧੇਰ, ਪਲਵਿੰਦਰ ਸਿੰਘ ਫੌਜੀ, ਕੰਵਰਜੀਤ ਸਿੰਘ ਮਰੜੀ ਕਲਾਂ, ਵਿਨੋਦ ਕੁਮਾਰ ਸਾਬੀ, ਮੁਕੇਸ਼ ਕੁਮਾਰ ਭਨੋਟ, ਦਲਜੀਤ ਸਿੰਘ ਭੋਏ ਵੀ ਹਾਜ਼ਰ ਸਨ ।

# ਪੁਰਾਣਾ ਸ਼ਾਲਾ ਦੇ ਆਲੇ-ਦੁਆਲੇ ਪਿੰਡਾਂ 'ਚ ਲੱਗੇ ਗੰਦਗੀ ਦੇ ਢੇਰ, ਲੋਕ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**-ਪੁਰਾਣਾ ਸ਼ਾਲਾ ਦੇ ਆਲੇ ਦੁਆਲੇ ਪਿੰਡਾਂ ਵਿਚ ਗੰਦਗੀ ਦੇ ਢੇਰ ਖ਼ਤਮ ਹੋਣ ਦਾ ਨਾਮ ਨਹੀਂ ਲੈ ਰਹੇ ਜਿਸ ਨਾਲ ਲੋਕ ਬਦਬੂ ਅਤੇ ਕਈ ਬਿਮਾਰੀਆਂ ਦੀ ਗ੍ਰਿਫ਼ਤ ਵਿਚ ਫਸ ਰਹੇ ਹਨ। ਇਸ ਪਾਸੇ ਸੰਬੰਧਿਤ ਵਿਭਾਗ ਦਾ ਧਿਆਨ ਨਾ ਹੋਣ ਕਾਰਨ ਲੋਕਾਂ ਦਾ ਵਿਭਾਗ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਪਿੰਡਾਂ ਦੇ ਪੰਚ, ਸਰਪੰਚਾਂ ਅਤੇ ਸਮਾਜ ਸੇਵੀ ਜਥੇਬੰਦੀਆਂ ਨੇ ਦੱਸਿਆ ਕਿ ਪਹਿਲਾਂ ਪਿੰਡਾਂ ਵਿਚ ਟੋਏ ਹੁੰਦੇ ਸਨ, ਜਿਨ੍ਹਾਂ 'ਤੇ ਹੁਣ ਲੋਕਾਂ ਨੇ ਕਬਜ਼ੇ ਕਰ ਲਏ ਹਨ ਤੇ ਮਜਬੂਰਨ ਹੁਣ ਲੋਕਾਂ ਨੂੰ ਘਰਾਂ ਦਾ ਗੰਦ ਸੜਕਾਂ ਜਾਂ ਗਲੀਆਂ ਵਿਚ ਸੁੱਟਣ ਲਈ ਮਜਬੂਰ ਹੋਣਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰਾਂ ਨੇ ਕੂੜਾ ਡੰਪ ਦੀ ਯੋਜਨਾ ਬਣਾਈ ਸੀ ਜੋ ਸਿਰੇ ਨਹੀਂ ਚੜ੍ਹ ਸਕੀ। ਇਲਾਕਾ ਵਾਸੀਆਂ ਨੇ ਕਿਹਾ ਜਦੋਂ ਮੀਂਹ ਪੈਂਦਾ ਹੈ ਤਾਂ ਕੂੜੇ ਦੇ ਢੇਰਾਂ ਅੰਦਰ ਮੱਖੀ ਮੱਛਰ ਪੈਦਾ ਹੁੰਦਾ ਹੈ ਜਿਸ ਨਾਲ ਡੇਂਗੂ ਅਤੇ ਮਲੇਰੀਆ ਵਰਗੀਆਂ ਬਿਮਾਰੀਆਂ ਪੈਦਾ ਹੁੰਦੀਆਂ ਹਨ। ਉਨ੍ਹਾਂ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਪਿੰਡਾਂ ਅੰਦਰ ਕੂੜਾ ਡੰਪ ਕਰਵਾਉਣ ਲਈ ਕੋਈ ਜਗ੍ਹਾ ਨਿਸਚਿਤ ਕੀਤੀ ਜਾਵੇ ਜਿਸ ਨਾਲ ਲੋਕਾਂ ਨੂੰ ਗੰਦਗੀ ਤੋਂ ਰਾਹਤ ਮਿਲ ਸਕੇ।



# ਖਾਲਸਾ ਕਾਲਜ ਤੇ ਹਰਿਆਣਾ ਗਿਆਨ ਨਿਗਮ ਲਿਮ: ਦਰਮਿਆਨ ਸਮਝੌਤਾ ਸਿਰੇ ਚੜ੍ਹਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)** ਖਾਲਸਾ ਕਾਲਜ ਨੇ ਹਰਿਆਣਾ ਸਰਕਾਰ ਦੁਆਰਾ ਪ੍ਰਮਾਣਿਤ ਕੀਤੇ ਗਏ ਹਰਿਆਣਾ ਗਿਆਨ ਨਿਗਮ ਲਿਮਟਿਡ (ਐੱਚਕੇਸੀਐੱਲ.) ਨਾਲ ਸਮਝੌਤਾ ਪੱਤਰ 'ਤੇ ਦਸਤਖ਼ਤ ਕੀਤੇ ਹਨ।ਇਸ ਸਮਝੌਤੇ ਮੁਤਾਬਕ ਐੱਚ. ਕੇ. ਸੀ. ਐੱਲ. ਰਾਸ਼ਟਰੀ ਸਿੱਖਿਆ ਨੀਤੀ (ਐੱਨ. ਈ. ਪੀ.-2020), ਰਾਸ਼ਟਰੀ ਕ੍ਰੈਡਿਟ ਫ਼ਰੇਮਵਰਕ-2023, ਰਾਸ਼ਟਰੀ ਉੱਚ ਸਿੱਖਿਆ ਯੋਗਤਾ ਫਰੇਮਵਰਕ ਦੇ ਪਰਿਵਰਤਨਸ਼ੀਲ ਸਿਧਾਂਤਾਂ ਦੀ ਪਾਲਣਾ 'ਚ ਅਤੇ ਐੱਨ. ਈ. ਪੀ. ਨੂੰ ਲਾਗੂ ਕਰਨ ਲਈ ਯੂ. ਜੀ. ਸੀ., ਏ. ਆਈ. ਸੀ. ਟੀ. ਈ. ਆਦਿ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ 'ਚ ਕਾਲਜ 'ਚ ਬਹੁ-ਅਨੁਸ਼ਾਸਨੀ ਉੱਚ ਸਿੱਖਿਆ ਈਕੋਸਿਸਟਮ ਬਣਾਉਣ 'ਚ ਲੌਜਿਸਟਿਕ ਸਹਾਇਤਾ ਪ੍ਰਦਾਨ ਕਰੇਗਾ।ਉਕਤ ਸਮਝੌਤੇ ਸਬੰਧੀ ਖਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਨੇ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਅਤੇ ਖਾਲਸਾ ਗਲੋਬਲ ਰੀਚ ਸਕਿੱਲ ਡਿਵੈਲਪਮੈਂਟ ਸੈਂਟਰ ਦੇ ਡਾਇਰੈਕਟਰ ਡਾ. ਅਜੈ ਸਹਿਗਲ ਨੂੰ ਇਸ ਨਵੀਨਤਾਕਾਰੀ ਕਦਮ ਲਈ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਪ੍ਰਿੰ: ਡਾ. ਰੰਧਾਵਾ ਅਤੇ ਐੱਚ. ਕੇ. ਸੀ. ਐੱਲ. ਦੇ ਮੈਨੇਜਿੰਗ ਡਾਇਰੈਕਟਰ ਅਤੇ ਸੀ. ਈ. ਓ. ਅਭਿਜੀਤ ਕੁਲਕਰਨੀ ਦਰਮਿਆਨ ਹੋਏ ਉਕਤ ਸਮਝੌਤੇ 'ਤੇ ਦਸਤਖ਼ਤ ਨਾਲ ਸਮਾਜ ਨੂੰ ਵੱਡੇ ਪੱਧਰ 'ਤੇ ਲਾਭ ਹੋਵੇਗਾ। ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਕਤ ਉਦੇਸ਼ ਲਈ ਕਾਲਜ ਦਾ ਖਾਲਸਾ ਗਲੋਬਲ ਰੀਚ ਸਕਿੱਲ ਡਿਵੈਲਪਮੈਂਟ ਸੈਂਟਰ ਅਤੇ ਐੱਚ. ਕੇ. ਸੀ. ਐੱਲ. ਸਾਂਝੇ ਤੌਰ 'ਤੇ ਲਗਭਗ 30 ਹੁਨਰ ਵਿਕਾਸ ਪ੍ਰੋਗਰਾਮ ਚਲਾਉਣਗੇ ਜੋ ਸਮਾਜ ਦੇ ਵੱਖ-ਵੱਖ ਖੇਤਰਾਂ 'ਚ ਹੁਨਰਮੰਦ ਪੇਸ਼ੇਵਰ ਪੈਦਾ ਕਰਨਗੇ। ਉਨ੍ਹਾਂ ਕਿਹਾ ਕਿ ਹੁਨਰਮੰਦ ਪੇਸ਼ੇਵਰਾਂ ਦੀ ਸਖ਼ਤ ਲੋੜ ਹੈ ਅਤੇ ਸਕਿੱਲ ਡਿਵੈਲਪਮੈਂਟ ਸੈਂਟਰ ਹੁਨਰ ਪ੍ਰਦਾਨ ਕਰਨ ਅਤੇ ਇਸ ਪਾੜੇ ਨੂੰ ਪੂਰਾ ਕਰਨ ਲਈ ਹਰ ਸੰਭਵ ਯਤਨ ਕਰ ਰਿਹਾ ਹੈ।ਜ਼ਿਕਰਯੋਗ ਹੈ ਕਿ ਕਾਲਜ ਦਾ ਉਕਤ ਸੈਂਟਰ ਪਹਿਲਾਂ ਹੀ ਵੈੱਬ ਡਿਜ਼ਾਈਨਿੰਗ, ਕੰਪਿਊਟਰਾਈਜ਼ਡ ਅਕਾਊਂਟਿੰਗ, ਸੰਚਾਰ ਹੁਨਰ ਅਤੇ ਸ਼ਖ਼ਸੀਅਤ ਵਿਕਾਸ, ਗੁਰਬਾਣੀ ਸੰਗੀਤ, ਡਿਪਲੋਮਾ ਇਨ ਇਲੈਕਟ੍ਰੀਸ਼ੀਅਨ, ਕਟਿੰਗ, ਸਿਲਾਈ ਅਤੇ ਟੇਲਰਿੰਗ, ਫਲ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਅਤੇ ਆਫਿਸ ਆਟੋਮੇਸ਼ਨ ਆਦਿ ਸਮੇਤ ਥੋੜ੍ਹੇ ਸਮੇਂ ਦੇ ਹੁਨਰ ਵਿਕਾਸ ਪ੍ਰੋਗਰਾਮ ਚਲਾ ਰਿਹਾ ਹੈ।ਇਸ ਮੌਕੇ ਅਕਾਦਮਿਕ ਮਾਮਲੇ ਡੀਨ ਡਾ. ਤਮਿੰਦਰ ਸਿੰਘ, ਡਾ. ਅਮਿਤ ਆਨੰਦ, ਡਾ. ਐੱਸ. ਐੱਸ. ਮੰਟੋ, ਸ੍ਰੀ ਅਸ਼ੀਸ਼ ਕੁਮਾਰ, ਵਿਕਾਸ ਬਿਸ਼ਨੋਈ ਮੌਜੂਦ ਸਨ।



# ਦੇਸ਼ ਭਗਤ 'ਵਰਸਿਟੀ ਵੱਲੋਂ ਨਵੇਂ ਇਨਫਰਮੇਸ਼ਨ ਤੇ ਕਾਊਂਸਲਿੰਗ ਸੈਂਟਰ ਦੀ ਸ਼ੁਰੂਆਤ




**ਪਠਾਨਕੋਟ, (ਦਵਿੰਦਰ ਸਿੰਘ)** ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਆਪਣੀ ਪਹੁੰਚ ਨੂੰ ਵਧਾਉਣ ਅਤੇ ਸਿਖਿਆਰਥੀਆਂ ਨੂੰ ਪਹੁੰਚਯੋਗ, ਭਵਿੱਖ-ਮੁਖੀ ਸਿੱਖਿਆ ਦੇ ਨਾਲ ਸਸ਼ਕਤ ਬਣਾਉਣ ਲਈ ਇੱਕ ਰਣਨੀਤਕ ਕਦਮ ਚੁੱਕਦੇ ਹੋਏ ਪਠਾਨਕੋਟ ਵਿਖੇ ਆਪਣੇ ਨਵੇਂ ਇਨਫਰਮੇਸ਼ਨ ਅਤੇ ਕਾਊਂਸਲਿੰਗ ਸੈਂਟਰ (ਆਈਸੀਸੀ) ਦਾ ਅਧਿਕਾਰਤ ਤੌਰ 'ਤੇ ਉਦਘਾਟਨ ਕੀਤਾ ਹੈ।ਇਸ ਰਣਨੀਤਕ ਵਿਸਥਾਰ ਦਾ ਉਦੇਸ਼ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਲਈ ਲਚਕਦਾਰ ਅਤੇ ਵਿਸ਼ਵ ਪੱਧਰ 'ਤੇ ਸੰਬੰਧਿਤ ਅਕਾਦਮਿਕ ਵਿਕਲਪਾਂ ਦੀ ਭਾਲ ਕਰਨ ਵਾਲੇ ਇੱਕ ਕੇਂਦਰੀਕ੍ਰਿਤ ਹੱਬ ਵਜੋਂ ਸੇਵਾ ਕਰਨਾ ਹੈ।ਇਸ ਸਬੰਧੀ ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਨਵਾ ਲਾਂਚ ਕੀਤਾ ਗਿਆ ਡੀਬੀਯੂ ਆਈਸੀਸੀ ਪਠਾਨਕੋਟ ਰੈਗੂਲਰ ਡਿਗਰੀ ਪ੍ਰੋਗਰਾਮ, ਔਨਲਾਈਨ ਲਰਨਿੰਗ ਕੋਰਸ, ਓਪਨ ਐਂਡ ਡਿਸਟੈਂਸ ਲਰਨਿੰਗ (ਓਡੀਐੱਲ), ਅਤੇ ਡੀਬੀਯੂ ਅਮਰੀਕਾਸ ਇੰਟਰਨੈਸ਼ਨਲ ਐਜੂਕੇਸ਼ਨ ਟਰੈਕ ਸਮੇਤ ਕਈ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਮਾਹਿਰ ਮਾਰਗਦਰਸ਼ਨ ਅਤੇ ਸਹਾਇਤਾ ਪ੍ਰਦਾਨ ਕਰੇਗਾ।ਇਸ ਮੌਕੇ ਬੋਲਦਿਆਂ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਸਾਡਾ ਟੀਚਾ ਖੇਤਰ ਦੇ ਹਰੇਕ ਸਿਖਿਆਰਥੀ ਨੂੰ ਸਹੀ ਸਾਧਨਾਂ ਅਤੇ ਦਿਸ਼ਾ-ਨਿਰਦੇਸ਼ ਨਾਲ ਸਸ਼ਕਤ ਬਣਾਉਣਾ ਹੈ।ਡੀਬੀਯੂ ਆਈਸੀਸੀ ਪਠਾਨਕੋਟ ਤੁਹਾਡੇ ਦਰਵਾਜ਼ੇ 'ਤੇ ਆਧੁਨਿਕ ਸਿੱਖਿਆ ਮਾਰਗਾਂ ਤੱਕ ਪਹੁੰਚ ਨੂੰ ਯਕੀਨੀ ਬਣਾਉਂਦਾ ਹੈ।ਇਸ ਮੌਕੇ ਬੋਲਦਿਆਂ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਹਾਲੀਆ ਪਹਿਲਗਾਮ ਦੁਖਾਂਤ ਦੇ ਪ੍ਰਤੀ ਹਮਦਰਦੀ ਭਰੇ ਜਵਾਬ ਵਿੱਚ, ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਪੀੜਤਾਂ ਦੇ ਪਰਿਵਾਰਾਂ ਲਈ ਪੂਰੀ ਸਕਾਲਰਸ਼ਿਪ ਅਤੇ ਰੁਜ਼ਗਾਰ ਦੇ ਮੌਕਿਆਂ ਦਾ ਐਲਾਨ ਕੀਤਾ ਹੈ।ਇਸ ਦੌਰਾਨ ਪ੍ਰੈਜ਼ੀਡੈਂਟ ਦੇ ਓਐਸਡੀ ਅਮਿਤ ਕੁਕਰੇਜਾ, ਐਜੂਵੈਂਗਗਾਰਡਜ਼ ਦੇ ਡਾਇਰੈਕਟਰ ਕੇਸ਼ਵ ਸ਼ਰਮਾ ਅਤੇ ਡੀਬੀਯੂ ਦੇ ਦਾਖਲਾ ਕੋਆਰਡੀਨੇਟਰ ਡਾ. ਗੁਰਲਾਲ ਸਿੰਘ ਸਮੇਤ ਪਤਵੰਤੇ ਹਾਜ਼ਰ ਸਨ, ਜਿਨ੍ਹਾਂ ਨੇ ਨਵੇਂ ਕਾਉਂਸਲਿੰਗ ਸੈਂਟਰ ਦੀ ਮਹੱਤਤਾ ਨੂੰ ਉਜਾਗਰ ਕੀਤਾ।

# ਸਮਾਜ ਸੇਵਕ ਇੰਦਰਜੀਤ ਸਿੰਘ ਦੀ 20ਵੀਂ ਵਰ੍ਹੇਗੰਢ 'ਤੇ ਲੱਗਾ ਮੁਫਤ ਮੈਡੀਕਲ ਜਾਂਚ ਕੈਂਪ

**ਅੰਮ੍ਰਿਤਸਰ (ਅਰੋੜਾ)** ਰੋਟਰੀ ਕਲੱਬ ਕੈਂਟ ਦੇ ਸਮੂਹ ਮੈਂਬਰਾਂ ਵੱਲੋਂ ਸਮਾਜ ਸੇਵਕ ਇੰਦਰਜੀਤ ਸਿੰਘ ਦੀ 20ਵੀਂ ਵਰ੍ਹੇਗੰਢ ਅਤੇ ਫਾਦਰਜ਼ ਡੇ ਨੂੰ ਸਮਰਪਿਤ ਮੁਫ਼ਤ ਮੈਡੀਕਲ ਜਾਂਚ ਕੈਂਪ ਕਲੱਬ ਦੇ ਪ੍ਰਧਾਨ ਡਾ. ਅਮਰਜੀਤ ਸਿੰਘ ਸਚਦੇਵਾ ਦੀ ਦੇਖ-ਰੇਖ ਵਿੱਚ ਅਖਾੜਾ ਬੇਰੀਵਾਲਾ ਗੋਪਾਲ ਨਗਰ ਮਜੀਠਾ ਰੋਡ ਵਿਖੇ ਇੱਕ ਨਿੱਜੀ ਹਸਪਤਾਲ ਵਿਖੇ ਆਯੋਜਿਤ ਕੀਤਾ ਗਿਆ।ਇਸ ਕੈਂਪ ਦਾ ਉਦਘਾਟਨ ਰੋਟਰੀ ਕੈਂਟ ਦੇ ਸਾਬਕਾ ਪ੍ਰਧਾਨ ਵਾਰਡ ਨੰਬਰ 4 ਦੇ ਕੌਂਸਲਰ ਮਨਦੀਪ ਸਿੰਘ ਅਤੇ ਡਬਲਯੂ. ਐੱਸ. ਸੀ. ਸੀ. ਅੰਮ੍ਰਿਤਸਰ ਚੈਪਟਰ ਦੇ ਉਪ ਪ੍ਰਧਾਨ ਰੁਪਿੰਦਰ ਸਿੰਘ ਕਟਾਰੀਆ ਅਤੇ ਅਖਾੜਾ ਬੇਰੀਵਾਲਾ ਦੇ ਮਹੰਤ ਪ੍ਰਤਾਪ ਦਾਸ ਨੇ ਸਾਂਝੇ ਰੂਪ 'ਚ ਕੀਤਾ।ਇਸ ਮੁਫ਼ਤ ਕੈਂਪ ਵਿੱਚ 125 ਤੋਂ ਜ਼ਿਆਦਾ ਰੋਗੀਆਂ ਦੀ ਜਾਂਚ ਕਰਕੇ ਉਨ੍ਹਾਂ ਮੁਫ਼ਤ ਦਵਾਈਆਂ ਦਿੱਤੀਆਂ।ਡਾਕਟਰਾਂ ਦੀ ਮਾਹਿਰ ਟੀਮ ਨੇ ਆਪਣੀਆਂ ਮੁਫ਼ਤ ਸੇਵਾਵਾਂ ਦਿੱਤੀਆਂ।ਰੋਗੀਆਂ ਦੀ ਜਾਂਚ ਕਰਨ ਵਾਲਿਆਂ ਵਿੱਚ ਚਮੜੀ ਰੋਗ ਮਾਹਿਰ ਡਾ. ਅਮਰਜੀਤ ਸਚਦੇਵਾ, ਜਨਰਲ ਸਰਜਨ ਡਾ. ਸ਼ਿਵਾਜੀ ਰਾਏ, ਪਲਾਸਟਿਕ ਸਰਜਨ ਡਾ. ਅਮਿਤੇਸ਼ਵਰ ਸਿੰਘ, ਮੈਡੀਸਨ ਅਤੇ ਜੋੜਾਂ ਦੇ ਮਾਹਿਰ ਡਾ. ਹਰਗੁਰਦਾਸ ਸਿੰਘ, ਫਿਜ਼ੀਓਥੈਰੇਪਿਸਟ ਡਾ. ਮੁਸਕਾਨ, ਨੇਤਰ ਸਰਜਨ ਡਾ. ਮਨਮੋਹਨ ਭਨੋਟ, ਡੈਂਟਲ ਸਰਜਨ ਅਤੇ ਲੈਬ ਸਟਾਫ਼ ਦੀ ਟੀਮ ਨੇ ਆਪਣੀਆਂ ਮੁਫ਼ਤ ਸੇਵਾਵਾਂ ਦਿੱਤੀਆਂ। ਆਰਗੇਨਾਈਜ਼ਰ ਸਰਬਜੀਤ ਸਿੰਘ, ਅਮਨਜੀਤ ਸਿੰਘ, ਸੋਨੀਆ ਸਚਦੇਵਾ, ਸ਼ਰਨਜੀਤ ਸਿੰਘ ਵੱਲੋਂ ਸਾਰੇ ਰੋਗੀਆਂ ਲਈ ਗੁਰੂ ਦੇ ਲੰਗਰ ਅਤੇ ਛਬੀਲ ਦਾ ਖਾਸ ਪ੍ਰਬੰਧ ਕੀਤਾ ਗਿਆ।ਇਸ ਮੌਕੇ ਪਵਨ ਪਾਹੁਲ ਜੋਬਨ, ਗੌਰਵ, ਗੁਰਪ੍ਰੀਤ ਆਦਿ ਨੇ ਬਣਦਾ ਯੋਗਦਾਨ ਦਿੱਤਾ।



# ਸੱਚਰ ਵੱਲੋਂ ਕੱਥੂਨੰਗਲ ਰੈਲੀ ਦੀ ਬੇਮਿਸਾਲ ਕਾਮਯਾਬੀ 'ਤੇ ਕਾਂਗਰਸੀ ਆਗੂਆਂ ਤੇ ਵਰਕਰਾਂ ਦਾ ਧੰਨਵਾਦ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)** ਵਿਧਾਨ ਸਭਾ ਹਲਕਾ ਮਜੀਠਾ ਦੇ ਪਿੰਡ ਕੱਥੂਨੰਗਲ ਵਿੱਚ ਹਲਕਾ ਇੰਚਾਰਜ ਭਗਵੰਤ ਪਾਲ ਸੱਚਰ ਦੀ ਅਗਵਾਈ ਦੇ ਵਿੱਚ ਕੀਤੀ ਗਈ ਸੰਵਿਧਾਨ ਬਚਾਓ ਰੈਲੀ ਜਿਸ ਨੂੰ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਸਾਬਕਾ ਉਪ ਮੁੱਖ ਮੰਤਰੀ ਤੇ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ, ਮੈਂਬਰ ਲੋਕ ਸਭਾ ਗੁਰਜੀਤ ਸਿੰਘ ਔਜਲਾ ਤੇ ਹੋਰਨਾਂ ਆਗੂਆਂ ਵੱਲੋਂ ਵੀ ਸੰਬੋਧਨ ਕੀਤਾ ਗਿਆ ਸੀ। ਇਸ ਸਬੰਧੀ ਭਗਵੰਤ ਪਾਲ ਸਿੰਘ ਸੱਚਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੱਲ ਦੀ ਹੋਈ ਰੈਲੀ ਬਾਰੇ ਕਿਹਾ ਕਿ ਇੰਨੀ ਤਪਦੀ ਗਰਮੀ ਦੇ ਬਾਵਜੂਦ ਤੇ ਝੋਨੇ ਦੀ ਬਜਾਈ ਦਾ ਸੀਜ਼ਨ ਹੋਣ ਦੇ ਕਾਰਨ ਵੀ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕੀਤੀ। ਸੱਚਰ ਨੇ ਕਿਹਾ ਕਿ ਮੈਂ ਸਮੂਹ ਵਿਧਾਨ ਸਭਾ ਹਲਕਾ ਮਜੀਠਾ ਦੇ ਕਾਂਗਰਸੀ ਆਗੂਆਂ ਵਰਕਰਾਂ ਤੇ ਆਮ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ ਕਿ ਜਿਨ੍ਹਾਂ ਨੇ ਬੇਮਿਸਾਲ ਇਕੱਠ ਕਰਕੇ ਕਾਂਗਰਸ ਦੀ ਸਮੁੱਚੀ ਆਈ ਹੋਈ ਹਾਈਕਮਾਂਡ ਨੂੰ ਮਜੀਠਾ ਹਲਕੇ ਵਿੱਚ ਆਪਣੀ ਲੋਕਪ੍ਰਿਅਤਾ ਦਾ ਸਬੂਤ ਦਿੱਤਾ। ਮੈਂ ਹਮੇਸ਼ਾ ਮਜੀਠਾ ਹਲਕੇ ਦੇ ਲੋਕਾਂ ਦਾ ਰਿਣੀ ਰਹਾਂਗਾ। ਸੱਚਰ ਨੇ ਸਵਿੰਦਰ ਸਿੰਘ ਕੱਥੂ ਨੰਗਲ ਦਾ ਵੀ ਉਚੇਚੇ ਤੌਰ 'ਤੇ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਮੇਰੇ 'ਤੇ ਵਿਸ਼ਵਾਸ ਪ੍ਰਗਟ ਕਰਦਿਆਂ ਅਗਾਮੀ 2027 ਦੀਆਂ ਚੋਣਾਂ ਵਿੱਚ ਮੇਰੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਚੱਲਣ ਦਾ ਵਾਅਦਾ ਕੀਤਾ। ਸਵਿੰਦਰ ਸਿੰਘ ਕੱਥੂਨੰਗਲ ਨੇ ਕਿਹਾ ਸੀ ਕਿ ਮੈਂ ਆਪਣੇ ਭਤੀਜੇ ਸੱਚਰ ਦੇ ਨਾਲ ਚਟਾਨ ਵਾਂਗ ਖੜ੍ਹਾ ਹਾਂ। ਸੱਚਰ ਨੇ ਕਿਹਾ ਕਿ 2002 ਵਿੱਚ ਅਸੀਂ ਸਵਿੰਦਰ ਸਿੰਘ ਕੱਥੂ ਨੰਗਲ ਨੂੰ ਵੱਡੀ ਲੀਡ ਨਾਲ ਜਤਾ ਕੇ ਵਿਧਾਨ ਸਭਾ ਵਿੱਚ ਭੇਜਿਆ ਸੀ। ਉਪਰੰਤ ਕੁਝ ਕਾਰਨਾਂ ਕਰਕੇ ਪਾਰਟੀ ਵੱਲੋਂ ਟਿਕਟ ਕਿਸੇ ਹੋਰ ਯੂਥ ਆਗੂ ਨੂੰ ਦੇ ਦਿੱਤੀ ਗਈ ਜੋ ਆਪਣੀ ਜ਼ਮਾਨਤ ਵੀ ਨਾ ਬਚਾ ਸਕਿਆ। 2012 ਵਿੱਚ ਪਾਰਟੀ ਨੇ ਟਿਕਟ ਕਿਸੇ ਹੋਰ ਆਗੂ ਨੂੰ ਦਿੱਤੀ ਉਹ ਵੀ ਜਿੱਤ ਦੇ ਨੇੜੇ ਨਾ ਪਹੁੰਚ ਸਕੇ। 2017 ਵਿੱਚ ਤੇ ਫਿਰ 22 ਵਿੱਚ ਪਾਰਟੀ ਨੇ ਇੱਕ ਵਾਰ ਫੇਰ ਉਸੇ ਪਰਿਵਾਰ ਤੇ ਵਿਸ਼ਵਾਸ ਪ੍ਰਗਟ ਕਰਦਿਆਂ ਟਿਕਟ ਦਿੱਤੀ ਪਰ ਫਿਰ ਜਿੱਤ ਨਾ ਸਕੇ। ਹੁਣ ਕਾਂਗਰਸ ਪਾਰਟੀ ਦੀ ਹਾਈ ਕਮਾਂਡ ਨੇ ਜੋ ਮੇਰੇ 'ਤੇ ਵਿਸ਼ਵਾਸ ਪ੍ਰਗਟ ਕੀਤਾ ਹੈ ਮੈਂ ਦਿਨ ਰਾਤ ਇੱਕ ਕਰਕੇ ਪਿੰਡ ਪਿੰਡ, ਘਰ-ਘਰ ਜਾ ਕੇ ਪਾਰਟੀ ਦੀਆਂ ਲੋਕ ਹਿਤੂ ਨੀਤੀਆਂ ਤੋਂ ਜਾਣੂ ਕਰਵਾਵਾਂਗਾ। ਇਸ ਮੌਕੇ ਬਲਾਕ ਕਾਂਗਰਸ ਮਜੀਠਾ ਦੇ ਪ੍ਰਧਾਨ ਨਵਤੇਜਪਾਲ ਸਿੰਘ ਸੋਹੀਆਂ ਅਤੇ ਮਜੀਠਾ ਸ਼ਹਿਰੀ ਦੇ ਪ੍ਰਧਾਨ ਤੇ ਕੌਂਸਲਰ ਨਵਦੀਪ ਸਿੰਘ ਸੋਨਾ ਵੀ ਨਾਲ ਸਨ।



# ਬੇਸਿਕ ਕੰਪਿਊਟਰ ਕੋਰਸਾਂ ਦੇ ਦਾਖਲੇ ਸ਼ੁਰੂ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਲੈਫ. ਕਰਨਲ ਸਰਬਜੀਤ ਸਿੰਘ ਸੈਣੀ (ਰਿਟਾ), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, 52 ਕੋਰਟ ਰੋਡ, ਨਜ਼ਦੀਕ ਨਿੱਜਰ ਸਕੈਨ ਸੈਂਟਰ, ਅੰਮ੍ਰਿਤਸਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਦਫਤਰ ਅੰਦਰ ਚੱਲ ਰਹੀ ਸੈਂਟਰ ਵਿੱਚ 120 ਘੰਟੇ ਦਾ ਤਿੰਨ ਮਹੀਨੇ ਦਾ ਬੇਸਕ ਕੰਪਿਊਟਰ ਕੋਰਸ ਕਰਵਾਇਆ ਜਾਂਦਾ ਹੈ, ਜੋ ਕਿ ਹਰ ਸਰਕਾਰੀ ਨੌਕਰੀ ਲਈ ਜ਼ਰੂਰੀ ਹੈ। ਇਸ ਕੋਰਸ ਦਾ ਨਵਾ ਬੈਚ ਸ਼ੁਰੂ ਹੈ। ਇਸ ਸਬੰਧੀ ਚਾਹਵਾਨ ਉਮੀਦਵਾਰ ਇਸ ਕੋਰਸ ਵਿੱਚ ਦਾਖਲਾ ਲੈ ਕੇ ਲਾਭ ਉਠਾ ਸਕਦੇ ਹਨ। ਇਹ ਕੋਰਸ ਬਾਜ਼ਾਰ ਵਿੱਚ ਚੱਲ ਰਹੇ ਕੋਰਸਾਂ ਦੇ ਮੁਕਾਬਲੇ ਬਹੁਤ ਘੱਟ ਫੀਸਾਂ ਤੇ ਚਲਾਇਆ ਜਾਂਦਾ ਹੈ। ਚਾਹਵਾਨ ਉਮੀਦਵਾਰ ਇਸ ਕੋਰਸ ਵਿੱਚ ਦਾਖਲੇ ਲਈ ਦਫਤਰੀ ਸਮੇਂ ਵਿਚ ਆ ਕੇ ਮੇਲ ਮਿਲਾਪ ਕਰ ਸਕਦੇ ਹਨ ਜਾਂ ਦਫਤਰ ਨਾਲ ਫੋਨ ਨੰਬਰ 6284432143 'ਤੇ ਸੰਪਰਕ ਕੀਤਾ ਜਾ ਸਕਦਾ ਹੈ।

# ਸੰਤ ਬਾਬਾ ਚੁੱਗਤ ਸਿੰਘ ਤੇ ਸੰਤ ਬਾਬਾ ਜੋਗਿੰਦਰ ਸਿੰਘ ਦੀ ਯਾਦ 'ਚ 33ਵਾਂ ਫੁੱਟਬਾਲ ਟੂਰਨਾਮੈਂਟ ਕਰਵਾਇਆ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**—ਗੁਰਦੁਆਰਾ ਨਾਗੀਆਨਾ ਸਾਹਿਬ ਪਿੰਡ ਉਦੋਕੇ ਦੇ ਮੁੱਖੀ ਸ੍ਰੀਮਾਨ ਸੰਤ ਬਾਬਾ ਕੰਵਲਜੀਤ ਸਿੰਘ ਆਗਵਾਈ ਹੇਠ ਐਨਆਰਆਈ ਵੀਰਾਂ ਅਤੇ ਇਲਾਕੇ ਨਿਵਾਸੀ ਦੇ ਸਹਿਯੋਗ ਦੇ ਨਾਲ ਸੰਤ ਬਾਬਾ ਚੁੱਗਤ ਸਿੰਘ ਅਤੇ ਸੰਤ ਬਾਬਾ ਜੋਗਿੰਦਰ ਸਿੰਘ ਦੀ ਯਾਦ ਵਿੱਚ 33ਵਾਂ ਫੁੱਟਬਾਲ ਟੂਰਨਾਮੈਂਟ ਕਰਾਇਆ ਗਿਆ ਜਿਸ ਤਕਰੀਬਨ 40 ਟੀਮਾਂ ਨੇ ਭਾਗ ਲਿਆ। ਸੈਮੀਫ਼ਾਈਨਲ ਪਿੰਡ ਚੌਹਾਨ ਅਤੇ ਭਿੰਡਰ ਕਲਾਂ ਟੀਮਾਂ ਦਰਮਿਆਨ ਹੋਇਆ, ਦੂਜਾ ਸੈਮੀਫ਼ਾਈਨਲ ਉਦੋਕੇ ਅਤੇ ਬੱਲਪੁਰੀਆ ਟੀਮਾਂ 'ਚ ਹੋਇਆ।ਭਿੰਡਰ ਕਲਾਂ ਨੇ ਜਿੱਤ ਕੇ ਫਾਈਨਲ ਵਿੱਚ ਭਾਗ ਲਿਆ।ਦੂਜੇ ਸੈਮੀਫ਼ਾਈਨਲ ਵਿੱਚ ਉਦੋਕੇ ਨੇ ਜਿੱਤ ਕੇ ਫਾਈਨਲ ਵਿੱਚ ਭਾਗ ਲਿਆ ਫਾਈਨਲ ਵਿੱਚ ਉਦੋਕੇ ਅਤੇ ਭਿੰਡਰ ਕਲਾਂ ਦੇ ਵਿਚਕਾਰ ਹੋਇਆ ਜਿਸ ਵਿੱਚ ਭਿੰਡਰ ਕਲਾਂ ਦੀ ਟੀਮ ਇੱਕ ਗੋਲ ਨਾਲ ਜੇਤੂ ਰਹੀ ਅਤੇ ਦੂਜਾ ਸਥਾਨ ਉਦੋਕੇ ਦੀ ਟੀਮ ਨੇ ਪ੍ਰਾਪਤ ਕੀਤਾ। ਇਸ ਮੌਕੇ ਸਹਿਜਬੀਰ ਸਿੰਘ, ਹਰਮਨ ਸਿੰਘ ਜਸਵੰਤ ਸਿੰਘ ਵਿੰਡਰ ਟੀਵੀ ਸੈਂਟਰ ਵਾਲੇ, ਚੇਅਰਮੈਨ ਅਮਰਪਾਲ ਸਿੰਘ ਪਾਲੀ, ਕੋਚ ਮਨਜਿੰਦਰ ਸਿੰਘ, ਹਰਜੋਤ ਸਿੰਘ, ਲਾਲਵਿੰਦਰ ਸਿੰਘ ਲਾਲੀ, ਫਤਹਿ ਸਿੰਘ, ਸੈਕਟਰੀ ਸਰਬਜੀਤ ਸਿੰਘ, ਸਰਪੰਚ ਸੰਦੀਪ ਸਿੰਘ, ਸਰਪੰਚ ਹਰਜੀਤ ਸਿੰਘ, ਅਮਰਜੀਤ ਸਿੰਘ, ਗੋਲਡੀ, ਸਾਬਾ, ਗੋਪੀ, ਸਮੂਹ ਐਨਆਰਆਈ, ਪੰਚਾਇਤ ਗਰਾਮ ਉਦੋਕੇ ਅਤੇ ਸਮੂਹ ਇਲਾਕਾ ਨਿਵਾਸੀ ਹਾਜ਼ਰ ਸਨ।

# ਟਰੰਪ ਤੇ ਨੇਤਨਯਾਹੂ ਨੂੰ ਪੋਪ ਈਸਾਈਅਤ ਵਿੱਚੋਂ ਛੇਕਣ : ਖਾਲੜਾ ਮਿਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-** ਖਾਲੜਾ ਮਿਸ਼ਨ ਆਰਗੇਨਾਈਜੇਸ਼ਨ ਤੇ ਮਨੁੱਖੀ ਅਧਿਕਾਰ ਇੰਨਸਾਫ ਸੰਘਰਸ਼ ਕਮੇਟੀ ਦੇ ਆਗੂਆਂ ਐਡਵੋਕੇਟ ਜਗਦੀਪ ਸਿੰਘ ਰੰਧਾਵਾਂ, ਗੁਰਜੀਤ ਸਿੰਘ, ਹਰਮਨਦੀਪ ਸਿੰਘ, ਸਰਹਾਲੀ,ਕਾਬਲ ਸਿੰਘ, ਵਿਰਸਾ ਸਿੰਘ ਬਹਿਲਾ ਤੇ ਬਾਬਾ ਦਰਸ਼ਨ ਸਿੰਘ ਨੇ ਅਮਰੀਕਾ ਇਜ਼ਰਾਈਲ ਦੇ ਮੁਖੀਆਂ ਨੂੰ ਅਪੀਲ ਕੀਤੀ ਕਿ ਉਹ ਧਾਰਮਿਕ ਨਫਰਤਾਂ ਤਹਿਤ ਨਿਰਦੋਸ਼ ਲੋਕਾਈ ਦਾ ਕਤਲੇਆਮ ਬੰਦ ਕਰਨ, ਪ੍ਰਮਾਤਮਾ ਤੋਂ ਡਰਨ, ਸ਼ੁਭ ਅਮਲਾਂ ਦਾ ਰਾਹ ਅਪਣਾਉਣ।ਉਨ੍ਹਾਂ ਕਿਹਾ ਕਿ ਸਾਰੀ ਦੁਨੀਆ ਦੇ ਹਾਕਮਾਂ ਨੂੰ ਕਰਤਾਰਪੁਰ ਸਾਹਿਬ ਦਾ ਸੰਦੇਸ਼ ਸੁਣਨਾ ਚਾਹੀਦਾ ਹੈ, ਸੰਵਾਦ ਰਚਾਉਣਾ ਚਾਹੀਦਾ ਹੈ ਅਤੇ ਸਰਬੱਤ ਦੇ ਭਲੇ ਦਾ ਰਾਹ ਅਪਣਾਉਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਇਸ ਵਕਤ ਹੰਕਾਰ, ਗੁੰਡਾਗਰਦੀ ਤੇ ਅੱਤਵਾਦ ਦਾ ਸਿਖਰ ਹੈ।ਫਲਸਤੀਨ ਅੰਦਰ 60 ਹਜ਼ਾਰ ਲੋਕਾਂ ਦਾ ਕਤਲੇਆਮ ਹੋ ਜਾਂਦਾ ਹੈ ਜਿਸ ਵਿਚ ਬਹੁਤਾਤ ਔਰਤਾਂ ਅਤੇ ਬੱਚੇ ਸ਼ਾਮਿਲ ਹਨ, ਪਰ ਯੂ. ਐੱਨ. ਓ. ਵਰਗੀ ਸੰਸਥਾ ਨੂੰ ਕੋਈ ਪੁੱਛਦਾ ਨਹੀਂ ਹੈ ਅਤੇ ਯੂ. ਐੱਨ. ਸੁਰੱਖਿਆ ਕਮੇਟੀ ਮਾਨਵਤਾ ਦੇ ਕਤਲੇਆਮ ਉਪਰ ਤਮਾਸ਼ਬੀਨ ਬਣ ਜਾਂਦੀ ਹੈ।ਹੈਰਾਨੀ ਦੀ ਗੱਲ ਹੈ ਕਿ ਇਜ਼ਰਾਈਲ ਆਪ ਐਟਮ ਬੰਬ ਰੱਖ ਕੇ ਇਰਾਨ ਨੂੰ ਐਟਮੀ ਸ਼ਕਤੀ ਨਾ ਬਣਨ ਦੇਣ ਲਈ ਘੋਰ ਅਪਰਾਧ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਕੁਝ ਸਮਾਂ ਪਹਿਲਾਂ ਅਮਰੀਕਾ ਨੇ ਇਰਾਕ ਦੇ ਰਾਸ਼ਟਰਪਤੀ ਨੂੰ ਇਹ ਕਹਿ ਕੇ ਫਾਂਸੀ ਚੜ੍ਹਵਾ ਦਿੱਤਾ ਸੀ ਕਿ ਸੱਦਾਮ ਹੁਸੈਨ ਕੋਲ ਰਸਾਇਣਕ ਹਥਿਆਰ ਹਨ ਪਰ ਕੋਈ ਰਸਾਇਣਕ ਹਥਿਆਰ ਨਾ ਲੱਭਾ।ਜਥੇਬੰਦੀਆਂ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਰੱਬ ਦਾ ਸਾਥ ਤਾਂ ਸ਼ੁਭ ਅਮਲਾਂ ਵਾਲਿਆਂ ਦੇ ਨਾਲ ਹੁੰਦਾ ਹੈ, ਪਾਪੀਆਂ ਨਾਲ ਨਹੀਂ।ਅਮਰੀਕਾ ਇਜ਼ਰਾਈਲ ਨੂੰ ਜੰਗ ਬੰਦ ਕਰਕੇ ਈਰਾਨ ਨਾਲ ਸੰਵਾਦ ਰਚਾਉਣਾ ਚਾਹੀਦਾ ਹੈ।ਗਾਜ਼ਾਪੱਟੀ ਵਿੱਚੋ ਇਜ਼ਰਾਈਲੀ ਫੌਜਾਂ ਦੀ ਵਾਪਸੀ ਹੋ ਕੇ ਬੇਗੁਨਾਹ ਲੋਕਾਂ ਦਾ ਕਤਲੇਆਮ ਬੰਦ ਹੋਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੁਨੀਆ ਅੰਦਰ ਚੱਲ ਰਹੇ ਸਾਰੇ ਮਾਡਲ ਝੂਠੇ ਵਿਕਾਸ ਤੇ ਝੂਠੇ ਇਨਸਾਫ ਦੇ ਮਾਡਲ ਹਨ, ਸਾਰੇ ਮਾਡਲ ਮਨੁੱਖਤਾ ਦੀ ਤਬਾਹੀ ਕਰ ਰਹੇ ਹਨ, ਕਰਤਾਰਪੁਰ ਸਾਹਿਬ ਮਾਡਲ ਹੀ ਸਰਬੱਤ ਦੇ ਭਲੇ ਦਾ ਸੰਦੇਸ਼ ਦਿੰਦਾ ਹੈ, ਮਨੁੱਖਤਾ ਮਾਰੂ ਐਟਮ ਬੰਬਾਂ ਦੇ ਵਿਕਾਸ ਨੂੰ ਰੋਕ ਸਕਦਾ ਹੈ, ਸੰਸਾਰ ਦੀ ਮਾਨਵਤਾ ਨੂੰ ਬਚਾ ਸਕਦਾ ਹੈ।ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਅਮਰੀਕਾ ਇਜ਼ਰਾਈਲ ਨੂੰ ਜੰਗ ਬੰਦ ਕਰਨ ਦਾ ਸੰਦੇਸ਼ ਦੇਣ ਚਾਹੀਦਾ ਹੈ ਤੇ ਹਜ਼ਾਰਾਂ ਨਿਰਦੋਸ਼ ਲੋਕਾਂ ਦੇ ਕਤਲੇਆਮ ਬੰਦ ਕਰਨ ਲਈ ਕਹਿਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਤਕੜੇ ਦਾ ਸੱਤੀਂ ਵੀਹੀਂ ਸੌ ਹੋ ਨਿਬੜਿਆ ਹੈ ਅਮਰੀਕਾ, ਰੂਸ, ਚੀਨ ਇਜ਼ਰਾਈਲ ਐਟਮ ਬੰਬ ਬਣਾਉਣ ਤਾਂ ਸਹੀ ਹੈ ਪਰ ਈਰਾਨ ਬਣਾਵੇ ਤਾਂ ਗਲਤ ਹੈ।ਉਨ੍ਹਾਂ ਕਿਹਾ ਕਿ ਜੀ-7 ਦੇਸ਼ ਥੋਕ ਰੂਪ ਵਿੱਚ ਕੁਫਰ ਤੋਲ ਰਹੇ ਹਨ ਅਤੇ ਜ਼ੁਲਮੀ ਰਾਜ ਇਜ਼ਰਾਈਲ ਦਾ ਪੱਖ ਪੂਰ ਰਹੇ ਹਨ।ਇਨ੍ਹਾਂ ਮੁਲਕਾਂ ਨੂੰ ਧਾਰਮਿਕ ਨਫਰਤਾਂ ਦਾ ਰਾਹ ਤਿਆਗ ਕੇ ਸਰਬੱਤ ਦੇ ਭਲੇ ਦੇ ਰਾਹ ਪੈਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਈਸਾਈਆਂ ਦੇ ਧਰਮ ਗੁਰੂ ਪੋਪ ਲੀਓ-ਯੀਡ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਲੋਕਾਈ ਉਪਰ ਜ਼ੁਲਮ ਢਾਹ ਰਹੇ ਟਰੰਪ ਤੇ ਨੇਤਨਯਾਹੂ ਦਾ ਸਮਾਜਿਕ ਬਾਈਕਾਟ ਕਰਨ ਦਾ ਸੱਦਾ ਦੇਣ, ਇਨ੍ਹਾਂ ਨੂੰ ਈਸਾਈਅਤ ਵਿੱਚੋਂ ਛੇਕ ਦੇਣ ਕਿਉਂਕਿ ਇਹ ਮਨੁੱਖਤਾ ਦੇ ਕਾਤਲ ਹਨ ਤੇ ਅੱਤਵਾਦ ਦੀ ਸਿਖਰ ਕਰ ਰਹੇ ਹਨ।



# ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ 18 ਵਿਦਿਆਰਥੀ ਨੀਟ ਦੀ ਪ੍ਰੀਖਿਆ 'ਚ ਪਾਸ



**ਪਠਾਨਕੋਟ (ਦਵਿੰਦਰ ਸਿੰਘ)** ਪ੍ਰਤਾਪ ਵਰਲਡ ਸਕੂਲ ਪਠਾਨਕੋਟ ਲਈ ਇਹ ਬੇਹੱਦ ਮਾਣ ਅਤੇ ਖੁਸ਼ੀ ਦਾ ਪਲ ਹੈ ਕਿਉਂਕਿ ਇਸਦੇ 18 ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ।ਇਹ ਸਫਲਤਾ ਸਕੂਲ ਦੀ ਨਿਰੰਤਰ ਸਿੱਖਿਆਤਮਕ ਮੁਹਾਰਤ ਅਤੇ ਪ੍ਰਤੀਯੋਗੀ ਪ੍ਰੀਖਿਆਵਾਂ ਦੀ ਤਿਆਰੀ ਲਈ ਸਮਰਪਣ ਨੂੰ ਦਰਸਾਉਂਦੀ ਹੈ।ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀ ਵੰਸ਼ਿਕਾ ਕਸ਼ਯਪ, ਲਵ ਡੋਗਰਾ, ਪਰੀਕਸ਼ਿਤ ਸਿੰਘ, ਕਨਿਕਾ ਸ਼ਰਮਾ, ਮੀਨਾ ਕਸ਼ਯਪ, ਪੀਯੂਸ਼ ਸਕੋਲੀਆ, ਰਾਜਵਰਧਨ ਕਟੋਚ, ਰਕਸ਼ਤ ਚੜ੍ਹੱਕ, ਰਵਨੀਤ ਸਿੰਘ, ਸਾਦੀਆ ਹੈਦਰ, ਭਵਿਆਨਸ਼ੂ, ਅਤੀਕ ਅਹਿਮਦ, ਆਰੀਆਨ ਸ਼ਰਮਾ, ਐਸ਼ਵਰਿਆ, ਸਮਾਇਰਾ, ਸਿਧਾਂਤ ਸ਼ਰਮਾ, ਤਸਨੀਮ ਫਾਤਿਮਾ ਅਤੇ ਵੈਸ਼ਨਵੀ ਸਿੰਘ ਨੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ।ਸੰਨੀ ਮਹਾਜਨ ਨਿਰਦੇਸ਼ਕ ਪ੍ਰਤਾਪ ਵਰਲਡ ਸਕੂਲ ਨੇ ਆਪਣੀ ਖੁਸ਼ੀ ਪ੍ਰਗਟ ਕਰਦੇ ਹੋਏ ਕਿਹਾ ਕਿ ਸਾਡੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਸਮਰਪਣ, ਰਣਨੀਤੀ ਅਤੇ ਸਹਿਯੋਗੀ ਮਾਹੌਲ ਨਾਲ ਕੋਈ ਵੀ ਸੁਪਨਾ ਸਾਕਾਰ ਹੋ ਸਕਦਾ ਹੈ। ਸੁਸ਼੍ਰੀਤ ਓਸ਼ਿਨ ਮਹਾਜਨ ਨਿਰਦੇਸ਼ਕ (ਅਰਲੀ ਈਅਰਸ ਐਂਡ ਐਕਾਡੈਮਿਕਸ) ਨੇ ਕਿਹਾ ਕਿ ਇਨ੍ਹਾਂ ਵਿਦਿਆਰਥੀਆਂ ਦੀ ਸਫਲਤਾ ਸਿਰਫ਼ ਇੱਕ ਸ਼ੁਰੂਆਤ ਹੈ।ਇਸ ਮੌਕੇ ਸ਼ੁਭਰਾ ਰਾਣੀ ਪ੍ਰਿੰਸੀਪਲ ਪ੍ਰਤਾਪ ਵਰਲਡ ਸਕੂਲ ਨੇ ਕਿਹਾ ਕਿ ਅਸੀਂ ਆਪਣੇ ਕੁਆਲੀਫਾਇਰਾਂ ਦੀ ਮਿਹਨਤ ਅਤੇ ਦ੍ਰਿੜ੍ਹਤਾ ਨੂੰ ਸਲਾਮ ਕਰਦੇ ਹਾਂ।

19-June-PAGE-4.qxd 6/18/2025 11:12 PM Page 1

ਨਵਾਂ ਜ਼ਮਾਨਾ
ਵੀਰਵਾਰ, 19 ਜੂਨ 2025

## ਫਲਸਤੀਨੀਆਂ ਨਾਲ ਯਕਜਹਿਤੀ

ਖੱਬੀਆਂ ਪਾਰਟੀਆਂ ਨੇ 17 ਜੂਨ ਨੂੰ ਫਲਸਤੀਨੀਆਂ ਨਾਲ ਯਕਜਹਿਤੀ ਦਿਵਸ ਮਨਾਉਂਦਿਆਂ ਮਨੁੱਖਤਾ ਦੀ ਰਾਖੀ ਤੇ ਸੰਸਾਰ ਅਮਨ ਦਾ ਸੱਦਾ ਦਿੱਤਾ। ਸਾਮਰਾਜੀਆਂ ਵੱਲੋਂ ਬਣਾਏ ਗਏ ਜੰਗੀ ਮਾਹੌਲ ਦੇ ਪਰਿਪੇਖ ਵਿੱਚ ਇਹ ਬਹੁਤ ਜ਼ਰੂਰੀ ਸੀ। ਇਨ੍ਹਾਂ ਪਾਰਟੀਆਂ ਦੇ ਆਗੂਆਂ ਤੇ ਕਾਰਕੁਨਾਂ ਨੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਪ੍ਰਦਰਸ਼ਨ ਕਰਕੇ ਰਾਸ਼ਟਰਪਤੀ ਦੇ ਨਾਂਅ ਮੈਮੋਰੰਡਮ ਭਿਜਵਾਏ। ਪ੍ਰਦਰਸ਼ਨ ਦੌਰਾਨ ਆਗੂਆਂ ਨੇ ਕਿਹਾ ਕਿ ਪਿਛਲੇ ਵੀਹ ਤੋਂ ਵੱਧ ਮਹੀਨਿਆਂ ਤੋਂ ਇਜ਼ਰਾਈਲ ਦੀ ਬੇਰਹਿਮ ਬੰਬਾਰੀ ਤੇ ਫੌਜੀ ਹਮਲਿਆਂ ਨੇ 55 ਹਜ਼ਾਰ ਤੋਂ ਵੱਧ ਫਲਸਤੀਨੀਆਂ ਦੀ ਜਾਨ ਲੈ ਲਈ ਹੈ, ਜਿਨ੍ਹਾਂ ਵਿੱਚੋਂ ਬਹੁਤੀਆਂ ਮਹਿਲਾਵਾਂ ਤੇ ਬੱਚੇ ਹਨ। ਗਾਜ਼ਾ ਦੇ ਜ਼ਰੂਰੀ ਬੁਨਿਆਦੀ ਢਾਂਚਿਆਂ, ਹਸਪਤਾਲਾਂ, ਸਕੂਲਾਂ ਤੇ ਸ਼ਰਨਾਰਥੀ ਕੈਂਪਾਂ ਨੂੰ ਗਿਣ-ਮਿਥ ਕੇ ਨਿਸ਼ਾਨਾ ਬਣਾਇਆ ਜਾ ਰਿਹਾ ਹੈ। ਇਹ ਇੱਕ ਕਤਲੇਆਮ ਹੈ। ਇਜ਼ਰਾਈਲ ਦਾ ਸਭ ਤੋਂ ਅਣਮਨੁੱਖੀ ਰੂਪ ਉਸ ਵੱਲੋਂ ਗਾਜ਼ਾ ਵਿੱਚ ਰਾਹਤ ਸਮੱਗਰੀ ਦਾ ਦਾਖਲਾ ਰੋਕਣਾ ਹੈ। ਅਮਰੀਕਾ ਤੇ ਉਸ ਦੇ ਕੁਝ ਸਹਿਯੋਗੀ ਦੇਸ਼ ਇਜ਼ਰਾਈਲ ਨੂੰ ਰੋਕਣ ਦੀ ਥਾਂ ਉਸ ਨੂੰ ਹੱਲਾਸ਼ੇਰੀ ਦੇ ਰਹੇ ਹਨ। ਇਸ ਤੋਂ ਵੀ ਵੱਧ ਕੇ ਚਿੰਤਾ ਵਾਲੀ ਗੱਲ ਇਹ ਹੈ ਕਿ ਭਾਰਤ ਸਰਕਾਰ ਨੇ ਬੀਤੇ ਵਾਂਗ ਫਲਸਤੀਨੀਆਂ ਨਾਲ ਖੜ੍ਹੇ ਹੋਣ ਦੀ ਥਾਂ ਹਮਲਾਵਰ ਇਜ਼ਰਾਈਲ ਪ੍ਰਤੀ ਲਗਾਤਾਰ ਚੁੱਪੀ ਤੇ ਤੁਸ਼ਟੀਕਰਨ ਦਾ ਰੁਖ਼ ਅਪਣਾਇਆ ਹੋਇਆ ਹੈ। ਇਹ ਭਾਰਤ ਦੀ ਉਸ ਲੰਮੇ ਸਮੇਂ ਤੋਂ ਚੱਲੀ ਆਈ ਵਿਦੇਸ਼ ਨੀਤੀ ਵਿੱਚ ਇੱਕ ਸ਼ਰਮਨਾਕ ਭਟਕਾਅ ਹੈ, ਜਿਹੜੀ ਬਸਤੀਵਾਦ ਵਿਰੋਧੀ ਇੱਕਜੁਟਤਾ ਤੇ ਕੌਮੀ ਮੁਕਤੀ ਅੰਦੋਲਨਾਂ ਦੀ ਹਮਾਇਤ ਉੱਤੇ ਅਧਾਰਤ ਰਹੀ ਹੈ।

ਭਾਰਤ ਦੇ ਲੋਕ ਹਮੇਸ਼ਾ ਹਮਲਿਆਂ ਦਾ ਸ਼ਿਕਾਰ ਹੋਣ ਵਾਲਿਆਂ ਨਾਲ ਖੜ੍ਹੇ ਹਨ, ਪਰ ਜਦੋਂ ਦੀ ਮੋਦੀ ਸਰਕਾਰ ਆਈ ਹੈ, ਉਸ ਨੇ ਇਜ਼ਰਾਈਲ ਨਾਲ ਦੋਸਤੀ ਪਾ ਕੇ ਉਨ੍ਹਾਂ ਸਾਰੇ ਦੇਸ਼ਾਂ ਨੂੰ ਵਿਸਾਰ ਦਿੱਤਾ ਹੈ, ਜਿਨ੍ਹਾਂ ਨੂੰ ਭਾਰਤ ਤੋਂ ਵੱਡੀਆਂ ਆਸਾਂ ਹੁੰਦੀਆਂ ਸਨ। ਇਸ ਤੋਂ ਵੱਡੀ ਤ੍ਰਾਸਦੀ ਕੀ ਹੋ ਸਕਦੀ ਹੈ ਕਿ ਪਿਛਲੇ ਦਿਨੀਂ ਸੰਯੁਕਤ ਰਾਸ਼ਟਰ ਵਿੱਚ ਇਜ਼ਰਾਈਲ ਤੇ ਹਮਾਸ ਵਿਚਾਲੇ ਜੰਗਬੰਦੀ ਦੇ ਮਤੇ ਦੇ ਹੱਕ ਵਿੱਚ ਭਾਰਤ ਨੇ ਵੋਟ ਨਹੀਂ ਪਾਈ। ਇਸ ਤਰ੍ਹਾਂ ਉਸ ਨੇ ਇਜ਼ਰਾਈਲ ਤੇ ਅਮਰੀਕਾ ਦਾ ਹੀ ਸਾਥ ਦਿੱਤਾ। ਵੋਟ ਨਾ ਪਾਉਣ ਵਾਲੇ ਸਿਰਫ 8 ਦੇਸ਼ ਸਨ, ਜਦਕਿ 14 ਦੇਸ਼ਾਂ ਨੇ ਵਿਰੋਧ ਕੀਤਾ, ਪਰ 149 ਦੇਸ਼ਾਂ ਨੇ ਜੰਗਬੰਦੀ ਦੀ ਹਮਾਇਤ ਕੀਤੀ। ਮੋਦੀ ਸਰਕਾਰ ਦੇ ਇਸ ਸਟੈਂਡ ਤੋਂ ਸਾਫ ਹੈ ਕਿ ਖਿੱਤੇ ਵਿੱਚ ਅਮਰੀਕਾ ਦੀ ਚੌਧਰ ਨੂੰ ਭਾਰਤ ਦੀ ਹਰੀ ਝੰਡੀ ਹੈ। ਗਾਜ਼ਾ 'ਚ ਇਜ਼ਰਾਈਲੀ ਕਤਲੇਆਮ ਤੇ ਈਰਾਨ 'ਤੇ ਹਮਲੇ ਨਾਲ ਵਿਸ਼ਵ ਯੁੱਧ ਵੱਲ ਜਾ ਰਹੇ ਹਾਲਾਤ ਵਿੱਚ ਭਾਰਤ ਦੀ ਹੁਣ ਤੱਕ ਦੀ ਭੂਮਿਕਾ ਨਾ ਸਿਰਫ ਘੋਰ ਨਿੰਦਣਯੋਗ ਹੈ, ਸਗੋਂ ਦੇਸ਼ ਦੇ ਭਵਿੱਖ ਲਈ ਵੀ ਬਹੁਤ ਨੁਕਸਾਨਦੇਹ ਹੋਣ ਵਾਲੀ ਹੈ। ਦੇਸ਼ ਦੇ ਲੋਕ ਤਾਂ ਫਲਸਤੀਨ ਤੇ ਈਰਾਨ ਨਾਲ ਹਨ, ਕਿਉਂਕਿ ਦੋਨੋਂ ਹਮੇਸ਼ਾ ਸਾਡੇ ਸ਼ੁੱਭਚਿੰਤਕ ਰਹੇ ਹਨ, ਪਰ ਸਰਕਾਰ ਦਾ ਰਵੱਈਆ ਬਦਲ ਗਿਆ ਹੈ। ਸਰਕਾਰ ਨੂੰ ਸਿੱਧੇ ਰਾਹ ਲਿਆਉਣ ਲਈ ਲੋਕਾਂ ਨੂੰ ਧਰਨਿਆਂ-ਮੁਜ਼ਾਹਰਿਆਂ ਰਾਹੀਂ ਦਬਾਅ ਬਰਕਰਾਰ ਰੱਖਣਾ ਪੈਣਾ ਹੈ।

### ਵਾਈ-ਫਾਈ ਦੀ ਫਾਹੀ !

ਬੰਦਾ ਹੋਇਆ ਗੁਲਾਮ ਮਸ਼ੀਨਰੀ ਦਾ,
ਤਦੇ ਬੀ ਪੀ ਤੇ ਸ਼ੂਗਰ ਨੇ ਗ੍ਰੱਸਿਆ ਏ।
ਦਿੱਤੇ ਸੁਖ ਵਿਗਿਆਨ ਨੇ ਬਹੁਤ ਭਾਵੇਂ,
ਸਬਰ ਸਹਿਜ ਵੀ ਮਨਾਂ 'ਚੋਂ ਨੱਸਿਆ ਏ।
ਹਰ ਕੋਈ ਆਪਣੇ ਆਪ 'ਚ ਮਸਤ ਹੋ ਕੇ,
ਨਿੱਜ-ਵਾਦ ਦੇ 'ਨਾਗ' ਦਾ 'ਡੱਸਿਆ' ਏ।
ਦਿਸੇ ਸਾਫ਼ ਖਿਚਾਅ ਹੁਣ ਚਿਹਰਿਆਂ 'ਤੇ,
ਤਬਲਾ ਜਿਉਂ ਵਜਾਉਣ ਲਈ ਕੱਸਿਆ ਏ।
ਟੱਚ-ਫੋਨ ਨੇ ਗਲੀਆਂ ਵਿੱਚ ਸੁੰਨ ਪਾਈ,
ਛੋਟਾ-ਬੜਾ ਸਭ ਅੰਦਰ ਜਾ ਵੱਸਿਆ ਏ।
ਸੁਣਦਾ ਮਾਹੀ ਨਾ 'ਵਾਈਫ' ਦੀ ਗੱਲ ਦੇਖੋ,
'ਵਾਈ-ਫਾਈ' ਦੀ ਫਾਹੀ ਵਿੱਚ ਫਸਿਆ ਏ।

-ਤਰਲੋਚਨ ਸਿੰਘ ਦੁਪਾਲਪੁਰ, 78146-92724

# ਮੋਦੀ ਦੀ ਆਰਥਿਕਤਾ ਨੂੰ ਬੇਨਕਾਬ ਕਰਦੇ ਅੰਕੜੇ

ਡੀ ਰਾਜਾ ਜਨਰਲ ਸਕੱਤਰ ਸੀ ਪੀ ਆਈ
ਅਨੁ. : ਐਮ ਐੱਸ ਭਾਟੀਆ

ਭਾਰਤ ਨੂੰ ਵਿਸਵ ਪੱਧਰ 'ਤੇ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥ ਵਿਵਸਥਾ ਵਜੋਂ ਪੇਸ ਕੀਤਾ ਜਾ ਰਿਹਾ ਹੈ। ਲਗਭਗ 3.9 ਟ੍ਰਿਲੀਅਨ ਡਾਲਰ ਦੇ ਮਾਮੂਲੀ ਕੁੱਲ ਘਰੇਲੂ ਉਤਪਾਦਨ (ਜੀ ਡੀ ਪੀ) ਦੇ ਨਾਲ ਸਰਕਾਰ ਦਾਅਵਾ ਕਰਦੀ ਹੈ ਕਿ ਇਸ ਨੇ ਇੱਕ ਆਰਥਿਕ ਚਮਤਕਾਰ ਕੀਤਾ ਹੈ। ਪ੍ਰਧਾਨ ਮੰਤਰੀ ਹਰ ਪੜਾਅ ਤੋਂ ਆਪਣੀ ਨਿਗਰਾਨੀ ਹੇਠ ਭਾਰਤ ਦੇ ਉਭਾਰ ਬਾਰੇ ਗਰਜਦੇ ਹਨ ਅਤੇ ਗੋਦੀ ਮੀਡੀਆ ਇਸ ਨੂੰ ਵਧਾ-ਚੜ੍ਹਾ ਕੇ ਪੇਸ਼ ਕਰਦੇ ਹੋਏ ਨਹੀਂ ਥੱਕਦਾ। ਇਸ ਜਸ਼ਨ ਦੇ ਦਿਖਾਵੇ ਦੇ ਪਿੱਛੇ ਇੱਕ ਨਾ ਝੁਠਲਾਈ ਜਾਣ ਵਾਲੀ ਹਕੀਕਤ ਹੈ। ਇਹ ਇੱਕ ਅਜਿਹੇ ਵਿਕਾਸ ਦੀ ਕਹਾਣੀ ਹੈ, ਜੋ ਉਚ ਵਰਗ ਦੁਆਰਾ ਅਤੇ ਉਨ੍ਹਾਂ ਲਈ ਲਿਖੀ ਗਈ ਹੈ, ਜਦੋਂ ਕਿ ਬਹੁਗਿਣਤੀ ਭਾਰਤੀ ਭੁੱਖਮਰੀ, ਬੇਰੁਜਗਾਰੀ ਅਤੇ ਡੂੰਘੀ ਗਰੀਬੀ ਤੋਂ ਪੀੜਤ ਹਨ।

ਸਰਕਾਰੀ ਜੀ ਡੀ ਪੀ ਅੰਕੜੇ, ਜੋ ਦੱਸਦੇ ਹਨ, ਉਸ ਤੋਂ ਕਿਤੇ ਜ਼ਿਆਦਾ ਲੁਕਾਉਂਦੇ ਹਨ। ਭਾਰਤ ਦੀ ਪ੍ਰਤੀ ਵਿਅਕਤੀ ਆਮਦਨ ਅੱਜ 2,800 ਡਾਲਰ ਜਾਂ 2.33 ਲੱਖ ਰੁਪਏ ਪ੍ਰਤੀ ਵਿਅਕਤੀ ਸਾਲਾਨਾ ਹੈ। ਇਸ ਦੀ ਤੁਲਨਾ ਵੀਅਤਨਾਮ ਦੇ 4,300 ਡਾਲਰ ਅਤੇ ਚੀਨ ਦੇ 12,500 ਡਾਲਰ ਨਾਲ ਕਰੋ। ਰੁਪਏ ਦੇ ਰੂਪ ਵਿੱਚ, ਇਹ ਕ੍ਰਮਵਾਰ 3.57 ਲੱਖ ਰੁਪਏ ਅਤੇ 10.38 ਲੱਖ ਰੁਪਏ ਪ੍ਰਤੀ ਵਿਅਕਤੀ ਹੈ। ਇੱਕ ਵਿਸ਼ਵਵਿਆਪੀ ਆਰਥਿਕ ਨੇਤਾ ਹੋਣਾ ਤਾਂ ਬਹੁਤ ਦੂਰ ਦੀ ਗੱਲ ਹੈ, ਜਦੋਂ ਕਿ ਭਾਰਤ ਉਨ੍ਹਾਂ ਦੇਸਾਂ ਤੋਂ ਵੀ ਪਿੱਛੇ ਹੈ, ਜੋ ਕਦੇ ਇਸ ਦੇ ਸਾਥੀ ਮੰਨੇ ਜਾਂਦੇ ਸਨ ਜਾਂ ਇਸ ਤੋਂ ਵੀ ਪਿੱਛੇ ਸਨ।

ਇਸ ਤੋਂ ਵੀ ਮਾੜੀ ਗੱਲ ਇਹ ਹੈ ਕਿ 2.33 ਲੱਖ ਰੁਪਏ ਦਾ ਇਹ ਅੰਕੜਾ ਆਪਣੇ ਆਪ ਵਿੱਚ ਇੱਕ ਭੁਲੇਖਾ ਹੈ। ਭਾਰਤੀਆਂ ਦੇ ਸਿਖਰਲਿਆਂ 1 ਫੀਸਦੀ ਕੋਲ ਦੇਸ ਦੀ 40 ਫੀਸਦੀ ਦੌਲਤ ਹੈ। ਉਹ ਕਾਰਪੋਰੇਟ ਘਰਾਣੇ ਅਤੇ ਵੱਡੇ ਵਪਾਰਕ ਘਰਾਣੇ ਹਨ, ਜਿਨ੍ਹਾਂ ਦੀ ਮਲਕੀਅਤ ਅਡਾਨੀ ਅਤੇ ਅੰਬਾਨੀ ਵਰਗੇ ਲੋਕਾਂ ਦੀ ਹੈ। ਜੇਕਰ ਅਸੀਂ ਇਸ 1 ਫੀਸਦੀ ਦੀ ਦੌਲਤ ਨੂੰ ਬਾਹਰ ਕੱਢ ਦੇਈਏ, ਤਾਂ ਭਾਰਤ ਦੇ ਬਾਕੀ 140 ਕਰੋੜ ਲੋਕਾਂ ਲਈ ਉਪਲੱਬਧ ਬਾਕੀ ਜੀ ਡੀ ਪੀ ਬਹੁਤ ਜ਼ਿਆਦਾ ਘੱਟ ਜਾਂਦੀ ਹੈ। ਜੋ ਬਚਦਾ ਹੈ, ਉਹ ਲਗਭਗ 115 ਲੱਖ ਕਰੋੜ ਰੁਪਏ ਹੈ, ਜਿਸ ਨਾਲ ਪ੍ਰਤੀ ਵਿਅਕਤੀ ਆਮਦਨ ਸਿਰਫ 82,000 ਰੁਪਏ ਪ੍ਰਤੀ ਸਾਲ, ਜਾਂ ਲਗਭਗ 6,800 ਰੁਪਏ ਪ੍ਰਤੀ ਮਹੀਨਾ ਬਣਦੀ ਹੈ। ਜੇਕਰ ਅਸੀਂ ਹੋਰ ਅੱਗੇ ਵਧੀਏ ਅਤੇ ਉੱਪਰਲੇ 5 ਫੀਸਦੀ ਦੁਆਰਾ ਨਿਯੰਤਰਿਤ 62 ਫੀਸਦੀ ਨੂੰ ਹਟਾ ਦੇਈਏ, ਤਾਂ ਦੇਸ਼ ਦੇ ਬਾਕੀ ਹਿੱਸੇ ਕੋਲ 89 ਲੱਖ ਕਰੋੜ ਰੁਪਏ ਬਚਦੇ ਹਨ, ਜਿਸ ਦੇ ਨਤੀਜੇ ਵਜੋਂ ਪ੍ਰਤੀ ਵਿਅਕਤੀ ਆਮਦਨ ਸਿਰਫ 67,000 ਰੁਪਏ ਪ੍ਰਤੀ ਸਾਲ ਹੈ, ਯਾਨੀ ਕਿ 5,600 ਰੁਪਏ ਪ੍ਰਤੀ ਮਹੀਨਾ ਤੋਂ ਵੀ ਘੱਟ। ਜ਼ਿਆਦਾਤਰ ਭਾਰਤੀ ਇਸੇ ਵਿੱਚ ਗੁਜਾਰਾ ਕਰਦੇ ਹਨ। ਇਸ ਨੂੰ ਲੋਕਾਂ ਦੀ ਆਰਥਿਕਤਾ ਨਹੀਂ ਕਿਹਾ ਜਾ ਸਕਦਾ ਹੈ। ਇਹ ਆਰਥਿਕਤਾ ਤਾਂ ਸਿਰਫ ਮੁਨਾਫੇ ਅਤੇ ਪ੍ਰਚਾਰ ਲਈ ਹੀ ਹੈ।

ਇੱਕ ਅਜਿਹੇ ਦੇਸ਼ ਵਿੱਚ ਜਿੱਥੇ 80 ਕਰੋੜ ਲੋਕ ਆਪਣੇ ਰੋਜ਼ਾਨਾ ਜੀਵਨ ਲਈ ਮੁਫਤ ਰਾਸ਼ਨ ਸਕੀਮਾਂ 'ਤੇ ਨਿਰਭਰ ਕਰਦੇ ਹਨ, ਉੱਥੇ ਵਿਸ਼ਵ ਪੱਧਰ 'ਤੇ ਜੀ ਡੀ ਪੀ ਰੈਂਕਿੰਗ ਦਾ ਜਸ਼ਨ ਮਨਾਉਣਾ ਇੱਕ ਘਿਣਾਉਣਾ ਮਜ਼ਾਕ ਹੀ ਕਿਹਾ ਜਾ ਸਕਦਾ ਹੈ। ਉਹੀ ਸਰਕਾਰ ਜੋ ਇੱਕੋ ਸਮੇਂ ਆਰਥਿਕ ਤਾਕਤ ਹੋਣ ਦਾ ਮਾਣ ਕਰਦੀ ਹੈ, ਬੇਸ਼ਰਮੀ ਨਾਲ ਮੁਫਤ ਰਾਸ਼ਨ ਵੰਡਣ ਦਾ ਸਿਹਰਾ ਕਿਵੇਂ ਲੈ ਸਕਦੀ ਹੈ? ਜੇਕਰ ਜੀ ਡੀ ਪੀ ਵਾਧਾ ਅਸਲ ਹੈ, ਤਾਂ ਮੁਫਤ ਰਾਸ਼ਨ ਲਈ ਕੌਣ ਲਾਈਨ ਵਿੱਚ ਖੜ੍ਹਾ ਹੈ ਜਾਂ ਤਾਂ ਦੇਸ਼ ਚਮਕ ਰਿਹਾ ਹੈ ਜਾਂ ਇਹ ਭੁੱਖਮਰੀ ਦਾ ਸ਼ਿਕਾਰ ਹੈ। ਇਹ ਦੋਵੇਂ ਨਹੀਂ ਹੋ ਸਕਦੇ। ਜਦੋਂ ਇਨ੍ਹਾਂ ਵਿਰੋਧਾਭਾਸਾਂ ਵੱਲ ਇਸ਼ਾਰਾ ਕੀਤਾ ਜਾਂਦਾ ਹੈ, ਤਾਂ ਸਵਾਲ ਪੁੱਛਣ ਵਾਲਿਆਂ ਨੂੰ ਰਾਸ਼ਟਰ ਵਿਰੋਧੀ ਗਰਦਾਨਿਆ ਜਾਂਦਾ ਹੈ। ਦੌਲਤ ਦੇ ਸਾਹਮਣੇ ਭੁੱਖ 'ਤੇ ਸਵਾਲ ਉਠਾਉਣਾ ਜਾਂ ਭੁੱਖ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਨਾ? ਇਸ ਤੋਂ ਵੱਧ ਹੋਰ ਕੀ ਰਾਸ਼ਟਰ ਵਿਰੋਧੀ ਹੋ ਸਕਦਾ ਹੈ। ਕੀ ਬਿਹਾਰ ਵਿੱਚ ਇੱਕ ਕੁਪੋਸ਼ਿਤ ਬੱਚਾ ਜਾਂ ਮੱਧ ਪ੍ਰਦੇਸ਼ ਦਾ ਇੱਕ ਬੇਰੁਜ਼ਗਾਰ ਗ੍ਰੈਜੂਏਟ ਜੀ ਡੀ ਪੀ ਦੇ ਅੰਕੜਿਆਂ ਨੂੰ ਖਾ ਕੇ ਭੁੱਖ ਮਿਟਾ ਸਕਦਾ ਹੈ? ਕੀ ਮਹਾਰਾਸ਼ਟਰ ਵਿੱਚ ਉੱਚ ਲਾਗਤਾਂ ਨਾਲ ਬਰਬਾਦ ਹੋਇਆ ਕਿਸਾਨ ਸੋਸ਼ਲ ਮੀਡੀਆ ਦੇ ਜਨੂੰਨ ਨਾਲ ਆਪਣੇ ਪਰਵਾਰ ਦਾ ਪੇਟ ਪਾਲ ਸਕਦਾ ਹੈ?

ਘੱਟ ਆਮਦਨ ਤੋਂ ਇਲਾਵਾ ਭਾਰਤ ਦੇ ਸਮਾਜਿਕ ਅਤੇ ਮਨੁੱਖੀ ਵਿਕਾਸ ਦੇ ਸੂਚਕ ਅੰਕ ਇੱਕ ਵੱਡੇ ਸੰਕਟ ਦਾ ਖੁਲਾਸਾ ਕਰਦੇ ਹਨ। ਦੇਸ਼ ਮਨੁੱਖੀ ਵਿਕਾਸ ਸੂਚਕ ਅੰਕ ਵਿੱਚ 134ਵੇਂ ਸਥਾਨ 'ਤੇ ਹੈ, ਜੋ ਸ੍ਰੀਲੰਕਾ ਅਤੇ ਵੀਅਤਨਾਮ ਵਰਗੇ ਵਿਕਾਸਸੀਲ ਅਰਥਚਾਰਿਆਂ ਤੋਂ ਬਹੁਤ ਪਿੱਛੇ ਹੈ। ਗਲੋਬਲ ਹੰਗਰ ਇੰਡੈਕਸ ਵਿੱਚ ਇਹ 125 ਵਿੱਚੋਂ 111ਵੇਂ ਸਥਾਨ 'ਤੇ ਹੈ। ਪੈਂਤੀ ਪ੍ਰਤੀਸ਼ਤ ਭਾਰਤੀ ਬੱਚੇ ਕੁਪੋਸ਼ਨ ਦਾ ਸ਼ਿਕਾਰ ਹਨ। 23 ਕਰੋੜ ਤੋਂ ਵੱਧ ਲੋਕ ਅਜੇ ਵੀ ਬਹੁ-ਆਯਾਮੀ ਗਰੀਬੀ ਵਿੱਚ ਰਹਿੰਦੇ ਹਨ। ਔਰਤਾਂ ਦੀ ਕਿਰਤ ਵਿਚ ਭਾਗੀਦਾਰੀ ਦੁਨੀਆ ਵਿੱਚ ਸਭ ਤੋਂ ਘੱਟ ਹੈ। ਵਿਸ਼ਵ ਪੱਧਰ 'ਤੇ ਔਰਤ ਅਤੇ ਮਰਦ ਦੇ ਲਿੰਗ ਅਨੁਪਾਤ ਸੂਚਕ ਅੰਕ ਵਿੱਚ ਭਾਰਤ 146 ਵਿੱਚੋਂ 127ਵੇਂ ਸਥਾਨ 'ਤੇ ਹੈ। ਲਗਭਗ ਹਰ ਸੂਚਕ ਅੰਕ 'ਤੇ ਜੋ ਅਸਲ ਲੋਕਾਂ ਦੇ ਜੀਵਨ ਨੂੰ ਛੂੰਹਦਾ ਹੈ, ਸਿੱਖਿਆ, ਪੋਸ਼ਣ, ਸਿਹਤ, ਭੋਜਨ, ਰਿਹਾਇਸ਼ ਸਮਾਨਤਾ 'ਚ ਭਾਰਤ ਦਾ ਪ੍ਰਦਰਸ਼ਨ ਬਹੁਤ ਨਿਰਾਸ਼ਾਜਨਕ ਹੈ। ਕੀ ਇਹੀ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥ ਵਿਵਸਥਾ ਦਾ ਅਸਲੀ ਚਿਹਰਾ ਹੈ?

ਜਿਸ ਆਧਾਰ 'ਤੇ ਇਹਨਾਂ ਦਰਜਾਬੰਦੀਆਂ ਦਾ ਜਸ਼ਨ ਮਨਾਇਆ ਜਾਂਦਾ ਹੈ, ਉਹ ਆਧਾਰ ਹੀ ਸ਼ੱਕ ਦੇ ਘੇਰੇ ਵਿੱਚ ਹਨ। 3.9 ਟ੍ਰਿਲੀਅਨ ਡਾਲਰ ਦਾ ਅੰਕੜਾ ਮੌਜੂਦਾ ਅਮਰੀਕੀ ਡਾਲਰ ਦੇ ਰੂਪ ਵਿੱਚ ਨਾਮਾਤਰ ਜੀ ਡੀ ਪੀ ਦੇ ਆਧਾਰ 'ਤੇ ਗਿਣਿਆ ਜਾਂਦਾ ਹੈ, ਜੋ ਕਿ ਐਕਸਚੇਂਜ ਦਰਾਂ 'ਤੇ ਬਹੁਤ ਜ਼ਿਆਦਾ ਨਿਰਭਰ ਕਰਦਾ ਹੈ। ਭਾਰਤੀ ਰੁਪਿਆ ਹੁਣ ਡਾਲਰ ਦੇ ਮੁਕਾਬਲੇ 83 ਰੁਪਏ ਦੇ ਆਸ-ਪਾਸ ਘੁੰਮ ਰਿਹਾ ਹੈ, ਜੋ ਇੱਕ ਬੇਮਿਸਾਲ ਨੀਵਾਂਣ 'ਤੇ ਹੈ। ਜਦੋਂ ਰੁਪਿਆ ਹੋਰ ਕਮਜ਼ੋਰ ਹੁੰਦਾ ਹੈ ਤਾਂ ਕੀ ਹੁੰਦਾ ਹੈ? ਜੇਕਰ ਡਾਲਰ ਦੀ ਕੀਮਤ 90 ਰੁਪਏ ਤੱਕ ਵਧ ਜਾਂਦੀ ਹੈ, ਤਾਂ ਡਾਲਰ ਦੇ ਰੂਪ ਵਿੱਚ ਭਾਰਤ ਦੀ ਅਰਥ ਵਿਵਸਥਾ ਦਾ ਆਕਾਰ ਸੁੰਗੜ ਜਾਵੇਗਾ। ਇਹ ਬਹੁਤ ਸੌਖਾ ਹੈ। ਕੀ ਇਹ ਆਰਥਿਕ ਤਾਕਤ ਹੈ ਜਾਂ ਅੰਕੜਿਆਂ ਦੀ ਚਲਾਕੀ?* ਉਹੀ ਪ੍ਰਧਾਨ ਮੰਤਰੀ ਜਿਸ ਨੇ ਕਦੇ ਰੁਪਏ ਦੇ ਮੁੱਲ ਨੂੰ ਰਾਸ਼ਟਰੀ ਸਨਮਾਨ ਦਾ ਮਾਮਲਾ ਕਿਹਾ ਸੀ, ਅੱਜ ਚੁੱਪ ਹਨ, ਕਿਉਂਕਿ ਇਹ ਸਾਲ ਦਰ ਸਾਲ ਹੇਠਾਂ ਨੂੰ ਜਾ ਰਿਹਾ ਹੈ। ਚੜ੍ਹਾਈ ਦਾ ਭਰਮ ਬਣਾਉਣ ਲਈ ਵਰਤਿਆ ਜਾਣ ਵਾਲਾ ਜੀ ਡੀ ਪੀ ਨੰਬਰ ਨਾਜ਼ੁਕ, ਉਲਟਾ ਅਤੇ ਗੈਰ-ਪ੍ਰਤੀਨਿਧ ਹੈ। ਭਾਰਤ ਦੀ ਅਰਥਵਿਵਸਥਾ ਅਮੀਰ ਨਹੀਂ ਹੋਈ ਹੈ, ਇਸ ਦੀ ਮੁਦਰਾ ਸਸਤੀ ਹੋ ਗਈ ਹੈ।

ਇਹ ਧੋਖਾ ਇੱਕ ਮਕਸਦ ਪੂਰਾ ਕਰਦਾ ਹੈ, ਕਿਉਂਕਿ ਇਹ ਸਰਕਾਰ ਦੀਆਂ ਅਸਫਲਤਾਵਾਂ ਨੂੰ ਛੁਪਾਉਂਦਾ ਹੈ। ਇਹ ਭਾਜਪਾ ਨੂੰ ਸੁਰਖੀਆਂ ਵਿੱਚ ਰੱਖਦਾ ਹੈ। ਅਸਲੀਅਤ ਨਾ ਹੋਣ ਦੇ ਬਾਵਜੂਦ ਇਹ ਭਾਜਪਾ ਲਈ ਜਿੱਤ ਦਾ ਭੁਲੇਖਾ ਸਿਰਜਦਾ ਹੈ। ਇਹ ਕੋਈ ਇਤਫਾਕ ਨਹੀਂ ਕਿ ਜੀ ਡੀ ਪੀ ਦਾ ਜਸ਼ਨ ਅਜਿਹੇ ਸਮੇਂ ਮਨਾਇਆ ਜਾਂਦਾ ਹੈ, ਜਦੋਂ ਕਿ ਭਾਰਤ ਦੀ ਪੇਂਡੂ ਅਰਥ ਵਿਵਸਥਾ ਖੇਰੂੰ-ਖੇਰੂੰ ਹੋ ਰਹੀ ਹੈ, ਬੇਰੁਜ਼ਗਾਰੀ ਆਮ ਹੈ ਅਤੇ ਮਹਿੰਗਾਈ ਗਰੀਬਾਂ ਨੂੰ ਲਗਾਤਾਰ ਸੱਟ ਮਾਰ ਰਹੀ ਹੈ।

ਸੱਚਾਈ ਇਹ ਹੈ ਕਿ ਇਹ ਸਮਾਵੇਸ਼ੀ ਵਿਕਾਸ ਨਹੀਂ ਹੈ, ਸਗੋਂ ਕੁਝ ਧਨਾਢਾਂ ਕੋਲ ਹੀ ਦੌਲਤ ਦਾ ਇਕੱਠਾ ਹੋਣਾ ਹੈ। ਇਸ ਨੂੰ ਨੀਤੀ ਦੁਆਰਾ ਸਹਾਇਤਾ ਪ੍ਰਾਪਤ ਹੈ, ਪ੍ਰਚਾਰ ਦੁਆਰਾ ਸੁਰੱਖਿਅਤ ਕੀਤਾ ਗਿਆ ਹੈ ਅਤੇ ਮੀਡੀਆ ਤਮਾਸ਼ੇ ਦੁਆਰਾ ਚਮਕਾਇਆ ਗਿਆ ਹੈ। ਬਹੁਗਿਣਤੀ ਭਾਰਤੀ ਇਸ ਕਹਾਣੀ ਦੇ ਹਾਸ਼ੀਏ 'ਤੇ ਰਹਿੰਦੇ ਹਨ। ਕਿਸਾਨ ਖੁਦਕੁਸ਼ੀਆਂ ਕਰਕੇ ਮਰਦੇ ਹਨ। ਮਹਾਂਮਾਰੀ ਦੌਰਾਨ ਮਜ਼ਦੂਰ ਨੰਗੇ ਪੈਰੀਂ ਘਰ ਤੁਰਦੇ ਹਨ। ਬੱਚੇ ਸਕੂਲ ਛੱਡ ਦਿੰਦੇ ਹਨ। ਔਰਤਾਂ ਕਾਰਜਬਲ ਤੋਂ ਗਾਇਬ ਹੋ ਜਾਂਦੀਆਂ ਹਨ ਅਤੇ ਫਿਰ ਵੀ ਕੁਝ ਚੋਣਵੇਂ ਲੋਕ ਹਰ ਕੁਝ ਸਾਲਾਂ ਵਿੱਚ ਆਪਣੀ ਦੌਲਤ ਨੂੰ ਦੁੱਗਣਾ ਕਰਦੇ ਦਿਖਦੇ ਹਨ, ਇਹ ਵਿਕਾਸ ਮਾਡਲ ਨਹੀਂ ਹੈ। ਇਹ ਸੰਗਠਿਤ ਅਣਗਹਿਲੀ ਅਤੇ ਜਾਣਬੁੱਝ ਕੇ ਬਹੁ-ਗਿਣਤੀ ਦੀ ਬੇਦਖਲੀ ਦੀ ਇੱਕ ਪ੍ਰਣਾਲੀ ਹੈ।

ਜੇਕਰ ਭਾਰਤ ਸੱਚਮੁੱਚ ਇੱਕ ਮਹਾਨ ਰਾਸ਼ਟਰ ਬਣਨਾ ਚਾਹੁੰਦਾ ਹੈ, ਸਿਰਫ ਇੱਕ ਵੱਡਾ ਰਾਸ਼ਟਰ ਨਹੀਂ ਤਾਂ ਇਸ ਨੂੰ ਆਪਣਾ ਰਾਹ ਬਦਲਣਾ ਚਾਹੀਦਾ ਹੈ। ਇਸ ਦਾ ਟੀਚਾ ਕ੍ਰੈਡਿਟ ਏਜੰਸੀਆਂ ਨੂੰ ਪ੍ਰਭਾਵਤ ਕਰਨਾ ਜਾਂ ਗਲੋਬਲ ਰੈਂਕਿੰਗ ਵਿੱਚ ਮੁਕਾਬਲਾ ਕਰਨਾ ਨਹੀਂ ਹੋਣਾ ਚਾਹੀਦਾ, ਸਗੋਂ ਇਹ ਯਕੀਨੀ ਬਣਾਉਣਾ ਹੋਣਾ ਚਾਹੀਦਾ ਹੈ ਕਿ ਕੋਈ ਵੀ ਬੱਚਾ ਭੁੱਖਾ ਨਾ ਸੌਂਵੇ, ਹਰ ਨੌਜਵਾਨ ਕੋਲ ਨੌਕਰੀ ਹੋਵੇ ਅਤੇ ਕਿਸੇ ਵੀ ਭਾਰਤੀ ਨੂੰ ਦਵਾਈ ਅਤੇ ਭੋਜਨ ਵਿੱਚੋਂ ਇੱਕ ਦੀ ਚੋਣ ਨਾ ਕਰਨੀ ਪਵੇ।

ਸੱਚੀ ਦੇਸ਼ ਭਗਤੀ ਜਵਾਬ ਮੰਗਣ ਵਿੱਚ ਹੈ, ਅੰਨ੍ਹੀ ਤਾੜੀਆਂ ਵਜਵਾਉਣ ਵਿੱਚ ਨਹੀਂ। ਸੱਚਾ ਰਾਸ਼ਟਰਵਾਦ ਭੁੱਖਿਆਂ ਨੂੰ ਭੋਜਨ ਦੇਣ ਵਿੱਚ ਹੈ, ਨਾ ਕਿ ਉਨ੍ਹਾਂ ਨੂੰ ਅੰਕੜਿਆਂ ਦੀ ਖੁਰਾਕ ਦੇਣ ਵਿੱਚ। ਸੱਚਾ ਵਿਕਾਸ ਜੀ ਡੀ ਪੀ ਚਾਰਟਾਂ ਵਿੱਚ ਨਹੀਂ, ਸਗੋਂ ਸਨਮਾਨ ਨਾਲ ਜੀਉਣ ਵਾਲੇ ਜੀਵਨ ਵਿੱਚ ਹੈ। ਉਦੋਂ ਤੱਕ, ਇਹ ਅਰਥ ਵਿਵਸਥਾ ਉਹੀ ਰਹਿੰਦੀ ਹੈ ਜੋ ਇਹ ਅਸਲ ਵਿੱਚ ਹੈ:ਮਤਲਬ ਕਿ ਮੂਲ ਵਿੱਚ ਖੋਖਲਾ, ਸਿਰਫ ਸਿਖਰ 'ਤੇ ਚਮਕਦਾ ਅਤੇ ਉਨ੍ਹਾਂ ਲੱਖਾਂ ਲੋਕਾਂ ਤੋਂ ਬੁਰੀ ਤਰ੍ਹਾਂ ਟੁੱਟਿਆ ਹੋਇਆ, ਜਿਹਨਾਂ ਦੀ ਇਹ ਪ੍ਰਤੀਨਿਧਤਾ ਕਰਨ ਦਾ ਦਾਅਵਾ ਕਰਦਾ ਹੈ।

ਸਿੱਟਾ ਕੱਢਣ ਲਈ 2047 ਵਿੱਚ ਪ੍ਰਧਾਨ ਮੰਤਰੀ ਮੋਦੀ ਦੇ ਬਹੁਤ ਜ਼ਿਆਦਾ ਪ੍ਰਚਾਰੇ ਗਏ ਵਿਕਾਸ ਭਾਰਤ ਦੇ ਪ੍ਰੋਗਰਾਮ ਦੀ ਜਾਂਚ ਇਸ ਗੱਲ ਦੇ ਮੱਦੇਨਜ਼ਰ ਕੀਤੀ ਜਾਣੀ ਚਾਹੀਦੀ ਹੈ ਕਿ ਸਾਡੇ ਸਮਾਜ ਦੇ ਸਭ ਤੋਂ ਗਰੀਬ ਵਰਗਾਂ ਲਈ ਇਸ ਦਾ ਕੀ ਅਰਥ ਹੈ। ਭਾਰਤ ਦੀ ਅਖੌਤੀ ਆਰਥਿਕ ਚੜ੍ਹਤ ਨੂੰ ਇਹ ਦੇਖਣਾ ਚਾਹੀਦਾ ਹੈ ਕਿ ਇਹ ਕੀ ਹੈ - ਕੁਝ ਲੋਕਾਂ ਲਈ ਸੁਰਖੀ ਅਤੇ ਬਹੁਗਿਣਤੀ ਲਈ ਮੁਸ਼ਕਲਾਂ। ਅਜਿਹਾ ਵਿਕਾਸ ਜੋ ਅਸਮਾਨਤਾ ਨੂੰ ਵਧਾਉਂਦਾ ਹੈ, ਵਾਤਾਵਰਣਕ ਵਿਨਾਸ਼ ਨੂੰ ਡੂੰਘਾ ਕਰਦਾ ਹੈ ਅਤੇ ਬਹੁਗਿਣਤੀ ਨੂੰ ਅਣਡਿੱਠ ਕਰਦਾ ਹੈ, ਇਸ ਸਭ ਕਾਸੇ ਦਾ ਜਸ਼ਨ ਨਹੀਂ ਮਨਾਇਆ ਜਾ ਸਕਦਾ। ਇੱਕ ਅਜਿਹਾ ਦੇਸ ਜਿੱਥੇ ਕਰੋੜਾਂ ਲੋਕ ਭੋਜਨ, ਰਾਸ਼ਨ 'ਤੇ ਨਿਰਭਰ ਕਰਦੇ ਹਨ, ਜਦੋਂ ਕਿ ਮੁੱਠੀਭਰ ਲੋਕ ਅੰਤਾਂ ਦੀ ਦੌਲਤ ਇਕੱਠੀ ਕਰ ਰਹੇ ਹਨ, ਅਜਿਹਾ ਦੇਸ਼ ਤਰੱਕੀ ਨਹੀਂ ਕਰ ਰਿਹਾ, ਸਗੋਂ ਅੰਦਰੋਂ ਜ਼ਰ-ਜ਼ਰ ਹੋ ਰਿਹਾ ਹੈ। ਭਾਰਤ ਨੂੰ ਤੁਰੰਤ ਇਸ ਇਕਪਾਸੜ ਮਾਡਲ ਨੂੰ ਤਿਆਗਣ ਅਤੇ ਇੱਕ ਨਵਾਂ ਰਸਤਾ ਬਣਾਉਣ ਦੀ ਲੋੜ ਹੈ। ਇੱਕ ਅਜਿਹਾ ਰਸਤਾ, ਜੋ ਬਰਾਬਰੀ ਵਾਲਾ, ਵਾਤਾਵਰਣਕ ਤੌਰ 'ਤੇ ਟਿਕਾਊ, ਰੁਜ਼ਗਾਰ ਪੈਦਾ ਕਰਨ ਵਾਲਾ ਅਤੇ ਨਿਆਂ, ਮਾਣ ਅਤੇ ਲੋਕਤੰਤਰੀ ਯੋਜਨਾਬੰਦੀ ਦੀਆਂ ਮਜ਼ਬੂਤ ਜੜ੍ਹਾਂ ਵਾਲਾ ਹੋਵੇ। ਇਹੀ ਉਹ ਸਮਾਂ ਹੈ, ਜਦੋਂ ਸਾਨੂੰ ਭਰਮ ਭੁਲੇਖੇ ਛੱਡ ਕੇ ਅਸਲ ਵਿਕਾਸ ਵੱਲ ਮੁੜਨਾ ਚਾਹੀਦਾ ਹੈ। :

# ਸੰਪਰਕ : 99884-91002

# ਪਾਣੀ ਦੀ ਹਰੇਕ ਬੂੰਦ ਨੂੰ ਬਚਾਉਣ ਲਈ ਮੌਜੂਦਾ ਦੌਰ 'ਚ ਫਸਲੀ ਚੱਕਰ 'ਚ ਬਦਲਾਅ ਬੇਹੱਦ ਜ਼ਰੂਰੀ


ਵਰਿੰਦਰ ਸ਼ਰਮਾ

ਮੌਜੂਦਾ ਦੌਰ 'ਚ ਕਿਸਾਨਾਂ ਦਾ ਬਦਲਦੇ ਵਕਤ 'ਚ ਫਸਲਾਂ ਦੇ ਪ੍ਰਤੀ ਲਕੀਰ ਦਾ ਫਕੀਰ ਬਣੇ ਰਹਿਣਾ, ਭਵਿੱਖ ਦੀ ਪੀੜ੍ਹੀ ਲਈ ਬੇਹੱਦ ਘਾਤਕ ਸਿੱਧ ਹੋ ਸਕਦਾ ਹੈ। ਇਸ ਲਈ ਇੱਕਜੁੱਟ ਹੋ ਕੇ ਅਤੇ ਵਿਅਕਤੀਗਤ ਮੁਨਾਫੇ ਨੂੰ ਦਰਕਿਨਾਰ ਕਰਦੇ ਹੋਏ ਕੱਲ੍ਹ ਲਈ ਜਲ ਅਤੇ ਭਵਿੱਖ ਦੀ ਪੀੜ੍ਹੀ ਬਾਰੇ ਚਿੰਤਨਸ਼ੀਲ ਹੋਣਾ ਸਮੇਂ ਦੀ ਮੁੱਖ ਮੰਗ ਹੈ। ਇਸ ਬੇਹੱਦ ਗੰਭੀਰ ਸਮੱਸਿਆ ਤੋਂ ਛੁਟਕਾਰਾ ਪਾਉਣ ਲਈ ਯਤਨਸ਼ੀਲ ਹੁੰਦੇ ਹੋਏ ਪਿਛਲੇ ਸਮੇਂ ਦੀਆਂ ਫਸਲਾਂ ਦੀ ਜਗ੍ਹਾ ਦਾਲਾਂ, ਸਬਜ਼ੀਆਂ, ਫਲ ਤੇ ਫੁੱਲਾਂ ਦੀ ਖੇਤੀ ਨੂੰ ਤਰਜੀਹ ਦੇਣੀ ਬਹੁਤ ਜ਼ਰੂਰੀ ਹੈ। ਸਾਡੇ ਰਾਜ 'ਚ ਜ਼ਮੀਨ ਹੇਠਲੇ ਪਾਣੀ ਦਾ ਸਤਰ ਨਿਰੰਤਰ ਡਿੱਗਦਾ ਜਾ ਰਿਹਾ ਹੈ। ਇਸ ਦਾ ਮੁੱਖ ਕਾਰਨ ਝੋਨੇ ਜਿਹੀਆਂ ਫਸਲਾਂ ਨੂੰ ਅੱਖਾਂ ਬੰਦ ਕਰਕੇ ਸਿਰਫ਼ ਆਪਣੇ ਵਿਅਕਤੀਗਤ ਮੁਨਾਫ਼ੇ ਲਈ ਉਗਾਉਂਦੇ ਰਹਿਣਾ। ਦਰਅਸਲ, ਜਿਸ ਥਾਂ 'ਤੇ ਪੀਣ ਦੇ ਪਾਣੀ ਦੀ ਕਿੱਲਤ ਹੀ ਬਹੁਤ ਜ਼ਿਆਦਾ ਹੈ, ਉਥੇ ਵੀ ਕਿਸਾਨ ਇਕ-ਦੂਜੇ ਦੀ ਰੀਸੋ-ਰੀਸ ਲਗਾਤਾਰ ਝੋਨਾ ਲਗਾਉਣ ਲਈ ਤੱਤਪਰ ਰਹਿੰਦੇ ਹਨ।ਇਹ ਉਨ੍ਹਾਂ ਦੀ ਵਿਅਕਤੀਗਤ ਸੋਚ ਹੈ, ਪਰ ਅਫਸੋਸ ਆਉਣ ਵਾਲੀ ਪੀੜ੍ਹੀ ਵੱਲ ਧਿਆਨ ਨਹੀਂ।ਹਾਂ, ਪੜ੍ਹੇ-ਲਿਖੇ ਨੌਜਵਾਨ ਚਿੰਤਨਸ਼ੀਲ ਜ਼ਰੂਰ ਹਨ। ਉਹ ਇਹ ਵੀ ਸੋਚਦੇ ਹਨ ਕਿ ਝੋਨੇ ਦੇ ਫਸਲੀ ਚੱਕਰ ਵਿੱਚੋਂ ਬਾਹਰ ਨਿਕਲ ਕੇ ਹੋਰ ਫਸਲਾਂ ਵੀ ਸਾਡੇ ਸਾਰਿਆਂ ਲਈ ਫਾਇਦੇਮੰਦ ਸਾਬਤ ਹੋ ਸਕਦੀਆਂ ਹਨ। ਇਸ ਗੰਭੀਰ ਸਮੱਸਿਆ ਵੱਲ ਧਿਆਨ ਦੇਣ ਲਈ ਕਿਸਾਨ ਵਰਗ ਖੁਦ ਵੀ ਗੌਰ ਕਰੇ। ਇਸ ਨਾਲ ਭੂਮੀਗਤ ਪਾਣੀ ਦੀ ਗਿਰਾਵਟ ਨੂੰ ਵੀ ਘੱਟ ਕੀਤਾ ਜਾ ਸਕਦਾ ਹੈ।

ਬੇਸ਼ੱਕ ਮਨੁੱਖੀ ਜੀਵਨ ਗਤੀਸ਼ੀਲ ਹੈ, ਪਰ ਲਾਲਚ ਨਾਲ ਆਇਆ ਬਦਲਾਅ ਸਾਨੂੰ ਕਿਧਰ ਲੈ ਕੇ ਜਾਵੇਗਾ? ਇਹ ਵੀ ਤਾਂ ਸੋਚਣ ਵਾਲੀ ਗੱਲ ਹੈ। ਅਜੋਕੇ ਸਮੇਂ ਵੀ ਕਿਸਾਨ ਪੁਰਾਣੀ ਸੋਚ ਦਾ ਧਾਰਨੀ ਹੈ। ਉਹ ਮਿਹਨਤ ਤਾਂ ਬਹੁਤ ਜ਼ਿਆਦਾ ਕਰਦਾ ਹੈ। ਉਸ ਨੂੰ ਇਸ ਦਾ ਲਾਭ ਵੀ ਮਿਲਦਾ ਹੈ, ਪਰ ਉਹ ਪ੍ਰੰਪਰਾਗਤ ਖੇਤੀ ਨੂੰ ਨਹੀਂ ਛੱਡ ਰਿਹਾ। ਆਧੁਨਿਕ ਤਕਨੀਕ ਵਿਕਸਿਤ ਹੋਣ ਦੇ ਬਾਵਜੂਦ ਇਸ ਗੰਭੀਰ ਹੁੰਦੀ ਜਾ ਰਹੀ ਸਮੱਸਿਆ ਨਾਲ ਨਜਿੱਠਣ 'ਚ ਸਫ਼ਲ ਨਹੀਂ ਹੋ ਪਾ ਰਿਹਾ। ਇਸ ਦਾ ਕਾਰਨ ਇਹ ਵੀ ਹੈ ਕਿ ਆਧੁਨਿਕ ਤਕਨੀਕ 'ਚ ਸਰਕਾਰ ਕਿਸਾਨਾਂ ਨੂੰ ਨਵੀਨਤਮ ਸਾਧਨ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਨਹੀਂ ਅਤੇ ਬਣਦੀ ਸਬਸਿਡੀ ਵੀ ਨਹੀਂ ਦੇਣਾ ਚਾਹੁੰਦੀ। ਇਸ 'ਚ ਵੀ ਕੋਈ ਦੋ ਰਾਏ ਨਹੀਂ ਕਿ ਸਖਤੀ ਨਾਲ ਬਣਾਏ ਜਾਂਦੇ ਕਾਨੂੰਨ ਲੋਕਤੰਤਰ 'ਚ ਕਦੇ ਵੀ ਸਫਲ ਨਹੀਂ ਹੁੰਦੇ। ਇਸ ਲਈ ਸਮੇਂ-ਸਮੇਂ 'ਤੇ ਦੋਨਾਂ ਧਿਰਾਂ ਵਿਚਕਾਰ ਇਹ ਗੱਲ ਬਹੁਤ ਗੰਭੀਰ ਸਮੱਸਿਆ ਦਾ ਰੂਪ ਲੈਂਦੀ ਜਾ ਰਹੀ ਹੈ। ਕਿਸਾਨ ਫਸਲਾਂ ਦੇ ਸਮਰਥਨ ਮੁੱਲ ਲਈ ਤੇ ਰੱਦ ਹੋਏ ਕਾਨੂੰਨ ਨੂੰ ਅਮਲੀ ਜਾਮਾ ਪਹਿਨਾਉਣ ਲਈ ਲੰਮੇ ਅਰਸੇ ਤੋਂ ਸੰਘਰਸ਼ਸ਼ੀਲ ਰਹੇ। ਖੈਰ, ਇੱਥੇ ਸਾਡਾ ਮੁੱਖ ਮੁੱਦਾ ਫਸਲ ਚੱਕਰ 'ਚ ਬਦਲਾਅ ਦਾ ਹੈ। ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਅੱਜ ਅਸੀਂ ਪਾਣੀ ਦੀ ਵਰਤੋਂ ਜ਼ਰੂਰਤ ਤੋਂ ਜ਼ਿਆਦਾ ਕਰ ਰਹੇ ਹਾਂ। ਪਾਣੀ ਦੀ ਵੱਧ ਵਰਤੋਂ ਦਾ ਦੋਸ਼ ਸਿਰਫ ਕਿਸਾਨ 'ਤੇ ਹੀ ਲਾਇਆ ਜਾਣਾ ਸਰਾਸਰ ਗਲਤ ਗੱਲ ਹੈ। ਲਗਾਤਾਰ ਟੂਟੀਆਂ ਤੋਂ ਵਹਿੰਦਾ ਪਾਣੀ, ਫਲੱਸ਼ ਰਾਹੀਂ ਜ਼ਿਆਦਾ ਮਾਤਰਾ 'ਚ ਵਗਦਾ ਪਾਣੀ, ਕੱਪੜੇ ਧੋਣ ਲਈ ਵਰਤਿਆ ਜਾਣ ਵਾਲਾ ਪਾਣੀ, ਗੱਡੀਆਂ ਧੋਣ ਲਈ ਵਰਤਿਆ ਜਾਣ ਵਾਲਾ ਪਾਣੀ, ਪਾਣੀ ਦੀ ਕਿੱਲਤ ਦੇ ਬਾਵਜੂਦ ਫਰਸ਼ ਧੋਣ ਲਈ ਪਾਣੀ ਦੀ ਦੁਰਵਰਤੋਂ ਦਾ ਦੋਸ਼ ਵੀ ਕਿ ਅੰਨਦਾਤਾ 'ਤੇ ਹੀ ਲਗਾਇਆ ਜਾਵੇਗਾ। ਨਹੀਂ, ਬਿਲਕੁਲ ਵੀ ਨਹੀਂ।ਹਾਂ, ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਆਉਣ ਵਾਲੇ ਸਮੇਂ 'ਚ ਪੀਣ ਵਾਲੇ ਸਾਫ ਪਾਣੀ ਦੀ ਕਿੱਲਤ ਕਾਰਨ ਮਨੁੱਖ, ਜੀਵ-ਜੰਤੂ ਤ੍ਰਾਹ-ਤ੍ਰਾਹ ਕਰ ਉੱਠਣਗੇ ਅਤੇ ਦੁਨੀਆ ਦਾ ਅਗਲਾ ਯੁੱਧ ਸਿਰਫ ਪਾਣੀ ਲਈ ਹੀ ਲੜਿਆ ਜਾਵੇਗਾ। ਇਸ ਲਈ ਪਾਣੀ ਦੀ ਬੱਚਤ ਜ਼ਰੂਰੀ ਹੈ ਅਤੇ ਇਸ ਦੇ ਲਈ ਫਸਲੀ ਚੱਕਰ 'ਚ ਬਦਲਾਅ ਬੇਹੱਦ ਮਹੱਤਵਪੂਰਨ ਤੇ ਜ਼ਰੂਰੀ ਹੈ। ਸਿੰਜਾਈ ਪ੍ਰਣਾਲੀ ਦੇ ਲਈ ਪਾਣੀ ਦੀ ਇਕ-ਇਕ ਬੂੰਦ ਨੂੰ ਅਪਣਾਉਣਾ ਹੋਵੇਗਾ।

ਭੂ-ਜਲ 'ਚ ਨਿਰੰਤਰ ਗਿਰਾਵਟ ਨੂੰ ਰੋਕਣ ਲਈ ਘਟਦੇ ਪਾਣੀ ਸਤਰ ਪ੍ਰਤੀ ਸੁਚੇਤ ਰਹਿਣ ਦੀ ਲੋੜ ਹੈ। ਇਸ ਲਈ ਰਾਜਾਂ ਦੁਆਰਾ ਕਿਸਾਨ ਵਰਗ ਨੂੰ ਘੱਟ ਪਾਣੀ ਵਾਲੀਆਂ ਫਸਲਾਂ ਲਈ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ। ਇਸ 'ਚ ਕੋਈ ਸ਼ੱਕ ਨਹੀਂ ਕਿ ਇਸ ਦੇ ਨਾਲ ਆਉਣ ਵਾਲੀ ਪੀੜ੍ਹੀ ਲਈ ਪੀਣ ਵਾਲੇ ਸਾਫ ਪਾਣੀ ਦੀ ਕਾਫੀ ਬੱਚਤ ਹੋਵੇਗੀ। ਕੁਦਰਤ ਦੀ ਹਰੇਕ ਚੀਜ਼ ਨਾਲ ਪਿਆਰ ਕਰੋ ਤਾਂ ਕੁਦਰਤ ਵੀ ਸਾਡੀ ਸਹਾਇਕ ਰਹੇਗੀ, ਨਹੀਂ ਤਾਂ ਆਉਣ ਵਾਲੇ ਸਮੇਂ 'ਚ ਪਾਣੀ ਲਈ ਸਾਡੀ ਤਰਸਯੋਗ ਹਾਲਤ ਹੋਰ ਗੰਭੀਰ ਸਮੱਸਿਆ ਬਣ ਜਾਵੇਗੀ। ਆਓ ਅਸੀਂ ਅਵੇਸਲਾਪਨ ਛੱਡ, ਪੁਰਾਤਨ ਰੀਤ ਨੂੰ ਛੱਡ ਨਵੀਆਂ ਫਸਲਾਂ ਵੱਲ ਧਿਆਨ ਦੇਈਏ। ਇਹ ਤਾਂ ਠੀਕ ਹੈ ਪਾਣੀ ਹੈ ਤਾਂ ਕੱਲ੍ਹ ਹੈ, ਪਰ ਅਜੇ ਵੀ ਸਮਾਂ ਹੈ ਕਿ ਅਸੀਂ ਸੰਭਲ ਜਾਈਏ। ਪਾਣੀ ਦੀ ਇਕ-ਇਕ ਬੂੰਦ ਨੂੰ ਸੰਭਾਲ ਕੇ ਰੱਖੀਏ। ਪਾਣੀ ਦੀ ਹਰੇਕ ਬੂੰਦ ਬੇਸ਼ਕੀਮਤੀ ਹੈ। ਇਕ-ਦੂਜੇ 'ਤੇ ਇਲਜ਼ਾਮ ਨਾ ਲਗਾਓ ਪਾਣੀ ਵਿਅਰਥ ਨਾ ਗਵਾਓ। ਘੱਟ ਪਾਣੀ ਦੀ ਲੋੜ ਵਾਲੀਆਂ ਫਸਲਾਂ ਉਗਾਉਣ ਨਾਲ ਵੀ ਅਸੀਂ ਬਹੁਤ ਮਾਤਰਾ 'ਚ ਪਾਣੀ ਬਚਾ ਸਕਦੇ ਹਾਂ। ਅੰਤ 'ਚ ਇਹੀ ਕਿਹਾ ਜਾ ਸਕਦਾ ਹੈ ਕਿ ਇਸ ਸਮੱਸਿਆ ਤੋਂ ਨਿਜ਼ਾਤ ਪਾਉਣ ਲਈ ਵਿਆਪਕ ਰਾਸ਼ਟਰੀ ਨੀਤੀ ਬਣਾਈਏ। ਇਕੱਲੇ ਇਕ ਨੂੰ ਦੋਸ਼ੀ ਠਹਿਰਾਇਆ ਜਾਣਾ ਉਚਿੱਤ ਨਹੀਂ ਹੋਵੇਗਾ।

*ਵੀਰੋ, ਸਾਡਾ ਅੰਨਦਾਤਾ ਹੈ ਕਿਸਾਨ*
*ਮਿਹਨਤੀ, ਕਿਰਤੀ ਸੱਚਾ ਇਨਸਾਨ*
*ਪਾਣੀ ਹੈ ਤਾਂ ਹੈ ਭਵਿੱਖ ਸਾਡੇ ਬੱਚਿਆਂ ਦਾ*
*ਇਹ ਗੱਲ ਸਦਾ ਹੀ ਰੱਖੋ ਤੁਸੀਂ ਯਾਦ*
*ਬਦਲਦੇ ਫਸਲੀ ਚੱਕਰ 'ਚ ਨਹੀਂ ਹੋਵੇਗੀ ਕਦੇ ਹਾਰ।*

Varindersharmadharmkot@gmail.com

# ਪੇਂਡੂ ਰੁਜ਼ਗਾਰ ਦਾ ਸੰਕਟ ਖਤਰੇ ਦੇ ਨਿਸ਼ਾਨ 'ਤੇ

ਮੂਲ : ਰਣਬੀਰ ਸਿੰਘ ਯਾਦਵ
ਅਨੁਵਾਦ : ਪ੍ਰਿਥੀਪਾਲ ਸਿੰਘ ਮਾੜੀਮੇਘਾ

ਹਿੰਦੁਸਤਾਨ ਵਿੱਚ ਰੁਜ਼ਗਾਰ ਦੇ ਰਸਤੇ ਬੰਦ ਹੋਣ ਕਰਕੇ ਪਿਛਲੇ ਦੋ ਮਹੀਨਿਆਂ ਵਿੱਚ ਪੇਂਡੂ ਰੁਜ਼ਗਾਰ ਅੰਕੜਾ ਪੇਂਡੂ ਇਲਾਕਿਆਂ ਵਿੱਚ ਰੁਜ਼ਗਾਰ ਪ੍ਰਾਪਤੀ ਦੀ ਭਾਰੀ ਗਿਰਾਵਟ ਨੂੰ ਦਰਸਾਉਂਦਾ ਹੈ। ਰੁਜ਼ਗਾਰ ਦੀ ਇਹ ਗਿਰਾਵਟ ਆਰਥਿਕ ਤਨਾਅ ਦੇ ਵਿਗੜਦੇ ਹਾਲਤ ਪੇਸ਼ ਕਰਦੀ ਹੈ। ਮੈਗਜੀਨ "ਮਿੰਟ" ਵਿੱਚ ਪ੍ਰਕਾਸ਼ਿਤ ਰਿਪੋਰਟ ਅਨੁਸਾਰ, ਇਸ ਸਾਲ ਅਪ੍ਰੈਲ ਅਤੇ ਮਈ ਵਿੱਚ ਮਹਾਤਮਾ ਗਾਂਧੀ ਕੌਮੀ ਰੁਜ਼ਗਾਰ ਗਰੰਟੀ ਯੋਜਨਾ (ਮਨਰੇਗਾ) ਦੇ ਤਹਿਤ ਅਨਸਕਿਲਡ ਕੰਮ ਦੀ ਮੰਗ ਵਿੱਚ ਉਛਾਲ ਦੇਖਿਆ ਗਿਆ ਹੈ।

ਪੇਂਡੂ ਵਿਕਾਸ ਮੰਤਰਾਲੇ ਵੱਲੋਂ ਆਏ ਨਵੇਂ ਅੰਕੜਿਆਂ ਅਨੁਸਾਰ, ਅਪ੍ਰੈਲ ਵਿੱਚ 20.12 ਮਿਲੀਅਨ (2,01,20,000) ਪੇਂਡੂ ਪਰਵਾਰਾਂ ਨੇ ਨਰੇਗਾ ਦੇ ਤਹਿਤ ਰੁਜ਼ਗਾਰ ਮੰਗਿਆ। ਮਈ ਵਿੱਚ ਅਜਿਹੇ ਪਰਵਾਰਾਂ ਦੀ ਸੰਖਿਆ ਵਧ ਕੇ 20.37 ਮਿਲੀਅਨ (2,03,70,000) ਹੋ ਗਈ। ਜਦੋਂ ਕਿ ਮੰਤਰਾਲੇ ਦਾ ਅੰਕੜਾ ਪੂਰੇ ਮਈ ਮਹੀਨੇ ਦਾ ਨਹੀਂ, 18 ਮਈ ਤੱਕ ਦਾ ਹੈ। ਇਸ ਲਈ ਪੂਰੇ ਮਈ ਮਹੀਨੇ ਦਾ ਅੰਕੜਾ ਹੋਰ ਵੀ ਵਧਣ ਦੀ ਸੰਭਾਵਨਾ ਹੈ। ਰੁਜ਼ਗਾਰ ਦੀ ਇਹ ਸਥਿਤੀ ਪੇਂਡੂ ਭਾਰਤ ਵਿੱਚ ਹੋਰ ਜ਼ਿਆਦਾ ਵਿਗੜਦੀ ਨਜ਼ਰ ਆਉਂਦੀ ਹੈ।

ਮਾਰਚ ਮਹੀਨੇ ਵਿੱਚ ਮਨਰੇਗਾ ਯੋਜਨਾ ਦੇ ਅੰਤਰਗਤ ਰੁਜਗਾਰ ਚਾਹੁਣ ਵਾਲੇ ਪੇਂਡੂ ਪਰਵਾਰਾਂ ਦੀ ਕੁੱਲ ਸੰਖਿਆ 18.64 ਮਿਲੀਅਨ (1,86,40,000) ਸੀ।

ਕੇਂਦਰ ਸਰਕਾਰ ਦੀ ਮਨਰੇਗਾ ਯੋਜਨਾ ਉਨ੍ਹਾਂ ਪੇਂਡੂ ਪਰਵਾਰਾਂ ਨੂੰ ਇੱਕ ਸਾਲ ਵਿੱਚ ਘੱਟ ਤੋਂ ਘੱਟ 100 ਦਿਨ ਦਾ ਗਾਰੰਟੀਸ਼ੁਦਾ ਰੁਜ਼ਗਾਰ ਉਪਲਬਧ ਕਰਾਉਂਦੀ ਹੈ। ਇਹ ਵੀ ਉਹ ਹਨ ਜਿਨ੍ਹਾਂ ਦੇ ਪਰਵਾਰਕ ਮੈਂਬਰ ਅਨਸਕਿਲਡ ਸਰੀਰਕ ਕੰਮ ਕਰਨ ਲਈ ਆਪਣੀ ਇੱਛਾ ਨਾਲ ਅੱਗੇ ਆਉਂਦੇ ਹਨ ਜਾਂ ਯੋਜਨਾ ਦੇ ਤਹਿਤ ਰੁਜ਼ਗਾਰ ਚਾਹੁੰਦੇ ਹਨ।

ਰੁਜ਼ਗਾਰ ਬਾਜ਼ਾਰ ਦੇ ਪਿਛਲੇ ਰੁਝਾਨਾਂ ਤੋਂ ਪਤਾ ਚੱਲਿਆ ਹੈ ਕਿ ਜਦੋਂ ਵੀ ਪੇਂਡੂ ਖੇਤਰਾਂ ਵਿੱਚ ਖੇਤੀ ਜਾਂ ਗੈਰ ਖੇਤੀ ਰੁਜ਼ਗਾਰ ਦੇ ਅਵਸਰ ਘੱਟ ਹੁੰਦੇ ਹਨ, ਤੇ ਮਨਰੇਗਾ ਤਹਿਤ ਕੰਮ ਦੀ ਮੰਗ ਵਧ ਜਾਂਦੀ ਹੈ। ਨਵੇਂ ਵਿੱਤੀ ਸਾਲ (ਸਰਕਾਰ ਸਾਲ ਵਿੱਚ ਇੱਕ ਵਾਰ ਕੁੱਲ ਖਰਚੇ ਤੇ ਆਮਦਨ ਪਾਰਲੀਮੈਂਟ ਵਿੱਚ ਪੇਸ਼ ਕਰਦੀ) ਦੀ ਸ਼ੁਰੂਆਤ ਵਿੱਚ ਮਨਰੇਗਾ ਤਹਿਤ ਰੁਜ਼ਗਾਰ ਚਾਹੁਣ ਵਾਲੇ ਪੇਂਡੂ ਪਰਵਾਰਾਂ ਦੀ ਸੰਖਿਆ ਵਿੱਚ ਵਾਧਾ ਹੋਇਆ ਹੈ। ਪਰ ਮੌਜੂਦਾ ਵਿੱਤੀ ਸਾਲ ਜੋ ਚੱਲ ਰਿਹਾ ਹੈ ਉਹ ਨਰੇਗਾ ਤਹਿਤ ਰੁਜ਼ਗਾਰ ਨਾ ਮਿਲਣ ਦੀ ਤਰਫ ਵੱਲ ਇਸ਼ਾਰਾ ਕਰਦਾ ਹੈ।

ਸਥਿਤੀ ਨੂੰ ਹੋਰ ਗੰਭੀਰ ਬਣਾਉਣ ਵਾਲੀ ਗੱਲ ਇਹ ਹੈ ਕਿ ਪੇਂਡੂ ਪਰਵਾਰਾਂ ਵਿੱਚ ਪੇਂਡੂ ਰੁਜ਼ਗਾਰ ਗਰੰਟੀ ਯੋਜਨਾ ਦੀ ਮੰਗ ਵਿੱਚ ਉਛਾਲ ਆਉਣ ਦੇ ਬਾਵਜੂਦ ਕੇਂਦਰ ਸਰਕਾਰ ਨੇ ਇਸ ਸਾਲ ਮਨਰੇਗਾ ਲਈ ਆਪਣੇ ਬਜਟ ਦੀ ਵੰਡ ਵਿੱਚ ਕੋਈ ਵਾਧਾ ਨਹੀਂ ਕੀਤਾ। ਵਿੱਤ ਸਾਲ 2025-2026 ਦੇ ਬਜਟ ਵਿੱਚ ਮਨਰੇਗਾ ਲਈ 86,000 ਕਰੋੜ ਰੁਪਏ ਦੀ ਰਕਮ ਰੱਖੀ ਗਈ ਹੈ। ਇਹ ਉਹ ਹੀ ਰਾਸ਼ੀ ਹੈ ਜੋ 2024-25 ਦੇ ਕੇਂਦਰੀ ਬਜਟ ਵਿੱਚ ਇਸ ਯੋਜਨਾ ਲਈ ਰੱਖੀ ਗਈ ਸੀ। ਜਦੋਂ ਕਿ ਲੋੜ ਮਨਰੇਗਾ ਤਹਿਤ ਕੰਮ ਦੀ ਮੰਗ ਮੁਤਾਬਕ ਬਜਟ ਵਿੱਚ ਰੱਖੀ ਰਕਮ ਵਧਾਉਣ ਦੀ ਸੀ।

2005 ਵਿੱਚ ਸ਼ੁਰੂ ਕੀਤੀ ਗਈ ਮਨਰੇਗਾ ਮਨਮੋਹਨ ਸਿੰਘ ਸਰਕਾਰ ਦੁਆਰਾ ਲਿਆਂਦੀ ਗਈ ਪ੍ਰਮੁੱਖ ਯੋਜਨਾਵਾਂ ਵਿੱਚੋਂ ਇੱਕ ਸੀ, ਜਿਸ ਨੂੰ ਉਸ ਸਮੇਂ ਖੱਬੇ-ਪੱਖੀ ਪਾਰਟੀਆਂ ਦਾ ਸਮਰਥਨ ਪ੍ਰਾਪਤ ਸੀ। ਇਹ ਯੋਜਨਾ ਜਲਦੀ ਹੀ ਪੇਂਡੂ ਮਜ਼ਦੂਰਾਂ ਲਈ ਜੀਵਨ ਰੇਖਾ ਪੱਧਰ ਬਣ ਗਈ ਅਤੇ ਪਿੰਡਾਂ ਵਿੱਚ ਗਰੀਬੀ ਜੜ੍ਹ ਤੋਂ ਉਖਾੜਨ ਦੇ ਲਈ ਇੱਕ ਸ਼ਕਤੀਸਾਲੀ ਸਾਧਨ ਸਾਬਤ ਹੋਈ। ਇਸ ਦੇ ਪ੍ਰਣਾਮ ਸਰੂਪ ਪੇਂਡੂ ਪਰਵਾਰਾਂ ਨੂੰ ਸਾਲ ਵਿੱਚ ਘੱਟ ਤੋਂ ਘੱਟ 100 ਦਿਨ ਦੀ ਗਾਰੰਟੀਸ਼ੁਦਾ ਰੁਜ਼ਗਾਰ ਪ੍ਰਦਾਨ ਕਰਕੇ ਰੁਜ਼ਗਾਰ ਸੁਰੱਖਿਆ ਮਿਲੀ। ਨਰੇਗਾ ਨੇ ਪਿੰਡਾਂ 'ਚੋਂ ਬੇਰੁਜ਼ਗਾਰੀ ਦੇ ਕਾਰਨ ਪਲਾਇਨ ਨੂੰ ਘੱਟ ਕੀਤਾ ਅਤੇ ਇਸ ਯੋਜਨਾ ਦੀ ਸਰਾਹਨਾ ਹੋਈ।

ਪਰੰਤੂ ਮੋਦੀ ਸਰਕਾਰ ਨੇ ਆਪਣੀ ਸਥਾਪਨਾ ਦੇ ਸਮੇਂ ਤੋਂ ਹੀ ਮਨਰੇਗਾ ਖਿਲਾਫ ਆਲੋਚਨਾਤਮਕ ਰੁਖ ਅਪਣਾਇਆ ਹੋਇਆ ਹੈ। ਮੋਦੀ ਨੇ ਤੇ ਮਨਰੇਗਾ ਨੂੰ ਕਾਂਗਰਸ ਦੀ 60 ਸਾਲਾਂ ਵਿੱਚ ਗਰੀਬੀ ਨਾਲ ਨਿਪਟਣ ਵਿੱਚ ਅਸਫਲਤਾ ਦਾ 'ਜੀਵਿਤ ਸਮਾਰਕ' ਤੱਕ ਕਹਿ ਦਿੱਤਾ ਹੈ।

ਮੋਦੀ ਦੀ ਨਾਰਾਜ਼ਗੀ ਦੇ ਬਾਵਜੂਦ 2020 ਵਿੱਚ ਜਦੋਂ ਕੋਵਿਡ-19 ਮਹਾਂਮਾਰੀ ਕਾਰਨ ਲਾਕਡਾਉਨ ਲਾਗੂ ਕੀਤਾ ਗਿਆ ਸੀ, ਉਦੋਂ ਮਨਰੇਗਾ ਕਈ ਲੋਕਾਂ ਲਈ ਜ਼ਿੰਦਗੀ ਜਿਉਣ ਦਾ ਢੰਗ ਸਾਬਤ ਹੋਈ ਸੀ, ਜਦੋਂ ਕਿ ਕੋਵਿਡ ਸਮੇਂ ਲੋਕਾਂ ਦਾ ਪਿੰਡਾਂ ਵੱਲ ਵੱਡੇ ਪੱਧਰ 'ਤੇ ਪਲਾਇਨ ਸ਼ੁਰੂ ਹੋ ਗਿਆ ਸੀ। ਅਜੀਮ ਪ੍ਰੇਮ ਜੀ ਵਿਸ਼ਵਵਿਦਿਆਲਿਆ ਦੁਆਰਾ ਮਨਰੇਗਾ ਅਤੇ ਸਹਿਯੋਗਤਾਮਕ ਖੋਜ ਅਤੇ ਪ੍ਰਸਾਰ (ਸੀ ਓ ਆਰ ਡੀ) ਪਰ ਨਾਗਰਿਕ ਸਮਾਜ ਸੰਗਠਨਾਂ ਦੇ ਰਾਸਟਰੀ ਮੰਚ ਦੇ ਨਾਲ ਸਾਂਝੇਦਾਰੀ ਵਿੱਚ ਕੀਤੇ ਗਏ 2022 ਦੇ ਇੱਕ ਅਧਿਐਨ ਅਨੁਸਾਰ, ਇਸ ਯੋਜਨਾ ਨੇ ਸਭ ਨਾਲੋਂ ਕਮਜ਼ੋਰ ਪਰਵਾਰਾਂ ਲਈ ਲਾਕਡਾਉਨ ਦੇ ਕਾਰਨ ਹੋਏ ਆਮਦਨ ਵਿੱਚ ਨੁਕਸਾਨ ਦੀ 20% ਤੋਂ 80% ਤੱਕ ਭਰਪਾਈ ਕਰਨ ਵਿੱਚ ਮਦਦ ਕੀਤੀ ਸੀ।

ਭਵਿੱਖ 'ਚ ਕੋਵਿਡ ਤੋਂ ਬਾਅਦ ਨੌਕਰੀਆਂ ਦਾ ਜੋ ਸੰਕਟ ਆਇਆ ਸੀ, ਉਸ ਸੰਕਟ ਨੂੰ ਖਤਮ ਕਰਨ ਲਈ ਮਨਰੇਗਾ ਨੇ ਲੋਕਾਂ ਨੂੰ ਕੰਮ ਦੇਣ ਵਿੱਚ ਅਹਿਮ ਭੂਮਿਕਾ ਨਿਭਾਈ ਹੈ। ਯੂਪੀਏ 2023-24 ਸਮੇਂ ਪੇਂਡੂ ਇਲਾਕਿਆਂ ਵਿੱਚ ਰੁਜ਼ਗਾਰ ਪੈਦਾ ਕਰਾਉਣ ਵਿੱਚ ਮੁੱਖ ਰੋਲ ਨਰੇਗਾ ਯੋਜਨਾ ਦਾ ਸੀ। ਪਰ ਮੋਦੀ ਸਰਕਾਰ ਦੀ ਨਰੇਗਾ ਬਾਰੇ ਸੋਚ ਇਸ ਯੋਜਨਾ ਨੂੰ ਡੋਬਣ ਵਾਲੀ ਹੈ। ਮਨਰੇਗਾ ਪੇਂਡੂ ਰੁਜ਼ਗਾਰ ਸੰਬੰਧੀ ਲੋਕ ਸਭਾ ਦੀ 'ਸਥਾਈ ਸੰਮਤੀ' ਦੀ ਫਰਵਰੀ 2024 ਦੀ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ 2023-24 ਵਿੱਚ ਨਰੇਗਾ ਯੋਜਨਾ ਲਈ ਬਜਟ ਵਿੱਚ ਕਮੀ "ਹੈਰਾਨ ਕਰਨ ਵਾਲੀ ਹੈ ਅਤੇ ਇਸ 'ਤੇ ਗੌਰ ਕਰਨ ਦੀ ਜ਼ਰੂਰਤ ਹੈ।"

ਲਿਬਟੇਕ ਇੰਡੀਆ ਦੁਆਰਾ ਕੀਤੇ ਗਏ ਇੱਕ ਅਧਿਐਨ, ਜਿਸ ਦਾ ਵਿਸ਼ਾ ਹੈ,'ਦਾ ਮਿਸਿੰਗ ਵਰਕ: ਏ ਨੈਸ਼ਨਲ ਰੀਵਿਊ ਆਫ ਐਮ ਜੀ ਐਨ ਆਰ ਈ ਜੀ ਏ (ਵਿੱਤੀ ਸਾਲ 2024-25) ਦੀ ਰਿਪੋਰਟ ਤੋਂ ਪਤਾ ਚੱਲਿਆ ਹੈ ਕਿ ਵਿੱਤੀ ਸਾਲ 2024-25 ਵਿੱਚ ਇਸ ਯੋਜਨਾ ਵਿੱਚ ਮਜ਼ਦੂਰਾਂ ਅਤੇ ਜਾਬ ਕਾਰਡਾਂ ਵਿੱਚ ਵਾਧਾ ਦੇਖਿਆ ਗਿਆ, ਪਰੰਤੂ ਲੋਕਾਂ ਲਈ ਰੁਜ਼ਗਾਰ ਪੈਦਾ ਕਰਨ ਵਿੱਚ ਗਿਰਾਵਟ ਆਈ। ਜਿਵੇਂ ਕਿ ਹਾਲ ਹੀ ਵਿੱਚ 'ਦ ਟੈਲੀਗ੍ਰਾਫ' ਦੇ ਅਧਿਐਨ ਵਿੱਚ ਪਾਇਆ ਗਿਆ ਹੈ ਕਿ 2024-25 ਵਿੱਚ ਮਨਰੇਗਾ ਵਿੱਚ 1.16 ਕਰੋੜ ਜਾਬ ਕਾਰਡ ਅਤੇ 1.31 ਕਰੋੜ ਮਜ਼ਦੂਰਾਂ ਦੀ ਗਿਣਤੀ ਵਿੱਚ ਪੱਕੇ ਰੂਪ ਵਿੱਚ ਵਾਧਾ ਹੋਇਆ ਹੈ। ਅਧਿਐਨ ਤੋਂ ਇਹ ਵੀ ਪਤਾ ਚਲਦਾ ਹੈ ਕਿ ਇਸ ਯੋਜਨਾ ਵਿੱਚ ਦੋ ਵਿੱਤੀ ਸਾਲਾਂ ਵਿੱਚ ਦੇਸ਼ ਭਰ ਵਿੱਚ 5.9 ਕਰੋੜ ਮਨਰੇਗਾ ਮਜ਼ਦੂਰਾਂ ਜਾਂ 2.1 ਕਰੋੜ ਪਰਵਾਰਾਂ ਦੇ ਜਾਬ ਕਾਰਡ ਖਤਮ ਕੀਤੇ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਭਲੇ ਹੀ ਕੁਝ ਹਟਾਏ ਗਏ ਮਜ਼ਦੂਰਾਂ ਨੂੰ ਬਾਅਦ ਵਿੱਚ ਬਹਾਲ ਕਰ ਦਿੱਤਾ ਗਿਆ ਸੀ। 'ਦਾ ਟੈਲੀਗ੍ਰਾਫ' ਦੀ ਰਿਪੋਰਟ ਅਨੁਸਾਰ, ਮਨਰੇਗਾ ਵਿੱਚ ਰੁਜ਼ਗਾਰ ਦੇ ਦਿਨ 2023-24 ਵਿੱਚ 289 ਕਰੋੜ ਤੋਂ ਘਟ ਕੇ 2024-25 ਵਿੱਚ 268 ਕਰੋੜ ਰਹਿ ਗਏ ਹਨ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪ੍ਰਤੀ ਪਰਵਾਰ ਰੁਜ਼ਗਾਰ ਦੇ ਔਸਤ ਦਿਨ ਵੀ 52 ਤੋਂ ਘਟ ਕੇ 50 ਰਹਿ ਗਏ ਹਨ।

ਦੇਸ਼ ਦੇ ਕੁਝ ਹਿੱਸਿਆਂ ਵਿੱਚ ਮਨਰੇਗਾ ਦੇ ਕਾਰਜ ਵਿੱਚ ਧੋਖਾਧੜੀ ਦੀਆਂ ਖਬਰਾਂ ਵੀ ਆਈਆਂ ਹਨ। ਉਦਾਹਰਨ ਦੇ ਲਈ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਪ੍ਰਕਾਸ਼ਿਤ "ਡੇਕਨ ਹੇਰਾਲਡ" ਦੀ ਰਿਪੋਰਟ ਵਿੱਚ ਯੂ ਪੀ ਦੇ 'ਸੰਭਲ' ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਇਸ ਯੋਜਨਾ ਤਹਿਤ ਕਥਿਤ ਧੋਖਾਧੜੀ ਦੀ ਗੱਲ ਕੀਤੀ ਗਈ ਸੀ, ਜਿਸ ਵਿੱਚ ਮਰ ਚੁੱਕੇ ਲੋਕਾਂ ਦੇ ਨਾਂਅ 'ਤੇ ਜਾਬ ਕਾਰਡ ਬਣਾਉਣ ਅਤੇ ਕਾਗਜ਼ਾਂ ਵਿੱਚ "ਕੰਮ ਪੂਰਾ ਹੋ ਜਾਣ" ਦਾ ਝੂਠਾ ਦਾਅਵਾ ਕਰਕੇ ਮਜ਼ਦੂਰੀ ਦੇ ਪੈਸੇ ਕਢਾਉਣ ਦਾ ਮਾਮਲਾ ਸਾਹਮਣੇ ਆਇਆ ਹੈ।

# ਸੰਪਰਕ : 98760-78731

CMYK

# ਕਮਲ ਭਾਬੀ ਦੇ ਕਾਤਲਾਂ ਨੂੰ ਜੇਲ੍ਹ ਭੇਜਿਆ



**ਬਠਿੰਡਾ (ਪਰਵਿੰਦਰ ਜੀਤ ਸਿੰਘ)**- ਬੀਤੇ ਦਿਨੀਂ ਬਠਿੰਡਾ ਦੇ ਆਦੇਸ਼ ਹਸਪਤਾਲ ਦੇ ਸਾਹਮਣੇ ਲੁਧਿਆਣਾ ਦੀ ਮਸ਼ਹੂਰ ਇਨਫਲੈਂਸਰ ਕੰਚਨ ਕੁਮਾਰੀ ਉਰਫ ਭਾਬੀ ਕਮਲ ਕੌਰ ਨੂੰ ਕੁਝ ਲੋਕਾਂ ਨੇ ਮਾਰ ਕੇ ਗੱਡੀ ਵਿੱਚ ਹੀ ਸੁੱਟ ਦਿੱਤਾ ਸੀ ਜਿਸ ਤੋਂ ਬਾਅਦ ਪੁਲਸ ਨੇ ਪੰਜ ਲੋਕਾਂ ਉੱਪਰ ਮਾਮਲਾ ਦਰਜ ਕੀਤਾ ਜਿਨ੍ਹਾਂ ਵਿੱਚੋਂ ਦੋ ਦੀ ਗ੍ਰਿਫਤਾਰੀ ਕੀਤੀ ਗਈ ਅਤੇ ਬਾਕੀ ਫਰਾਰ ਦੱਸੇ ਜਾ ਰਹੇ ਹਨ। ਜਿਸ ਵਿੱਚ ਮੁੱਖ ਮੁਲਜ਼ਮ ਅੰਮ੍ਰਿਤਪਾਲ ਸਿੰਘ ਮਹਿਰੋਂ ਸੀ ਜੋ ਵਿਦੇਸ਼ ਭੱਜ ਚੁੱਕਿਆ ਹੈ। ਦੋ ਨਿਹੰਗ ਜੋ ਪੁਲਸ ਵੱਲੋਂ ਹਿਰਾਸਤ ਵਿੱਚ ਲਏ ਗਏ ਸਨ, ਜਿਨ੍ਹਾਂ ਦੇ ਪੁੱਛਗਿੱਛ ਦੌਰਾਨ ਪਤਾ ਲੱਗਿਆ ਸੀ ਕਿ ਇਸ ਵਿੱਚ ਹੋਰ ਵੀ ਕੁਝ ਲੋਕ ਸ਼ਾਮਲ ਸਨ। ਬੁੱਧਵਾਰ ਉਹਨਾਂ ਨੂੰ ਅਦਾਲਤ ਵਿੱਚ ਰਿਮਾਂਡ ਖਤਮ ਹੋਣ 'ਤੇ ਪੇਸ਼ ਕੀਤਾ ਗਿਆ ਤਾਂ ਮਾਨਯੋਗ ਅਦਾਲਤ ਨੇ ਉਹਨਾਂ ਨੂੰ 14 ਦਿਨ ਦੇ ਜੁਡੀਸ਼ਲ ਰਿਮਾਂਡ 'ਤੇ ਜੇਲ੍ਹ ਭੇਜ ਦਿੱਤਾ। ਐਸ ਐਚ ਓ ਥਾਣਾ ਕੈਂਟ ਦਲਜੀਤ ਸਿੰਘ ਨੇ ਦੱਸਿਆ ਕਿ ਜੋ ਪੁੱਛਗਿੱਛ ਕਰਨੀ ਸੀ ਉਹ ਅਸੀਂ ਕਰ ਲਈ ਗਈ ਹੈ। ਅੱਜ ਮਾਨਯੋਗ ਕੋਰਟ ਵਿੱਚ ਇਹਨਾਂ ਮੁਲਜ਼ਮਾਂ ਨੂੰ ਪੇਸ਼ ਕੀਤਾ ਸੀ ਤਾਂ ਮਾਨਯੋਗ ਅਦਾਲਤ ਨੇ 14 ਦਿਨ ਦੇ ਜੁਡੀਸ਼ਲ ਰਿਮਾਂਡ 'ਤੇ ਜੇਲ੍ਹ ਭੇਜ ਦਿੱਤਾ। ਬਾਕੀ ਦੇ ਮੁਲਜ਼ਮਾਂ ਦੀ ਭਾਲ ਕਰ ਰਹੇ ਹਾਂ।

# ਜ਼ਿਲ੍ਹਾ ਵਾਸੀਆਂ ਨੂੰ ਯੋਗ ਨਾਲ ਜੋੜ ਕੇ ਬਣਾਇਆ ਜਾ ਰਿਹਾ ਸਿਹਤਮੰਦ : ਡਿਪਟੀ ਕਮਿਸ਼ਨਰ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿਹਤਮੰਦ ਪੰਜਾਬ ਤਹਿਤ ਸ਼ੁਰੂ ਕੀਤੀ 'ਸੀ.ਐਮ. ਦੀ ਯੋਗਸ਼ਾਲਾ' ਸਿਹਤਮੰਦ ਪੰਜਾਬ ਬਣਾਉਣ ਦੀ ਲਹਿਰ 'ਚ ਅਹਿਮ ਯੋਗਦਾਨ ਨਿਭਾਅ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਵਾਸੀਆਂ ਨੂੰ ਯੋਗ ਨਾਲ ਜੋੜ ਕੇ ਉਨ੍ਹਾਂ ਨੂੰ ਸਿਹਤਮੰਦ ਤੇ ਤੰਦਰੁਸਤ ਬਣਾਇਆ ਜਾ ਰਿਹਾ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਨੇ ਸਾਂਝੀ ਕੀਤੀ। ਜ਼ਿਲ੍ਹੇ ਦੇ ਯੋਗਾ ਕੋਆਰਡੀਨੇਟਰ ਅਜ਼ਾਦ ਸਿੰਘ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਦੇ ਤਹਿਤ ਨਿਰੰਤਰ ਤੌਰ 'ਤੇ ਯੋਗਾ ਦੀਆਂ ਕਲਾਸਾਂ ਚੱਲ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਯੋਗ ਮਨੁੱਖੀ ਜੀਵਨ ਨੂੰ ਨਿਰੋਲ, ਤੰਦਰੁਸਤ ਅਤੇ ਰੋਗ ਮੁਕਤ ਬਣਾਉਂਦਾ ਹੈ।ਇਸ ਦੇ ਰੋਜ਼ਾਨਾ ਅਭਿਆਸ ਨਾਲ ਸਰੀਰ ਤਾਂ ਫਿੱਟ ਰਹਿੰਦਾ ਹੀ ਹੈ, ਸਗੋਂ ਮਨ ਅਤੇ ਆਤਮਾ ਨੂੰ ਵੀ ਸ਼ਾਂਤੀ ਮਿਲਦੀ ਹੈ। ਉਨ੍ਹਾਂ ਦੱਸਿਆ ਕਿ ਜੋ ਮੈਂਬਰ ਲਗਾਤਾਰ ਯੋਗ ਕਰ ਰਹੇ ਹਨ, ਜਿਸ ਦੇ ਨਾਲ ਉਨ੍ਹਾਂ ਦੀਆਂ ਕਈ ਸਰੀਰਕ ਤੇ ਮਾਨਸਿਕ ਬਿਮਾਰੀਆਂ ਠੀਕ ਹੋ ਰਹੀਆਂ ਹਨ, ਜਿਵੇਂ ਹਾਈ ਬਲੱਡ ਪ੍ਰੈਸ਼ਰ, ਸਰਵਾਈਕਲ, ਭਾਰ ਜ਼ਿਆਦਾ ਹੋਣਾ ਆਦਿ। ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿਚ ਰੋਜ਼ਾਨਾ 22 ਯੋਗਾ ਟ੍ਰੇਨਰਾਂ ਵੱਲੋਂ 128 ਕਲਾਸਾਂ ਲਾਈਆਂ ਜਾ ਰਹੀਆਂ ਹਨ।



# ਪ੍ਰਸ਼ਾਸਨ ਦੇ ਭਰੋਸੇ ਮਗਰੋਂ ਅੰਤਮ ਸੰਸਕਾਰ ਲਈ ਰਾਜ਼ੀ ਹੋਇਆ ਪਰਵਾਰ

**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)** ਪਿੰਡ ਢੂੰਡਖੇੜ 'ਚ ਅੱਗ ਨਾਲ ਝੁਲਸਣ ਕਾਰਨ ਪੀਜੀਆਈ ਵਿੱਚ ਹੋਈ ਮੌਤ ਉਪਰੰਤ ਮ੍ਰਿਤਕ ਦੀ ਲਾਸ਼ ਨੂੰ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਭਗਤ ਸਿੰਘ ਚੌਕ ਵਿਖੇ ਇਨਸਾਫ ਦੀ ਮੰਗ ਨੂੰ ਲੈ ਕੇ ਧਰਨਾ ਦੇ ਰਹੇ ਪਰਵਾਰਕ ਮੈਂਬਰਾਂ ਤੇ ਪ੍ਰਸ਼ਾਸਨ ਵਿਚਾਲੇ ਸਮਝੌਤੇ ਮਗਰੋਂ ਪਰਵਾਰ ਮ੍ਰਿਤਕ ਵਿਅਕਤੀ ਦੇ ਅੰਤਮ ਸੰਸਕਾਰ ਲਈ ਰਾਜ਼ੀ ਹੋ ਗਿਆ ਹੈ। ਐਸਪੀ ਹੈੱਡ ਕੁਆਰਟਰ ਪਟਿਆਲਾ ਵੈੱਬ ਚੌਧਰੀ ਤੇ ਡੀਐਸਪੀ ਇੰਦਰਪਾਲ ਸਿੰਘ ਚੌਹਾਨ ਤੇ ਐਸਡੀਐਮ ਪਾਤੜਾਂ ਅਸ਼ੋਕ ਕੁਮਾਰ ਨਾਲ ਕਈ ਦੌਰ ਦੀ ਚੱਲੀ ਗੱਲਬਾਤ ਤੇ ਭਾਜਪਾ ਆਗੂ ਗੁਰਤੇਜ ਸਿੰਘ ਢਿੱਲੋਂ ਦੇ ਦਖ਼ਲ ਮਗਰੋਂ ਦੋਵਾਂ ਧਿਰਾਂ ਵਿੱਚ ਸਮਝੌਤਾ ਸਿਰੇ ਚੜ੍ਹਿਆ।ਪ੍ਰਦਰਸ਼ਨਕਾਰੀਆਂ ਨੂੰ ਸ਼ਾਂਤ ਕਰਨ ਲਈ ਧਰਨੇ ਵਿੱਚ ਪਹੁੰਚੇ ਐਸਪੀ ਹੈੱਡ ਕੁਆਰਟਰ ਵੱਲੋਂ ਇੱਕ ਦੋਸ਼ੀ ਨੂੰ ਗ੍ਰਿਫਤਾਰ ਕਰਨ ਤੇ ਦੂਜਿਆਂ ਨੂੰ ਜਲਦੀ ਕਾਬੂ ਕਰ ਲੈਣ ਦਾ ਭਰੋਸਾ ਦਿੱਤੇ ਜਾਣ ਮਗਰੋਂ ਪਰਵਾਰ ਸਸਕਾਰ ਲਈ ਸਹਿਮਤ ਹੋਇਆ।ਸਮਝੌਤੇ ਮੁਤਾਬਕ ਧਰਨੇ ਵਿੱਚ ਬੈਠੀਆਂ ਔਰਤਾਂ ਘਰਾਂ ਨੂੰ ਚਲੀਆਂ ਗਈਆਂ, ਜਦੋਂਕਿ ਮ੍ਰਿਤਕ ਦੇ ਮਰਦ ਪਰਵਾਰਕ ਮੈਂਬਰਾਂ ਤੇ ਰਿਸ਼ਤੇਦਾਰਾਂ ਨੇ ਮੰਗਲਵਾਰ ਸਵੇਰੇ 8 ਵਜੇ ਅੰਤਿਮ ਸਸਕਾਰ ਲਈ ਸਹਿਮਤੀ ਦੇ ਦਿੱਤੀ। ਐਸਪੀ ਵੈਭਵ ਚੌਧਰੀ ਨੂੰ ਧਰਨੇ ਉੱਤੇ ਬੈਠੇ ਮ੍ਰਿਤਕ ਵਿਅਕਤੀ ਦੇ ਪੁੱਤਰ ਜਸਕਰਨ ਸਿੰਘ ਤੇ ਮੁਖਤਿਆਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੇ ਤਾਏ ਕੁਲਵਿੰਦਰ ਸਿੰਘ ਨੇ ਉਨ੍ਹਾਂ ਦੇ ਪਿਤਾ ਦੇ ਕਾਗ਼ਜ਼ਾਂ ਉੱਤੇ ਪਹਿਲਾਂ ਫੌਜ ਵਿੱਚ ਨੌਕਰੀ ਕੀਤੀ ਅਤੇ ਸੇਵਾ ਮੁਕਤ ਹੋਣ ਮਗਰੋਂ ਪਿੰਡ ਆ ਕੇ ਉਨ੍ਹਾਂ ਦੇ ਪਿਤਾ ਦੇ ਜਾਅਲੀ ਆਧਾਰ ਕਾਰਡ ਅਤੇ ਪੈਨ ਕਾਰਡ ਤਿਆਰ ਕਰਕੇ ਉਨ੍ਹਾਂ ਦੀ ਜ਼ਮੀਨ ਦੀ ਵਸੀਅਤ ਆਪਣੇ ਪੁੱਤਰ ਦੇ ਨਾਂਅ ਕਰ ਦਿੱਤੀ।ਪਤਾ ਲੱਗਣ 'ਤੇ ਉਨ੍ਹਾਂ ਕਈ ਪੰਚਾਇਤਾਂ ਕੀਤੀਆਂ, ਪਰ ਕੁਲਵਿੰਦਰ ਸਿੰਘ ਬੇਜ਼ਿਦ ਰਿਹਾ, ਜਿਸ ਮਗਰੋਂ ਉਨ੍ਹਾਂ ਦਾ ਸਾਲ 2018 ਤੋਂ ਜ਼ਮੀਨ ਨੂੰ ਲੈ ਕੇ ਅਦਾਲਤ ਵਿੱਚ ਕੇਸ ਚੱਲ ਰਿਹਾ ਹੈ, ਜਿਸ ਦੇ ਚੱਲਦਿਆਂ ਵਿਰੋਧੀ ਧਿਰ ਉਨ੍ਹਾਂ ਦੀ ਜ਼ਮੀਨ ਉੱਤੇ ਕਬਜ਼ਾ ਕਰਨ ਆਈ, ਵਿਰੋਧ ਕਰਨ 'ਤੇ ਉਨ੍ਹਾਂ ਸੁਖਦੇਵ ਸਿੰਘ ਉੱਤੇ ਤੇਲ ਪਾ ਕੇ ਅੱਗ ਲਾ ਦਿੱਤੀ ਗਈ ਸੀ।ਇਸ ਮਾਮਲੇ ਨੂੰ ਲੈ ਕੇ ਸ਼ੁਤਰਾਣਾ ਪੁਲਿਸ ਵੱਲੋਂ 7 ਦੇ ਕਰੀਬ ਪਛਾਣੇ ਗਏ ਵਿਅਕਤੀਆਂ ਦੇ ਖਿਲਾਫ਼ ਮੇਰੇ ਪਿਤਾ ਦੇ ਮਰਨ ਤੋਂ ਪਹਿਲਾਂ ਦਿੱਤੇ ਗਏ ਬਿਆਨਾਂ ਦੇ ਅਧਾਰ 'ਤੇ ਕੇਸ ਦਰਜ ਕੀਤਾ ਗਿਆ ਹੈ, ਪਰ ਹਾਲੇ ਤੱਕ ਕਿਸੇ ਵੀ ਦੋਸ਼ੀ ਦੀ ਕੋਈ ਗ੍ਰਿਫ਼ਤਾਰੀ ਨਹੀਂ ਕੀਤੀ ਗਈ।ਇਸ ਪੀੜਤ ਪਰਵਾਰ ਦੀ ਗੱਲ ਸੁਣਨ ਮਗਰੋਂ ਐਸਪੀ ਵੈਭਵ ਚੌਧਰੀ ਨੇ ਕਿਹਾ ਕਿ ਸੁਖਦੇਵ ਸਿੰਘ ਦੀ ਹਸਪਤਾਲ ਵਿੱਚ ਦਾਖ਼ਲ ਹੋਣ ਸਮੇਂ ਇਸ ਦੇ ਬਿਆਨਾਂ 'ਤੇ 7 ਲੋਕਾਂ ਤੇ ਖ਼ਿਲਾਫ਼ ਇਰਾਦਾ ਕਤਲ ਦਾ ਕੇਸ ਦਰਜ ਕੀਤਾ ਗਿਆ ਸੀ, ਪਰ ਇਸ ਦੀ ਮੌਤ ਹੋਣ ਮਗਰੋਂ ਇਨ੍ਹਾਂ ਦੇ ਖ਼ਿਲਾਫ ਕਤਲ ਦਾ ਕੇਸ ਦਰਜ ਕਰ ਦਿੱਤਾ ਗਿਆ ਹੈ ਅਤੇ ਇਨ੍ਹਾਂ ਵਿੱਚੋਂ ਜਸਵੀਰ ਸਿੰਘ ਉਰਫ ਜੱਸੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਬਾਕੀ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ ਅਤੇ ਛੇਤੀ ਹੀ ਇਨ੍ਹਾਂ ਨੂੰ ਵੀ ਗ੍ਰਿਫ਼ਤਾਰ ਕਰ ਲਿਆ ਜਾਵੇਗਾ। ਧਰਨੇ ਵਿੱਚ ਪੁੱਜੇ ਭਾਜਪਾ ਦੀ ਪੰਜਾਬ ਦੀ ਕਾਰਜਕਾਰਨੀ ਦੇ ਮੈਂਬਰ ਗੁਰਤੇਜ ਸਿੰਘ ਢਿੱਲੋਂ ਤੇ ਭਾਜਪਾ ਦੇ ਵਪਾਰ ਸੈਲ ਦੇ ਉਪ ਚੇਅਰਮੈਨ ਰੁਮੇਸ਼ ਕੁਮਾਰ ਕੁੱਕੂ ਨੇ ਇਸ ਘਟਨਾ 'ਤੇ ਗਹਿਰਾ ਦੁੱਖ ਪ੍ਰਗਟ ਕਰਦਿਆਂ ਮ੍ਰਿਤਕ ਦੇ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਨਾਲ ਕਿਸੇ ਤਰ੍ਹਾਂ ਦੀ ਕੋਈ ਵੀ ਨਾਇਨਸਾਫ਼ੀ ਨਹੀਂ ਹੋਣ ਦਿੱਤੀ ਜਾਵੇਗੀ ਤੇ ਸਮੁੱਚੀ ਭਾਜਪਾ ਹਾਈਕਮਾਨ ਉਨ੍ਹਾਂ ਨਾਲ ਖੜੀ ਹੈ ਤੇ ਇਸ ਪਰਵਾਰ ਦੀ ਹਰ ਤਰ੍ਹਾਂ ਦੀ ਮਦਦ ਕੀਤੀ ਜਾਵੇਗੀ।

● ਪੁਲਸ ਵੱਲੋਂ ਇੱਕ ਵਿਅਕਤੀ ਗ੍ਰਿਫ਼ਤਾਰ, ਦੂਜਿਆਂ ਨੂੰ ਜਲਦੀ ਕਾਬੂ ਕਰਨ ਦਾ ਦਾਅਵਾ



# ਪੀ ਜੀ ਆਈ 'ਚ ਰੋਗੀਆਂ ਦੀ ਸਹੂਲਤ ਲਈ ਸਮਾਰਟ ਨੇਵੀਗੇਸ਼ਨ ਐਪ ਲਾਂਚ ਹੋਵੇਗੀ

**ਸਮਰਾਲਾ (ਸੁਰਜੀਤ ਸਿੰਘ)** ਪੀ.ਜੀ.ਆਈ ਚੰਡੀਗੜ੍ਹ ਵਿੱਚ ਦਿਨੋ-ਦਿਨ ਵਧ ਰਹੀ ਰੋਗੀਆਂ ਦੀ ਤਾਦਾਦ ਦੇ ਮੱਦੇਨਜ਼ਰ ਪ੍ਰਸ਼ਾਸਨ ਮਰੀਜ਼ਾਂ ਦੀ ਸਹੂਲਤ ਲਈ ਕੋਈ ਨਾ ਕੋਈ ਉਪਰਾਲੇ ਨਿਰੰਤਰ ਕਰਦਾ ਰਹਿੰਦਾ ਹੈ।ਇਸ ਦਿਸ਼ਾ ਵਿਚ ਇੱਕ ਕਦਮ ਹੋਰ ਅੱਗੇ ਵਧਾਉਂਦਿਆਂ ਪੀ.ਜੀ.ਆਈ ਪ੍ਰਸ਼ਾਸਨ ਵੱਲੋਂ ਰੋਗੀਆਂ ਦੀ ਸਹੂਲਤ ਤੇ ਹਸਪਤਾਲ ਪ੍ਰਬੰਧਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦੇ ਹੋਏ ਇਸ ਸਾਲ ਦੇ ਅੰਤ ਤੱਕ ਇੱਕ ਸਮਾਰਟ ਮੋਬਾਈਲ ਐਪ ਲਾਂਚ ਕੀਤਾ ਜਾਵੇਗਾ, ਜਿਸ ਵਿੱਚ ਹਸਪਤਾਲ ਦੇ ਅੰਦਰ ਰੀਅਲ-ਟਾਈਮ ਮੈਪਿੰਗ, ਕਿਊ ਆਰ ਕੋਡ ਆਧਾਰਤ ਪੇਸ਼ੈਂਟ ਆਈਡੈਂਟੀਫਿਕੇਸ਼ਨ ਤੇ ਭੀੜ ਪ੍ਰਬੰਧਨ ਵਰਗੀਆਂ ਵਿਸ਼ੇਸ਼ਤਾਵਾਂ ਸ਼ਾਮਲ ਹੋਣਗੀਆਂ, ਜੋ ਹਸਪਤਾਲ ਦੀ ਨੇਵੀਗੇਸ਼ਨ ਨੂੰ ਆਸਾਨ ਬਣਾਉਣ ਅਤੇ ਉਡੀਕ ਸਮੇਂ ਨੂੰ ਘਟਾਉਣ ਵਿੱਚ ਮਦਦਗਾਰ ਸਾਬਤ ਹੋਣਗੀਆਂ। ਸਮਾਚਾਰ ਅਨੁਸਾਰ ਐਪ ਹਸਪਤਾਲ ਅੰਦਰ ਘੁੰਮਣ ਵਿੱਚ ਮਦਦਗਾਰ ਸਾਬਤ ਹੋਵੇਗਾ, ਸਹੀ ਤੇ ਪ੍ਰਭਾਵਸ਼ਾਲੀ ਇਲਾਜ ਯਕੀਨੀ ਬਣਾਉਣ ਲਈ ਕਯੂ ਆਰ ਕੋਡ ਆਧਾਰਿਤ ਪੇਸ਼ੈਂਟ ਦੀ ਆਈਡੈਂਟੀਫਿਕੇਸ਼ਨ ਹੋ ਸਕੇਗੀ ਅਤੇ ਐਪ ਉਡੀਕ ਸਮੇਂ ਨੂੰ ਘਟਾਉਣ, ਹਸਪਤਾਲ ਦੇ ਕੰਮਕਾਜ ਨੂੰ ਸੁਧਾਰਨ ਤੇ ਲਈ ਭੀੜ ਪ੍ਰਬੰਧਨ ਵਿਚ ਮਦਦ ਕਰੇਗਾ। ਪੀ ਜੀ ਆਈ ਦੇ ਡਾਇਰੈਕਟਰ ਪ੍ਰੋ. ਵਿਵੇਕ ਲਾਲ ਨੇ ਕਿਹਾ ਕਿ ਇਹ ਐਪ ਰੋਗੀਆਂ ਨੂੰ ਸੇਵਾ ਦੇਣ ਅਤੇ ਹਸਪਤਾਲ ਪ੍ਰਬੰਧਨ ਦੇ ਢੰਗ ਨੂੰ ਪੂਰੀ ਤਰ੍ਹਾਂ ਬਦਲ ਦੇਵੇਗਾ।ਇਹ ਹਸਪਤਾਲ ਨੂੰ ਹੋਰ ਆਸਾਨ, ਪ੍ਰਭਾਵਸ਼ਾਲੀ ਤੇ ਰੋਗੀ-ਮਿੱਤਰ ਬਣਾਉਣ ਲਈ ਤਿਆਰ ਕੀਤਾ ਗਿਆ ਹੈ।ਪੀ.ਜੀ.ਆਈ ਸੂਤਰਾਂ ਮੁਤਾਬਕ ਐਪ ਨਾਲ ਹਸਪਤਾਲ ਦਾ ਸੂਚਨਾ ਤੰਤਰ ਪੂਰੀ ਡਿਜੀਟਲਾਈਜ਼ ਹੋਵੇਗਾ, ਜਿਸ ਨਾਲ ਦਵਾਈਆਂ ਦੀ ਮੰਗ ਤੇ ਖਰੀਦ ਆਨਲਾਈਨ ਹੋਵੇਗੀ।ਉਨ੍ਹਾਂ ਕਿਹਾ ਕਿ ਪੀ ਜੀ ਆਈ ਨੇ ਹਮੇਸ਼ਾਂ ਰੋਗੀਆਂ ਲਈ ਸਸਤਾ ਇਲਾਜ ਉਪਲਬਧ ਕਰਾਉਣ ਲਈ ਵਚਨਬੱਧਤਾ ਦਿਖਾਈ ਹੈ।ਉਨ੍ਹਾਂ ਅੱਗੇ ਦੱਸਿਆ ਕਿ ਇਸ ਸਿਹਤ ਸੰਸਥਾ ਵਿੱਚ 9 ਅੰਮ੍ਰਿਤ ਦਵਾ ਸਟੋਰ ਮੌਜੂਦ ਹਨ, ਜੋ ਕੈਂਪਸ ਵਿਚ ਵਿਕਣ ਵਾਲੀਆਂ 85% ਦਵਾਈਆਂ ਦੇ ਲੈਣ-ਦੇਣ ਦਾ ਕੇਂਦਰ ਹਨ।ਇੱਕ ਹੋਰ ਨਵਾਂ ਅੰਮ੍ਰਿਤ ਫਾਰਮੇਸੀ ਸੈਂਟਰ ਜਲਦੀ ਹੀ ਐਮਰਜੈਂਸੀ ਬਲਾਕ ਦੇ ਨੇੜੇ ਖੋਲ੍ਹਿਆ ਜਾਵੇਗਾ।ਇਸੇ ਦੌਰਾਨ ਜੰਮੂ-ਕਸ਼ਮੀਰ ਵਿਚ ਆਈ ਮਨੁੱਖੀ ਆਫ਼ਤ ਨੂੰ ਦੇਖਦੇ ਹੋਏ ਓਪਰੇਸ਼ਨ ਸਿੰਦੂਰ 'ਚ ਭਾਗ ਲੈਣ ਵਾਲੀ ਟੀਮ, ਜਿਸ ਵਿੱਚ ਡਾਕਟਰ, ਨਰਸਾਂ, ਪੈਰਾ ਮੈਡੀਕਲ ਅਤੇ ਟਰਾਂਸਪੋਰਟ ਕਰਮਚਾਰੀ ਸ਼ਾਮਿਲ ਸਨ, ਨੂੰ ਉਹਨਾਂ ਦੀ ਵਿਰਲੇ ਹੌਸਲੇ ਤੇ ਨਿਸ਼ਠਾ ਲਈ ਸਨਮਾਨਤ ਕੀਤਾ ਗਿਆ। ਪੀ ਜੀ ਆਈ ਦੇ ਡਾਇਰੈਕਟਰ ਪ੍ਰੋ. ਲਾਲ ਨੇ ਆਖਿਆ ਕਿ ਪੀ ਜੀ ਆਈ ਮਰੀਜ਼ਾਂ ਦੇ ਉਪਚਾਰ ਲਈ ਉੱਤਮਤਾ ਅਤੇ ਕਰੁਣਾ ਲਈ ਵਚਨਬੱਧ ਹੈ।



# ਜੀਜੇ-ਸਾਲੇ ਨੇ 17 ਲੱਖ 15 ਹਜ਼ਾਰ ਦੀ ਮਾਰੀ ਠੱਗੀ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਫਿਰੋਜ਼ਪੁਰ ਵਿਖੇ ਪੈਟਰੋਲ ਪੰਪ 'ਤੇ ਲੱਗੇ ਜੀਜੇ ਸਾਲੇ ਵੱਲੋਂ 17 ਲੱਖ 15 ਹਜ਼ਾਰ 136 ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿਚ ਥਾਣਾ ਸਿਟੀ ਫਿਰੋਜ਼ਪੁਰ ਪੁਲਿਸ ਨੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਦੱਸਿਆ ਕਿ ਇਕ ਪੜਤਾਲੀਆ ਰਿਪੋਰਟ ਯੂ ਆਈ ਡੀ ਨੰਬਰ 544072 ਮਿਤੀ 6 ਮਾਰਚ ਵੱਲੋਂ ਗੁਰਵਿੰਦਰ ਸਿੰਘ ਵਿਰਕ ਪੁੱਤਰ ਗੁਰਜੀਤ ਸਿੰਘ ਵਾਸੀ ਬਸਤੀ ਬਲੋਚਾਂ ਵਾਲੀ, ਫਿਰੋਜ਼ਪੁਰ ਮੁਲ ਹੋਈ ਕਿ ਉਤਰਵਾਦੀ ਜਸਪਾਲ ਸਿੰਘ ਮੈਨੇਜਰ ਬੀ ਡੀ ਐੱਸ ਪੈਟਰੋ ਪੁਆਇੰਟ ਸਰਕੂਲਰ ਰੋਡ ਬਸਤੀ ਬਲੋਚਾਂ ਵਾਲੀ ਫਿਰੋਜ਼ਪੁਰ ਸ਼ਹਿਰ ਨੇ ਆਪਣੇ ਜੀਜੇ ਕਮਲਜੀਤ ਪੁੱਤਰ ਮੁਖਤਿਆਰ ਸਿੰਘ ਵਾਸੀ ਜਲਾਲਾਬਾਦ ਨਾਲ ਸਾਜ਼ ਬਾਜ਼ ਹੋ ਕੇ ਵੱਖ ਵੱਖ ਪੈਟਰੋਲ ਪੰਪ ਦੇ ਗਾਹਕਾਂ ਕੋਲੋਂ ਪੈਸੇ ਆਪਣੇ ਖਾਤੇ ਵਿਚ ਟਰਾਂਸਫਰ ਕਰਵਾ ਕੇ ਅਤੇ ਨਕਦ ਲੈ ਕੇ ਮਾਲਕ/ਦਰਖਾਸਤੀ ਨੂੰ ਦੇਣ ਦੀ ਬਜਾਏ ਪੈਟਰੋਲ ਪੰਪ ਦੀ ਉਧਾਰ ਦੀ ਰਕਮ ਆਪਣੇ ਪਾਸ ਰੱਖ ਕੇ ਪ੍ਰਾਰਥੀ/ਮਾਲਕ ਨਾਲ 17 ਲੱਖ 15 ਹਜ਼ਾਰ ਰੁਪਏ 136 ਰੁਪਏ ਦੀ ਠੱਗੀ ਮਾਰੀ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੁਖਚੈਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕੀਤਾ ਹੈ।

# ਪੱਤਰਕਾਰ ਸੁਖਪਾਲ ਸਿੰਘ ਢਿੱਲੋਂ ਦੀ ਮੌਤ 'ਤੇ ਦੁੱਖ ਦਾ ਪ੍ਰਗਟਾਵਾ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਸੀਨੀਅਰ ਪੱਤਰਕਾਰ ਸੁਖਪਾਲ ਸਿੰਘ ਢਿੱਲੋਂ ਦੀ ਪਿਛਲੇ ਦਿਨੀਂ ਇੱਕ ਐਕਸੀਡੈਂਟ ਦੌਰਾਨ ਮੌਤ ਹੋ ਗਈ ਸੀ ਅਤੇ ਉਨ੍ਹਾਂ ਦੀ ਧਰਮ ਪਤਨੀ ਜ਼ਖ਼ਮੀ ਹੋ ਗਏ ਸਨ।ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਇਕਾਈ ਸ੍ਰੀ ਮੁਕਤਸਰ ਸਾਹਿਬ ਟੀਮ ਵੱਲੋਂ ਉਨ੍ਹਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਤੇ ਪਰਮਾਤਮਾ ਅੱਗੇ ਅਰਦਾਸ ਕੀਤੀ ਕਿ ਪਰਮਾਤਮਾ ਉਨ੍ਹਾਂ ਨੂੰ ਆਪਣੇ ਚਰਨਾਂ ਵਿਚ ਨਿਵਾਸ ਦੇਣ ਅਤੇ ਪਿੱਛੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ ਤੇ ਉਨ੍ਹਾਂ ਦੀ ਧਰਮਪਤਨੀ ਦੇ ਜਲਦੀ ਠੀਕ ਹੋਣ ਦੀ ਅਰਦਾਸ ਕੀਤੀ ਗਈ। ਦੁੱਖ ਦੀ ਘੜੀ ਵਿੱਚ ਡਾਕਟਰ ਐਸ ਪੀ ਸਿੰਘ ਉਬਰਾਏ, ਜੱਸਾ ਸਿੰਘ ਸੰਧੂ ਕੌਮੀ ਪ੍ਰਧਾਨ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ, ਡਾਕਟਰ ਦਿਲਜੀਤ ਸਿੰਘ ਗਿੱਲ ਸਲਾਹਕਾਰ ਸਿਹਤ ਸੇਵਾਵਾਂ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ, ਸ੍ਰੀਮਤੀ ਇੰਦਰਜੀਤ ਕੌਰ ਡਾਇਰੈਕਟਰ ਐਜੂਕੇਸ਼ਨ, ਡਾਕਟਰ ਅਸ਼ ਅਟਵਾਲ, ਗੁਰਬਿੰਦਰ ਸਿੰਘ ਬਰਾੜ ਇੰਚਾਰਜ ਸਾਊਥ ਵੈਸਟ ਪੰਜਾਬ, ਅਰਵਿੰਦਰ ਪਾਲ ਸਿੰਘ ਚਾਹਲ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ, ਜਸਪਾਲ ਸਿੰਘ ਰਿਟਾਇਰਡ ਲੈਕਚਰਾਰ ਸੀਨੀਅਰ ਮੀਤ ਪ੍ਰਧਾਨ, ਮਲਕੀਤ ਸਿੰਘ ਰਿਟਾਇਰਡ ਬੈਂਕ ਮੈਨੇਜਰ ਮੀਤ ਪ੍ਰਧਾਨ, ਬਲਵਿੰਦਰ ਸਿੰਘ ਬਰਾੜ ਰਿਟਾ ਪ੍ਰਿੰਸੀਪਲ ਸਕੱਤਰ, ਗੁਰਪਾਲ ਸਿੰਘ ਪਾਲੀ ਕੈਸ਼ੀਅਰ, ਜਤਿੰਦਰ ਸਿੰਘ ਕੈਂਥ, ਗੁਰਚਰਨ ਸਿੰਘ ਆਸਟ੍ਰੇਲੀਆ ਵਾਲੇ, ਚਰਨਜੀਤ ਸਿੰਘ ਮਾਂਗਟ ਕੇਰ, ਬਰਨੇਕ ਸਿੰਘ ਰਿਟਾਇਰਡ ਲੈਕਚਰਾਰ, ਸੁਖਬੀਰ ਸਿੰਘ ਜ਼ੈਲਦਾਰ, ਮਾਸਟਰ ਰਜਿੰਦਰ ਸਿੰਘ, ਸੋਮਨਾਥ, ਬਲਜੀਤ ਸਿੰਘ ਮਾਨ ਰਿਟਾ ਪ੍ਰਿੰਸੀਪਲ, ਅਸ਼ੋਕ ਕੁਮਾਰ, ਗੁਰਜੀਤ ਸਿੰਘ ਜੀਤਾ, ਮੈਡਮ ਹਰਿਦਰ ਕੌਰ, ਪ੍ਰਿੰਸੀਪਲ ਬਿੰਦਰਪਾਲ ਕੋਰ, ਮੈਡਮ ਮਨਿੰਦਰ ਕੌਰ, ਗੁਰਚਰਨ ਸਿੰਘ ਭੋਣ, ਕੁਲਵਿੰਦਰ ਸਿੰਘ ਮਨੈਜਰ, ਰਛਪਾਲ ਸਿੰਘ ਡਿਵੈਲਪਮੈਂਟ ਆਫ਼ੀਸਰ, ਰਣਧੀਰ ਸਿੰਘ ਸਾਗੂ ਕਨੇਡਾ,ਅਮ੍ਰਿਤ ਪਾਲ ਸਿੰਘ ਆਦਿ ਵੱਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।

# ਮੱਲਾਂਵਾਲਾ 'ਚ ਨੌਜਵਾਨ ਦੀ ਨਸ਼ੀਲੇ ਟੀਕੇ ਨਾਲ ਮੌਤ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**: ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਬਾਵਜੂਦ ਨਸ਼ੇ ਦੀ ਲਹਿਰ ਰੁਕਣ ਦਾ ਨਾਂਅ ਨਹੀਂ ਲੈ ਰਹੀ। ਤਾਜ਼ਾ ਮਾਮਲਾ ਮੱਲਾਂਵਾਲਾ ਦੇ ਨੇੜਲੇ ਪਿੰਡ ਬਸਤੀ ਜਗ ਸਿੰਘ ਵਾਲੀ ਤੋਂ ਸਾਹਮਣੇ ਆਇਆ ਹੈ, ਜਿੱਥੇ 32 ਸਾਲਾ ਨੌਜਵਾਨ ਮੰਗਾ ਸਿੰਘ ਪੁੱਤਰ ਪੂਰਨ ਸਿੰਘ ਦੀ ਨਸ਼ੀਲੇ ਪਦਾਰਥਾਂ ਦਾ ਟੀਕਾ ਲਗਾਉਣ ਕਾਰਨ ਮੌਤ ਹੋ ਗਈ। ਮੰਗਾ ਸਿੰਘ ਵਿਆਹਿਆ ਹੋਇਆ ਸੀ ਤੇ ਉਸ ਦੇ ਪਿੱਛੇ 9 ਸਾਲ ਦਾ ਪੁੱਤਰ ਵੀ ਹੈ। ਉਸ ਦੀ ਲਾਸ਼ ਮੱਲਾਂਵਾਲਾ ਦੇ ਸੈਮਲਾ ਵਾਲਾ ਚੌਕ ਨੇੜੇ ਮਿਲੀ। ਇਸ ਮੌਕੇ ਪਿੰਡ ਦੇ ਸਰਪੰਚ ਨੇ ਨਾਰਾਜ਼ਗੀ ਜਤਾਉਂਦੇ ਹੋਏ ਕਿਹਾ ਕਿ ਹਾਲਾਂਕਿ ਅਸੀਂ ਸਰਕਾਰ ਦੀ ਨਸ਼ਾ ਵਿਰੁੱਧ ਮੁਹਿੰਮ ਦਾ ਸਮਰਥਨ ਕਰਦੇ ਹਾਂ, ਪਰ ਸਾਡੇ ਇਲਾਕੇ ਵਿਚ ਨਸ਼ਾ ਅਜੇ ਵੀ ਆਸਾਨੀ ਨਾਲ ਉਪਲਬਧ ਹੈ। ਸਰਕਾਰ ਨੇ 30 ਮਈ ਤੱਕ ਨਸ਼ਾ ਮੁਕਤ ਪੰਜਾਬ ਦਾ ਦਾਅਵਾ ਕੀਤਾ ਸੀ, ਪਰ ਹਕੀਕਤ ਇਸ ਤੋਂ ਉਲਟ ਨਜ਼ਰ ਆ ਰਹੀ ਹੈ। ਇਸ ਮੌਤ ਨੇ ਸਾਰੇ ਇਲਾਕੇ ਨੂੰ ਹਿਲਾ ਕੇ ਰੱਖ ਦਿੱਤਾ ਹੈ। ਇਲਾਕਾ ਵਾਸੀਆਂ ਨੇ ਪੁਲਸ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਨਸ਼ਾ ਵੇਚਣ ਵਾਲਿਆਂ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ, ਤਾਂ ਜੋ ਹੋਰ ਪਰਵਾਰ ਇਸ ਤਰ੍ਹਾਂ ਦੇ ਗਮਾਂ ਦਾ ਸ਼ਿਕਾਰ ਨਾ ਹੋਣ। ਉਨ੍ਹਾਂ ਕਿਹਾ ਕਿ ਕੁਝ ਦਿਨ ਪਹਿਲਾਂ ਵੀ ਇੱਕ ਛੇ ਬੱਚਿਆਂ ਵਾਲੇ ਵਿਅਕਤੀ ਦੀ ਨਸ਼ੇ ਕਾਰਨ ਮੌਤ ਹੋ ਗਈ ਸੀ।



# ਆਨਲਾਈਨ ਮੀਡੀਆ ਖਿਲਾਫ਼ ਸਖਤੀਆਂ ਦਾ ਸਿਲਸਿਲਾ ਸ਼ੁਰੂ

**ਲੁਧਿਆਣਾ (ਰੈਕਟਰ ਕਥੂਰੀਆ)** ਲੋਕ ਪ੍ਰਤੀਨਿਧਤਾ ਐਕਟ 1951 ਦੀ ਧਾਰਾ 126 ਤੇ ਬੀਐਨਐਸ 2023 ਦੀ ਧਾਰਾ 223 ਦੇ ਤਹਿਤ 19 ਜੂਨ ਨੂੰ ਹੋਣ ਵਾਲੀ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਦੇ ਸੰਬੰਧ ਵਿੱਚ ਇੱਕ ਓਪੀਨੀਅਨ ਪੋਲ ਪ੍ਰਕਾਸ਼ਤ ਕਰਨ ਸਬੰਧੀ ਇੱਕ ਐਫ਼ਆਈਆਰ (ਨੰਬਰ 0030/2025) ਦਰਜ ਕੀਤੀ ਗਈ ਹੈ। ਓਪੀਨੀਅਨ ਪੋਲ ਦਾ ਪ੍ਰਕਾਸ਼ਨ ਭਾਰਤ ਦੇ ਚੋਣ ਕਮਿਸ਼ਨ ਦੁਆਰਾ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਹੈ, ਜਿਸ ਤਹਿਤ ਪੋਲਿੰਗ ਬੰਦ ਹੋਣ ਤੋਂ 48 ਘੰਟੇ ਪਹਿਲਾਂ ਦੌਰਾਨ ਇਲੈਕਟ੍ਰਾਨਿਕ ਮੀਡੀਆ ਵਿੱਚ ਓਪੀਨੀਅਨ ਪੋਲ ਦੇ ਪ੍ਰਕਾਸ਼ਨ ਜਾਂ ਪ੍ਰਸਾਰਣ 'ਤੇ ਪਾਬੰਦੀ ਹੈ। ਇਹ ਸ਼ਿਕਾਇਤ ਰਸਮੀ ਤੌਰ 'ਤੇ 64-ਲੁਧਿਆਣਾ ਪੱਛਮੀ ਵਿਧਾਨ ਸਭਾ ਹਲਕੇ ਦੇ ਰਿਟਰਨਿੰਗ ਅਫ਼ਸਰ ਦੁਆਰਾ ਕੀਤੀ ਗਈ ਸੀ। ਅਜਿਹੇ ਪੋਲ ਦੇ ਪ੍ਰਕਾਸ਼ਨ ਨੂੰ ਵੋਟਰ ਧਾਰਨਾ/ਰਾਏ ਅਤੇ ਚੋਣ ਪ੍ਰਤੀਕਿਰਿਆ ਨੂੰ ਪ੍ਰਭਾਵਤ ਕਰਨ ਦੀ ਕੋਸ਼ਿਸ਼ ਵਜੋਂ ਦੇਖਿਆ ਜਾਂਦਾ ਹੈ, ਜਿਸ ਨਾਲ ਚੋਣ ਪ੍ਰਕਿਰਿਆ ਦੀ ਅਖੰਡਤਾ ਨੂੰ ਨੁਕਸਾਨ ਪਹੁੰਚਦਾ ਹੈ।

# ਕਾਰਪੋਰੇਟਾਂ ਦੇ ਹੱਕ 'ਚ ਜਮਹੂਰੀ ਹੱਕਾਂ ਦਾ ਘਾਣ ਸਿਖਰਾਂ 'ਤੇ : ਐਡਵੋਕੇਟ ਅਮਨਦੀਪ ਕੌਰ

**ਜਗਰਾਉਂ (ਨਛੱਤਰ ਸੰਧੂ)** ਕਾਲੇ ਅੰਗਰੇਜ਼ਾਂ ਨੇ ਜਮਹੂਰੀ ਹੱਕਾਂ ਨੂੰ ਪੈਰਾਂ ਹੇਠ ਲਤਾੜਨ, ਮਨੁੱਖੀ ਹੱਕਾਂ ਦਾ ਘਾਣ ਕਰਨ ਦੇ ਸਾਰੇ ਰਿਕਾਰਡ ਮਾਤ ਪਾ ਦਿੱਤੇ ਹਨ।ਅੰਗਰੇਜ਼ਾਂ ਨੇ ਗੁਲਾਮੀ ਕਾਇਮ ਰੱਖਣ ਲਈ ਇੱਕ ਜਲਿਆਂਵਾਲਾ ਬਾਗ ਬਣਾਇਆ ਸੀ, ਅੱਜ ਕਾਲੇ ਅੰਗਰੇਜ਼ਾਂ ਦੇ ਰਾਜ 'ਚ ਮੱਧ ਭਾਰਤ ਦੇ ਸੂਬਿਆਂ 'ਚ ਵਹਿਸ਼ੀ ਜਬਰ ਆਦਿਵਾਸੀ ਲੋਕਾਂ ਨੂੰ ਜੰਗਲਾਂ 'ਚੋਂ ਉਜਾੜਨ ਲਈ ਜਿਸ ਕਦਰ ਢਾਹਿਆ ਜਾ ਰਿਹਾ ਹੈ ਤੇ ਹਰ ਰੋਜ਼ ਝੂਠੇ ਪੁਲਸ ਮੁਕਾਬਲਿਆਂ ਰਾਹੀਂ ਕਿੰਨੇ ਹੀ ਜਲਿਆਂਵਾਲਾ ਬਾਗ ਬਣਾਏ ਜਾ ਰਹੇ ਹਨ।ਇਹ ਵਰਤਾਰਾ ਸੋਚਵਾਨ ਲੋਕਾਂ ਦੇ ਵਿਚਾਰਣ ਲਈ ਇੱਕ ਗੰਭੀਰ ਮੁੱਦਾ ਹੈ।ਲੁਧਿਆਣਾ 'ਚ ਪਿਛਲੇ ਲੰਮੇ ਅਰਸੇ ਦੌਰਾਨ ਵਿਛੋੜਾ ਦੇ ਗਏ ਇਨਕਲਾਬੀ ਸਾਥੀਆਂ ਨੂੰ ਸ਼ਰਧਾਂਜਲੀ ਦੇਣ ਲਈ ਇਨਕਲਾਬੀ ਕੇਂਦਰ ਪੰਜਾਬ ਤੇ ਪੇਂਡੂ ਮਜ਼ਦੂਰ ਯੂਨੀਅਨ ਵੱਲੋਂ ਕਰਾਏ ਗਏ ਯਾਦਗਾਰੀ ਸਮਾਗਮ 'ਚ ਬੋਲਦਿਆਂ ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਸੂਬਾਈ ਆਗੂ, ਪੰਜਾਬ ਤੇ ਹਰਿਆਣਾ ਹਾਈਕੋਰਟ ਦੀ ਨਾਮਵਰ ਐਡਵੋਕੇਟ ਅਮਨਦੀਪ ਕੌਰ ਨੇ ਪੇਸ਼ ਕੀਤੇ। ਜਮਹੂਰੀ ਹੱਕਾਂ ਦਾ ਸਵਾਲ ਅਤੇ ਲੋਕ ਵਿਸ਼ੇ 'ਤੇ ਲੈਕਚਰ ਦੌਰਾਨ ਉਨ੍ਹਾਂ ਕਿਹਾ ਕਿ ਦੇਸ਼ 'ਚ ਨਵੇਂ ਤਿੰਨ ਫੌਜਦਾਰੀ ਕਨੂੰਨ ਲਿਆ ਕੇ ਜਿੱਥੇ ਜਮਹੂਰੀਅਤ ਦਾ ਗਲਾ ਘੁੱਟਿਆ ਜਾ ਰਿਹਾ ਹੈ, ਉੱਥੇ ਮੋਦੀ ਹਕੂਮਤ ਦੇਸ਼ ਨੂੰ ਫਿਰਕੂ ਲੀਹਾਂ ਤੇ ਵੰਡਣ ਲਈ ਧਾਰਮਿਕ ਘੱਟ ਗਿਣਤੀਆਂ ਨੂੰ ਬਲੀ ਦਾ ਬੱਕਰਾ ਬਣਾ ਰਹੀ ਹੈ।ਨਾਗਰਿਕਤਾ ਸੋਧ ਕਨੂੰਨ, ਵਕਫ ਬੋਰਡ ਦਾ ਕਨੂੰਨ ਤੇ ਤਾਜਾ ਪਹਿਲਗਾਮ ਘਟਨਾ ਦੀ ਆੜ 'ਚ ਮੁਸਲਮਾਨ ਭਾਈਚਾਰੇ ਪ੍ਰਤੀ ਨਫਰਤ ਤਿੱਖੀ ਕਰਨਾ ਹੈ।ਦੇਸ਼ ਧਰੋਹ ਦੇ ਕਾਲੇ ਕਨੂੰਨ ਤਹਿਤ ਦਰਜਨਾਂ ਬੁੱਧੀਜੀਵੀ ਉਮਰ ਖਾਲਿਦ ਵਾਂਗ ਪੰਜ-ਪੰਜ ਸਾਲ ਤੋਂ ਜੇਲ੍ਹਾਂ 'ਚ ਡੱਕੇ ਹੋਏ ਹਨ।ਦੂਜੇ ਪਾਸੇ ਮੱਧ ਪੂਰਬ 'ਚ ਅਮਰੀਕਨ ਇਜਰਾਈਲ ਗੱਠਜੋੜ ਵੱਲੋਂ ਫਲਸਤੀਨੀ ਲੋਕਾਂ ਦਾ ਵਹਿਸ਼ੀ ਕਤਲੇਆਮ ਤੇ ਉਜਾੜਾ ਇਸ ਸਦੀ ਦਾ ਸਭ ਤੋਂ ਵੱਧ ਖਤਰਨਾਕ ਵਰਤਾਰਾ ਹੈ। ਇਸ ਤੋ ਪਹਿਲਾਂ ਕਿਸਾਨ ਆਗੂ ਜਗਤਾਰ ਸਿੰਘ ਦੇਹੜਕਾ, ਮਜ਼ਦੂਰ ਆਗੂਆਂ ਕਾਮਰੇਡ ਸੁਰਿੰਦਰ ਅਤੇ ਅਵਤਾਰ ਸਿੰਘ ਰਸੂਲਪੁਰ ਦੀ ਪ੍ਰਧਾਨਗੀ ਹੇਠ ਵਿਛੜੇ ਸਾਥੀਆਂ ਨੂੰ ਦੋ ਮਿੰਟ ਦਾ ਮੋਨ ਧਾਰ ਕੇ ਭਰਵੀਂ ਇੱਕਤਰਤਾ 'ਚ ਸ਼ਰਧਾਂਜਲੀ ਭੇਟ ਕੀਤੀ ਗਈ।ਜਥੇਬੰਦੀਆਂ ਦੇ ਆਗੂਆਂ ਵੱਲੋਂ ਸ਼ਹੀਦ ਮਲਕੀਤ ਮੱਲਾ ਸਮੇਤ ਦੋ ਦਰਜਨ ਸਾਥੀਆਂ ਨੂੰ ਫੁੱਲ ਪੱਤੀਆਂ ਭੇਟ ਕੀਤੀਆ ਗਈਆਂ।ਇਨਕਲਾਬੀ ਕੇਂਦਰ ਪੰਜਾਬ ਦੇ ਜਨਰਲ ਸੱਕਤਰ ਕੰਵਲਜੀਤ ਖੰਨਾ ਨੇ ਵਿਛੜੇ ਸਾਥੀਆਂ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ। ਪ੍ਰਧਾਨਗੀ ਮੰਡਲ ਵੱਲੋਂ ਵਿਛੜੇ ਸਾਥੀਆ ਦੇ ਪਰਵਾਰਾਂ ਨੂੰ ਗਦਰੀ ਸ਼ਹੀਦ ਹਾਫਿਜ ਅੱਬਦੁੱਲਾ ਜਗਰਾਉਂ ਦੀ ਤਸਵੀਰ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਮੁੱਖ ਵਕਤਾ ਅਮਨਦੀਪ ਕੌਰ ਦਾ ਵੀ ਸਨਮਾਨ ਕੀਤਾ ਗਿਆ।



# ਸਵੱਛ ਸਰਵੇਖਣ ਗ੍ਰਾਮੀਣ ਤਹਿਤ 20 ਪਿੰਡਾਂ 'ਚ ਹੋਵੇਗਾ ਵਿਸ਼ੇਸ਼ ਸਰਵੇਖਣ : ਡਾ. ਸੋਨਾ ਥਿੰਦ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਸਵੱਛ ਸਰਵੇਖਣ ਗ੍ਰਾਮੀਣ 2025 ਤਹਿਤ 19 ਜੂਨ ਤੋਂ ਦੇਸ ਦੇ ਵੱਖ-ਵੱਖ ਰਾਜਾਂ ਵਿੱਚ ਵਿਸ਼ੇਸ਼ਸਰਵੇਖਣ ਮੁਹਿੰਮ ਦਾ ਆਗਾਜ਼ ਹੋ ਰਿਹਾ ਹੈ, ਜਿਸ ਤਹਿਤ ਕੇਂਦਰੀ ਟੀਮਾਂ ਵੱਲੋਂ ਪਿੰਡਾਂ ਦਾ ਦੌਰਾ ਕਰਕੇ ਸਾਫ਼-ਸਫ਼ਾਈ ਨੂੰ ਯਕੀਨੀ ਬਣਾਉਣ ਲਈ ਅਪਨਾਏ ਜਾ ਰਹੇ ਮਾਪਦੰਡਾਂ ਨੂੰ ਘੋਖਿਆ ਜਾਵੇਗਾ ਤੇ ਇਸ ਦੌਰਾਨ ਹਰ ਪੱਖੋਂ ਸਰਵੋਤਮ ਪਾਏ ਜਾਣ ਵਾਲੇ ਪਿੰਡਾਂ ਨੂੰ ਐਵਾਰਡ ਪ੍ਰਦਾਨ ਕੀਤਾ ਜਾਵੇਗਾ। ਇਹ ਪ੍ਰਗਟਾਵਾ ਡਿਪਟੀ ਕਮਿਸਨਰ ਡਾ. ਸੋਨਾ ਥਿੰਦ ਨੇ ਜ਼ਿਲ੍ਹਾ ਜਲ ਸੈਨੀਟੇਸਨ ਮਿਸਨ ਤਹਿਤ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਆਯੋਜਤ ਮੀਟਿੰਗ ਦੌਰਾਨ ਕੀਤਾ। ਉਨ੍ਹਾਂ ਦੱਸਿਆ ਕਿ ਟੀਮਾਂ ਵੱਲੋਂ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ 20 ਪਿੰਡਾਂ ਵਿੱਚ ਇਹ ਦੌਰੇ ਕੀਤੇ ਜਾਣਗੇ, ਜਿਸ ਵਿੱਚ ਘਰਾਂ, ਜਨਤਕ ਸਥਾਨਾਂ ਜਿਵੇਂ ਸਕੂਲਾਂ, ਆਂਗਣਵਾੜੀ ਕੇਂਦਰਾਂ, ਪੰਚਾਇਤ ਘਰਾਂ, ਬਜ਼ਾਰਾਂ, ਪਬਲਿਕ ਟੁਆਇਲਟ, ਸਿਹਤ ਸੇਵਾਵਾਂ ਆਦਿ ਵਿੱਚ ਸਵੱਛਤਾ ਨੂੰ ਦੇਖਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਨ੍ਹਾਂ ਪਿੰਡਾਂ ਵਿੱਚ ਅਮਲੋਹ ਬਲਾਕ ਦਾ ਪਿੰਡ ਫਤਿਹਗੜ੍ਹ ਨੀਵਾਂ, ਕੁੰਭ, ਰਤਨ ਪਾਲੋਂ, ਸਲਾਣੀ, ਸ਼ਾਹਪੁਰ, ਬਲਾਕ ਬੱਸੀ ਪਠਾਣਾ ਦਾ ਪਿੰਡ ਡਡਿਆਣਾ, ਨਨਹੇੜੀ, ਸ਼ਹਿਜ਼ਾਦਪੁਰ, ਬਲਾਕ ਖਮਾਣੋਂ ਦਾ ਪਿੰਡ ਬਰਵਾਲੀ ਖੁਰਦ, ਭਾਂਬਰੀ, ਖੇੜੀ ਨੌਧ ਸਿੰਘ, ਸ਼ਮਸ਼ਪੁਰ, ਠੀਕਰੀਵਾਲਾ, ਬਲਾਕ ਖੇੜਾ ਦਾ ਪਿੰਡ ਬਲਾਹੜੀ ਕਲਾਂ, ਬਰਾਸ, ਰਾਜਿੰਦਰਗੜ੍ਹ, ਡੱਡੂਮਾਜਰਾ, ਸੱਦੋਮਾਜਰਾ, ਢੋਲਾਂ ਅਤੇ ਬਲਾਕ ਸਰਹਿੰਦ ਦਾ ਪਿੰਡ ਸੰਗਤਪੁਰ ਸੋਢੀਆਂ (ਨਈਂ ਆਬਾਦੀ) ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਸਰਵੇਖਣ ਲਈ ਪ੍ਰਤੀ ਪਿੰਡ ਕੁੱਲ 1000 ਅੰਕ ਨਿਰਧਾਰਤ ਕੀਤੇ ਗਏ ਹਨ ਅਤੇ ਵਧੇਰੇ ਅੰਕ ਲੈਣ ਵਾਲੇ ਪਿੰਡਾਂ ਨੂੰ ਐਵਾਰਡ ਲਈ ਚੁਣਿਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਪਿੰਡਾਂ ਦੇ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਜੂਨ ਤੋਂ ਸਤੰਬਰ ਦੇ ਦਰਮਿਆਨ ਹੋਣ ਵਾਲੇ ਇਸ ਸਰਵੇਖਣ ਦੌਰਾਨ ਹਰ ਪੱਖੋਂ ਆਪਣੇ ਪਿੰਡਾਂ ਨੂੰ ਮੋਹਰੀ ਬਣਾਉਣ ਲਈ ਯੋਗਦਾਨ ਪਾਉਣ।




# ਨੈਸ਼ਨਲ ਕਾਲਜ ਦਾ ਪੀ ਜੀ ਡੀ ਸੀ ਏ ਦਾ ਨਤੀਜਾ ਸ਼ਾਨਦਾਰ

**ਭੀਖੀ (ਧਰਮਵੀਰ ਸ਼ਰਮਾ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨੇ ਪੀ.ਜੀ.ਡੀ.ਸੀ.ਏ. ਸਮੈਸਟਰ ਪਹਿਲਾ ਦਾ ਨੈਸ਼ਨਲ ਕਾਲਜ ਭੀਖੀ ਦਾ ਨਤੀਜਾ ਸ਼ਾਨਦਾਰ ਰਿਹਾ।ਕਾਲਜ ਪ੍ਰਿੰਸੀਪਲ ਡਾ. ਐਮ.ਕੇ. ਮਿਸ਼ਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਮਨਦੀਪ ਕੌਰ ਨੇ 379, ਦੀਆ ਰਾਣੀ ਨੇ 376 ਤੇ ਮੁਸਕਾਨ ਨੇ 375 ਅੰਕ ਪ੍ਰਾਪਤ ਕਰਕੇ ਕਾਲਜ ਵਿਚੋਂ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਸਦਕਾ ਕਾਲਜ ਦੇ ਉੱਤਮ ਨਤੀਜੇ ਆਏ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਨਵੇਂ ਯੁੱਗ ਦੀ ਟੈਕਨਾਲੋਜੀ ਨਾਲ ਜੋੜਨ, ਉਨ੍ਹਾਂ ਦੇ ਕੌਸ਼ਲ ਵਿਕਾਸ ਤੇ ਆਤਮ-ਨਿਰਭਰਤਾ ਵਧਾਉਣ ਲਈ ਕਾਲਜ ਵਲੋਂ ਯਤਨ ਕੀਤੇ ਜਾ ਰਹੇ ਹਨ।ਕਾਲਜ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਕਾਮਨਾ ਕੀਤੀ।



# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਬਾਹਮਣੀਵਾਲਾ ਵਿਖੇ ਮੀਟਿੰਗ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਭਾਰਤੀ ਕਿਸਾਨ ਯੂਨੀਅਨ ਡਕੌਂਦਾ ਵੱਲੋਂ ਬੁੱਧਵਾਰ ਨੂੰ ਪਿੰਡ ਬਾਹਮਣੀ ਵਾਲਾ ਵਿਖੇ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿਚ ਪਿੰਡ ਦੀ ਨਵੀਂ 15 ਮੈਂਬਰੀ ਕਮੇਟੀ ਦੀ ਚੋਣ ਸਰਵਸੰਮਤੀ ਨਾਲ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜੋਗਾ ਸਿੰਘ ਭੋਡੀਪੁਰ ਅਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੰਨੇ ਵਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਕਮੇਟੀ ਵਿਚ ਜਗਸੀਰ ਸਿੰਘ ਨੂੰ ਪਿੰਡ ਇਕਾਈ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ, ਜਦਕਿ ਸ਼ਾਮ ਸਿੰਘ ਨੂੰ ਸੀਨੀਅਰ ਮੀਤ ਪ੍ਰਧਾਨ, ਰਜਿੰਦਰ ਸਿੰਘ ਮੀਤ ਪ੍ਰਧਾਨ, ਰਾਜ ਸਿੰਘ ਜਨਰਲ ਸਕੱਤਰ, ਜਸਵੰਤ ਸਿੰਘ ਖਜ਼ਾਨਚੀ, ਰਣਜੀਤ ਸਿੰਘ ਪ੍ਰੈਸ ਸਕੱਤਰ ਅਤੇ ਮੈਂਬਰਾਂ ਵਜੋਂ ਸ਼ਿੰਗਾਰਾ ਸਿੰਘ, ਰੁਪਿੰਦਰ ਸਿੰਘ, ਮੁਨਸ਼ਾ ਸਿੰਘ, ਅਸ਼ੋਕ ਸਿੰਘ ਅਤੇ ਮੁਖਤਿਆਰ ਸਿੰਘ ਦੀ ਚੋਣ ਕੀਤੀ ਗਈ। ਨਵੀਂ ਚੁਣੀ ਕਮੇਟੀ ਨੇ ਭਰੋਸਾ ਦਿਵਾਇਆ ਕਿ ਉਹ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਸਿਧਾਂਤਾਂ 'ਤੇ ਟਿਕੇ ਰਹਿਣਗੇ ਅਤੇ ਕਿਸੇ ਵੀ ਮੋੜ 'ਤੇ ਯੂਨੀਅਨ ਦੇ ਨਾਲ ਮੋਡਾ ਜੋੜ ਕੇ ਖੜ੍ਹੇ ਰਹਿਣਗੇ। ਯੂਨੀਅਨ ਦੀ ਲੋੜ ਪੈਣ 'ਤੇ ਉਹ ਪੂਰਾ ਸਹਿਯੋਗ ਦੇਣਗੇ।



# ਸੁਪਰਡੈਂਟ ਡਿਊਟੀ 'ਤੇ ਆਉਂਦਾ ਲੇਟ, ਏ ਡੀ ਸੀ ਵੱਲੋਂ ਜਾਂਚ ਦਾ ਭਰੋਸਾ

**ਬਠਿੰਡਾ (ਰਾਜੀਵ ਗੋਇਲ)** ਭਗਤਾ ਭਾਈ ਕਾ ਦੀ ਨਗਰ ਪੰਚਾਇਤ ਦਾ ਇੱਕ ਸਰਕਾਰੀ ਬਾਬੂ ਪਿਛਲੇ ਕਾਫੀ ਲੰਮੇ ਸਮੇਂ ਤੋਂ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਤੇ ਆਪਣੀ ਡਿਊਟੀ ਨੂੰ ਲੈ ਕੇ ਸਰਕਾਰੀ ਨਿਯਮਾਂ ਦੀਆਂ ਧੱਜੀਆਂ ਉਡਾਉਂਦਾ ਹੋਇਆ ਆਮ ਦੇਖਿਆ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਤਾਂ ਅਕਸਰ ਦੇਖਿਆ ਜਾ ਸਕਦਾ ਹੈ ਕਿ ਡਿਊਟੀ 'ਤੇ ਨਿਯਮਿਤ ਸਮੇਂ ਅਨੁਸਾਰ ਪਹੁੰਚਦੇ ਹਨ ਅਤੇ ਜੇਕਰ ਕੰਮ ਪਿਆ ਹੋਵੇ ਤਾਂ ਦਫਤਰ ਅੰਦਰ ਸ਼ਾਮ ਦੇ ਸੱਤ ਵੀ ਵੱਜ ਜਾਂਦੇ ਹਨ। ਇਹ ਅੱਖੀਂ ਦੇਖਿਆ ਹਾਲ ਹੈ ਭਾਵ ਡਿਪਟੀ ਕਮਿਸ਼ਨਰ ਸਾਹਿਬ ਆਪਣੀ ਡਿਊਟੀ ਪ੍ਰਤੀ ਪੂਰੇ ਇਮਾਨਦਾਰ ਹਨ, ਪਰ ਜੇਕਰ ਗੱਲ ਨਗਰ ਪੰਚਾਇਤ ਭਗਤਾ ਦੇ ਸੁਪਰਡੈਂਟ ਦੀ ਕੀਤੀ ਜਾਵੇ ਤਾਂ ਜਨਾਬ ਕਰੀਬ 10 ਵਜੇ ਡਿਊਟੀ 'ਤੇ ਬਿਰਾਜਮਾਨ ਹੁੰਦੇ ਹਨ ਤੇ ਸਮੇਂ ਤੋਂ ਪਹਿਲਾਂ ਹੀ ਫਰਲੋ ਮਾਰ ਜਾਂਦੇ ਹਨ। ਜਦੋਂ ਇਸ ਮਸਲੇ ਨੂੰ ਲੈ ਕੇ ਕਾਰਜ ਸਾਧਕ ਅਫ਼ਸਰ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਆਖਿਆ ਕਿ ਸਾਹਿਬ ਛੁੱਟੀ 'ਤੇ ਗਏ ਹੋਏ ਸਨ। ਸ਼ਾਇਦ ਰਾਤ ਨੂੰ ਘਰ ਲੇਟ ਪਰਤੇ ਹੋਣ, ਜਿਸ ਕਾਰਨ ਅੱਜ ਸਵੇਰੇ ਡਿਊਟੀ ਤੇ ਲੇਟ ਪਹੁੰਚੇ ਹੋਣ ਅਤੇ ਨਾਲ ਇਹ ਵੀ ਕਹਿ ਦਿੱਤਾ ਕਿ ਯਾਰ ਰਲ-ਮਿਲ ਕੇ ਰਿਹਾ ਕਰੋ, 'ਮੈਂ ਕਿਸੇ ਦਿਨ ਆਂਵਾਗਾ, ਆਪਾਂ ਬੈਠ ਕੇ ਚੀਹ-ਪਾਣੀ ਪੀਵਾਂਗੇ।' ਇਸ ਮਸਲੇ ਨੂੰ ਲੈ ਕੇ ਡਿਪਟੀ ਕਮਿਸ਼ਨਰ ਨੂੰ ਸੰਦੇਸ਼ ਭੇਜਣ ਤੋਂ ਬਾਅਦ ਜਦੋਂ ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਵੱਲੋਂ ਜਾਂਚ ਦਾ ਭਰੋਸਾ ਦਿੱਤਾ ਗਿਆ।



# 'ਪੰਜਾਬ ਸੰਭਾਲੋ' ਮੁਹਿੰਮ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਵਿਪੁਲ ਕੁਮਾਰ

**ਦੋਰਾਹਾ (ਹਰਮਿੰਦਰ ਸੇਠ)** ਬਹੁਜਨ ਸਮਾਜ ਪਾਰਟੀ ਦੇਹਾਤੀ 2 ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਭਜਨ ਸਿੰਘ ਦੁਲਮਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਨੈਸ਼ਨਲ ਕੋਆਡੀਨੇਟਰ ਵਿਪੁਲ ਕੁਮਾਰ, ਜਦਕਿ ਵਿਸ਼ੇਸ਼ ਤੌਰ 'ਤੇ ਸੂਬਾ ਜਨਰਲ ਸਕੱਤਰ ਹਰਭਜਨ ਸਿੰਘ ਬਜਰਹੇੜੀ ਤੇ ਕੁਲਵੰਤ ਸਿੰਘ ਮੇਹਤੋਂ ਅਤੇ ਸਕੱਤਰ ਗੁਰਮੀਤ ਸਿੰਘ ਚੋਬਦਾਰਾਂ ਪੁੱਜੇ। ਮੀਟਿੰਗ ਦੌਰਾਨ ਵਿਧਾਨ ਸਭਾ ਹਲਕਾ ਪਾਇਲ, ਖੰਨਾ, ਸਾਹਨੇਵਾਲ, ਰਾਏਕੋਟ ਤੇ ਸਮਰਾਲਾ ਦੀ ਲੀਡਰਸ਼ਿਪ ਦੀ ਕਾਰਗੁਜਾਰੀ ਦੀ ਸਮੀਖਿਆ ਕੀਤੀ ਗਈ।ਸ੍ਰੀ ਵਿਪੁਲ ਕੁਮਾਰ ਨੇ ਹਰੇਕ ਹਲਕੇ ਤੋਂ ਬੂਥ ਪੱਧਰ ਤੱਕ ਕੀਤੇ ਕੰਮ ਦੀ ਲਿਖਤੀ ਰਿਪੋਰਟ ਹਾਸਿਲ ਕਰਨ ਉਪਰੰਤ ਉਨ੍ਹਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਉਹ ਬਸਪਾ ਦੀ ਕੌਮੀ ਪ੍ਰਧਾਮ ਭੈਣ ਕੁਮਾਰੀ ਮਾਇਆਵਤੀ ਦੇ ਦਿਸ਼ਾ-ਨਿਰਦੇਸ਼ਾਂ ਉੱਤੇ ਪਾਰਟੀ ਦਾ ਜਥੇਬੰਦਕ ਢਾਂਚਾ ਬੂਥ ਪੱਧਰ ਤੱਕ ਮਜਬੂਤ ਕਰ ਲੈਣਗੇ ਤਾਂ 2027 'ਚ ਪੰਜਾਬ 'ਚ ਬਸਪਾ ਦੀ ਸਰਕਾਰ ਬਣਨ ਤੋਂ ਕੋਈ ਵੀ ਤਾਕਤ ਰੋਕ ਨਹੀਂ ਸਕਦੀ। ਉਨ੍ਹਾਂ ਆਦੇਸ਼ ਦਿੱਤਾ ਕਿ ਬੂਥ ਲੇਵਲ ਤੋਂ ਉੱਪਰ ਤੱਕ ਬਣਨ ਵਾਲੇ ਜਥੇਬੰਦਕ ਢਾਂਚੇ 'ਚ ਹਰ ਧਰਮ ਅਤੇ ਜਾਤ ਦੇ ਵਿਅਕਤੀ ਨੂੰ ਲਿਆ ਜਾਵੇ। ਸੂਬਾ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਵੱਲੋਂ ਪੰਜਾਬ ਦੇ ਲੋਕਾਂ ਨੂੰ ਲਾਮਬੰਦ ਕਰਕੇ ਬਸਪਾ ਨਾਲ ਜੋੜਨ ਦੀ 'ਪੰਜਾਬ ਸੰਭਾਲੋ ਮੁਹਿੰਮ' ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਅਤੇ ਦੂਜੀਆਂ ਪਾਰਟੀਆਂ ਦੇ ਝੂਠ ਫਰੇਬ ਤੋਂ ਅੱਕੇ ਅਤੇ ਨਸ਼ਿਆਂ ਨਾਲ ਝੰਬੇ ਪੰਜਾਬ ਦੇ ਲੋਕ ਬਸਪਾ ਵੱਲ ਮੁੜ ਰਹੇ ਹਨ।

# ਆੜ੍ਹਤੀ ਵਪਾਰੀਆਂ ਰਾਹੀਂ ਮੱਕੀ ਦੀ ਖੁੱਲ੍ਹੀ ਬੋਲੀ ਕਰਾਉਣ : ਚੇਅਰਮੈਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਮਾਛੀਵਾੜਾ ਮਾਰਕੀਟ ਕਮੇਟੀ ਦੇ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ ਨੇ ਕਿਹਾ ਕਿ ਮੰਡੀ ਵਿਚ ਮੱਕੀ ਫਸਲ ਦੀ ਆਮਦ ਜ਼ੋਰਾਂ 'ਤੇ ਹੈ ਤੇ ਵਪਾਰੀਆਂ ਵੱਲੋਂ ਸੁੱਕੀ ਫ਼ਸਲ ਆਉਂਦਿਆਂ ਹੀ ਤੁਰੰਤ ਖਰੀਦੀ ਜਾ ਰਹੀ ਹੈ। ਚੇਅਰਮੈਨ ਗਿੱਲ ਨੇ ਕਿਹਾ ਕਿ ਮਾਛੀਵਾੜਾ ਮੰਡੀ ਵਿੱਚ ਹੁਣ ਤੱਕ 59,287 ਕੁਇੰਟਲ ਮੱਕੀ ਫਸਲ ਦੀ ਖਰੀਦ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਮੇਰੇ ਧਿਆਨ 'ਚ ਆਇਆ ਕਿ ਕੁੱਝ ਆੜ੍ਹਤੀ ਕਿਸਾਨਾਂ ਦੀ ਵਿਕਣ ਆ ਰਹੀ ਮੱਕੀ ਫ਼ਸਲ ਦੀ ਖੁੱਲ੍ਹੀ ਬੋਲੀ ਕਰਾਉਣ ਦੀ ਬਜਾਏ ਇੱਕ-ਦੋ ਵਪਾਰੀਆਂ ਤੋਂ ਭਾਅ ਲਵਾ ਕੇ ਫ਼ਸਲ ਤੁਲਾਈ ਕਰ ਦਿੰਦੇ ਹਨ। ਉਨ੍ਹਾਂ ਕਿਹਾ ਕਿ ਮਾਰਕੀਟ ਕਮੇਟੀ ਦਾ ਉਦੇਸ਼ ਹੈ ਕਿ ਕਿਸਾਨਾਂ ਨੂੰ ਫ਼ਸਲ ਦਾ ਵੱਧ ਤੋਂ ਵੱਧ ਵਾਜ਼ਿਬ ਮੁੱਲ ਮਿਲੇ ਇਸ ਲਈ ਹੁਣ ਮਾਰਕੀਟ ਕਮੇਟੀ ਕ੍ਰਮਚਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਉਹ ਯਕੀਨੀ ਬਣਾਉਣ ਕਿ ਰੋਜ਼ਾਨਾ ਮੰਡੀ ਵਿੱਚ ਜਦੋਂ ਕਿਸਾਨ ਦੀ ਮੱਕੀ ਵਿਕਦੀ ਹੈ ਤਾਂ ਸਾਰੇ ਵਪਾਰੀਆਂ ਨੂੰ ਬੁਲਾ ਕੇ ਖੁੱਲ੍ਹੀ ਬੋਲੀ ਕਰਾਈ ਜਾਵੇ ਤਾਂ ਜੁ ਉਨ੍ਹਾਂ ਨੂੰ ਵੱਧ ਤੋਂ ਵੱਧ ਭਾਅ ਮਿਲ ਸਕੇ। ਉਨ੍ਹਾਂ ਕਿਹਾ ਕਿ ਬੇਸ਼ੱਕ ਮੀਂਹ ਕਾਰਨ ਮੱਕੀ ਦੀ ਆਮਦ ਤੇ ਵਿਕਰੀ ਦਾ ਕੰਮ ਥੋੜਾ ਮੱਧਮ ਪੈ ਗਿਆ ਹੈ, ਪਰ ਜਲਦ ਹੀ ਆੜ੍ਹਤੀਆਂ ਨੂੰ ਮੰਡੀ ਬੋਰਡ ਦੇ ਕਰਮਚਾਰੀ ਲਿਖਤੀ ਰੂਪ ਵਿਚ ਸੂਚਿਤ ਕਰਨਗੇ ਕਿ ਰੋਜ਼ਾਨਾ ਕਿੰਨੇ ਵਜੇ ਮੱਕੀ ਫਸਲ ਦੀ ਖੁੱਲ੍ਹੀ ਬੋਲੀ ਹੋਵੇਗੀ। ਚੇਅਰਮੈਨ ਗਿੱਲ ਨੇ ਕਿਹਾ ਕਿ ਜੇਕਰ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਆਉਂਦੀ ਹੈ ਤਾਂ ਉਹ ਮਾਰਕੀਟ ਕਮੇਟੀ ਦਫ਼ਤਰ ਵਿਖੇ ਸੂਚਿਤ ਕਰ ਸਕਦਾ ਹੈ।



# ਵੱਕਾਰ ਦਾ ਸਵਾਲ ਬਣੀ ਕਾਲਾਂਵਾਲੀ ਨਗਰ ਪਾਲਿਕਾ ਪ੍ਰਧਾਨ ਦੀ ਚੋਣ

**ਸਿਰਸਾ (ਸੁਰਿੰਦਰ ਪਾਲ ਸਿੰਘ)** ਕਾਲਾਂਵਾਲੀ ਨਗਰ ਪਾਲਿਕਾ ਦੀਆਂ ਆਮ ਚੋਣਾਂ ਵਿੱਚ ਪ੍ਰਧਾਨ ਦੇ ਅਹੁਦੇ ਲਈ ਇੱਕ ਨਾਮਜ਼ਦਗੀ ਪੱਤਰ ਰੱਦ ਹੋਣ ਤੋਂ ਬਾਅਦ ਹੁਣ 12 ਉਮੀਦਵਾਰ ਮੈਦਾਨ ਵਿੱਚ ਹਨ। ਵਾਰਡ ਨੰਬਰ 14 ਤੋਂ ਇੱਕ ਉਮੀਦਵਾਰ ਦੀ ਨਾਮਜ਼ਦਗੀ ਖਾਮੀਆਂ ਕਾਰਨ ਰੱਦ ਕਰ ਦਿੱਤੀ ਗਈ ਹੈ। ਵਾਰਡ ਕੌਂਸਲਰ ਲਈ 16 ਵਾਰਡਾਂ ਵਿਚ ਨਾਮਜ਼ਦਗੀਆਂ ਸਹੀ ਹਨ। ਇਸ ਵਾਰ ਚੋਣਾਂ ਵਿੱਚ ਤਿਕੋਣਾ ਮੁਕਾਬਲਾ ਦੇਖਣ ਨੂੰ ਮਿਲ ਰਿਹਾ ਹੈ। ਕਾਂਗਰਸ ਨੇ ਆਜ਼ਾਦ ਉਮੀਦਵਾਰ ਮਹੇਸ਼ ਕੁਮਾਰ ਝੌਰੜ ਦਾ ਸਮਰਥਨ ਕੀਤਾ ਹੈ। ਭਾਜਪਾ ਨੇ ਟਿਸ਼ੂ ਪ੍ਰਧਾਨ ਦਾ ਸਮਰਥਨ ਕੀਤਾ ਹੈ ਤੇ ਇਨੈਲੋ ਨੇ ਰਾਜੀਵ ਕੁਮਾਰ ਦਾ ਸਮਰਥਨ ਕੀਤਾ ਹੈ। 'ਆਪ' ਪਾਰਟੀ ਵੱਲੋਂ ਰਾਣੀ ਕੌਰ ਉਮੀਦਵਾਰ ਹੈ। ਇਸ ਤੋ ਬਿਨਾਂ ਸਾਬਕਾ ਲੈਕਚਰਾਰ ਫੂਲ ਚੰਦ ਲੁਹਾਨੀ, ਮੁਕੇਸ਼ ਰਾਜੋਰੀਆ, ਸੁਨੀਲ ਅਹਿਲਾਵਤ ਤੇ ਸਭਾਸ਼ ਸਮੇਤ ਹੋਰ ਉਮੀਦਵਾਰ ਆਪਣਾ ਚੋਣ ਪ੍ਰਚਾਰ ਕਰ ਰਹੇ ਹਨ। ਇਸੇ ਤਰ੍ਹਾਂ ਕੌਂਸਲਰ ਦੇ ਅਹੁਦੇ ਦੇ ਉਮੀਦਵਾਰ ਆਪਣੀਆਂ ਤਿਆਰੀਆਂ ਵਿੱਚ ਰੁੱਝੇ ਹੋਏ ਹਨ। ਕਾਲਾਂਵਾਲੀ ਦੇ ਰਿਟਰਨਿੰਗ ਅਫ਼ਸਰ ਤੇ ਐਸਡੀਐਮ ਰਾਜਿੰਦਰ ਕੁਮਾਰ ਨੇ ਦੱਸਿਆ ਕਿ ਨਾਮਜ਼ਦਗੀ ਪੱਤਰਾਂ ਦੀ ਜਾਂਚ ਪੂਰੀ ਹੋ ਗਈ ਹੈ ਤੇ ਖਬਰ ਲਿਖੇ ਜਾਣ ਤੱਕ ਚੋਣ ਨਿਸ਼ਾਨ ਅਲਾਟ ਹੋ ਚੁੱਕੇ ਹੋਣਗੇ।

# ਇਲੈਕਟ੍ਰਾਨਿਕ ਆਈਟਮਾਂ 'ਤੇ ਦਿੱਤੀ ਜਾ ਰਹੀ ਭਾਰੀ ਛੂਟ

**ਪਟਿਆਲਾ, ਸਨੌਰ, (ਰਾਜਿੰਦਰ ਥਿੰਦ)** ਮੁਕਾਬਲੇ ਦੇ ਇਸ ਦੌਰ ਵਿੱਚ ਜਿਥੇ ਮਲਟੀਨੈਸ਼ਨਲ ਕੰਪਨੀਆਂ ਆਪਣੇ ਪ੍ਰੋਡਕਟਾਂ ਵੱਲ ਗਾਹਕਾਂ ਨੂੰ ਖਿੱਚਣ ਲਈ ਤਰ੍ਹਾਂ-ਤਰ੍ਹਾਂ ਦੀਆਂ ਛੋਟਾਂ, ਸਕੀਮਾਂ ਤੇ ਯੋਜਨਾਵਾਂ ਦੇ ਰਹੀਆਂ ਹਨ, ਉਥੇ ਹੀ ਹਰਮਨ ਇਲੈਕਟ੍ਰਾਨਿਕਸ ਦੇਵੀਗੜ੍ਹ ਵੱਲੋਂ ਆਪਣੇ ਗਾਹਕਾਂ ਨੂੰ ਖੁਸ਼ ਕਰਨ ਲਈ ਇਲੈਕਟ੍ਰਾਨਿਕ ਵਸਤਾਂ ਏ.ਸੀ, ਫਰਿਜ, ਐਲ.ਸੀ.ਡੀ, ਮਾਈਕਰੋਵੇਵ, ਵਾਸ਼ਿੰਗ ਮਸ਼ੀਨਾਂ, ਕੂਲਰ, ਸੀਲਿੰਗ ਤੇ ਟੇਬਲ ਫੈਨ, ਇਨਵਰਟਰ ਆਦਿ ਇਲੈਕਟ੍ਰਾਨਿਕਸ ਵਸਤਾਂ ਸ਼ਾਮਲ ਹਨ, ਤੋਂ ਇਲਾਵਾ ਵਧੀਆ ਕਿਸਮ ਦੇ ਫਰਨੀਚਰ, ਅਲਮਾਰੀਆਂ ਦੀ ਸੇਲ 'ਤੇ ਭਾਰੀ ਛੋਟ ਦਿੱਤੀ ਜਾ ਰਹੀ ਹੈ, ਜਿਸ ਕਾਰਨ ਗਾਹਕਾਂ ਦਾ ਰੁਝਾਨ ਖਰੀਦੋ ਫਰੋਖਤ ਲਈ ਹਰਮਨ ਇਲੈਕਟ੍ਰਾਨਿਕ ਵੱਲ ਵਹੀਰਾਂ ਘੱਤੀਆਂ ਜਾ ਰਹੀਆਂ ਹਨ। ਹਰਮਨ ਇਲੈਕਟ੍ਰਾਨਿਕਸ ਦੇ ਮੈਨੇਜਿੰਗ ਡਾਇਰੈਕਟਰ ਰਣਜੀਤ ਸਿੰਘ ਥਿੰਦ ਅਤੇ ਹਰਮਨ ਸਿੰਘ ਥਿੰਦ ਵੱਲੋਂ ਦੱਸਿਆ ਗਿਆ ਕਿ ਉਨ੍ਹਾਂ ਦੇ ਸ਼ੋਅਰੂਮ ਤੇ ਵੱਖ-ਵੱਖ ਪ੍ਰਸਿੱਧ ਕੰਪਨੀਆਂ ਅਟੈਚੀ, ਅਕਾਈ, ਵੋਲਟਾਸ, ਲਲੋਡ, ਡੈਕਿਨ, ਓਨੀਡਾ, ਐਲ. ਜੀ., ਸੈਮਸੰਗ, ਹੁੰਡਈ, ਹਾਇਰ, ਸਿਗਮਾ ਦੇ ਉਤਪਾਦਾਂ ਲਈ ਗਾਹਕਾਂ ਦੀ ਸਹੂਲਤ ਵਾਸਤੇ ਬਜਾਜ ਫਾਇਨਾਂਸ ਵਲੋਂ ਲੋਨ ਸਹੂਲਤ ਦਿੱਤੀ ਜਾ ਰਹੀ ਹੈ, ਜਿਸ ਦੇ ਚੱਲਦਿਆਂ ਗਾਹਕਾਂ ਦੀ ਭੀੜ ਹਰਮਨ ਇਲੈਕਟ੍ਰਾਨਿਕਸ ਤੇ ਦਿਨੋ-ਦਿਨ ਵਧਦੀ ਜਾ ਰਹੀ ਹੈ।



# ਅੰਬੇਡਕਰ ਚੇਤਨਾ ਮੰਚ ਵੱਲੋਂ ਸ਼ਹੀਦ ਪਰਵਾਰਾਂ ਦਾ ਸਨਮਾਨ

**ਬੋਹਾ (ਨਿਰੰਜਣ ਬੋਹਾ)** ਡਾਕਟਰ ਭੀਮ ਅੰਬੇਦਕਰ ਚੇਤਨਾ ਮੰਚ ਤੇ ਐਕਸ ਸਰਵਿਸ ਮੈਨ ਵੈਲਫੇਅਰ ਐਸੋਸੀਏਸ਼ਨ ਵੱਲੋਂ ਵੱਖ-ਵੱਖ ਸਮਿਆਂ ਵਿਚ ਸ਼ਹੀਦ ਹੋਏ ਸ਼ਹਿਰ ਦੇ ਫੌਜੀ ਨੌਜਵਾਨ ਸ਼ਹੀਦ ਅਮਰੀਕ ਸਿੰਘ, ਸ਼ਹੀਦ ਲਖਵਿੰਦਰ ਸਿੰਘ ਤੇ ਸ਼ਹੀਦ ਜਗਸੀਰ ਸਿੰਘ ਦੇ ਪਰਿਵਾਰਾਂ ਨੂੰ ਸਨਮਾਨਤ ਕਰਨ ਲਈ ਵਿਸ਼ੇਸ਼ ਸਮਾਗਮ ਦਾ ਆਯੋਜਨ ਪੰਜਾਬ ਮਹਾਂਵੀਰ ਦਲ ਧਰਮਸ਼ਾਲਾ ਵਿਖੇ ਕੀਤਾ ਗਿਆ। ਸਮਾਗਮ ਦੇ ਮੁੱਖ ਮਹਿਮਾਨ ਮਾਰਕਿਟ ਕਮੇਟੀ ਦੇ ਚੇਅਰਮੈਨ ਰਣਜੀਤ ਸਿੰਘ ਫਰੀਦ ਕੇ, ਐਸਐਚਓ ਅਮਰੀਕ ਸਿੰਘ ਤੇ ਮਾਸਟਰ ਰਾਜਪਾਲ ਸਿੰਘ (ਸਪੁੱਤਰ ਵਿਧਾਇਕ ਬੁੱਧ ਰਾਮ) ਸਨ।ਸਮਾਗਮ ਦੀ ਪ੍ਰਧਾਨਗੀ ਸਮਾਜ ਸੇਵੀ ਮਾਸਟਰ ਗੁਰਜੰਟ ਸਿੰਘ, ਆਮ ਆਦਮੀ ਪਾਰਟੀ ਦੇ ਬਲਾਕ ਪ੍ਰਧਾਨ ਦਰਸ਼ਨ ਘਾਰੂ ਤੇ ਰਾਜਵਿੰਦਰ ਸਿੰਘ ਸਵੈਚ ਨੇ ਕੀਤੀ।ਆਪਣੇ ਸੰਬੋਧਨ ਵਿਚ ਚੇਅਰਮੈਨ ਰਣਜੀਤ ਨੇ ਕਿਹਾ ਕਿ ਸ਼ਹੀਦ ਦਾ ਸਾਡੇ ਸਿਰ ਤੇ ਵੱਡਾ ਕਰਜ਼ਾ ਹੁੰਦਾ ਹੈ, ਜੋ ਆਪ ਸ਼ਹਾਦਤ ਦਾ ਜਾਮ ਪੀ ਕੇ ਸਾਨੂੰ ਅਮਨ-ਚੈਨ ਦੀ ਜ਼ਿੰਦਗੀ ਜਿਊਣ ਦਾ ਮੌਕਾ ਦਿੰਦੇ ਹਨ। ਅੰਬੇਦਕਰ ਚੇਤਨਾ ਮੰਚ ਦੇ ਆਗੂ ਮਾਸਟਰ ਗੁਰਜੰਟ ਸਿੰਘ ਨੇ ਕਿਹਾ ਕਿ ਮੰਚ ਹਰ ਸਾਲ ਵਿਸ਼ਾਲ ਪੱਧਰ 'ਤੇ ਸ਼ਹੀਦ ਦੀ ਯਾਦ ਵਿਚ ਇਕ ਨਾਟਕ ਮੇਲਾ ਤੇ ਯਾਦਗਾਰੀ ਸਮਾਗਮ ਦਾ ਆਯੋਜਨ ਕਰੇਗਾ।ਮੰਚ ਦੇ ਪ੍ਰਧਾਨ ਸੰਤੋਖ ਸਿੰਘ ਨੇ ਕਿਹਾ ਕਿ ਬੋਹਾ ਨਿਵਾਸੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਆਪਣਾ ਯੋਗਦਾਨ ਪਾਉਣ ਲਈ ਦ੍ਰਿੜ ਸੰਕਲਪ ਹਨ। ਇਸ ਮੌਕੇ ਮਸਤਾਨਾ ਗਰੁੱਪ ਵੱਲੋਂ ਨੁੱਕੜ ਨਾਟਕ ਖੇਡ ਕੇ ਨਸ਼ਿਆਂ ਵਿਰੁੱਧ ਜਨਤਕ ਲਾਮਬੰਦੀ ਦਾ ਸੱਦਾ ਦਿੱਤਾ ਗਿਆ।ਇਸ ਸਮੇਂ ਸਮਾਜ ਸੇਵੀ ਮਾਸਟਰ ਜੁਗਿੰਦਰ ਸਿੰਘ ਲਾਲੀ ਵੱਲੋਂ ਤਿੰਨ ਲੋੜਵੰਦਾਂ ਨੂੰ ਆਪਣੇ ਵੱਲੋਂ ਟਰਾਈ ਸਾਈਕਲ ਵੀ ਭੇਟ ਕੀਤੇ ਗਏ।



# ਕੁੱਟਮਾਰ ਕਰਨ ਦੇ ਦੋਸ਼ 'ਚ 3 ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਕੁੱਲਗੜ੍ਹੀ ਦੇ ਅਧੀਨ ਆਉਂਦੇ ਪਿੰਡ ਮਾਛੀਵਾੜਾ ਵਿਖੇ ਇਕ ਨੌਜਵਾਨ ਦੇ ਸੱਟਾਂ ਮਾਰਨ ਦੇ ਦੋਸ਼ ਵਿਚ ਥਾਣਾ ਕੁੱਲਗੜ੍ਹੀ ਪੁਲਿਸ ਨੇ ਤਿੰਨ ਲੋਕਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਦੀਪ ਸਿੰਘ ਪੁੱਤਰ ਮੱਖਣ ਸਿੰਘ ਵਾਸੀ ਮਾਛੀਵਾੜਾ ਨੇ ਦੱਸਿਆ ਕਿ ਦੋਸ਼ੀਅਨ ਗੁਰਮੀਤ ਸਿੰਘ ਪੁੱਤਰ ਮੱਖਣ ਸਿੰਘ, ਤਲਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ, ਜਸਵੰਤ ਕੌਰ ਪਤਨੀ ਗੁਰਮੀਤ ਸਿੰਘ ਵਾਸੀਅਨ ਮਾਛੀਵਾੜਾ ਨੇ ਹਮਮਸ਼ਵਰਾ ਹੋ ਕੇ ਉਸ ਦੀ ਕੁੱਟਮਾਰ ਕੀਤੀ ਤੇ ਸੱਟਾਂ ਮਾਰੀਆਂ। ਵਜ੍ਹਾ ਰੰਜ਼ਿਸ਼ ਇਹ ਹੈ ਕਿ ਉਸ ਦਾ ਭਰਾ ਗੁਰਮੀਤ ਸਿੰਘ ਉਸ ਦੇ ਹਿੱਸੇ ਆਉਂਦੀ ਡੇਢ ਮਰਲਾ ਜਗ੍ਹਾ ਵਿਚ ਗੋਹਾ ਕੂੜਾ ਸੁੱਟਣ ਦੀ ਕੋਸ਼ਿਸ਼ ਕਰਦਾ ਹੈ, ਜੋ ਉਸ ਵੱਲੋਂ ਰੋਕਣ 'ਤੇ ਸੱਟਾਂ ਮਾਰੀਆਂ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਮਲਕੀਤ ਕੁਮਾਰ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

# ਪਰਾਲ਼ੀ ਦੀਆਂ ਗਿੱਟੀਆਂ ਨੂੰ ਬਾਲਣ ਵਜੋਂ ਵਰਤ ਕੇ ਬਣਾਈਆਂ ਜਾਣਗੀਆਂ ਇੱਟਾਂ

**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਸੂਬਾ ਸਰਕਾਰ ਵੱਲੋਂ ਪਹਿਲਾ ਹੀ ਨੋਟੀਫ਼ਿਕੇਸ਼ਨ ਜਾਰੀ ਕੀਤਾ ਗਿਆ ਸੀ ਕਿ ਇੱਟਾਂ ਦੇ ਭੱਠੇ ਵਾਲੇ ਪਰਾਲੀ ਦੀਆਂ ਗਿੱਟੀਆਂ ਨੂੰ 20 ਫ਼ੀਸਦੀ ਬਾਲਣ ਵਜੋਂ ਵਰਤਨ ਨੂੰ ਯਕੀਨੀ ਬਣਾਉਣਗੇ।ਝੋਨੇ ਦੀ ਪਰਾਲੀ ਦੇ ਸੁਚੱਜੇ ਪ੍ਰਬੰਧਨ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹੇ ਦੇ ਸਮੁੱਚੇ ਭੱਠਾ ਮਾਲਕਾਂ ਨੂੰ ਅਪੀਲ ਕਰਦਿਆਂ ਐਕਸ਼ੀਅਨ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਇੰਜ: ਗੁਨਵੀਤ ਸੇਠੀ ਨੇ ਕਿਹਾ ਕਿ ਇਹ ਨਿਯਮ ਪੰਜਾਬ ਵਿੱਚ ਲਾਗੂ ਹੋ ਚੁੱਕਾ ਹੈ। ਇੰਜ ਗੁਨਵੀਤ ਸੇਠੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਪ੍ਰਭਾਵਸ਼ਾਲੀ ਕੰਮ ਕੀਤੇ ਜਾ ਰਹੇ ਹਨ ਤਾਂ ਜੁ ਪਰਾਲੀ ਨੂੰ ਕਮਾਈ ਦਾ ਸਾਧਨ ਬਣਾਇਆ ਜਾ ਸਕੇ । ਉਨ੍ਹਾਂ ਹੋਰ ਕਿਹਾ ਕਿ ਕਿਸਾਨਾਂ ਨੂੰ ਅਤਿ ਆਧੁਨਿਕ ਵਾਤਾਵਰਣ ਪੱਖੀ ਖੇਤੀਬਾੜੀ ਸੰਦ ਭਾਰੀ ਸਬਸਿਡੀ ਉੱਪਰ ਮੁਹੱਈਆ ਕਰਾਏ ਜਾ ਰਹੇ ਹਨ ਤਾਂ ਜੋ ਵਾਤਾਵਰਣ ਨੂੰ ਗੰਧਲਾ ਹੋਣ ਤੋਂ ਰੋਕਿਆ ਜਾ ਸਕੇ।ਉਨ੍ਹਾਂ ਦੱਸਿਆ ਕਿ ਇਸੇ ਕੜੀ ਤਹਿਤ ਸਰਕਾਰ ਵੱਲੋਂ ਪਰਾਲੀ ਤੋਂ ਗਿੱਟੀਆਂ ਬਣਾਉਣ ਦੀਆਂ ਉਦਯੋਗਿਕ ਇਕਾਈਆਂ ਸਥਾਪਿਤ ਕਰਨ ਲਈ ਵਿੱਤੀ ਸਹਾਇਤਾ ਵੀ ਦਿੱਤੀ ਜਾ ਰਹੀ ਹੈ ਤਾਂ ਜੁ ਪਰਾਲੀ ਦੇ ਯੋਗ ਪ੍ਰਬੰਧਨ ਦੇ ਨਾਲ-ਨਾਲ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕੇ ਮਿਲ ਸਕਣ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਪੰਜਾਬ ਰਾਜ ਵਿਗਿਆਨ ਤੇ ਤਕਨਾਲੋਜੀ ਅਤੇ ਵਾਤਾਵਰਣ ਵਿਭਾਗ ਵੱਲੋਂ ਪਰਾਲੀ ਦੇ ਪ੍ਰਬੰਧਨ ਨੂੰ ਉਤਸ਼ਾਹਤ ਕਰਨ ਲਈ ਪੈਲੇਟਸ ਬਣਾਉਣ (ਪਰਾਲੀ ਦੀਆਂ ਗਿੱਟੀਆਂ) ਦਾ ਯੂਨਿਟ ਸਥਾਪਿਤ ਕਰਨ ਵਾਸਤੇ ਸਹਾਇਤਾ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕੇਂਦਰ/ਰਾਜ ਸਰਕਾਰ ਦੁਆਰਾ ਬਣਾਈਆਂ ਗਈਆਂ ਨੀਤੀਆਂ ਦੇ ਅਨੁਸਾਰ ਪੰਜਾਬ ਵਿੱਚ ਪਰਾਲੀ ਦੀਆਂ ਗਿੱਟੀਆਂ ਦੀ ਸਾਲਾਨਾ ਮੰਗ 10 ਲੱਖ ਟਨ ਅਨੁਮਾਨੀ ਗਈ ਹੈ।ਉਨ੍ਹਾਂ ਦੱਸਿਆ ਕਿ ਪੈਲੇਟਸ ਬਣਾਉਣ (ਪਰਾਲੀ ਦੀਆਂ ਗਿੱਟੀਆਂ) ਦਾ ਯੂਨਿਟ ਸਥਾਪਤ ਕਰਨ ਵਾਸਤੇ ਪ੍ਰਦੂਸ਼ਣ ਰੋਕਥਾਮ ਬੋਰਡ ਵੱਲੋਂ 50 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਉਪਬੰਧ ਕੀਤਾ ਗਿਆ।ਇਹ ਸਹਾਇਤਾ ਪਹਿਲਾ ਆਓ ਪਹਿਲਾ ਪਾਓ ਦੇ ਅਧਾਰ 'ਤੇ ਦਿੱਤੀ ਜਾਵੇਗੀ।ਇਸ ਵਿੱਚ ਨਾਨ ਟੌਰੀਫਾਈਡ ਗਿੱਟੀਆਂ ਦੀ ਉਦਯੋਗਿਕ ਇਕਾਈ ਲਈ 01 ਟੀ.ਪੀ.ਐਚ. ਪਲਾਂਟ ਲਈ 28 ਲੱਖ ਰੁਪਏ ਤੇ 5 ਟੀ.ਪੀ.ਐਚ. ਪਲਾਂਟ ਲਈ 70 ਲੱਖ ਰੁਪਏ ਤੱਕ ਦੀ ਸਹਾਇਤਾ ਦਿੱਤੀ ਜਾਵੇਗੀ। ਇਸ ਤੋਂ ਇਲਾਵਾ ਟੌਰੀਫਾਈਡ ਗਿੱਟੀਆਂ ਦੀ ਉਦਯੋਗਿਕ ਇਕਾਈ ਵਿੱਚ 1 ਟੀ.ਪੀ.ਐਚ. ਪਲਾਂਟ ਲਈ 28 ਲੱਖ ਰੁਪਏ ਤੇ 05 ਟੀ.ਪੀ.ਐਚ ਪਲਾਂਟ ਲਈ 01 ਕਰੋੜ 40 ਲੱਖ ਰੁਪਏ ਤੱਕ ਦੀ ਸਹਾਇਤਾ ਦਿੱਤੀ ਜਾਵੇਗੀ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਦੁਆਰਾ ਨਵੇਂ ਛੋਟੇ ਤੇ ਮੱਧਮ ਉਦਯੋਗਿਕ ਇਕਾਈਆਂ (ਐਮ.ਐਸ.ਐਮ.ਈ.) ਲਈ ਹੋਰ ਵਿੱਤੀ ਪ੍ਰੋਤਸਾਹਨ ਦਿੱਤਾ ਜਾ ਰਿਹਾ ਹੈ।



# ਤਾਰਾ ਦੇਵੀ ਡੂਮੜਾ ਦੀ ਅੰਤਮ ਅਰਦਾਸ ਭਲਕੇ



**ਜਲਾਲਾਬਾਦ (ਜੀਤ ਕੁਮਾਰ)** ਕੁਬੇਰ ਕੇਸਰੀ ਦੇ ਸੰਪਾਦਕ ਸੰਜੀਵ ਡੂਮੜਾ (ਬਿੱਲੂ) ਅਤੇ ਅਸ਼ਵਨੀ ਡੂਮੜਾ ਦੀ ਮਾਤਾ ਸ਼੍ਰੀਮਤੀ ਤਾਰਾ ਦੇਵੀ ਡੂਮੜਾ (ਧਰਮ ਪਤਨੀ ਸਵ. ਸ਼੍ਰੀ ਮੁਕੰਦ ਲਾਲ ਡੂਮੜਾ) ਦਾ ਬੀਤੇ ਦਿਨ ਦੇਹਾਂਤ ਹੋ ਗਿਆ ਸੀ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਰੋਹ 20 ਜੂਨ ਨੂੰ ਦੁਪਹਿਰ 12 ਤੋਂ 1 ਵਜੇ ਤੱਕ ਸ਼ਿਵ ਭਵਨ (ਸੁਖਧਾਮ ਸਭਾ) ਜੀ.ਟੀ.ਰੋਡ ਵਿਖੇ ਹੋਵੇਗਾ।

# ਸ਼੍ਰੋਮਣੀ ਕਮੇਟੀ ਨੇ ਜਾਇਦਾਦ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਖੁੱਲ੍ਹੀ ਬੋਲੀ ਰਾਹੀਂ ਜ਼ਮੀਨ ਵੇਚੀ : ਸਕੱਤਰ



ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਾਬਕਾ ਸਕੱਤਰ ਭਾਈ ਰਣਜੀਤ ਸਿੰਘ ਵੱਲੋਂ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਸਾਹਿਬ ਦੀ ਮਾਲਕੀ ਵਾਲੇ ਕੁਝ ਪਲਾਟ ਘੱਟ ਕੀਮਤ 'ਤੇ ਵੇਚਣ ਦੇ ਲਾਏ ਬੇਬੁਨਿਆਦ ਇਲਜ਼ਾਮਾਂ ਦਾ ਖੰਡਨ ਕੀਤਾ ਹੈ।ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਤੇ ਮੀਤ ਸਕੱਤਰ ਗੁਰਨਾਮ ਸਿੰਘ ਨੇ ਭਾਈ ਰਣਜੀਤ ਸਿੰਘ ਵੱਲੋਂ ਲਾਏ ਇਲਜ਼ਾਮ 'ਤੇ ਪ੍ਰਤੀਕਿਰਿਆ ਦਿੰਦਿਆਂ ਕਿਹਾ ਕਿ ਇਹ ਉਹ ਜਗ੍ਹਾ ਹੈ ਜੋ ਗੁਰਦੁਆਰਾ ਸਾਹਿਬ ਦੀ ਵਰਤੋਂ ਵਿਚ ਨਾ ਆ ਰਹੀ ਹੋਣ ਕਰਕੇ ਅਤੇ ਲੋਕਾਂ ਵੱਲੋਂ ਕਬਜ਼ੇ ਕਰਨ ਦੀਆਂ ਹਰਕਤਾਂ ਕਾਰਨ ਇਸ ਨੂੰ ਜਾਇਦਾਦ ਸਬ-ਕਮੇਟੀ ਦੀਆਂ ਸਿਫ਼ਾਰਸ਼ਾਂ 'ਤੇ ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਨੇ ਵੇਚਣ ਦਾ ਫ਼ੈਸਲਾ ਕੀਤਾ ਸੀ।ਉਨ੍ਹਾਂ ਕਿਹਾ ਕਿ ਇਸ ਨੂੰ ਵੇਚਣ ਲਈ ਬਕਾਇਦਾ ਇਸ਼ਤਿਹਾਰ ਲਗਾ ਕੇ ਖੁੱਲ੍ਹੀ ਬੋਲੀ ਰਾਹੀਂ ਇਹ ਜਗ੍ਹਾ ਵੇਚੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਜਗ੍ਹਾ ਸ਼ਹਿਰ ਦੇ ਲਾਗੇ ਜ਼ਰੂਰ ਹੈ, ਪਰੰਤੂ ਗਲੀਆਂ ਤੰਗ ਹੋਣ ਕਰਕੇ ਇਸ ਥਾਂ ਦਾ ਮਾਰਕਿਟ ਰੇਟ ਘੱਟ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਮੈਂਬਰ ਅਲਵਿੰਦਰਪਾਲ ਸਿੰਘ ਪੱਖੋਕੇ, ਖੁਸ਼ਵਿੰਦਰ ਸਿੰਘ ਭਾਟੀਆ, ਅਮਰਜੀਤ ਸਿੰਘ ਭਲਾਈਪੁਰ 'ਤੇ ਅਧਾਰਤ ਸਬ-ਕਮੇਟੀ ਨਿਰਧਾਰਤ ਕਰਕੇ ਇਸ ਥਾਂ ਦੀ ਨਿਯਮਾਂ ਅਨੁਸਾਰ ਖੁੱਲ੍ਹੀ ਬੋਲੀ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਜੇਕਰ ਇਸ ਜਗ੍ਹਾ ਦੀ ਕੀਮਤ ਵਧੇਰੇ ਹੁੰਦੀ ਤਾਂ ਸ਼੍ਰੋਮਣੀ ਕਮੇਟੀ ਨੂੰ ਪਹਿਲਾਂ ਕਈ ਵਾਰ ਰੱਖੀਆਂ ਬੋਲੀਆਂ ਗਾਹਕਾਂ ਵੱਲੋਂ ਬੋਲੀ ਨਾ ਦੇਣ ਕਰਕੇ ਰੱਦ ਨਾ ਕਰਨੀਆਂ ਪੈਂਦੀਆਂ। ਉਨ੍ਹਾਂ ਕਿਹਾ ਕਿ ਭਾਈ ਰਣਜੀਤ ਸਿੰਘ ਵੱਲੋਂ ਇਹ ਕਹਿਣਾ ਕਿ ਸ਼੍ਰੋਮਣੀ ਕਮੇਟੀ ਵੱਲੋਂ 60 ਲੱਖ ਦੀ ਜਗ੍ਹਾ 16 ਲੱਖ ਵਿਚ ਵੇਚ ਦਿੱਤੀ, ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ।ਸ਼੍ਰੋਮਣੀ ਕਮੇਟੀ ਸਕੱਤਰ ਨੇ ਕਿਹਾ ਕਿ ਜੇਕਰ ਭਾਈ ਰਣਜੀਤ ਸਿੰਘ ਅਨੁਸਾਰ ਇਸ ਜਗ੍ਹਾ ਦੀ ਕੀਮਤ 60 ਲੱਖ ਬਣਦੀ ਹੈ ਤਾਂ ਉਹ 60 ਲੱਖ ਦੀ 55 ਲੱਖ ਹੀ ਗੁਰਦੁਆਰਾ ਸਾਹਿਬ ਵਿਖੇ ਜਮ੍ਹਾਂ ਕਰਵਾ ਦੇਣ, ਤਾਂ ਸ਼੍ਰੋਮਣੀ ਕਮੇਟੀ ਬੋਲੀ ਰੱਦ ਕਰਕੇ ਇਹ ਜਗ੍ਹਾ ਉਨ੍ਹਾਂ ਦੇ ਸਪੁਰਦ ਕਰ ਦੇਵੇਗੀ।ਸ਼੍ਰੋਮਣੀ ਕਮੇਟੀ ਅਧਿਕਾਰੀਆਂ ਨੇ ਕਿਹਾ ਕਿ ਭਾਈ ਰਣਜੀਤ ਸਿੰਘ ਸਿੱਖ ਕੌਮ ਦੀ ਸਤਿਕਾਰਤ ਸ਼ਖ਼ਸੀਅਤ ਹਨ, ਉਨ੍ਹਾਂ ਨੂੰ ਸਿੱਖ ਸੰਸਥਾ ਖ਼ਿਲਾਫ਼ ਇਸ ਤਰ੍ਹਾਂ ਤੱਥਾਂ ਤੋਂ ਰਹਿਤ ਬਿਆਨਬਾਜ਼ੀ ਨਹੀਂ ਕਰਨੀ ਚਾਹੀਦੀ।ਉਨ੍ਹਾਂ ਸੰਗਤਾਂ ਨੂੰ ਵੀ ਅਜਿਹੀ ਅਧਾਰਹੀਣ ਤੇ ਗੁੰਮਰਾਹਕੁੰਨ ਬਿਆਨਬਾਜ਼ੀ ਤੋਂ ਸੁਚੇਤ ਰਹਿਣ ਦੀ ਅਪੀਲ ਕੀਤੀ।

# ਸਬ-ਇੰਸਪੈਕਟਰ ਬਲਬੀਰ ਸਿੰਘ ਨੇ ਥਾਣਾ ਮੁਖੀ ਖੇਮਕਰਨ ਵਜੋਂ ਅਹੁਦਾ ਸੰਭਾਲਿਆ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸਬ-ਇੰਸਪੈਕਟਰ ਬਲਬੀਰ ਸਿੰਘ ਨੇ ਥਾਣਾ ਮੁਖੀ ਖੇਮਕਰਨ ਵਜੋਂ ਅਹੁਦਾ ਸੰਭਾਲ ਕੇ ਕੰਮਕਾਜ ਆਰੰਭ ਕਰ ਦਿੱਤਾ ਹੈ।ਵਰਨਣਯੋਗ ਹੈ ਕਿ ਸਬ-ਇੰਸਪੈਕਟਰ ਬਲਬੀਰ ਸਿੰਘ ਕੁੱਝ ਸਮਾਂ ਪਹਿਲਾਂ ਥਾਣਾ ਖਾਲੜਾ 'ਚ ਬਤੌਰ ਐੱਸ.ਐੱਚ.ਓ. ਵਧੀਆ ਸੇਵਾਵਾਂ ਨਿਭਾ ਚੁੱਕੇ ਹਨ ਜਿਨ੍ਹਾਂ ਦੀ ਬਦਲੀ ਉਪਰੰਤ ਥਾਣਾ ਖੇਮਕਰਨ 'ਚ ਸਬ ਇੰਸਪੈਕਟਰ ਗੁਰਵਿੰਦਰ ਸਿੰਘ ਦੇ ਸਥਾਨ 'ਤੇ ਆਏ ਹਨ।ਚਾਰਜ ਸੰਭਾਲਣ ਉਪਰੰਤ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਨਵ ਨਿਯੁਕਤ ਥਾਣਾ ਮੁਖੀ ਬਲਬੀਰ ਸਿੰਘ ਨੇ ਕਿਹਾ ਕਿ ਇਹ ਉਹ ਜ਼ਿਲ੍ਹਾ ਪੁਲਸ ਮੁਖੀ ਤੇ ਸਬ-ਡਵੀਜ਼ਨ ਭਿੱਖੀਵਿੰਡ ਦੇ ਡੀਐੱਸਪੀ ਪ੍ਰੀਤ ਇੰਦਰ ਸਿੰਘ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਥਾਣਾ ਖੇਮਕਰਨ ਅਧੀਨ ਆਉਂਦੇ ਪਿੰਡਾਂ ਅੰਦਰ ਅਮਨ-ਸ਼ਾਂਤੀ ਕਾਇਮ ਰੱਖਣਾ ਅਤੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣਾ ਉਨ੍ਹਾਂ ਦਾ ਮੁੱਖ ਟੀਚਾ ਹੈ।ਉਨ੍ਹਾਂ ਇਲਾਕਾ ਵਾਸੀਆਂ ਨੂੰ ਭਰੋਸਾ ਦਿਵਾਇਆ ਕਿ ਉਹ ਇਲਾਕੇ ਅੰਦਰ ਮੌਜੂਦ ਭੈੜੇ ਅਨਸਰਾਂ ਨੂੰ ਨੱਥ ਪਾ ਕੇ ਸਮਾਜ ਨੂੰ ਗੰਧਲਾ ਹੋਣ ਤੋਂ ਬਚਾਉਣਗੇ।ਉਨ੍ਹਾਂ ਨੇ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਨੂੰ ਪੰਜਾਬ ਸਰਕਾਰ ਦੁਆਰਾ ਖੋਲ੍ਹੇ ਗਏ ਨਸ਼ਾ ਮੁਕਤੀ ਕੇਂਦਰਾਂ 'ਚ ਇਲਾਜ ਕਰਵਾ ਕੇ ਸਮਾਜ ਦੀ ਮੁੱਖਧਾਰਾ ਵਿੱਚ ਪਰਤਣ ਦਾ ਸੁਨੇਹਾ ਦਿੱਤਾ।ਥਾਣਾ ਮੁਖੀ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣਾ ਆਲਾ-ਦੁਆਲਾ ਸੁਰੱਖਿਅਤ ਬਣਾਉਣ ਲਈ ਸ਼ੱਕੀ ਵਿਅਕਤੀਆਂ ਤੇ ਸਮਾਜ ਵਿਰੋਧੀ ਅਨਸਰਾਂ ਦੀ ਇਤਲਾਹ ਤੁਰੰਤ ਥਾਣੇ ਦੇਣ।

# ਦੀਪਕ ਸ਼ਰਮਾ ਨੇ ਵਿਧਾਇਕ 'ਤੇ ਭ੍ਰਿਸ਼ਟਾਚਾਰ ਕਰਨ ਦੇ ਲਾਏ ਕਥਿਤ ਦੋਸ਼

ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ) ਹਲਕਾ ਗੁਰੂ ਹਰਸਹਾਏ ਤੋਂ ਆਮ ਆਦਮੀ ਪਾਰਟੀ ਯੂਥ ਵਿੰਗ ਦੇ ਸੂਬਾ ਸੰਯੁਕਤ ਸਕੱਤਰ ਦੀਪਕ ਸ਼ਰਮਾ ਨੇ ਸਬੂਤਾਂ ਸਮੇਤ ਆਪ ਵਿਧਾਇਕ ਫੌਜਾ ਸਿੰਘ ਨੂੰ ਭ੍ਰਿਸ਼ਟਾਚਾਰ ਕਰਦਿਆਂ ਦੇ ਕਥਿਤ ਦੋਸ਼ਾਂ 'ਚ ਪੂਰੀ ਤਰ੍ਹਾਂ ਬੇਨਕਾਬ ਕਰਦਿਆਂ ਵਿਧਾਇਕ ਦੀ ਛੁੱਟੀ ਕਰਨ ਦੀ ਮੰਗ ਕੀਤੀ ਹੈ। ਦੀਪਕ ਸ਼ਰਮਾ ਨੇ ਗੰਭੀਰ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਗੁਰੂ ਹਰਸਹਾਏ ਹਲਕੇ ਦੇ ਵਿਧਾਇਕ ਨੇ ਆਪਣੇ ਅਹੁਦੇ ਦੀ ਦੁਰਵਰਤੋਂ ਕਰਕੇ ਗਰੀਬ ਲੋਕਾਂ ਨਾਲ ਧੱਕੇਸ਼ਾਹੀ ਕਰਕੇ ਕਰੋੜਾਂ ਰੁਪਏ ਦੀ ਜਾਇਦਾਦ ਆਪਣੇ ਤੇ ਆਪਣੇ ਕਰੀਬੀਆਂ ਦੇ ਨਾਂਅ ਕਰਵਾਈ ਹੈ। ਦੀਪਕ ਸ਼ਰਮਾ ਨੇ ਸਬੂਤ ਦਿਖਾਉਂਦੇ ਹੋਏ ਦੱਸਿਆ ਕਿ ਇਕ ਬੁਲਟ ਮੋਟਰਸਾਈਕਲ 3 ਲੱਖ, ਇਕ ਸਕਾਰਪੀਓ ਗੱਡੀ 22 ਲੱਖ, ਇੱਕ ਸਮਿਥ ਵੈਸਨ ਦੀ ਰਿਵਾਲਵਰ 6.5 ਲੱਖ, ਇੱਕ ਪੰਪ ਐਕਸ਼ਨ ਗਨ 65 ਹਜ਼ਾਰ, ਇੱਕ ਗੁਰੂ ਹਰਸਹਾਏ ਦੇ ਨੇੜੇ ਬਹਿਆਰ 122 ਮਰਲੇ ਦਾ ਅਨੰਦ ਨਿਵਾਸ, ਜਿਸ ਦੇ ਪਲਾਟ ਦੀ ਕੀਮਤ ਲਗਭਗ 42 ਲੱਖ ਰੁਪਏ ਤੇ ਉਸ ਉਪਰ ਕੋਠੀ ਦੀ ਉਸਾਰੀ ਤੇ 30 ਲੱਖ ਰੁਪਏ ਲਗਾਏ ਗਏ ਹਨ। ਜੋ ਕਿ ਵਿਧਾਇਕ ਦੀ ਪਤਨੀ ਦੇ ਨਾਂਅ 'ਤੇ ਹਨ। ਇਕ 102 ਮਰਲੇ ਦਾ ਪਲਾਟ ਜੋ ਕਿ ਲਗਭਗ 1.5 ਕਰੋੜ ਰੁਪਏ ਨਿਊ ਅਨੰਦ ਪਾਰਕ ਵਿਖੇ ਕਲੋਨੀ ਦੇ ਨਾਲ ਜੋ ਕਿ ਪੈਟਰੋਲ ਪੰਪ ਲਾਉਣ ਲਈ ਖਰੀਦਿਆ ਗਿਆ। ਇੱਕ ਹੋਰ ਸਬੂਤ ਵਜੋਂ ਵਿਧਾਇਕ ਦੀ ਪਤਨੀ ਦੇ ਨਾਂਅ ਫਿਰੋਜ਼ਪੁਰ ਦੀਪ ਇਨਕਲੇਵ ਸਤੀਏ ਵਾਲਾ ਰਕਬਾ 16-16 ਮਰਲੇ ਦੇ ਤਿੰਨ ਪਲਾਟ ਅਤੇ ਦੋ ਕੋਠੀਆਂ ਜੋ ਕਿ ਵਿਧਾਇਕ ਉਸ ਦੀ ਪਤਨੀ ਤੇ ਰਿਸ਼ਤੇਦਾਰਾਂ ਦੇ ਨਾਂਅ ਹਨ, ਜਿਸ ਦੀ ਕੀਮਤ ਲਗਭਗ ਢਾਈ ਕਰੋੜ ਦੇ ਆਸਪਾਸ ਬਣਦੀ ਹੈ।ਦੀਪਕ ਸ਼ਰਮਾ ਨੇ ਕਿਹਾ ਕਿ ਉਨ੍ਹਾਂ ਨੇ ਸਾਰੇ ਦਸਤਾਵੇਜ਼ੀ ਸਬੂਤਾਂ ਸਮੇਤ ਇਹ ਮਾਮਲਾ ਵਿਜੀਲੈਂਸ ਬਿਊਰੋ ਫਿਰੋਜ਼ਪੁਰ, ਡੀ.ਸੀ ਫਿਰੋਜ਼ਪੁਰ, ਈ.ਡੀ., ਸੀ.ਬੀ.ਆਈ., ਮੁੱਖ ਮੰਤਰੀ ਪੰਜਾਬ ਅਤੇ ਮਾਨ ਤੇ ਪ੍ਰਧਾਨ ਮੰਤਰੀ ਦਫ਼ਤਰ ਨੂੰ ਈ-ਮੇਲ ਰਾਹੀਂ ਭੇਜ ਦਿੱਤਾ ਹੈ।ਦੀਪਕ ਸ਼ਰਮਾ ਨੇ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਤੁਰੰਤ ਕਾਰਵਾਈ ਕਰਕੇ ਵਿਧਾਇਕ ਦੀ ਜਾਇਦਾਦ ਦੀ ਜਾਂਚ ਕੀਤੀ ਜਾਵੇ। ਇਸ ਨੂੰ ਬਰਖ਼ਾਸਤ ਕਰਕੇ ਹਲਕੇ ਦੀ ਵਾਗਡੋਰ ਕਿਸੇ ਨੇਕਦਿਲ ਤੇ ਇਮਾਨਦਾਰ ਵਿਅਕਤੀ ਨੂੰ ਸੌਂਪੀ ਜਾਵੇ। ਇਨ੍ਹਾਂ ਕਥਿਤ ਦੋਸ਼ਾਂ ਨੂੰ ਵਿਧਾਇਕ ਨੇ ਨਕਾਰਦੇ ਹੋਏ ਮਨਘੜਤ ਤੇ ਬੇਬੁਨਿਆਦ ਦੱਸਿਆ।

# ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਇਕਾਈ ਦਾ ਗਠਨ



ਜਲਾਲਾਬਾਦ, (ਜੀਤ ਕੁਮਾਰ) ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਮੀਟਿੰਗ ਪਿੰਡ ਬਾਹਮਣੀ ਵਾਲਾ ਵਿਖੇ ਹੋਈ, ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਜੰਗਾ ਸਿੰਘ ਭੋਡੀਪੁਰ ਤੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਗੁਰਵਿੰਦਰ ਸਿੰਘ ਮੰਨੇ ਵਾਲਾ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਕਿਸਾਨਾਂ ਦੀਆਂ ਮੁਸ਼ਕਲਾਂ ਸੁਣ ਕੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਦੇ ਬਾਅਦ ਪਿੰਡ ਬਾਹਮਣੀ ਵਾਲਾ ਦੀ 15 ਮੈਂਬਰੀ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ, ਜਿਸ ਵਿੱਚ ਪਿੰਡ ਬਾਹਮਣੀਵਾਲਾ ਇਕਾਈ ਦਾ ਪ੍ਰਧਾਨ ਜਗਸੀਰ ਸਿੰਘ ਨੂੰ ਨਿਯੁਕਤ ਕੀਤਾ ਗਿਆ, ਜਦੋਂਕਿ ਸੀਨੀਅਰ ਮੀਤ ਪ੍ਰਧਾਨ ਸ਼ਾਮ ਸਿੰਘ, ਮੀਤ ਪ੍ਰਧਾਨ ਰਜਿੰਦਰ ਸਿੰਘ, ਜਨਰਲ ਸਕੱਤਰ ਰਾਜ ਸਿੰਘ, ਖਜ਼ਾਨਚੀ ਜਸਵੰਤ ਸਿੰਘ, ਪ੍ਰੈਸ ਸਕੱਤਰ ਰਣਜੀਤ ਸਿੰਘ, ਕਮੇਟੀ ਮੈਂਬਰ ਸ਼ਿੰਗਾਰਾ ਸਿੰਘ, ਸੁਰਿੰਦਰ ਸਿੰਘ, ਮੁਨਸ਼ਾ ਸਿੰਘ, ਅਸ਼ੋਕ ਸਿੰਘ ਤੇ ਮੁਖਤਿਆਰ ਸਿੰਘ ਚੁਣੇ ਗਏ। ਨਵਨਿਯੁਕਤ ਅਹੁਦੇਦਾਰਾਂ ਨੇ ਵਿਸ਼ਵਾਸ ਦਿਵਾਇਆ ਕਿ ਅਸੀਂ ਹਮੇਸ਼ਾ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੇ ਨਾਲ ਚੱਲਾਂਗੇ ਅਤੇ ਕਿਸਾਨਾਂ ਨੂੰ ਲੋੜ ਪੈਣ 'ਤੇ ਹਰ ਤਰ੍ਹਾਂ ਦਾ ਸਾਥ ਦੇਵਾਂਗੇ।

# ਐਨ ਡੀ ਆਰ ਐਫ ਵੱਲੋਂ ਆਫ਼ਤ ਪ੍ਰਬੰਧਨ ਬਾਰੇ ਵਿਦਿਆਰਥੀਆਂ ਨੂੰ ਟ੍ਰੇਨਿੰਗ ਕਰਾਈ



ਪਟਿਆਲਾ (ਬਿੰਦ) ਮਾਤਾ ਕੁਸ਼ੱਲਿਆ ਨਰਸਿੰਗ ਸਕੂਲ ਵਿਖੇ ਆਫਤ ਪ੍ਰਬੰਧਨ ਬਾਰੇ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਟ੍ਰੇਨਿੰਗ ਸਮਾਗਮ ਆਯੋਜਿਤ ਕੀਤਾ ਗਿਆ।ਇਹ ਟ੍ਰੇਨਿੰਗ ਐਨ.ਡੀ.ਆਰ.ਐਫ ਦੀ ਟੀਮ ਵੱਲੋਂ ਕਰਾਈ ਗਈ। ਅਸਿਸਟੈਂਟ ਕਮਾਂਡਰ ਸ਼੍ਰੀਮਾਨ ਜਾਖੜ ਅਤੇ ਇੰਸਪੈਕਟਰ ਸ਼੍ਰੀਮਾਨ ਰਮਨ ਨੇ ਵਿਦਿਆਰਥੀਆਂ ਨੂੰ ਭੂਚਾਲ, ਅੱਗ, ਹੜ੍ਹ ਤੇ ਹੋਰ ਕੁਦਰਤੀ ਆਫ਼ਤਾਂ ਦੇ ਸਮੇਂ ਕੀਤੀ ਜਾਣ ਵਾਲੀ ਤੁਰੰਤ ਕਾਰਵਾਈ, ਪ੍ਰਥਮ ਸਹਾਇਤਾ, ਸੀ.ਪੀ.ਆਰ, ਜ਼ਖ਼ਮੀਆਂ ਦੀ ਸੰਭਾਲ ਅਤੇ ਸੁਰੱਖਿਆ, ਫਾਇਰ ਸੇਫ਼ਟੀ, ਬਨਾਉਟੀ ਸਾਹ ਕਿਰਿਆ, ਪੀੜਤਾਂ ਨੂੰ ਬਚਾਉਣ ਦੀ ਟ੍ਰੇਨਿੰਗ ਤੇ ਇਵੈਕੁਏਸ਼ਨ ਤਕਨੀਕਾਂ ਬਾਰੇ ਜਾਣਕਾਰੀ ਦਿੱਤੀ।ਸਮਾਗਮ ਦੌਰਾਨ ਮਾਕ ਡਰਿੱਲ ਰਾਹੀਂ ਵਿਦਿਆਰਥੀਆਂ ਨੂੰ ਐਮਰਜੈਂਸੀ ਹਾਲਾਤਾਂ ਨੂੰ ਸੰਭਾਲਣ ਬਾਰੇ ਸਿਖਾਇਆ ਗਿਆ। ਸਮਾਗਮ ਦੀ ਅਗਵਾਈ ਸਿਵਲ ਸਰਜਨ ਡਾ. ਜਗਪਾਲਇੰਦਰ ਸਿੰਘ ਤੇ ਮੈਡੀਕਲ ਸੁਪਰਡੈਂਟ ਡਾ.ਐਸ.ਜੇ ਸਿੰਘ ਨੇ ਕੀਤੀ। ਡਾ. ਜਗਪਾਲਇੰਦਰ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੀ ਟ੍ਰੇਨਿੰਗ ਵਿਦਿਆਰਥੀਆਂ ਵਿਚ ਆਤਮ ਵਿਸ਼ਵਾਸ ਪੈਦਾ ਕਰਦੀ ਹੈ ਤੇ ਉਨ੍ਹਾਂ ਨੂੰ ਸੰਕਟ ਦੀ ਘੜੀ ਵਿਚ ਸਹੀ ਫੈਸਲਾ ਲੈਣ ਯੋਗ ਬਣਾਉਂਦੀ ਹੈ।ਮੈਡੀਕਲ ਸੁਪਰਡੈਂਟ ਡਾ. ਐਸ.ਜੇ ਸਿੰਘ ਨੇ ਕਿਹਾ ਕਿ ਕੁਦਰਤੀ ਆਫ਼ਤਾਂ, ਸੜਕਾਂ 'ਤੇ ਐਮਰਜੈਂਸੀ ਵਿਚ ਪਹਿਲੇ 5-10 ਮਿੰਟ ਵਿੱਚ ਹੀ ਪੀੜਤਾਂ ਨੂੰ ਫਸਟ ਏਡ ਤੇ ਸੀ.ਪੀ.ਆਰ ਦੇ ਕੇ ਮਰਨ ਤੋਂ ਬਚਾਇਆ ਜਾ ਸਕਦਾ ਹੈ।

## COURT NOTICE

(U/o 5 Rule 20 CPC)
In The Court of Ms. Harmandeep Kaur
Civil Judge Junior Division-3, Ferozepur
CNR No. PBFZ02-002529-2024
Next Date:- 02-07-2025
Sukhwinder Singh
Vs.
Rajinder Singh Sandhu
Publication Issued To:
Surinder Pal Singh Dhillon R/o H.No. 39, Adarsh Nagar, Ferozepur City

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-07-2025 at 10:00 a.m.

For details logon to https://highcourtchd.gov.in/?mod=district_notice&district=mogacourt

Civil Judge Junior Division-3
Ferozepur
Dated, this day of 11-06-2025

## COURT NOTICE

(U/o 5 Rule 20 CPC)
In The Court of Ms Amandeep Kaur Civil Judge (Junior Division), Dhuri
CNR No. PBSGB0-000747-2020
Next Date:- 10-07-2025
State Bank of India, Through its Branch Manager
Vs.
Jaivinder Singh s/o Harnek Singh s/o Maingal Singh
Publication Issued To:
Jaivinder Singh S/o Harnek Singh S/o Maingal Singh :- Village Bardwal, Tehsil Dhuri, Distt. Sangrur

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 10-07-2025 at 10:00 a.m.

For details logon to https://highcourtchd.gov.in/?mod=district_notice&district Sangrur

Civil Judge (Junior Division)
Dhuri
Dated, this day of 30-05-2025

## ਕੋਰਟ ਨੋਟਿਸ



ਜ਼ਿਲ੍ਹਾ ਮੈਰਿਜ ਅਫਸਰ V/S ਆਮ ਜਨਤਾ
ਵਿਸ਼ਾ: ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ।
ਬਿਨੈਕਾਰ ਦਾ ਨਾਮ: ਬਲਦੇਵ ਸਿੰਘ ਪਿਤਾ/ਪਤੀ ਦਾ ਨਾਮ: ਮੇਜਾ ਸਿੰਘ
ਪਤਾ :VILLAGE PANDORI GOLA TEHSIL AND DISTRICT TARN TARAN, Village - Pandori Gola / Tehsil - Tarn Taran / District - Tarn Taran, Punjab
ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:-
ਨਾਮ: ਯਾਦਵਿੰਦਰ ਸਿੰਘ , ਪੱਕਾ ਪਤਾ: VILLAGE PANDORI GOLA TEHSIL AND DISTRICT TARN TARAN, Pandori Gola Tarn Taran, Tarn Taran, Punjab
ਵਿਦੇਸ਼ੀ ਪਤਾ : Feldsiedlung 4 2454 Sarasdorf 2454 AUSTRIA/ ਫੇਲਡਸੀਡਲੰਗ 4 2454 ਸਰਸਡੋਰਫ 2454 ਆਸਟਰੀਆ
ਉਮਰ, ਜਨਮ ਮਿਤੀ : 26-(23/07/1998)

ਬਿਨੈਕਾਰ ਨੇ ਕਿਹਾ ਹੈ ਕਿ ਉਸ ਦਾ ਭਾਰਤ ਵਿਚ ਕੋਈ ਵਿਆਹੁਤਾ ਸੰਬੰਧ ਨਹੀਂ ਹੈ।

ਆਮ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ।
ਇਹ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 18.6.2025 ਨੂੰ ਜਾਰੀ ਹੋਇਆ।
ਨੰ. ਐੱਮ. ਏ/ਐੱਮ. ਸੀ-1/274-76 ਮਿਤੀ: 18/6/2025 ਸਹੀ/-ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।

## ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਸ੍ਰੀ ਮਨਿੰਦਰ ਸਿੰਘ ਸੰਧੂ ਤਹਿਸੀਲਦਾਰ ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ, ਜ਼ਿਲ੍ਹਾ ਜਲੰਧਰ ।
ਮਿਸਲ ਨੰ: 11/ਐੱਨ ਟੀ/2025 ਕੇਸ ਦੀ ਕਿਸਮ : (ਦਰੁਸਤੀ ਗਿਰਦਾਵਰੀ)
1. ਸ੍ਰੀ ਬਲਜਿੰਦਰ ਸਿੰਘ ਪੁੱਤਰ ਸਵਰਨ ਸਿੰਘ ਪੁੱਤਰ ਸਾਧੂ ਸਿੰਘ ਵਾਸੀ ਪਿਪਲੀ ਤਹਿਸੀਲ ਸ਼ਾਹਕੋਟ ਜ਼ਿਲ੍ਹਾ ਜਲੰਧਰ। ਪਹਿਲੀ ਧਿਰ

ਬਨਾਮ

1 ਦਰਬਾਰਾ ਸਿੰਘ ਪੁੱਤਰ ਸੁਰਜੀਤ ਸਿੰਘ ਪੁੱਤਰ ਨਰੰਜਣ ਸਿੰਘ ਵਾ ਦਾਰਾ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਤਲਵੰਡੀ ਬੂਟੀਆਂ, ਤਹਿਸੀਲ ਸ਼ਾਹਕੋਟ 2. ਮਨਿੰਦਰ ਸਿੰਘ ਪੁੱਤਰ ਜੋਗਾ ਸਿੰਘ ਵਾਸੀ ਪਿਪਲੀ ਜ਼ਿਲ੍ਹਾ ਜਲੰਧਰ ਇਹ ਕੁਝ ਵਿਅਕਤੀ ਪਿੰਡ ਵਿੱਚ ਨਹੀਂ ਰਹਿੰਦੇ ਹਨ।

ਉਪਰੋਕਤ ਵਿਸ਼ੇ ਸੰਬੰਧੀ ਪਹਿਲੀ ਧਿਰ ਵੱਲੋਂ ਇਸ ਦਫਤਰ ਵਿੱਚ ਦਰੁਸਤੀ ਗਿਰਦਾਵਰੀ ਕੇਸ ਪਾਇਆ ਗਿਆ ਹੈ।ਇਹ ਗਿਰਦਾਵਰੀ ਕੇਸ ਇਸ ਅਦਾਲਤ ਵਿੱਚ ਚੱਲ ਰਿਹਾ ਹੈ।ਦੂਜੀ ਧਿਰ ਦੇ ਵਿਅਕਤੀ ਸੰਬੰਧਿਤ ਪਿੰਡ ਵਿੱਚ ਨਹੀਂ ਰਹਿੰਦੇ ਵਿਦੇਸ਼ ਜਾਂ ਪਿੰਡ ਤੋਂ ਬਾਹਰ ਰਹਿੰਦੇ ਹਨ।ਇਸ ਕੇਸ ਦੀ ਤਾਰੀਕ ਪੇਸ਼ੀ ਮਿਤੀ 24.6.25 ਪਾਈ ਗਈ ਹੈ।ਇਸ ਸੰਬੰਧੀ ਕਿਸੇ ਵਿਅਕਤੀ ਨੂੰ ਕੋਈ ਉਜ਼ਰ ਇਤਰਾਜ਼ ਹੋਵੇ ਤਾਂ ਉਹ ਉਕਤ ਅਦਾਲਤ ਵਿੱਚ 10 ਦਿਨ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ।ਇਸ ਕੇਸ ਵਿੱਚ ਇਤਰਾਜ਼ ਨਾ ਆਉਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਰਿਕਾਰਡ ਮਾਲ ਵਿੱਚ ਦਰੁਸਤੀ ਗਿਰਦਾਵਰੀ ਦਾ ਅਮਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਗੁਜ਼ਰਨੇ ਮਿਆਦ ਕੋਈ ਉਜ਼ਰ ਸੁਣਵਾਈਯੋਗ ਨਹੀਂ ਹੋਵੇਗਾ।

ਨੰ. 86/ ਮਿਤੀ : 10.06.2025 ਸਹੀ/-ਸਹਾਇਕ ਕੁਲੈਕਟਰ ਦਰਜਾ ਅੱਵਲ ਲੋਹੀਆਂ

## ਪਬਲੀਕੇਸ਼ਨ ਨੋਟਿਸ

ਬਾ ਅਦਾਲਤ ਨਾਇਬ ਤਹਿਸੀਲਦਾਰ-ਕਮ- ਸਹਾਇਕ ਕੁਲੈਕਟਰ ਦਰਜਾ ਪਹਿਲਾ, ਅਜੀਤਵਾਲ, ਜ਼ਿਲ੍ਹਾ ਮੋਗਾ।
ਅਨੁਵਾਨ ਮੁਕੱਦਮਾ : ਗੁਰਪ੍ਰੀਤ ਸਿੰਘ ਬਨਾਮ ਜਗਰਾਜ ਸਿੰਘ ਅਤੇ ਹੋਰ
ਕੇਸ ਕਿਸਮ : ਤਕਸੀਮ ਰਕਬਾ : ਤਖਾਣਵੱਧ ਤਾਰੀਖ ਪੇਸ਼ੀ : 02-07-2025
ਨੋਟਿਸ ਬਨਾਮ ਆਮ ਪਬਲਿਕ

ਉਪਰੋਕਤ ਵਿਸ਼ੇ ਸੰਬੰਧੀ ਇਸ ਨੋਟਿਸ ਰਾਹੀਂ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਗੁਰਪ੍ਰੀਤ ਸਿੰਘ ਪੁੱਤਰ ਨੱਥਾ ਸਿੰਘ ਪੁੱਤਰ ਸਰਦਾਰਾ ਸਿੰਘ ਵਾਸੀ ਪਿੰਡ ਤਖਾਣਵੱਧ, ਤਹਿਸੀਲ ਵਾ ਜ਼ਿਲ੍ਹਾ ਮੋਗਾ ਦਾ ਕੇਸ ਤਕਸੀਮ ਅਰਾਜੀ ਪਿੰਡ ਤਖਾਣਵੱਧ ਖੇਵਟ ਨੰ: 100/80, 256/226,358/303, 363/307, 631/571, 632/572, 1174/1088 ਇਸ ਅਦਾਲਤ ਵਿਚ ਸੁਣਵਾਈ ਅਧੀਨ ਹੈ। ਜਿਸ ਦੀ ਅਗਲੀ ਤਾਰੀਖ ਪੇਸ਼ੀ 02-07-2025 ਮੁਕੱਰਰ ਹੈ। ਜਿਸ ਵਿਚ ਹੇਠ ਦਰਜ ਉੱਤਰਵਾਦੀਆਨ ਦੀ ਸਧਾਰਨ ਤਰੀਕੇ ਨਾਲ ਤਾਮੀਲ/ਤਲਬੀ ਨਾ ਹੋਣ ਕਰਕੇ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਉੱਤਰਵਾਦੀ ਧਿਰ ਆਪਣੇ ਕੇਸ ਦੀ ਪੈਰਵੀ ਲਈ ਇਸ ਅਦਾਲਤ ਵਿਚ ਅਸਾਲਤਨ/ਵਕਾਲਤਨ ਹਾਜ਼ਰ ਆਉਣ। ਨਿਯਤ ਮਿਤੀ 'ਤੇ ਹਾਜ਼ਰ ਨਾ ਆਉਣ ਦੀ ਸੂਰਤ ਵਿਚ ਕਾਰਵਾਈ ਇਕਤਰਫਾ ਅਮਲ ਵਿਚ ਲਿਆਂਦੀ ਜਾਵੇਗੀ। ਇਹ ਨੋਟਿਸ ਅੱਜ ਮਿਤੀ 04-06-2025 ਨੂੰ ਨਿਮਨਹਸਤਾਖਰ ਦੇ ਹਸਤਾਖਰਾਂ ਅਤੇ ਅਦਾਲਤ ਦੀ ਮੋਹਰ ਨਾਲ ਜਾਰੀ ਹੋਇਆ ਹੈ।

ਨੰਬਰ 88/ਰੀਡਰ ਮਿਤੀ : 05.06.2025 ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਅਜੀਤਵਾਲ (ਜ਼ਿਲ੍ਹਾ ਮੋਗਾ)

1. ਜਗਰਾਜ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਅਵਤਾਰ ਸਿੰਘ 2. ਜਰਨੈਲ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਅਵਤਾਰ ਸਿੰਘ 3. ਜਸਵਿੰਦਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਅਵਤਾਰ ਸਿੰਘ 4. ਦਵਿੰਦਰ ਸਿੰਘ ਪੁੱਤਰ ਗਿਆਨ ਸਿੰਘ ਪੁੱਤਰ ਅਵਤਾਰ ਸਿੰਘ 5. ਜਗਸੀਰ ਸਿੰਘ ਪੁੱਤਰ ਦਰਸ਼ਨ ਸਿੰਘ ਪੁੱਤਰ ਅਵਤਾਰ ਸਿੰਘ 6. ਅਜੀਤ ਸਿੰਘ ਪੁੱਤਰ ਗੁਰਮੁਖ ਸਿੰਘ ਪੁੱਤਰ ਸਾਉਂਣ ਸਿੰਘ 7. ਜਸਵੰਤ ਸਿੰਘ ਪੁੱਤਰ ਗੁਰਮੁਖ ਸਿੰਘ ਪੁੱਤਰ ਸਾਉਣ ਸਿੰਘ 8. ਮੇਘਾ ਸਿੰਘ ਪੁੱਤਰ ਗੁਰਮੁਖ ਸਿੰਘ ਪੁੱਤਰ ਸਾਉਣ ਸਿੰਘ 9. ਦਰਸ਼ਨ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਵਰਿਆਮ ਸਿੰਘ 10. ਗਿਆਨ ਸਿੰਘ ਪੁੱਤਰ ਅਵਤਾਰ ਸਿੰਘ ਪੁੱਤਰ ਵਰਿਆਮ ਸਿੰਘ 11. ਤਜਿੰਦਰ ਸਿੰਘ ਪੁੱਤਰ ਸਤਿੰਦਰਪਾਲ ਸਿੰਘ ਪੁੱਤਰ ਰਨਸ਼ੇਰ ਸਿੰਘ, 12. ਦਵਿੰਦਰ ਕੌਰ ਪਤਨੀ ਰਨਸੇਰ ਸਿੰਘ ਪੁੱਤਰ ਹਰਜੀਤ ਸਿੰਘ ਮੌਤ ਹੋ ਚੁੱਕੀ ਹੈ ਰਾਹੀਂ ਕੁਦਰਤੀ ਵਾਰਸ 13. ਵੀਰਪਾਲ ਕੌਰ ਵਿਧਵਾ ਕੁਲਵੰਤ ਸਿੰਘ ਪੁੱਤਰ ਗੁਰਮੁਖ ਸਿੰਘ 14. ਪਰਨੀਤ ਕੌਰ ਪੁੱਤਰੀ ਕੁਲਵੰਤ ਸਿੰਘ ਪੁੱਤਰ ਗੁਰਮੁਖ ਸਿੰਘ 15. ਖੁਸ਼ਪ੍ਰੀਤ ਸਿੰਘ ਪੁੱਤਰ ਕੁਲਵੰਤ ਸਿੰਘ ਪੁੱਤਰ ਗੁਰਮੁਖ ਸਿੰਘ 16. ਸ਼ਿੰਦਰਪਾਲ ਕੌਰ ਪਤਨੀ ਤੇਜਾ ਸਿੰਘ ਪੁੱਤਰ ਅਰਜਨ ਸਿੰਘ 17. ਕੁਲਵੰਤ ਕੌਰ ਵਿਧਵਾ ਚਮਕੌਰ ਸਿੰਘ ਪੁੱਤਰ ਅਵਤਾਰ ਸਿੰਘ 18. ਭਜਨ ਸਿੰਘ ਪੁੱਤਰ ਸੰਤਾ ਸਿੰਘ ਪੁੱਤਰ ਬੱਗਾ ਸਿੰਘ 19. ਗੁਰਮੇਲ ਕੌਰ ਪੁੱਤਰੀ ਪ੍ਰੀਤਮ ਸਿੰਘ ਪੁੱਤਰ ਰਾਮ ਕੌਰ 20. ਤੇਜਾ ਸਿੰਘ ਪੁੱਤਰ ਰਾਮ ਕੌਰ ਪੁੱਤਰੀ ਹਰਨਾਮ ਸਿੰਘ 21. ਗੁਰਮੇਲ ਸਿੰਘ ਪੁੱਤਰ ਰਾਮ ਕੌਰ ਪੁੱਤਰੀ ਹਰਨਾਮ ਸਿੰਘ 22. ਬਲਵੰਤ ਸਿੰਘ ਪੁੱਤਰ ਰਾਮ ਕੌਰ ਪੁੱਤਰੀ ਹਰਨਾਮ ਸਿੰਘ 23. ਬੂਟਾ ਸਿੰਘ ਪੁੱਤਰ ਭਜਨ ਸਿੰਘ ਪੁੱਤਰ ਸੰਤਾ ਸਿੰਘ 24. ਜਸਵੰਤ ਸਿੰਘ ਪੁੱਤਰ ਰਾਮ ਕੌਰ ਪੁੱਤਰੀ ਹਰਨਾਮ ਸਿੰਘ 25. ਬਲਵਿੰਦਰ ਸਿੰਘ ਪੁੱਤਰ ਚਮਕੌਰ ਸਿੰਘ ਪੁੱਤਰ ਚੰਦ ਸਿੰਘ 26. ਕੁਲਦੀਪ ਸਿੰਘ 27. ਬਲਜੀਤ ਸਿੰਘ 28. ਗੁਰਮੀਤ ਸਿੰਘ ਤਿੰਨੇ ਪੁੱਤਰਾਨ ਭਾਗ ਸਿੰਘ ਪੁੱਤਰ ਸਾਉਣ ਸਿੰਘ 29. ਕੁਲਵੰਤ ਕੌਰ ਵਿਧਵਾ ਚਮਕੌਰ ਸਿੰਘ ਪੁੱਤਰ ਵਰਿਆਮ ਸਿੰਘ 30. ਹਰਦੇਵ ਸਿੰਘ 31. ਸੁਖਦੇਵ ਸਿੰਘ ਪੁੱਤਰਾਨ ਤਾਰਾ ਸਿੰਘ ਪੁੱਤਰ ਸੰਤੋਖ ਸਿੰਘ 32. ਨਛੱਤਰ ਕੌਰ ਮਾਤਾ ਕੁਲਵੰਤ ਸਿੰਘ ਪੁੱਤਰ ਗੁਰਮੁਖ ਸਿੰਘ ਮੌਤ ਹੋ ਚੁੱਕੀ ਹੈ ਰਾਹੀਂ ਕੁਦਰਤੀ ਵਾਰਿਸ 33. ਤਜਿੰਦਰ ਸਿੰਘ ਪੁੱਤਰ ਸਤਿੰਦਰ ਪਾਲ ਸਿੰਘ ਪੁੱਤਰ ਰਨਸੇਰ ਸਿੰਘ ਕੁਦਰਤੀ ਵਾਰਸਨ ਸ਼ੇਰ ਸਿੰਘ ਪੁੱਤਰ ਹਰਜੀਤ ਸਿੰਘ ਪੁੱਤਰ ਕਪੂਰ ਸਿੰਘ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.–53-2025-26-ADEN-1-FZR ਤਾਰੀਕ:17.06.2025

ਮੰਡਲ ਇੰਜੀਨੀਅਰ-ਹੈਡਕੁ. ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 10.07.2025 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਸਿੰਗਲ ਪੈਕੇਟ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 17.06.2025 | 26.06.2025 | 10.07.2025 / 15:00 ਵਜੇ |

| ਲ. ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ |
|---|---|---|
| 1. | 53-2025-26-ADEN-1-FZR | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਗੰਗਸਰ ਜੈਤੋਂ ਸਟੇਸ਼ਨ ਤੇ ਪੂਰੀ ਲੰਬਾਈ ਲੋਡ ਨੂੰ ਸਮਾਯੋਜਿਤ ਕਰਨ ਦੇ ਲਈ ਮਾਲ ਲਾਈਨ ਦਾ ਵਿਸਤਾਰ ਦਾ ਕੰਮ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ |
|---|---|---|---|
| 1,29,40,836.59/- | 2,14,700.00/- | 60 ਦਿਨ | 09 ਮਹੀਨੇ |

ਸਮਾਨ ਨੇਚਰ ਦਾ ਕੰਮ: "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਦੇ ਤਣਾਅਮੁਕਤ ਕਰਨਾ, ਟ੍ਰੈਕ ਰਖਰਖਾਅ ਮਸ਼ੀਨ ਜਿਵੇਂ ਟੈਮਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਦੇ ਲਈ ਪਹਿਲਾ ਅਤੇ ਬਾਅਦ ਦਾ ਕੰਮ ਅਤੇ ਟੀ-28 ਦੁਆਰਾ ਟੀਟੀਆਰ ਸ਼ਾਮਲ ਹੈ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

1815/25

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਫਸਟ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 07.07.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਨਿਵਿਦਾ ਸਮਾਪਨ ਦੀ ਮਿਤੀ ਅਤੇ ਸਮਾਂ |
| 12.06.2025 | 23.06.2025 | 07.07.2025 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ |
|---|---|---|
| 1 | 36-2025-26 ADEN-JRC | ਸੀਨੀਅਰ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਜਲੰਧਰ ਕੈਂਟ-ਪਠਾਨਕੋਟ ਸੇਕਸ਼ਨ ਤੇ ਐਮ+8 ਘਣਤਵ ਦੇ ਨਾਲ ਪੀਐਸਸੀ ਚੌੜੇ ਸਲੀਪਰ ਦੇ ਨਾਲ ਪ੍ਰਸਤਾਵਿਤ ਐਮ+7 ਘਣਤਵ ਵਾਲੇ ਪੀਐਸਸੀ-6 ਸਲੀਪਰਾਂ ਤੇ 60 ਕਿਗ੍ਰਾ ਰੇਲ ਦੇ ਨਾਲ ਵਿਛਾਈ ਗਈ ਮੌਜੂਦਾ ਪਟਰੀ ਦੇ ਡਾਊਨਲਾਈਨ ਕਿਮੀ 14.00 ਤੋਂ 19.50 ਅਤੇ 20.25 ਤੋਂ 27.75 ਕਿਮੀ ਦੇ ਵਖ-ਵਖ ਸਥਾਨਾਂ ਉਤੇ ਪੀਕਯੂਆਰਐਸ 12.75 ਕਿਮੀ ਦੁਆਰਾ ਥਰੂ ਸਲੀਪਰ ਨਵੀਨੀਕਰਨ ਦੇ ਸਬੰਧ ਵਿਚ ਵਖ-ਵਖ ਬੇਸ ਡਿਪੋ/ਸਾਈਟ ਗਤੀਵਿਧੀਆਂ। |

| ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 1,74,45,127.19/- | 2,37,200.00/- | 60 ਦਿਨ | 12 ਮਹੀਨੇ |

ਸਮਾਨ ਨੇਚਰ ਦਾ ਕੰਮ: "ਸੀਟੀਆਰ/ਟੀਆਰਆਰ/ਟੀਐਫਆਰ/ਟੀਟੀਆਰ ਜਿਸ ਵਿਚ ਟ੍ਰੈਕ ਨੂੰ ਉਪਰ ਚੁਕਣਾ, ਸਕ੍ਰੀਨਿੰਗ, ਟ੍ਰੈਕ ਨੂੰ ਡਿਸਟ੍ਰੇਸ ਕਰਨਾ, ਟ੍ਰੈਸ ਰਖਰਖਾਅ ਮਸ਼ੀਨ ਜਿਵੇਂ ਟੈਂਪਿੰਗ ਮਸ਼ੀਨ/ਬੈਲਾਸਟ ਸਕ੍ਰੀਨਿੰਗ/ ਰੇਗੂਲੇਟਿੰਗ ਮਸ਼ੀਨ ਅਤੇ ਟੀਟੀਆਰ ਦੇ ਲਈ ਪੂਰਵ ਅਤੇ ਬਾਅਦ ਦੇ ਕੰਮ ਮਿਲ ਹਨ, ਟੀ-28 ਦੁਆਰਾ।"

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਪੱਤਰ ਨੰ.: 36-2025-26-ADEN-JRC ਤਾਰੀਕ : 13.06.2025 1820/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


# ਕਲਾਸੀਫਾਈਡ ਇਸ਼ਤਿਹਾਰ

## Change of Name

I, Sulashan Kumari W/O Surinderjit R/O L-9/31, Kot Mahna Singh,Tarn Taran Road, Amritsar, Punjab have changed my name from Sulashan Kumari to Sulaksha Kumari. Concerned note.

I, Ram Parkash alias Jai Parkash S/o Massa Ram R/o V.Rampur Po.Lambra Distt.Jalandhar, Punjab have changed my name from Ram Parkash to Ram Parkash alias Jai Parkash. All please note.

I, Parminder Kaur alias Joginder Kaur W/O Avtar Singh R/O Village Bajwa Khurd, P.O. Bajwa Kalan, Tehsil Shahkot, Distt. Jalandhar -144702, Punjab, India have changed my name to Parminder Kaur. Note Please.

I, Shelly Madaan Wife of Anil Madaan Resident of 224, Shastri Nagar, Lawrence Road, Amritsar. I have changed my name from Shelly Madaan to Muskan Madaan. All concerned please note.

I, Gurdev Singh S/o Rattan Singh R/o Hassanpur Kalan, PO Bal Purian, Teh. Batala, Distt Gurdaspur have changed my name Gurmej Singh to Gurdev Singh

I, Sukhchain Singh Kahlon S/o Jasbir Singh R/o Chawinda Devi, PO Chawinda Devi, Distt. Amritsar, Punjab-143504 have changed my name from Sukhchain Singh Kahlon to Sukhchain Singh.

I, Ramdeep Singh S/o Gurchain Singh R/o Bhullar Hans, PO Dhade, Distt. Amritsar, Punjab-143504 have changed my name from Ramdeep Singh to Singh is my surname and Ramdeep is my given name.

I Paramjeet Kaur W/o Manmohan Singh R/O Vill. Ali Khel PO Kartarpur, Jalandhar-144801, Punjab, have changed my name from Paramjeet Kaur to Paramjit Kaur.All concerned noted.

I Amanpreet Kaur w/o Amandeep Singh,R/o Kala Sangha Road, Village kot Sadiq Jalandha,Punjab-144002, have Changed my name form Gurcharan Kaur to Amanpreet Kaur, All Concerned may Note.

I,Tanveer Singh S/o Harjit Singh R/o Village Rasulpur Khurd, P.O Kot Khehra, Tehsil Baba Bakala, Distt. Amritsar, Punjab have changed my name from Tanveer Singh to Singh is my surname and Tanveer is my given name.

I, Princepal Singh s/o Harjinder Singh r/o Vill. Behluwal, Teh. Batala, Distt. Gurdaspur, have changed my name to Singh Princepal (Surname as Singh). All Please Note.

I, Pradeep Kaur Gill w/o Jatinder Singh r/o H.No. 578, Mota Singh Nagar, Jalandhar, declare that Pradeep Kaur Gill and Pradeep Kaur both names one and the same person. All Please Note.

I, Palak w/o Mohit Suri r/o H. No. ES-415, St.No.5, mohalla Abadpura, Nakodar Road, Opp. Orthonova Hospital, Jalandhar Changed my name from Palak to Palak Suri. All Please Note.

I, Inderjeet s/o Ramsaran r/o VPO. Mehli, Distt. SBS Nagar, have changed the spelling of my name from Inderjeet to Inderjit. All Please Note.

I, Lakhbir Singh S/o Avtar Singh R/o H.No.22A, Ward No. 38, Muhalla Fateh Ganj, Samrala Road, Ludhiana, Punjab have changed the name of my minor son from Prabhjeet Singh to Manseerat Singh. All Please Note.

I, Parveen D/o Gurmail Singh R/o VPO. Kandhala Guru, Jalandhar, Punjab have changed my name from Parveen to Parveen Kaur. (Kaur as surname) All Please Note.

I, Tintu Jacob D/o Chacko T I R/o Aradhana, Marian Enclave, Deep Nagar, Jalandhar Cantt, Jalandhar have changed my name to given name as Tintu & Surname as Jacob. All Please Note.

I, Sumanpreet S/o Mangal Singh resident of Village Nawan Pind Bhathe, District Kapurthala have changed my name from Sumanpreet to Samanpreet Singh. All concerned may please note.

I, Multani Rajinder Singh S/o Balkar Singh R/o VPO, Miani, Teh. Dasuya, Distt. Hoshiarpur, Punjab Have changed my name to Rajinder Singh. All Concerned please note.

I, Joginder Singh S/o Kuldeep Singh R/o Vill. Bhaini Millwan, PO. Saidowal Kalan, Tehsil/Distt. Gurdaspur, Pin code 143530 Punjab India. Declare that my given name as Joginder and my surname as Singh.

I, Harwinder Kumar S/o Harbans Lal R/o VPO. Lambra Abadi, Distt. Jalandhar (Pb) have changed my name to Harvinder Kumar. All concerned please note.

I, Elizebeth Masih W/o Mr. Nathanial Masih R/o H.No. 173, Village Nandanpur, Jalandhar, Punjab, India have changed my name from Giano Alias Elizebeth Masih to Elizebeth Masih. All concerned please note.

## PUBLIC NOTICE

I, Avtar Singh S/o S. Gurmej Singh R/o Vill: Lalla Afgana P.O. Bagge Kalan Teh: Ajnala Distt: Amritsar declare that my son Navpreet Singh is out of my control. I am not happy with his act and conduct. Now I have disinherited him from my movable/immovable properties any where in india and have no dealings with him. Anybody dealing with him in any manner shall be doing so at his/her own risk and I/my family shall not be responsible.

I, Sat Pal S/o Fuman Ram R/o Village Bajra po Samipur Tehsil & Distt jalandhar Declare that I have Cancel the notice of disown given in favour of my son Dilbag kumar khokhar from moveable/imoveable property Previously given in the newspaper who are now under my control and faithful towards.Now he have full right in all my moveable/imoveable property. All concerned please note.

I. Amarjit Kaur D/O Bhagwant Singh R/o Village Hardothala, PO. Dasuya, Distt. Hoshiarpur, Punjab, declare That above my address before marriage and after marriage my address Amarjit Kaur W/o Hardeep Singh R/o Village Mohkamgarh, PO. Saidupur, Distt. Hoshiarpur, Punjab, India. I hereby declare that both name and address belong to one and the same person. All concerned please note.

## ਨਾਂਅ ਦੀ ਬਦਲੀ

ਮੈਂ ਸੋਨੂੰ ਰਾਮ ਪੁੱਤਰ ਨੇਕ ਰਾਮ, ਵਾਸੀ ਦੀਪਨਗਰ, ਤਹਿਸੀਲ ਪਾਇਲ (ਲੁਧਿਆਣਾ) ਨੇ ਆਪਣੀ ਪੁੱਤਰੀ ਸ਼ਵਨਿਆ ਦਾ ਨਾਮ ਸ਼ਵਨਿਆ ਰਾਣੀ ਬਦਲ ਲਿਆ ਹੈ।

ਮੈਂ ਰਣਜੀਤ ਰਾਮ ਉਰਫ ਲਾਡੀ ਪੁੱਤਰ ਫ਼ਕੀਰ ਚੰਦ ਪਿੰਡ ਕਾਕੜਾ ਕਲਾਂ ਤਹਿਸੀਲ ਸ਼ਾਹਕੋਟ ਜਿਲ੍ਹਾ ਜਲੰਧਰ ਐਲਾਨ ਕਰਦਾ ਹਾਂ ਕਿ ਉਕਤ ਦੋਵੇਂ ਨਾਂ ਮੇਰੇ ਹੀ ਹਨ। ਸੋ ਮੈਂ ਰਣਜੀਤ ਰਾਮ ਅਤੇ ਲਾਡੀ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹਾਂ। ਸਬੰਧਤ ਨੋਟ ਕਰਨ।

## ਆਮ ਸੂਚਨਾ

ਮੈਂ, ਵਿਰਾਟ ਕੁਮਾਰ ਪੁੱਤਰ ਰਜੀਵ ਕੁਮਾਰ ਵਾਸੀ ਮਕਾਨ ਨੰ: 4532, ਗਲੀ ਨੰ: 7, ਸੁੰਦਰ ਨਗਰ, ਬਸਤੀ ਜੋਧੇਵਾਲ, ਲੁਧਿਆਣਾ, ਪੰਜਾਬ ਸੂਚਿਤ ਕਰਦਾ ਹਾਂ ਕਿ ਗੋਪੇਸ਼ ਕੁਮਾਰ ਅਤੇ ਵਿਰਾਟ ਕੁਮਾਰ ਦੋਵੇਂ ਮੇਰੇ ਅਤੇ ਇਕ ਹੀ ਵਿਅਕਤੀ ਦੇ ਨਾਂਅ ਹਨ।

ਮੈਂ, ਅਪੂਰਵਾ ਪੁੱਤਰੀ ਰਜੀਵ ਕੁਮਾਰ ਵਾਸੀ ਮਕਾਨ ਨੰ: 4532 ਗਲੀ ਨੰ: 7, ਸੁੰਦਰ ਨਗਰ, ਬਸਤੀ ਜੋਧੇਵਾਲ, ਲੁਧਿਆਣਾ, ਪੰਜਾਬ ਸੂਚਿਤ ਕਰਦੀ ਹਾਂ ਕਿ ਅੰਜਲੀ ਅਤੇ ਅਪੂਰਵਾ ਦੋਵੇਂ ਮੇਰੇ ਅਤੇ ਇਕ ਹੀ ਵਿਅਕਤੀ ਦੇ ਨਾਂਅ ਹਨ।

ਵੀਰ ਸਿੰਘ ਪੁੱਤਰ ਸਰੂਪ ਸਿੰਘ, ਵਾਸੀ ਦੀਨੇਵਾਲ ਨਾਮ ਚੱਲਦੇ ਟਿਊਬਵੈਲ ਕੁਨੈਕਸ਼ਨ ਟੀ.55.ਏ.ਪੀ. 10/1561-ਕੇ ਨੂੰ ਸਤਨਾਮ ਕੌਰ ਪਤਨੀ ਪ੍ਰਗਟ ਸਿੰਘ, ਵਾਸੀ ਦੀਨੇਵਾਲ ਨਾਮ ਕਰਨ ਦੀ ਦਰਖਾਸਤ ਪੁੱਜੀ ਹੈ, ਇਤਰਾਜ 15 ਦਿਨਾਂ ਅੰਦਰ ਦਫਤਰ ਪਾਵਰਕਾਮ ਉਪ ਮੰਡਲ ਨਾਗੋਕੇ ਪੁੱਜਣ ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: ਡੀ 1-246, 7.5 ਹਾਰਸ ਪਾਵਰ ਜੋ ਕਿ ਸ: ਸੁਰਜੀਤ ਸਿੰਘ ਪੁੱਤਰ ਸ: ਦਲੀਪ ਸਿੰਘ ਵਾਸੀ ਪਿੰਡ ਮੁਧਲ ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ 'ਤੇ ਰਕਬਾ ਮੁਧਲ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਚੱਲਦਾ ਹੈ, ਇਸ ਕੁਨੈਕਸ਼ਨ ਨੂੰ ਸ੍ਰੀ ਬਲਜੀਤ ਸਿੰਘ ਅਤੇ ਹਰਿੰਦਰਪਾਲ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਮੁਧਲ ਜ਼ਿਲ੍ਹਾ ਅੰਮ੍ਰਿਤਸਰ ਦੇ ਨਾਂਅ ਕਰਨ ਦੀ ਅਰਜ਼ੀ ਆਈ ਹੈ।ਇਤਰਾਜ਼ 7 ਦਿਨ ਦੇ ਅੰਦਰ ਉਪ ਮੰਡਲ ਦਫਤਰ ਕੱਥੂਨੰਗਲ ਵਿਖੇ ਪੇਸ਼ ਕੀਤਾ ਜਾ ਸਕਦਾ ਹੈ।

ਮੈਂ, ਕੋਮਲ ਪਤਨੀ ਸਲੀਮ ਵਾਸੀ ਮਕਾਨ ਨੰ: 13, ਪ੍ਰੇਮ ਨਗਰ, ਗਲੀ ਨੰ: 1, ਸ਼ਿਵਪੁਰੀ ਰੋਡ, ਤੁੰਗਬਾਲਾ , ਮਜੀਠਾ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਇਕ ਮੁਖਤਾਰਨਾਮਾ, ਜੋ ਰਾਣੀ ਖੰਨਾ ਦੇ ਨਾਂਅ ਹੈ। ਪਲਾਟ ਨੰ: 56, ਕੁਲ ਰਕਬਾ 200 ਵਰਗ ਗਜ਼, ਖਸਰਾ ਨੰ: 414, ਮਿੰਨ, ਖਾਤਾ ਖਤੌਨੀ ਨੰ: 891/1281, ਵਾਕਿਆ ਰਕਬਾ ਪੁਤਲੀਘਰ ਜੀ. ਟੀ. ਰੋਡ ਅੰਮ੍ਰਿਤਸਰ ਜੋ 5.06.25 ਨੂੰ ਗੁੰਮ ਹੋ ਗਿਆ ਹੈ। ਇਸ ਦੀ ਐੱਫ. ਆਈ.ਆਰ. 15.06.25 ਨੂੰ ਥਾਣਾ ਇਸਲਾਮਾਬਾਦ ਅੰਮ੍ਰਿਤਸਰ ਵਿਖੇ ਦਰਜ ਕਰਵਾ ਦਿੱਤੀ ਹੈ, ਜਿਸ ਦਾ ਜੀ. ਡੀ. ਨੰ:027 ਹੈ।

## ਬੇਦਖਲੀ ਨੋਟਿਸ

ਮੈਂ, ਅਮਰੀਕ ਸਿੰਘ ਪੁੱਤਰ ਮਹਿੰਦਰ ਸਿੰਘ ਵਾਸੀ ਪਿੰਡ ਖਾਨਪੁਰਾ, ਤਹਿਸੀਲ ਬਾਬਾ ਬਕਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਬੀਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸਬੰਧਿਤ ਨੋਟ ਕਰਨ।

ਮੈਂ, ਰਾਮਪ੍ਰਸਾਦ ਦਾਸ ਪੁੱਤਰ ਬੈਜੂ ਦਾਸ ਮਕਾਨ ਨੰ: ਬੀ-1/26 ਰਾਮ ਜਾਨਕੀ ਨਗਰ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦੀਪਨੰਦਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ ਜੋਗਿੰਦਰ ਸਿੰਘ ਪੁੱਤਰ ਸਰੈਨ ਸਿੰਘ ਅਤੇ ਮਹਿੰਦਰ ਕੌਰ ਪਤਨੀ ਜੋਗਿੰਦਰ ਸਿੰਘ ਵਾਸੀ ਮਕਾਨ ਨੰਬਰ ਐੱਲ-10/819, ਗੁਰੂ ਅਮਰਦਾਸ ਨਗਰ, ਆਊਟਸਾਈਡ ਗਿੱਲਵਾਲੀ ਗੇਟ, ਅੰਮ੍ਰਿਤਸਰ, ਪੰਜਾਬ-143001 ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਤਰਸੇਮ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੇ ਨਾਲ ਲੜਾਈ-ਝਗੜਾ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਅਮਿਤ ਕੁਮਾਰ ਪੁੱਤਰ ਸਵਰਗਵਾਸੀ ਸ੍ਰੀ ਰਾਮ ਮੂਰਤੀ ਵਾਸੀ ਮਕਾਨ ਨੰਬਰ ਐੱਫ. 13/782, ਗਲੀ ਨੰਬਰ 6, ਜਗਦੰਬੇ ਕਾਲੋਨੀ, ਮਜੀਠਾ ਰੋਡ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਭਰਾ ਅਰੁਣ ਕੁਮਾਰ ਉਸ ਦੀ ਪਤਨੀ ਜੋਤੀ ਅਤੇ ਇਨ੍ਹਾਂ ਦੇ ਬੱਚੇ ਇਕ ਲੜਕਾ ਤੇ ਇਕ ਲੜਕੀ ਵਾਸੀ 88 ਫੁੱਟ ਰੋਡ, ਮਜੀਠਾ ਰੋਡ ਅੰਮ੍ਰਿਤਸਰ, ਜੋ ਕਿ ਝਗੜਾਲੂ ਹਨ ਅਤੇ ਆਪਸ ਵਿਚ ਲੜਦੇ-ਝਗੜਦੇ ਰਹਿੰਦੇ ਹਨ। ਮੇਰਾ ਅਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰਕ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਤਨਾਮ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਮਕਾਨ ਨੰਬਰ 3227, ਗਲੀ ਨੰਬਰ 11, ਮਹਿਤਾ ਰੋਡ ਮਕਬੂਲਪੁਰਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਜੀਤ ਸਿੰਘ ਅਤੇ ਉਸ ਦੀ ਪਤਨੀ ਪੂਜਾ, ਲੜਕਾ ਫਤਿਹ, ਲੜਕੀ ਰਾਧਾ, ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੀ ਕੋਈ ਗੱਲ ਨਹੀਂ ਮੰਨਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕਵਲਜੀਤ ਸਿੰਘ ਪੁੱਤਰ ਅਮਰੀਕ ਸਿੰਘ ਵਾਸੀ ਮਕਾਨ ਨੰ. ਐੱਲ-2/399 ਗਲੀ ਨੰ. 5, ਨਿਊ ਗੁਰਨਾਮ ਨਗਰ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਗਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੋਨੀਆ ਪਤਨੀ ਸੁਨੀਲ ਕੁਮਾਰ, ਵਾਸੀ ਮਕਾਨ ਨੰਬਰ 1658, ਛਾਉਣੀ ਮੁਹੱਲਾ, ਸਾਹਮਣੇ ਪਾਵਰ ਹਾਊਸ, ਲੁਧਿਆਣਾ ਹਾਲ ਵਾਸੀ ਮਕਾਨ ਨੰਬਰ ਡਬਲਯੂ. ਐਨ. 290, ਬਾਲਮੀਕ ਮੁਹੱਲਾ ,ਬਸਤੀ ਦਾਨਿਸ਼ਮੰਦਾ ,ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਮੋਹਿਤ ਸਿੱਧੂ ਮੇਰੇ ਕਹਿਣੇ ਤੋਂ ਬਾਹਰ ਹੈ ।ਇਸ ਲਈ ਮੈਂ ਉਸ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈਂ ਗੁਰਦੀਪ ਸਿੰਘ ਪੁੱਤਰ ਰਾਮ ਪਿਆਰਾ ਵਾਸੀ ਪਿੰਡ ਸਲੇਰਨ, ਤਹਿਸੀਲ ਤੇ ਜਿਲ੍ਹਾ ਹੁਸ਼ਿਆਰਪੁਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਸ਼ਿਵ ਦਿਆਲ' ਉਰਫ ਬਿੱਲਾ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ ।ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ ਹੈ ।ਜੇਕਰ ਕੋਈ ਵਿਅਕਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸ ਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ ।ਸਾਰੇ ਸਬੰਧਤ ਨੋਟ ਕਰਨ ।

ਮੈ ਗੁਰਮੇਲ ਸਿੰਘ ਪੁੱਤਰ ਅਮਰੀਕ ਸਿੰਘ, ਵਾਸੀ ਮਕਾਨ ਨੰਬਰ ਈ 25, ਨੇੜੇ ਢਿੱਲੋਂ ਪੈਲੇਸ, ਨਿਊ ਗਨੇਸ਼ ਨਗਰ ਢਿੱਲਵਾਂ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜਸਵਿੰਦਰ ਸਿੰਘ ਮੇਰੇ ਕਹਿਣੇ ਤੋ ਬਾਹਰ ਹੈ। ਜਿਸ ਕਰਕੇ ਮੈਂ ਆਪਣੇ ਲੜਕੇ ਜਸਵਿੰਦਰ ਸਿੰਘ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ, ਇੰਦਰ ਸਿੰਘ ਪੁੱਤਰ ਸ੍ਰੀ ਮੁਨਸ਼ੀ, ਵਾਸੀ ਪਿੰਡ ਬੁੱਢਣਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ-144702 ਬਿਆਨ ਕਰਦਾ ਹਾਂ ਕਿ ਮੇਰਾ ਲੜਕੀ ਪਰਮਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਦੋਵੇਂ ਪਤੀ-ਪਤਨੀ ਆਪਸ ਵਿਚ ਲੜਦੇ-ਝਗੜਦੇ ਰਹਿੰਦੇ ਹਨ। ਮੈਂ ਆਪਣੀ ਲੜਕੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਕ੍ਰਿਸ਼ਨ ਚੰਦ ਪੁੱਤਰ ਰਿੱਖੀ ਰਾਮ ਵਾਸੀ ਪਿੰਡ ਦੌਲਤਪੁਰ, ਡਾਕਖਾਨਾ ਅਲਾਵਲਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਿਥੀ ਚੰਦ ਅਤੇ ਉਸ ਦੀ ਪਤਨੀ ਮਿਨਾਲੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਰਣਜੀਤ ਸਿੰਘ ਪੁੱਤਰ ਬਖਸ਼ੀਸ਼ ਸਿੰਘ ਵਾਸੀ: 21, ਨੇੜੇ ਗ੍ਰੀਨ ਸਿਟੀ, ਗੁਰੂ ਅਮਰਦਾਸ ਕਾਲੋਨੀ, ਨਰੈਣਗੜ੍ਹ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਜੋਬਨਜੀਤ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਮੇਰੇ ਨਾਲ ਲੜਾਈ ਝਗੜਾ ਕਰਦਾ ਹੈ ਅਤੇ ਮੇਰੀ ਕੋਈ ਗੱਲ ਨਹੀ ਮੰਨਦਾ। ਇਸ ਦੇ ਇਸ ਵਤੀਰੇ ਅਤੇ ਹਲਾਤਾਂ ਤੋਂ ਤੰਗ ਆ ਕੇ ਜੋਬਨਜੀਤ ਨੂੰ ਆਪਣੀ ਹਰ ਤਰ੍ਹਾਂ ਦੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋਬਨਜੀਤ ਦਾ ਮੇਰੇ ਜਾਂ ਮੇਰੇ ਪਰਿਵਾਰ ਨਾਲ ਕੋਈ ਵੀ ਲੈਣ ਦੇਣ ਨਹੀਂ ਰਿਹਾ ਜੇ ਕਿਧਰੇ ਕੋਈ ਵੀ ਕਿਸੇ ਨਾਲ ਕਾਰ ਵਿਹਾਰ/ਲੈਣ ਦੇਣ ਕਰਦਾ ਹੈ ਤਾਂ ਇਹ ਖੁਦ ਜ਼ਿੰਮੇਵਾਰ ਹੋਵੇਗਾ, ਇਸ ਵਿੱਚ ਮੇਰਾ ਜਾਂ ਮੇਰੇ ਬਾਕੀ ਪਰਿਵਾਰਕ ਮੈਂਬਰਾਂ ਇਸ ਨਾਲ ਕੋਈ ਲੈਣ ਦੇਣ ਨਹੀਂ ਹੋਵੇਗਾ।



ਸ. ਜਸਪਾਲ ਸਿੰਘ ਨੌਸ਼ਹਿਰਾ ਵਾਲਾ ਜਿਨ੍ਹਾਂ ਨੇ ਗੁ: ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਬਤੌਰ ਰਿਕਾਰਡ ਕੀਪਰ ਲੰਮਾ ਸਮਾਂ ਡਿਊਟੀ ਨਿਭਾਈ, ਦੀ ਹੁਣ ਤਬਦੀਲੀ ਬਾਬਾ ਬੁੱਢਾ ਜੀ ਚੈਰੀਟੇਬਲ ਹਸਪਤਾਲ ਵਿਖੇ ਹੋਈ ਹੈ। ਅੱਜ ਸ਼ਾਮ ਸ. ਜਸਪਾਲ ਸਿੰਘ ਨੌਸ਼ਹਿਰਾ ਵਾਲਾ ਨੂੰ ਰਿਲੀਵ ਕੀਤੇ ਜਾਣ ਮੌਕੇ ਮੈਨੇਜਰ ਸਰਬਦਿਆਲ ਸਿੰਘ ਅਤੇ ਸਮੁੱਚੇ ਸਟਾਫ ਵੱਲੋਂ ਸਨਮਾਨਿਤ ਕੀਤਾ ਗਿਆ। (ਫੋਟੋ ਤੇ ਵੇਰਵਾ: ਹਰਜਿੰਦਰ ਸਿੰਘ ਸੋਨੀ)

## ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ।
naib.gardiwala@gmail.com
ਵਿਸ਼ਾ :- ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਸੰਬੰਧੀ।
ਨੋਟਿਸ ਬਨਾਮ ਜਨਰਲ ਪਬਲਿਕ
ਹੁਕਮ

ਪ੍ਰਾਰਥੀ ਸ੍ਰੀ ਨੀਰਜ ਕੁਮਾਰ ਪੁੱਤਰ ਹਰਮੇਸ਼ ਚੰਦ, ਵਾਸੀ ਪਿੰਡ ਜਮਸ਼ੇਰ ਚਠਿਆਲ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਨੇ ਲਿਖਿਆ ਹੈ ਕਿ ਮਾਲ ਰਿਕਾਰਡ ਵਾਕਿਆ ਰਕਬਾ ਜਮਸ਼ੇਰ/453 ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਸ ਦੇ ਪਿਤਾ ਦਾ ਨਾਂਅ ਰਮੇਸ਼ ਚੰਦ ਪੁੱਤਰ ਨੱਥੂ ਰਾਮ ਪੁੱਤਰ ਗੁਰਦਿੱਤਾ ਗਲਤ ਚੱਲਿਆ ਆ ਰਿਹਾ ਹੈ, ਜਦਕਿ ਉਨ੍ਹਾਂ ਦਾ ਅਸਲ ਨਾਂਅ ਰਮੇਸ਼ ਚੰਦ ਉਰਫ ਹਰਮੇਸ਼ ਚੰਦ ਪੁੱਤਰ ਨੱਥੂ ਰਾਮ ਪੁੱਤਰ ਗੁਰਦਿੱਤਾ ਹੈ। ਪ੍ਰਾਰਥੀ ਨੇ ਇਸ ਨਾਂਅ ਦੀ ਦਰੁਸਤੀ ਲਈ ਦਰਖਾਸਤ ਪੇਸ਼ ਕੀਤੀ ਹੈ। ਪ੍ਰਾਰਥੀ ਵੱਲੋਂ ਦਰਖਾਸਤ ਨਾਲ ਮਾਲ ਰਿਕਾਰਡ ਦੀ ਫਰਦ ਜਮ੍ਹਾਂਬੰਦੀ ਦੀ ਕਾਪੀ ਸਬੂਤ ਵਜੋਂ ਪੇਸ਼ ਕੀਤੀ ਹੈ, ਇਸ ਤੋਂ ਇਲਾਵਾ ਨਵਾਂ ਜ਼ਮਾਨਾ ਅਖ਼ਬਾਰ(ਪੰਜਾਬੀ), The pioneer (ਅੰਗਰੇਜ਼ੀ) ਮਿਤੀ 19.10.2023 ਨੂੰ ਨਾਂਅ ਬਦਲੀ ਕਰਨ ਉਪਰੰਤ ਅਖ਼ਬਾਰਾਂ ਦੀਆਂ ਕਾਪੀਆਂ ਪੇਸ਼ ਕੀਤੀਆਂ ਹਨ। ਇਸ ਨਾਂਅ ਦੀ ਸੋਧ ਦੇ ਸੰਬੰਧ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋ ਕੇ ਆਪਣਾ ਇਤਰਾਜ਼ ਨੋਟਿਸ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕੋਈ ਇਤਰਾਜ਼ ਕਾਬਲੇ ਸਮਾਇਤ ਨਹੀਂ ਹੋਵੇਗਾ ਅਤੇ ਨਾਂਅ ਦੀ ਸੋਧ ਕਰ ਦਿੱਤੀ ਜਾਵੇਗੀ।

ਅੱਜ ਮਿਤੀ 12.06.2025 ਨੂੰ ਮੇਰੇ ਦਸਤਖ਼ਤਾਂ ਅਤੇ ਮੋਹਰ ਦੇ ਨਾਲ ਜਾਰੀ ਹੋਇਆ।

ਸਹੀ/-ਨਾਇਬ ਤਹਿਸੀਲਦਾਰ-ਕਮ- ਸਹਾਇਕ ਕੁਲੈਕਟਰ ਦਰਜਾ ਅੱਵਲ, ਗੜ੍ਹਦੀਵਾਲਾ
No. 126/Reader 12/06/2025

## ਅਦਾਲਤੀ ਇਸ਼ਤਿਹਾਰ

ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੀਨਿਊ ਅਫਸਰ, ਤਰਸਿੱਕਾ ।
ਵਿਸ਼ਾ: ਦਰਖਾਸਤ ਬਰਾਏ ਮਾਲ ਰਿਕਾਰਡ ਵਿੱਚ ਨਾਂਅ ਦੀ ਦਰੁਸਤੀ ਕਰਨ ਬਾਰੇ।

ਉਪਰੋਕਤ ਵਿਸ਼ੇ ਦੇ ਸੰਬੰਧ ਵਿੱਚ ਨਿੰਦਰ ਕੌਰ ਪੁੱਤਰੀ ਮਿਲਖਾ ਸਿੰਘ ਹਾਲ ਪਤਨੀ ਹਰਦੇਵ ਸਿੰਘ ਵਾਸੀ ਪਿੰਡ ਜਲਾਲਾਬਾਦ, ਤਹਿਸੀਲ ਖਡੂਰ ਸਾਹਿਬ ਜ਼ਿਲ੍ਹਾ ਤਰਨਤਾਰਨ ਨੇ ਇਸ ਅਦਾਲਤ ਵਿੱਚ ਪੇਸ਼ ਹੋ ਕੇ ਆਪ ਦਰਖਾਸਤ ਦਿੱਤੀ ਹੈ ਕਿ ਉਸ ਦੀ ਜ਼ਮੀਨ /ਜਾਇਦਾਦ ਦੀ ਮਾਲਕੀ ਪਿੰਡ ਤੰਨੇਲ ਵਿੱਚ ਪੈਂਦੀ ਹੈ, ਜੋ ਕਿ ਉਸ ਦੀ ਵਿਰਾਸਤੀ ਮਾਲਕੀ ਹੈ।ਪਰ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਜੋਗਿੰਦਰ ਕੌਰ ਪੁੱਤਰੀ ਮਿਲਖਾ ਸਿੰਘ ਪੁੱਤਰ ਸੋਹਣ ਸਿੰਘ ਗਲਤ ਇੰਦਰਾਜ਼ ਕੀਤਾ ਹੋਇਆ ਹੈ। ਜਦ ਕਿ ਉਸ ਦੇ ਪੈਨ ਕਾਰਡ ਉੱਪਰ ਨਿੰਦਰ ਕੌਰ ਪੁੱਤਰੀ ਮਿਲਖਾ ਸਿੰਘ ਪੁੱਤਰ ਸੋਹਣ ਸਿੰਘ ਹੈ। ਇਸ ਲਈ ਉਸ ਦੇ ਨਾਂਅ ਦੀ ਮਾਲ ਰਿਕਾਰਡ ਵਿੱਚ ਸੋਧ (ਜੋਗਿੰਦਰ ਕੌਰ ਤੋਂ ਨਿੰਦਰ ਕੌਰ) ਕੀਤੀ ਜਾਵੇ। ਪੰਜਾਬ ਸਰਕਾਰ ਮਾਲ ਪੁਨਰਵਾਸ ਅਤੇ ਡਿਜ਼ਾਸਟਰ ਮੈਨੇਜਮੈਂਟ ਵਿਭਾਗ ਤੇ ਮਾਲੀਆ ਸ਼ਾਖਾ ਚੰਡੀਗੜ੍ਹ ਦੇ ਦਫਤਰੀ ਮੀਮੋ ਨੰਬਰ 25-78-2012-ਭਮ-2/12445-71 ਮਿਤੀ 26-07-2013 ਰਾਹੀਂ ਮਾਲ ਰਿਕਾਰਡ ਵਿੱਚ ਨਾਂਅ ਦੀ ਤਬਦੀਲੀ ਦਾ ਇੰਦਰਾਜ਼ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ । ਹਦਾਇਤਾਂ ਦੀ ਪਾਲਣਾ ਕਰਦੇ ਹੋਏ ਪੰਜਾਬ ਲੈਂਡ ਰਿਕਾਰਡ ਮੈਨੂਅਲ ਦਾ ਪੈਰਾ ਨੰਬਰ 7.28(2) ਅਨੁਸਾਰ ਦਰਖਾਸਤ ਕਰਤਾ ਦੀ ਦਰਖਾਸਤ ਮੁਤਾਬਿਕ ਉਸ ਦਾ ਦਾ ਗਲਤ ਨਾਂਅ ਜੋਗਿੰਦਰ ਕੌਰ ਪੁੱਤਰੀ ਮਿਲਖਾ ਸਿੰਘ ਦਰਜ ਹੋ ਚੁੱਕਾ ਹੈ। ਜਦਕਿ ਉਸ ਦਾ ਸਹੀ ਨਾਂਅ ਨਿੰਦਰ ਕੌਰ ਪੁੱਤਰੀ ਮਿਲਖਾ ਸਿੰਘ ਹੈ । ਦਰਖਾਸਤ ਵਿੱਚ ਦਰਸਾਏ ਸਹੀ ਨਾਂਅ ਦਰੁਸਤ ਕਰਨ ਸੰਬੰਧੀ ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੈ ਤਾਂ ਅਖਬਾਰ ਵਿੱਚ ਨੋਟਿਸ ਛਪਣ ਦੀ ਮਿਤੀ ਤੋਂ 15 ਦਿਨਾਂ ਦੇ ਅੰਦਰ-ਅੰਦਰ ਇਸ ਦਫਤਰ ਵਿੱਚ ਪੇਸ਼ ਹੋ ਕੇ ਇਤਰਾਜ਼ ਪੇਸ਼ ਕਰ ਸਕਦਾ ਹੈ । ਮਿਥੇ ਸਮੇਂ ਤੱਕ ਇਤਰਾਜ਼ ਪ੍ਰਾਪਤ ਨਾ ਹੋਣ ਦੀ ਸੂਰਤ ਵਿੱਚ ਮਾਲ ਰਿਕਾਰਡ ਵਿੱਚ ਨਾਂਅ ਨੂੰ ਸੋਧਣ ਦੀ ਕਾਰਵਾਈ ਕਰ ਦਿੱਤੀ ਜਾਵੇਗੀ । ਬਾਅਦ ਪੇਸ਼ ਕੀਤੇ ਇਤਰਾਜ਼ ਉੱਤੇ ਗੌਰ ਨਹੀ ਕੀਤਾ ਜਾਵੇਗਾ।

ਸਹੀ/-ਨਾਇਬ ਤਹਿਸੀਲਦਾਰ ਕਮ-ਸਰਕਲ ਰੈਵੀਨਿਊ ਅਫਸਰ, ਤਰਸਿੱਕਾ।
ਨੰ: 2709 ਮਿਤੀ : 18-6-25

## ਬੇਦਖਲੀ ਨੋਟਿਸ

ਮੈਂ ਸੰਤੋਸ਼ ਕੁਮਾਰੀ ਪਤਨੀ ਬਖਸ਼ੀਸ਼ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬਿਛੋਹੀ ਤਹਿਸੀਲ ਗੜ੍ਹਸ਼ੰਕਰ ਜ਼ਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੇਰੀ ਕੁਆਰੀ ਲੜਕੀ ਅਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਹ ਆਪਣੇ ਕੀਤੇ ਚੰਗੇ ਮਾੜੇ ਕੰਮ ਦਾ ਖੁਦ ਜ਼ੁੰਮੇਵਾਰ ਹੋਵੇਗੀ। ਮੇਰੀ ਕੋਈ ਵੀ ਜ਼ੁੰਮੇਵਾਰੀ ਨਹੀ ਹੋਵੇਗੀ।

ਮੈਂ ਸ਼ਮਸ਼ੇਰ ਸਿੰਘ ਪੁੱਤਰ ਲੇਟ ਦਲੀਪ ਸਿੰਘ ਵਾਸੀ ਪਿੰਡ ਜਹਾਂਗੀਰ ਤਹਿਸੀਲ ਪਹਿਲ ਜਿਨਾਂ ਦੇ ਲੁਧਿਆਣੇ ਦਾ ਹਾਂ ਇਹ ਕੀ ਮੇਰਾ ਲੜਕਾ ਆਲਮਜੀਤ ਸਿੰਘ ਉਰਫ ਰਿੰਕਲ ਜੋ ਕਿ ਪਰਿਵਾਰ ਸਮੇਤ ਇਸ ਸਮੇਂ ਵਿਦੇਸ਼ ਵਿੱਚ ਰਹਿ ਰਿਹਾ ਹੈ ਮੇਰੇ ਨਾਲ ਲੜਾਈ ਝਗੜਾ ਕਰਦਾ ਹੈ ਮੇਰੇ ਕਹਿਣ ਤੋਂ ਬਾਹਰ ਹੈ ਨੂੰ ਮੈਂ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਸਬੰਧਿਤ ਨੋਟ ਕਰਨ।

ਮੈਂ, ਰਾਮ ਲੁਭਾਇਆ ਪੁੱਤਰ ਪਿਆਰਾ ਰਾਮ ਵਾਸੀ ਅਨੀਹਰ , ਤਹਿਸੀਲ ਫ਼ਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਦਲਜੀਤ ਰਾਮ ਅਤੇ ਉਸਦੀ ਪਤਨੀ ਜਸਵਿੰਦਰ ਕੌਰ ਮੇਰੇ ਕਹਿਣੇ/ਕੰਟਰੋਲ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅੱਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਹੁਣ ਮੇਰਾ ਅਤੇ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਆਪ ਜ਼ਿੰਮੇਵਾਰ ਹੋਵੇਗਾ।

ਮੈਂ ਰਾਜ ਕੁਮਾਰ ਪੁੱਤਰ ਇਮੈਨੂਅਲ ਵਾਸੀ ਵਾਰਡ ਨੰਬਰ 7 ਗਾਂਧੀ ਨਗਰ ਕੈਂਪ ਬਟਾਲਾ ਜ਼ਿਲ੍ਹਾ ਗੁਰਦਾਸਪੁਰ। ਮੇਰੀ ਲੜਕੀ ਸੁਨੈਨਾ ਮੇਰੇ ਕਹਿਣੇ ਤੋਂ ਬਾਹਰ ਹੈ। ਅਤੇ ਮਾੜੀ ਸੰਗਤ ਵਿਚ ਪਈ ਹੋਈ ਹੈ ਲੜਾਈ ਝਗੜਾ ਆਦਿ ਕਰਦੀ ਰਹਿੰਦੀ ਹੈ।ਮੈਂ ਆਪਣੀ ਲੜਕੀ ਸੁਨੈਨਾ ਨੂੰ ਆਪਣੀ ਚਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲੇ ਖੁਦ ਜ਼ਿੰਮੇਵਾਰ ਹੋਣਗੇ। ਮੇਰਾ ਇਸ ਨਾਲ ਕੋਈ ਤਲਕ ਵਾਸਤਾ ਨਹੀ ਰਿਹਾ। ਸੰਬਧਤ ਨੋਟ ਕਰਨ।

ਮੈਂ, ਰਾਜ ਕੁਮਾਰ ਪੁੱਤਰ ਸ੍ਰੀ ਵਸਾਵਾ ਰਾਮ ਵਾਸੀ ਪਿੰਡ ਘੁਬਾਇਆ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਲਵਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਮਨੀਸ਼ਾ ਰਾਣੀ ਅਤੇ ਇਨ੍ਹਾਂ ਦਾ ਇਕ ਲੜਕਾ ਗੁਰਸਾਹਿਬ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਮਹਿਲ ਸਿੰਘ ਪੁੱਤਰ ਕਰਮ ਸਿੰਘ ਵਾਸੀ ਸੁਰਵਿੰਡ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਸਤਨਾਮ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ।ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ ਮਲਕੀਤ ਸਿੰਘ ਪੁੱਤਰ ਨੇਕ ਸਿੰਘ ਪਿੰਡ ਤਰਖਾਣਮਾਜਰਾ ਤਹਿਸੀਲ ਸਮਾਣਾ ਜ਼ਿਲਾ ਪਟਿਆਲਾ ਆਪਣੀ ਲੜਕੀ ਮਨਪ੍ਰੀਤ ਕੌਰ ਨੂੰ ਕਹਿਣੇ ਤੋਂ ਬਾਹਰ ਹੋ ਕੇ ਗੈਰ ਬਰਾਦਰੀ ਦੇ ਮੁੰਡੇ ਨਾਲ ਵਿਆਹ ਕਰਵਾਉਣ ਅਤੇ ਮਾੜੀ ਸੰਗਤ ਦਾ ਸ਼ਿਕਾਰ ਹੋਣ ਕਰਕੇ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਦਲਜੀਤ ਸਿੰਘ ਪੁੱਤਰ ਰਾਮ ਸਿੰਘ ਅਤੇ ਰਾਜ ਕੌਰ ਪਤਨੀ ਦਲਜੀਤ ਸਿੰਘ ਵਾਸੀ ਵਾਰਡ ਨੰ: 13, ਗਲੀ ਪਟਵਾਰੀਆਂ ਵਾਲੀ ਨੇੜੇ ਗੁਰਦੁਆਰਾ ਕਲਗੀਧਰ ਅਜਨਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਇੰਦਰਬੀਰ ਸਿੰਘ ਅਤੇ ਸਾਡੀ ਨੂੰਹ ਜੂਹੀ ਚਾਵਲਾ ਸਾਡੇ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਅਤੇ ਪੋਤਰੀ ਦਿਵਾਂਸ਼ੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸਰਬਜੀਤ ਕੌਰ ਪਤਨੀ ਲੇਟ ਦਲੀਪ ਕੁਮਾਰ ਵਾਸੀ ਮਕਾਨ ਨੰਬਰ 357 ਗੀਤਾ ਭਵਨ ਰੋਡ ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ-1435-21, ਮੇਰੇ ਦੋ ਲੜਕੇ ਸੁਰਿੰਦਰ ਪਾਲ ਅਤੇ ਨਰਿੰਦਰ ਕੁਮਾਰ, ਜੋ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ- ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਨ੍ਹਾਂ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# 'ਬੰਦ ਰੇਡੀਓ' ਨੂੰ ਪਿਆਰ ਦੇਣ ਲਈ ਪੰਜਾਬੀ ਸ੍ਰੋਤਿਆਂ ਦਾ ਦਿਲੋਂ ਧੰਨਵਾਦ : ਭੁਪਿੰਦਰ ਗਿੱਲ



ਮਾਨਸਾ (ਆਤਮਾ ਸਿੰਘ ਪਮਾਰ) ਸੰਸਾਰ ਪ੍ਰਸਿੱਧ ਪੰਜਾਬੀ ਦੋਗਾਣਾ ਜੋੜੀ ਭੁਪਿੰਦਰ ਗਿੱਲ ਅਤੇ ਜਸਵਿੰਦਰ ਜੀਤੂ ਨੇ ਅਨੇਕਾਂ ਹੀ ਗੀਤ ਪੰਜਾਬੀ ਸ੍ਰੋਤਿਆਂ ਦੀ ਝੋਲੀ ਪਾਏ ਹਨ। ਇਨਾਂ ਗੀਤਾਂ ਨੂੰ ਪੰਜਾਬੀ ਸ੍ਰੋਤਿਆਂ ਨੇ ਰੱਜਵਾਂ ਪਿਆਰ ਵੀ ਦਿੱਤਾ ਹੈ।ਪੰਜਾਬੀਆਂ ਦੇ ਵਿਆਹ ਅਤੇ ਖੁਸ਼ੀ ਦਾ ਪ੍ਰੋਗਰਾਮ ਭੁਪਿੰਦਰ ਗਿੱਲ ਦੇ ਗੀਤ ਬਟੂਆ ਤੇ ਫੋਕਾ ਪਾਣੀ ਬਿਨ੍ਹਾਂ ਅਧੂਰਾ ਹੀ ਮੰਨਿਆ ਜਾਂਦਾ ਹੈ। ਪੰਜਾਬੀ ਲੋਕ ਗਾਇਕ ਭੁਪਿੰਦਰ ਗਿੱਲ ਵੱਲੋਂ ਆਪਣੇ ਪਿਤਾ ਮੇਹਰ ਸਿੰਘ ਗਿੱਲ ਨੂੰ ਸ਼ਰਧਾਂਜਲੀ ਦੇ ਰੂਪ ਵਿੱਚ ਗੀਤ 'ਬੰਦ ਰੇਡੀਓ' ਨੂੰ ਯੂ ਟਿਊਬ ਚੈਨਲ ਬਟੂਆ ਰਿਕਾਰਡਜ਼ 'ਤੇ ਰਿਲੀਜ਼ ਕੀਤਾ ਗਿਆ ਹੈ। ਬੁਗਰਾਂ ਵਾਲੇ ਦਵਿੰਦਰ ਦੇ ਲਿਖੇ ਇਸ ਗੀਤ ਨੂੰ ਵਿਨੇ ਕਮਲ ਦੇ ਮਧੁਰ ਸੰਗੀਤ ਵਿੱਚ ਭੁਪਿੰਦਰ ਗਿੱਲ ਨੇ ਰੂਹ ਨਾਲ ਗਾਇਆ ਹੈ। ਗੀਤ ਦੇ ਵੀ ਡੀ ਓ ਵਿੱਚ ਅਮਰਜੀਤ ਖੁਰਾਣਾ ਦੀ ਡਾਇਰੈਕਸ਼ਨ ਅਤੇ ਪ੍ਰੋਡਿਊਸਰ ਗੁਰਜੀਤ ਕੌਰ ਗਿੱਲ ਦਾ ਕੰਮ ਵੀ ਕਾਬਿਲ ਏ ਤਰੀਫ਼ ਹੈ। ਗੀਤ 'ਬੰਦ ਰੇਡੀਓ' ਦੀ ਟੀਮ ਵੱਲੋਂ ਇਸ ਗੀਤ ਵਿੱਚ ਬਜ਼ੁਰਗਾਂ ਦਾ ਸਤਿਕਾਰ ਕਰਨ ਦਾ ਸੁਨੇਹਾ ਦਿੱਤਾ ਗਿਆ ਹੈ। ਪਿਤਾ ਦੀ ਭੂਮਿਕਾ 'ਚ ਅਦਾਕਾਰ ਮਲਕੀਤ ਰੌਣੀ ਦੀ ਅਤੇ ਪੁੱਤਰ ਦੀ ਭੂਮਿਕਾ 'ਚ ਭੁਪਿੰਦਰ ਗਿੱਲ ਦੀ ਅਦਾਕਾਰੀ ਬਾ-ਕਮਾਲ ਹੈ। ਗੱਲਬਾਤ ਦੌਰਾਨ ਗਿੱਲ ਨੇ ਕਿਹਾ ਕਿ ਪੰਜਾਬੀ ਸ੍ਰੋਤਿਆਂ ਵੱਲੋਂ ਮੇਰੇ ਗੀਤ 'ਬੰਦ ਰੇਡੀਓ' ਨੂੰ ਮਿਲ ਰਹੇ ਭਰਵੇਂ ਹੁੰਗਾਰੇ ਦਾ ਮੈਂ ਪੰਜਾਬੀ ਸ੍ਰੋਤਿਆਂ ਦਾ ਦਿਲ ਦੀਆਂ ਗਹਿਰਾਈਆਂ 'ਚੋਂ ਸ਼ੁਕਰੀਆ ਅਦਾ ਕਰਦਾ ਹਾਂ ਅਤੇ ਸ੍ਰੋਤਿਆਂ ਦਾ ਪਿਆਰ ਹੀ ਮੇਰੇ ਲਈ ਸਭ ਕੁੱਝ ਹੈ।

# ਪਿੰਡ ਭਾਗੋ ਕੇ ਵਿਖੇ ਨੌਜਵਾਨ ਦਾ ਕਤਲ ਕਰਨ ਦੇ ਮਾਮਲੇ 'ਚ ਨਾਮਜ਼ਦ

ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਮੱਲਾਂਵਾਲਾ ਦੇ ਅਧੀਨ ਆਉਂਦੀ ਬਸਤੀ ਗੁਰੂ ਤੇਗ ਬਹਾਦਰ ਦਾਖਲੀ ਭਾਗੋ ਕੇ ਵਿਖੇ ਇਕ ਮਰਲਾ ਜ਼ਮੀਨ ਨੂੰ ਲੈ ਕੇ ਨੌਜਵਾਨ ਦਾ ਕਤਲ ਕਰਨ ਦੇ ਮਾਮਲੇ ਵਿਚ ਥਾਣਾ ਮੱਲਾਂਵਾਲਾ ਪੁਲਸ ਨੇ 3 ਬਾਏ ਨੇਮ ਵਿਅਕਤੀਆਂ ਅਤੇ ਇਕ ਅਣਪਛਾਤੇ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿਚ ਗੁਰਪ੍ਰੀਤ ਸਿੰਘ ਪੁੱਤਰ ਹਰਦਿਆਲ ਸਿੰਘ ਵਾਸੀ ਬਸਤੀ ਗੁਰੂ ਤੇਗ ਬਹਾਦਰ ਦਾਖਲੀ ਭਾਗੋ ਕੇ ਨੇ ਦੱਸਿਆ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ 16 ਜੂਨ 2025 ਨੂੰ ਕਰੀਬ 10.30-11 ਪੀ ਐੱਮ ਦੇ ਦੋਸ਼ੀਅਨ ਪ੍ਰਦੀਪ ਸਿੰਘ ਪੁੱਤਰ ਅਮਰਜੀਤ ਸਿੰਘ, ਅਮਰਜੀਤ ਸਿੰਘ ਪੁੱਤਰ ਮੁਖਤਿਆਰ ਸਿੰਘ, ਵਰਿੰਦਰ ਪਟੇਲ ਪੁੱਤਰ ਚੋਤਕ ਪਟੇਲ ਵਾਸੀ ਭਾਗੋਕੇ ਅਤੇ ਇਕ ਅਣਪਛਾਤਾ ਵਿਅਕਤੀ ਸਮੇਤ ਅਸਲਾ ਲੈ ਕੇ ਆਪਣੀ ਜ਼ਮੀਨ ਵਿਚ ਆ ਕੇ ਪੰਚਾਇਤ ਵੱਲੋਂ ਛਡਾਈ ਹੋਈ ਜ਼ਮੀਨ ਨੂੰ ਆਪਣੀ ਜ਼ਮੀਨ ਵਿਚ ਵਾਹੁਣ ਲੱਗ ਪਏ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਹ ਆਪਣੇ ਲੜਕੇ ਕਰਮਨਜੋਤ ਨਾਲ ਮੌਕੇ 'ਤੇ ਗਏ, ਉਸ ਦੇ ਚਾਚੇ ਅਤੇ ਤਾਏ ਦੇ ਲੜਕੇ ਵੀ ਮੌਕੇ 'ਤੇ ਸਨ। ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਉਕਤ ਵਿਅਕਤੀਆਂ ਨੇ ਸਾਡੇ ਉਪਰ ਮਾਰ ਦੇਣ ਦੀ ਨੀਅਤ ਨਾਲ ਫਾਇਰ ਕੀਤੇ ਜੋ ਉਸ ਦੇ ਚਾਚੇ ਦੇ ਲੜਕੇ ਕਰਮਨਜੋਤ ਦੇ ਛਾਤੀ ਵਿਚ ਜਾ ਕੇ ਲੱਗਾ, ਜਿਸ ਦੀ ਜ਼ੀਰਾ ਸਿਵਲ ਹਸਪਤਾਲ ਜਾ ਕੇ ਮੌਤ ਹੋ ਗਈ। ਇਸ ਮਾਮਲੇ ਦੀ ਜਾਂਚ ਕਰ ਰਹੇ ਇੰਸਪੈਕਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਅਨ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਆਰ ਟੀ ਓ ਵੱਲੋਂ ਹੈਵੀ ਵਾਹਨਾਂ 'ਚ ਲੱਗੇ ਸਪੀਡ ਗਵਰਨਰਾਂ ਦੀ ਚੈਕਿੰਗ

ਪਟਿਆਲਾ, (ਰਾਜਿੰਦਰ ਸਿੰਘ ਥਿੰਦ) ਪਟਿਆਲਾ ਦੇ ਆਰ.ਟੀ.ਓ ਬਬਨਦੀਪ ਸਿੰਘ ਵਾਲੀਆ ਨੇ ਨਿਰਧਾਰਤ ਨੇਮਾਂ ਮੁਤਾਬਕ ਵੱਖ-ਵੱਖ ਗੱਡੀਆਂ 'ਚ ਲੱਗੇ ਸਪੀਡ ਗਵਰਨਰਾਂ ਦੀ ਚੈਕਿੰਗ ਕੀਤੀ। ਉਨ੍ਹਾਂ ਕਿਹਾ ਕਿ ਕੁਝ ਨਿਰਧਾਰਤ ਸ਼੍ਰੇਣੀ ਦੇ ਮੀਡੀਅਮ, ਹੈਵੀ, ਯਾਤਰੀ ਆਵਾਜਾਈ ਵਾਹਨਾਂ ਤੇ ਸਕੂਲੀ ਬੱਸਾਂ 'ਚ ਸਪੀਡ ਗਵਰਨਰ ਲੱਗੇ ਹੋਣੇ ਲਾਜ਼ਮੀ ਹਨ ਤੇ ਇਨ੍ਹਾਂ ਦੀ ਚੈਕਿੰਗ ਲਈ ਜਿੱਥੇ ਉਹ ਖੁਦ ਸੜਕਾਂ 'ਤੇ ਉਤਰਨਗੇ, ਉਥੇ ਮੋਟਰ ਵਹੀਕਲ ਇੰਸਪੈਕਟਰ ਨੂੰ ਵੀ ਪੰਜਾਬ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਸਪੀਡ ਗਵਰਨਰ ਚੈੱਕ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਆਰ.ਟੀ.ਓ. ਬਬਨਦੀਪ ਸਿੰਘ ਵਾਲੀਆ ਨੇ ਰੂਲ 118 ਆਫ਼ ਸੈਂਟਰਲ ਮੋਟਰ ਵਹੀਕਲ ਰੂਲਜ਼ 1989 ਤੇ 21 ਅਗਸਤ 2012 ਦੇ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਦਾ ਹਵਾਲਾ ਦਿੰਦਿਆਂ ਕਿਹਾ ਕਿ ਕੁੱਝ ਨਿਰਧਾਰਤ ਸ਼੍ਰੇਣੀ ਦੇ ਮੀਡੀਅਮ, ਹੈਵੀ, ਯਾਤਰੀ ਆਵਾਜਾਈ ਵਾਹਨਾਂ ਤੇ ਸਕੂਲੀ ਬੱਸਾਂ 'ਚ ਸਪੀਡ ਗਵਰਨਰ ਲੱਗਾ ਹੋਣਾ ਲਾਜ਼ਮੀ ਹੈ ਅਤੇ ਇਸ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਤੇ ਡਰਾਇਵਰਾਂ ਤੇ ਮਾਲਕਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਆਰ.ਟੀ.ਓ ਨੇ ਕਿਹਾ ਕਿ ਖਾਸ ਤੌਰ 'ਤੇ ਸਕੂਲ ਬੱਸਾਂ ਵਿੱਚ ਏ.ਆਈ.ਐਸ.0018 ਮਿਆਰ ਦੇ ਸਪੀਡ ਗਵਰਨਰ ਲੱਗੇ ਹੋਣੇ ਲਾਜ਼ਮੀ ਹਨ। ਉਨ੍ਹਾਂ ਦੱਸਿਆ ਕਿ ਚੈਕਿੰਗ ਸਮੇਂ ਇਹ ਧਿਆਨ ਰੱਖਿਆ ਜਾਂਦਾ ਹੈ ਕਿ ਵਹੀਕਲ 'ਤੇ ਲੱਗੇ ਸਪੀਡ ਗਵਰਨਰ ਦੀਆਂ ਸੀਲਾਂ ਬਰਕਰਾਰ ਹੋਣ 'ਤੇ ਕੋਈ ਛੇੜਖਾਨੀ ਨਾ ਕੀਤੀ ਹੋਵੇ। ਸਪੀਡ ਗਵਰਨਰ ਦੀ ਗਤੀ ਸੀਮਾ ਵਿਭਾਗ ਦੀਆਂ ਸ਼ਰਤਾਂ ਮੁਤਾਬਕ ਹੈ ਜਾਂ ਨਹੀਂ, ਇਹ ਵੀ ਯਕੀਨੀ ਬਣਾਇਆ ਜਾ ਰਿਹਾ ਹੈ। ਬਬਨਦੀਪ ਸਿੰਘ ਵਾਲੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਤੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਦੇ ਨਿਰਦੇਸ਼ਾਂ ਮੁਤਾਬਕ ਟਰਾਂਸਪੋਰਟ ਵਿਭਾਗ ਵੱਲੋਂ ਸਕੂਲੀ ਬੱਚਿਆਂ ਦੀ ਆਵਾਜਾਈ ਸੁਰੱਖਿਅਤ ਬਣਾਉਣ ਲਈ 2 ਜੁਲਾਈ ਤੋਂ ਸਾਰੇ ਸਕੂਲ ਵਾਹਨਾਂ ਦੀ ਵਿਸ਼ੇਸ਼ ਚੈਕਿੰਗ ਆਰੰਭੀ ਜਾ ਰਹੀ ਹੈ।

# ਫ਼ਾਜ਼ਿਲਕਾ ਪੁਲਸ ਨੇ 22 ਕਿਲੋ 111 ਗ੍ਰਾਮ ਹੈਰੋਇਨ ਸਮੇਤ ਹੋਰ ਨਸ਼ੀਲੇ ਪਦਾਰਥ ਬਰਾਮਦ ਕੀਤੇ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਪੁਲਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਮੁਹਿੰਮ ਤਹਿਤ



ਫ਼ਾਜ਼ਿਲਕਾ ਪੁਲਸ ਨੂੰ ਇਸ ਸਾਲ ਬਹੁਤ ਵੱਡੀ ਕਾਮਯਾਬੀ ਹਾਸਲ ਹੋਈ ਹੈ।

ਇਸ ਸਾਲ 01.01.2025 ਤੋਂ 17.06.2025 ਤੱਕ ਪੁਲਸ ਨੇ ਕੁੱਲ 396 ਮੁਕੱਦਮੇ ਦਰਜ ਰਜਿਸਟਰ ਕੀਤੇ ਹਨ ਤੇ ਇਨ੍ਹਾਂ ਮੁਕੱਦਮਿਆਂ ਵਿੱਚ ਕੁੱਲ 545 ਦੋਸ਼ੀਆਂ ਨੂੰ ਕਾਬੂ ਕੀਤਾ ਹੈ।ਹੁਣ ਤੱਕ ਵੱਡੇ ਪੱਧਰ 'ਤੇ ਰਿਕਵਰੀਆਂ ਹੋਈਆਂ ਹਨ, ਜਿਨ੍ਹਾਂ ਵਿੱਚੋਂ ਕੁੱਲ 22 ਕਿਲੋ 111 ਗ੍ਰਾਮ ਹੈਰੋਇਨ, 03 ਕਿਲੋ 380 ਗ੍ਰਾਮ ਅਫੀਮ, 641 ਕਿਲੋ 810 ਗ੍ਰਾਮ ਪੋਸਤ, 3,59,916 ਨਸ਼ੀਲੀਆਂ ਗੋਲੀਆਂ ਤੇ ਕੈਪਸੂਲ, 7,10,737 ਪ੍ਰੇਗਾਬਾਲਿਨ ਕੈਪਸੂਲ (ਐਨ.ਡੀ.ਪੀ.ਐਸ ਐਕਟ ਤਹਿਤ) ਤੇ 1,48,740 ਪ੍ਰੇਗਾਬਾਲਿਨ ਕੈਪਸੂਲ (ਬੀ.ਐਨ.ਐਸ ਐਕਟ ਤਹਿਤ) ਅਤੇ 7,50,000/- ਡਰੱਗ ਮਨੀ ਬਰਾਮਦ ਕੀਤੀ ਹੈ। ਹੁਣ ਤੱਕ ਕੁੱਲ 05 ਘਰਾਂ ਨੂੰ ਢਾਹਿਆ ਜਾ ਚੁੱਕਾ ਹੈ, ਜਿਨ੍ਹਾਂ ਵਿੱਚ 01 ਸੀਡ ਫਾਰਮ ਅਬੋਹਰ, 01 ਪਿੰਡ ਗੋਬਿੰਦਗੜ੍ਹ ਤੇ 03 ਅਰਨੀਵਾਲਾ ਵਿਖੇ ਘਰ ਢਾਹੇ ਗਏ ਹਨ।ਇਸ ਤੋਂ ਇਲਾਵਾ ਹੁਣ ਤੱਕ ਕੁੱਲ 25 ਦੋਸ਼ੀਆਂ ਦੀ ਕੁੱਲ 7 ਕਰੋੜ 46 ਲੱਖ 36 ਹਜ਼ਾਰ 647/- ਕੀਮਤ ਦੀ ਕੁੱਲ ਪ੍ਰਾਪਰਟੀ ਸੀਜ਼ ਕੀਤੀ ਜਾ ਚੁੱਕੀ ਹੈ। ਫ਼ਾਜ਼ਿਲਕਾ ਪੁਲਸ ਵੱਲੋਂ ਜਿੱਥੇ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਜਾ ਰਿਹਾ ਹੈ, ਉਥੇ ਹੀ ਨਸ਼ਾ ਕਰਨ ਦੇ ਆਦੀ ਨੌਜਵਾਨਾਂ ਦੀ ਜ਼ਿੰਦਗੀ ਬਚਾਉਣ ਲਈ ਉਹਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਭਰਤੀ ਵੀ ਕਰਾਇਆ ਜਾ ਰਿਹਾ ਹੈ। ਹੁਣ ਤੱਕ ਕੁੱਲ 156 ਨੌਜਵਾਨਾਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਦਾਖਲ ਕਰਾਇਆ ਜਾ ਚੁੱਕਾ ਹੈ ਤੇ ਕੁੱਲ 211 ਨੌਜਵਾਨਾਂ ਨੂੰ ਸੈਂਟਰ ਤੋਂ ਦਵਾਈ ਦਿਵਾਈ ਜਾ ਚੁੱਕੀ ਹੈ।



# ਇੰਸ. ਜਸਪ੍ਰੀਤ ਸਿੰਘ ਨੇ ਚਾਰਜ ਸੰਭਾਲਦਿਆਂ ਹੀ ਨਸ਼ਿਆਂ ਖਿਲਾਫ ਅਪ੍ਰੇਸ਼ਨ ਚਲਾਇਆ

**ਸਮਾਣਾ (ਇਕਬਾਲ ਸਿੰਘ ਬੱਲ)** ਇੰਸਪੈਕਟਰ ਜਸਪ੍ਰੀਤ ਸਿੰਘ ਇੰਚਾਰਜ ਥਾਣਾ ਸਿਟੀ ਨੇ ਸ਼ਹਿਰ ਵਿੱਚ ਨਸ਼ਿਆਂ ਵਿਰੁੱਧ ਸਰਚ ਮੁਹਿੰਮ ਚਲਾਈ ਉਨ੍ਹਾਂ ਦੀ ਅਗਵਾਈ ਹੇਠ ਸਿਟੀ ਪੁਲਿਸ ਨੇ ਸ਼ਹਿਰ ਦੇ ਮੁਹੱਲਾ ਅਮਾਮਗੜ੍ਹ, ਚੱਕ ਅੰਮ੍ਰਿਤਸਰ ਵਿੱਚ ਸਰਚ ਅਪ੍ਰੇਸ਼ਨ ਚਲਾਇਆ। ਇਸੇ ਤਰ੍ਹਾਂ ਸਦਰ ਪੁਲਸ ਨੇ ਪਿੰਡ ਤਰਖਾਣ ਮਾਜਰਾ ਅਤੇ ਮਰੌੜੀ ਵਿੱਚ ਸਰਚ ਆਪਰੇਸ਼ਨ ਚਲਾਇਆ। ਥਾਣਾ ਸਿਟੀ ਇੰਚਾਰਜ ਇੰਸਪੈਕਟਰ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਤਹਿਤ ਪੁਲਸ ਨੂੰ ਵੱਡੀ ਕਾਮਯਾਬੀ ਪ੍ਰਾਪਤ ਹੋ ਰਹੀ ਹੈ। ਇਸ ਮੁਹਿੰਮ ਨੂੰ ਦੇਖਦੇ ਕਈ ਨਸ਼ਾ ਤਸਕਰ ਆਪਣੇ ਘਰਾਂ ਨੂੰ ਛੱਡ ਕੇ ਚਲੇ ਗਏ ਹਨ। ਉਨ੍ਹਾਂ ਨਸ਼ਾ ਤਸਕਰਾਂ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ਾ ਤਸਕਰੀ ਦਾ ਕੰਮ ਬੰਦ ਕਰ ਦੇਣ ਨਹੀਂ ਤਾਂ ਉਨ੍ਹਾਂ ਖਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਾ ਤਸਕਰਾਂ ਸਬੰਧੀ ਜਾਣਕਾਰੀ ਪੁਲਸ ਨੂੰ ਦੇਣ।ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂਅ ਗੁਪਤ ਰੱਖਿਆ ਜਾਵੇਗਾ। ਹੁਣ ਹਰ ਪ੍ਰਕਾਰ ਦਾ ਕ੍ਰਾਈਮ ਕਰਨ ਵਾਲੇ ਲੋਕਾਂ ਨੂੰ ਵੀ ਚੇਤਾਵਨੀ ਦਿੰਦਿਆਂ ਕਿਹਾ ਕਿ ਉਹ ਸ਼ਹਿਰ ਵਿੱਚ ਕ੍ਰਾਈਮ ਬੰਦ ਕਰ ਦੇਣ, ਨਹੀਂ ਤਾਂ ਉਨ੍ਹਾਂ ਨਾਲ ਵੀ ਸਖਤੀ ਨਾਲ ਨਜਿੱਠਿਆ ਜਾਵੇ।

# ਸੱਪ ਦੇ ਡੰਗਣ ਨਾਲ ਮਾਸੀ ਦੀ ਮੌਤ

● ਭਾਣਜਾ ਜ਼ਿੰਦਗੀ-ਮੌਤ ਦੀ ਲੜਾਈ ਲੜ ਰਿਹਾ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)** ਨੇੜਲੇ ਪਿੰਡ ਜੋਧਵਾਲ ਵਿਖੇ ਤੜਕੇ ਇੱਕ ਘਰ ਵਿੱਚ ਵਾਪਰੇ ਦਰਦਨਾਕ ਹਾਦਸੇ ਵਿੱਚ ਸੱਪ ਦੇ ਡੰਗਣ ਨਾਲ ਔਰਤ ਅਨੂ ਰਾਣੀ (30) ਦੀ ਮੌਤ ਹੋ ਗਈ, ਜਦਕਿ ਉਸਦਾ ਰਿਸ਼ਤੇ ਵਿੱਚ ਲੱਗਦਾ 5 ਸਾਲਾ ਭਾਣਜਾ ਹਾਰਦਿਕ ਵਾਸੀ ਅੰਬਾਲਾ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ। ਔਰਤ ਅਨੂ ਰਾਣੀ ਮੰਜੇ 'ਤੇ ਸੁੱਤੀ ਪਈ ਸੀ, ਜਦਕਿ ਉਸਦਾ ਭਾਣਜਾ ਜੋ ਆਪਣੀ ਮਾਤਾ ਸਮੇਤ ਇੱਥੇ ਰਿਸ਼ਤੇਦਾਰੀ ਵਿਚ ਆਇਆ ਹੋਇਆ ਹੈ, ਉਹ ਥੱਲੇ ਬਿਸਤਰੇ 'ਤੇ ਸੁੱਤਾ ਪਿਆ ਸੀ। ਅਚਨਚੇਤ ਤੜਕੇ ਕਰੀਬ 3 ਵਜੇ ਤੋਂ ਬਾਅਦ ਇੱਕ ਸੱਪ ਉਨ੍ਹਾਂ ਦੇ ਕਮਰੇ ਵਿਚ ਆ ਵੜਿਆ, ਜਿਸ ਨੇ ਸੁੱਤੀ ਪਈ ਅਨੂ ਰਾਣੀ ਤੇ ਉਸ ਦੇ ਭਾਣਜੇ ਨੂੰ ਡੰਗ ਲਿਆ। ਸੱਪ ਦੇ ਡੰਗਣ ਕਾਰਨ ਪਰਵਾਰ ਵਿੱਚ ਭਗਦੜ ਮਚ ਗਈ ਤੇ ਦੋਵਾਂ ਨੂੰ ਹਸਪਤਾਲ ਲਿਆਂਦਾ ਗਿਆ ਜਿੱਥੇ ਅਨੂ ਰਾਣੀ ਦੀ ਮੌਤ ਹੋ ਗਈ, ਜਦਕਿ ਹਾਰਦਿਕ ਇਲਾਜ ਅਧੀਨ ਹੈ ਤੇ ਡਾਕਟਰਾਂ ਵਲੋਂ ਉਸ ਨੂੰ ਬਚਾਉਣ ਦੇ ਯਤਨ ਜਾਰੀ ਹਨ। ਅਨੂ ਰਾਣੀ ਜਿਸ ਦੇ ਪਤੀ ਜਨਕ ਰਾਜ ਦੀ ਕੁਝ ਸਾਲ ਪਹਿਲਾਂ ਕੋਰੋਨਾ ਦੌਰਾਨ ਮੌਤ ਹੋ ਗਈ ਤੇ ਅੱਜ ਉਹ ਵੀ ਸੱਪ ਦੇ ਡੰਗਣ ਕਾਰਨ ਮੌਤ ਦੇ ਮੂੰਹ ਵਿੱਚ ਜਾ ਪਈ।

# 194 ਪੋਲਿੰਗ ਸਟੇਸ਼ਨਾਂ 'ਤੇ ਮਾਸਕ, ਸੈਨੀਟਾਈਜ਼ਰ ਤੇ ਸੁਰੱਖਿਆ ਉਪਾਅ ਯਕੀਨੀ ਬਣਾਏ ਜਾਣਗੇ : ਡੀ ਸੀ

**ਲੁਧਿਆਣਾ (ਰੈਕਟਰ ਕਥੂਰੀਆ)** ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਐਲਾਨ ਕੀਤਾ ਕਿ 19 ਜੂਨ ਨੂੰ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਲਈ ਸਾਰੇ 194 ਪੋਲਿੰਗ ਸਟੇਸ਼ਨਾਂ 'ਤੇ ਵੋਟਿੰਗ ਦੌਰਾਨ ਮਾਸਕ, ਸੈਨੀਟਾਈਜ਼ਰ ਅਤੇ ਹੋਰ ਜ਼ਰੂਰੀ ਸਪਲਾਈ ਦੇ ਵਿਆਪਕ ਪ੍ਰਬੰਧ ਯਕੀਨੀ ਬਣਾਏ ਜਾਣਗੇ। ਭਾਰਤੀ ਚੋਣ ਕਮਿਸ਼ਨ (ਈ.ਸੀ.ਆਈ) ਦੇ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ, ਹਿਮਾਂਸ਼ੂ ਜੈਨ ਨੇ ਪ੍ਰਸ਼ਾਸਨ ਦੀ ਪਾਰਦਰਸ਼ੀ ਅਤੇ ਸੁਰੱਖਿਅਤ ਜ਼ਿਮਨੀ ਚੋਣਾਂ ਕਰਵਾਉਣ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਪੁਸ਼ਟੀ ਕੀਤੀ ਕਿ ਕੋਵਿਡ-19 ਸੁਰੱਖਿਆ ਪ੍ਰੋਟੋਕੋਲ, ਜਿਸ ਵਿੱਚ ਮਾਸਕ ਤੇ ਸੈਨੀਟਾਈਜ਼ਰ ਦੀ ਵਿਵਸਥਾ ਸ਼ਾਮਲ ਹੈ, ਸਾਰੇ ਪੋਲਿੰਗ ਸਟੇਸ਼ਨਾਂ 'ਤੇ ਲਾਗੂ ਕੀਤਾ ਜਾਵੇਗਾ। ਜੈਨ ਨੇ ਕਿਹਾ ਕਿ ਲੋਕਾਂ ਦੀ ਸੁਰੱਖਿਆ ਸਾਡੀ ਸਭ ਤੋਂ ਵੱਡੀ ਤਰਜ਼ੀਹ ਹੈ।ਸਿਹਤ ਅਧਿਕਾਰੀਆਂ ਤੇ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਨੂੰ ਇਨ੍ਹਾਂ ਸਟੇਸ਼ਨਾਂ 'ਤੇ ਪੈਦਾ ਹੋਣ ਵਾਲੇ ਬਾਇਓਮੈਡੀਕਲ ਰਹਿੰਦ-ਖੂੰਹਦ ਦਾ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਕਰਨ ਦੇ ਨਿਰਦੇਸ਼ ਦਿੱਤੇ।ਇਸ ਤੋਂ ਇਲਾਵਾ ਉਨ੍ਹਾਂ ਸਿਵਲ ਸਰਜਨ ਨੂੰ ਵੋਟਿੰਗ ਵਾਲੇ ਦਿਨ ਪੋਲਿੰਗ ਸਟੇਸ਼ਨਾਂ 'ਤੇ ਲੋੜੀਂਦਾ ਸਿਹਤ ਸਟਾਫ਼ ਤਾਇਨਾਤ ਕਰਨ ਦੇ ਨਿਰਦੇਸ਼ ਦਿੱਤੇ।

## ਡੀ ਐਸ ਪੀ ਬਣਨ ਤੋਂ ਬਾਅਦ ਰਾਜਵਿੰਦਰ ਕੌਰ ਨੇ ਡੀ ਜੀ ਪੀ ਨਾਲ ਕੀਤੀ ਮੁਲਾਕਾਤ

**ਨਾਭਾ (ਵਰਿੰਦਰ ਵਰਮਾ)** ਅੰਤਰਰਾਸ਼ਟਰੀ ਖਿਡਾਰਨ ਮੈਡਮ ਰਾਜਵਿੰਦਰ ਕੌਰ ਨੂੰ ਡੀਜੀਪੀ ਪੰਜਾਬ ਨੇ ਚੰਡੀਗੜ੍ਹ ਵਿੱਚ ਡੀਐਸਪੀ ਦੇ ਅਹੁਦੇ 'ਤੇ ਤਰੱਕੀ ਮਿਲਣ 'ਤੇ ਵਧਾਈ ਦਿੱਤੀ।



ਇਸ ਮੌਕੇ ਡੀਐਸਪੀ ਰਾਜਵਿੰਦਰ ਕੌਰ ਤੇ ਮੌਜੂਦ ਸਾਰੇ ਅਧਿਕਾਰੀਆਂ ਨੇ ਡੀਜੀਪੀ ਪੰਜਾਬ ਨਾਲ ਵਿਚਾਰ-ਵਟਾਂਦਰਾ ਕੀਤਾ। ਡੀਐਸਪੀ ਰਾਜਵਿੰਦਰ ਕੌਰ ਵੱਲੋਂ ਪੰਜਾਬ ਸਰਕਾਰ ਤੇ ਡੀਜੀਪੀ ਪੰਜਾਬ ਦਾ ਧੰਨਵਾਦ ਕੀਤਾ ਗਿਆ।ਉਨ੍ਹਾਂ ਕਿਹਾ ਕਿ ਉਹ ਹਮੇਸ਼ਾ ਆਪਣੀ ਡਿਊਟੀ ਸਖ਼ਤ ਮਿਹਨਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹਨ ਅਤੇ ਭਵਿੱਖ ਵਿੱਚ ਵੀ ਅਜਿਹਾ ਕਰਦੇ ਰਹਿਣਗੇ। ਇਹ ਜ਼ਿਕਰਯੋਗ ਹੈ ਕਿ ਮੈਡਮ ਰਾਜਵਿੰਦਰ ਕੌਰ ਨੇ ਵੀ ਸਮੇਂ-ਸਮੇਂ 'ਤੇ ਕੋਤਵਾਲੀ ਨਾਭਾ, ਭਾਦਸੋਂ ਵਿਖੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਈ ਹੈ।ਇਸ ਮੌਕੇ ਆਈਜੀ ਹੈੱਡਕੁਆਰਟਰ ਸੁਖਚੈਨ ਸਿੰਘ ਗਿੱਲ ਤੇ ਹੋਰ ਪੁਲਿਸ ਅਧਿਕਾਰੀ ਮੌਜੂਦ ਸਨ।

# ਪੋਲਿੰਗ ਖਤਮ ਹੋਣ ਤੱਕ ਓਪੀਨੀਅਨ ਪੋਲ ਤੇ ਐਗਜ਼ਿਟ ਪੋਲ 'ਤੇ ਪਾਬੰਦੀ

**ਲੁਧਿਆਣਾ (ਰੈਕਟਰ ਕਥੂਰੀਆ)** 19 ਜੂਨ ਨੂੰ ਲੁਧਿਆਣਾ ਪੱਛਮੀ ਜ਼ਿਮਨੀ ਚੋਣ ਤੋਂ ਪਹਿਲਾਂ ਵੋਟਿੰਗ ਖਤਮ ਹੋਣ ਤੱਕ ਓਪੀਨੀਅਨ ਪੋਲ ਜਾਂ ਐਗਜ਼ਿਟ ਪੋਲ ਦੇ ਨਤੀਜਿਆਂ ਦੇ ਪ੍ਰਸਾਰ 'ਤੇ ਪਾਬੰਦੀ ਲਾਈ ਗਈ ਹੈ। ਕਿਸੇ ਵੀ ਵਿਅਕਤੀ, ਚੈਨਲ ਜਾਂ ਪੋਰਟਲ ਨੂੰ ਇਸ ਮਿਆਦ ਤੱਕ ਓਪੀਨੀਅਨ ਪੋਲ ਜਾਂ ਐਗਜ਼ਿਟ ਪੋਲ ਕਰਨ ਜਾਂ ਸਾਂਝਾ ਕਰਨ ਦੀ ਆਗਿਆ ਨਹੀਂ ਹੈ। ਇਸ ਤੋਂ ਇਲਾਵਾ ਪੋਲਿੰਗ ਪ੍ਰਕਿਰਿਆ ਪੂਰੀ ਹੋਣ ਤੱਕ ਇਲੈਕਟ੍ਰਾਨਿਕ ਮੀਡੀਆ 'ਤੇ ਕਿਸੇ ਵੀ ਚੋਣ ਨਾਲ ਸਬੰਧਤ ਸਮੱਗਰੀ, ਜਿਸ ਵਿੱਚ ਓਪੀਨੀਅਨ ਪੋਲ, ਐਗਜ਼ਿਟ ਪੋਲ ਜਾਂ ਸਰਵੇਖਣ ਸ਼ਾਮਲ ਹਨ, ਨੂੰ ਪ੍ਰਦਰਸ਼ਿਤ ਕਰਨ 'ਤੇ ਸਖਤੀ ਨਾਲ ਪਾਬੰਦੀ ਹੈ। ਲੁਧਿਆਣਾ ਪੱਛਮੀ ਜ਼ਿਮਨੀ ਚੋਣ ਵੀਰਵਾਰ ਨੂੰ ਸਵੇਰੇ 7:00 ਵਜੇ ਤੋਂ ਸ਼ਾਮ 6:00 ਵਜੇ ਤੱਕ 194 ਪੋਲਿੰਗ ਸਟੇਸ਼ਨਾਂ 'ਤੇ ਹੋਣ ਵਾਲੀ ਹੈ।

# ਅਰਨੀਵਾਲਾ 'ਚ ਦੋ ਹੋਰ ਨਸ਼ਾ ਤਸਕਰਾਂ ਦੇ ਘਰ ਕੀਤੇ ਢਹਿ-ਢੇਰੀ

**ਜਲਾਲਾਬਾਦ, (ਜੰਗੀਰ ਕੌਰ ਫਲੀਆਂਵਾਲਾ/ਜੀਤ ਕੁਮਾਰ)** ਫ਼ਾਜ਼ਿਲਕਾ ਪੁਲਿਸ ਵੱਲੋਂ ਨਸ਼ਾ ਤਸਕਰਾਂ ਦੇ ਖਿਲਾਫ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਦੇ ਤਹਿਤ ਥਾਣਾ ਅਰਨੀਵਾਲਾ ਦੇ ਨਸ਼ਾ ਤਸਕਰ ਜੋਗਿੰਦਰ ਸਿੰਘ ਪੁੱਤਰ ਦਲੀਪ ਸਿੰਘ ਉਰਫ ਦਾਰਾ ਸਿੰਘ ਵਾਸੀ ਅਰਨੀਵਾਲਾ ਤੇ ਉਸਦੀ ਪਤਨੀ ਅਮਰਜੀਤ ਕੌਰ ਦੇ ਘਰ ਨੂੰ ਢਾਹਿਆ ਗਿਆ ਹੈ, ਜੋ ਦੋਨੋਂ ਪਤੀ-ਪਤਨੀ ਨਸ਼ਾ ਤਸਕਰੀ ਦਾ ਧੰਦਾ ਕਰ ਰਹੇ ਸਨ ਤੇ ਜਿਨ੍ਹਾਂ ਨੇ ਪੰਚਾਇਤੀ ਜਗ੍ਹਾ 'ਤੇ ਨਜਾਇਜ਼ ਉਸਾਰੀ ਵੀ ਕੀਤੀ ਹੋਈ ਸੀ। ਸਿਵਲ ਪ੍ਰਸ਼ਾਸਨ ਵੱਲੋਂ ਪੁਲਸ ਸੁਰੱਖਿਆ ਸਬੰਧੀ ਦਰਖਾਸਤ ਮੌਸੂਲ ਹੋਣ 'ਤੇ ਸ੍ਰੀ ਗੁਰਮੀਤ ਸਿੰਘ ਐਸ.ਐਸ.ਪੀ ਫ਼ਾਜ਼ਿਲਕਾ ਵੱਲੋਂ ਮੌਕੇ 'ਤੇ ਪੁੱਜ ਕੇ ਇਨ੍ਹਾਂ ਨਸ਼ਾ ਤਸਕਰਾਂ ਦੇ ਘਰ ਨੂੰ ਢਾਹੁਣ ਦੀ ਕਾਰਵਾਈ ਮੁਕੰਮਲ ਕੀਤੀ ਗਈ। ਜਾਣਕਾਰੀ ਅਨੁਸਾਰ ਨਸ਼ਾ ਤਸਕਰ ਜੋਗਿੰਦਰ ਸਿੰਘ ਦੇ ਖਿਲਾਫ਼ ਮੁਕੱਦਮਾ ਨੰਬਰ 11 ਮਿਤੀ 28/01/ 2021 ਅ/ਧ 22/61/85 ਐਨ.ਡੀ. ਪੀ.ਐਸ. ਐਕਟ ਥਾਣਾ ਅਰਨੀਵਾਲਾ, ਮੁਕੱਦਮਾ ਨੰਬਰ 122 ਮਿਤੀ 30/08/ 2021 ਅ/ਧ 22/61/85 ਐਨ.ਡੀ. ਪੀ.ਐਸ.ਐਕਟ ਥਾਣਾ ਅਰਨੀਵਾਲਾ, ਮੁਕੱਦਮਾ ਨੰਬਰ 64 ਮਿਤੀ 17/05/2025 ਅ/ਧ 21/61/85 ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਅਰਨੀਵਾਲਾ ਦਰਜ ਰਜਿਸਟਰ ਹਨ ਅਤੇ ਇਸ ਦੀ ਪਤਨੀ ਅਮਰਜੀਤ ਕੌਰ ਦੇ ਖਿਲਾਫ ਵੀ ਐਨ.ਡੀ.ਪੀ.ਐਸ.ਐਕਟ ਤਹਿਤ ਇਕ ਮੁਕੱਦਮਾ ਨੰਬਰ 59 ਮਿਤੀ 11.05.2025 ਅ/ਧ 22/61/85 ਐਨ.ਡੀ.ਪੀ.ਐਸ. ਐਕਟ ਤਹਿਤ ਥਾਣਾ ਅਰਨੀਵਾਲਾ ਦਰਜ ਰਜਿਸਟਰ ਹੈ। ਐਸ.ਐਸ.ਪੀ ਗੁਰਮੀਤ ਸਿੰਘ ਨੇ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਇਸ ਤਰ੍ਹਾਂ ਦੇ ਸਮਾਜ ਵਿਰੋਧੀ ਧੰਦੇ ਵਿੱਚ ਜੋ ਵੀ ਕੋਈ ਨਸ਼ਾ ਤਸਕਰ ਸ਼ਾਮਲ ਹੋਵੇਗਾ, ਉਸਦਾ ਇਹੀ ਹਸਰ ਹੋਵੇਗਾ। ਇਸ ਤਰ੍ਹਾਂ ਦੀਆਂ ਕਾਰਵਾਈਆਂ ਅੱਗੇ ਵੀ ਸਿਵਲ ਪ੍ਰਸ਼ਾਸਨ ਨੂੰ ਨਾਲ ਲੈ ਕੇ ਹੁੰਦੀਆਂ ਰਹਿਣਗੀਆਂ।ਇਸ ਤੋਂ ਪਹਿਲਾਂ ਫ਼ਾਜ਼ਿਲਕਾ ਪੁਲਸ ਵੱਲੋਂ ਪਹਿਲਾਂ ਵੀ 04 ਨਸ਼ਾ ਤਸਕਰਾਂ ਦੇ ਘਰ ਢਾਹੁਣ ਦੀਆਂ ਕਾਰਵਾਈਆਂ ਕੀਤੀਆਂ ਜਾ ਚੁੱਕੀਆਂ ਹਨ।



# ਹੈਰੋਇਨ ਦਾ ਸੇਵਨ ਕਰਨ ਵਾਲੇ ਤਿੰਨ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ ਤੋਂ ਗਸ਼ਤ ਅਤੇ ਚੈਕਿੰਗ ਦੌਰਾਨ 12 ਗ੍ਰਾਮ ਹੈਰੋਇਨ ਅਤੇ ਹੈਰੋਇਨ ਦਾ ਸੇਵਨ ਕਰਨ ਵਾਲੇ 3 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਥਾਣਾ ਕੈਂਟ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਵਿਨੋਦ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਅਤੇ ਚੈਕਿੰਗ ਦੌਰਾਨ ਡੀ ਏ ਵੀ ਕਾਲਜ ਫਿਰੋਜ਼ਪੁਰ ਕੈਂਟ ਪਾਸ ਮਜੂਦ ਸੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਗੋਰਾ ਪੁੱਤਰ ਰਾਜ ਸਿੰਘ ਵਾਸੀ ਮਕਾਨ ਨੰਬਰ 38 ਗਲੀ ਨੰਬਰ 17 ਬਸਤੀ ਟੈਂਕਾਂਵਾਲੀ ਫਿਰੋਜ਼ਪੁਰ ਕੈਂਟ ਹੈਰੋਇਨ ਪੀਣ ਦਾ ਆਦੀ ਹੈ ਜੋ ਇਸ ਸਮੇਂ ਵੀ ਬੱਸ ਸਟੈਂਡ ਫਿਰੋਜ਼ਪੁਰ ਕੈਂਟ ਤੋਂ ਯਤੀਮਖਾਨਾ ਨੂੰ ਆਉਂਦੀ ਸੜਕ 'ਤੇ ਮਿਲਟਰੀ ਡੇਅਰੀ ਫਾਰਮ ਨੂੰ ਜਾਂਦੇ ਕੱਚੇ ਰਸਤੇ 'ਤੇ ਬਣੀ ਸੁੰਨਸਾਨ ਜਗ੍ਹਾ ਪਾਸ ਪੰਨੀ ਅਤੇ ਲਾਈਟਰ ਰੱਖ ਕੇ ਹੈਰੋਇਨ ਪੀ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ 'ਤੇ ਛਾਪੇਮਾਰੀ ਕਰਕੇ ਉਸ ਕੋਲੋਂ ਪੰਨੀ, ਲਾਈਟਰ ਤੇ ਫੋਲਡ ਕੀਤਾ ਹੋਇਆ 10 ਰੁਪਏ ਦਾ ਨੋਟ ਬਰਾਮਦ ਕੀਤਾ। ਥਾਣਾ ਸਦਰ ਫਿਰੋਜ਼ਪੁਰ ਦੇ ਐੱਸ ਆਈ ਤਰਸੇਮ ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਕਿਲੇ ਵਾਲਾ ਚੌਕ ਪੁੱਜੀ ਤਾਂ ਇਸ ਦੌਰਾਨ ਇਤਲਾਹ ਮਿਲੀ ਕਿ ਸਾਗਰ ਪੁੱਤਰ ਮੁੱਖਾ ਵਾਸੀ ਖਾਈ ਫੇਮੇ ਕੀ ਬਾਬਾ ਪੀਰ ਬਲਾਵਰ ਤੋਂ ਥੋੜ੍ਹਾ ਅੱਗੇ ਬੰਦ ਪਏ ਪੈਟਰੋਲ ਪੰਪ ਵਿਚ ਹੈਰੋਇਨ ਪੀ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀ ਕੋਲੋਂ ਇਕ ਸਿਲਵਰ ਪੰਨੀ, ਇਕ ਲਾਈਟਰ ਅਤੇ ਇਕ 20 ਰੁਪਏ ਦਾ ਨੋਟ ਬਰਾਮਦ ਕੀਤਾ। ਥਾਣਾ ਤਲਵੰਡੀ ਭਾਈ ਪੁਲਸ ਦੇ ਸਹਾਇਕ ਥਾਣੇਦਾਰ ਸੁਦੇਸ਼ ਕੁਮਾਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਤਲਵੰਡੀ ਭਾਈ ਤੋਂ ਹਰਾਜ ਪਿੰਡ ਨੂੰ ਜਾਂਦੀ ਲਿੰਕ ਰੋਡ ਨੇੜੇ ਵਾਟਰ ਵਰਕਸ ਦੀ ਪੁਰਾਣੀ ਟੈਂਕੀ 'ਤੇ ਛਾਪੇਮਾਰੀ ਕਰਕੇ ਲਖਵੀਰ ਸਿੰਘ ਉਰਫ ਕਾਕਾ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਅਜੀਤ ਨਗਰ, ਤਲਵੰਡੀ ਭਾਈ ਨੂੰ ਕਾਬੂ ਕਰਕੇ ਉਸ ਪਾਸੋਂ 12 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਅਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਐੱਸ ਐੱਸ ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਲਏ ਚੰਗੇ ਅੰਕ



**ਭੀਖੀ (ਧਰਮਵੀਰ ਸ਼ਰਮਾ)** ਐਸ.ਸੀ.ਈ.ਆਰ.ਟੀ. ਮੋਹਾਲੀ ਵੱਲੋਂ ਐਲਾਨੇ ਗਏ ਡਿਪਲੋਮਾ ਇਨ ਐਲੀਮੈਂਟਰੀ ਐਜੂਕੇਸ਼ਨ ਸਾਲ ਪਹਿਲਾ ਦੇ ਨਤੀਜੇ ਵਿੱਚ ਐਸ.ਐਸ. ਕਾਲਜ ਆਫ਼ ਐਜੂਕੇਸ਼ਨ ਦੇ ਵਿਦਿਆਰਥੀਆਂ ਨੇ ਚੰਗੇ ਅੰਕ ਪ੍ਰਾਪਤ ਕੀਤੇ।ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਮੋਨਿਕਾ ਰਾਣੀ ਨੇ 89.65, ਆਂਚਲ ਰਾਣੀ ਨੇ 88.60 ਅਤੇ ਵਿਸ਼ੇਸ਼ ਨੇ 88.52 ਫ਼ੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿਚੋਂ ਕ੍ਰਮਵਾਰ ਪਹਿਲਾ, ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਪ੍ਰਬੰਧਕਾਂ ਨੇ ਕਿਹਾ ਕਿ ਵਿਦਿਆਰਥੀਆਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸੰਸਥਾ ਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ। ਉਨ੍ਹਾਂ ਇਸ ਪ੍ਰਾਪਤੀ ਲਈ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।

# ਅਕਾਦਮਿਕ ਖੋਜ ਖੇਤਰ 'ਚ ਸੀ ਡੀ ਐਲ ਯੂ ਦੇ ਪੰਜਾਬੀ ਵਿਭਾਗ ਦੀ ਵੱਖਰੀ ਪਛਾਣ : ਪ੍ਰੋ. ਰਣਜੀਤ ਕੌਰ

**ਸਿਰਸਾ (ਸੁਰਿੰਦਰ ਪਾਲ ਸਿੰਘ)** ਭਾਵੇਂ ਹਰਿਆਣਾ 'ਚ ਪੰਜਾਬੀ ਨੂੰ ਦਫਤਰੀ ਭਾਸ਼ਾ ਦਾ ਦਰਜਾ ਦਿਵਾਉਣ ਲਈ ਧਾਰਮਿਕ ਤੇ ਸਿਆਸੀ ਯਤਨ ਨਹੀਂ ਹੋ ਰਹੇ, ਪਰ ਇਸਦੇ ਚੱਲਦੇ ਚੌਧਰੀ ਦੇਵੀ ਲਾਲ ਯੂਨੀਵਰਸਿਟੀ (ਸੀਡੀਐਲਯੂ) ਸਿਰਸਾ ਦਾ ਪੰਜਾਬੀ ਵਿਭਾਗ ਭਾਸ਼ਾ, ਸੱਭਿਆਚਾਰ ਤੇ ਅਕਾਦਮਿਕ ਖੋਜ ਦੇ ਖੇਤਰ ਵਿੱਚ ਲਗਾਤਾਰ ਆਪਣੀ ਵੱਖਰੀ ਪਛਾਣ ਬਣਾ ਰਿਹਾ ਹੈ। ਵਿਭਾਗ ਇਸ ਖੇਤਰ ਵਿੱਚ ਉੱਚ ਪੱਧਰੀ ਖੋਜ ਤੇ ਨਵੀਨਤਾ ਅਧਾਰਤ ਸਿੱਖਿਆ ਵਿਧੀਆਂ ਨੂੰ ਉਤਸ਼ਾਹਤ ਕਰ ਰਿਹਾ ਹੈ। ਪੰਜਾਬੀ ਵਿਭਾਗ ਦੀ ਚੇਅਰਪਰਸਨ ਪ੍ਰੋ. ਰਣਜੀਤ ਕੌਰ ਨੇ ਕਿਹਾ ਕਿ ਇਸ ਵੇਲੇ ਵਿਭਾਗ ਦੋ ਸਾਲਾ ਐਮਏ (ਪੰਜਾਬੀ) ਕੋਰਸ ਤੇ ਇੱਕ ਸਾਲਾ ਸਰਟੀਫਿਕੇਟ ਕੋਰਸ ਕਰਾ ਰਿਹਾ ਹੈ, ਜੋ ਵਿਦਿਆਰਥੀਆਂ ਨੂੰ ਭਾਸ਼ਾ ਅਤੇ ਸੱਭਿਆਚਾਰ ਦਾ ਡੂੰਘਾਈ ਨਾਲ ਅਧਿਐਨ ਕਰਨ ਦਾ ਮੌਕਾ ਪ੍ਰਦਾਨ ਕਰਦਾ ਹੈ। ਉਨ੍ਹਾਂ ਕਿਹਾ ਕਿ ਐਮਏ ਪੰਜਾਬੀ ਵਿੱਚ 60 ਸੀਟਾਂ ਦਾ ਪ੍ਰਬੰਧ ਹੈ ਤੇ ਪੰਜਾਬੀ ਸਰਟੀਫਿਕੇਟ ਕੋਰਸ ਦੀਆਂ 30 ਸੀਟਾਂ ਦੇ ਦਾਖਲੇ ਲਈ 12ਵੀਂ ਪਾਸ ਵਿਦਿਆਰਥੀ ਅਰਜ਼ੀ ਦੇ ਸਕਦੇ ਹਨ। ਚੇਅਰਪਰਸਨ ਨੇ ਕਿਹਾ ਕਿ ਵਿਭਾਗ ਤਕਨਾਲੋਜੀ ਤੇ ਪੰਜਾਬੀ ਅਧਿਐਨ ਨੂੰ ਏਕੀਕ੍ਰਿਤ ਕਰਨ ਲਈ ਵੀ ਲਗਾਤਾਰ ਕੰਮ ਕਰ ਰਿਹਾ ਹੈ। ਇਸੇ ਤਰ੍ਹਾਂ ਵਿਭਾਗ ਦੇ ਸਹਾਇਕ ਪ੍ਰੋਫੈਸਰ ਗੁਰਸਾਹਿਬ ਸਿੰਘ ਨੇ ਕਿਹਾ ਕਿ ਵਿਭਾਗ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਯੂਜੀਸੀ-ਨੈੱਟ ਤੇ ਜੇਆਰਐਫ ਵਰਗੀਆਂ ਰਾਸ਼ਟਰੀ ਪ੍ਰੀਖਿਆਵਾਂ ਸਫਲਤਾਪੂਰਵਕ ਪਾਸ ਕੀਤੀਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਸਮੇਂ-ਸਮੇਂ 'ਤੇ ਸਮਕਾਲੀ ਵਿਸ਼ਿਆਂ 'ਤੇ ਰਾਸ਼ਟਰੀ ਸੈਮੀਨਾਰ, ਵਰਕਸ਼ਾਪਾਂ ਅਤੇ ਗੈਸਟ ਲੈਕਚਰਾਂ ਦਾ ਆਯੋਜਨ ਕਰਦਾ ਰਿਹਾ ਹੈ। ਪ੍ਰੋਫੈਸਰ ਗੁਰਸਾਹਿਬ ਸਿੰਘ ਨੇ ਕਿਹਾ ਕਿ ਸੀਡੀਐਲਯੂ ਦਾ ਪੰਜਾਬੀ ਵਿਭਾਗ ਨਾ ਸਿਰਫ਼ ਭਾਸ਼ਾ ਦੀ ਸੰਭਾਲ ਤੇ ਪ੍ਰਚਾਰ ਵਿੱਚ ਸਗੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਾਈਸ ਚਾਂਸਲਰ ਪ੍ਰੋ. ਵਿਜੇ ਕੁਮਾਰ ਦੀ ਅਗਵਾਈ ਹੇਠ ਵਿਭਾਗ ਨੇੜਲੇ ਭਵਿੱਖ ਵਿੱਚ ਹੋਰ ਸੈਮੀਨਾਰ, ਕਾਨਫਰੰਸਾਂ ਤੇ ਸੱਭਿਆਚਾਰਕ ਪ੍ਰੋਗਰਾਮਾਂ ਦੀ ਯੋਜਨਾ ਬਣਾ ਰਿਹਾ ਹੈ।



# ਯੋਗ ਨਾਲ ਜੋੜ ਕੇ ਲੋਕਾਂ ਨੂੰ ਬਣਾਇਆ ਜਾ ਰਿਹਾ ਸਿਹਤਮੰਦ : ਡੀ ਸੀ

**ਸ੍ਰੀ ਮੁਕਤਸਰ ਸਾਹਿਬ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਿਹਤਮੰਦ ਪੰਜਾਬ ਤਹਿਤ ਸ਼ੁਰੂ ਕੀਤੀ 'ਸੀ.ਐਮ. ਦੀ ਯੋਗਸ਼ਾਲਾ' ਸਿਹਤਮੰਦ ਪੰਜਾਬ ਬਣਾਉਣ ਦੀ ਲਹਿਰ 'ਚ ਅਹਿਮ ਯੋਗਦਾਨ ਨਿਭਾਅ ਰਿਹਾ ਹੈ, ਜਿਸ ਵਿੱਚ ਜ਼ਿਲ੍ਹਾ ਵਾਸੀਆਂ ਨੂੰ ਯੋਗ ਨਾਲ ਜੋੜ ਕੇ ਉਨ੍ਹਾਂ ਨੂੰ ਸਿਹਤਮੰਦ ਤੇ ਤੰਦਰੁਸਤ ਬਣਾਇਆ ਜਾ ਰਿਹਾ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਨੇ ਸਾਂਝੀ ਕੀਤੀ। ਜ਼ਿਲ੍ਹੇ ਦੇ ਯੋਗਾ ਕੋਆਰਡੀਨੇਟਰ ਅਜ਼ਾਦ ਸਿੰਘ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਪ੍ਰੋਗਰਾਮ ਦੇ ਤਹਿਤ ਨਿਰੰਤਰ ਤੌਰ 'ਤੇ ਯੋਗਾ ਦੀਆਂ ਕਲਾਸਾਂ ਚੱਲ ਰਹੀਆਂ ਹਨ।ਉਨ੍ਹਾਂ ਦੱਸਿਆ ਕਿ ਯੋਗ ਮਨੁੱਖੀ ਜੀਵਨ ਨੂੰ ਨਿਰੋਲ, ਤੰਦਰੁਸਤ ਤੇ ਰੋਗ ਮੁਕਤ ਬਣਾਉਂਦਾ ਹੈ।ਇਸ ਦੇ ਰੋਜ਼ਾਨਾ ਅਭਿਆਸ ਨਾਲ ਸਰੀਰ ਤਾਂ ਫਿੱਟ ਰਹਿੰਦਾ ਹੀ ਹੈ, ਸਗੋਂ ਮਨ ਤੇ ਆਤਮਾ ਨੂੰ ਵੀ ਸ਼ਾਂਤੀ ਮਿਲਦੀ ਹੈ। ਉਨ੍ਹਾਂ ਦੱਸਿਆ ਕਿ ਜੋ ਮੈਂਬਰ ਲਗਾਤਾਰ ਯੋਗ ਕਰ ਰਹੇ ਹਨ, ਜਿਸ ਦੇ ਨਾਲ ਉਨ੍ਹਾਂ ਦੀਆਂ ਕਈ ਸਰੀਰਕ ਤੇ ਮਾਨਸਿਕ ਬਿਮਾਰੀਆਂ ਠੀਕ ਹੋ ਰਹੀਆਂ ਹਨ। ਜਿਵੇਂ ਕਿ ਹਾਈ ਬਲੱਡ ਪ੍ਰੈਸ਼ਰ, ਸਰਵਾਈਕਲ, ਭਾਰ ਜ਼ਿਆਦਾ ਹੋਣਾ ਆਦਿ। ਇਸ ਦੌਰਾਨ ਉਨ੍ਹਾਂ ਇਹ ਵੀ ਦੱਸਿਆ ਕਿ ਜ਼ਿਲ੍ਹੇ ਵਿੱਚ ਰੋਜ਼ਾਨਾ 22 ਯੋਗਾ ਟ੍ਰੇਨਰਾਂ ਵੱਲੋਂ 128 ਕਲਾਸਾਂ ਲਾਈਆਂ ਜਾ ਰਹੀਆਂ ਹਨ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜ਼ਿਲ੍ਹਾ ਪੱਧਰੀ ਅੰਤਰਰਾਸ਼ਟਰੀ ਯੋਗਾ ਦਿਵਸ 21 ਜੂਨ ਨੂੰ ਗੁਰੂ ਗੋਬਿੰਦ ਸਿੰਘ ਪਾਰਕ, ਕੋਟਕਪੂਰਾ ਰੋਡ, ਸ੍ਰੀ ਮੁਕਤਸਰ ਸਾਹਿਬ ਵਿਖੇ ਸਵੇਰੇ 6:00 ਤੋਂ ਸਵੇਰੇ 7:30 ਵਜੇ ਤੱਕ ਮਨਾਇਆ ਜਾ ਰਿਹਾ ਹੈ ਤੇ ਆਪਣੇ- ਆਪ ਨੂੰ ਤੰਦਰੁਸਤ ਰੱਖਣ ਲਈ ਇਸ ਯੋਗਾ ਦਿਵਸ ਦੌਰਾਨ ਵੱਧ ਤੋਂ ਵੱਧ ਗਿਣਤੀ ਵਿੱਚ ਭਾਗ ਲਿਆ ਜਾਵੇ।



# ਖੇਤੀ ਮਸ਼ੀਨਰੀ ਸਬਸਿਡੀ ਦੀਆਂ ਅਦਾਇਗੀਆਂ ਸੰਬੰਧੀ ਕਿਸਾਨ-ਮਜ਼ਦੂਰ ਸੰਘਰਸ਼ ਦੇ ਰਾਹ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਨਾੜ-ਪਰਾਲੀ ਦੇ ਸੁਚੱਜੇ ਪ੍ਰਬੰਧਨ ਹਿੱਤ ਜਾਰੀ ਸੰਦ-ਮਸ਼ੀਨਰੀ ਦੇ ਉੱਪਦਾਨ ਨਾਲ ਸਬੰਧਤ ਬੀਤੇ ਅਰਸੇ ਦੀਆਂ ਦੇਣਦਾਰੀਆਂ ਦੀ ਅਦਾਇਗੀ ਪੋਰਟਲ ਦੀ ਸਮੱਸਿਆ ਜਾਂ ਹੋਰਨਾਂ ਕਾਰਨਾਂ ਕਰਕੇ ਰੁਕੀ ਹੋਣ ਦੇ ਮਾਮਲੇ ਵਿਚ ਬੀਤੇ ਦਿਨ ਨਰਿੰਦਰਪਾਲ ਸਿੰਘ ਜਤਾਲਾ ਸੀਨੀਅਰ ਮੀਤ ਪ੍ਰਧਾਨ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ, ਫ਼ਿਰੋਜ਼ਪੁਰ ਦੀ ਅਗਵਾਈ ਵਿੱਚ ਨਰਾਜ਼ਗੀ ਦਾ ਪ੍ਰਗਟਾਵਾ ਕਰਨ ਆਏ ਕਿਸਾਨਾਂ ਨਾਲ ਮੁੱਖ ਖੇਤੀਬਾੜੀ ਅਫ਼ਸਰ, ਫ਼ਿਰੋਜ਼ਪੁਰ ਨੇ ਇੱਕ ਹੰਗਾਮੀ ਮੀਟਿੰਗ ਕੀਤੀ। ਜਿਸ ਵਿਚ ਪੀੜਤ ਧਿਰਾਂ ਦੇ ਪੱਖ ਨੂੰ ਪੂਰੀ ਸੰਵੇਦਨਸ਼ੀਲਤਾ ਨਾਲ ਸੁਣਨ ਉਪਰੰਤ ਵਫ਼ਦ ਨੂੰ ਚਿਰ ਕਾਲ ਦੀਆਂ ਦੇਣਦਾਰੀਆਂ ਬਾਬਤ ਤਤਕਾਲੀਨ ਸਥਿਤੀ ਅਤੇ ਉਨ੍ਹਾਂ ਵੱਲੋਂ ਅਦਾਇਗੀਆਂ ਹਿੱਤ ਕੀਤੇ ਜਾ ਰਹੇ ਅਣਥੱਕ ਯਤਨਾਂ ਤੋਂ ਜਾਣੂ ਕਰਵਾਇਆ ਜਿਸ 'ਤੇ ਤਸੱਲੀ ਦਾ ਪ੍ਰਗਟਾਵਾ ਕਰਦੇ ਹੋਏ ਜਥੇਬੰਦੀ ਦੇ ਨੁਮਾਇੰਦਿਆਂ ਨੇ ਕਮਿਸ਼ਨਰ, ਫ਼ਿਰੋਜ਼ਪੁਰ ਡਵੀਜ਼ਨ ਨਾਲ ਉਨ੍ਹਾਂ ਦੀ ਬੁੱਧਵਾਰ ਨੂੰ ਪ੍ਰਸਤਾਵਤ ਮੀਟਿੰਗ ਤੋਂ ਬਾਅਦ ਸੰਦ-ਮਸ਼ੀਨਰੀ ਦੀ ਸਬਸਿਡੀ ਦੀਆਂ ਰੁਕੀਆਂ ਹੋਈਆਂ ਦੇਣਦਾਰੀਆਂ ਦੀ ਅਦਾਇਗੀ ਹਿੱਤ ਰਾਜ ਦੇ ਮੁੱਖ ਖੇਤੀਬਾੜੀ ਦਫ਼ਤਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਮੋਹਾਲੀ ਵੱਲ ਕੂਚ ਕਰਨ ਦੀ ਤਜਵੀਜ਼ ਦਾ ਪ੍ਰਗਟਾਵਾ ਕੀਤਾ, ਜਦਕਿ ਹਸਤਾਖ਼ਰੀ ਦੁਆਰਾ ਨੁਮਾਇੰਦਿਆਂ ਨੂੰ ਉਕਤ ਮਿਤੀ ਤੋਂ ਪਹਿਲਾਂ-ਪਹਿਲਾਂ ਰੁਕੀ ਹੋਈ ਰਾਸ਼ੀ ਦੀ ਅਦਾਇਗੀ ਹੋ ਜਾਣ ਦੀ ਆਸ ਨਾਲ ਮੀਟਿੰਗ ਦੀ ਸਮਾਪਤੀ ਕੀਤੀ ਗਈ।



# ਦਾਤਾ ਇਸਮਾਈਲ ਪੀਰ ਦੀ ਦਰਗਾਹ 'ਤੇ ਸਾਲਾਨਾ ਭੰਡਾਰਾ ਤੇ ਮਹਿਫ਼ਲ

**ਜਗਰਾਓਂ (ਅਮਿਤ ਖੰਨਾ)** ਦਾਤਾ ਇਸਮਾਇਲ ਪੀਰ ਜੀ ਪਿੰਡ ਕੋਟਮਾਨਾ ਲੁਧਿਆਣਾ ਵਿਖੇ ਸਾਲਾਨਾ ਭੰਡਾਰਾ ਤੇ ਮਹਿਫ਼ਲ 18 ਤੇ 19 ਜੂਨ ਨੂੰ ਹੋਵੇਗੀ। ਇਸ ਧਾਰਮਿਕ ਸਮਾਗਮ ਬਾਰੇ ਮੁੱਖ ਸੇਵਾਦਾਰ ਬਾਬਾ ਗੁਰਪ੍ਰੀਤ ਨੇ ਦੱਸਿਆ ਕਿ 18 ਜੂਨ 4 ਹਾੜ ਨੂੰ ਮਹਿੰਦੀ ਦੀ ਰਸਮ ਅਤੇ ਝੰਡੇ ਦੀ ਰਸਮ ਹੋਵੇਗੀ। 19 ਜੂਨ ਦਿਨ ਵੀਰਵਾਰ 5 ਹਾੜ ਨੂੰ ਖਤਮ ਸਰੀਫ ਤੇ ਚਾਦਰ ਦੀ ਰਸਮ ਹੋਵੇਗੀ। ਚਾਦਰ ਦੀ ਰਸਮ ਤੋਂ ਬਾਅਦ ਪੰਜਾਬ ਦੇ ਮਸਹੂਰ ਕਵਾਲ ਨਾਜਕ ਅਲੀ ਤੇ ਖਾਨ ਲੱਖੇਵਾਲਾ ਕਵਾਲੀਆਂ ਨਾਲ ਰੂਹਾਨੀਅਤ ਨਾਲ ਜੋੜਨਗੇ। ਪਹੁੰਚ ਰਹੀ ਸੰਗਤ ਲਈ ਲੰਗਰ ਦਾ ਅਤੁੱਟ ਪ੍ਰਬੰਧ ਹੋਵੇਗਾ। ਇਲਾਕੇ ਦੇ ਮਹਾਂਪੁਰਸ਼ਾਂ ਤੇ ਇਲਾਕੇ ਦੀਆਂ ਪੰਚਾਇਤਾਂ ਦੀ ਹਾਜ਼ਰੀ ਵਿੱਚ ਪਗੜੀ ਦੀ ਰਸਮ ਦੌਰਾਨ ਸੇਵਾ ਸੰਭਾਲ ਸੌਂਪੀ ਜਾਵੇਗੀ। ਪਹੁੰਚਣ ਵਾਲੀ ਸੰਗਤ ਲਈ ਮੌਸਮ ਅਨੁਸਾਰ ਪੂਰੇ ਪ੍ਰਬੰਧ ਕੀਤੇ ਗਏ ਹਨ। ਮੁੱਖ ਸੇਵਾਦਾਰ ਬਾਬਾ ਗੁਰਪ੍ਰੀਤ ਸਿੰਘ ਵੱਲੋਂ ਸੰਗਤਾਂ ਨੂੰ ਪਰਵਾਰਾਂ ਸਮੇਤ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।



# ਨਸ਼ੇ ਦਾ ਸੇਵਨ ਕਰਦੇ 2 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਸ ਵੱਲੋਂ ਦਾਣਾ ਮੰਡੀ ਜੈਮਲਵਾਲਾ ਦੇ ਕੋਲ ਨਸ਼ੇ ਦਾ ਸੇਵਨ ਕਰਦੇ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਸਹਾਇਕ ਥਾਣੇਦਾਰ ਮਹਿੰਦਰ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਦੇ ਦੌਰਾਨ ਮੰਡੀ ਜੈਮਲਵਾਲਾ ਦੇ ਕੋਲ ਪੁੱਜੇ ਤਾਂ ਪੁਰਾਣੇ ਸ਼ੈੱਡ ਹੇਠ 2 ਨੌਜਵਾਨ ਵਿਅਕਤੀ ਬੈਠੇ ਸਨ, ਜੋ ਲਾਈਟਰ ਦੀ ਮਦਦ ਨਾਲ ਨਸ਼ੇ ਦਾ ਸੇਵਨ ਕਰ ਰਹੇ ਦਿਖਾਈ ਦਿੱਤੇ, ਪੁਲਸ ਪਾਰਟੀ ਦੀ ਗੱਡੀ ਦੇਖ ਕੇ ਖਿਸਕਣ ਲੱਗੇ ਪਰ ਪੁਲਸ ਪਾਰਟੀ ਨੇ ਇਨ੍ਹਾਂ ਵਿਅਕਤੀਆਂ ਨੂੰ ਕਾਬੂ ਕਰਕੇ ਨਾਂਅ-ਪਤਾ ਪੁੱਛਿਆ ਗਿਆ ਤਾਂ ਇਨ੍ਹਾਂ ਨੇ ਲਖਵਿੰਦਰ ਸਿੰਘ ਪੁੱਤਰ ਚੰਦ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਤੇ ਅਜੇ ਕੁਮਾਰ ਪੁੱਤਰ ਸ਼ਾਮ ਸਿੰਘ ਵਾਸੀ ਢਾਬ ਖੁਸ਼ਹਾਲ ਜੋਈਆ ਦੱਸਿਆ। ਪੁਲਸ ਨੇ ਇਨ੍ਹਾਂ ਵਿਅਕਤੀਆਂ ਕੋਲੋ ਅੱਗ ਲਾਉਣ ਵਾਲਾ ਲਾਈਟਰ, ਸਿਲਵਰ ਪੰਨੀ ਅਤੇ 10 ਰੁਪਏ (ਭਾਰਤੀ ਕਰੰਸੀ) ਦਾ ਥੋੜਾ ਜਲਿਆ ਨੋਟ ਬਰਾਮਦ ਕੀਤਾ, ਜਿਸਦੇ ਬਾਅਦ ਥਾਣਾ ਵੈਰੋਕੇ ਵਿਖੇ ਮੁਕੱਦਮਾ ਨੰਬਰ 74 ਮਿਤੀ 17-06-2025 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕਰਕੇ ਪੁਲਿਸ ਵੱਲੋਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਨਿਵਿਦਾ ਸੂਚਨਾ ਪੱਤਰ ਨੰ.:– 37, 38, 39-2025-26-ADEN-JRC & 40, 41, 42, 43, 44, 45-2025-26-ADEN-LDH Date: 16.06.2025

ਸੀਨੀਅਰ ਮੰਡਲ ਇੰਜੀਨੀਅਰ-ਫਸਟ ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 08.07.2025 ਸਮਾਂ 15:00 ਵਜੇ ਤਕ www.ireps.gov.in ਤੇ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂਅਲ ਪ੍ਰਸਤਾਵ ਇਸ ਟੈਂਡਰ ਦੇ ਲਈ ਮਾਨਯ ਨਹੀਂ ਹਨ ਅਤੇ ਐਸੇ ਕਿਸੇ ਵੀ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਫਾਰਮ ਦੀ ਬਿਆਨਾ ਰਾਸ਼ੀ ਦੀ ਜਗ੍ਹਾ ਦਾ ਭੁਗਤਾਨ www.ireps.gov.in ਪੋਰਟਲ 'ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ ਕਰੈਡਿਟ ਕਾਰਡ ਆਦਿ ਦੇ ਭੁਗਤਾਨ ਨਾਲ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਪੈਕੇਟ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 13.06.2025 | 24.06.2025 | 08.07.2025 15:00 ਵਜੇ |

| ਲੜੀ ਨੰਬਰ | ਨਿਵਿਦਾ ਨੰਬਰ, ਮਿਤੀ | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ (ਰੁ.) | ਬਿਆਨਾ ਰਾਸ਼ੀ (ਰੁ.) | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ | ਕੰਮ ਦੀ ਸਮਾਨ ਨੇਚਰ |
|---|---|---|---|---|---|---|---|
| 1. | 37-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਸਾਲ 2025-26 ਦੇ ਲਈ ਡੀਐਮਯੂ ਸ਼ੇਡ, ਐਮਡੀਟੀਆਈ ਜਲੰਧਰ ਸ਼ਹਿਰ ਦੇ ਲਈ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਜੋਨ ਕੰਮ। | 69,99,372.34/- | 1,40,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 2. | 38-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਜਲੰਧਰ ਕੈਂਟ ਦੇ ਅਨੁਭਾਗ ਵਿਚ ਸਾਲ 2025-26 ਦੇ ਲਈ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ, ਸੇਵਾ ਭਵਨ ਅਤੇ ਸਟਾਫ ਕਵਾਟਰਾਂ ਦੇ ਐਮਰਜੈਂਸੀ ਕੰਮ। | 1,89,99,699.96/- | 2,45,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 3. | 39-2025-26-ADEN-JRC | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਜਲੰਧਰ ਕੈਂਟ ਦੇ ਅਨੁਭਾਗ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਲਈ ਸਲਾਨਾ ਖੇਤਰੀ ਕੰਮ। | 1,19,99,142.78/- | 2,10,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 4. | 40-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ਫਗਵਾੜਾ ਜੰਕਸ਼ਨ ਦੇ ਸੈਕਸ਼ਨ ਵਿਚ ਸੇਵਾ ਭਵਨ ਅਤੇ ਹੋਰ ਸੇਵਾ ਭਵਨ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ, ਸੇਵਾ ਭਵਨ ਅਤੇ ਸਟਾਫ ਕਵਾਟਰਾਂ ਦੇ ਐਮਰਜੈਂਸੀ ਕੰਮ। | 1,69,99,818.61/- | 2,35,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 5. | 41-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਵਿਚ ਸਟੇਸ਼ਨ ਭਵਨ ਵਿਚ ਜੋਨ ਨੰਬਰ 1/2025-26 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ, ਸੇਵਾ ਭਵਨ ਅਤੇ ਸਟਾਫ ਕਵਾਟਰਾਂ ਦੇ ਐਮਰਜੈਂਸੀ ਕੰਮ। | 1,19,99,220.67/- | 2,10,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 6. | 42-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਵਿਚ ਜੋਨ ਨੰਬਰ 2/2025-26 ਦੇ ਤਹਿਤ ਡੀਜਲ ਸ਼ੇਡ, ਆਰਪੀਐਫ ਬੈਰਕ, ਆਰਪੀਐਸਐਫ ਬੈਰਕ ਅਤੇ ਲੋਕੋ ਦਫਤਰ ਆਦਿ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | 84,99,925.04/- | 1,70,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 7. | 43-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਲੁਧਿਆਣਾ ਦੇ ਸੈਕਸ਼ਨ ਵਿਚ ਲੁਧਿਆਣਾ (ਅਕਸਕਲੂਸਿਵ)- ਸਾਹਨੇਵਾਲ ਸੈਕਸ਼ਨ ਤੇ ਸੇਵਾ ਭਵਨ ਅਤੇ ਸਟਾਫ ਕਵਾਟਰਾਂ ਵਿਚ ਜੋਨ ਨੰਬਰ 3/2025-26 ਦੇ ਤਹਿਤ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਧਨ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | 1,29,99,194.58/- | 2,15,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 8. | 44-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਕੰਮ/ ਲੁਧਿਆਣਾ ਅਨੁਭਾਗ ਵਿਚ ਲੁਧਿਆਣਾ ਵਿਚ ਕਾਲੋਨੀ ਨੰਬਰ 1 ਤੋਂ 13 ਵਿਚ ਸਟਾਫ ਕਵਾਟਰਾਂ ਦੀ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ, ਐਮਰਜੈਂਸੀ ਕੰਮ ਜੋਨ ਨੰਬਰ 4/2025-26 ਤੇ ਕੰਮ। | 1,29,99,499.84/- | 2,15,000.00/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 9. | 45-2025-26-ADEN-LDH | ਸਹਾਇਕ ਮੰਡਲ ਇੰਜੀਨੀਅਰ/ਲੁਧਿਆਣਾ ਦੇ ਅਧਿਕਾਰ ਖੇਤਰ ਵਿਚ ਲੁਧਿਆਣਾ ਵਿਚ ਜੋਨ ਨੰਬਰ 5/2025-26 ਦੇ ਤਹਿਤ ਇਲੈਕਟ੍ਰਿਕ ਸ਼ੇਡ ਅਤੇ ਟੀਆਰਡੀ ਦਫਤਰ ਆਦਿ ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚਿਆਂ ਵਿਚ ਪਰਿਵਰਧਨ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ। | 29,99,218.58/- | 60,000.00/- | 60 ਦਿਨ | 12 ਮਹੀਨੇ | "ਕੋਈ ਕੰਮ ਨਹੀਂ।" |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ। 1819/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਮੰਡਲ ਇੰਜੀਨੀਅਰ-ਹੈਡਕੁ. ਫਿਰੋਜਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਹੇਠਾਂ ਲਿਖਤ ਈ-ਨਿਵਿਦਾਵਾਂ, ਅੰਤਮ ਮਿਤੀ 08.07.2025 ਸਮਾਂ 15.00 ਵਜੇ ਤਕ, www.ireps.gov.in ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਟੈਂਡਰ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ ਇਨਾਂ ਟੈਂਡਰਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ।ਠੇਕੇਦਾਰ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜਤ ਨਹੀਂ ਹੈ।

| ਨਿਵਿਦਾ ਪ੍ਰਕਾਰ | ਖੁਲ੍ਹਾ | ਨਿਵਿਦਾ ਅਨੁਭਾਗ | ਕੰਮ | ਪੈਕੇਟ ਪ੍ਰਣਾਲੀ | ਸਿੰਗਲ ਪੈਕੇਟ ਪ੍ਰਣਾਲੀ |
|---|---|---|---|---|---|
| ਨਿਵਿਦਾ ਅਪਲੋਡ ਕਰਨ ਦੀ ਮਿਤੀ | 14.06.2025 | ਬੋਲੀ ਸ਼ੁਰੂ ਦੀ ਮਿਤੀ | 24.06.2025 | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ | 08.07.2025 ਨੂੰ 15:00 ਵਜੇ |

| ਲ. ਨੰ. | ਨਿਵਿਦਾ ਨੰ. | ਨਿਵਿਦਾ ਦਾ ਵੇਰਵਾ | ਵਿਗਿਆਪਨ ਮੁੱਲ | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਨ ਦੀ ਅਵਧੀ | ਕੰਮ ਦੀ ਸਮਾਨ ਨੇਚਰ |
|---|---|---|---|---|---|---|---|
| 1. | 46-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਫਿਰੋਜਪੁਰ ਦੇ ਅਨੁਭਾਗ ਵਿਚ ਫਿਰੋਜਪੁਰ (ਜੋਨ ਨੰਬਰ-1) ਵਿਚ ਕਾਲੋਨੀ ਨੰਬਰ 1 ਅਤੇ 2 ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ ਐਮਰਜੈਂਸੀ ਕੰਮ (2025-2026)। | ₹1,29,93,821.39 | ₹2,15,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 2. | 47-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਫਿਰੋਜਪੁਰ ਦੇ ਅਨੁਭਾਗ ਵਿਚ ਫਿਰੋਜਪੁਰ (ਜੋਨ ਨੰਬਰ-2) ਵਿਚ ਕਾਲੋਨੀ ਨੰਬਰ 3 ਅਤੇ 4 ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ ਐਮਰਜੈਂਸੀ ਕੰਮ (2025-2026)। | ₹1,29,99,957.54 | ₹2,15,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 3. | 48-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਫਿਰੋਜਪੁਰ ਦੇ ਸੈਕਸ਼ਨ ਵਿਚ ਸੇਵਾ ਭਵਨਾਂ ਅਤੇ ਫਿਰੋਜਪੁਰ-ਤਲਵੰਡੀ ਸੇਕਸ਼ਨ (ਜੋਨ ਨੰਬਰ-3) ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ ਐਮਰਜੈਂਸੀ ਕੰਮ (2025-2026)। | ₹1,19,97,292.14 | ₹2,10,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 4. | 49-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਕੋਟਕਪੁਰਾ ਦੇ ਸੈਕਸ਼ਨ ਵਿਚ ਫਿਰੋਜਪੁਰ (ਛੱਡ ਕੇ)-ਬਠਿੰਡਾ (ਛੱਡ ਕੇ) ਅਤੇ ਕੋਟਕਪੁਰਾ-ਫਾਜਿਲਕਾ (ਛੱਡ ਕੇ) ਸੈਕਸ਼ਨ (ਜੋਨ ਨੰਬਰ-4) ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ ਐਮਰਜੈਂਸੀ ਕੰਮ (2025-2026)। | ₹1,59,96,094.20 | ₹2,30,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 5. | 50-2025-26-ADEN-FZR-1 | ਸਹਾਇਕ ਮੰਡਲ ਇੰਜੀਨੀਅਰ-ਫਸਟ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਜਗਰਾਉਂ ਦੇ ਸੈਕਸ਼ਨ ਵਿਚ ਤਲਵੰਡੀ (ਛੱਡ ਕੇ)-ਲੁਧਿਆਣਾ (ਛੱਡ ਕੇ) ਸੈਕਸ਼ਨ (ਜੋਨ ਨੰਬਰ-5) ਵਿਚ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ ਐਮਰਜੈਂਸੀ ਕੰਮ (2025-2026)। | ₹1,19,94,422.90 | ₹2,10,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 6. | 51-2025-26-ADEN-FZR-2 | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਜਲਾਲਾਬਾਦ ਸੈਕਸ਼ਨ ਵਿਚ ਫਿਰੋਜਪੁਰ ਸ਼ਹਿਰ ਤੋਂ ਫਾਜਿਲਕਾ ਅਤੇ ਅਬੋਹਰ ਤੋਂ ਫਾਜਿਲਕਾ (ਛੱਡ ਕੇ) ਤੋਂ ਫਿਰੋਜਪੁਰ ਸ਼ਹਿਰ ਸੈਕਸ਼ਨ (ਜੋਨ ਨੰਬਰ-1) ਤਕ ਸਟੇਸ਼ਨ ਭਵਨਾਂ ਅਤੇ ਹੋਰ ਸੇਵਾ ਭਵਨਾਂ ਤੇ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਰਧਨ ਅਤੇ ਬਦਲਾਅ (2025-2026)। | ₹99,75,435.78 | ₹1,99,500/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |
| 7. | 52-2025-26-ADEN-FZR-2 | ਸਹਾਇਕ ਮੰਡਲ ਇੰਜੀਨੀਅਰ-ਸੈਕਿੰਡ/ਫਿਰੋਜਪੁਰ ਦੇ ਤਹਿਤ ਸੀਨੀਅਰ ਅਨੁਭਾਗੀ ਇੰਜੀਨੀਅਰ/ਉਸਾਰੀ/ਲੋਹਿਯਾਂ ਖਾਸ ਦੇ ਸੈਕਸ਼ਨ ਵਿਚ ਫਿਰੋਜਪੁਰ (ਛੱਡ ਕੇ)-ਜਲੰਧਰ ਸ਼ਹਿਰ (ਛੱਡ ਕੇ) ਸੇਕਸ਼ਨ (ਜੋਨ ਨੰਬਰ-2) ਦੇ ਸਟੇਸ਼ਨ ਭਵਨਾਂ ਅਤੇ ਹੋਰ ਸੇਵਾ ਭਵਨਾਂ ਤੇ ਸਾਧਾਰਨ ਮੁਰੰਮਤ ਅਤੇ ਰਖਰਖਾਅ ਦੇ ਨਾਲ-ਨਾਲ ਨਵੇਂ ਕੰਮ, ਮੌਜੂਦਾ ਢਾਂਚੇ ਵਿਚ ਪਰਿਵਧ੍ਨ ਅਤੇ ਬਦਲਾਅ ਅਤੇ ਐਮਰਜੈਂਸੀ ਕੰਮ (2025-2026)। | ₹89,99,406.06 | ₹1,80,000/- | 60 ਦਿਨ | 12 ਮਹੀਨੇ | "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" |

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਨੰਬਰ : 46, 47, 48, 49, 50-2025-26-ADEN-FZR-1 & 51, 52-2025-26-ADEN-FZR-2 ਤਾਰੀਕ : 17.06.2025 1796/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਫਿਰੌਤੀ ਲੈ ਕੇ ਘਰ 'ਤੇ ਹਮਲਾ ਕਰਨ ਵਾਲੇ 2 ਨੌਜਵਾਨ ਗ੍ਰਿਫ਼ਤਾਰ



**ਫਿਲੌਰ (ਨਿਰਮਲ)**

ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਵਿੰਦਰ ਸਿੰਘ ਵਿਰਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਨਸ਼ਾ ਤਸਕਰਾਂ ਅਤੇ ਭੈੜੇ ਅਨਸਰਾਂ, ਲੁੱਟ-ਖੋਹ ਦੀਆਂ ਵਾਰਦਾਤਾਂ ਨੂੰ ਰੋਕਣ ਲਈ ਰੋਕਥਾਮ ਸਬੰਧੀ ਸਪੈਸ਼ਲ ਮੁਹਿਮ ਤਹਿਤ ਡੀ.ਐਸ.ਪੀ ਫਿਲੌਰ ਸਰਵਨ ਸਿੰਘ ਬੱਲ ਦੀਆਂ ਹਦਾਇਤਾਂ ਮੁਤਾਬਿਕ ਥਾਣਾ ਮੁਖੀ ਬਿਲਗਾ ਇੰਸਪੈਕਟਰ ਪਲਵਿੰਦਰ ਸਿੰਘ ਅਤੇ ਥਾਣਾ ਬਿਲਗਾ ਦੀ ਪੁਲਸ ਵੱਲੋਂ ਜਸਵੀਰ ਸਿੰਘ ਪੁੱਤਰ ਧੰਨਾ ਸਿੰਘ ਵਾਸੀ ਬੁਰਜ ਖੇਲਾ ਥਾਣਾ ਬਿਲਗਾ ਜ਼ਿਲ੍ਹਾ ਜਲੰਧਰ ਦੇ ਘਰ 'ਤੇ ਫਿਰੌਤੀ ਲੈ ਕੇ ਹਮਲਾ ਕਰਨ ਸਬੰਧੀ ਦਰਜ ਮੁਕੱਦਮਾ ਥਾਣਾ ਬਿਲਗਾ ਵਿੱਚ 2 ਨੌਜਵਾਨਾ ਨੂੰ ਗ੍ਰਿਫਤਾਰ ਕਰਕੇ ਇਹਨਾ ਪਾਸੋਂ ਇੱਕ ਪਿਸਟਲ 7.65 ਐਮ ਐਮ ਸਮੇਤ 2 ਮੈਗਜ਼ੀਨ 7 ਜ਼ਿੰਦਾ ਕਾਰਤੂਸ ਸਮੇਤ ਇੱਕ ਬੁਲਟ ਮੋਟਰ ਸਾਈਕਲ ਸਮੇਤ 2 ਮੋਬਾਇਲ ਫੋਨ ਬ੍ਰਾਮਦ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ।ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਡੀ.ਐਸ.ਪੀ ਫਿਲੌਰ ਸਰਵਨ ਸਿੰਘ ਬੱਲ ਨੇ ਦੱਸਿਆ ਕਿ 10 ਜੂਨ ਨੂੰ ਰਾਤ ਸਮੇਂ ਉਸ ਦੇ ਘਰ ਦੇ ਬਾਹਰ ਉਸ ਦੇ ਪਰਵਾਰ ਨੂੰ ਮਾਰ ਦੇਣ ਦੀ ਨੀਅਤ ਨਾਲ ਰੈਕੀ ਕਰਕੇ ਨਾ ਮਲੂਮ ਵਿਅਕਤੀਆਂ ਵੱਲੋਂ ਫਿਰੌਤੀ ਲੈ ਕੇ ਘਰ ਦੇ ਗੇਟ ਵਿੱਚ ਅਤੇ ਕੰਧ ਵਿੱਚ ਗੋਲੀਆਂ ਮਾਰੀਆਂ ਗਈਆਂ ਸਨ। ਜਿਸ ਸਬੰਧੀ ਮੁਕੱਦਮਾ ਥਾਣਾ ਬਿਲਗਾ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ। ਜਿਸ ਸਬੰਧੀ ਇੰਸ: ਪਲਵਿੰਦਰ ਸਿੰਘ ਮੁੱਖ ਅਫਸਰ ਥਾਣਾ ਬਿਲਗਾ ਦੀ ਨਿਗਰਾਨੀ ਹੇਠ ਦੌਰਾਨੇ ਤਫਤੀਸ਼ ਪੁਲਸ ਪਾਰਟੀ ਵੱਲੋਂ 16 ਜੂਨ ਨੂੰ 2 ਦੋਸ਼ੀ ਜਿਨ੍ਹਾਂ ਦੇ ਨਾਮ ਬਿਕਰਮਜੀਤ ਸਿੰਘ ਉਰਫ਼ ਕਾਲੂ ਪੁੱਤਰ ਨਿਰਮਲ ਸਿੰਘ ਵਾਸੀ ਕਮਾਲਕੇ ਮੁਰਦ ਥਾਣਾ ਧਰਮਕੋਟ ਜ਼ਿਲ੍ਹਾ ਮੋਗਾ ਅਤੇ ਲਵਪ੍ਰੀਤ ਸਿੰਘ ਉਰਫ਼ ਲਵਲੀ ਪੁੱਤਰ ਰੂੜਾ ਰਾਮ ਵਾਸੀ ਪਿੰਡ ਸੰਗਲਾ ਥਾਣਾ ਧਰਮਕੋਟ ਜ਼ਿਲ੍ਹਾ ਮੋਗਾ ਹਨ, ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਇਨ੍ਹਾਂ ਪਾਸੋਂ ਇੱਕ ਪਿਸਟਲ 7.65 ਐਮ ਐਮ ਸਮੇਤ 2 ਮੈਗਜ਼ੀਨ 7 ਜ਼ਿੰਦਾ ਕਾਰਤੂਸ ਸਮੇਤ ਇੱਕ ਬੁਲਟ ਮੋਟਰ ਸਾਈਕਲ ਸਮੇਤ 2 ਮੋਬਾਇਲ ਫੋਨ ਬ੍ਰਾਮਦ ਕਰਨ ਵਿੱਚ ਵੱਡੀ ਸਫ਼ਲਤਾ ਹਾਸਲ ਕੀਤੀ। ਜਿਹਨਾਂ ਨੂੰ ਅਦਾਲਤ ਵਿੱਚ ਪੇਸ਼ ਕਰਕੇ 1 ਦਿਨ ਦਾ ਪੁਲਸ ਰਿਮਾਂਡ ਹਾਸਲ ਕਰਕੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

# ਈਰਾਨ 'ਚ ਫ਼ਸੇ ਭਾਰਤੀਆਂ ਨੂੰ ਸੁਰੱਖਿਅਤ ਕੱਢਣ ਲਈ ਪ੍ਰਧਾਨ ਮੰਤਰੀ ਆਪਣਾ ਅਸਰ-ਰਸੂਖ ਵਰਤਣ : ਸੀਚੇਵਾਲ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਪੁਰੀ)**

ਰਾਜ ਸਭਾ ਮੈਂਬਰ ਤੇ ਵਾਤਾਵਰਣ ਪ੍ਰੇਮੀ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਇਜ਼ਰਾਈਲ ਅਤੇ ਈਰਾਨ ਵਿੱਚ ਛਿੜੀ ਜੰਗ 'ਤੇ ਚਿੰਤਾ ਪ੍ਰਗਟਾਉਂਦਿਆਂ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਅਸਰ ਰਸੂਖ ਵਰਤ ਕੇ ਈਰਾਨ ਵਿੱਚ ਫ਼ਸੇ ਭਾਰਤੀਆਂ ਨੂੰ ਸੁਰੱਖਿਅਤ ਬਾਹਰ ਕੱਢਣ। ਉਨ੍ਹਾਂ ਕਿਹਾ ਕਿ ਜੰਗ ਕਿਸੇ ਮਸਲੇ ਦਾ ਹੱਲ ਨਹੀਂ। ਜਿਸ ਵੀ ਦੇਸ਼ ਦਾ ਇੱਕ ਦੂਜੇ ਦੇਸ਼ ਨਾਲ ਰੌਲਾ ਜਾਂ ਵਿਵਾਦ ਚੱਲ ਰਿਹਾ ਹੈ, ਉਸ ਨੂੰ ਟੇਬਲ 'ਤੇ ਮਿਲ ਬੈਠ ਕੇ ਉਸ ਦਾ ਹੱਲ ਕੀਤਾ ਜਾ ਸਕਦਾ ਹੈ। ਸੰਤ ਸੀਚੇਵਾਲ ਨੇ ਇਕ ਵਿਚ ਛਿੜ ਦੂਰਗਾਮੀ ਕਿ ਸਮੁੱਚੀ ਦੁਨੀਆ ਵਿੱਚ ਸੁੱਖ ਸ਼ਾਂਤੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਫ਼ਲਸਫੇ 'ਤੇ ਪਹਿਰਾ ਦੇਣ ਨਾਲ ਹੀ ਆ ਸਕਦੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਵਿੱਚ ਸ਼ਾਂਤੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਸਰਬੱਤ ਦੇ ਭਲੇ ਦੇ ਫ਼ਲਸਫੇ ਅਨੁਸਾਰ ਹੀ ਆ ਸਕਦੀ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਪਹਿਲਾਂ ਹੀ ਲੰਮੇ ਸਮੇਂ ਤੋਂ ਯੂਕ੍ਰੇਨ ਅਤੇ ਰੂਸ ਵਿਚਕਾਰ ਯੁੱਧ ਚੱਲ ਰਿਹਾ ਹੈ। ਦੋਹਾਂ ਮੁਲਕਾਂ ਵਿੱਚ ਵੱਡੀ ਪੱਧਰ 'ਤੇ ਜਾਨੀ ਤੇ ਮਾਲੀ ਨੁਕਸਾਨ ਹੋ ਰਿਹਾ ਹੈ। ਇਸੇ ਤਰ੍ਹਾਂ ਇਜ਼ਰਾਈਲ ਤੇ ਹਮਾਸ ਵਿੱਚ ਜੰਗ ਚੱਲ ਰਹੀ ਹੈ। ਸੰਤ ਸੀਚੇਵਾਲ ਨੇ ਕਿਹਾ ਕਿ ਜੰਗ ਵਿੱਚ ਕਿੰਨੇ ਬੱਚੇ ਮਾਰੇ ਗਏ ਹਨ, ਜਿਨ੍ਹਾਂ ਨੂੰ ਅਜੇ ਜੰਗ ਦੇ ਅਰਥਾਂ ਦਾ ਵੀ ਨਹੀਂ ਪਤਾ। ਸੰਤ ਸੀਚੇਵਾਲ ਨੇ ਕਿਹਾ ਕਿ ਧਰਤੀ 'ਤੇ ਕਿਸੇ ਵੀ ਮੁਲਕ ਵਿੱਚ ਜਦੋਂ ਜੰਗ ਲੱਗਦੀ ਹੈ ਤਾਂ ਸਭ ਤੋਂ ਵੱਧ ਪ੍ਰਭਾਵ ਮਜ਼ਦੂਰ ਅਤੇ ਮੱਧ ਵਰਗੀ ਲੋਕਾਂ ਉੱਪਰ ਹੀ ਪੈਂਦਾ ਹੈ। ਉਨ੍ਹਾਂ ਕਿਹਾ ਕਿ ਜਦੋਂ ਦੁਨੀਆ ਭਰ ਦੇ ਮੁਲਕ ਇਕ-ਦੂਜੇ 'ਤੇ ਨਿਰਭਰ ਹਨ ਤਾਂ ਜੰਗ ਦਾ ਅਸਰ ਸਮੁੱਚੀ ਦੁਨੀਆ ਦੇ ਗਰੀਬ ਲੋਕਾਂ 'ਤੇ ਹੀ ਪੈਂਦਾ ਹੈ।

ਰਾਜ ਸਭਾ ਮੈਂਬਰ ਸੰਤ ਸੀਚੇਵਾਲ ਨੇ ਜੰਗ ਕਰ ਰਹੇ ਮੁਲਕਾਂ ਦੇ ਮੁਖੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਐਟਮ ਬੰਬਾਂ ਨਾਲ ਧਰਤੀ ਨੂੰ ਤਬਾਹ ਕਰਨ ਦੀਆਂ ਵਿਉਂਤਾਂ ਘੜਨ ਦੀ ਥਾਂਹ ਬੇ-ਰੁਜ਼ਗਾਰੀ ਵਿਰੁੱਧ ਜੰਗ ਲੜਨ, ਦੇਸ਼ਾਂ ਵਿੱਚ ਅਨਪੜ੍ਹਤਾ ਖ਼ਤਮ ਕਰਨ ਦੀਆਂ ਯੋਜਨਾਵਾਂ ਘੜਨ। ਦੁਨੀਆ ਦੇ ਮੁਲਕ ਪੀਣ ਵਾਲੇ ਪਾਣੀ ਨੂੰ ਤਰਸ ਰਹੇ ਹਨ, ਦਰਿਆ ਪਲੀਤ ਹੋ ਰਹੇ ਹਨ। ਉਹ ਪ੍ਰਦੂਸ਼ਣ ਵਿਰੁੱਧ ਜੰਗ ਲੜਨ ਨਾ ਕਿ ਦੁਨੀਆ ਦੇ ਖ਼ਾਤਮੇ ਲਈ ਕੰਮ ਕਰਨ।

# 9 ਜੁਲਾਈ ਦੀ ਦੇਸ਼-ਵਿਆਪੀ ਹੜਤਾਲ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸੀਟੂ, ਇਟਕ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ, ਕੁੱਲ ਹਿੰਦ ਕਿਸਾਨ ਸਭਾ, ਕੁੱਲ ਹਿੰਦ ਕਿਸਾਨ ਸਭਾ 1936 ਅਤੇ ਪੰਜਾਬ ਖੇਤ ਮਜ਼ਦੂਰ ਸਭਾ ਦੀ ਸਾਂਝੀ ਮੀਟਿੰਗ ਸਾਥੀ ਰਾਮ ਸਿੰਘ ਨੂਰਪੁਰੀ ਅਤੇ ਸਾਥੀ ਨਰੰਜਣ ਦਾਸ ਮੇਹਲੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ 'ਚ ਸਭ ਤੋਂ ਪਹਿਲਾਂ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਅਤੇ ਪ੍ਰੇਮ ਸਿੰਘ ਮੰਢਾਲੀ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ 'ਚ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਨੇ ਹੜਤਾਲ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ।ਅਗਲੀ ਮੀਟਿੰਗ 20 ਜੂਨ ਨੂੰ 11 ਵਜੇ ਨਵਾਂਸ਼ਹਿਰ ਦੇ ਮਲਕੀਤ ਚੰਦ ਮਹਿਲੀ ਭਵਨ ਵਿਖੇ ਜਨਤਕ ਅਤੇ ਜਮਾਤੀ ਜਥੇਬੰਦੀਆਂ ਦੀ ਹੋਵੇਗੀ, ਜਿਸ 'ਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਾਰੇ ਆਗੂ ਅਤੇ ਵਰਕਰਾਂ ਦੀ ਹਿੱਸਾ ਲੈਣਗੇ।20 ਜੂਨ ਦੀ ਮੀਟਿੰਗ ਵਿੱਚ ਜਿਲ੍ਹੇ ਦੀਆਂ ਵੱਖ-ਵੱਖ ਯੂਨੀਅਨਾਂ, ਕਿਸਾਨ ਸਭਾਵਾਂ, ਖੇਤ ਮਜ਼ਦੂਰ, ਆਂਗਣਵਾੜੀ ਵਰਕਰ ਯੂਨੀਅਨ, ਆਸ਼ਾ ਵਰਕਰ ਯੂਨੀਅਨ, ਜਨਵਾਦੀ ਇਸਤਰੀ ਸਭਾ, ਪੰਜਾਬ ਇਸਤਰੀ ਸਭਾ ਅਤੇ ਹੋਰ ਜਥੇਬੰਦੀਆਂ ਦੇ ਜ਼ਿਲ੍ਹਾ ਪੱਧਰੀ ਆਗੂ ਅਤੇ ਵਰਕਰ ਇਸ ਮੀਟਿੰਗ 'ਚ ਹਿੱਸਾ ਲੈਣਗੇ। ਮੀਟਿੰਗ 'ਚ ਆਗੂਆਂ ਨੇ ਦੱਸਿਆ ਕਿ ਇਹ ਹੜਤਾਲ ਪਹਿਲਾਂ 20 ਮਈ ਨੂੰ ਹੋਣੀ ਸੀ, ਪਰ ਦੇਸ਼ ਦੇ ਕੁਝ ਹਾਲਾਤਾਂ ਨੂੰ ਦੇਖਦੇ ਹੋਏ ਇਹ ਹੜਤਾਲ ਹੁਣ 9 ਜੁਲਾਈ ਨੂੰ ਹੋਵੇਗੀ।ਅੱਜ ਦੀ ਮੀਟਿੰਗ ਚ ਮਹਾਂ ਸਿੰਘ ਰੌੜੀ, ਜਸਵਿੰਦਰ ਸਿੰਘ ਭੰਗਲ, ਚਰਨਜੀਤ ਸਿੰਘ ਦੌਲਤਪੁਰ, ਦਸਧਾ ਸਿੰਘ, ਸੁਖਦੇਵ ਸਿੰਘ ਗਰਚਾ, ਜੁਗਿੰਦਰ ਲੜੋਆ, ਬਲਵੀਰ ਸਿੰਘ ਮਹਿਤਪੁਰ, ਧਰਮਪਾਲ, ਪਰਮਜੀਤ ਸਿੰਘ, ਜਸਵਿੰਦਰ ਰਾਹੋਂ, ਗੁਰਿੰਦਰ ਰਾਮ ਰਾਹੋਂ,ਭੁਪਿੰਦਰ ਸਿੰਘ ਕੌਲਗੜ, ਹੁਸਨ ਸਿੰਘ ਮਝੋਟ, ਅੱਛਰ ਸਿੰਘ ਟੋਰੋਵਾਲ, ਜਰਨੈਲ ਸਿੰਘ ਰਾਣੇਵਾਲ, ਸਰਾਧੂ ਰਾਮ ਤਾਜੋਵਾਲ ਸਮੇਤ ਹੋਰ ਬਹੁਤ ਸਾਰੇ ਆਗੂ ਹਾਜ਼ਰ ਸਨ।



# ਸਰਕਾਰੀ, ਪ੍ਰਾਈਵੇਟ ਬਿਲਡਿੰਗਾਂ 'ਤੇ ਇਸ਼ਤਿਹਾਰ 'ਤੇ ਪਾਬੰਦੀ

ਸ਼ਹੀਦ ਭਗਤ ਸਿੰਘ ਨਗਰ, 18 ਜੂਨ (ਮਨੋਜ ਲਾਡੀ)-ਜ਼ਿਲ੍ਹਾ ਮੈਜਿਸਟਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਕਿਸੇ ਵੀ ਵਿਅਕਤੀ ਵੱਲੋਂ ਸਰਕਾਰੀ/ਪ੍ਰਾਈਵੇਟ ਬਿਲਡਿੰਗਾਂ/ਨੈਸ਼ਨਲ ਹਾਈਵੇ/ ਲਿੰਕ ਸੜਕਾਂ/ ਦਰੱਖਤਾਂ 'ਤੇ ਸਬੰਧਤ ਵਿਭਾਗਾਂ ਅਤੇ ਮਾਲਕਾਂ ਦੀ ਪ੍ਰਵਾਨਗੀ ਤੋਂ ਬਿਨਾਂ ਇਸ਼ਤਿਹਾਰ ਅਤੇ ਹੋਰਡਿੰਗ ਬੋਰਡ ਲਗਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਅਨੁਸਾਰ ਅਜਿਹੇ ਇਸ਼ਤਿਹਾਰਾਂ/ਹੋਰਡਿੰਗਜ਼ ਨਾਲ ਰਾਹਗੀਰਾਂ ਦਾ ਧਿਆਨ ਭਟਕਦਾ ਹੈ ਅਤੇ ਹਾਦਸੇ ਹੋਣ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ ਜਿਸ ਦੇ ਮੱਦੇਨਜ਼ਰ ਇਹ ਪਾਬੰਦੀ ਲਾਈ ਗਈ ਹੈ। ਇਹ ਹੁਕਮ 23 ਅਗਸਤ 2025 ਤੱਕ ਲਾਗੂ ਰਹੇਗਾ।

# ਚਰਸ ਸਮੇਤ ਦੋ ਕਾਬੂ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਏ ਐਸ ਆਈ ਅਨਿਲ ਕੁਮਾਰ ਸਮੇਤ ਪੁਲਸ ਪਾਰਟੀ ਵੱਲੋਂ ਨਸ਼ੇ ਦੇ ਸੌਦਾਗਰਾਂ ਨੂੰ ਫੜਨ ਵਾਸਤੇ ਗਸ਼ਤ ਕਰ ਰਹੇ ਸੀ ਤਾਂ ਜਦੋਂ ਪੁਲਸ ਪਾਰਟੀ ਭੰਗੀ ਪੁੱਲ ਤੋਂ ਹੁੰਦੇ ਹੋਏ ਦੁਸਾਹਿਰਾ ਗਰਾਊਂਡ ਧੋਬੀ ਘਾਟ ਚੌਕ ਤੋਂ ਊਨਾ ਰੋਡ ਨੂੰ ਜਾ ਰਹੇ ਸੀ ਤਾਂ ਅੱਗੋ ਦੋ ਵਿਅਕਤੀ ਪੈਦਲ ਆਉਂਦੇ ਦਿਖਾਈ ਦਿੱਤੇ ਜੋ ਪੁਲਸ ਪਾਰਟੀ ਨੂੰ ਦੇਖ ਕੇ ਘਬਰਾ ਕੇ ਪਿੱਛੇ ਮੁੜਨ ਲੱਗੇ ਤਾਂ ਏ ਐਸ ਆਈ ਅਨਿਲ ਕੁਮਾਰ ਨੇ ਸ਼ੱਕ ਦੇ ਤੌਰ 'ਤੇ ਉਨ੍ਹਾ ਨੂੰ ਕਾਬੂ ਕਰਕੇ ਉਹਨਾਂ ਦਾ ਨਾਂਅ ਪਤਾ ਪੁੱਛਿਆ, ਤਾ ਉਹਨਾਂ 'ਚੋਂ ਇੱਕ ਨੇ ਆਪਣਾ ਨਾਂਅ ਬਲਵੀਰ ਸਿੰਘ ਉਰਫ ਬੀਰਾ ਵਾਸੀ ਰਣਜੀਤ ਨਗਰ ਗਲੀ ਨੰ 01 ਹੁਸ਼ਿਆਰਪੁਰ ਅਤੇ ਪਵਨ ਕੁਮਾਰ ਵਾਸੀ ਮੁਹੱਲਾ ਪ੍ਰੇਮਗੜ੍ਹ ਹੁਸ਼ਿਆਰਪੁਰ ਦੱਸਿਆ।ਏ ਐਸ ਆਈ ਅਨਿਲ ਕੁਮਾਰ ਨੇ ਦੱਸਿਆ ਕਿ ਇਹਨਾਂ ਦੀ ਤਲਾਸ਼ੀ ਕਰਨ 'ਤੇ ਉਕਤ ਵਿਅਕਤੀਆਂ ਕੋਲੋਂ 500 ਗ੍ਰਾਮ ਚਰਸ ਬਰਾਮਦ ਹੋਈ।ਜਿਸ 'ਤੇ ਬਲਵੀਰ ਸਿੰਘ ਉਰਫ ਬੀਰਾ ਅਤੇ ਪਵਨ ਕੁਮਾਰ ਗ੍ਰਿਫਤਾਰ ਕਰਕੇ ਦੋਵੇਂ ਮੁਲਜਮਾਂ ਤੇ ਥਾਣਾ ਸਿਟੀ ਵਿਖੇ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ।

# ਲੁਧਿਆਣਾ ਉਪ-ਚੋਣ 'ਚ 'ਆਪ' ਦੀ ਸ਼ਾਨਦਾਰ ਜਿੱਤ ਵੇਖ ਕੇ ਵਿਰੋਧੀ ਧਿਰ ਬੌਖਲਾਈ : ਡਾ. ਰਵਜੋਤ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਅਤੇ ਹਲਕਾ ਸ਼ਾਮ 84 ਤੋਂ ਵਿਧਾਇਕ ਡਾਕਟਰ ਰਵਜੋਤ ਸਿੰਘ ਦੀਆਂ ਸੋਸ਼ਲ ਮੀਡੀਆ 'ਤੇ ਸਾਹਮਣੇ ਆਈਆਂ ਵਿਵਾਦਗ੍ਰਸਤ ਵੀਡੀਓਜ਼ ਦੀਆਂ ਤਸਵੀਰਾਂ ਨੇ ਪੰਜਾਬ ਦੇ ਸਿਆਸੀ ਹਲਕਿਆਂ ਵਿੱਚ ਤਰਥੱਲੀ ਮਚਾ ਕੇ ਰੱਖੀ ਹੋਈ ਹੈ। ਇਹਨਾਂ ਪੋਸਟਾਂ ਉੱਪਰ ਜਿੱਥੇ ਸੂਝਵਾਨ ਬੁੱਧੀਜੀਵੀਆਂ ਵੱਲੋਂ ਆਪਣੇ ਕੁਮੈਂਟਾਂ ਵਿੱਚ ਇਸ ਵਰਤਾਰੇ ਦੀ ਨਿੰਦਾ ਕਰਦਿਆਂ ਇਸ ਨੂੰ ਇਖਲਾਕ ਤੋਂ ਡਿੱਗੀ ਹੋਈ ਕਾਰਵਾਈ ਅਤੇ ਘਟੀਆ ਰਾਜਨੀਤੀ ਦੀ ਪੈਦਾਵਾਰ ਕਰਾਰ ਦਿੱਤਾ, ਉੱਥੇ ਵੱਖ-ਵੱਖ ਸੋਸ਼ਲ ਮੀਡੀਆ ਹੈਂਡਲਰਾਂ ਨੇ ਇਸ ਦੇ ਸੰਬੰਧ ਵਿੱਚ ਵੱਖ ਵੱਖ ਕੁਮੈਂਟ ਕਰਦਿਆਂ ਆਪਣੀ ਰਾਏ ਦਿੱਤੀ ਹੈ ।ਸਥਾਨਕ ਸਰਕਾਰਾਂ ਮੰਤਰੀ ਡਾਕਟਰ ਰਵਜੋਤ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ ਉੱਤੇ ਆਪਣਾ ਸਪੱਸ਼ਟੀਕਰਨ ਦਿੰਦਿਆਂ ਅਜਿਹੀਆਂ ਘਟੀਆ ਹਰਕਤਾਂ ਕਰਨ ਵਾਲਿਆਂ ਨੂੰ ਸਬਕ ਸਿਖਾਉਣ ਦੀ ਚੇਤਾਵਨੀ ਦਿੱਤੀ ਹੈ ।ਆਪਣੇ ਸੋਸ਼ਲ ਮੀਡੀਆ ਅਕਾਊਂਟ 'ਤੇ ਡਾਕਟਰ ਰਵਜੋਤ ਸਿੰਘ ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਲੁਧਿਆਣਾ ਉਪ-ਚੋਣ ਵਿੱਚ ਆਮ ਆਦਮੀ ਪਾਰਟੀ ਦੀ ਸ਼ਾਨਦਾਰ ਜਿੱਤ ਵੇਖ ਕੇ ਵਿਰੋਧੀ ਧਿਰ ਇੰਨੀ ਬੌਖਲਾ ਗਈ ਹੈ ਕਿ ਉਸ ਦੇ ਆਗੂਆਂ ਨੇ ਨੀਚਤਾ ਦੀਆਂ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਇਨ੍ਹਾਂ ਦੇ ਕੁਝ ਆਗੂ ਮੇਰੀ ਸਾਬਕਾ ਪਤਨੀ ਨਾਲ ਮੇਰੀਆਂ ਨਿੱਜੀ ਤਸਵੀਰਾਂ ਨੂੰ ਏ ਆਈ ਦੀ ਮਦਦ ਨਾਲ ਐਡਿਟ ਕਰਕੇ ਸੋਸ਼ਲ ਮੀਡੀਆ 'ਤੇ ਵਾਇਰਲ ਕਰ ਰਹੇ ਹਨ। ਇਨ੍ਹਾਂ ਨੇ ਮੈਨੂੰ ਨਿਸ਼ਾਨਾ ਇਸ ਲਈ ਬਣਾਇਆ ਕਿਉਂਕਿ ਮੈਂ ਇੱਕ ਦਲਿਤ ਪਰਵਾਰ ਨਾਲ ਸਬੰਧ ਰੱਖਦਾ ਹਾਂ ਅਤੇ ਪੰਜਾਬ ਦੀ ਜਨਤਾ ਨੇ ਇਨ੍ਹਾਂ ਦੀ ਗੁੰਡਾਗਰਦੀ ਅਤੇ ਭ੍ਰਿਸ਼ਟ ਸਿਆਸਤ ਨੂੰ ਹਰਾ ਕੇ ਮੈਨੂੰ ਚੁਣਿਆ ਹੈ।ਇਹ ਹਰਕਤ ਸਿਰਫ ਮੇਰੀ ਨਹੀਂ, ਸਗੋਂ ਇੱਕ ਔਰਤ ਦੀ ਇੱਜ਼ਤ ਨੂੰ ਵੀ ਠੇਸ ਪਹੁੰਚਾਉਣ ਵਾਲੀ ਹੈ ਅਤੇ ਸਮਾਜ ਵਿੱਚ ਔਰਤਾਂ ਪ੍ਰਤੀ ਇਨ੍ਹਾਂ ਦੀ ਅਸਲ ਸੋਚ ਨੂੰ ਬੇਨਕਾਬ ਕਰਦੀ ਹੈ।ਇਹ ਸਿਰਫ ਨਿੱਜੀ ਹਮਲਾ ਨਹੀਂ, ਸਗੋਂ ਜਾਤੀ ਅਤੇ ਸਿਆਸੀ ਸਾਜ਼ਿਸ਼ ਹੈ। ਲੁਧਿਆਣਾ ਉਪ-ਚੋਣ ਤੋਂ ਠੀਕ ਦੋ ਦਿਨ ਪਹਿਲਾਂ ਇਹ ਗਿਰੀ ਹੋਈ ਹਰਕਤ ਸਾਬਤ ਕਰਦੀ ਹੈ ਕਿ ਆਪ ਤੋਂ ਬੁਰੀ ਤਰ੍ਹਾਂ ਹਾਰ ਦਾ ਡਰ ਵਿਰੋਧੀ ਧਿਰ ਨੂੰ ਗਲਤ ਹਰਕਤਾਂ ਕਰਨ ਲਈ ਮਜਬੂਰ ਕਰ ਰਿਹਾ ਹੈ।ਮੈਂ ਇਸ ਘਟੀਆ ਸਾਜ਼ਿਸ਼ ਅਤੇ ਝੂਠ ਫੈਲਾਉਣ ਵਾਲੇ ਹਰ ਵਿਅਕਤੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਜਾ ਰਿਹਾ ਹਾਂ। ਮੈਂ ਐਫ਼ ਆਈ ਆਰ ਵੀ ਕਰਵਾਵਾਂਗਾ ਅਤੇ ਮਾਨਹਾਨੀ ਦਾ ਮੁਕੱਦਮਾ ਵੀ ਕਰਾਂਗਾ । ਮੇਰੇ ਅਤੇ ਮੇਰੇ ਪਰਵਾਰ ਵਿਰੁੱਧ ਇੰਨੀ ਘਟੀਆ ਹਰਕਤ ਕਰਨ ਵਾਲੇ ਕਿਸੇ ਵੀ ਵਿਅਕਤੀ ਨੂੰ ਮੈਂ ਮੁਆਫ ਨਹੀਂ ਕਰਾਂਗਾ।ਜਨਤਾ ਨੂੰ ਮੇਰੀ ਅਪੀਲ ਹੈ ਕਿ ਆਮ ਆਦਮੀ ਪਾਰਟੀ 'ਤੇ ਭਰੋਸਾ ਰੱਖੋ ਅਤੇ ਅਜਿਹੇ ਗਿਰੇ ਹੋਏ ਆਗੂਆਂ ਦੇ ਫੈਲਾਏ ਝੂਠ ਅਤੇ ਗੰਦਗੀ ਤੋਂ ਸੁਚੇਤ ਰਹੋ। ਅਸੀਂ ਸਚਾਈ ਅਤੇ ਜਨ ਸੇਵਾ ਦੀ ਸਿਆਸਤ ਕਰਦੇ ਹਾਂ ਅਤੇ ਕਰਦੇ ਰਹਾਂਗੇ।



# ਪਰਵਾਰ ਵੱਲੋਂ ਰਾਖੀ ਰਾਣੀ ਦੇ ਨੇਤਰ ਦਾਨ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**- ਹਰਿਆਣਾ ਰੋਡ, ਹੁਸ਼ਿਆਰਪੁਰ ਨਿਵਾਸੀ ਸ੍ਰੀਮਤੀ ਰਾਖੀ ਰਾਣੀ ਪਤਨੀ ਸੁਰਿੰਦਰ ਕੁਮਾਰ ਦੇ ਅਕਾਲ ਚਲਾਣਾ ਕਰਨ ਉਪਰੰਤ ਪਰਵਾਰਕ ਮੈਂਬਰਾਂ ਵਲੋਂ ਉਹਨਾਂ ਦੇ ਨੇਤਰਦਾਨ ਦੇ ਪ੍ਰਣ ਨੂੰ ਪੂਰਾ ਕਰਦੇ ਹੋਏ ਉਹਨਾਂ ਦੇ ਨੇਤਰ, ਨੇਤਰਦਾਨ ਸੰਸਥਾ ਹੁਸ਼ਿਆਰਪੁਰ ਨੂੰ ਦਾਨ ਕੀਤੇ ਗਏ।ਇਸ ਸਮੇਂ ਨੇਤਰਦਾਨ ਸੰਸਥਾ ਹੁਸ਼ਿਆਰਪੁਰ ਤੋਂ ਪ੍ਰੋ ਬਹਾਦਰ ਸਿੰਘ ਸੁਨੇਤ, ਸੁਰੇਸ਼ ਕਪਾਟੀਆ, ਬਲਜੀਤ ਸਿੰਘ ਪਨੇਸਰ ਅਤੇ ਗੁਰਪ੍ਰੀਤ ਸਿੰਘ, ਹਰਵਿੰਦਰ ਸਿੰਘ, ਜਗਮੀਤ ਸਿੰਘ ਸੇਠੀ ਅਤੇ ਸ੍ਰੀਮਤੀ ਲਖਵਿੰਦਰ ਕੌਰ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਨੇਤਰਦਾਨ ਕਰਵਾਉਣ ਦੀ ਪ੍ਰਕਿਰਿਆ ਥਿੰਦ ਹਸਪਤਾਲ ਹੁਸ਼ਿਆਰਪੁਰ ਦੀ ਟੀਮ ਵੱਲੋਂ ਕੀਤੀ ਗਈ। ਸੰਸਥਾ ਦੇ ਮੈਂਬਰਾਂ ਨੇ ਦੱਸਿਆ ਕਿ ਸ੍ਰੀਮਤੀ ਰਾਖੀ ਰਾਣੀ ਦੇ ਨੇਤਰ ਦੋ ਨੇਤਰਹੀਣ ਵਿਅਕਤੀਆਂ ਨੂੰ ਲਗਵਾਏ ਜਾਣਗੇ ਅਤੇ ਉਹਨਾਂ ਦੀ ਹਨੇਰੀ ਜ਼ਿੰਦਗੀ ਵਿੱਚ ਰੋਸ਼ਨੀ ਭਰੀ ਜਾਵੇਗੀ।

# ਪੰਜਾਬ ਰਾਜ ਭਵਨ ਦੇ ਸਟਾਫ਼ ਨੇ ਸ੍ਰੀ ਗੁਰੂ ਅਰਜਨ ਦੇਵ ਦੀ ਸ਼ਹਾਦਤ ਦੀ ਯਾਦ 'ਚ ਛਬੀਲ ਲਗਾਈ



**ਚੰਡੀਗੜ੍ਹ (ਕ੍ਰਿਸ਼ਨ ਗਰਗ)**

ਧਰਮ ਨਿਰਪੱਖਤਾ ਅਤੇ ਮਾਨਵਤਾ ਦੇ ਆਦਰਸ਼ਾਂ ਨੂੰ ਕਾਇਮ ਰੱਖਣ ਲਈ ਆਪਣਾ ਜੀਵਨ ਕੁਰਬਾਨ ਕਰਨ ਵਾਲੇ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਦੀ ਯਾਦ ਵਿੱਚ, ਪੰਜਾਬ ਰਾਜ ਭਵਨ ਦੇ ਸਟਾਫ ਨੇ ਰਾਜ ਭਵਨ ਕੰਪਲੈਕਸ ਦੇ ਬਾਹਰ ਛਬੀਲ ਲਗਾਈ।ਇਸ ਦੌਰਾਨ ਸੰਗਤਾਂ ਨੂੰ ਮਿੱਠਾ ਦੁੱਧ ਅਤੇ ਘੁੰਗਣੀਆਂ ਦਾ ਪ੍ਰਸ਼ਾਦ ਵੰਡਿਆ ਗਿਆ।ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼, ਚੰਡੀਗੜ੍ਹ ਦੇ ਪ੍ਰਸ਼ਾਸਕ, ਗੁਲਾਬ ਚੰਦ ਕਟਾਰੀਆ ਨੇ ਇਸ ਸਮਾਗਮ ਵਿੱਚ ਹਿੱਸਾ ਲਿਆ।ਆਪਸੀ ਸਤਿਕਾਰ ਅਤੇ ਭਾਈਚਾਰਕ ਕਦਰਾਂ-ਕੀਮਤਾਂ ਪ੍ਰਤੀ ਆਪਣੀ ਅਟੁੱਟ ਸ਼ਰਧਾ ਪੇਸ਼ ਕਰਦਿਆਂ, ਰਾਜਪਾਲ ਨੇ ਨਿੱਜੀ ਤੌਰ 'ਤੇ ਰਾਹਗੀਰਾਂ ਨੂੰ ਮਿੱਠਾ ਦੁੱਧ ਅਤੇ ਘੁੰਗਣੀਆਂ ਦਾ ਪ੍ਰਸ਼ਾਦ ਵੰਡਿਆ।

# ਆਮ ਆਦਮੀ ਕਲੀਨਿਕਾਂ 'ਚ ਗਰਭਵਤੀ ਔਰਤਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ : ਸਿਵਲ ਸਰਜਨ

**ਨਵਾਂਸ਼ਹਿਰ, ( ਕੁਲਵਿੰਦਰ ਸਿੰਘ ਦੁਰਗਾਪੁਰੀਆ)**

ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਜ਼ਿਲ੍ਹਾ ਸਿਹਤ ਵਿਭਾਗ, ਸ਼ਹੀਦ ਭਗਤ ਸਿੰਘ ਨਗਰ ਆਮ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਹੈ।ਇਸੇ ਕੜੀ ਤਹਿਤ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਬੁੱਧਵਾਰ ਨੂੰ ਆਮ ਆਦਮੀ ਕਲੀਨਿਕ, ਔੜ ਦਾ ਦੌਰਾ ਕੀਤਾ ਅਤੇ ਆਮ ਲੋਕਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਓ.ਪੀ.ਡੀ. ਤੇ ਈ.ਪੀ.ਆਈ. ਸਮੇਤ ਹੋਰ ਸਿਹਤ ਸਹੂਲਤਾਂ ਤੇ ਸਾਫ-ਸਫਾਈ ਪ੍ਰਬੰਧਾਂ ਦਾ ਨਿਰੀਖਣ ਕੀਤਾ।ਉਨ੍ਹਾਂ ਦਵਾਈਆਂ ਦੀ ਉਪਲੱਬਧਤਾ, ਲੋਕਾਂ ਦੇ ਆਭਾ ਅਕਾਊਂਟ ਬਣਾਉਣ ਦੇ ਨਿਰਧਾਰਤ ਟੀਚੇ ਨੂੰ ਪ੍ਰਾਪਤ ਕਰਨ ਤੇ ਵੈਕਸੀਨ ਦੇ ਰੱਖ-ਰਖਾਵ ਦੇ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ।ਇਸ ਮੌਕੇ ਡਾ. ਗੁਰਿੰਦਰਜੀਤ ਸਿੰਘ ਨੇ ਸਿਹਤ ਕੇਂਦਰ ਵਿੱਚ ਆਏ ਮਰੀਜ਼ਾਂ ਨੂੰ ਆਪਣੇ ਆਭਾ ਅਕਾਊਂਟ ਬਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਮਰੀਜ਼ਾਂ ਤੋਂ ਫੀਡਬੈਕ ਲਈ, ਜਿਨ੍ਹਾਂ (ਮਰੀਜ਼ਾਂ) ਨੇ ਉਨ੍ਹਾਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ 'ਤੇ ਸੰਤੁਸ਼ਟੀ ਪ੍ਰਗਟ ਕੀਤੀ। ਉਨ੍ਹਾਂ ਇਹ ਹਦਾਇਤ ਕੀਤੀ ਕਿ ਲੋਕਾਂ ਨੂੰ ਸਰਕਾਰੀ ਸਿਹਤ ਸਹੂਲਤਾਂ ਦਾ ਵੱਧ ਤੋਂ ਵੱਧ ਲਾਭ ਮੁਹੱਈਆ ਕਰਵਾਇਆ ਜਾਵੇ। ਉਨ੍ਹਾਂ ਸਟਾਫ਼ ਨੂੰ ਸਾਰੇ ਸਿਹਤ ਰਿਕਾਰਡ ਦਾ ਸਹੀ ਢੰਗ ਨਾਲ ਵਰਗੀਕਰਨ ਕਰਨ ਨੂੰ ਯਕੀਨੀ ਬਣਾਉਣ ਲਈ ਵੀ ਕਿਹਾ।ਡਾ. ਸਿੰਘ ਨੇ ਸਿਹਤ ਕੇਂਦਰਾਂ 'ਤੇ ਸੇਵਾਵਾਂ ਦੀ ਗੁਣਵੱਤਾ ਵਿਚ ਹੋਰ ਸੁਧਾਰ ਲਿਆਉਣ ਦੀ ਲੋੜ 'ਤੇ ਜ਼ੋਰ ਵੀ ਦਿੱਤਾ। ਉਨ੍ਹਾਂ ਇਹ ਵੀ ਦੱਸਿਆ ਕਿ ਗਰਭਵਤੀ ਔਰਤਾਂ ਦੀ ਮੌਤ ਦਰ ਨੂੰ ਘੱਟ ਕਰਨ ਦੇ ਉਦੇਸ਼ ਨਾਲ ਆਮ ਆਦਮੀ ਕਲੀਨਿਕਾਂ ਵਿੱਚ 23 ਜੂਨ ਤੋਂ ਗਰਭਵਤੀ ਔਰਤਾਂ ਲਈ ਸਿਹਤ ਸੇਵਾਵਾਂ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਉਨ੍ਹਾਂ ਮੈਡੀਕਲ ਅਧਿਕਾਰੀਆਂ ਨੂੰ ਹਦਾਇਤ ਕਰਦੇ ਹੋਏ ਕਿਹਾ ਕਿ ਗਰਭਵਤੀ ਔਰਤਾਂ ਨੂੰ ਪ੍ਰਾਇਮਰੀ ਹੈਲਥ ਕੇਅਰ ਸਰਵਿਸਿਜ਼ ਉਪਲੱਬਧ ਕਰਵਾਉਣੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦਾ ਮੁੱਖ ਮੰਤਵ ਜ਼ਿਲ੍ਹੇ ਵਿੱਚ ਗਰਭਵਤੀ ਔਰਤਾਂ ਦੀ ਮੌਤ ਦਰ ਨੂੰ ਘੱਟ ਕਰਨਾ ਹੈ। ਭਾਰਤ ਵਿੱਚ ਗਰਭਵਤੀ ਔਰਤਾਂ ਦੀ ਮੌਤ ਦਰ 93 ਪ੍ਰਤੀ ਲੱਖ ਹੈ, ਜਿਸ ਨੂੰ 70 ਪ੍ਰਤੀ ਲੱਖ ਤੋਂ ਘੱਟ 'ਤੇ ਲੈ ਕੇ ਆਉਣ ਦਾ ਟੀਚਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ, ਪੰਜਾਬ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾ. ਹਰੀਸ਼ ਕਿਰਪਾਲ ਸਮੇਤ ਹੋਰ ਸਿਹਤ ਅਧਿਕਾਰੀ ਤੇ ਕਰਮਚਾਰੀ ਮੌਜੂਦ ਸਨ।



# ਨਸ਼ੀਲੀਆਂ ਗੋਲੀਆਂ ਸਮੇਤ ਕਾਬੂ



**ਆਦਮਪੁਰ, (ਪਰਮਜੀਤ ਸਿੰਘ)**

ਆਦਮਪੁਰ ਪੁਲਸ ਨੇ ਥਾਣਾ ਮੁਖੀ ਹਰਦੇਵਪ੍ਰੀਤ ਸਿੰਘ ਦੀ ਅਗਵਾਈ 'ਚ ਇਕ ਵਿਅਕਤੀ ਨੂੰ 105 ਨਸ਼ੀਲੀਆ ਗੋਲੀਆ ਸਮੇਤ ਕਾਬੂ ਕਰਨ 'ਚ ਸਫਲਤਾ ਪ੍ਰਾਪਤ ਕੀਤੀ ਹੈ। ਜਾਣਕਾਰੀ ਦਿੰਦੇ ਹੋਏ ਕੁਲਵੰਤ ਸਿੰਘ ਪੀ.ਪੀ.ਐਸ. ਨੇ ਦੱਸਿਆ ਕਿ ਏ.ਐਸ.ਆਈ. ਪਰਮਜੀਤ ਸਿੰਘ ਸਮੇਤ ਪੁਲਸ ਪਾਰਟੀ ਗਸ਼ਤ ਦੇ ਸੰਬੰਧ ਵਿਚ ਕੰਦੋਲਾ ਮੋੜ 'ਤੇ ਮੌਜੂਦ ਸਨ। ਇਕ ਵਿਆਕਤੀ ਪੁਲਸ ਦੀ ਗੱਡੀ ਨੂੰ ਦੇਖ ਕੇ ਕੰਦੋਲਾ ਵੱਲ ਨੂੰ ਤੁਰ ਪਿਆ ਜਿਸ ਨੂੰ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਕਾਬੂ ਕਰਕੇ ਨਾਂਅ ਪਤਾ ਪੁੱਛਿਆ ਤਾਂ ਉਸ ਨੇ ਆਪਣਾ ਨਾਂਅ ਤਰਲੋਚਨ ਸਿੰਘ ਉਰਫ ਤੋਚਾ ਵਾਸੀ ਪਿੰਡ ਕੰਦੋਲਾ ਜਿਲ੍ਹਾ ਜਲੰਧਰ ਦੱਸਿਆ ਜਦ ਉਸ ਦੀ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 105 ਖੁੱਲ੍ਹੀਆ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ। ਆਦਮਪੁਰ ਪੁਲਸ ਨੇ ਉਸ 'ਤੇ ਮੁਕੱਦਮਾ ਦਰਜ ਕਰ ਗ੍ਰਿਫਤਾਰ ਕਰ ਲਿਆ ਹੈ ਤੇ ਉਸ ਨੂੰ ਅਦਾਲਤ 'ਚ ਪੇਸ਼ ਕਰਕੇ ਪੁਲਸ਼ ਰਿਮਾਂਡ ਹਾਸਲ ਕੀਤਾ ਜਾਵੇਗਾ ਤੇ ਹੋਰ ਡੂੰਗਾਈ ਨਾਲ ਪੁੱਛਗਿਛ ਕੀਤੀ ਜਾਵੇਗੀ।

# ਪਿੰਡ ਕਰਾਵਰ ਵਿਖੇ ਨੈਸ਼ਨਲ ਵੈਕਟਰ ਬੌਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਜਾਗਰੂਕ ਕੀਤਾ

**ਬਲਾਚੌਰ (ਜਸਵਿੰਦਰ ਬੈਂਸ)**

ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਨਵਰੀਤ ਕੌਰ ਪੀ ਐੱਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਸੈਕਟਰ ਸਾਹਿਬਾ ਦੇ ਅਧੀਨ ਪਿੰਡ ਕਰਾਵਰ ਵਿਖੇ ਨੈਸ਼ਨਲ ਵੈਕਟਰ ਬੌਰਨ ਡਿਜ਼ੀਜ਼ ਕੰਟਰੋਲ ਪ੍ਰੋਗਰਾਮ ਤਹਿਤ ਜਾਗਰੂਕ ਕੀਤਾ ਗਿਆ, ਜਿਸ ਵਿੱਚ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਡੇਂਗੂ, ਮਲੇਰੀਆ, ਅਤੇ ਚਿਕਨਗੁਨੀਆ ਦੇ ਬਚਾਅ ਅਤੇ ਲੱਛਣਾਂ ਸਬੰਧੀ ਜਾਣਕਾਰੀ ਦਿੱਤੀ ।ਦੱਸਿਆ ਕਿ ਬਰਸਾਤ ਦੇ ਮੌਸਮ ਵਿੱਚ ਮੱਛਰਾਂ ਦੀ ਪੈਦਾਇਸ਼ ਵਿੱਚ ਵਾਧਾ ਹੋ ਜਾਂਦਾ ਹੈ ਅਤੇ ਇਹ ਮੱਛਰ ਸਾਫ ਖੜ੍ਹੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹਨ।ਇਹ ਸਿਰਫ ਦਿਨ ਵੇਲੇ ਕੱਟਦਾ ਹੈ।ਇਸ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਸਾਫ਼ ਸਫ਼ਾਈ ਰੱਖਣੀ ਚਾਹੀਦੀ ਹੈ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟਰੇਆਂ ਵਿੱਚ ਖੜ੍ਹੇ ਪਾਣੀ ਨੂੰ ਹਫ਼ਤੇ ਵਿੱਚ ਇੱਕ ਵਾਰ ਸਾਫ਼ ਕਰਕੇ ਸੁਕਾਉਣਾ ਚਾਹੀਦਾ ਹੈ, ਛੱਤਾਂ 'ਤੇ ਪਈਆਂ ਪਾਣੀ ਦੀਆਂ ਟੈਂਕੀਆਂ ਨੂੰ ਚੰਗੀ ਤਰ੍ਹਾਂ ਢਕ ਕੇ ਰੱਖੋ, ਟਾਇਰਾਂ ਨੂੰ ਖੁੱਲ੍ਹੇ ਵਿੱਚ ਨਾ ਰੱਖੋ, ਕੱਪੜੇ ਅਜਿਹੇ ਪਹਿਨੋ ਜਿਸ ਨਾਲ ਸਰੀਰ ਪੂਰੀ ਤਰ੍ਹਾਂ ਢਕਿਆ ਹੋਇਆ ਹੋਵੇ। ਡੇਂਗੂ ਬੁਖਾਰ ਦੇ ਲੱਛਣਾਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਵਿੱਚ ਤੇਜ਼ ਬੁਖਾਰ ਹੋਣਾ, ਸਿਰ ਦਰਦ ਹੋਣਾ, ਮਾਸਪੇਸ਼ੀਆਂ ਅਤੇ ਜੋੜਾਂ ਵਿੱਚ ਦਰਦ ਹੋਣਾ, ਜੀ ਕੱਚਾ ਹੋਣਾ ਅਤੇ ਹਾਲਤ ਖ਼ਸਤਾ ਹੋਣ 'ਤੇ ਨੱਕ ਮੂੰਹ ਤੇ ਮਸੂੜਿਆਂ ਵਿੱਚੋਂ ਖ਼ੂਨ ਦਾ ਵਗਣਾ ਹੋ ਸਕਦੇ ਹਨ। ਬੁਖਾਰ ਹੋਣ 'ਤੇ ਨੇੜੇ ਦੇ ਸਰਕਾਰੀ ਹਸਪਤਾਲ ਵਿੱਚ ਸੰਪਰਕ ਕਰੋ। ਡੇਂਗੂ ਬੁਖਾਰ ਦੇ ਟੈਸਟ ਅਤੇ ਇਲਾਜ ਸਰਕਾਰੀ ਹਸਪਤਾਲ ਵਿੱਚ ਮੁਫ਼ਤ ਕੀਤਾ ਜਾਂਦਾ ਹੈ। ਇਸ ਮੌਕੇ ਡਾਕਟਰ ਰਾਜ ਕੁਮਾਰ ਨੇ ਮਰੀਜ਼ਾਂ ਦੀ ਸਿਹਤ ਦੀ ਜਾਂਚ ਕੀਤੀ। ਨਰਿੰਦਰ ਕੌਰ ਨੇ ਬੱਚਿਆਂ ਅਤੇ ਗਰਭਵਤੀ ਔਰਤਾਂ ਨੂੰ ਟੀਕੇ ਲਗਾਏ। ਇਸ ਮੌਕੇ ਮਲਟੀਪਰਪਜ਼ ਹੈਲਥ ਵਰਕਰ ਵਿੰਦਰ ਕੁਮਾਰ, ਆਸ਼ਾ ਵਰਕਰ ਬਲਜੀਤ ਕੌਰ, ਆਂਗਨਵਾੜੀ ਵਰਕਰ ਅਤੇ ਪੇਂਡੂ ਸਿਹਤ ਸਫ਼ਾਈ ਸੰਮਤੀ ਦੇ ਮੈਂਬਰ ਹਾਜ਼ਰ ਸਨ



# ਆਇਲ ਸਟੋਰ ਉਦੇਸੀਆਂ ਵਿਖੇ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ



**ਆਦਮਪੁਰ (ਪਰਮਜੀਤ ਸਿੰਘ)**- ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਵਸ ਨੂੰ ਸਮਰਪਤ ਆਇਲ ਸਟੋਰ ਉਦੇਸੀਆਂ ਵਿਖੇ ਏ.ਆਈ.ਜੀ ਜਗਜੀਤ ਸਿੰਘ ਸਰੋਆ ਅਤੇ ਪਰਮਜੀਤ ਸਿੰਘ ਬਿੰਪਲ ਦੇ ਵਿਸ਼ੇਸ਼ ਸਹਿਯੋਗ ਨਾਲ ਠੰਢੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਅੱਤ ਦੀ ਪੈ ਰਹੀ ਗਰਮੀ ਵਿੱਚ ਇਸ ਛਬੀਲ ਤੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਪਾਣੀ ਪੀ ਕੇ ਆਪਣੀ ਪਿਆਸ ਬੁਝਾਈ ਅਤੇ ਗਰਮੀ ਤੋਂ ਕੁਝ ਰਾਹਤ ਮਹਿਸੂਸ ਕੀਤੀ। ਛਬੀਲ ਦੌਰਾਨ ਨੌਜਵਾਨਾਂ ਨੇ ਸੇਵਾ ਕੀਤੀ। ਇਸ ਮੌਕੇ ਮੈਨੇਜਰ ਬੂਟਾ ਸਿੰਘ ਆਦਮਪੁਰ ਆਇਲ ਸਟੋਰ, ਮੈਨੇਜਰ ਸੁਖਵਿੰਦਰ ਸਿੰਘ ਕੇ.ਐਸ.ਕੇ ਪਾਂਸ਼ਟਾ, ਸ਼ਰੀਫ, ਬਿੱਟੂ, ਦੇਸਰਾਜ, ਸੰਨੀ, ਜੱਸਾ, ਅੰਮ੍ਰਿਤਪਾਲ ਸਿੰਘ, ਸੈਂਡੀ, ਮੰਨਾ, ਸੁਖਵਿੰਦਰ ਸਿੰਘ, ਰੋਹਿਤ, ਸ਼ਿਵਾ, ਜੱਸਾ, ਜੱਤੂ, ਪਰਦੀਪ, ਸਾਹਿਲ, ਰਾਜਵੀਰ, ਜੱਸਾ ਉਦੇਸੀਆਂ, ਰਾਜਾ, ਰਵੀ, ਮਿੰਦਾ, ਸੰਜੇ, ਪ੍ਰਿਤਪਾਲ, ਰੋਹਨ, ਤੇਜੀ, ਬੌਬੀ, ਇੰਦਾ, ਸੁਖਰਾਜ ਸਿੰਘ, ਪ੍ਰਦੀਪ, ਸੁੱਖਾ ਨੇ ਵੀ ਇਸ ਮੌਕੇ ਸੇਵਾ ਵਿੱਚ ਵਿਸ਼ੇਸ਼ ਸਹਿਯੋਗ ਦਿੱਤਾ।

# ਨਵੇਂ ਸੈਸ਼ਨ 'ਚ ਖਾਲਸਾ ਕਾਲਜ ਮਾਹਿਲਪੁਰ ਬਣਿਆ ਵਿਦਿਆਰਥੀਆਂ ਦੀ ਪਹਿਲੀ ਪਸੰਦ

**ਮਾਹਿਲਪੁਰ (ਸ.ਫ਼ਰੀ)**

ਇੱਥੋਂ ਦਾ ਸ਼੍ਰੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਮਾਹਿਲਪੁਰ ਹਰ ਸਾਲ ਵਾਂਗ ਇਸ ਸੈਸ਼ਨ 2025-26 ਤਹਿਤ ਗਰੈਜੂਏਟ ਅਤੇ ਪੋਸਟ ਗਰੈਜੂਏਟ ਨਾਲ ਜੁੜੇ ਵੱਖ-ਵੱਖ ਕੋਰਸਾਂ ਵਿੱਚ ਦਾਖ਼ਲ ਹੋਣ ਵਾਲੇ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣ ਕੇ ਉੱਭਰ ਰਿਹਾ ਹੈ।ਕਾਲਜ ਦੇ ਪ੍ਰਬੰਧਕਾਂ ਵੱਲੋਂ ਭਰ ਗਰਮੀ ਦੇ ਮੌਸਮ ਕਰਕੇ ਨਵੇਂ ਸੈਸ਼ਨ ਦੇ ਵਿਦਿਆਰਥੀਆਂ ਦੀ ਸਹੂਲਤ ਲਈ ਮਾਹਿਲਪੁਰ ਬਲਾਕ ਦੇ ਪਿੰਡ ਭਾਮ, ਜੰਡੋਲੀ ਸਮੇਤ ਸੈਲਾ ਖੁਰਦ ਨਜ਼ਦੀਕ ਪਿੰਡ ਪਦਰਾਣਾ, ਗੜ੍ਹਸ਼ੰਕਰ ਦੇ ਵਿਦਿਆਰਥੀਆਂ ਲਈ ਭਾਈ ਤਿਲਕੂ ਜੀ ਗੁਰਦੁਆਰਾ, ਗੜ੍ਹਸ਼ੰਕਰ ਨੇੜੇ ਅਤੇ ਸ਼ਹੀਦ ਭਗਤ ਸਿੰਘ ਨਗਰ ਸਮੇਤ ਬਲਾਚੌਰ ਖੇਤਰ ਦੇ ਵਿਦਿਆਰਥੀਆਂ ਲਈ ਬਲਾਚੌਰ ਸ਼ਹਿਰ ਵਿੱਚ ਵੱਖ ਵੱਖ ਦਾਖ਼ਲਾ ਕੇਂਦਰ ਵੀ ਖੋਲ੍ਹੇ ਗਏ ਹਨ। ਜਿੱਥੇ ਪੁੱਜ ਰਹੇ ਵਿਦਿਆਰਥੀਆਂ ਵੱਲੋਂ ਵੱਖ-ਵੱਖ ਕੋਰਸਾਂ ਸੰਬੰਧੀ ਜਾਣਕਾਰੀ ਹਾਸਲ ਕਰਨ ਉਪਰੰਤ ਇਸ ਸੰਸਥਾ ਵਿੱਚ ਦਾਖ਼ਲ ਹੋਣ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਇਸ ਸੰਬੰਧੀ ਹੋਰ ਗੱਲ ਕਰਦਿਆਂ ਕਾਲਜ ਦੇ ਪ੍ਰਿੰਸੀਪਲ ਡਾਕਟਰ ਪਰਵਿੰਦਰ ਸਿੰਘ ਨੇ ਦੱਸਿਆ ਕਿ ਦੇਸ਼ ਦੀ ਆਜ਼ਾਦੀ ਤੋਂ ਵੀ ਪਹਿਲਾਂ ਸਥਾਪਿਤ ਹੁਸ਼ਿਆਰਪੁਰ ਜ਼ਿਲ੍ਹੇ ਦਾ ਇਹ ਕਾਲਜ ਹਜ਼ਾਰਾਂ ਵਿਦਿਆਰਥੀਆਂ ਦਾ ਭਵਿੱਖ ਰੌਸ਼ਨ ਕਰ ਚੁੱਕਾ ਹੈ।ਉਨ੍ਹਾਂ ਕਿਹਾ ਕਿ ਇਸ ਸੰਸਥਾ ਵੱਲੋਂ ਮਿਸ਼ਨਰੀ ਭਾਵਨਾ ਨਾਲ ਸਿੱਖਿਆ, ਖੇਡਾਂ ਤੇ ਹੋਰ ਸਹਿ- ਗਤੀਵਿਧੀਆਂ ਦੀ ਸ਼ਾਨਾਮੱਤੀ ਵਿਰਾਸਤ ਨੂੰ ਸਮਾਜ ਦੇ ਹਰ ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਤੱਕ ਪਹੁੰਚਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕਾਲਜ ਦੀ ਮੈਨੇਜਮੈਂਟ ਦੇ ਨਿਰਦੇਸ਼ਾਂ ਤਹਿਤ ਇਸ ਸਾਲ ਸੰਸਥਾ ਵੱਲੋਂ ਇਲਾਕੇ ਦੇ ਵੱਖ-ਵੱਖ ਪਿੰਡਾਂ ਸ਼ਹਿਰਾਂ ਤੇ ਕਸਬਿਆਂ ਵਿੱਚ ਖੋਲੇ ਕੈਰੀਅਰ ਸੇਧ ਅਤੇ ਦਾਖ਼ਲਾ ਸੈਂਟਰਾਂ ਨੂੰ ਵਿਦਿਆਰਥੀਆਂ ਦਾ ਵੱਡਾ ਹੁਲਾਰਾ ਮਿਲ ਰਿਹਾ ਹੈ।ਜਿੱਥੇ ਪੁੱਜ ਕੇ ਵਿਦਿਆਰਥੀ ਇਸ ਸੰਸਥਾ ਵਿੱਚ ਉਤਸ਼ਾਹ ਨਾਲ ਦਾਖਲ ਹੋ ਰਹੇ ਹਨ। ਉਨ੍ਹਾਂ ਇਸ ਮੌਕੇ ਕਾਲਜ ਵਿੱਚ ਐੱਸ ਸੀ ਵਿਦਿਆਰਥੀਆਂ ਸਮੇਤ ਹਰ ਵਰਗ ਦੇ ਲੋੜਵੰਦ ਅਤੇ ਹੁਸ਼ਿਆਰ ਵਿਦਿਆਰਥੀਆਂ ਲਈ ਚੱਲ ਰਹੀਆਂ ਵਜ਼ੀਫਾ ਰਾਸ਼ੀ ਸਕੀਮਾਂ ਦੀ ਜਾਣਕਾਰੀ ਸਾਂਝੀ ਕੀਤੀ ਅਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਕਤ ਦਾਖ਼ਲਾ ਕੇਂਦਰਾਂ ਵਿੱਚ ਹਾਜ਼ਰ ਵੱਖ-ਵੱਖ ਵਿਸ਼ਿਆਂ ਦੇ ਮਾਹਿਰ ਪ੍ਰੋਫੈਸਰ ਸਾਹਿਬਾਨ ਨਾਲ ਕੈਰੀਅਰ ਗਾਈਡੈਂਸ ਸੰਬੰਧੀ ਸੰਪਰਕ ਕਰਕੇ ਇਸ ਸੰਸਥਾ ਵਿੱਚ ਆਪਣਾ ਦਾਖਲਾ ਯਕੀਨੀ ਬਣਾਉਣ।




# ਰਘਵੀਰ ਸਿੰਘ ਬਿੱਲਾ ਤਲਵੰਡੀ ਜੱਟਾਂ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਬੰਗਾ (ਅਵਤਾਰ ਕਲੇਰ)**

ਕਾਂਗਰਸ ਪਾਰਟੀ ਦੇ ਟਕਸਾਲੀ ਆਗੂ ਮੌਜੂਦਾ ਸਰਪੰਚ ਰਸਪਾਲ ਕੌਰ ਦੇ ਪਤੀ ਅਤੇ ਵੱਖ ਵੱਖ ਧਾਰਮਿਕ ਸੰਸਥਾਵਾਂ ਦੇ ਮੈਂਬਰ ਰਘਵੀਰ ਸਿੰਘ ਬਿੱਲਾ ਤਲਵੰਡੀ ਜੱਟਾਂ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ। ਉਨ੍ਹਾ ਦੇ ਪਰਿਵਾਰਕ ਮੈਂਬਰਾਂ ਦੇ ਵਿਦੇਸ਼ ਤੋਂ ਆਉਣ ਉਪਰੰਤ ਪਿੰਡ ਤਲਵੰਡੀ ਜੱਟਾਂ ਸਮਸ਼ਾਨ ਘਾਟ 'ਚ ਸਸਕਾਰ ਕੀਤਾ ਗਿਆ। ਚਿਖਾ ਨੂੰ ਅਗਨੀ ਦੀ ਰਸਮ ਉਨ੍ਹਾ ਦੇ ਸਪੁੱਤਰ ਹਰਦੀਪ ਸਿੰਘ ਅਤੇ ਅਮਰਪ੍ਰੀਤ ਸਿੰਘ ਨੇ ਨਿਭਾਈ। ਮ੍ਰਿਤਕ ਦੇਹ 'ਤੇ ਕਾਂਗਰਸ ਪਾਰਟੀ ਵੱਲੋਂ ਪਾਰਟੀ ਦਾ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੱਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਚੌਧਰੀ ਤਰਲੋਚਨ ਸਿੰਘ ਸੂੰਢ, ਸਾਬਕਾ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸਤਵੀਰ ਸਿੰਘ ਪੱਲੀ ਝਿੱਕੀ, ਕਮਲਜੀਤ ਬੰਗਾ ਮੈਂਬਰ ਜਿਲ੍ਹਾ ਪ੍ਰੀਸ਼ਦ, ਦਰਵਜੀਤ ਸਿੰਘ ਪੂਨੀਆ, ਕੁਲਵਰਨ ਸਿੰਘ ਥਾਂਦੀਆ, ਰਾਜਿੰਦਰ ਸਰਮਾ ਕੁਲਥਮ, ਰਿਟਾ: ਮੈਨੇਜਰ ਦਲਜੀਤ ਸਿੰਘ ਘੁੰਮਣ, ਗੁਰਵਿੰਦਰ ਸਿੰਘ ਭੋਗਲ, ਅਮਰਜੀਤ ਕਲਸੀ, ਜਗਤਾਰ ਸਿੰਘ ਚਾਹਲ ਸਾਬਕਾ ਸਰਪੰਚ ਤਲਵੰਡੀ ਜੱਟਾਂ, ਅਵਤਾਰ ਸਿੰਘ ਸਾਬਕਾ ਸਰਪੰਚ ਚੱਕ ਗੁਰੂ, ਗੁਰਦੀਪ ਸਿੰਘ ਖੋਥੜਾ, ਪਰਵਿੰਦਰ ਸਿੰਘ ਸਾਬਕਾ ਸਰਪੰਚ ਬਹੂਆ, ਅਮਨਪ੍ਰੀਤ ਸਰਪੰਚ ਬਹੂਆ, ਮਨਦੀਪ ਸਿੰਘ ਸਿੱਧੂ, ਜਸਵੀਰ ਸੀਰਾ ਸੰਧਵਾਂ, ਪਰਵਿੰਦਰ ਕੁਮਾਰ ਛਾਬੜਾ, ਅਮਰਜੀਤ ਸਿੰਘ ਚੱਕਰਾਮੂ, ਧਰਮਪਾਲ ਤਲਵੰਡੀ, ਵਿਜੇ ਸਿੰਘ ਤੇਜੀ, ਮਾਸਟਰ ਦੇਸ ਰਾਜ ਮਾਂਗਟ, ਕਾਮਰੇਡ ਅਵਤਾਰ ਸਿੰਘ ਕੱਟ, ਹਰਮੀਕ ਕਲਸੀ ਅਤੇ ਗੁਰਦੁਆਰਾ ਸ਼ਹੀਦ ਬਾਬਾ ਗੋਦੜੀਆ ਸਿੰਘ ਤਲਵੰਡੀ ਜੱਟਾਂ ਦੀ ਸਮੂਹ ਪ੍ਰਬੰਧਕ ਕਮੇਟੀ ਹਾਜ਼ਰ ਸੀ।

# ਜ਼ਿਲ੍ਹੇ 'ਚ ਸੜਕਾਂ ਤੇ ਚੌਕਾਂ 'ਚ ਜਾਮ ਲਾਉਣ 'ਤੇ ਮੁਕੰਮਲ ਪਾਬੰਦੀ

**ਨਵਾਂਸ਼ਹਿਰ, (ਮਨੋਜ ਲਾਡੀ)**

ਜ਼ਿਲ੍ਹਾ ਮੈਜਿਸਟ੍ਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਕਿਸੇ ਵੀ ਯੂਨੀਅਨ/ਜਥੇਬੰਦੀ ਵੱਲੋਂ ਸੜਕਾਂ/ਚੌਕਾਂ ਵਿਚ ਟਰੈਫਿਕ ਜਾਮ ਲਗਾਉਣ 'ਤੇ ਮੁਕੰਮਲ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਜਾਰੀ ਹੁਕਮਾਂ ਅਨੁਸਾਰ ਜ਼ਿਲ੍ਹੇ ਵਿੱਚ ਵੱਖ-ਵੱਖ ਜਥੇਬੰਦੀਆਂ ਅਤੇ ਯੂਨੀਅਨਾਂ ਵੱਲੋਂ ਆਪਣੀਆਂ ਮੰਗਾਂ ਦੇ ਸਬੰਧ ਵਿਚ ਰੋਸ ਪ੍ਰਦਰਸ਼ਨ/ਮੁਜ਼ਾਹਰੇ ਦੌਰਾਨ ਮੁੱਖ ਮਾਰਗ 'ਤੇ ਰਸਤਾ ਰੋਕ ਕੇ ਧਰਨੇ ਆਦਿ ਲਾਉਣ ਕਾਰਨ ਚੰਡੀਗੜ੍ਹ-ਜਲੰਧਰ-ਅੰਮ੍ਰਿਤਸਰ ਜਾਣ ਵਾਲੇ ਲੋਕਾਂ ਨੂੰ ਡਾਢੀ ਸਮੱਸਿਆ ਦਾ ਸਾਹਮਣਾ ਕਰਨਾ ਪੈਂਦਾ ਹੈ। ਅਜਿਹੀ ਸਥਿਤੀ ਵਿਚ ਮਰੀਜ਼ਾਂ ਨੂੰ ਹੰਗਾਮੀ ਹਾਲਤ ਵਿਚ ਲੈ ਕੇ ਜਾਣ ਵਾਲੀਆਂ ਐਂਬੂਲੈਂਸਾਂ ਨੂੰ ਰਸਤਾ ਨਾ ਮਿਲਣ ਕਾਰਨ, ਮਰੀਜ਼ਾਂ ਅਤੇ ਉਨ੍ਹਾਂ ਦੇ ਵਾਰਸਾਂ ਨੂੰ ਹੁੰਦੀ ਪ੍ਰੇਸ਼ਾਨੀ ਦੇ ਮੱਦੇਨਜ਼ਰ ਪਾਬੰਦੀ ਦੇ ਹੁਕਮ ਜਾਰੀ ਕੀਤੇ ਗਏ ਹਨ।ਜ਼ਿਲ੍ਹਾ ਮੈਜਿਸਟਰੇਟ ਨੇ ਕਿਹਾ ਕਿ ਰੋਸ ਧਰਨਿਆਂ ਵਾਸਤੇ ਜ਼ਿਲ੍ਹੇ ਦੀਆਂ ਤਿੰਨਾਂ ਸਬ ਡਵੀਜ਼ਨਾਂ ਵਿਚ ਸਥਾਨ ਨਿਰਧਾਰਤ ਕੀਤੇ ਗਏ ਹਨ ਅਤੇ ਕੋਈ ਵੀ ਜਥੇਬੰਦੀ/ਯੂਨੀਅਨ ਇਨ੍ਹਾਂ ਸਥਾਨਾਂ 'ਤੇ ਸਥਾਨਕ ਪ੍ਰਸ਼ਾਸਨ ਦੀ ਅਗਾਊਂ ਮਨਜ਼ੂਰੀ ਤੋਂ ਬਿਨਾਂ ਰੋਸ ਪ੍ਰਦਰਸ਼ਨ ਨਹੀਂ ਕਰ ਸਕੇਗੀ। ਇਨ੍ਹਾਂ ਥਾਵਾਂ ਵਿਚ ਸਬ ਡਵੀਜ਼ਨ ਨਵਾਂਸ਼ਹਿਰ ਵਿਚ ਦੁਸਹਿਰਾ ਗਰਾਊਂਡ ਨਵਾਂਸ਼ਹਿਰ ਅਤੇ ਨਗਰ ਕੌਂਸਲ ਨਵਾਂਸ਼ਹਿਰ ਦੇ ਅਧਿਕਾਰ ਖੇਤਰ ਅਧੀਨ ਆਉਂਦਾ ਪਿੰਡ ਗੁੱਜਰਪੁਰ ਕਲਾਂ ਦਾ ਲਗਭਗ 40 ਕਨਾਲ ਰਕਬਾ ਨੇੜੇ ਰੇਲਵੇ ਫਾਟਕ ਬੰਗਾ ਰੋਡ ਨਵਾਂਸ਼ਹਿਰ, ਸਬ ਡਵੀਜ਼ਨ ਬੰਗਾ ਵਿਚ ਪੰਚਾਇਤੀ ਰਕਬਾ, ਗ੍ਰਾਮ ਪੰਚਾਇਤ ਪਿੰਡ ਪੂਨੀਆ ਅਤੇ ਸਬ ਡਵੀਜ਼ਨ ਬਲਾਚੌਰ ਵਿਖੇ ਮਿਊਂਸਪਲ ਖੇਡ ਮੈਦਾਨ (ਨਜ਼ਦੀਕ ਸਿਵਲ ਹਸਪਤਾਲ) ਜਗਤਪੁਰ ਰੋਡ ਸਿਆਣਾ ਨਿਰਧਾਰਤ ਕੀਤੀਆਂ ਗਈਆਂ ਹਨ।

ਨਿਰਧਾਰਤ ਥਾਵਾਂ 'ਤੇ ਮਨਜ਼ੂਰੀ ਲੈਣ ਉਪਰੰਤ ਲਾਊਡ ਸਪੀਕਰ ਦੀ ਮਨਜ਼ੂਰੀ ਸਬੰਧਤ ਐਸ.ਡੀ. ਐਮ. ਪਾਸੋਂ ਲੈਣੀ ਜ਼ਰੂਰੀ ਹੋਵੇਗੀ।ਹੁਕਮਾਂ ਅਨੁਸਾਰ ਨਵਾਂਸ਼ਹਿਰ ਵਿਖੇ ਚੰਡੀਗੜ੍ਹ ਚੌਕ, ਬੱਸ ਅੱਡਾ ਚੌਕ ਅਤੇ ਨਹਿਰੂ ਗੇਟ ਵਿਖੇ ਕਿਸੇ ਵੀ ਤਰ੍ਹਾਂ ਦਾ ਧਰਨਾ/ਆਵਾਜਾਈ ਵਿਚ ਵਿਘਨ ਪਾਉਣ ਦੀ ਵੀ ਮਨਾਹੀ ਹੈ। ਇਸ ਦੇ ਨਾਲ ਹੀ ਜ਼ਿਲ੍ਹੇ ਦੇ ਤਹਿਸੀਲ ਕੰਪਲੈਕਸਾਂ, ਐਸ.ਡੀ.ਐਮ ਕੰਪਲੈਕਸਾਂ ਅਤੇ ਡੀ. ਏ. ਸੀ. ਕੰਪਲੈਕਸ ਵਿਚ ਵੀ ਅਜਿਹੀ ਕਿਸੇ ਕਿਸੇ ਵੀ ਤਰ੍ਹਾਂ ਦੀ ਗਤੀਵਿਧੀ, ਧਰਨੇ ਲਾਉਣ ਜਾਂ ਲਾਊਡ ਸਪੀਕਰ ਵਜਾਉਣ 'ਤੇ ਵੀ ਮੁਕੰਮਲ ਪਾਬੰਦੀ ਲਾਈ ਗਈ ਹੈ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਉਕਤ ਨਿਰਧਾਰਤ ਸਥਾਨਾਂ ਤੋਂ ਇਲਾਵਾ ਹੋਰ ਕਿਸੇ ਵੀ ਥਾਂ/ਸੜਕ 'ਤੇ ਰੋਸ ਧਰਨਾ/ਪ੍ਰਦਰਸ਼ਨ ਕਰਨ 'ਤੇ ਪਾਬੰਦੀ ਹੋਵੇਗੀ ਅਤੇ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ। ਇਹ ਹੁਕਮ 23 ਅਗਸਤ 2025 ਤੱਕ ਲਾਗੂ ਰਹਿਣਗੇ।

# ਪੈਨਸ਼ਨਰ ਐਸੋਸੀਏਸ਼ਨ ਵੱਲੋਂ ਜਹਾਜ਼ ਦੁਰਘਟਨਾ 'ਚ ਮਾਰੇ ਗਏ ਵਿਅਕਤੀਆਂ ਦੇ ਪਰਵਾਰਾਂ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ

**ਫ਼ਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**

ਅਹਿਮਦਾਬਾਦ (ਗੁਜਰਾਤ) ਦੇ ਸਰਦਾਰ ਵੱਲਭ ਭਾਈ ਪਟੇਲ ਹਵਾਈ ਅੱਡੇ ਨੇੜੇ ਮੇਘਾਨੀ ਨਗਰ ਇਲਾਕੇ ਵਿੱਚ ਏਅਰ ਇੰਡੀਆ ਦੇ ਜਹਾਜ਼ ਵਲੋਂ ਉਡਾਨ ਭਰਨ ਤੋਂ ਬਾਅਦ ਤੁਰੰਤ ਹੋਈ ਦੁਰਘਟਨਾ ਅਤਿਅੰਤ ਦੁਖਦਾਈ ਹੈ।ਇਸ ਅਤਿਅੰਤ ਦੁਖਦਾਈ ਅਤੇ ਮੰਦਭਾਗੀ ਦੁਰਘਟਨਾ 'ਤੇ ਗਹਿਰਾ ਦੁੱਖ ਪ੍ਰਗਟ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਦੇ ਸਰਪ੍ਰਸਤ ਕਰਨੈਲ ਸਿੰਘ ਸੰਧੂ, ਪ੍ਰਧਾਨ ਮੋਹਣ ਸਿੰਘ ਭੱਟੀ, ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ, ਪ੍ਰੈੱਸ ਸਕੱਤਰ ਸੀਤਲ ਰਾਮ ਬੰਗਾ, ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ, ਐਡੀਟਰ ਕ੍ਰਿਸ਼ਨ ਗੋਪਾਲ ਚੋਪੜਾ, ਜੁਆਇੰਟ ਸਕੱਤਰ ਸਤਪਾਲ ਸਿੰਘ ਖੱਟਕੜ, ਹਰਭਜਨ ਲਾਲ ਕੌਲ, ਕੇ ਕੇ ਪਾਂਡੇ, ਜਸਵਿੰਦਰ ਸਿੰਘ ਅਤੇ ਕੁਲਦੀਪ ਸਿੰਘ ਕੌੜਾ ਨੇ ਕਿਹਾ ਕਿ ਅਤਿਅੰਤ ਦੁਖਦਾਈ ਅਤੇ ਮੰਦਭਾਗੀ ਦੁਰਘਟਨਾ ਵਿੱਚ ਮਾਰੇ ਗਏ ਵਿਅਕਤੀਆਂ ਦੇ ਪਰਵਾਰਾਂ ਨੂੰ ਜਿੱਥੇ ਕਦੇ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ, ਉੱਥੇ ਪੂਰੇ ਦੇਸ਼ ਨੂੰ ਵੀ ਵੱਡਾ ਘਾਟਾ ਪਿਆ ਹੈ। ਐਸੋਸੀਏਸ਼ਨ ਦੇ ਸਮੂਹ ਮੈਂਬਰ ਦੁੱਖ ਵਿੱਚ ਸ਼ਾਮਲ ਹੁੰਦੇ ਹੋਏ ਅਰਦਾਸ ਕਰਦੇ ਹਾਂ ਕਿ ਹਾਦਸੇ ਵਿੱਚ ਮਾਰੇ ਗਏ ਸਮੂਹ ਵਿਅਕਤੀਆਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ੇ ਅਤੇ ਪਿੱਛੇ ਰਹਿ ਗਏ ਪਰਵਾਰਕ ਮੈਂਬਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ। ਐਸੋਸੀਏਸ਼ਨ ਕੇਂਦਰ ਸਰਕਾਰ,ਗੁਜਰਾਤ ਸਰਕਾਰ ਅਤੇ ਏਅਰ ਇੰਡੀਆ ਅਥਾਰਟੀ ਤੋਂ ਜ਼ੋਰਦਾਰ ਮੰਗ ਵੀ ਕਰਦੀ ਹੈ ਕਿ ਇਸ ਅਤਿਅੰਤ ਦੁਖਦਾਈ ਹਾਦਸੇ ਦੀ ਬਾਰੀਕੀ ਨਾਲ ਖੋਘ ਪੜਤਾਲ ਕੀਤੀ ਜਾਵੇ ਅਤੇ ਰਹੀਆਂ ਘਾਟਾਂ ਨੂੰ ਦੂਰ ਕਰਨ ਦੇ ਗੰਭੀਰਤਾ ਨਾਲ ਉਪਰਾਲੇ ਕੀਤੇ ਜਾਣ ਤਾਂ ਜੋ ਭਵਿੱਖ ਵਿੱਚ ਇਹੋ ਜਿਹੇ ਗੰਭੀਰ ਹਾਦਸਿਆਂ ਨੂੰ ਰੋਕਣ ਵਿੱਚ ਮਦਦ ਮਿਲ ਸਕੇ। ਐਸੋਸੀਏਸ਼ਨ ਇਹ ਵੀ ਮੰਗ ਕਰਦੀ ਹੈ ਕਿ ਮਾਰੇ ਗਏ ਵਿਅਕਤੀਆਂ ਦੇ ਸਮੂਹ ਪਰਵਾਰਾਂ ਦੀ ਜ਼ਿੰਦਗੀ ਦੇ ਗੁਜ਼ਾਰੇ ਨੂੰ ਗੰਭੀਰਤਾ ਨਾਲ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਦੀ ਹਰ ਪ੍ਰਕਾਰ ਨਾਲ ਕੇਂਦਰ ਸਰਕਾਰ, ਗੁਜਰਾਤ ਸਰਕਾਰ ਅਤੇ ਏਅਰ ਇੰਡੀਆ ਦੀ ਅਥਾਰਟੀ ਤੁਰੰਤ ਮਦਦ ਵੀ ਕਰੇ।

# ਆਸ਼ਾ ਵਰਕਰਾਂ ਵੱਲੋਂ ਸਿਵਲ ਸਰਜਨ ਦਫਤਰ ਅੱਗੇ ਰੋਸ ਰੈਲੀ 23 ਨੂੰ



**ਹੁਸ਼ਿਆਰਪੁਰ, (ਬਲਵੀਰ ਸੈਣੀ)**
ਆਸ਼ਾ ਵਰਕਰਜ਼ ਅਤੇ ਫੈਸਿਲੀਟੇਟਰ ਯੂਨੀਅਨ ਪੰਜਾਬ, ਜ਼ਿਲ੍ਹਾ ਹੁਸ਼ਿਆਰਪੁਰ ਦੀ ਪ੍ਰਧਾਨ ਹਰਨਿੰਦਰ ਕੌਰ, ਜਨਰਲ ਸਕੱਤਰ ਸ਼ਸ਼ੀ ਬਾਲਾ ਅਤੇ ਵਿੱਤ ਸਕੱਤਰ ਜਸਪ੍ਰੀਤ ਕੌਰ ਨੇ ਇੱਕ ਸਾਂਝੇ ਪ੍ਰੈਸ ਬਿਆਨ ਰਾਹੀਂ ਕਿਹਾ ਹੈ ਕਿ ਆਸ਼ਾ ਵਰਕਰਾਂ ਦੀਆਂ ਮੰਗਾਂ ਦੀ ਪ੍ਰਾਪਤੀ ਅਤੇ ਈ ਐਸ ਆਈ ਹਸਪਤਾਲ ਹੁਸ਼ਿਆਰਪੁਰ ਦੇ ਮਸਲੇ ਦਾ ਕੋਈ ਹੱਲ ਨਾ ਨਿਕਲਣ ਦੇ ਵਿਰੋਧ ਵਿੱਚ ਜੱਥੇਬੰਦੀ ਵਲੋਂ 23 ਜੂਨ ਦਿਨ ਸੋਮਵਾਰ ਨੂੰ ਸਿਵਲ ਸਰਜਨ ਦਫਤਰ ਹੁਸ਼ਿਆਰਪੁਰ ਅੱਗੇ ਜ਼ਿਲ੍ਹਾ ਪੱਧਰੀ ਰੋਸ ਰੈਲੀ ਕੀਤੀ ਜਾ ਰਹੀ ਹੈ। ਜੱਥੇਬੰਦੀ ਦੀ ਜ਼ਿਲ੍ਹਾ ਪ੍ਰੈਸ ਸਕੱਤਰ ਪਰਮਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹੇ ਅਤੇ ਬਲਾਕਾਂ ਅੰਦਰ ਆਸ਼ਾ ਵਰਕਰਾਂ ਨੂੰ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਇਸ ਸੰਬੰਧੀ ਸਿਵਲ ਸਰਜਨ ਨੂੰ ਸਮੇਂ ਸਮੇਂ ਸਿਰ ਜਾਣੂ ਕਰਵਾਇਆ ਜਾਂਦਾ ਰਿਹਾ ਹੈ ਪ੍ਰੰਤੂ ਬਹੁਤ ਸਾਰੀ ਮੰਗਾਂ ਨੂੰ ਹੱਲ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਕਿਹਾ ਕਿ ਈ ਐਸ ਆਈ ਹਸਪਤਾਲ ਹੁਸ਼ਿਆਰਪੁਰ ਵਿਖੇ ਤੈਨਾਤ ਏ ਐਨ ਐਮ ਵੱਲੋਂ ਆਸ਼ਾ ਵਰਕਰਾਂ ਨੂੰ ਬੇਲੋੜਾ ਤੰਗ-ਪ੍ਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਇਸ ਸਬੰਧੀ ਵੀ ਜੱਥੇਬੰਦੀ ਵਲੋਂ ਸਿਵਲ ਸਰਜਨ ਹੁਸ਼ਿਆਰਪੁਰ ਨੂੰ ਮਿਲ ਕੇ ਲਿਖਤੀ ਤੌਰ 'ਤੇ ਜਾਣੂ ਕਰਵਾਇਆ ਗਿਆ। ਤੰਗ-ਪ੍ਰੇਸ਼ਾਨ ਕਰਨ ਅਤੇ ਭੈੜੀ ਸ਼ਬਦਾਵਲੀ ਬੋਲਣ ਵਿਰੁੱਧ ਜੱਥੇਬੰਦੀ ਵੱਲੋਂ ਸਿਵਲ ਸਰਜਨ ਹੁਸ਼ਿਆਰਪੁਰ ਨੂੰ ਸੌਂਪੇ ਗਏ ਮੰਗ ਪੱਤਰ ਸੰਬੰਧੀ ਕੋਈ ਵੀ ਨਿਪਟਾਰਾ ਨਹੀਂ ਹੋਇਆ ਹੈ ਜਿਸ ਕਾਰਨ ਆਸ਼ਾ ਵਰਕਰਾਂ ਅੰਦਰ ਭਾਰੀ ਰੋਸ ਹੈ। ਆਗੂਆਂ ਵਲੋਂ ਆਪਣੀਆਂ ਮੰਗਾਂ ਦੀ ਪ੍ਰਾਪਤੀ ਅਤੇ ਮਾਣ-ਸੰਮਾਨ ਦੀ ਰਾਖੀ ਲਈ 23 ਜੂਨ ਨੂੰ ਸਿਵਲ ਸਰਜਨ ਦਫਤਰ ਅੱਗੇ ਕੀਤੀ ਜਾ ਰਹੀ ਵਿਸ਼ਾਲ ਜ਼ਿਲ੍ਹਾ ਪੱਧਰੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ ਹੈ। ਆਗੂਆਂ ਵਲੋਂ ਪ.ਸ.ਸ.ਫ. ਅਤੇ ਹੋਰ ਮੁਲਾਜ਼ਮ ਜੱਥੇਬੰਦੀਆਂ ਨੂੰ ਵੀ ਸਹਿਯੋਗ ਦੀ ਅਪੀਲ ਕੀਤੀ ਗਈ ਹੈ। ਇਸ ਮੌਕੇ ਉਪਰੋਕਤ ਆਗੂਆਂ ਤੋਂ ਇਲਾਵਾ ਜੱਥੇਬੰਦੀ ਦੀ ਸੂਬਾ ਚੇਅਰਮੈਨ ਸੁਖਵਿੰਦਰ ਕੌਰ, ਮਨਜੀਤ ਕੌਰ ਬੁੱਢਾਵੜ, ਜਸਵੀਰ ਕੌਰ ਚੱਕੋਵਾਲ, ਨਸੀਬ ਕੌਰ ਭੂੰਗਾ, ਰਾਜ ਕੁਮਾਰੀ ਟਾਂਡਾ, ਕੁਲਵਿੰਦਰ ਕੌਰ ਪੋਸੀ, ਜਸਵਿੰਦਰ ਕੌਰ ਹਾਰਟਾ ਬਡਲਾ, ਕਸ਼ਮੀਰੋ ਦੇਵੀ ਮੰਡ ਭੰਡੇਰ, ਪਰਮਜੀਤ ਕੌਰ ਪਾਲਦੀ, ਸੁਸ਼ਮਾ ਰਾਣੀ ਹਾਜੀਪੁਰ ਵੀ ਹਾਜ਼ਰ ਸਨ।

# ਸੜਕ ਹਾਦਸੇ 'ਚ ਸਕੂਟੀ ਸਵਾਰ ਔਰਤ ਦੀ ਮੌਤ

**ਅੱਡਾ ਸਰਾਂ (ਜਸਵੀਰ ਕਾਜਲ)**-ਟਾਂਡਾ ਹੁਸ਼ਿਆਰਪੁਰ ਸੜਕ 'ਤੇ ਪਿੰਡ ਨੈਣੋਵਾਲ ਪੁਲ ਦੇ ਨਜ਼ਦੀਕ ਇੱਕ ਸੜਕ ਵਿਚਕਾਰ ਪਏ ਹੋਏ ਡੂੰਘੇ ਟੋਏ ਕਾਰਨ ਸੜਕ ਵਿਚਕਾਰ ਡਿੱਗਣ ਕਾਰਨ ਇੱਕ ਸਕੂਟੀ ਸਵਾਰ ਔਰਤ ਦੀ ਮੌਤ ਹੋ ਗਈ।



ਇਹ ਮੰਦਭਾਗੀ ਦੁਰਘਟਨਾ ਅੱਜ ਦੁਪਹਿਰ ਕਰੀਬ 12 ਵਜੇ ਉਸ ਸਮੇਂ ਵਾਪਰੀ ਜਦੋਂ ਅੱਡਾ ਸਰਾਂ ਵਿੱਚ ਬੁਟੀਕ ਦਾ ਕਰਨ ਕੰਮ ਵਾਲੀ ਸਕੂਟੀ ਸਵਾਰ ਔਰਤ ਕੁਲਵਿੰਦਰ ਕੌਰ ਪਤਨੀ ਜਰਨੈਲ ਸਿੰਘ ਵਾਸੀ ਪਿੰਡ ਕਬੀਰਪੁਰ ਸ਼ੇਖਾ (ਹਰਿਆਣਾ ) ਹੁਸ਼ਿਆਰਪੁਰ ਵੱਲ ਜਾ ਰਹੀ ਸੀ ਕਿ ਸੜਕ ਵਿਚਕਾਰ ਪਏ ਡੂੰਘੇ ਟੋਏ ਕਾਰਨ ਉਸ ਦੀ ਸਕੂਟੀ ਦਾ ਸੰਤੁਲਨ ਵਿਗੜ ਗਿਆ ਤੇ ਉਹ ਸੜਕ ਵਿਚਕਾਰ ਡਿਗ ਪਈ ਤੇ ਮੌਕੇ 'ਤੇ ਹੀ ਉਸ ਦੀ ਮੌਤ ਹੋ ਗਈ।ਇਸ ਸਬੰਧੀ ਥਾਣਾ ਬੁੱਲੋਵਾਲ ਤੋਂ ਪਹੁੰਚੇ ਏ.ਐਸ.ਆਈ ਨਰਿੰਦਰ ਸਿੰਘ ਦੀ ਟੀਮ ਨੇ ਮੌਕੇ 'ਤੇ ਪਹੁੰਚ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਪ੍ਰਸ਼ਾਸਨ ਵਿਦਿਅਕ ਸੰਸਥਾਵਾਂ ਦੇ ਆਲੇ-ਦੁਆਲੇ ਨਸ਼ੀਲੇ ਪਦਾਰਥਾਂ ਦੇ ਨੈੱਟਵਰਕ ਨੂੰ ਖਤਮ ਕਰਨ ਲਈ ਵਚਨਬੱਧ

**ਜਲੰਧਰ, (ਸ਼ੈਲੀ ਐਲਬਰਟ)**
ਪੰਜਾਬ ਸਰਕਾਰ ਦੀ ਤੇਜ਼ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਹਿੱਸੇ ਵਜੋਂ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਿੱਖਿਆ ਅਤੇ ਪੁਲਸ ਵਿਭਾਗਾਂ ਨੂੰ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਨੇੜੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਹਨ।ਨਾਰਕੋ ਕੋਆਰਡੀਨੇਸ਼ਨ ਸੈਂਟਰ (ਐਨ.ਸੀ.ਓ.ਆਰ.ਡੀ.) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਡਾ. ਅਗਰਵਾਲ, ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਅਤੇ ਐਸ ਐਸ ਪੀ ਹਰਵਿੰਦਰ ਸਿੰਘ ਵਿਰਕ ਦੇ ਨਾਲ, ਸਿੱਖਿਆ ਵਿਭਾਗ ਨੂੰ ਸਕੂਲਾਂ ਦਾ, ਖਾਸ ਕਰਕੇ ਨਸ਼ੀਲੇ ਪਦਾਰਥਾਂ ਦੇ ਹੌਟਸਪੌਟ ਵਜੋਂ ਪਛਾਣੇ ਗਏ ਖੇਤਰਾਂ ਵਿੱਚ ਮੌਜੂਦ ਸਕੂਲਾਂ ਦੇ ਨੇੜੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਦਾ ਡੂੰਘਾਈ ਨਾਲ ਨਿਰੀਖਣ ਕਰਨ ਲਈ ਕਿਹਾ।ਉਨ੍ਹਾਂ ਹਦਾਇਤ ਕੀਤੀ ਕਿ ਨਸ਼ਿਆਂ ਦੀ ਦੁਰਵਰਤੋਂ ਲਈ ਸੰਵੇਦਨਸ਼ੀਲ ਸਕੂਲਾਂ ਦੇ ਨੇੜਲੇ ਇਲਾਕਿਆਂ ਸੰਬੰਧੀ ਇੱਕ ਵਿਸਤ੍ਰਿਤ ਰਿਪੋਰਟ 15 ਜੁਲਾਈ, 2025 ਤੱਕ ਜਮ੍ਹਾਂ ਕਰਵਾਈ ਜਾਵੇ।ਡਿਪਟੀ ਕਮਿਸ਼ਨਰ ਡਾ. ਅਗਰਵਾਲ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਸਿੱਖਿਆ ਸੰਸਥਾਨਾਂ ਨੇੜੇ ਕਿਸੇ ਵੀ ਸ਼ੱਕੀ ਗਤੀਵਿਧੀਆਂ ਬਾਰੇ ਫੀਡਬੈਕ ਇਕੱਠਾ ਕਰਨ ਵਿੱਚ ਸ਼ਾਮਲ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਚੇਤਾਵਨੀ ਦਿੱਤੀ ਕਿ ਅਜਿਹੀਆਂ ਥਾਵਾਂ ਦੀ ਰਿਪੋਰਟ ਕਰਨ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਲਾਪਰਵਾਹੀ ਕਰਨ ਵਾਲੇ ਅਧਿਕਾਰੀਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਅੱਗੇ ਕਿਹਾ ਕਿ ਰਿਪੋਰਟ ਪ੍ਰਾਪਤ ਹੋਣ ਤੋਂ ਬਾਅਦ, ਪੁਲਸ ਵਿਭਾਗ ਸਬੰਧਤ ਸਕੂਲਾਂ ਦੇ ਆਲੇ-ਦੁਆਲੇ ਨਸ਼ੀਲੇ ਪਦਾਰਥਾਂ ਦੀ ਵਿਕਰੀ ਨੂੰ ਰੋਕਣ ਲਈ ਨਿਸ਼ਾਨਾਬੱਧ ਕਾਰਵਾਈਆਂ ਸ਼ੁਰੂ ਕਰੇਗਾ।ਡਿਪਟੀ ਕਮਿਸ਼ਨਰ ਵੱਲੋਂ ਸਿਹਤ ਵਿਭਾਗ ਨੂੰ ਮੈਡੀਕਲ ਨਸ਼ਿਆਂ ਵਿਰੁੱਧ ਵੀ ਸਿੰਥੈਟਿਕ ਡਰੱਗ ਦੇ ਮਾਮਲੇ ਵਰਗੀ ਕਾਰਵਾਈ ਕਰਨ ਲਈ ਕਿਹਾ। ਉਨ੍ਹਾਂ ਮੈਡੀਕਲ ਨਸ਼ਿਆਂ ਦੀ ਵਿਕਰੀ ਨੂੰ ਹੋਰ ਤਰ੍ਹਾਂ ਦੇ ਨਸ਼ਿਆਂ ਦੇ ਬਰਾਬਰ ਮੰਨਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਇੱਕ ਹੋਰ ਵੱਡੇ ਫੈਸਲੇ ਵਿੱਚ, ਡਿਪਟੀ ਕਮਿਸ਼ਨਰ ਨੇ ਪੁਲਸ ਵਿਭਾਗ ਨੂੰ ਅੰਤਰਰਾਜੀ ਅਤੇ ਅੰਤਰ-ਜ਼ਿਲ੍ਹਾ ਚੌਕੀਆਂ 'ਤੇ ਚੌਕਸੀ ਹੋਰ ਮਜ਼ਬੂਤ ਕਰਨ ਲਈ ਕਿਹਾ, ਖਾਸ ਕਰਕੇ ਦੂਜੇ ਰਾਜਾਂ ਤੋਂ ਸਿੰਥੈਟਿਕ ਅਤੇ ਫਾਰਮਾਸੂਟੀਕਲ ਡਰੱਗ ਤਸਕਰੀ ਦੀ ਜਾਂਚ ਕਰਨ ਲਈ।ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਸੋਰਸ ਪੱਧਰ 'ਤੇ ਸਪਲਾਈ ਨੂੰ ਰੋਕਣ ਲਈ ਨਸ਼ਿਆਂ ਦੀ ਸਪਲਾਈ ਦੇ ਸਰੋਤਾਂ ਦੀ ਪਛਾਣ ਕਰਨ ਲਈ ਇੱਕ ਸਾਂਝਾ ਸਰਵੇਖਣ ਸ਼ੁਰੂ ਕੀਤਾ ਗਿਆ ਹੈ।ਸਿਹਤ ਅਧਿਕਾਰੀਆਂ ਨੇ ਦੱਸਿਆ ਕਿ ਸਿਵਲ ਹਸਪਤਾਲ ਜਲੰਧਰ ਅਤੇ ਨੂਰਮਹਿਲ ਵਿਖੇ ਦੋ ਨਸ਼ਾ ਛੁਡਾਊ ਕੇਂਦਰ, ਸ਼ੇਖੇ ਪਿੰਡ ਵਿਖੇ ਇੱਕ ਪੁਨਰਵਾਸ ਕੇਂਦਰ ਅਤੇ ਕਈ ਓਟ ਕਲੀਨਿਕ ਜ਼ਿਲ੍ਹੇ ਵਿੱਚ ਚੱਲ ਰਹੇ ਹਨ।




# ਸੈਣੀ ਨੇ ਅਪਰਾਧੀਆਂ ਖਿਲਾਫ ਸਖਤ ਕਾਰਵਾਈ ਕਰਨ ਦੇ ਦਿੱਤੇ ਨਿਰਦੇਸ਼

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਇੱਥੇ ਸੂਬੇ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਅਤੇ ਆਬਕਾਰੀ ਨੀਲਾਮੀ ਦੀ ਪ੍ਰਗਤੀ ਦੀ ਉੱਚ ਪੱਧਰੀ ਮੀਟਿੰਗ ਦੀ ਅਗਵਾਈ ਕੀਤੀ।ਮੀਟਿੰਗ ਦੌਰਾਨ ਅਪਰਾਧੀਆਂ ਦੇ ਖਿਲਾਫ ਹਾਈ ਆਕਟੇਨ ਮੁਹਿੰਮ ਚਲਾਉਣ ਅਤੇ ਹਰਿਆਣਾ 'ਚ ਪੁਲਸ ਦੀ ਪ੍ਰਭਾਵੀ ਤੇ ਜਿੰਮੇਵਾਰਗੀ ਮੌਜੂਦਗੀ ਯਕੀਨੀ ਕਰਨ ਦੇ ਨਿਰਦੇਸ਼ ਦਿੰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਕਾਨੂੰਨ ਵਿਵਸਥਾ ਨੂੰ ਮਜ਼ਬੂਤ ਬਣਾਏ ਰੱਖਣਾ ਸਰਕਾਰ ਦੀ ਸਰਵੋਚ ਪ੍ਰਾਥਮਿਕਤਾ ਹੈ।ਕੁਰੂਕਸ਼ੇਤਰ ਵਿੱਚ ਇੱਕ ਆਬਕਾਰੀ ਲਾਇਸੈਂਸਧਾਰੀ ਦੀ ਹਤਿਆ ਦੀ ਰਿਪੋਰਟ 'ਤੇ ਚਿੰਤਾ ਜਤਾਉਂਦੇ ਹੋਏ ਮੁੱਖ ਮੰਤਰੀ ਨੇ ਪੁਲਸ ਡਾਇਰੈਕਟਰ ਜਨਰਲ ਨੂੰ ਦੋਸ਼ੀਆਂ ਦੇ ਖਿਲਾਫ ਤੁਰੰਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।ਨਾਲ ਹੀ, ਉਨ੍ਹਾਂ ਨੇ ਕਿਹਾ ਕਿ ਜਿਲ੍ਹਾ ਨਾਗਰਿਕਾਂ ਨੂੰ ਧਮਕੀ ਜਾਂ ਫਿਰੌਤੀ ਸੰਬੰਧੀ ਕਾਲ ਮਿਲ ਰਹੀ ਹੈ, ਉਨ੍ਹਾਂ ਨੇ ਤੁਰੰਤ ਸੁਰੱਖਿਆ ਪ੍ਰਦਾਨ ਕੀਤੀ ਜਾਵੇ।ਇਸ ਉਦੇਸ਼ ਲਈ ਇੱਕ ਸਮਰਪਿਤ ਹੈਲਪਲਾਇਨ ਨੰਬਰ ਜਾਰੀ ਕਰ ਉਸ ਨੂੰ ਐਮਰਜੈਂਸੀ ਸੇਵਾ 112 ਨਾਲ ਲਿੰਕ ਕਰਨ ਦੇ ਨਿਰਦੇਸ਼ ਦਿੱਤੇ ਗਏ।ਮੀਟਿੰਗ ਵਿੱਚ ਮੁੱਖ ਸਕੱਤਰ ਅਨੁਰਾਗ ਰਸਤੋਗੀ, ਮੁੱਖ ਮੰਤਰੀ ਦੇ ਮੁੱਖ ਪ੍ਰਧਾਨ ਸਕੱਤਰ ਸ੍ਰੀ ਰਾਜੇਸ਼ ਖੁੱਲਰ, ਗ੍ਰਹਿ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਆਬਕਾਰੀ ਅਤੇ ਕਰਾਧਾਨ ਵਿਭਾਗ ਦੀ ਕਮਿਸ਼ਨਰ ਅਤੇ ਸਕੱਤਰ ਸ੍ਰੀਮਤੀ ਆਸ਼ਿਮਾ ਬਰਾੜ ਅਤੇ ਪੁਲਿਸ ਡਾਇਰੈਕਟਰ ਜਨਰਲ ਸ਼ਤਰੂਜੀਤ ਕਪੂਰ ਸਮੇਤ ਹੋਰ ਸੀਨੀਅਰ ਅਧਿਕਾਰੀ ਮੌਜੂਦ ਰਹੇ।

# ਬੰਗਾ ਬਲਾਕ 'ਚ ਬਾਲ ਮਜ਼ਦੂਰੀ ਖਿਲਾਫ ਚੈਕਿੰਗ

**ਬੰਗਾ (ਅਵਤਾਰ ਕਲੇਰ)**
ਪੰਜਾਬ ਸਰਕਾਰ ਵੱਲੋਂ ਬਾਲ ਮਜਦੂਰੀ ਅਤੇ ਬਾਲ ਭਿੱਖਿਆ ਖਿਲਾਫ ਵਿੱਢੀ ਮੁਹਿੰਮ ਤਹਿਤ ਜਿਲ੍ਹਾ ਟਾਸਕ ਫੋਰਸ ਵੱਲੋਂ ਬੰਗਾ ਵਿੱਚ ਚੈਕਿੰਗ ਕਰਦਿਆਂ ਬਾਲ ਮਜਦੂਰੀ ਕਰ ਰਹੇ ਦੋ ਬੱਚਿਆਂ ਨੂੰ ਰੈਸਕਿਊ ਕੀਤਾ ਅਤੇ ਸੰਬੰਧਤ ਦੁਕਾਨਦਾਰਾਂ ਦੇ ਮੌਕੇ ਹੀ ਚਾਲਾਨ ਕੀਤੇ। ਜਿਲ੍ਹਾ ਟਾਸਕ ਫੋਰਸ ਦੀ ਟੀਮ ਨੇ ਬੰਗਾ ਦੇ ਬੱਸ ਸਟੈਂਡ ਰੋਡ, ਮੁਕੰਦਪੁਰ ਰੋਡ ਅਤੇ ਬੰਗਾ ਤੋਂ ਨਵਾਸ਼ਹਿਰ ਰੋਡ 'ਤੇ ਬਾਲ ਮਜਦੂਰੀ ਅਤੇ ਬਾਲ ਭਿੱਖਿਆ ਖਿਲਾਫ ਚੈਕਿੰਗ ਕੀਤੀ ਜਿਸ ਦੌਰਾਨ ਟੀਮ ਵੱਲੋਂ 18 ਸਾਲ ਤੋਂ ਘੱਟ ਉਮਰ ਦੇ ਦੋ ਬੱਚਿਆਂ ਨੂੰ ਬਾਲ ਮਜਦੂਰੀ ਤੋਂ ਮੁਕਤ ਕਰਵਾਇਆ ਗਿਆ। ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਡਾਇਰੈਕਟਰ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਵੱਲੋਂ ਪ੍ਰੋਜੈਕਟ ਪੈਨ ਇੰਡੀਆ ਬਾਲ ਮਜ਼ਦੂਰੀ ਖਿਲਾਫ ਮੁਹਿੰਮ ਨੂੰ ਸਖਤਾਈ ਨਾਲ ਲਾਗੂ ਕਰਨ ਲਈ ਦਿੱਤੀਆਂ ਹਦਾਇਤਾਂ 'ਤੇ ਇਹ ਚੈਕਿੰਗ ਕੀਤੀ ਗਈ। ਜਿਲ੍ਹਾ ਬਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਅਗਵਾਈ 'ਚ ਹੋਈ ਚੈਕਿੰਗ ਦੌਰਾਨ ਮੌਕੇ ਮੌਜੂਦ ਲੇਬਰ ਅਫਸਰ ਵੱਲੋਂ ਬਾਲ ਮਜਦੂਰੀ ਤੋਂ ਦੋ ਬੱਚਿਆਂ ਨੂੰ ਰੈਸਕਿਊ ਕਰਵਾਉਣ ਉਪਰੰਤ ਸਬੰਧਿਤ ਦੁਕਾਨ/ਫਰਮ ਦਾ ਚਲਾਨ ਵੀ ਕੀਤਾ ਗਿਆ। ਰੈਸਕਿਊ ਕੀਤੇ ਬੱਚਿਆਂ ਨੂੰ ਪੁਲਸ ਵਿਭਾਗ ਦੇ ਸਹਿਯੋਗ ਨਾਲ ਬਾਲ ਭਲਾਈ ਕਮੇਟੀ ਵਿਖੇ ਪੇਸ਼ ਕੀਤਾ ਗਿਆ ਤਾਂ ਜੋ ਉਨ੍ਹਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਗਲੇਰੀ ਕਾਰਵਾਈ ਕੀਤੀ ਜਾ ਸਕੇ। ਟੀਮ ਵੱਲੋਂ ਮੌਕੇ 'ਤੇ ਹੀ ਇੱਕ ਬੱਚੇ ਦੇ ਪਿਤਾ ਨੂੰ ਟ੍ਰੇਸ ਕਰ ਲਿਆ ਗਿਆ ਹੈ ਅਤੇ ਬਾਲ ਭਲਾਈ ਕਮੇਟੀ ਵੱਲੋਂ ਬੱਚਿਆਂ ਦੇ ਦਸਤਾਵੇਜ ਵੈਰੀਫਾਈ ਕਰਨ ਉਪਰੰਤ ਉਨ੍ਹਾਂ ਦੀ ਸੁਰੱਖਿਆ ਸੰਬੰਧੀ ਕਰਵਾਈ ਕੀਤੀ ਜਾਵੇਗੀ। ਜਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਬੱਚਿਆਂ ਦੀ ਉਮਰ ਅਨੁਸਾਰ ਉਨ੍ਹਾਂ ਨੂੰ ਸਕੂਲ 'ਚ ਦਾਖਲ ਕਰਵਾਇਆ ਜਾਵੇਗਾ। ਇਸ ਮੌਕੇ ਜਿਲ੍ਹਾ ਬਾਲ ਸੁਰੱਖਿਆ ਅਫਸਰ ਵੱਲੋਂ ਦੁਕਾਨਦਾਰਾਂ ਅਤੇ ਆਮ ਜਨਤਾ ਨੂੰ ਜਾਗਰੂਕ ਕੀਤਾ ਗਿਆ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਕੰਮ ਕਰਵਾਉਣਾ ਅਤੇ ਭੀਖ ਮੰਗਵਾਉਣਾ ਕਾਨੂੰਨੀ ਤੌਰ 'ਤੇ ਅਪਰਾਧ ਹੈ।



ਬਾਲ ਸੁਰੱਖਿਆ ਅਫਸਰ ਗੌਰਵ ਸਰਮਾ ਵੱਲੋਂ ਸਰਕਾਰ ਵੱਲੋਂ ਲੋੜਵੰਦ ਬੱਚਿਆਂ ਲਈ ਚਲਾਈ ਜਾ ਰਹੀ ਸਪਾਂਸਰਸ਼ਿਪ ਸਕੀਮ ਸੰਬੰਧੀ ਵੀ ਜਾਣੂ ਕਰਵਾਇਆ ਗਿਆ ਜਿਸ ਦੇ ਤਹਿਤ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਪ੍ਰਤੀ ਮਹੀਨਾ 4000 ਰੁਪਏ ਵਿੱਤੀ ਸਹਾਇਤਾ ਬੱਚਿਆਂ ਨੂੰ ਸਿੱਖਿਅਤ ਕਰਨ ਲਈ ਦਿੱਤੀ ਜਾਂਦੀ ਹੈ। ਉਹਨਾਂ ਵੱਲੋਂ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਮਜ਼ਦੂਰੀ 'ਚ ਲੱਗਿਆ ਦਿਖਾਈ ਦਿੰਦਾ ਹੈ ਤਾਂ ਇਸ ਸੰਬੰਧੀ ਜਾਣਕਾਰੀ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਕਮਰਾ ਨੰਬਰ 413 ਤੀਜੀ ਮੰਜਲ ਡੀਸੀ ਦਫਤਰ ਜਾਂ ਚਾਇਲਡ ਹੈਲਪਲਾਈਨ ਨੰਬਰ 1098 'ਤੇ ਦਿੱਤੀ ਜਾਣੀ ਯਕੀਨੀ ਬਣਾਈ ਜਾਵੇ। ਚੈਕਿੰਗ ਟੀਮ 'ਚ ਲੇਬਰ ਅਫਸਰ ਹਰਵਿੰਦਰ ਸਿੰਘ, ਸੀ.ਪੀ.ਓ. ਗੌਰਵ ਸਰਮਾ ਅਤੇ ਡੀ.ਈ.ਓ. ਸੰਤੋਸ, ਤਹਿਸੀਲ ਦਫਤਰ ਤੋਂ ਹਰਮੇਸ ਸਿੰਘ, ਸੀਡੀਪੀਓ ਦਫਤਰ ਤੋਂ ਕੁਲਵਿੰਦਰ ਕੌਰ, ਸਿਹਤ ਵਿਭਾਗ ਤੋਂ ਦਿਲਬਾਗ ਸਿੰਘ, ਪੁਲਿਸ ਵਿਭਾਗ ਤੋਂ ਕੁਲਵਿੰਦਰ ਕੌਰ ਅਤੇ ਨੀਲਮ ਰਾਣੀ ਮੌਜੂਦ ਸਨ।

# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਤੇ ਟਰਾਂਸਮਿਸ਼ਨ ਮੰਡਲ ਵੱਲੋਂ ਰੋਸ ਧਰਨਾ

**ਨਵਾਂਸ਼ਹਿਰ (ਮਨੋਜ ਲਾਡੀ)**
ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਤੇ ਟਰਾਂਸਮਿਸ਼ਨ ਮੰਡਲ ਨਵਾਂਸ਼ਹਿਰ ਦੇ ਪ੍ਰਧਾਨ ਨਰਿੰਦਰ ਮਹਿਤਾ ਦੀ ਅਗਵਾਈ ਵਿੱਚ ਮੰਡਲ ਨਵਾਂਸ਼ਹਿਰ ਅੱਗੇ ਰੋਸ ਧਰਨਾ ਦਿੱਤਾ ਗਿਆ। ਇਸ ਧਰਨੇ ਵਿੱਚ ਸਰਕਲ ਪ੍ਰਧਾਨ ਕੁਲਵਿੰਦਰ ਅਟਵਾਲ, ਸਰਪਰੱਸਤ ਬਲਵੀਰ ਦੁਸਾਂਝ, ਸਕੱਤਰ ਅਸ਼ਵਨੀ ਗੜ੍ਹਸ਼ੰਕਰੀ, ਸਹਾਇਕ ਸਕੱਤਰ ਨਿਰੰਜਣ ਕੰਗਾਂ, ਵਿੱਤ ਸਕੱਤਰ ਵਿਜੇ ਕੁਮਾਰ, ਪ੍ਰੈਸ ਸਕੱਤਰ ਜਗਦੀਸ਼ ਬਲਾਚੌਰ, ਅਡੀਟਰ ਮਲਕੀਤ ਮਢਾਲੀ, ਮੰਡਲ ਸੀਨੀਅਰ ਮੀਤ ਪ੍ਰਧਾਨ ਰਵਿੰਦਰ ਭਾਸਕਰ, ਮੰਡਲ ਮੀਤ ਪ੍ਰਧਾਨ ਸ਼ੰਭੂ ਨਰਾਇਣ, ਮੰਡਲ ਪ੍ਰਧਾਨ ਗੁਰਮੁਖ ਸਿੰਘ, ਕਮਲਦੇਵ ਪ੍ਰਧਾਨ ਗੜ੍ਹਸ਼ੰਕਰ, ਪਰੇਮ ਚਣਕੋਆ, ਅਮਰੀਕ ਸਕੱਤਰ ਔੜ, ਜੁਗਿੰਦਰ ਬੇਗਮਪੁਰ, ਰਵਿੰਦਰ ਬਿੱਲਾ ਪ੍ਰਧਾਨ ਸੀ:ਐਚ:ਵੀ, ਕੁਲਦੀਪ ਸੌਨਾ, ਰਘਵੀਰ ਸਿੰਬਲੀ ਆਦਿ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਿੱਤੇ ਨਿਰਦੇਸ਼ਾਂ ਅਨੁਸਾਰ ਪਾਵਰਕਾਮ ਮੈਨੇਜਮੈਂਟ ਵੱਲੋਂ ਸਕੇਲਾਂ ਦੇ ਏਰੀਅਰ ਦੀ ਪਹਿਲੀ ਕਿਸ਼ਤ ਅਤੇ ਰਿਵਾਇਜ ਗੁਰੈਚਿਟੀ ਦੇ ਏਰੀਅਰ ਦੀ ਪਹਿਲੀ ਕਿਸ਼ਤ ਅਪ੍ਰੈਲ ਮਹੀਨੇ ਤੋਂ ਦੇਣਾਂ ਸ਼ੁਰੂ ਕਰਨਾ ਸੀ, ਜੋ ਕਿ ਪੰਜਾਬ ਦੀਆਂ ਕਈ ਡਵੀਜਨਾਂ ਵਿੱਚ ਕਿਸ਼ਤ ਦੇਣਾਂ ਸ਼ੁਰੂ ਨਹੀ ਕੀਤਾ ਗਿਆ, ਪੰਜਾਬ ਡਿਵੈਲਪਮੈਂਟ ਦੇ ਨਾਂ 'ਤੇ ਕੱਟਿਆ ਜਾ ਰਿਹਾ ਜੱਬਰੀ ਦੋ ਸੌ ਰੁਪਏ ਪ੍ਰਤੀ ਮਹੀਨਾ ਟੈਕਸ ਦੀ ਕਟੌਤੀ ਬੰਦ ਨਹੀਂ ਕੀਤੀ ਜਾ ਰਹੀ, ਪੈਨਸ਼ਨਰਜ਼ ਨੂੰ 2.59 ਫੈਕਟਰ ਨਾਲ ਸੋਧ ਕੇ ਲਾਗੂ ਨਹੀ ਕੀਤਾ ਜਾ ਰਿਹਾ, ਪਰਾਣੀ ਪੈਨਸ਼ਨ ਸਕੀਮ ਮੁੜ ਬਹਾਲ ਨਹੀ ਕੀਤੀ ਜਾ ਰਹੀ ਆਦਿ ਮੰਗਾਂ ਸੰਬੰਧੀ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਵੱਲੋਂ ਕੀਤੀ ਜਾ ਰਹੀ ਲਾਰਿਆਂ ਦੀ ਘੱਟੀਆ ਨੀਤੀ ਖਿਲਾਫ ਸੂਬਾ ਕਮੇਟੀ ਵਲੋਂ ਉਲੀਕੇ ਸ਼ੰਘਰਸ਼ ਮੁਤਾਬਿਕ ਦੋ ਜੂਨ ਤੋਂ ਵੀਹ ਜੂਨ ਤੱਕ ਪੰਜਾਬ ਦੀਆਂ ਸਾਰੀਆਂ ਡਵੀਜ਼ਨਾਂ ਅੱਗੇ ਡਵੀਜਨ ਪੱਧਰੀ ਧਰਨੇ ਦਿੱਤੇ ਜਾ ਰਹੇ ਹਨ।ਜਿਸ ਲੜੀ ਤਹਿਤ ਨਵਾਂਸ਼ਹਿਰ ਡਵੀਜਨ ਅੱਗੇ ਰੋਸ ਧਰਨਾ ਦਿੱਤਾ ਗਿਆ।ਜਿਸ ਵਿੱਚ ਬੁਲਾਰਿਆਂ ਵੱਲੋਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪੰਜਾਬ ਸਰਕਾਰ, ਪਾਵਰਕਾਮ ਮੈਨੇਜਮੈਂਟ ਵੱਲੋਂ ਲਾਰਿਆਂ ਦੀ ਨੀਤੀ ਛੱਡਕੇ ਮੰਗਾਂ ਦਾ ਨਬੇੜਾ ਜੱਲਦ ਨਾ ਕੀਤਾ ਗਿਆ ਤਾਂ ਭਵਿੱਖ ਵਿੱਚ ਸੰਘਰਸ਼ਾਂ ਨੂੰ ਲਗਾਤਾਰ ਇਸੇ ਤਰ੍ਹਾਂ ਜਾਰੀ ਰੱਖਿਆ ਜਾਵੇਗਾ।ਇਸ ਧਰਨੇ ਵਿੱਚ ਬਹੁਗਿਣਤੀ ਪੈਨਸ਼ਨਰਜ਼ ਅਤੇ ਮੁਲਾਜ਼ਮ ਹਾਜ਼ਰ ਸਨ।ਸਟੇਜ ਸਕੱਤਰ ਦੀ ਭੂਮਿਕਾ ਮਦਨ ਲਾਲ ਵੱਲੋਂ ਨਿਭਾਈ ਗਈ।

# ਫਲਸਤੀਨੀਆਂ 'ਤੇ ਕੀਤੇ ਜਾ ਰਹੇ ਹਮਲਿਆਂ ਵਿਰੁੱਧ ਰੋਸ ਵਿਖਾਵਾ



**ਜਲੰਧਰ (ਰਾਜੇਸ਼ ਥਾਪਾ)** ਦੇਸ਼ ਦੀਆਂ ਖੱਬੀਆਂ ਪਾਰਟੀਆਂ ਦੇ 'ਫ਼ਲਸਤੀਨ ਨਾਲ ਇਕਜੁੱਟਤਾ ਦਿਵਸ' ਮਨਾਏ ਜਾਣ ਦੇ ਦੇਸ਼ ਵਿਆਪੀ ਸੱਦੇ ਨੂੰ ਲਾਗੂ ਕਰਦਿਆਂ ਇੱਥੇ ਕਸਬਾ ਜਮਸ਼ੇਰ ਖਾਸ ਵਿਖੇ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ) ਦੇ ਕਾਰਕੁੰਨਾਂ ਨੇ ਜੰਗ ਦੀ ਭਿਆਨਕਤਾ ਵਿਰੁੱਧ ਇਜ਼ਰਾਇਲ-ਅਮਰੀਕਾ ਜੰਗ ਬਾਜ਼ ਜੁੰਡਲੀ ਮੁਰਦਾਬਾਦ, ਫਲਸਤੀਨੀਆਂ ਦਾ ਨਸਲਘਾਤ ਤੇ ਉਜਾੜਾ ਬੰਦ ਕਰੋ ਅਤੇ ਅਮਨ ਕਾਇਮੀ ਲਈ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਪਾਰਟੀ ਦੇ ਤਹਿਸੀਲ ਸਕੱਤਰ ਬਲਦੇਵ ਸਿੰਘ ਨੂਰਪੁਰੀ, ਸੁਨੀਤਾ ਨੂਰਪੁਰੀ, ਬਲਜੀਤ ਕੌਰ ਜਮਸ਼ੇਰ ਅਤੇ ਖੁਸ਼ੀ ਰਾਮ ਜਮਸ਼ੇਰ ਨੇ ਵਿਚਾਰ ਰੱਖੇ।ਉਪਰੋਕਤ ਆਗੂਆਂ ਨੇ ਕਿਹਾ ਕਿ ਇਜ਼ਰਾਇਲ ਵੱਲੋਂ ਅਮਰੀਕਨ ਸਾਮਰਾਜ ਅਤੇ ਪੱਛਮ ਦੇ ਅਮੀਰ ਦੇਸ਼ਾਂ ਦੀ ਸ਼ਹਿ 'ਤੇ ਫਲਸਤੀਨੀਆਂ ਦੇ ਨਸਲਘਾਤ ਅਤੇ ਆਪਣੀ ਮਾਤ ਭੂਮੀ ਤੋਂ ਉਨ੍ਹਾਂ ਦੇ ਮੁਕੰਮਲ ਉਜਾੜੇ ਲਈ ਛੇੜੀ ਨਿਹੱਕੀ ਤੇ ਅਸਾਵੀਂ ਜੰਗ ਫੌਰੀ ਬੰਦ ਕੀਤੀ ਜਾਵੇ।ਆਗੂਆਂ ਨੇ ਕਿਹਾ ਕਿ ਇਨਸਾਨੀਅਤ ਦਾ ਤਕਾਜ਼ਾ ਇਹ ਮੰਗ ਕਰਦਾ ਹੈ ਕਿ ਲੱਖਾਂ ਨਿਰਦੋਸ਼ ਫ਼ਲਸਤੀਨੀਆਂ, ਜਿਨ੍ਹਾਂ 'ਚ ਭਾਰੀ ਬਹੁ ਗਿਣਤੀ ਔਰਤਾਂ ਤੇ ਅਣਭੋਲ ਬੱਚੇ ਹਨ, ਦੇ ਕਾਤਲ ਨੇਤਨਯਾਹੂ ਤੇ ਇਸਦੇ ਜੁੰਡੀਦਾਰਾਂ ਨੂੰ ਫਾਹੇ ਲਾਇਆ ਜਾਵੇ।ਉਨ੍ਹਾਂ ਵਿਸ਼ਵ ਨਾਗਰਿਕਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ ਸੰਸਾਰ ਦੇ ਅਮਨ ਪਸੰਦ ਲੋਕੀਂ ਫਲਸਤੀਨੀਆਂ ਦੇ ਬਚਾਅ ਲਈ ਨਾ ਨਿੱਤਰੇ ਤਾਂ ਪੂਰੇ ਏਸ਼ੀਆਈ ਖਿੱਤੇ ਨੂੰ ਤੇਜ਼ੀ ਨਾਲ ਆਪਣੀ ਲਪੇਟ 'ਚ ਲੈ ਰਹੀ ਇਹ ਜੰਗ ਛੇਤੀ ਹੀ ਵਿਸ਼ਵ ਯੁੱਧ ਵਿਚ ਤਬਦੀਲ ਹੋ ਜਾਵੇਗੀ।ਉਨ੍ਹਾਂ ਦੁਨੀਆਂ ਭਰ ਦੇ ਲੋਕਾਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਜੰਗਬਾਜ਼ ਜੁੰਡਲੀ ਵੱਲੋਂ ਗ਼ਾਜ਼ਾ ਤੇ ਪੱਛਮੀ ਕਿਨਾਰੇ ਦੇ ਲੱਖਾਂ ਲੋਕਾਂ ਨੂੰ ਭੁੱਖੇ ਮਾਰਨ ਲਈ ਰਾਹਤ ਕਾਰਜਾਂ 'ਚ ਡਾਹੇ ਜਾ ਰਹੇ ਅੜਿੱਕਿਆਂ ਖਿਲਾਫ਼ ਗਰਜਵੀਂ ਆਵਾਜ਼ ਬੁਲੰਦ ਕੀਤੀ ਜਾਵੇ।ਬੁਲਾਰਿਆਂ ਨੇ ਇਜ਼ਰਾਇਲ ਵਲੋਂ ਈਰਾਨ 'ਤੇ ਕੀਤੇ ਜਾ ਰਹੇ ਹਮਲਿਆਂ ਬਾਰੇ ਡੂੰਘੀ ਚਿੰਤਾ ਦਾ ਇਜ਼ਹਾਰ ਕੀਤਾ।ਆਗੂਆਂ ਨੇ ਕਿਹਾ ਕਿ ਯੂ ਐਨ ਓ ਦੀ ਅਸੰਬਲੀ 'ਚ ਜੰਗਬੰਦੀ ਦੇ ਮਤੇ 'ਤੇ ਵੋਟਾਂ ਪੈਣ ਵੇਲੇ ਗੈਰ ਹਾਜ਼ਰ ਰਹਿ ਕੇ ਭਾਰਤ ਸਰਕਾਰ ਨੇ ਇਜ਼ਰਾਇਲ-ਅਮਰੀਕਾ ਜੰਗਬਾਜ਼ ਜੁੰਡਲੀ ਦਾ ਹੀ ਪੱਖ ਪੂਰਿਆ ਹੈ।

# ਆਲੋਵਾਲ ਦੇ ਸਾਬਕਾ ਸਰਪੰਚ ਵੱਲੋਂ ਕੀਤੇ ਗਬਨ 'ਤੇ ਕਾਰਵਾਈ ਲਈ ਵਫਦ ਡਿਪਟੀ ਕਮਿਸ਼ਨਰ ਨੂੰ ਮਿਲਿਆ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**
ਪਿੰਡ ਆਲੋਵਾਲ ਦੇ ਸਾਬਕਾ ਸਰਪੰਚ ਅਤੇ ਮੌਜੂਦਾ ਪੰਚ ਵੱਲੋਂ ਆਪਣੇ ਕਾਰਜਕਾਲ ਦੌਰਾਨ ਕੀਤੀਆਂ ਬੇਨਿਯਮੀਆਂ ਅਤੇ ਕਥਿਤ ਹੇਰਾਫੇਰੀਆਂ ਦੇ ਸੰਬੰਧ ਵਿੱਚ ਪਿੰਡ ਆਲੋਵਾਲ ਦੀ ਗ੍ਰਾਮ ਸਭਾ ਦੇ ਮੈਂਬਰਾਂ ਦਾ ਵਫਦ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਨੂੰ ਮਿਲਿਆ ਅਤੇ ਇਸ ਮਾਮਲੇ ਵਿੱਚ ਦਿੱਤੀ ਦਰਖ਼ਾਸਤ ਨੰਬਰ 1697, ਮਿਤੀ 28-11-2024 ਅਤੇ ਏ ਡੀ ਸੀ 13.03.2025 ਉੱਪਰ ਲੰਮੇ ਸਮੇਂ ਤੋਂ ਕੋਈ ਕਾਰਵਾਈ ਨਾ ਹੋਣ ਕਾਰਨ ਲਿਖਤੀ ਯਾਦ ਪੱਤਰ ਦਿੱਤਾ । ਇਸ ਸੰਬੰਧੀ ਜਾਣਕਾਰੀ ਦਿੰਦਿਆਂ ਕਿਰਪਾਲ ਸਿੰਘ, ਅਜੇ ਕੁਮਾਰ, ਕਰਤਾਰ ਸਿੰਘ, ਸਰਬਜੀਤ ਸਿੰਘ ਨੇ ਦੱਸਿਆ ਕਿ ਬੀਤੇ ਸਮੇ 2018 ਤੋਂ ਲੈ ਕੇ 22.11.2025 ਤੱਕ ਕੀਤੇ ਗਏ ਕੰਮਾਂ ਵਿੱਚ ਲਾਗਤ ਤੋਂ ਵੱਧ ਮਟੀਰੀਅਲ ਦੀ ਖਰੀਦ ਕੀਤੀ ਗਈ ਸੀ ਜਿਸ ਨੂੰ ਦੇਖਦੇ ਹੋਏ ਪਿੰਡ ਆਲੋਵਾਲ ਦੀ ਗ੍ਰਾਮ ਸਭਾ ਵਲੋਂ ਗ੍ਰਾਮ ਪੰਚਾਇਤ ਆਲੋਵਾਲ ਦੀ ਸ਼ਿਕਾਇਤ ਕੀਤੀ ਗਈ ਸੀ। ਜਿਸ ਵਿੱਚ ਸਾਬਕਾ ਸਰਪੰਚ ਗੁਰਮਿੰਦਰ ਸਿੰਘ ਨੂੰ ਜਾਂਚ ਪੜਤਾਲ ਦੇ ਅਧਾਰ 'ਤੇ ਦੋਸ਼ੀ ਠਹਿਰਾਉਂਦੇ ਹੋਏ ਜੁਰਮਾਨਾ ਸਰਕਾਰੀ 95578 ਰੁਪਏ ਹੋਇਆ ਸੀ। ਜਿਸ ਵਿੱਚੋਂ ਉਸ ਨੇ 32000 ਰੁਪਏ ਜਮ੍ਹਾਂ ਕਰਵਾਇਆ, ਬਾਕੀ ਬਚੇ ਸਰਕਾਰੀ ਪੈਸਿਆਂ ਦਾ ਕੋਈ ਹਿਸਾਬ ਨਹੀਂ ਦਿੱਤਾ। ਇਸ ਬਾਰੇ ਅਸੀਂ ਇਕ ਦਰਖਾਸਤ ਪਹਿਲਾਂ ਵਧੀਕ ਡਿਪਟੀ ਕਮਿਸ਼ਨਰ ਨੂੰ ਦੇ ਚੁੱਕੇ ਹਾਂ ਜਿਸ 'ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਸਾਡੇ ਵਲੋਂ ਕਈ ਵਾਰ ਦਫਤਰਾਂ ਦੇ ਚੱਕਰ ਕੱਟਣ ਦੇ ਬਾਵਜੂਦ ਕੋਈ ਵੀ ਹੱਲ ਨਹੀਂ ਹੋਇਆ। ਇਸ ਲਈ ਉਨ੍ਹਾਂ ਡਿਪਟੀ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਉਪਰੋਕਤ ਦਰਖਾਸਤ 'ਤੇ ਜਲਦ ਤੋਂ ਜਲਦ ਕਾਰਵਾਈ ਕੀਤੀ ਜਾਵੇ। ਵਫਦ ਨੇ ਦੱਸਿਆ ਕਿ ਇਸ ਦਰਖ਼ਾਸਤ ਨਾਲ ਲੋੜੀਂਦਾ ਰਿਕਾਰਡ ਨੱਥੀ ਕੀਤਾ ਗਿਆ ਹੈ। ਵਫਦ ਦੇ ਆਗੂਆਂ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਵੱਲੋਂ ਪਿੰਡ ਵਿਚ ਸੀਵਰੇਜ ਪਾਇਆ ਗਿਆ ਹੈ ਜਿਸ ਦਾ ਪਾਣੀ ਛੱਪੜ ਵਾਲੇ ਪਾਸੇ ਜਾਣ ਦੀ ਬਜਾਏ ਘਰਾਂ ਵੱਲ ਜਾ ਰਿਹਾ ਹੈ ਜੋ ਨਿਯਮਾਂ ਦੇ ਉਲਟ ਹੈ। ਇਸ ਲਈ ਇਸ ਤਰੁਟੀ ਨੂੰ ਦੂਰ ਕਰਕੇ ਇਸ ਮਾਮਲੇ ਦੀ ਜਾਂਚ ਕਰਵਾਉਣ ਦੀ ਵੀ ਮੰਗ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਾਲ 2019 ਤੋਂ ਚੱਲ ਰਹੇ ਨਰੇਗਾ ਦੇ ਕੰਮ ਵਿੱਚ ਦੋ ਵਿਅਕਤੀਆਂ ਮਲਕੀਤ ਸਿੰਘ ਅਤੇ ਜੋਤੀ ਕਮਲ ਦਾ ਨਾਂਅ ਹਰ ਮਹੀਨੇ ਪਾ ਕੇ ਉਸ ਦੀ ਪੇਮੈਂਟ ਨਜਾਇਜ਼ ਤੌਰ 'ਤੇ ਕਢਵਾਈ ਜਾ ਰਹੀ ਹੈ। ਜਿਸ ਦੀ ਜਾਂਚ ਕਰਵਾਈ ਜਾਵੇ। ਨਰੇਗਾ ਸਕੀਮ ਦੇ ਅਧੀਨ ਨਰੇਗਾ ਕਰਮਚਾਰੀਆਂ ਨੂੰ ਸ਼ੈੱਡ ਬਣਾਉਣ ਲਈ ਗਰਾਂਟ ਦਿੱਤੀ ਗਈ ਸੀ । ਪਰ ਸਰਪੰਚ ਗੁਰਮਿੰਦਰ ਸਿੰਘ ਨੇ ਕੁਝ ਆਪਣੇ ਨੇੜਲੇ ਵਿਅਕਤੀਆਂ ਦੇ ਨਵੇਂ ਜੌਬ ਕਾਰਡ ਬਣਾ ਕੇ ਉਹਨਾਂ ਨੂੰ ਗਰਾਂਟ ਦਿਵਾਈ ਗਈ । ਪਰੰਤੂ ਇਹਨਾਂ ਵਿਅਕਤੀਆਂ ਨੇ ਅਜੇ ਤੱਕ ਲੇਬਰ ਦਾ ਕੰਮ ਨਹੀਂ ਕੀਤਾ। ਇਸ ਤੋਂ ਇਲਾਵਾ ਮਲਕੀਤ ਲਾਲ ਪੁੱਤਰ ਬਾਬੂ ਰਾਮ ਤੋਂ ਸਰਪੰਚ ਗੁਰਮਿੰਦਰ ਸਿੰਘ ਨੇ ਸੈਂਟਰਲ ਗੌਰਮਿੰਟ ਦੀ ਜਗ੍ਹਾ 'ਤੇ ਨਜਾਇਜ਼ ਕਬਜ਼ਾ ਕਰਵਾ ਕੇ ਨਜਾਇਜ਼ ਉਸਾਰੀ ਕਰਵਾਈ। ਪਿੰਡ ਦੇ ਕੁਝ ਵਿਅਕਤੀਆਂ ਵੱਲੋ ਡਿਪਟੀ ਕਮਿਸ਼ਨਰ ਤੱਕ ਪਹੁੰਚ ਕਰਕੇ ਰੋਕਣ ਦੀ ਕੋਸ਼ਿਸ਼ ਵੀ ਕੀਤੀ ਗਈ ਪਰੰਤੂ ਸਰਪੰਚ ਤੋਂ ਮਲਕੀਤ ਲਾਲ ਵੱਲੋਂ ਮੌਕੇ ਦੀ ਸਰਕਾਰ ਦਾ ਨਜਾਇਜ਼ ਫਾਇਦਾ ਲੈ ਕੇ ਉਸਾਰੀ ਕਰਵਾਈ ਗਈ। ਸਰਪੰਚ ਗੁਰਮਿੰਦਰ ਸਿੰਘ ਨੇ ਆਪਣੇ ਢੇਰਾਂ ਵਾਲੀ ਜਗ੍ਹਾ 'ਤੇ ਆਪਣੀ ਭੈਣ ਤੋਂ ਨਜਾਇਜ਼ ਉਸਾਰੀ ਕਰਵਾ ਕੇ ਮਕਾਨ ਪੁਆਇਆ ਅਤੇ ਆਪਣੇ ਕੁਝ ਕੁ ਨੇੜਲੇ ਸਾਥੀਆਂ ਨੂੰ ਲਾਭ ਪਹੁੰਚਾਇਆ। ਵਫਦ ਨੇ ਦੱਸਿਆ ਕਿ ਉਪਰੋਕਤ ਸਾਰੇ ਮਸਲਿਆਂ ਦੀ ਨਿਰਪੱਖ ਜਾਂਚ ਕਰਵਾ ਕੇ ਕਥਿਤ ਕਸੂਰਵਾਰ ਗੁਰਮਿੰਦਰ ਸਿੰਘ ਖਿਲਾਫ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਉਪਰੋਕਤ ਸਬੰਧੀ ਜਦੋਂ ਸਾਬਕਾ ਸਰਪੰਚ ਅਤੇ ਮੌਜੂਦਾ ਪੰਚ ਗੁਰਮਿੰਦਰ ਸਿੰਘ ਤੋਂ ਉਹਨਾਂ ਦਾ ਪੱਖ ਜਾਨਣ ਲਈ ਟੈਲੀਫੋਨ 'ਤੇ ਪੁੱਛਿਆ ਗਿਆ ਤਾਂ ਉਹਨਾਂ ਕਿਹਾ ਕਿ ਇਹ ਰਾਜਨੀਤਿਕ ਵਿਰੋਧ ਅਤੇ ਨਿਰਾਧਾਰ ਦੋਸ਼ਾਂ ਤਹਿਤ ਸ਼ਿਕਾਇਤ ਕੀਤੀ ਗਈ ਹੈ।ਗਲੀਆਂ ਬਣਾਉਣ ਸਬੰਧੀ ਆਈ ਗਰਾਂਟ ਨੂੰ ਖਰਚ ਕਰਨ ਸਬੰਧੀ ਰਿਕਾਰਡ ਵਿੱਚ ਗਲਤੀ ਸਬੰਧਤ ਸਕੱਤਰ ਦੀ ਬਣਦੀ ਹੈ ਨਾ ਕਿ ਸਰਪੰਚ ਦੀ। ਜਿਹੜੀ ਗਲਤੀ ਸਬੰਧਤ ਸਕੱਤਰ ਦੀ ਰਿਕਾਰਡ ਅਨੁਸਾਰ ਸਾਬਿਤ ਹੋਈ ਉਸ ਦੀ ਬਣਦੀ ਰਕਮ 32000 ਰੁਪਏ ਜਮ੍ਹਾ ਕਰਵਾ ਦਿੱਤੀ ਗਈ ਹੈ।




# ਸੰਯੁਕਤ ਸੰਸਦੀ ਕਮੇਟੀ ਨੇ ਵਨ ਨੇਸ਼ਨ, ਵਨ ਇਲੈਕਸ਼ਨ ਵਿਸ਼ੇ 'ਤੇ ਨਾਗਰਿਕਾਂ ਦੇ ਨਾਲ ਕੀਤਾ ਵਿਚਾਰ-ਵਟਾਂਦਰਾ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਵਨ ਨੇਸ਼ਨ, ਵਨ ਇਲੈਕਸ਼ਨ ਵਿਸ਼ਾ ਵਿਚਾਰ ਮੰਥਨ ਲਈ ਸੰਯੁਕਤ ਸੰਸਦੀ ਕਮੇਟੀ ਵੱਲੋਂ ਅਧਿਐਨ ਦੌਰੇ ਦੌਰਾਨ ਨਿਊ ਚੰਡੀਗੜ੍ਹ ਵਿੱਚ ਹਰਿਆਣਾ, ਪੰਜਾਬ ਅਤੇ ਚੰਡੀਗੜ੍ਹ ਦੇ ਨਾਗਰਿਕਾਂ ਦੇ ਨਾਲ ਮੀਟਿੰਗ ਦਾ ਪ੍ਰਬੰਧ ਕੀਤਾ ਗਿਆ।ਇਸ ਵਿੱਚ ਵੱਖ-ਵੱਖ ਖੇਤਰਾਂ ਨਾਲ ਜੁੜੇ ਸਮਾਜਿਕ ਕਾਰਜਕਰਤਾਵਾਂ, ਐਜੂਕੇਸ਼ਨਿਸਟਸ, ਜਨਪ੍ਰਤੀਨਿਧੀਆਂ, ਮੈਡੀਕਲ ਅਤੇ ਖੇਡ ਜਗਤ ਨਾਲ ਜੁੜੀ ਹਸਤੀਆਂ ਨੇ ਹਿੱਸਾ ਲਿਆ। ਸਾਰੇ ਪ੍ਰਤੀਭਾਗੀਆਂ ਨੇ ਵਨ ਨੇਸ਼ਨ, ਵਨ ਇਲੈਕਸ਼ਨ ਦੀ ਅਵਧਾਰਣਾ 'ਤੇ ਗੰਭੀਰ ਚਿੰਤਨ ਕਰਦੇ ਹੋਏ ਆਪਣੇ ਵਿਚਾਰ ਪੇਸ਼ ਕੀਤੇ।ਸੰਯੁਕਤ ਸੰਸਦੀ ਕਮੇਟੀ ਦੇ ਚੇਅਰਮੈਨ ਸਾਂਸਦ ਪੀਪੀ ਚੌਧਰੀ ਨੇ ਪ੍ਰਤੀਭਾਗੀਆਂ ਦੇ ਵਿਚਾਰਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਕਿਹਾ ਕਿ ਮੇਟੀ ਸਾਰੇ ਸੁਝਾਆਂ ਦਾ ਨਿਰਪੱਖ ਮੁਲਾਂਕਨ ਕਰੇਗੀ। ਕਮੇਟੀ ਦਾ ਉਦੇਸ਼ ਵਿਆਪਕ ਸੰਵਾਦ ਰਾਹੀਂ ਇੱਕ ਸਮਾਵੇਸ਼ੀ ਅਤੇ ਵਿਵਹਾਰ ਹੱਲ ਤਿਆਰ ਕਰਨਾ ਹੈ, ਜੋ ਲੋਕਤਾਂਤਰਿਕ ਮੁੱਲਾਂ ਦੀ ਰੱਖਿਆ ਕਰਦੇ ਹੋਏ ਦੇਸ਼ ਦੀ ਪ੍ਰਸ਼ਾਸ਼ਨਿਕ ਅਤੇ ਚੋਣਾਵੀ ਪ੍ਰਣਾਲੀ ਨੂੰ ਵੱਧ ਸਮਰੱਥ ਬਣਾ ਸੇਕ।ਮੀਟਿੰਗ ਵਿੱਚ ਸੰਯੁਕਤ ਸੰਸਦੀ ਕਮੇਟੀ ਦੇ ਮੈਂਬਰ ਅਨੁਰਾਗ ਠਾਕੁਰ, ਈਟੀ ਮੋਹਮਦ ਬਸ਼ੀਰ, ਸ੍ਰੀ ਚੰਦਨ ਚੌਹਾਨ, ਮਨੀਸ਼ ਤਿਵਾੜੀ, ਡਾ. ਸੰਜੈ ਜਾਇਸਵਾਲ, ਟੀ ਐਮ ਸੈਲਵਾਗਣਪਤੀ, ਕਵਿਤਾ ਪਾਟੀਦਾਰ ਅਤੇ ਭੁਵਨੇਸ਼ਵਰ ਕਾਲਿਤਾ ਨੇ ਵੀ ਆਪਣੇ ਵਿਚਾਰ ਰੱਖੇ।

# ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਬਾਲ ਮਜ਼ਦੂਰੀ ਖਿਲਾ.ਫ ਚੈਕਿੰਗ

**ਨਵਾਂਸ਼ਹਿਰ (ਮਨੋਜ ਲਾਡੀ)**
ਡਾਇਰੈਕਟਰ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਪ੍ਰਾਪਤ ਨਿਰਦੇਸ਼ਾਂ ਅਨੁਸਾਰ ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਵੱਲੋਂ ਪ੍ਰੋਜੈਕਟ ਪੈਨ ਇੰਡੀਆ ਬਾਲ ਮਜ਼ਦੂਰੀ ਖਿਲਾਫ ਅਭਿਆਨ ਨੂੰ ਸਖ਼ਤਾਈ ਨਾਲ ਲਾਗੂ ਕਰਨ ਲਈ ਹੁਕਮ ਦਿੱਤੇ ਗਏ ਹਨ।ਜਿਸ ਦੇ ਚਲਦੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਜਗਰੂਪ ਸਿੰਘ ਦੀ ਅਗਵਾਈ ਅਤੇ ਜ਼ਿਲ੍ਹਾ ਥਾਲ ਸੁਰੱਖਿਆ ਅਫਸਰ ਕੰਚਨ ਅਰੋੜਾ ਦੀ ਪ੍ਰਧਾਨਗੀ ਹੇਠ ਨਵਾਂਸ਼ਹਿਰ ਅਧੀਨ ਆਉਂਦੇ ਢਾਬਿਆਂ, ਦੁਕਾਨਾਂ, ਰੈਸਟੋਰੈਂਟਾਂ ਵਿਚ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਚੈਕਿੰਗ ਕੀਤੀ ਗਈ।ਚੈਕਿੰਗ ਬੰਗਾ ਰੋਡ ਅਤੇ ਚੰਡੀਗੜ੍ਹ ਰੋਡ ਤੇ ਸਥਿਤ ਰੈਸਟੋਰੈਂਟਾਂ ਅਤੇ ਦੁਕਾਨਾਂ ਤੇ ਕੀਤੀ ਗਈ। ਚੈਕਿੰਗ ਦੌਰਾਨ ਗੋਪਾਲ ਸਵੀਟਸ ਚੰਡੀਗੜ੍ਹ ਰੋਡ, ਹੋਟਲ ਕੰਟੀਨੈਂਟਲ ਬੰਗਾ ਰੋਡ, ਰੈਸਟੋਰੈਂਟ ਵਾਈਟ ਪਲੇਟਸ ਦੇ ਨਾਲ ਨਾਲ ਆਈ ਸੀ ਐਸ ਬਿਊਟੀ ਅਕੈਡਮੀ ਚੰਡੀਗੜ੍ਹ ਰੋਡ 'ਤੇ ਵੀ ਚੈਕਿੰਗ ਕੀਤੀ।ਟੀਮ ਵੱਲੋਂ ਚੈਕਿੰਗ ਦੌਰਾਨ 18 ਸਾਲ ਤੋਂ ਘੱਟ ਉਮਰ ਦਾ ਕੋਈ ਵੀ ਬੱਚਾ ਬਾਲ ਮਜ਼ਦੂਰੀ ਕਰਦੇ ਹੋਏ ਨਹੀਂ ਪਾਇਆ ਗਿਆ।ਮੌਕੇ 'ਤੇ ਮੌਜੂਦ ਲੇਬਰ ਅਫਸਰ ਰਜਨੀ ਕਨਸਲ ਵੱਲੋਂ ਸਬੰਧਿਤ ਦੁਕਾਨਾਂ/ਫਰਮਾਂ ਦਾ ਰਿਕਾਰਡ ਵੀ ਚੈੱਕ ਕੀਤਾ।ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕੰਚਨ ਅਰੋੜਾ ਵੱਲੋਂ ਦੁਕਾਨਦਾਰਾਂ ਅਤੇ ਆਮ ਜਨਤਾ ਨੂੰ ਜਾਗਰੂਕ ਕੀਤਾ।ਉਨ੍ਹਾਂ ਕਿ 18 ਸਾਲ ਤੋਂ ਘੱਟ ਉਮਰ ਦੇ ਬੱਚਿਆਂ ਤੋਂ ਕੰਮ ਕਰਵਾਉਣਾ ਅਤੇ ਭੀਖ ਮੰਗਵਾਉਣਾ ਕਾਨੂੰਨੀ ਤੌਰ 'ਤੇ ਅਪਰਾਧ ਹੈ।ਬਾਲ ਮਜਦੂਰੀ ਨੂੰ ਜੜ੍ਹ ਤੋਂ ਖਤਮ ਕਰਨ ਲਈ ਉਨ੍ਹਾਂ ਨੂੰ ਕੰਮ 'ਤੇ ਰੱਖਣ ਦੀ ਬਜਾਏ ਬੱਚਿਆਂ ਅਤੇ ਉਨ੍ਹਾਂ ਦੇ ਮਾਂ ਪਿਓ ਦੀ ਕਾਊਂਸਲਿੰਗ ਕੀਤੀ ਜਾਣੀ ਬਣਦੀ ਹੈ ਤਾਂ ਜੋ ਬੱਚਿਆਂ ਨੂੰ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਸਿਰਜਣਾ ਕੀਤੀ ਜਾ ਸਕੇ।ਇਸਦੇ ਨਾਲ ਹੀ ਗੌਰਵ ਸ਼ਰਮਾ ਬਾਲ ਸੁਰੱਖਿਆ ਅਫਸਰ ਵੱਲੋਂ ਸਰਕਾਰ ਵੱਲੋਂ ਲੋੜਵੰਦ ਬੱਚਿਆਂ ਲਈ ਚਲਾਈ ਜਾ ਰਹੀ ਸਪੋਸਰਸ਼ਿਪ ਸਕੀਮ ਸਬੰਧੀ ਵੀ ਜਾਣੂ ਕਰਵਾਇਆ। ਜਿਸ ਤਹਿਤ ਲੋੜਵੰਦ ਅਤੇ ਬੇਸਹਾਰਾ ਬੱਚਿਆਂ ਨੂੰ ਪ੍ਰਤੀ ਮਹੀਨਾ 4000 ਰੁਪਏ ਵਿੱਤੀ ਸਹਾਇਤਾ ਬੱਚਿਆਂ ਨੂੰ ਸਿੱਖਿਅਤ ਕਰਨ ਲਈ ਦਿੱਤੀ ਜਾਂਦੀ ਹੈ। ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਜੇਕਰ ਕਿਸੇ ਵੀ ਵਿਅਕਤੀ ਨੂੰ 18 ਸਾਲ ਤੋਂ ਘੱਟ ਉਮਰ ਦਾ ਕੋਈ ਬੱਚਾ ਮਜ਼ਦੂਰੀ ਵਿਚ ਲੱਗਿਆ ਦਿਖਾਈ ਦਿੰਦਾ ਹੈ। ਤਾਂ ਇਸ ਸਬੰਧੀ ਜਾਣਕਾਰੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਡੀਸੀ ਦਫਤਰ ਜਾਂ ਚਾਇਲਡ ਹੈਲਪਲਾਈਨ ਨੰਬਰ 1098 ਤੇ ਦਿੱਤੀ ਜਾਣੀ ਯਕੀਨੀ ਬਣਾਈ ਜਾਵੇ।

# 44 ਫੀਸਦੀ ਪ੍ਰਿੰਸੀਪਲਾਂ ਦੀ ਘਾਟ ਨਾਲ ਸਿੱਖਿਆ ਦਾ ਮਿਆਰ ਉੱਚਾ ਚੁੱਕ ਨਹੀਂ ਹੋਣਾ : ਚੌਹਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**
ਅੱਜ ਤੱਕ ਪੰਜਾਬ ਨੂੰ ਜਿੰਨੀਆਂ ਵੀ ਸਰਕਾਰਾਂ ਮਿਲੀਆਂ ਕਿਸੇ ਵੀ ਪਾਰਟੀ ਦੀ ਸਰਕਾਰ ਨੇ ਸਿੱਖਿਆ ਨੀਤੀ ਨੂੰ ਇਮਾਨਦਾਰੀ ਨਾਲ ਲਾਗੂ ਨਹੀਂ ਕੀਤਾ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕੀਤਾ ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚ ਅਧਿਆਪਕਾਂ ਦੀ ਗਿਣਤੀ ਵਿੱਚ ਲਗਾਤਾਰ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ।ਪੰਜਾਬ ਦੇ ਲਗਭਗ ਸਭ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਨਜ਼ਰ ਆਉਂਦੀ ਹੈ ਐਸ ਏ ਐਸ ਨਗਰ (ਮੋਹਾਲੀ) ਦੇ ਇਕ ਜਿਲ੍ਹੇ ਨੂੰ ਛੱਡ ਹੋਰ ਕਿਸੇ ਵੀ ਜਿਲ੍ਹੇ ਦੇ ਸਕੂਲ ਵਿੱਚ ਅਧਿਆਪਕਾਂ ਦੀ ਗਿਣਤੀ ਪੂਰੀ ਨਹੀਂ।ਹੋਰ ਤਾਂ ਹੋਰ ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਦੇ ਨਾਂਅ ਹੇਠ ਪ੍ਰਿੰਸੀਪਲਾਂ ਸਿਖਲਾਈ ਦੇਣ ਲਈ ਸਿੰਗਾਪੁਰ ਭੇਜਿਆ ਜਾ ਰਿਹਾ ਹੈ ਜਦਕਿ ਪੰਜਾਬ ਦੇ ਕੁੱਲ 1927 ਸੀਨੀਅਰ ਸੈਕੰਡਰੀ ਸਕੂਲਾਂ 'ਚੋਂ 855 ਸੀਨੀਅਰ ਸੈਕੰਡਰੀ ਸਕੂਲ ਬਿਨਾਂ ਪ੍ਰਿੰਸੀਪਲ ਦੇ ਚੱਲਦੇ ਹਨ ਜੋ ਕਿ 44 ਪ੍ਰਤੀਸ਼ਤ ਬਣਦਾ ਹੈ।ਜਿਸ ਸੂਬੇ 'ਚ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ 44 ਪ੍ਰਤੀਸ਼ਤ ਸਕੂਲ ਮੁੱਖੀ ਹੀ ਨਹੀਂ ਉਸ ਸੂਬੇ ਦੀ ਸਿੱਖਿਆ ਦਾ ਮਿਆਰ ਕਿਵੇਂ ਉੱਚਾ ਚੁੱਕਿਆ ਜਾ ਸਕਦਾ ਹੈ ? ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਜਿਥੇ ਇੱਕ ਪਾਸੇ ਪੰਜਾਬ ਸਰਕਾਰ ਨੇ ਸਿੱਖਿਆ ਪ੍ਰਤੀ ਘੇਸਲ ਵੱਟੀ ਹੋਈ ਹੈ ਦੂਜੇ ਪਾਸੇ ਸਭ ਵਿਰੋਧੀ ਰਾਜਨੀਤਕ ਪਾਰਟੀਆਂ ਵੀ ਸਿੱਖਿਆ ਪ੍ਰਤੀ ਅਵਾਜ਼ ਨਹੀਂ ਉਠਾਅ ਰਹੀਆਂ।




# ਜਤਿੰਦਰ ਸਿੰਘ ਰਾਜੂ ਗੁਰਦੁਆਰਾ ਸਾਹਿਬ ਜੈਤਪੁਰ ਦੇ ਪ੍ਰਧਾਨ ਬਣੇ



**ਮਾਹਿਲਪੁਰ (ਸ.ਫਰੀ)**
ਗੁਰਦਵਾਰਾ ਸਾਹਿਬ ਪਿੰਡ ਜੈਤਪੁਰ ਵਿਚ ਮੋਹਤਵਾਰ ਵਿਅਕਤੀਆਂ ਦਾ ਇਕੱਠ ਹੋਇਆ।ਜਿਸ ਵਿਚ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਨੂੰ ਸੁਚਾਰੂ ਢੰਗ ਨਾਲ਼ ਚਲਾਉਣ ਲਈ ਸਰਬਸੰਮਤੀ ਨਾਲ ਕਮੇਟੀ ਦਾ ਗਠਨ ਕੀਤਾ ਗਿਆ।ਇਸ ਮੌਕੇ ਜਤਿੰਦਰ ਸਿੰਘ ਰਾਜੂ ਨੂੰ ਗੁਰਦੁਆਰਾ ਸਾਹਿਬ ਲਈ ਵਧੀਆ ਸੇਵਾਵਾਂ ਨੂੰ ਦੇਖਦੇ ਹੋਏ ਪ੍ਰਧਾਨ ਚੁਣਿਆ ਗਿਆ, ਜਦਕਿ ਵਾਈਸ ਪ੍ਰਧਾਨ ਮਲਕੀਤ ਸਿੰਘ, ਸੈਕਟਰੀ ਦਿਲਬਾਗ ਸਿੰਘ, ਜੁਆਇੰਟ ਸਕੱਤਰ ਜਰਨੈਲ ਸਿੰਘ ਸਾਬਕਾ ਸਰਪੰਚ, ਖਜਾਨਚੀ ਮੱਖਣ ਸਿੰਘ ਤੇ ਜੋਗਿੰਦਰ ਸਿੰਘ ਹੈੱਡ ਗ੍ਰੰਥੀ ਸੁਰਜੀਤ ਸਿੰਘ ਨੂੰ ਚੁਣਿਆ ਗਿਆ।ਇਸਦੇ ਨਾਲ ਕਸ਼ਮੀਰ ਸਿੰਘ, ਵਿਨੋਦ ਸਿੰਘ ਦੂਹੋਚ, ਕੁਲਵਿੰਦਰ ਸਿੰਘ, ਗੁਰਿੰਦਰਜੀਤ ਸਿੰਘ, ਮੋਹਨ ਸਿੰਘ, ਤੇਜਿੰਦਰ ਸਿੰਘ, ਸੋਢੀ ਸਿੰਘ ਅਤੇ ਦਲਜੀਤ ਸਿੰਘ ਨੂੰ ਮੈਂਬਰ ਚੁਣਿਆ ਗਿਆ। ਇਸ ਮੌਕੇ ਨਵ ਨਿਯੁਕਤ ਪ੍ਰਧਾਨ ਜਤਿੰਦਰ ਸਿੰਘ ਰਾਜੂ ਨੇ ਪਿੰਡ ਵਾਸੀਆਂ ਵਲੋਂ ਬਖਸ਼ੀ ਸੇਵਾ ਲਈ ਧੰਨਵਾਦ ਕੀਤਾ ਅਤੇ ਉਨ੍ਹਾਂ ਕਿਹਾ ਕਿ ਉਹਨਾਂ ਨੂੰ ਗੁਰੂ ਘਰ ਵਲੋ ਮਿਲੀ ਸੇਵਾ ਨੂੰ ਉਹ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ।ਇਸ ਮੌਕੇ ਨਵਨਿਯੁਕਤ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।

# ਹਰਦੇਵ ਸਿੰਘ ਆਸੀ ਨੇ ਜ਼ਿਲ੍ਹਾ ਲੋਕ ਸੰਪਰਕ ਅ.ਫਸਰ ਜਲੰਧਰ ਦਾ ਵਾਧੂ ਚਾਰਜ ਸੰਭਾਲਿਆ

**ਜਲੰਧਰ ( ਸ਼ੈਲੀ ਐਲਬਰਟ, ਇਕਬਾਲ ਸਿੰਘ ਉੱਭੀ, ਸੁਰਿੰਦਰ ਕੁਮਾਰ)**
ਜ਼ਿਲ੍ਹਾ ਲੋਕ ਸੰਪਰਕ ਅਫ਼ਸਰ ਹੁਸ਼ਿਆਰਪੁਰ ਹਰਦੇਵ ਸਿੰਘ ਆਸੀ ਨੇ ਜਲੰਧਰ ਵਿਖੇ ਜ਼ਿਲ੍ਹਾ ਲੋਕ ਸੰਪਰਕ ਅਫਸਰ ਜਲੰਧਰ ਦਾ ਵਾਧੂ ਚਾਰਜ ਸੰਭਾਲ ਲਿਆ।ਇਸ ਮੌਕੇ ਡਿਪਟੀ ਡਾਇਰੈਕਟਰ ਹਾਕਮ ਥਾਪਰ ਨੇ ਉਨ੍ਹਾਂ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਦੌਰਾਨ ਹਰਦੇਵ ਸਿੰਘ ਆਸੀ ਨੇ ਕਿਹਾ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ, ਦ੍ਰਿੜਤਾ ਅਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਵਾਸੀਆਂ ਨੂੰ ਸਰਕਾਰ ਦੀਆਂ ਭਲਾਈ ਸਕੀਮਾਂ ਅਤੇ ਪ੍ਰੋਗਰਾਮਾਂ ਤੋਂ ਜਾਣੂ ਕਰਵਾਉਣਾ ਅਤੇ ਮੀਡੀਆ ਰਾਹੀਂ ਉਨ੍ਹਾਂ ਨੂੰ ਹੇਠਲੇ ਪੱਧਰ 'ਤੇ ਹਰੇਕ ਵਿਅਕਤੀ ਤੱਕ ਪਹੁੰਚਾਉਣਾ ਉਨ੍ਹਾਂ ਦੀ ਮੁੱਖ ਤਰਜੀਹ ਹੋਵੇਗੀ।ਉਨ੍ਹਾਂ ਕਿਹਾ ਕਿ ਉਹ ਜ਼ਿਲ੍ਹਾ ਪ੍ਰਸ਼ਾਸਨ ਤੇ ਮੀਡੀਆ ਵਿਚਾਲੇ ਇਕ ਪੁਲ ਦੇ ਤੌਰ 'ਤੇ ਕੰਮ ਕਰਨਗੇ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਅਤੇ ਪੱਤਰਕਾਰਾਂ ਨਾਲ ਵਧੀਆ ਤਾਲਮੇਲ ਬਣਾ ਕੇ ਜ਼ਿਲ੍ਹੇ ਦੀ ਤਰੱਕੀ ਤੇ ਖੁਸ਼ਹਾਲੀ ਵਿਚ ਯੋਗਦਾਨ ਪਾਉਣਗੇ। ਉਨ੍ਹਾਂ ਮੀਡੀਆ ਹੱਬ ਵਜੋਂ ਜਾਣੇ ਜਾਂਦੇ ਜਲੰਧਰ ਦੇ ਪੱਤਰਕਾਰਾਂ ਤੋਂ ਪੂਰਨ ਸਹਿਯੋਗ ਦੀ ਆਸ ਕੀਤੀ ਅਤੇ ਕਿਹਾ ਕਿ ਉਹ ਪੱਤਰਕਾਰ ਸਾਥੀਆਂ ਨੂੰ ਦਰਪੇਸ਼ ਮੁਸ਼ਕਲਾਂ ਦੇ ਹੱਲ ਲਈ ਹਮੇਸ਼ਾ ਤੱਤਪਰ ਰਹਿਣਗੇ।ਜ਼ਿਕਰਯੋਗ ਹੈ ਕਿ ਪੱਤਰਕਾਰਤਾ ਦੇ ਖੇਤਰ ਵਿੱਚ ਲੰਬਾ ਤਜ਼ਰਬਾ ਰੱਖਣ ਵਾਲੇ ਹਰਦੇਵ ਸਿੰਘ ਆਸੀ, ਪਟਿਆਲਾ ਅਤੇ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਿਆਂ 'ਚ ਵੀ ਬਤੌਰ ਡੀ ਪੀ ਆਰ ਓ ਸੇਵਾਵਾਂ ਨਿਭਾਅ ਚੁੱਕੇ ਹਨ।ਇਸ ਮੌਕੇ ਦਫ਼ਤਰ ਦੇ ਸਮੂਹ ਸਟਾਫ ਮੈਂਬਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।



# ਬੈਂਸ ਨੇ ਸ੍ਰੀ ਅਨੰਦਪੁਰ ਸਾਹਿਬ ਦੇ 360ਵੇਂ ਸਥਾਪਨਾ ਦਿਹਾੜੇ ਦੀ ਸਮੁੱਚੀ ਲੋਕਾਈ ਨੂੰ ਦਿੱਤੀ ਵਧਾਈ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**
ਗੁਰੂ ਨਾਨਕ ਸਾਹਿਬ ਤੋਂ ਗੁਰੂ ਗੋਬਿੰਦ ਸਿੰਘ ਸਾਹਿਬ ਤੱਕ ਸਾਰੇ ਗੁਰੂ ਸਹਿਬਾਨ ਨੇ ਨਵੇਂ ਨਵੇਂ ਨਗਰ ਵਸਾਏ ਜਾਂ ਨਿੱਕੇ ਨਿੱਕੇ ਪਿੰਡਾਂ ਨੂੰ ਆਬਾਦ ਕਰ ਕੇ ਨਗਰ ਬਣਾ ਦੇਣ ਤੱਕ ਪਹੁੰਚਾਇਆ।19 ਜੂਨ 1665 ਵਿੱਚ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਨੇ ਬਾਬਾ ਗੁਰਦਿੱਤਾ ਜੀ ਤੋਂ ਸ੍ਰੀ ਅਨੰਦਪੁਰ ਸਾਹਿਬ ਦੀ ਮੋੜ੍ਹੀ ਗੱਡਵਾਈ ਸੀ।ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਪੰਜਾਬ ਨੇ ਸ੍ਰੀ ਅਨੰਦਪੁਰ ਸਾਹਿਬ ਦੇ 360ਵੇ. ਸਥਾਪਨਾ ਦਿਹਾੜੇ ਦੀ ਸਮੁੱਚੀ ਲੋਕਾਈ ਨੂੰ ਵਧਾਈ ਦਿੱਤੀ ਹੈ।ਸ੍ਰੀ ਬੈਂਸ ਨੇ ਦੱਸਿਆ ਕਿ ਹਿੰਦ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਜੀ ਦਾ 350ਵਾਂ ਸ਼ਹੀਦੀ ਦਿਹਾੜਾ 2025 ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਬਹੁਤ ਹੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।ਉਨ੍ਹਾਂ ਨੇ ਦੱਸਿਆ ਕਿ ਤਖਤ ਸ੍ਰੀ ਕੇਸਗੜ ਸਾਹਿਬ ਨੂੰ ਜਾਣ ਵਾਲੀ ਵੀ ਆਈ ਪੀ ਰੋਡ ਦਾ ਨਾਮ ਬਦਲ ਕੇ ਬਾਬਾ ਜੁਝਾਰ ਸਿੰਘ ਮਾਰਗ ਰੱਖਣ ਦਾ ਪ੍ਰਸਤਾਵ ਨਗਰ ਕੌਂਸਲ ਵੱਲੋਂ ਪਾਸ ਕੀਤਾ ਗਿਆ ਹੈ।ਉਨ੍ਹਾਂ ਨੇ ਦੱਸਿਆ ਕਿ ਗੁਰੂ ਸਾਹਿਬ ਦੀ ਕ੍ਰਿਪਾ ਹੋਈ ਹੈ ਅਤੇ ਉਨ੍ਹਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਦੀ ਸੇਵਾ ਦਾ ਮੌਕਾ ਮਿਲਿਆ ਹੈ।ਇਸ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵਿਆਪਕ ਉਪਰਾਲੇ ਕਰ ਰਹੀ ਹੈ।ਉਨ੍ਹਾਂ ਨੇ ਦੱਸਿਆ ਕਿ ਹਿੰਦ ਦੀ ਚਾਦਰ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਦੇ ਸਮਾਗਮਾਂ ਮੌਕੇ ਸ੍ਰੀ ਅਨੰਦਪੁਰ ਸਾਹਿਬ ਵਿੱਚ ਸ਼ਰਧਾਲੂਆਂ ਤੇ ਸੰਗਤਾਂ ਦੀ ਸਹੂਲਤ ਲਈ ਵਿਆਪਕ ਪ੍ਰਬੰਧ ਕੀਤੇ ਜਾਣਗੇ ਜਿਸ ਲਈ ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਅਤੇ ਕੀਰਤਪੁਰ ਸਾਹਿਬ ਦਾ ਚਹੁੰ ਮੁਖੀ ਵਿਕਾਸ ਕਰਵਾਇਆ ਜਾਵੇਗਾ।ਉਨ੍ਹਾਂ ਨੇ ਕਿਹਾ ਕਿ ਸ਼ਹੀਦੀ ਸਮਾਗਮ ਨਵੰਬਰ ਮਹੀਨੇ ਵਿਚ ਆਯੋਜਿਤ ਹੋਣਗੇ ਅਤੇ ਪੰਜਾਬ ਸਰਕਾਰ ਵੱਲੋਂ ਇਨ੍ਹਾਂ ਸਮਾਗਮਾਂ ਨੂੰ ਵੱਡੇ ਪੱਧਰ ਉੱਤੇ ਮਨਾਇਆ ਜਾਵੇਗਾ ਜਦਕਿ ਇਸ ਪਵਿੱਤਰ ਮੌਕੇ ਦੇਸ਼ ਵਿਦੇਸ਼ ਤੋ ਲੱਖਾਂ ਸੰਗਤਾਂ ਸ਼ਹੀਦੀ ਸਮਾਗਮਾਂ ਵਿਚ ਪਹੁੰਚਣ ਦੀ ਉਮੀਦ ਕੀਤੀ ਜਾ ਰਹੀ ਹੈ।ਉਨ੍ਹਾਂ ਨੇ ਕਿਹਾ ਕਿ ਸਾਡੇ ਲਈ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਸਮਾਗਮਾਂ ਦੌਰਾਨ ਸੇਵਾ ਕਰਨ ਦਾ ਮੌਕਾ ਮਿਲਿਆ ਹੈ, ਜਿਸ ਨੂੰ ਅਸੀ ਸ਼ਰਧਾ ਤੇ ਸੇਵਾ ਦੀ ਭਾਵਨਾ ਨਾਲ ਸਵੀਕਾਰ ਕੀਤਾ ਹੈ।

ਸ੍ਰੀ ਬੈਂਸ ਨੇ ਕਿਹਾ ਕਿ ਗੁਰੂ ਨਗਰੀ ਦੇ ਸਰਵਪੱਖੀ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਵਿਆਪਕ ਯੋਜਨਾ ਤਿਆਰ ਕੀਤੀ ਜਾ ਰਹੀ ਹੈ। ਸ੍ਰੀ ਅਨੰਦਪੁਰ ਸਾਹਿਬ ਵਿੱਚ ਹਰ ਸਾਲ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਗੁਰੂਧਾਮਾ ਦੇ ਦਰਸ਼ਨਾ ਲਈ ਪਹੁੰਚਦੀਆਂ ਹਨ, ਇਸ ਲਈ ਸ੍ਰੀ ਅਨੰਦਪੁਰ ਸਾਹਿਬ ਗੁਰੂ ਨਗਰੀ ਦਾ ਸਰਵਪੱਖੀ ਵਿਕਾਸ ਕਰਵਾਇਆ ਜਾਵੇਗਾ। ਉਨ੍ਹਾਂ ਨੇ ਸ੍ਰੀ ਅਨੰਦਪੁਰ ਸਾਹਿਬ ਦੇ 360ਵੇ. ਸਥਾਪਨਾ ਦਿਹਾੜੇ ਦੀ ਸਮੁੱਚੀ ਸੰਗਤ ਨੂੰ ਵਧਾਈ ਦਿੱਤੀ ਹੈ।



# ਹਰੀਪੁਰ ਵਿਖੇ ਬਾਬਾ ਸ਼ਾਹ ਕਮਾਲ ਦਾ ਸਾਲਾਨਾ ਦੋ ਰੋਜਾ ਉਰਸ ਕਰਵਾਇਆ

**ਆਦਮਪੁਰ (ਪਰਮਜੀਤ ਸਿੰਘ)**
ਪਿੰਡ ਹਰੀਪੁਰ ਵਿਖੇ ਸਥਿਤ ਦਰਬਾਰ ਹਜ਼ਰਤ ਬਾਬਾ ਸ਼ਾਹ ਕਮਾਲ ਵਿਖੇ ਦੋ ਰੋਜਾਂ ਸਾਲਾਨਾ ਉਰਸ ਗ੍ਰਾਮ ਪੰਚਾਇਤ, ਸੰਗਤਾਂ ਦੇ ਸਹਿਯੋਗ ਨਾਲ ਹਜਰਤ ਬਾਬਾ ਸ਼ਾਹ ਕਮਾਲ ਸਾਂਈ ਜੁਮਲੇ ਸ਼ਾਹ ਵੈਲਫੇਅਰ ਸੁਸਾਇਟੀ ਉਦੇਸੀਆ ਵੱਲੋਂ ਬੀਬੀ ਸ਼ਰੀਫਾ ਦੇ ਅਸ਼ੀਰਵਾਦ ਨਾਲ ਕਰਵਾਇਆ ਗਿਆ। ਉਰਸ ਦੇ ਪਹਿਲੇ ਦਿਨ ਸੰਤ ਪੁਰਸ਼ਾਂ, ਪ੍ਰਬੰਧਕਾਂ ਅਤੇ ਸੰਗਤਾਂ ਵਲੋਂ ਦਰਬਾਰ ਵਿਚ ਚਿਰਾਗ ਰੋਸ਼ਨ ਕੀਤੇ ਗਏ ਤੇ ਇਸ ਉਪਰੰਤ ਕਵਾਲੀਆਂ ਕਰਮਾਤ ਫਕੀਰ, ਮੁਹੰਮਦ ਸਲੀਮ ਕਵਾਲ, ਵਨੀਤ ਖਾਨ, ਸ਼ੌਕਤ ਦੀਵਾਨਾ ਕਵਾਲ ਪਟਿਆਲਾ, ਕੁਲਦੀਪ ਕਾਦਰ, ਹਬੀਦ ਅੱਲੀ ਮਤੋਈ, ਉਰਸ ਦੇ ਦੂਜੇ ਦਿਨ ਚਾਦਰ ਅਤੇ ਝੰਡੇ ਦੀ ਰਸਮ ਕੀਤੀ ਗਈ। ਇਸ ਮੌਕੇ ਸਵਾਮੀ ਰਾਮ ਭਾਰਤੀ ਆਦਮਪੁਰ, ਕਿਰਨਾ ਮਹੰਤ, ਬਾਬਾ ਪ੍ਰਿਥੀ ਪਾਲ ਸਿੰਘ ਬਾਲੀ, ਸੰਤ ਸਰਵਣ ਸਿੰਘ ਜਬਡ, ਬਾਬਾ ਅਸ਼ੋਕ ਜਲੰਧਰ, ਸੰਤ ਸੋਢੀ ਕੰਦੋਲਾ, ਸੰਤ ਮਹਾਵੀਰ ਸਿੰਘ, ਬਾਬਾ ਅਮਰਜੀਤ ਸਿੰਘ, ਬਾਬਾ ਭੁਪਿੰਦਰ ਸਿੰਘ ਅਣਖੀ, ਗੋਰਾ ਸਾਂਈ ਅੰਮ੍ਰਿਤਸਰ, ਬੀਬੀ ਹਰਜੀਤ ਕੌਰ, ਸੰਤ ਪਰਮਿੰਦਰ ਸਿੰਘ, ਸੰਤ ਹਰਪ੍ਰੀਤ ਸਿੰਘ ਸ਼ੇਰਪੁਰ, ਸੰਤ ਪ੍ਰਦੀਪ ਦਾਸ ਕਠਾਰ, ਗਿਆਨੀ ਜੋਗਿੰਦਰ ਸਿੰਘ, ਸੰਤ ਗੁਰਮੀਤ ਸਿੰਘ, ਸੰਤ ਬਲਵੰਤ ਸਿੰਘ, ਬਾਬਾ ਮੋਹਨੀ ਸੱਲਾ, ਹਲਕਾ ਵਿਧਾਇਕ ਸੁਖਵਿੰਦਰ ਕੋਟਲੀ ਵਿਸ਼ੇਸ਼ ਤੌਰ 'ਤੇ ਮੇਲੇ ਵਿੱਚ ਹਾਜ਼ਰੀ ਲਗਾਉਣ ਲਈ ਆਏ।



19 Jun Page-10.qxd 6/18/2025 11:00 PM Page 1



# 21 ਗ੍ਰਾਮ ਹੈਰੋਇਨ ਸਮੇਤ 3 ਗ੍ਰਿਫ਼ਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਜ਼ਿਲ੍ਹਾ ਫਿਰੋਜ਼ਪੁਰ ਪੁਲਸ ਨੇ ਵੱਖ ਵੱਖ ਥਾਵਾਂ 'ਤੇ ਗਸ਼ਤ ਤੇ ਚੈਕਿੰਗ ਦੌਰਾਨ 21 ਗ੍ਰਾਮ ਹੈਰੋਇਨ ਅਤੇ ਹੈਰੋਇਨ ਦਾ ਸੇਵਨ ਕਰਨ ਵਾਲੇ 3 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਇੰਸਪੈਕਟਰ ਪਰਮਜੀਤ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਸ਼ੱਕ ਦੀ ਬਿਨਾਅ 'ਤੇ ਇੱਕ ਨੌਜਵਾਨ ਸਿਕੰਦਰ ਪੁੱਤਰ ਜੱਗਾ ਵਾਸੀ ਪੁਰਾਣੀ ਸਬਜ਼ੀ ਮੰਡੀ, ਬਗਦਾਦੀ ਗੇਟ ਫਿਰੋਜ਼ਪੁਰ ਸ਼ਹਿਰ ਨੂੰ ਕਾਬੂ ਕਰਕੇ ਉਸ ਦੀ ਤਲਾਸ਼ੀ ਦੌਰਾਨ ਉਸ ਕੋਲੋਂ 6 ਗ੍ਰਾਮ ਹੈਰੋਇਨ ਬਰਾਮਦ ਕੀਤੀ। ਥਾਣਾ ਸਦਰ ਫਿਰੋਜ਼ਪੁਰ ਪੁਲਸ ਦੇ ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਰੇਲਵੇ ਪੁਲ ਨੇੜੇ ਜਾਵਾ ਏਜੰਸੀ ਪਾਸ ਸੀ ਤਾਂ ਇਸ ਦੌਰਾਨ ਖਾਸ ਮੁਖ਼ਬਰ ਨੇ ਇਤਲਾਹ ਦਿੱਤੀ ਕਿ ਕਮਲਜੀਤ ਪੁੱਤਰ ਬੋਹੜਾ ਵਾਸੀ ਖਾਈ ਫੇਮੇ ਕੀ ਸੀਆਰਪੀ ਗਰਾਊਂਡ ਵਿੱਚ ਹੈਰੋਇਨ ਪੀ ਰਿਹਾ ਹੈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਨੂੰ ਕਾਬੂ ਕਰਕੇ ਉਸ ਕੋਲੋਂ ਇਕ ਸਿਲਵਰ ਪੰਨੀ, ਇਕ ਲਾਈਟਰ, ਇਕ ਰੋਲ ਕੀਤੀ ਹੋਈ ਸਿਲਵਰ ਪਾਇਪ ਬਰਾਮਦ ਕੀਤੀ। ਉਧਰ ਥਾਣਾ ਕੁੱਲਗੜ੍ਹੀ ਪੁਲਸ ਦੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਇਸ ਦੌਰਾਨ ਉਨ੍ਹਾਂ ਨੇ ਸ਼ੱਕ ਦੀ ਬਿਨਾਅ 'ਤੇ ਰਵੀ ਪੁੱਤਰ ਤਰਸੇਮ ਸਿੰਘ ਵਾਸੀ ਪਿੰਡ ਬੱਧਨੀ ਜੈਮਲ ਸਿੰਘ ਵਾਲਾ ਨੂੰ ਕਾਬੂ ਕਰਕੇ ਉਸ ਕੋਲੋਂ 15 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਨੌਵੇਂ ਪਾਤਸ਼ਾਹ ਦੇ 350 ਸਾਲਾ ਸ਼ਹੀਦੀ ਦਿਹਾੜੇ ਸੰਬੰਧੀ ਇਕੱਤਰਤਾ 'ਚ ਰੂਪ-ਰੇਖਾ ਤਿਆਰ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਗੁਰਦੁਆਰਾ ਮੋਤੀ ਬਾਗ਼ ਸਾਹਿਬ ਵਿਖੇ ਜੁਲਾਈ ਦੇ ਪਹਿਲੇ ਹਫ਼ਤੇ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ। ਗੁਰਦੁਆਰਾ ਸ੍ਰੀ ਦੁੱਖ-ਨਿਵਾਰਨ ਸਾਹਿਬ ਵਿਖੇ ਸ਼ਤਾਬਦੀ ਸਬ ਕਮੇਟੀ ਦੀ ਇਕੱਤਰਤਾ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸਕੱਤਰ ਪ੍ਰਤਾਪ ਸਿੰਘ ਦੀ ਅਗਵਾਈ ਵਿਚ ਹੋਈ ਤੇ ਇਕੱਤਰਤਾ ਦੌਰਾਨ ਫ਼ੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਜੀ ਦੀ ਯੋਗ ਅਗਵਾਈ ਵਿਚ ਗੁਰੂ ਸਾਹਿਬ ਦੇ ਚਰਨਛੋਹ ਅਸਥਾਨ ਗੁਰਦੁਆਰਾ ਸ੍ਰੀ ਮੋਤੀ ਬਾਗ਼ ਸਾਹਿਬ ਵਿਖੇ 6 ਜੁਲਾਈ ਨੂੰ ਮਹਾਨ ਗੁਰਮਤਿ ਸਮਾਗਮ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਹੋਵੇਗਾ। ਸਾਬਕਾ ਪ੍ਰਧਾਨ ਪ੍ਰੋ.ਕਿਰਪਾਲ ਸਿੰਘ ਬਡੂੰਗਰ ਅਤੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ 350 ਸਾਲਾ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਾਲਵਾ ਜ਼ੋਨ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਦੋ ਮਹਾਨ ਗੁਰਮਤਿ ਸਮਾਗਮ ਉਲੀਕੇ ਗਏ ਹਨ, ਜਿਸ ਤਹਿਤ ਮਹਾਨ ਗੁਰਮਤਿ ਸਮਾਗਮ ਦੀ ਆਰੰਭਤਾ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਨਾਲ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ 5 ਜੁਲਾਈ ਨੂੰ ਅੰਮ੍ਰਿਤ ਸੰਚਾਰ ਕਰਾਇਆ ਜਾਵੇਗਾ ਅਤੇ ਨਾਲ



ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਵੱਲੋਂ ਸ਼੍ਰੋਮਣੀ ਕਮੇਟੀ ਪ੍ਰਬੰਧ ਅਧੀਨ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਖ਼ੂਬ ਜਿੱਥੇ ਕੀਰਤਨ ਕੀਤਾ ਜਾਵੇਗਾ, ਉੱਥੇ ਦਸਤਾਰ ਮੁਕਾਬਲੇ ਵੀ ਕਰਾਏ ਜਾਣਗੇ, ਜਿਨ੍ਹਾਂ ਵਿੱਚ ਪਹਿਲਾ, ਦੂਜਾ ਤੇ ਤੀਜਾ ਸਥਾਨ ਹਾਸਲ ਕਰਨ ਵਾਲਿਆਂ ਨੂੰ ਸਨਮਾਨਤ ਵੀ ਕੀਤਾ ਜਾਵੇਗਾ। ਇਕੱਤਰਤਾ ਦੌਰਾਨ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਜਸਮੇਰ ਸਿੰਘ ਲਾਛੜੂ, ਮੀਤ ਸਕੱਤਰ ਸੁਖਦੇਵ ਸਿੰਘ, ਸੁਪਰਵਾਈਜ਼ਰ ਸ਼ਤਾਬਦੀ ਕਮੇਟੀ ਭੁਪਿੰਦਰ ਸਿੰਘ, ਇੰਚਾਰਜ ਬਿਕਰਮ ਸਿੰਘ, ਮੈਨੇਜਰ ਭਾਗ ਸਿੰਘ, ਸਹਾਇਕ ਪ੍ਰੋਫੈਸਰ ਗੁਰਤੇਜ ਸਿੰਘ ਠੀਕਰੀਵਾਲਾ ਆਦਿ ਨੇ ਵੀ ਆਪੋ ਆਪਣੇ ਵਿਚਾਰ ਰੱਖੇ ਤਾਂ ਜੁ 350 ਸਾਲਾ ਸ਼ਹੀਦੀ ਦਿਹਾੜੇ ਸਬੰਧੀ ਸ਼ਤਾਬਦੀ ਕਮੇਟੀ ਸਮਾਗਮ ਜੋਸ਼-ਖਰੋਸ਼ ਨਾਲ ਮਨਾਏ ਜਾ ਸਕਣ। ਸਕੱਤਰ ਪ੍ਰਤਾਪ ਸਿੰਘ ਤੇ ਮੀਤ ਸਕੱਤਰ ਸੁਖਦੇਵ ਸਿੰਘ ਹੇਰਨਾਂ ਦੱਸਿਆ ਕਿ ਸਮਾਗਮ ਦੀ ਸਫਲਤਾ ਲਈ ਪ੍ਰਚਾਰਕ ਸਾਹਿਬਾਨ ਦੀਆਂ ਡਿਊਟੀਆਂ ਤੈਅ ਕੀਤੀਆਂ ਜਾਣਗੀਆਂ, ਜੋ ਵੱਖ-ਵੱਖ ਪਿੰਡਾਂ ਵਿੱਚ ਪਹੁੰਚ ਕਰਕੇ ਸੰਗਤਾਂ ਨੂੰ ਇਨ੍ਹਾਂ ਸਮਾਗਮਾਂ ਵਿਚ ਲਿਆਉਣ ਲਈ ਪ੍ਰੇਰਤ ਕਰਨਗੇ।ਉਨ੍ਹਾਂ ਦੱਸਿਆ ਕਿ ਇਸ ਸਬੰਧ ਵਿਚ ਵੱਖ ਵੱਖ ਗੁਰਦੁਆਰਾ ਸਾਹਿਬਾਨ, ਢਾਡੀ ਕਵੀਸ਼ਰੀ ਜੱਥਿਆਂ, ਨਿਹੰਗ ਸਿੰਘ ਸੰਪਰਦਾਵਾਂ ਅਤੇ ਧਾਰਮਿਕ ਸਭਾ ਸੁਸਾਇਟੀਆਂ ਆਦਿ ਨੂੰ ਵੀ ਸੱਦਾ ਪੱਤਰ ਭੇਜਿਆ ਜਾਵੇਗਾ।5 ਜੁਲਾਈ ਨੂੰ ਅੰਮ੍ਰਿਤ ਸੰਚਾਰ ਵਾਲੇ ਦਿਨ ਤਖ਼ਤ ਸਾਹਿਬਾਨ ਦੇ ਪੰਜ ਪਿਆਰੇ ਸਾਹਿਬਾਨ ਸੰਗਤਾਂ ਨੂੰ ਖੰਡੇ ਬਾਟੇ ਦੀ ਰਾਹੁਲ ਦੇਣਗੇ, ਉੱਥੇ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਵੀ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ।

# ਨਸ਼ਿਆਂ ਵਿਰੁੱਧ ਆਪ ਸਰਕਾਰ ਦੀ ਮੁਹਿੰਮ ਲਿਆ ਰਹੀ ਰੰਗ : ਪ੍ਰਧਾਨ ਪ੍ਰਿਥੀਪਾਲ

**ਪਟਿਆਲਾ, ਸਨੌਰ (ਰਾਜਿੰਦਰ ਥਿੰਦ)**- ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਨਸ਼ਾ ਵਿਰੋਧੀ ਮੁਹਿੰਮ ਹੁਣ ਜ਼ਮੀਨੀ ਪੱਧਰ 'ਤੇ ਆਪਣੇ ਸਾਰਥਕ ਨਤੀਜੇ ਦਿਖਾ ਰਹੀ ਹੈ। ਇਨ੍ਹਾਂ ਨਤੀਜਿਆਂ ਤੋਂ ਪ੍ਰੇਰਿਤ ਹੋ ਕੇ ਆੜਤੀ ਐਸੋਸੀਏਸ਼ਨ ਭੁਨਰਹੇੜੀ ਦੇ ਪ੍ਰਧਾਨ ਪਿਰਥੀਪਾਲ ਸਿੰਘ ਨੇ ਪੰਜਾਬ ਸਰਕਾਰ ਦੀ ਇਸ ਪਹਿਲਕਦਮੀ ਦੀ ਭਰਪੂਰ ਪ੍ਰਸ਼ੰਸਾ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਮੁਹਿੰਮ ਹੁਣ ਸਿਰਫ਼ ਇੱਕ ਸਰਕਾਰੀ ਯਤਨ ਨਹੀਂ, ਸਗੋਂ ਇੱਕ ਲੋਕ ਲਹਿਰ ਬਣ ਚੁੱਕੀ ਹੈ। ਪ੍ਰਧਾਨ ਪਿਰਥੀਪਾਲ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਦੂਰਅੰਦੇਸ਼ੀ ਅਤੇ ਇਰਾਦੇ ਮਿਲਕੁਲ ਸਪੱਸ਼ਟ ਹਨ – ਪੰਜਾਬ ਵਿਚੋਂ ਨਸ਼ੇ ਦੀਆਂ ਜੜ੍ਹਾਂ ਨੂੰ ਪੂਰੀ ਤਰ੍ਹਾਂ ਪੁੱਟਣਾ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਨਸ਼ਾ ਤਸਕਰਾਂ ਖ਼ਿਲਾਫ਼ ਲਗਾਤਾਰ ਸਖ਼ਤ ਮੁਹਿੰਮ ਚਲਾਈ ਹੁੰਦੀ ਹੈ, ਜਿਸ ਤਹਿਤ ਹਜ਼ਾਰਾਂ ਦੀ ਗਿਣਤੀ ਵਿਚ ਨਸ਼ਾ ਵੇਚਣ ਵਾਲੇ ਕਾਬੂ ਕੀਤੇ ਗਏ ਹਨ। ਇਸ ਦੇ ਨਾਲ ਹੀ ਨਸ਼ਾ ਮੁਕਤੀ ਕੇਂਦਰਾਂ ਦੀ ਕਾਰਗੁਜ਼ਾਰੀ ਵਿੱਚ ਵੀ ਨਵਾਂ ਜੋਸ਼ ਦੇਖਣ ਨੂੰ ਮਿਲਿਆ ਹੈ। ਪਿਰਥੀਪਾਲ ਸਿੰਘ ਨੇ ਆਮ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਸਿਰਫ਼ ਸਰਕਾਰ ਜਾਂ ਸੁਰੱਖਿਆ ਏਜੰਸੀਆਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ, ਜੇਕਰ ਅਸੀਂ ਆਪਣੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੀ ਦਲਦਲ ਤੋਂ ਬਚਾਉਣਾ ਚਾਹੁੰਦੇ ਹਾਂ, ਤਾਂ ਇਹ ਲੜਾਈ ਹਰ ਘਰ, ਹਰ ਪਿੰਡ ਅਤੇ ਹਰ ਦਿਲ ਦੀ ਲੜਾਈ ਬਣਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਸਕੂਲਾਂ, ਕਾਲਜਾਂ ਅਤੇ ਪਿੰਡ ਪੱਧਰ 'ਤੇ ਇੱਕ ਵਿਆਪਕ ਜਾਗਰੂਕਤਾ ਮੁਹਿੰਮ ਚਲਾਈ ਹੈ, ਜਿੱਥੇ ਨਸ਼ਿਆਂ ਦੇ ਮਾੜੂ ਪ੍ਰਭਾਵਾਂ ਬਾਰੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਜਾਣੂ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਨੌਜਵਾਨਾਂ ਨੂੰ ਸਹੀ ਰਸਤੇ 'ਤੇ ਪਾਉਣ ਲਈ ਰੁਜ਼ਗਾਰ ਦੇ ਨਵੇਂ ਮੇਲੇ ਅਤੇ ਪੇਜ ਮੁਹੱਈਆ ਕਰਵਾਏ ਜਾ ਰਹੇ ਹਨ। ਅੰਤ ਵਿੱਚ ਪ੍ਰਧਾਨ ਨੇ ਕਿਹਾ ਕਿ ਨਸ਼ਿਆਂ ਦਾ ਖਾਤਮਾ ਨਾ ਸਿਰਫ ਕਾਨੂੰਨੀ ਤੌਰ 'ਤੇ ਜ਼ਰੂਰੀ ਹੈ, ਸਗੋਂ ਇਹ ਸਾਡੇ ਸਮਾਜਿਕ, ਨੈਤਿਕ ਅਤੇ ਭਵਿੱਖੀ ਪੀੜ੍ਹੀਆਂ ਦੀ ਰਾਖੀ ਲਈ ਵੀ ਅਤਿ ਜ਼ਰੂਰੀ ਹੈ।



# ਰੈੱਡ ਕਰਾਸ ਵੱਲੋਂ ਲੜਕੀਆਂ ਨੂੰ ਆਤਮ-ਨਿਰਭਰ ਬਣਾਉਣ ਲਈ ਕਿੱਤਾਮੁਖੀ ਕੋਰਸਾਂ ਨਾਲ ਜੋੜਨ ਦਾ ਫੈਸਲਾ

**ਸੰਗਰੂਰ (ਪ੍ਰਵੀਨ ਸਿੰਘ)**- ਡਾ. ਕਮਲਦੀਪ ਸ਼ਰਮਾ ਚੇਅਰਪਰਸਨ ਰੈੱਡ ਕਰਾਸ ਹਸਪਤਾਲ ਭਲਾਈ ਸ਼ਾਖਾ ਸੰਗਰੂਰ ਵੱਲੋਂ ਰੈੱਡ ਕਰਾਸ ਦੇ ਵੱਖ-ਵੱਖ ਕੰਮਾਂ ਅਤੇ ਗਤੀਵਿਧੀਆਂ ਦੀ ਸਮੀਖਿਆ ਕਰਨ ਸਬੰਧੀ ਮੀਟਿੰਗ ਕੀਤੀ ਗਈ। ਜਿਸ ਦੌਰਾਨ ਰੈੱਡ ਕਰਾਸ ਵੱਲੋਂ ਵੱਧ ਤੋਂ ਵੱਧ ਲੜਕੀਆਂ ਨੂੰ ਆਤਮ-ਨਿਰਭਰ ਬਣਾਉਣ ਲਈ ਕਿੱਤਾਮੁਖੀ ਕੋਰਸਾਂ ਨਾਲ ਜੋੜਨ ਦਾ ਫੈਸਲਾ ਲਿਆ ਗਿਆ। ਰੈੱਡ ਕਰਾਸ ਵੱਲੋਂ ਮੌਜੂਦਾ ਸਮੇਂ 200 ਤੋਂ ਵਧੇਰੇ ਲੜਕੀਆਂ ਨੂੰ ਕਿੱਤਾਮੁਖੀ ਸਿੱਖਿਆ ਨਾਲ ਜੋੜਿਆ ਜਾ ਰਿਹਾ ਹੈ।ਮੀਟਿੰਗ ਦੌਰਾਨ ਮੈਂਬਰਾਂ ਵੱਲੋਂ ਸਿਖਲਾਈ ਸੈਂਟਰ, ਜਿਵੇਂ ਕਿ ਕੰਪਿਊਟਰ ਸੈਂਟਰ, ਬਿਊਟੀ ਪਾਰਲਰ, ਸ਼ੋਰਟ ਹੈਂਡ ਸੈਂਟਰ ਦੇ ਕੰਮਾਂ ਨੂੰ ਚਲਾਉਣ ਲਈ ਸੁਝਾਊ ਪੇਸ਼ ਕੀਤੇ ਗਏ। ਜਿਸ ਉੱਤੇ ਚੇਅਰਪਰਸਨ ਵੱਲੋਂ ਕਿਹਾ ਗਿਆ ਕਿ ਸਿਲਾਈ ਲਈ ਵੱਧ ਤੋਂ ਵੱਧ ਲੜਕੀਆਂ ਨੂੰ ਆਤਮ-ਨਿਰਭਰ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਉਹਨਾਂ ਕਿਹਾ ਕਿ ਅਸਲੀ ਅਰਥਾਂ ਵਿੱਚ ਨਾਰੀ ਸਸ਼ਕਤੀਕਰਨ ਕਰਨ ਲਈ ਲੜਕੀਆਂ ਨੂੰ ਉਹਨਾਂ ਦੇ ਪੈਰਾਂ ਉੱਤੇ ਖੜ੍ਹਾ ਕਰਨਾ ਅੱਜ ਸਮੇਂ ਦੀ ਵੱਡੀ ਲੋੜ ਹੈ। ਉਹਨਾਂ ਨੇ ਸਿਲਾਈ ਪ੍ਰੀਖਿਆ ਉਤੇ ਵੀ ਜ਼ੋਰ ਦਿੱਤਾ ਹੈ ਤਾਂ ਜੋ ਲੋੜਵੰਦ ਲੜਕੀਆਂ ਦੇ ਹੁਨਰ ਵਿੱਚ ਵਾਧਾ ਕੀਤਾ ਜਾ ਸਕੇ।ਉਹਨਾਂ ਰੈੱਡ ਕਰਾਸ ਦੇ ਮੈਂਬਰਾਂ ਨੂੰ ਕਿਹਾ ਕਿ ਲੜਕੀਆਂ ਦੇ ਹੁਨਰ ਨੂੰ ਹੋਰ ਨਿਖਾਰਨ ਲਈ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਬੁਟੀਕਾਂ ਤੇ ਨਵੇਂ ਸਿਲਾਈ ਦੇ ਡਰੈਸਿਸ ਅਤੇ ਡਿਜ਼ਾਇਨ ਲੜਕੀਆਂ ਨੂੰ ਦਿਖਾਏ ਜਾਣ। ਚੇਅਰਪਰਸਨ ਵੱਲੋਂ ਰੈੱਡ ਕਰਾਸ ਦੇ ਮੈਂਬਰਾਂ ਨੂੰ ਕਿਹਾ ਕਿ ਹਰੇਕ ਹਫ਼ਤੇ ਦੋ-ਦੋ ਮੈਂਬਰ ਹਸਪਤਾਲ ਵਿੱਚ ਜਾ ਕੇ ਸਾਫ ਸਫਾਈ ਅਤੇ ਹੋਰ ਧਿਆਨ ਦੇਣ, ਤਾਂ ਜੋ ਸਿਵਲ ਹਸਪਤਾਲ ਵਿਖੇ ਆਉਣ ਵਾਲੀ ਜਨਤਾ ਨੂੰ ਕੋਈ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।ਚੇਅਰਪਰਸਨ ਵੱਲੋਂ ਅੰਤਰ-ਰਾਸ਼ਟਰੀ ਯੋਗ ਦਿਵਸ 21 ਜੂਨ ਮੌਕੇ ਰੈਡ ਕਰਾਸ ਦੇ ਮੈਂਬਰਾਂ ਨੂੰ ਸੰਗਰੂਰ ਜ਼ਿਲ੍ਹੇ ਦੇ ਵੱਖ-ਵੱਖ ਥਾਵਾਂ, ਜਿਵੇਂ ਕਿ ਬਿਰਧ ਆਸ਼ਰਮ, ਨਸ਼ਾ ਛੁਡਾਊ ਕੇਂਦਰ ਵਿੱਚ ਯੋਗ ਦਿਵਸ ਵੱਧ ਚੜ੍ਹ ਕੇ ਮਨਾਉਣ ਲਈ ਕਿਹਾ ਗਿਆ। ਉਹਨਾਂ ਕਿਹਾ ਕਿ ਅਗਾਮੀ ਦਿਨਾਂ ਵਿੱਚ ਕੈਂਸਰ ਜਾਗਰੂਕਤਾ ਦੇ ਕੈਂਪ ਵੀ ਲਗਾਏ ਜਾਣਗੇ। ਇਸ ਸਬੰਧ ਵਿੱਚ ਸਕੱਤਰ ਰੈਡ ਕਰਾਸ ਸੁਸਾਇਟੀ ਨੂੰ ਹੋਮੀ ਭਾਬਾ ਹਸਪਤਾਲ ਸੰਗਰੂਰ ਵਿਖੇ ਤਾਲਮੇਲ ਕਰਨ ਲਈ ਕਿਹਾ ਗਿਆ।ਉਹਨਾਂ ਵੱਲੋਂ ਇਹ ਵੀ ਕਿਹਾ ਗਿਆ ਕਿ ਕੰਪਿਊਟਰ ਅੱਜ ਦੇ ਸਮੇਂ ਦੀ ਜ਼ਰੂਰਤ ਬਣ ਗਈ ਹੈ। ਕੰਪਿਊਟਰ ਦੀ ਸਿਖਲਾਈ ਲਈ ਵੱਧ ਤੋਂ ਵੱਧ ਜ਼ੋਰ ਦਿੱਤਾ ਜਾਵੇ। ਉਹਨਾਂ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸਕੱਤਰ ਰੈਡ ਕਰਾਸ ਨੂੰ ਸਕੂਲਾਂ ਕਾਲਜਾਂ ਵਿੱਚ ਵੱਧ ਤੋਂ ਵੱਧ ਨੁਕੜ-ਨਾਟਕ ਆਦਿ ਨਾਲ ਬੱਚਿਆਂ ਨੂੰ ਜਾਗਰੂਕ ਕਰਨ ਬਾਰੇ ਕਿਹਾ ਗਿਆ। ਮੀਟਿੰਗ ਵਿੱਚ ਜਸਵੀਰ ਕੌਰ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ-ਕਮ-ਸਕੱਤਰ, ਇੰਡੀਅਨ ਰੈਡ ਕਰਾਸ ਸੁਸਾਇਟੀ, ਸੰਗਰੂਰ, ਨਿੰਮੀ ਬਾਂਸਲ, ਕੁਸਮ ਮਘਾਨ, ਕੁਸਮ ਗਰਗ, ਡਾ. ਸੁਖਦੀਪ ਕੌਰ, ਸ਼ਵੇਤਾ ਜੈਨ, ਸੋਨਿਕਾ ਜੈਨ, ਸਰਬਜੀਤ ਸਿੰਘ ਰੇਖੀ, ਡਾ. ਸੁਖਵਿੰਦਰ ਸਿੰਘ ਹਾਜ਼ਰ ਸਨ।



# ਕੌਮਾਂਤਰੀ ਯੋਗ ਦਿਵਸ ਮੌਕੇ ਕਰਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਗਤੀਸ਼ੀਲ ਅਗਵਾਈ ਵਿੱਚ ਪਟਿਆਲਾ ਸ਼ਹਿਰ ਦੇ ਵੱਖ-ਵੱਖ ਪਾਰਕਾਂ ਵਿੱਚ ਸੀ.ਐਮ.ਦੀ ਯੋਗਸ਼ਾਲਾ ਤਹਿਤ ਯੋਗ ਕਰਾਏ ਜਾ ਰਹੇ ਹਨ, ਇਸੇ ਲੜੀ ਤਹਿਤ 21 ਜੂਨ ਨੂੰ ਕੌਮਾਂਤਰੀ ਯੋਗ ਦਿਵਸ ਮੌਕੇ ਕਰਾਏ ਜਾਣ ਵਾਲੇ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਸਬੰਧੀ ਸਹਾਇਕ ਕਮਿਸ਼ਨਰ (ਜ) ਰਿਚਾ ਗੋਇਲ ਦੀ ਪ੍ਰਧਾਨਗੀ ਹੇਠ ਇੱਕ ਬੈਠਕ ਕੀਤੀ ਗਈ।ਉਨ੍ਹਾਂ ਆਮ ਲੋਕਾਂ ਨੂੰ ਜ਼ਿਲ੍ਹਾ ਪੱਧਰੀ ਸਮਾਰੋਹ ਵਿੱਚ ਭਰਵੀਂ ਸ਼ਮੂਲੀਅਤ ਕਰਨ ਦੀ ਅਪੀਲ ਕਰਦਿਆਂ ਦੱਸਿਆ ਕਿ 21 ਜੂਨ ਨੂੰ ਥਾਪਰ ਯੂਨੀਵਰਸਿਟੀ ਵਿਖੇ ਸਵੇਰੇ 6 ਵਜੇ ਅੰਤਰਰਾਸ਼ਟਰੀ ਯੋਗ ਦਿਵਸ ਮਨਾ ਕੇ ਲੋਕਾਂ ਨੂੰ ਸਿਹਤਮੰਦ ਜੀਵਨ ਜਿਊਣ ਦਾ ਸੰਦੇਸ਼ ਦਿੱਤਾ ਜਾਵੇਗਾ। ਮੀਟਿੰਗ ਦੌਰਾਨ ਰਿਚਾ ਗੋਇਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਸਿਹਤਮੰਦ ਜੀਵਨ ਤੇ ਮਨ ਦੀ ਸ਼ਾਂਤੀ ਸਭ ਤੋਂ ਵੱਡੀ ਜ਼ਰੂਰਤ ਬਣ ਚੁੱਕੀ ਹੈ। ਸਾਡੀ ਆਸ ਹੈ ਕਿ ਇਸ ਦਿਵਸ ਨਾਲ ਲੋਕ ਯੋਗਾ ਦੀ ਮਹੱਤਤਾ ਨੂੰ ਸਮਝ ਕੇ ਆਪਣੇ ਜੀਵਨ ਵਿੱਚ ਸਿਹਤਮੰਦ ਬਦਲਾਅ ਲਿਆਉਣਗੇ।ਉਨ੍ਹਾਂ ਕਿਹਾ ਕਿ ਯੋਗ ਸਿਰਫ ਸਰੀਰਕ ਵਰਕਆਊਟ ਨਹੀਂ, ਬਲਕਿ ਮਨ ਤੇ ਆਤਮਾ ਦੀ ਸ਼ਾਂਤੀ ਲਈ ਵੀ ਜ਼ਰੂਰੀ ਹੈ।ਉਨ੍ਹਾਂ ਸਾਰੇ ਨਾਗਰਿਕਾਂ ਨੂੰ ਸੱਦਾ ਦਿੱਤਾ ਹੈ ਕਿ ਉਹ ਇਸ ਯੋਗਸ਼ਾਲਾ ਦਾ ਲਾਭ ਉਠਾਉਣ ਤੇ ਆਪਣੀ ਸਿਹਤ ਲਈ ਯੋਗਾ ਅਭਿਆਸ ਨੂੰ ਅਪਨਾਉਣ। ਰਿਚਾ ਗੋਇਲ ਨੇ ਯੋਗ ਦਿਵਸ ਦੀਆਂ ਤਿਆਰੀਆਂ ਸਬੰਧੀ ਚਰਚਾ ਕਰਦਿਆਂ ਸਬੰਧਤ ਅਧਿਕਾਰੀਆਂ ਨੂੰ ਜ਼ਿੰਮੇਵਾਰੀਆਂ ਸੌਂਪੀਆਂ। ਉਨ੍ਹਾਂ ਪਟਿਆਲਾ ਵਾਸੀਆਂ ਨੂੰ ਯੋਗ ਦਿਵਸ 'ਚ ਸ਼ਾਮਲ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਸਿਹਤਮੰਦ ਜੀਵਨ ਤੇ ਮਨ ਦੀ ਸ਼ਾਂਤੀ ਸਭ ਤੋਂ ਵੱਡੀ ਜ਼ਰੂਰਤ ਬਣ ਗਈ ਹੈ। ਉਨ੍ਹਾਂ ਕਿਹਾ ਕਿ ਯੋਗਾ ਦਾ ਮੂਲ ਮੰਤਵ ਸਰੀਰਕ ਤਾਕਤ, ਲਚਕੀਲਾਪਣ ਤੇ ਮਨ ਨੂੰ ਸ਼ਾਂਤ ਕਰਨ ਦੇ ਨਾਲ ਨਾਲ ਅੰਦਰੂਨੀ ਸ਼ਕਤੀ ਨੂੰ ਵਧਾਉਣਾ ਹੈ।ਉਨ੍ਹਾਂ ਕਿਹਾ ਕਿ ਅੱਜ ਦੀ ਤੇਜ਼ ਰਫ਼ਤਾਰ ਅਤੇ ਦਬਾਅ ਭਰੀ ਜ਼ਿੰਦਗੀ ਵਿੱਚ ਤਣਾਅ, ਚਿੰਤਾ ਤੇ ਸਰੀਰਿਕ ਰੋਗ ਆਮ ਗੱਲ ਬਣ ਗਏ ਹਨ।



# ਮਾਡਰਨ ਕਾਲਜ ਬੀਰ ਕਲਾਂ ਦਾ ਸ਼ਾਨਦਾਰ ਨਤੀਜਾ

**ਚੀਮਾ ਮੰਡੀ (ਰਵਿੰਦਰ ਚੀਮਾ)** ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਐਲਾਨ ਕੀਤੇ ਗਏ ਐਮਐਸਸੀ ਆਈਟੀ ਲਿਟਲ ਐਂਟਰੀ 2024-25 ਸਮੈਸਟਰ ਤੀਜੇ ਦੇ ਨਤੀਜੇ 'ਚ ਮਾਡਰਨ ਕਾਲਜ ਬੀਰ ਕਲਾਂ ਦੇ ਵਿਦਿਆਰਥੀਆਂ ਦੇ ਨਤੀਜੇ ਸ਼ਾਨਦਾਰ ਰਹੇ। ਸਹਾਇਕ ਪ੍ਰੋਫੈਸਰ ਗੁਰਵਿੰਦਰ ਕੌਰ ਨੇ ਦੱਸਿਆ ਕਿ ਸਰਬਜੋਤ ਸਿੰਘ ਨੇ 85 ਫ਼ੀਸਦੀ, ਹਰਪ੍ਰੀਤ ਸਿੰਘ ਨੇ 82 ਫੀਸਦੀ, ਗੁਰਪ੍ਰੀਤ ਸਿੰਘ ਨੇ 82 ਫੀਸਦੀ, ਮਨਪ੍ਰੀਤ ਕੌਰ ਨੇ 81 ਫੀਸਦੀ, ਗੁਰਜਿੰਦਰ ਸਿੰਘ 81 ਫੀਸਦੀ, ਭੂਸ਼ਣ ਸ਼ਰਮਾ ਨੇ 81, ਸਨਪ੍ਰੀਤ ਸਿੰਘ ਨੇ 81, ਹਰਮਨ ਸਿੰਘ ਨੇ 81, ਪਰਨੀਤ ਸਿੰਘ ਨੇ 80, ਗਗਨਦੀਪ ਸਿੰਘ ਨੇ 79 ਫੀਸਦੀ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਕਾਲਜ ਦੇ ਚੇਅਰਮੈਨ ਡਾਕਟਰ ਰਵਿੰਦਰ ਬਾਂਸਲ ਚੰਗੇ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ। ਉਨ੍ਹਾਂ ਪਾਸ ਹੋਣ ਵਾਲੇ ਵਿਦਿਆਰਥੀਆਂ ਦੇ ਭਵਿੱਖ ਵਿੱਚ ਤਰੱਕੀ ਕਰਨ ਲਈ ਸ਼ੁਭਕਾਮਨਾ ਦਿੱਤੀ।



# ਬੀਬੀ ਬਡਲਾ ਨੇ ਕੀਤੀ ਕਾਂਗਰਸੀ ਵਰਕਰਾਂ ਨਾਲ ਮੀਟਿੰਗ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਪੰਜਾਬ ਪ੍ਰਦੇਸ਼ ਕਾਂਗਰਸ ਹਾਈ ਕਮਾਂਡ ਵੱਲੋਂ ਨਵੇਂ ਲਾਏ ਗਏ ਕੋਆਰਡੀਨੇਟਰ ਬੀਬੀ ਪ੍ਰਿਤਪਾਲ ਕੌਰ ਬਡਲਾ ਨੇ ਕਾਂਗਰਸੀ ਵਰਕਰਾਂ, ਆਗੂਆਂ ਨਾਲ ਪਹਿਲੀ ਮੀਟਿੰਗ ਕੀਤੀ। ਇਸ ਮੌਕੇ ਬਲਾਕ ਕਾਂਗਰਸ ਦੇ ਪ੍ਰਧਾਨ ਪਰਮਿੰਦਰ ਸਿੰਘ ਸੰਮੀ ਠੁੱਲੀਵਾਲ ਨੇ ਬੀਬੀ ਪ੍ਰਿਤਪਾਲ ਕੌਰ ਬਡਲਾ ਨੂੰ ਵਧਾਈ ਦਿੰਦੇ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਹਲਕੇ ਅੰਦਰ ਕਾਂਗਰਸ ਪਾਰਟੀ ਵਧੇਰੇ ਮਜਬੂਤ ਹੋਵੇਗੀ। ਉਨ੍ਹਾਂ ਬਲਾਕ ਕਾਂਗਰਸ ਵੱਲੋਂ ਪੂਰਾ ਸਹਿਯੋਗ ਦੇਣ ਦਾ ਵਿਸ਼ਵਾਸ ਦੁਆਇਆ। ਨਵ ਨਿਯੁਕਤ ਕੋਆਰਡੀਨੇਟਰ ਬੀਬੀ ਪ੍ਰਿਤਪਾਲ ਕੌਰ ਬਡਲਾ ਨੇ ਕਿਹਾ ਕਿ ਹੁਣ ਸੂਬੇ ਦੇ ਲੋਕ ਆਪ ਆਗੂਆਂ ਵੱਲੋਂ ਚੁਟਕਲੇ ਸੁਣਾ ਕੇ ਗੁੰਮਰਾਹ ਕਰਨ ਦੀ ਨੀਤੀ ਨੂੰ ਚੰਗੀ ਤਰਾਂ ਜਾਣ ਚੁਕੇ ਹਨ। ਇਸ ਲਈ ਹੁਣ ਝੂਠੇ ਵਾਅਦਿਆਂ ਦੀ ਰਾਜਨੀਤੀ ਨਹੀਂ ਚੱਲ ਸਕੇਗੀ। ਉਨ੍ਹਾਂ ਦਾਅਵੇ ਨਾਲ ਕਿਹਾ ਕਿ ਲੋਕ ਲੁਧਿਆਣਾ ਪੱਛਮੀ ਜ਼ਿਮਨੀ ਚੋਣ 'ਚ ਕਾਂਗਰਸ ਨੂੰ ਜਿਤਾ ਕੇ 2027 'ਚ ਸੂਬੇ ਅੰਦਰ ਕਾਂਗਰਸ ਦੀ ਸਰਕਾਰ ਬਣਾਉਣ ਦਾ ਮੁੱਢ ਬੰਨ੍ਹਣਗੇ। ਛੇਤੀ ਹੀ ਹਲਕੇ ਦੇ ਹਰ ਪਿੰਡ-ਪਿੰਡ ਜਾ ਕੇ 31 ਮੈਂਬਰੀ ਇਕਾਈਆਂ ਦੀ ਚੋਣ ਕੀਤੀ ਜਾਵੇਗੀ ਤੇ ਖਾਸ ਤੌਰ 'ਤੇ ਘਰੀਂ ਬੈਠੇ ਪੁਰਾਣੇ ਵਰਕਰਾਂ, ਆਗੂਆਂ ਨੂੰ ਅੱਗੇ ਲਿਆ ਕੇ ਬਣਦਾ ਮਾਨ-ਸਤਿਕਾਰ ਦਿੱਤਾ ਜਾਵੇਗਾ।



# ਵਿਰੋਧੀ ਧਿਰਾਂ ਸਿਰਫ਼ ਸੱਤਾ ਦੀਆਂ ਲਾਲਚੀ, ਪੰਜਾਬ ਦੇ ਵਿਕਾਸ ਨਾਲ ਨਹੀਂ ਕੋਈ ਵਾਸਤਾ : ਹਰਚੰਦ ਸਿੰਘ ਬਰਸਟ

**ਸਮਾਣਾ (ਗੁਰਪਿਆਰ ਸਿੰਘ ਬੱਲ)** ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਨੇ ਵਿਰੋਧੀਆਂ 'ਤੇ ਨਿਸ਼ਾਨਾ ਵਿੰਨ੍ਹਦਿਆਂ ਕਿਹਾ ਕਿ ਵਿਰੋਧੀ ਧਿਰਾਂ ਨੂੰ ਸਿਰਫ਼ ਤੇ ਸਿਰਫ਼ ਸੱਤਾ ਦਾ ਲਾਲਚ ਹੈ।ਸੱਤਾ ਹਾਸਲ ਕਰਨ ਲਈ ਵਿਰੋਧੀਆਂ ਵੱਲੋਂ ਲਗਾਤਾਰ ਬੇਬੁਨਿਆਦ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਜਦਕਿ ਇਨ੍ਹਾਂ ਦਾ ਪੰਜਾਬ ਦੇ ਵਿਕਾਸ ਅਤੇ ਤਰੱਕੀ ਨਾਲ ਕੋਈ ਵਾਸਤਾ ਨਹੀਂ ਹੈ।ਇਹ ਕੇਵਲ ਆਪਣੇ ਨਿੱਜੀ ਹਿੱਤਾਂ ਨੂੰ ਪੂਰਾ ਕਰਨ ਲਈ ਗੁਮਰਾਹਕੁੰਨ ਬਿਆਨ ਦੇ ਰਹੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਯੁੱਧ ਨਸ਼ਿਆ ਵਿਰੁੱਧ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਵਿੱਚ ਆਮ ਲੋਕਾਂ ਵੱਲੋਂ ਪੂਰਾ ਸਾਥ ਦਿੱਤਾ ਜਾ ਰਿਹਾ ਹੈ, ਪਰ ਵਿਰੋਧੀ ਧਿਰਾਂ ਵੱਲੋਂ ਇਸ ਮੁਹਿੰਮ ਵਿੱਚ ਸਾਥ ਦੇਣਾ ਤਾਂ ਦੂਰ ਦੀ ਗੱਲ ਹੈ, ਸਗੋਂ ਬੇਬੁਨਿਆਦ ਬਿਆਨਬਾਜ਼ੀਆਂ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਵਿੱਚ ਲੱਗੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣਾ ਚਾਹੁੰਦੀ ਹੈ, ਜਦਕਿ ਪੁਰਾਣੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਸੂਬੇ ਵਿੱਚ ਨਸ਼ਿਆ ਦਾ ਪ੍ਰਸਾਰ ਹੋਇਆ ਹੈ। ਬਰਸਟ ਨੇ ਕਿਹਾ ਕਿ ਵਿਰੋਧੀ ਧਿਰਾਂ ਦੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਪੰਜਾਬ ਦੇ ਸੱਭਿਆਚਾਰ ਨੂੰ ਭੰਗ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਗਈ। ਅਸ਼ਲੀਲ ਅਤੇ ਲੱਚਰ ਗਾਇਕੀ ਨੂੰ ਵਧਾਵਾ ਦਿੱਤਾ ਗਿਆ, ਗੰਨ ਕਲਚਰ ਨੂੰ ਪ੍ਰਮੋਟ ਕੀਤਾ ਗਿਆ। ਵਿੱਦਿਅਕ ਢਾਂਚਾ ਤਹਿਸ਼-ਨਹਿਸ਼ ਕਰਕੇ ਬੱਚਿਆਂ ਦੇ ਭਵਿੱਖ ਨਾਲ ਖਿਲਵਾੜ ਕੀਤਾ ਗਿਆ। ਸੂਬਾ ਜਨਰਲ ਸਕੱਤਰ ਨੇ ਕਿਹਾ ਕਿ ਵਿਰੋਧੀ ਧਿਰਾਂ ਵੱਲੋਂ ਬੱਚਿਆਂ ਦੀ ਤੰਦਰੁਸਤੀ ਵਾਸਤੇ ਸਹੀ ਢੰਗ ਨਾਲ ਕੋਈ ਇੰਤਜ਼ਾਮ ਨਹੀਂ ਕੀਤੇ ਗਏ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵੱਖ-ਵੱਖ ਖੇਡ ਮੁਕਾਬਲੇ ਕਰਾਏ ਜਾ ਰਹੇ ਹਨ ਅਤੇ ਖੇਡ ਨਰਸਰੀਆਂ ਤੇ ਖੇਡ ਮੈਦਾਨਾਂ ਦਾ ਨਿਰਮਾਣ ਵੀ ਕੀਤਾ ਜਾ ਰਿਹਾ ਹੈ, ਤਾਂਜੁ ਬੱਚਿਆਂ ਦਾ ਚੰਗੇ ਢੰਗ ਨਾਲ ਸਰੀਰਕ ਤੇ ਮਾਨਸਿਕ ਵਿਕਾਸ ਹੋ ਸਕੇ।



# ਟਾਹਲੀਵਾਲਾ ਬੋਦਲਾ ਬੱਸ ਅੱਡਾ 'ਤੇ ਹਾਈਪਰਟੈਨਸ਼ਨ ਚੈੱਕਅੱਪ ਸਕ੍ਰੀਨਿੰਗ ਕੈਂਪ


**ਫਾਜ਼ਿਲਕਾ (ਨਿਸ਼ਾ ਸ਼ਰਮਾ)**- ਸਿਹਤ ਵਿਭਾਗ ਵੱਲੋਂ ਟਾਹਲੀਵਾਲਾ ਬੋਦਲਾ ਬੱਸ ਅੱਡਾ ਵਿਖੇ ਹਾਈਪਰਟੈਨਸ਼ਨ ਬਾਰੇ ਜਾਗਰੂਕਤਾ ਫੈਲਾਉਣ ਅਤੇ ਬਿਮਾਰੀ ਦੀ ਸਮੇਂ ਸਿਰ ਪਛਾਣ ਕਰਨ ਦੇ ਉਦੇਸ਼ ਨਾਲ ਇੱਕ ਮੁਫਤ ਬੀ ਪੀ ਸਕ੍ਰੀਨਿੰਗ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਯਾਤਰੀਆਂ ਅਤੇ ਸਥਾਨਕ ਨਾਗਰਿਕਾਂ ਨੇ ਹਿੱਸਾ ਲਿਆ। ਉਕਤ ਸਕ੍ਰੀਨਿੰਗ ਕੈਂਪ ਸਿਵਲ ਸਰਜਨ ਫਾਜ਼ਿਲਕਾ ਡਾ. ਰਾਜ ਕੁਮਾਰ, ਸਹਾਇਕ ਸਿਵਲ ਸਰਜਨ ਡਾ. ਰੋਹਿਤ ਗੋਇਲ ਅਤੇ ਡਾ. ਕਵਿਤਾ ਸਿੰਘ ਦੀ ਅਗਵਾਈ ਹੇਠ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਪੰਕਜ ਚੌਹਾਨ ਦੀ ਨਿਗਰਾਨੀ ਹੇਠ ਲਗਾਇਆ ਗਿਆ।ਬਲਾਕ ਮਾਸ ਮੀਡੀਆ ਇੰਚਾਰਜ ਦਿਵੇਸ਼ ਕੁਮਾਰ ਨੇ ਦੱਸਿਆ ਕਿ ਕੈਂਪ ਵਿੱਚ ਡਾਕਟਰਾਂ, ਸੀ ਐਚ ਓ ਮੰਜੂ ਬਾਲਾ ਅਤੇ ਸਿਹਤ ਕਰਮਚਾਰੀ ਦੀ ਟੀਮ ਨੇ ਲੋਕਾਂ ਦਾ ਬਲੱਡ ਪ੍ਰੈਸ਼ਰ ਮਾਪਿਆ ਅਤੇ ਉਨ੍ਹਾਂ ਨੂੰ ਹਾਈਪਰਟੈਨਸ਼ਨ ਤੋਂ ਬਚਾਅ ਦੇ ਉਪਾਅ ਦੱਸੇ। ਇਸ ਦੇ ਨਾਲ ਹੀ ਹਾਈ ਬਲੱਡ ਪ੍ਰੈਸ਼ਰ ਨਾਲ ਸਬੰਧਤ ਸਲਾਹ-ਮਸ਼ਵਰਾ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਵੀ ਪ੍ਰਦਾਨ ਕੀਤੀਆਂ ਗਈਆਂ।ਸਿਹਤ ਅਧਿਕਾਰੀਆਂ ਨੇ ਕਿਹਾ ਕਿ ਅਜਿਹੇ ਕੈਂਪਾਂ ਦਾ ਉਦੇਸ਼ ਆਮ ਲੋਕਾਂ ਵਿੱਚ ਸਿਹਤ ਜਾਗਰੂਕਤਾ ਵਧਾਉਣਾ ਅਤੇ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਨੂੰ ਯਕੀਨੀ ਬਣਾਉਣਾ ਹੈ।ਸਿਹਤ ਵਿਭਾਗ ਦੀ ਪ੍ਰਤੀਨਿਧੀ ਸੀ ਐਚ ਓ ਮੰਜੂ ਬਾਲਾ ਨੇ ਕਿਹਾ ਕਿ ਹਾਈ ਬਲੱਡ ਪ੍ਰੈਸ਼ਰ, ਜਿਸ ਨੂੰ ਹਾਈਪਰਟੈਨਸ਼ਨ ਵੀ ਕਿਹਾ ਜਾਂਦਾ ਹੈ, ਇੱਕ ਆਮ ਸਿਹਤ ਸਮੱਸਿਆ ਹੈ। ਇਹ ਉਦੋਂ ਹੁੰਦਾ ਹੈ ਜਦੋਂ ਖੂਨ ਦੀਆਂ ਨਾੜੀਆਂ ਵਿੱਚ ਬਲੱਡ ਪ੍ਰੈਸ਼ਰ ਆਮ ਨਾਲੋਂ ਵੱਧ ਹੁੰਦਾ ਹੈ। ਇਸ ਦੇ ਕਾਰਨਾਂ ਵਿੱਚ ਗੈਰ-ਸਿਹਤਮੰਦ ਜੀਵਨ ਸ਼ੈਲੀ, ਜ਼ਿਆਦਾ ਨਮਕ ਦਾ ਸੇਵਨ, ਮੋਟਾਪਾ, ਤਣਾਅ ਅਤੇ ਜੈਨੇਟਿਕ ਤੱਤ ਸ਼ਾਮਲ ਹਨ। ਇਸ ਦੇ ਲੱਛਣ ਅਕਸਰ ਸਪੱਸ਼ਟ ਨਹੀਂ ਹੁੰਦੇ, ਪਰ ਸਿਰ ਦਰਦ, ਚੱਕਰ ਆਉਣਾ, ਥਕਾਵਟ ਅਤੇ ਨੱਕ ਵਗਣ ਵਰਗੀਆਂ ਸਮੱਸਿਆਵਾਂ ਹੋ ਸਕਦੀਆਂ ਹਨ। ਹਾਈ ਬਲੱਡ ਪ੍ਰੈਸ਼ਰ ਦੇ ਇਲਾਜ ਵਿੱਚ ਸੰਤੁਲਿਤ ਖੁਰਾਕ, ਨਿਯਮਤ ਕਸਰਤ, ਤਣਾਅ ਪ੍ਰਬੰਧਨ ਅਤੇ ਸਮੇਂ-ਸਮੇਂ 'ਤੇ ਡਾਕਟਰੀ ਜਾਂਚ ਸ਼ਾਮਲ ਹੈ।ਹਾਈ ਬਲੱਡ ਪ੍ਰੈਸ਼ਰ ਦੇ ਲੱਛਣਾਂ ਬਾਰੇ ਦੱਸਦੇ ਹੋਏ ਉਨ੍ਹਾਂ ਕਿਹਾ ਕਿ ਲੱਛਣਾਂ ਵਿੱਚ ਸਿਰ ਦਰਦ, ਚੱਕਰ ਆਉਣਾ, ਥਕਾਵਟ, ਧੁੰਦਲੀ ਨਜ਼ਰ, ਛਾਤੀ ਵਿੱਚ ਦਰਦ, ਸਾਹ ਲੈਣ ਵਿੱਚ ਮੁਸ਼ਕਲ ਆਦਿ ਸ਼ਾਮਲ ਹੋ ਸਕਦੇ ਹਨ।ਬਲੱਡ ਪ੍ਰੈਸ਼ਰ ਦੇ ਮੁੱਖ ਕਾਰਨ ਕਈ ਤਰ੍ਹਾਂ ਦੇ ਹੋ ਸਕਦੇ ਹਨ ਜਿਵੇਂ ਕਿ ਜ਼ਿਆਦਾ ਨਮਕ ਦਾ ਸੇਵਨ, ਤਲੇ ਹੋਏ ਅਤੇ ਜੰਕ ਫੂਡ, ਤਣਾਅ ਅਤੇ ਚਿੰਤਾ, ਮੋਟਾਪਾ, ਸਰੀਰਕ ਗਤੀਵਿਧੀ ਦੀ ਘਾਟ, ਸਿਗਰਟਨੋਸ਼ੀ ਅਤੇ ਸ਼ਰਾਬ ਦਾ ਸੇਵਨ, ਪਰਵਾਰ ਵਿੱਚ ਹਾਈ ਬਲੱਡ ਪ੍ਰੈਸ਼ਰ ਦਾ ਇਤਿਹਾਸ ਆਦਿ। ਇਸ ਲਈ ਸਾਨੂੰ ਨਿਯਮਿਤ ਤੌਰ 'ਤੇ ਬਲੱਡ ਪ੍ਰੈਸ਼ਰ ਦੀ ਜਾਂਚ ਕਰਨੀ ਚਾਹੀਦੀ ਹੈ, ਨਮਕ ਅਤੇ ਪ੍ਰੋਸੈਸਡ ਭੋਜਨ ਦਾ ਸੇਵਨ ਘੱਟ ਕਰਨਾ ਚਾਹੀਦਾ ਹੈ, ਫਲ, ਸਬਜ਼ੀਆਂ ਅਤੇ ਸਾਬਤ ਅਨਾਜ ਦਾ ਸੇਵਨ ਵਧਾਉਣਾ ਚਾਹੀਦਾ ਹੈ, ਨਿਯਮਿਤ ਤੌਰ 'ਤੇ ਕਸਰਤ ਕਰਨੀ ਚਾਹੀਦੀ ਹੈ, ਤਣਾਅ ਪ੍ਰਬੰਧਨ ਲਈ ਯੋਗਾ ਅਤੇ ਧਿਆਨ ਅਪਣਾਉਣਾ ਚਾਹੀਦਾ ਹੈ, ਸਿਗਰਟਨੋਸ਼ੀ ਅਤੇ ਸ਼ਰਾਬ ਤੋਂ ਬਚਣਾ ਚਾਹੀਦਾ ਹੈ, ਡਾਕਟਰ ਦੀ ਸਲਾਹ ਅਨੁਸਾਰ ਦਵਾਈਆਂ ਲੈਣੀਆਂ ਚਾਹੀਦੀਆਂ ਹਨ।

# ਕਾਂਗਰਸ ਦੀ ਮਹੀਨਾਵਾਰ ਮੀਟਿੰਗ ਹੋਈ

**ਦੋਰਾਹਾ (ਹਰਮਿੰਦਰ ਸੇਠ)** ਪ੍ਰਧਾਨ ਗਿੱਲ ਬੇਰ ਕਲਾਂ ਦੀ ਅਗਵਾਈ ਹੇਠ ਬਲਾਕ ਕਾਂਗਰਸ ਮਲੌਦ ਦੀ ਮੀਟਿੰਗ ਵਿੱਚ ਮੌਜੂਦਾ ਸਿਆਸੀ ਹਾਲਾਤ 'ਤੇ ਵਿਚਾਰ ਵਟਾਂਦਰਾ ਕਰਦਿਆਂ ਪ੍ਰਧਾਨ ਗਿੱਲ ਨੇ ਕਿਹਾ ਕਿ ਆਦਮੀ ਪਾਰਟੀ ਨੂੰ ਰਾਜਸੱਤਾ ਵਿੱਚ ਲਿਆ ਕੇ ਲੋਕ ਪਛਤਾ ਰਹੇ ਹਨ। ਗਿੱਲ ਬੇਰ ਕਲਾਂ ਬਲਾਕ ਕਾਂਗਰਸ ਮਲੋਦ ਦੀ ਮਹੀਨਾਵਾਰ ਮੀਟਿੰਗ ਬਲਾਕ ਕਾਂਗਰਸ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰ ਕਲਾਂ ਦੀ ਯੋਗ ਅਗਵਾਈ ਹੇਠ ਸ਼ਹਿਰੀ ਕਾਂਗਰਸ ਦੇ ਪ੍ਰਧਾਨ ਸੁਰਿੰਦਰ ਕੁਮਾਰ ਢੀਂਗਰਾ ਦੇ ਪੋਲਟੀਫਾਰਮ 'ਤੇ ਹੋਈ, ਜਿਸ ਵਿੱਚ ਬਲਾਕ ਕਾਗਰਸ ਮਲੋਦ ਦੇ ਅਹੁਦੇਦਾਰਾਂ ਨੇ ਸ਼ਿਰਕਤ ਕੀਤੀ। ਮੀਟਿੰਗ ਦੀ ਸ਼ੁਰੂਆਤ ਕਰਦੇ ਹੋਏ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰ ਕਲਾਂ ਨੇ ਮੀਟਿੰਗ ਦਾ ਏਜੰਡਾ ਦੱਸਦੇ ਹੋਏ ਕਿਹਾ ਕਿ ਕਾਂਗਰਸ ਪਾਰਟੀ ਨੂੰ ਬੂਥ ਪੱਧਰ 'ਤੇ ਮਜਬੂਤ ਕਰਨ ਲਈ ਇੱਕ ਬੂਥ 'ਤੇ 22 ਮੈਂਬਰ ਬਣਾਉਣੇ ਹਨ, ਜੋ ਮਲੋਦ ਬਲਾਕ ਅਧੀਨ ਆਉਂਦੇ ਪਿੰਡਾਂ ਵਿੱਚ ਕਾਂਗਰਸੀ ਆਗੂ ਤੇ ਸਰਗਰਮ ਵਰਕਰ ਜਲਦੀ ਤੋਂ ਜਲਦੀ ਬਣਾਉਣ। ਗਿੱਲ ਬੇਰਕਲਾਂ ਨੇ ਕਿਹਾ ਕਿ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲਈ ਵੀ ਕਾਂਗਰਸੀ ਆਗੂ ਤੇ ਵਰਕਰ ਤਿਆਰ ਰਹਿਣ, ਕਿਉਂਕਿ ਇਹ ਚੋਣਾਂ ਜਿੱਤਣ ਤੋਂ ਬਾਅਦ ਆਮ ਆਦਮੀ ਪਾਰਟੀ ਦਾ ਜਾਣਾ ਵੀ ਤੈਅ ਹੈ।

# ਡੀ ਐੱਸ ਪੀ ਇੰਦਰਪ੍ਰੀਤ ਸਿੰਘ ਬਡੂੰਗਰ ਨੂੰ ਕੀਤਾ ਸਨਮਾਨਤ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਖੂਨਦਾਨ ਸੇਵਾ ਵਿਚ ਨਿੱਗਰ ਪੈੜਾਂ ਪਾਉਣ ਵਾਲੇ ਮਿਸ਼ਨ ਲਾਲੀ ਤੇ ਹਰਿਆਲੀ ਗਰੁੱਪ ਵੱਲੋਂ ਇੰਦਰਪ੍ਰੀਤ ਸਿੰਘ ਬਡੂੰਗਰ ਨੂੰ ਡੀ.ਐਸ.ਪੀ. ਬਣਨ 'ਤੇ ਸ਼ਾਨਦਾਰ ਲੋਈ, ਸਿਰੋਪਾਓ ਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਹ ਸਨਮਾਨ ਗਰੁੱਪ ਵੱਲੋਂ ਚਾਚਾ ਜਗਰਾਜ ਸਿੰਘ ਚਹਿਲ, ਠੇਕੇਦਾਰ ਗੁਰਬਚਨ ਸਿੰਘ, ਭਾਈ ਰਵਿੰਦਰ ਸਿੰਘ ਭਾਂਖਰ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਮਿਸ਼ਨ ਦੇ ਮੋਢੀ ਤੇ ਮਾਸਟਰ ਮੋਟੀਵੇਟਰ ਹਰਦੀਪ ਸਿੰਘ ਸਨੌਰ ਤੇ ਯੂਥ ਆਗੂ ਹਰਮੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਇਸ ਮੌਕੇ ਖੂਨਦਾਨ ਸੇਵਾ ਸੰਬੰਧੀ ਵਿਚਾਰ ਚਰਚਾ ਕਰਦਿਆਂ ਡੀ.ਐਸ.ਪੀ. ਬਡੂੰਗਰ ਨੇ ਕਿਹਾ ਕਿ ਖੂਨਦਾਨ ਬਹੁਤ ਵੱਡੀ ਸੇਵਾ ਹੈ, ਇਸ ਦੀ ਮਹੱਤਤਾ ਦਾ ਪਤਾ ਉਸ ਵੇਲੇ ਲੱਗਦਾ ਹੈ, ਜਦੋਂ ਕਿਸੇ ਆਪਣੇ ਨੂੰ ਖੂਨ ਦੀ ਲੋੜ ਪੈਂਦੀ ਹੈ ਜਾਂ ਜਦੋਂ ਜ਼ਿੰਦਗੀ ਹੱਥਾਂ 'ਚੋਂ ਕਿਰਦੀ ਰੇਤ ਵਾਂਗ ਜਾਪਦੀ ਹੈ।ਉਨ੍ਹਾਂ ਕਿਹਾ ਕਿ ਸਾਡੇ ਮਾਤਾ ਜੀ ਦੀ ਯਾਦ 'ਚ ਪਟਿਆਲਾ ਵਿਖੇ ਮਨੁੱਖਤਾ ਦੇ ਭਲੇ ਲਈ ਮਿਸ਼ਨ ਲਾਲੀ ਤੇ ਹਰਿਆਲੀ ਦੇ ਸਹਿਯੋਗ ਨਾਲ ਜਲਦ ਹੀ ਵਿਸ਼ਾਲ ਖੂਨਦਾਨ ਕੈਂਪ ਲਗਾਵਾਂਗੇ, ਜਿਸ ਵਿੱਚ ਵੱਖ—ਵੱਖ ਥਾਵਾਂ ਤੋਂ ਵਲੰਟੀਅਰ ਖੂਨਦਾਨ ਕਰਨ ਲਈ ਪਹੁੰਚਣਗੇ।ਜ਼ਿਕਰਯੋਗ ਹੈ ਕਿ ਗਰੁੱਪ ਵੱਲੋਂ ਪਿਛਲੇ 13 ਸਾਲਾਂ ਤੋਂ ਹਰ ਮਹੀਨੇ ਦੀ 5 ਅਤੇ 20 ਤਰੀਕ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਵਿਖੇ ਸਵੇਰੇ 9 ਤੋਂ 1 ਵਜੇ ਤੱਕ ਖੂਨਦਾਨ ਕੈਂਪ ਲਾਇਆ ਜਾਂਦਾ ਹੈ ਤਾਂ ਜੁ ਲੋੜਵੰਦ ਮਰੀਜ਼ਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ ਤੇ ਬੇਸ਼ਕੀਮਤੀ ਮਨੁੱਖੀ ਜਾਨਾਂ ਬਚਾਈਆਂ ਜਾ ਸਕਣ।



# ਭਾਜਪਾ ਉਮੀਦਵਾਰ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ



**ਭੀਖੀ (ਧਰਮਵੀਰ ਸ਼ਰਮਾ)** ਪਾਰਟੀ ਹਾਈਕਮਾਂਡ ਦੇ ਨਿਰਦੇਸ਼ਾਂ 'ਤੇ ਭਾਜਪਾ ਮੰਡਲ ਹਮੀਰਗੜ੍ਹ ਢੈਪਈ ਦੇ ਪ੍ਰਧਾਨ ਡਾ. ਗੁਰਤੇਜ ਸਿੰਘ ਚਹਿਲ ਦੀ ਅਗਵਾਈ ਵਿੱਚ ਪਾਰਟੀ ਉਮੀਦਵਾਰ ਜੀਵਨ ਕੁਮਾਰ ਗੁਪਤਾ ਦੇ ਹੱਕ ਵਿੱਚ ਡਟ ਕੇ ਚੋਣ ਪ੍ਰਚਾਰ ਕੀਤਾ ਗਿਆ।ਉਨ੍ਹਾਂ ਕਿਹਾ ਕਿ ਜੀਵਨ ਗੁਪਤਾ ਪਾਰਟੀ ਦਾ ਜ਼ਮੀਨੀ ਆਗੂ ਤੇ ਸਾਧਾਰਨ ਕਾਰਜਕਰਤਾ ਹੈ। ਪਾਰਟੀ ਨੇ ਉਸਨੂੰ ਟਿਕਟ ਦੇ ਕੇ ਜ਼ਮੀਨੀ ਪੱਧਰ ਦੇ ਆਗੂਆਂ ਹੌਸਲਾ ਵਧਾਇਆ ਹੈ।ਉਨ੍ਹਾਂ ਕਿਹਾ ਕਿ ਲੁਧਿਆਣਾ ਤੋਂ ਵੋਟਰ ਕੇਂਦਰੀ ਸਰਕਾਰ ਦੀਆਂ ਨੀਤੀਆਂ ਤੋਂ ਜਿਥੇ ਪ੍ਰਭਾਵਤ ਹਨ, ਉਥੇ ਸੂਬਾ ਸਰਕਾਰ ਵੱਲੋਂ ਲੋਕਾਂ ਨਾਲ ਕੀਤੀ ਜਾ ਰਹੀ ਵਾਅਦਾਖਿਲਾਫ਼ੀ ਤੋਂ ਵੀ ਖ਼ਫ਼ਾ ਹਨ।ਉਨ੍ਹਾਂ ਦਾਅਵਾ ਕੀਤਾ ਕਿ ਜੀਵਨ ਗੁਪਤਾ ਭਾਰੀ ਬਹੁਮਤ ਨਾ ਜਿੱਤਣਗੇ।ਇਸ ਮੌਕੇ ਉਨ੍ਹਾਂ ਨਾਲ ਦਲਬਾਰਾ ਸਿੰਘ, ਗੁਲਾਬ ਸਿੰਗ ਅਤਲਾ ਖੁਰਦ, ਰਘੁਬੀਰ ਸਿੰਘ ਸਮਾਉਂ, ਦਵਿੰਦਰ ਕੁਮਾਰ ਖੀਵਾ ਕਲਾਂ, ਕਰਨੈਲ ਸਿੰਘ, ਗੁਲਜ਼ਾਰ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ ਤੇ ਮਾਹੀ ਚਹਿਲ ਸਮੇਤ ਭਾਜਪਾ ਵਰਕਰਾਂ ਦੀ ਸਮੁੱਚੀ ਟੀਮ ਹਾਜ਼ਰ ਸੀ।

# ਡੀ ਸੀ ਦੇ ਪੱਤਰਕਾਰਾਂ ਨਾਲ ਮਾੜੇ ਵਤੀਰੇ ਦੀ ਪੀ ਐੱਸ ਯੂ ਵੱਲੋਂ ਨਿੰਦਾ

**ਫਾਜ਼ਿਲਕਾ (ਪਰਮਜੀਤ ਢਾਬਾਂ)**- ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਮੈਡਮ ਅਮਨਪ੍ਰੀਤ ਕੌਰ ਖਿਲਾਫ਼ ਵੱਖ ਵੱਖ ਮੀਡੀਆ ਅਦਾਰਿਆਂ ਵੱਲੋਂ ਮੀਟਿੰਗਾਂ ਕਰਕੇ ਰੋਸ ਪ੍ਰਗਟ ਕਰਦੇ ਹੋਏ ਪ੍ਰਸ਼ਾਸਨ ਦੇ ਮਾੜੇ ਵਿਵਹਾਰ ਖਿਲਾਫ਼ ਸੰਘਰਸ਼ ਕਰਨ ਦੀਆਂ ਚਿਤਾਵਨੀਆਂ ਦਿੱਤੀਆਂ ਜਾ ਰਹੀਆਂ ਹਨ।ਇਸ ਦੇ ਸਬੰਧ ਵਿੱਚ ਪੰਜਾਬ ਸਟੂਡੈਂਟਸ ਯੂਨੀਅਨ ਦੇ ਆਗੂਆਂ ਨੇ ਸੁਹਿਰਦ ਪੱਤਰਕਾਰਾਂ ਦੇ ਨਾਲ ਕੀਤੇ ਜਾਂਦੇ ਮਾੜੇ ਵਿਵਹਾਰ ਦੀ ਨਿਖੇਧੀ ਕਰਦਿਆਂ ਪੱਤਰਕਾਰ ਭਾਈਚਾਰੇ ਦੇ ਸੰਘਰਸ਼ ਦੀ ਹਮਾਇਤ ਕਰਨ ਦਾ ਐਲਾਨ ਕੀਤਾ।ਪ੍ਰੈੱਸ ਦੇ ਨਾਂਅ ਜਾਰੀ ਬਿਆਨ 'ਚ ਪੰਜਾਬ ਸਟੂਡੈਂਟਸ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਕਮਲਜੀਤ ਸਿੰਘ ਮੁਹਾਰਖੀਵਾ, ਜ਼ਿਲ੍ਹਾ ਸਕੱਤਰ ਮਮਤਾ ਲਾਧੂਕਾ ਨੇ ਕਿਹਾ ਕਿ ਭਾਰਤ ਇੱਕ ਲੋਕਤੰਤਰੀ ਦੇਸ਼ ਹੈ।ਇੱਥੋਂ ਦੀ ਜਮਹੂਰੀਅਤ ਨੂੰ ਬਣਾਈ ਰੱਖਣ ਲਈ ਪੱਤਰਕਾਰਾਂ ਨੂੰ ਚੌਥੇ ਥੰਮ੍ਹ ਵਜੋਂ ਜਾਣਿਆ ਜਾਂਦਾ ਹੈ, ਪਰ ਜਦੋਂ ਫਾਜ਼ਿਲਕਾ ਦੇ ਪੱਤਰਕਾਰਾਂ ਵੱਲੋਂ ਖ਼ਬਰਾਂ ਜਾਂ ਕਿਸੇ ਘਟਨਾ ਲਈ ਸਰਕਾਰ ਦਾ ਪੱਖ ਜਾਣਨ ਲਈ ਡੀ ਸੀ ਫਾਜ਼ਿਲਕਾ ਤੱਕ ਪਹੁੰਚ ਕੀਤੀ ਜਾਂਦੀ ਹੈ ਤਾਂ ਡੀ ਸੀ ਫਾਜ਼ਿਲਕਾ ਵੱਲੋਂ ਆਪਣੇ ਅੜੀਅਲ ਰਵੱਈਏ ਕਰਕੇ ਪੱਤਰਕਾਰਾਂ ਨਾਲ ਮਾੜਾ ਵਿਵਹਾਰ ਕੀਤਾ ਜਾਂਦਾ ਹੈ, ਜਿਸ ਲਈ ਫਾਜ਼ਿਲਕਾ ਜ਼ਿਲ੍ਹੇ ਦੇ ਪੱਤਰਕਾਰਾਂ ਅੰਦਰ ਕਾਫ਼ੀ ਰੋਸ ਹੈ।ਇਸ ਦੇ ਨਾਲ ਹੀ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੀ ਕੇਂਦਰ ਸਰਕਾਰ ਦੇ ਇਸ਼ਾਰੇ ਉੱਪਰ ਲੋਕ ਪੱਖੀ ਪੱਤਰਕਾਰਾਂ ਦੀ ਜ਼ੁਬਾਨਬੰਦੀ ਕਰਨ ਲੱਗੀ ਹੋਈ ਹੈ ਤੇ ਖ਼ੁਫ਼ੀਆ ਏਜੰਸੀਆਂ ਰਾਹੀਂ ਪੰਜਾਬ ਦੇ ਸੁਹਿਰਦ ਪੱਤਰਕਾਰਾਂ ਦੀ ਜਾਣਕਾਰੀ ਇਕੱਠੀ ਕਰਨ ਲਈ ਉਨ੍ਹਾਂ ਨੂੰ ਵਾਰੀ ਵਾਰੀ ਤੰਗ ਪ੍ਰੇਸ਼ਾਨ ਕਰ ਰਹੀ ਹੈ।ਸਰਕਾਰ ਦੀ ਜੀ ਹਜ਼ੂਰੀ ਨਾ ਕਰਨ ਵਾਲੇ ਤੇ ਲੋਕਾਂ ਦੀ ਆਵਾਜ਼ ਬੁਲੰਦ ਕਰਨ ਵਾਲੇ ਪੱਤਰਕਾਰਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਪੱਤਰਕਾਰਾਂ ਦੀ ਜ਼ੁਬਾਨਬੰਦੀ ਕਰਨਾ ਤੇ ਉਨ੍ਹਾਂ ਨਾਲ ਮਾੜਾ ਵਿਵਹਾਰ ਕਰਨਾ ਅਤਿ ਨਿੰਦਣਯੋਗ ਹੈ।ਪੱਤਰਕਾਰਾਂ ਦੇ ਸੰਘਰਸ਼ ਦੀ ਹਮਾਇਤ ਕਰਦਿਆਂ ਪੰਜਾਬ ਸਟੂਡੈਂਟਸ ਯੂਨੀਅਨ ਵੱਲੋਂ ਉਨ੍ਹਾਂ ਦੇ ਸੰਘਰਸ਼ ਵਿੱਚ ਵੱਡੀ ਗਿਣਤੀ ਸ਼ਾਮਲ ਹੋਣ ਦਾ ਐਲਾਨ ਕੀਤਾ।





# ਕਸ਼ਮੀਰੀ ਪਾਰਕ ਵਿਖੇ ਮਨਾਇਆ ਜਾਵੇਗਾ ਅੰਤਰਰਾਸ਼ਟਰੀ ਯੋਗ ਦਿਵਸ

**ਮੋਗਾ (ਇਕਬਾਲ ਸਿੰਘ ਖਹਿਰਾ)** ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤ ਤੇ ਸਿਹਤਮੰਤ ਸਮਾਜ ਦੀ ਸਿਰਜਣਾ ਲਈ ਚਲਾਈ ਗਈ 'ਸੀ.ਐਮ. ਦੀ ਯੋਗਸ਼ਾਲਾ' ਤਹਿਤ 21 ਜੂਨ ਨੂੰ ਜ਼ਿਲ੍ਹਾ ਤੇ ਸਬ ਡਵੀਜ਼ਨ' ਪੱਧਰ ਤੇ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਜਾਵੇਗਾ। ਜ਼ਿਲ੍ਹਾ ਪੱਧਰ 'ਤੇ ਸਮਾਗਮ ਦਾ ਆਯੋਜਨ ਮੋਗਾ ਦੇ ਕਸ਼ਮੀਰੀ ਪਾਰਕ ਵਿਖੇ ਹੋਵੇਗਾ। ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਕੀਤੀਆਂ ਜਾਣ ਵਾਲੀਆਂ ਅਗਾਊਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਮੀਟਿੰਗ ਦੌਰਾਨ ਸਾਂਝੀ ਕੀਤੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੀ.ਐਮ. ਦੀ ਯੋਗਸ਼ਾਲਾ ਤਹਿਤ ਪਹਿਲਾਂ ਤੋਂ ਹੀ ਰੋਜ਼ਾਨਾ ਪੂਰੇ ਜ਼ਿਲ੍ਹੇ ਵਿਚ ਵੱਖ-ਵੱਖ ਥਾਂਵਾਂ 'ਤੇ ਯੋਗ ਕਲਾਸਾਂ ਲਾਈਆਂ ਜਾ ਰਹੀਆਂ ਹਨ, ਜਿਸ ਵਿੱਚ ਵੱਡੀ ਗਿਣਤੀ 'ਚ ਲੋਕ ਸ਼ਮੂਲੀਅਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਭੱਜ-ਦੌੜ ਭਰੀ ਜ਼ਿੰਦਗੀ ਵਿਚ ਲੋਕ ਸਰੀਰਿਕ ਤੰਦਰੁਸਤੀ ਨੂੰ ਪਹਿਲ ਦੇਣ ਲੱਗੇ ਹਨ, ਇਸੇ ਕਰਕੇ ਹੀ ਯੋਗ ਕਲਾਸਾਂ ਵਿਚ ਲੋਕਾਂ ਦੀ ਦਿਲਚਸਪੀ ਵਧ ਰਹੀ ਹੈ। ਉਨ੍ਹਾਂ ਕਿਹਾ ਕਿ 21 ਜੂਨ ਨੂੰ ਮੋਗਾ ਦੇ ਕਸ਼ਮੀਰੀ ਪਾਰਕ ਵਿਖੇ ਜ਼ਿਲ੍ਹਾ ਪੱਧਰ 'ਤੇ ਮਨਾਏ ਜਾ ਰਹੇ ਅੰਤਰਰਾਸ਼ਟਰੀ ਯੋਗ ਦਿਵਸ ਵਿਚ ਵੱਧ ਤੋਂ ਵੱਧ ਲੋਕਾਂ ਦੀ ਸ਼ਮੂਲੀਅਤ ਕਰਾਈ ਜਾਵੇ ਤਾਂ ਜੁ ਵੱਧ ਤੋਂ ਵੱਧ ਲੋਕ ਯੋਗ ਨਾਲ ਜੁੜ ਸਕਣ।

# ਸਿਵਲ ਪਸ਼ੂ ਡਿਸਪੈਂਸਰੀ ਤਬਦੀਲ ਕਰਨ 'ਤੇ ਸਨਮਾਨਤ ਕੀਤਾ



**ਹਠੂਰ (ਨਛੱਤਰ ਸੰਧੂ)** ਪਿੰਡ ਦੇਹੜਕਾ ਦੇ ਗੁਰਦੁਆਰਾ ਧੰਨ ਧੰਨ ਗੁਰੂ ਰਵਿਦਾਸ ਵਿੱਚੋਂ ਸਿਵਲ ਪਸ਼ੂ ਡਿਸਪੈਂਸਰੀ ਨੂੰ ਤਬਦੀਲ ਕਰਨ 'ਤੇ ਗੁਰਦੁਆਰਾ ਰਵਿਦਾਸ ਜੀ ਦੀ ਸਮੂਹ ਕਮੇਟੀ ਤੇ ਸਮੂਹ ਨਗਰ ਨਿਵਾਸੀਆਂ ਵੱਲੋਂ ਸਾਬਕਾ ਵਿਧਾਇਕ ਸ੍ਰੀ ਐਸ ਆਰ ਕਲੇਰ, ਸਰਪੰਚ ਜਸਬੀਰ ਸਿੰਘ ਗੁਰਮੀਤ ਸਿੰਘ ਪੱਪੂ, ਬਲਜੀਤ ਸਿੰਘ ਸਿੱਧੂ, ਅਮਨਦੀਪ ਸਿੰਘ ਭੱਟੀ, ਪਰਮਜੀਤ ਸਿੰਘ ਪਰਮਾ, ਚਰਨ ਸਿੰਘ, ਬਲਦੇਵ ਸਿੰਘ ਕਾਲਾ, ਬੀਰਬਲ ਸਿੰਘ, ਹਰਜਿੰਦਰ ਸਿੰਘ ਭੱਟੀ ਸਾਰੇ ਪੰਚ ਤੇ ਗਿਆਨੀ ਭਜਨ ਸਿੰਘ, ਬੇਅੰਤ ਸਿੰਘ ਭੱਟੀ, ਡਾਕਟਰ ਰਾਜਵਿੰਦਰ ਸਿੰਘ ਰਾਜੂ ਤੇ ਸਮੂਹ ਗ੍ਰਾਮ ਪੰਚਾਇਤ ਤੇ ਹੋਰ ਜਿਨ੍ਹਾਂ ਨੇ ਵਿਸ਼ੇਸ਼ ਸਹਿਯੋਗ ਦਿੱਤਾ ਉਨ੍ਹਾਂ ਸ਼ਖਸੀਅਤ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਚੰਦ ਸਿੰਘ, ਵੀਰ ਸਿੰਘ ਫੌਜੀ, ਸਾਬਕਾ ਸਰਪੰਚ ਕਰਮਜੀਤ ਸਿੰਘ, ਨਿਰਮਲ ਸਿੰਘ, ਫੌਜੀ ਰਘਵੀਰ ਸਿੰਘ, ਗੁਰਮੇਲ ਸਿੰਘ, ਗੁਰਪ੍ਰੀਤ ਸਿੰਘ, ਬਲਵਿੰਦਰ ਸਿੰਘ, ਸੁਖਦੇਵ ਸਿੰਘ ਘੋਨਾ, ਅਵਤਾਰ ਸਿੰਘ ਤਾਰ ਜਸਬੀਰ ਸਿੰਘ ਭੱਟੀ, ਜਗਜੀਤ ਸਿੰਘ ਭੱਟੀ, ਹੁਕਮਰਾਜ ਸਿੰਘ ਗਿਆਨੀ ਬੂਟਾ ਸਿੰਘ, ਕੈਪਟਨ ਸੁਖਵਿੰਦਰ ਸਿੰਘ, ਸੁੰਦਰਪਾਲ ਸਿੰਘ ਸਿੰਘ, ਆਤਮਾ ਸਿੰਘ ਗੁਰਜੰਟ ਸਿੰਘ, ਰਾਜਵਿੰਦਰ ਸਿੰਘ ਫੌਜੀ, ਮਿਸਤਰੀ ਸੁਖਦੇਵ ਸਿੰਘ, ਗੁਰਪ੍ਰੀਤ ਸਿੰਘ, ਜਗਦੀਪ ਸਿੰਘ ਜੱਗੀ ਆਦਿ ਹੋਰ ਸੇਵਾਦਾਰ ਹਾਜ਼ਰ ਸਨ।

# ਕੰਜ਼ਿਊਮਰ ਰਾਈਟਸ ਆਰਗੇਨਾਈਜੇਸ਼ਨ ਨਾਪ ਤੋਲ ਵਿਭਾਗ ਦੀ ਕਰੇਗਾ ਮਦਦ : ਪੰਕਜ ਸੂਦ



**ਮੋਗਾ (ਇਕਬਾਲ ਸਿੰਘ ਖਹਿਰਾ)** ਸੀ ਆਰ ਓ ਦੇ ਪੰਜਾਬ ਪ੍ਰਧਾਨ ਪੰਕਜ ਸੂਦ ਨੇ ਦੱਸਿਆ ਕਿ ਪੰਜਾਬ ਸਰਕਾਰ ਦੇ ਲੀਗਲ ਮੇਟਰੋਲੋਜੀ ਵਿਭਾਗ ਅਰਥਾਤ ਨਾਪ ਤੋਲ ਵਿਭਾਗ ਦੇ ਸੂਬਾ ਕੰਟਰੋਲਰ ਮਨੋਹਰ ਸਿੰਘ ਦੇ ਸੱਦੇ 'ਤੇ ਉਹ ਅਨਾਜ ਭਵਨ ਚੰਡੀਗੜ੍ਹ ਦਫ਼ਤਰ ਵਿਚ ਪਹੁੰਚੇ ਸੀ, ਜਿੱਥੇ ਸੂਬਾ ਕੰਟਰੋਲਰ ਸਾਹਿਬ ਨੇ ਸੀ ਆਰ ਓ ਪੰਜਾਬ ਨੂੰ ਖਪਤਕਾਰਾਂ ਦੇ ਅਧਿਕਾਰਾ ਲਈ ਲੜਾਈ ਲੜਨ ਲਈ ਵਧਾਈ ਦਿੱਤੀ। ਮੀਟਿੰਗ ਵਿੱਚ ਪੰਜਾਬ ਭਰ ਵਿਚ ਹੋ ਰਹੇ ਆਮ ਖਪਤਕਾਰਾਂ ਨਾਲ ਜਾਣੇ ਅਣਜਾਣੇ ਹੋ ਰਹੀਆਂ ਠੱਗੀਆਂ ਬਾਰੇ ਪੰਕਜ ਸੂਦ ਨੇ ਕੰਟ੍ਰੋਲਰ ਸਾਹਿਬ ਨੂੰ ਜਾਣੂ ਕਰਾਇਆ, ਲਗਭਗ ਤਿੰਨ ਘੰਟੇ ਚੱਲੀ ਇਸ ਮੀਟਿੰਗ ਵਿੱਚ ਗੈਸ ਸਿਲੰਡਰ ਵਿੱਚੋਂ ਗੈਸ ਦੀ ਚੋਰੀ, ਪੈਟਰੋਲ ਪੰਪਾਂ ਦੇ ਡੀਜ਼ਲ ਪੈਟਰੋਲ ਦੇ ਸਹੀ ਮਾਪ ਬਾਰੇ ਤੇ ਸਬਜ਼ੀ ਮੰਡੀਆਂ ਵਿੱਚ ਖਪਤਕਾਰਾਂ ਨੂੰ ਤੋਲੇਣ ਵਾਲੇ ਕੰਡੇ ਦੀਆਂ ਹੇਰਾਫੇਰੀਆਂ ਸਬੰਧੀ ਚਰਚਾ ਹੋਈ ਸੂਬਾ ਕੰਟਰੋਲਰ ਮਨੋਹਰ ਸਿੰਘ ਪੰਕਜ ਸੂਦ ਵੱਲੋਂ ਦਿੱਤੇ ਸੁਝਾਵਾਂ ਤੇ ਹਾਮੀ ਭਰੀ ਤੇ ਸੀ ਆਰ ਓ ਪੰਜਾਬ ਟੀਮ ਨੂੰ ਇਸ ਮਸਲੇ ਤੇ ਪੰਜਾਬ ਨਾਪ ਤੋਲ ਵਿਭਾਗ ਨਾਲ ਜਾਗਰੂਕਤਾ ਮੁਹਿੰਮ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

# ਐੱਨ ਸੀ ਸੀ ਕੈਡਿਟਾਂ ਨੇ ਯੋਗ ਸੈਸ਼ਨ, ਨਸ਼ਾ ਵਿਰੋਧੀ ਰੈਲੀ ਤੇ ਛਬੀਲ ਰਾਹੀਂ ਲੋਕਾਂ ਨੂੰ ਕੀਤਾ ਜਾਗਰੂਕ

**ਫਿਰੋਜ਼ਪੁਰ (ਅਸ਼ੋਕ ਸ਼ਰਮਾ, ਗੁਰਬਚਨ ਸਿੰਘ)** ਪਿੰਡ ਸਾਡੇ ਮਹਾਨ ਰਾਸ਼ਟਰ ਦੀ ਬੁਨਿਆਦ ਹਨ ਤੇ ਰਣਨੀਤਕ ਤੌਰ 'ਤੇ ਮਹੱਤਵਪੂਰਨ ਸਰਹੱਦੀ ਪਿੰਡਾਂ ਦਾ ਵਿਆਪਕ ਵਿਕਾਸ, ਹਾਲ ਹੀ ਵਿਚ ਸਵੀਕ੍ਰਿਤ ਵਾਈਬ੍ਰੈਂਟ ਵਿਲੇਜ ਪ੍ਰੋਗਰਾਮ-99 ਦਾ ਮੁੱਖ ਫੋਕਸ ਹੈ। ਮਿੱਡਾ ਪਿੰਡ, ਜੋ ਇਸ ਪਰਿਵਰਤਨਕਾਰੀ ਪਹਿਲ ਦਾ ਹਿੱਸਾ ਹੈ, ਭਾਰਤ-ਪਾਕਿਸਤਾਨ ਸਰਹੱਦ ਤੋਂ 4 ਕਿਲੋਮੀਟਰ ਦੂਰ ਹੈ ਤੇ ਫਿਰੋਜ਼ਪੁਰ ਜ਼ਿਲ੍ਹੇ ਦੀ ਜਲਾਲਾਬਾਦ ਤਹਿਸੀਲ ਵਿੱਚ ਸਥਿਤ ਹੈ। 'ਸੁਰੱਖਿਅਤ, ਸੰਭਾਲੀ ਤੇ ਜੀਵੰਤ ਸਰਹੱਦਾਂ' ਲਈ ਵਿਕਸਤ ਭਾਰਤ 2047 ਦੇ ਵਿਜ਼ਨ ਪ੍ਰਤੀ ਵਚਨਬੱਧਤਾ, ਰਾਸ਼ਟਰੀ ਏਕਤਾ ਨੂੰ ਉਤਸ਼ਾਹਤ ਕਰਨ ਤੇ ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕਤਾ ਵਧਾਉਣ ਦੇ ਉਦੇਸ਼ ਨਾਲ ਲੁਧਿਆਣਾ ਦੇ 13 ਪੰਜਾਬ ਬਟਾਲੀਅਨ ਐੱਨਸੀਸੀ ਦੇ ਕੈਡਿਟਾਂ ਨੇ 17 ਜੂਨ 2025 ਨੂੰ ਮਿੱਡਾ ਪਿੰਡ ਵਿੱਚ ਸਮੁਦਾਇਕ ਸਹਿਭਾਗਤਾ ਪ੍ਰੋਗਰਾਮ ਦਾ ਆਯੋਜਨ ਕੀਤਾ। ਪ੍ਰੋਗਰਾਮ ਵਿੱਚ ਕਈ ਗਤੀਵਿਧੀਆਂ ਸ਼ਾਮਲ ਸਨ, ਜਿਨ੍ਹਾਂ ਵਿੱਚ ਐੱਨਸੀਸੀ ਬਟਾਲੀਅਨ ਦੇ ਕੈਡਿਟਾਂ ਤੇ ਸਿਖਲਾਈ ਸਟਾਫ ਵੱਲੋਂ ਆਯੋਜਤ ਸਮੂਹਕ ਯੋਗ ਸੈਸ਼ਨ ਵੀ ਸ਼ਾਮਲ ਸੀ, ਜਿਸ ਵਿੱਚ ਸਰਕਾਰੀ ਸਕੂਲ ਦੇ ਵਿਦਿਆਰਥੀਆਂ, ਅਧਿਆਪਕਾਂ ਤੇ ਮਿੱਡਾ ਪਿੰਡ ਦੇ ਨਿਵਾਸੀਆਂ ਨੇ ਸਰਗਰਮ ਹਿੱਸੇਦਾਰੀ ਕੀਤੀ। ਯੋਗ ਸੈਸ਼ਨ ਦਾ ਉਦੇਸ਼ ਸਾਡੀ ਪ੍ਰਾਚੀਨ ਯੋਗ ਵਿਧੀ ਦੇ ਸਰੀਰਕ ਤੇ ਮਾਨਸਿਕ ਸਿਹਤ ਲਾਭਾਂ ਦਾ ਸੰਦੇਸ਼ ਫੈਲਾਉਣਾ ਸੀ। ਟੀਮ ਨੇ ਪਿੰਡ ਦੇ ਸਾਬਕਾ ਸੈਨਿਕਾਂ ਸਮੇਤ ਨਿਵਾਸੀਆਂ ਨਾਲ ਗੱਲਬਾਤ ਕੀਤੀ ਤਾਂ ਜੋ ਉਨ੍ਹਾਂ ਦੇ ਜੀਵਨ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ ਬਾਰੇ ਜਾਣਕਾਰੀ ਹਾਸਲ ਕੀਤੀ ਜਾ ਸਕੇ ਅਤੇ ਸਰਕਾਰੀ ਯੋਜਨਾਵਾਂ ਬਾਰੇ ਜਾਗਰੂਕਤਾ ਫੈਲਾਈ ਜਾ ਸਕੇ। ਇਸ ਤੋਂ ਇਲਾਵਾ ਕੈਡਿਟਾਂ ਨੇ ਪਿੰਡ ਵਿੱਚ ਨਸ਼ਾ ਵਿਰੋਧੀ ਰੈਲੀ ਦਾ ਆਯੋਜਨ ਕੀਤਾ, ਜਿਸ ਵਿੱਚ ਨੌਜਵਾਨਾਂ ਵਿੱਚ 'ਨਸ਼ੇ ਤੋਂ ਮੁਕਤੀ' ਤੇ ਸਿਹਤਮੰਦ, ਨਸ਼ਾ-ਮੁਕਤ ਜੀਵਨ ਸ਼ੈਲੀ ਨੂੰ ਉਤਸ਼ਾਹਤ ਕਰਨ ਦਾ ਸੰਦੇਸ਼ ਦਿੱਤਾ ਗਿਆ। ਇਸ ਤੋਂ ਬਾਅਦ, ਕੈਡਿਟਾਂ ਨੇ ਪਿੰਡ ਵਾਸੀਆਂ ਨੂੰ 'ਨਿਰਸਵਾਰਥ ਸੇਵਾ' ਤੇ 'ਸਮਾਨਤਾ' ਦੀ ਪ੍ਰੰਪਰਾ ਨੂੰ ਦਰਸਾਉਂਦੀ ਛਬੀਲ ਲਗਾਈ। ਐੱਨਸੀਸੀ ਮਹਾਂਨਿਰਦੇਸ਼ਕ ਦੇ ਉੱਚ ਨਿਰਦੇਸ਼ਾਂ ਅਧੀਨ ਆਯੋਜਿਤ ਇਸ ਪ੍ਰੋਗਰਾਮ ਵਿੱਚ 13 ਪੰਜਾਬ ਐੱਨਸੀਸੀ ਬਟਾਲੀਅਨ ਦੇ 20 ਕੈਡਿਟਾਂ ਤੇ ਸੱਤ ਸਿਖਲਾਈ ਕਰਮਚਾਰੀਆਂ ਨੇ ਹਿੱਸਾ ਲਿਆ। ਇਸ ਦਾ ਸੰਚਾਲਨ ਆਈ ਟੀ ਆਈ, ਫਾਜ਼ਿਲਕਾ ਦੇ ਐੱਨਸੀਸੀ ਕੇਅਰਟੇਕਰ ਜਸਵਿੰਦਰ ਸਿੰਘ ਨੇ ਕੀਤਾ। ਇਸ ਪ੍ਰੋਗਰਾਮ ਰਾਹੀਂ, ਐੱਨਸੀਸੀ ਕੈਡਿਟਾਂ ਨੇ ਰਾਸ਼ਟਰ ਨਿਰਮਾਣ ਤੇ ਸਮੁਦਾਇਕ ਸੇਵਾ ਪ੍ਰਤੀ ਆਪਣੀ ਵਚਨਬੱਧਤਾ ਦਾ ਪ੍ਰਦਰਸ਼ਨ ਕੀਤਾ।






ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਵਿੱਚ ਤਾਇਨਾਤ ਹਰਮਿੰਦਰ ਸਿੰਘ ਨੂੰ ਉਪ ਕਪਤਾਨ ਵਜੋਂ ਪਦ ਉੱਨਤ ਹੋਣ 'ਤੇ ਸੀਨੀਅਰ ਕਪਤਾਨ ਪੁਲਿਸ ਵਿਜੀਲੈਂਸ ਬਿਊਰੋ ਰੇਂਜ ਪਟਿਆਲਾ ਰਾਜਪਾਲ ਸਿੰਘ ਤੇ ਉਪ ਕਪਤਾਨ ਪੁਲਿਸ ਵਿਜੀਲੈਂਸ ਬਿਊਰੋ ਯੂਨਿਟ ਪਟਿਆਲਾ ਪਰਮਿੰਦਰ ਸਿੰਘ ਤਰੱਕੀ ਦਾ ਬੈਚ ਤੇ ਸਟਾਰ ਲਗਾਉਂਦੇ ਹੋਏ।
(**ਫੋਟੋ ਤੇ ਵੇਰਵਾ : ਰਾਜਿੰਦਰ ਸਿੰਘ ਥਿੰਦ, ਪਟਿਆਲਾ**)

# ਸਵੱਛ ਸਰਵੇਖਣ ਗ੍ਰਾਮੀਣ-2025 ਦੇ ਸੰਬੰਧ 'ਚ ਡੀਸੀ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ

ਪੱਟੀ (ਬਲਦੇਵ ਸਿੰਘ ਸੰਧੂ)-ਸਵੱਛ ਸਰਵੇਖਣ ਗ੍ਰਾਮੀਣ 2025 ਦੇ ਸੰਬੰਧ ਵਿੱਚ ਡਿਪਟੀ ਕਮਿਸ਼ਨਰ ਰਾਹੁਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਵਿਸ਼ੇਸ਼ ਮੀਟਿੰਗ ਹੋਈ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤ ਸਰਕਾਰ ਦੇ ਜਲ ਸ਼ਕਤੀ ਮੰਤਰਾਲੇ ਵੱਲੋਂ ਸਵੱਛ ਸਰਵੇਖਣ ਗ੍ਰਾਮੀਣ 2025 ਜੋ ਕਿ 19 ਜੂਨ ਤੋਂ ਸ਼ੁਰੂ ਕੀਤਾ ਜਾ ਰਿਹਾ ਹੈ ਅਤੇ 19 ਜੁਲਾਈ ਤੱਕ ਮੁਕੰਮਲ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇੱਕ ਦੇਸ਼ ਵਿਆਪੀ ਪੇਂਡੂ ਸਵੱਛਤਾ ਸਰਵੇਖਣ ਜੋ ਕਿ ਸਾਰੇ ਰਾਜਾਂ, ਕੇਂਦਰ ਸ਼ਾਸਤ ਪ੍ਰਦੇਸ਼ਾਂ ਅਤੇ ਭਾਰਤ ਭਰ ਦੇ ਜ਼ਿਲ੍ਹਿਆਂ ਦੇ ਪ੍ਰਦਰਸ਼ਨ ਦਾ ਮੁਲਾਂਕਣ ਅਤੇ ਦਰਜਾਬੰਦੀ ਕਰਨ ਲਈ ਹੈ। ਪਿੰਡਾਂ ਵਿੱਚ ਠੋਸ ਅਤੇ ਤਰਲ ਰਹਿੰਦ-ਖੂੰਹਦ ਪ੍ਰਬੰਧਨ ਵਰਗੇ ਮੁੱਖ ਸਵੱਛਤਾ ਮਾਪਦੰਡਾਂ ਤੇ ਹਰੇਕ ਪਿੰਡ ਵਿੱਚ ਸਕੂਲ, ਆਂਗਣਵਾੜੀ ਕੇਂਦਰ, ਸਿਹਤ ਸਹੂਲਤਾਂ, ਪੰਚਾਇਤ ਘਰ, ਹੱਟ ਬਾਜ਼ਾਰ ਆਦਿ ਸਮੇਤ 5 ਜਨਤਕ ਸਥਾਨਾਂ ਦਾ ਸਵੱਛਤਾ ਸਥਿਤੀ ਲਈ ਮੁਲਾਂਕਣ ਕੀਤਾ ਜਾਵੇਗਾ। ਇਸ ਤੋਂ ਇਲਾਵਾ ਗੋਬਰਧਨ ਪਲਾਂਟਾਂ, ਪਲਾਸਟਿਕ ਵੇਸਟ ਮੈਨੇਜਮੈਂਟ ਯੂਨਿਟਾਂ, ਐੱਫਐੱਸਟੀਪੀ/ਐੱਸਟੀਪੀ ਦੀ ਕਾਰਜਸ਼ੀਲਤਾ ਦਾ ਵੀ ਮੁਲਾਂਕਣ ਕੀਤਾ ਜਾਵੇਗਾ। ਜ਼ਿਲ੍ਹੇ ਅਨੁਸਾਰ ਰੈਂਕਿੰਗ ਲਈ ਸਕੋਰਿੰਗ ਮੁਲਾਂਕਣ ਕੁੱਲ ਅੰਕ 1000 ਨਿਰਧਾਰਿਤ ਕੀਤਾ ਗਿਆ ਹੈ, ਜਿਸ ਤਹਿਤ ਪ੍ਰੋਜੈਕਟਾਂ ਦੇ ਨਿਰੀਖਣ ਲਈ ਕੁੱਲ ਮੁਲਾਂਕਣ ਅੰਕ 120 ਹੋਣਗੇ, ਨਾਗਰਿਕ ਫੀਡਬੈਕ ਮੁਲਾਂਕਣ ਕੁੱਲ ਅੰਕ 100 ਹੋਣਗੇ, ਸੇਵਾ ਪੱਧਰ ਦੀ ਪ੍ਰਗਤੀ ਲਈ ਕੁੱਲ ਮੁਲਾਂਕਣ ਅੰਕ 240 ਹੋਣਗੇ ਅਤੇ ਘਰੇਲੂ ਪੱਧਰ ਅਤੇ ਪਿੰਡ ਪੱਧਰ ਦੇ ਸਿੱਧੇ ਨਿਰੀਖਣ ਲਈ ਕੁੱਲ ਮੁਲਾਂਕਣ ਅੰਕ 540 ਨਿਰਧਾਰਿਤ ਕੀਤੇ ਗਏ ਹਨ। ਡਿਪਟੀ ਕਮਿਸ਼ਨਰ ਵੱਲੋਂ



ਸਵੱਛ ਸਰਵੇਖਣ ਗ੍ਰਾਮੀਣ 2025 ਤਹਿਤ ਜ਼ਿਲ੍ਹਾ ਤਰਨ ਤਾਰਨ ਦੇ ਸਾਰੇ ਪਿੰਡਾਂ ਵਿੱਚ ਪ੍ਰੀ-ਗਤੀਵਿਧੀਆਂ ਨੂੰ ਤੁਰੰਤ ਸ਼ੁਰੂ ਕਰਵਾਉਣ ਸਬੰਧੀ ਹਦਾਇਤ ਕੀਤੀ ਗਈ ਅਤੇ ਪਿੰਡਾਂ ਵਿੱਚ ਘਰੇਲੂ ਪੱਧਰ ਅਤੇ ਪਿੰਡ ਪੱਧਰ ਤੇ ਸਾਫ ਸਫਾਈ ਗਤੀਵਿਧੀਆਂ ਕਰਕੇ ਸਵੱਛਤਾ ਨੂੰ ਕਾਇਮ ਕਰਨ ਲਈ ਸਮੂਹ ਵਿਭਾਗਾਂ ਦੇ ਅਧਿਕਾਰੀਆਂ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਜ਼ਿਲ੍ਹਾ ਤਰਨ ਤਾਰਨ ਨੂੰ ਸਵੱਛ ਸਰਵੇਖਣ ਗ੍ਰਾਮੀਣ 2025 ਮੁਲਾਂਕਣ ਤਹਿਤ ਸੰਬੰਧਿਤ ਵਿਭਾਗਾਂ ਵੱਲੋਂ ਆਪਣਾ ਬਣਦਾ ਯੋਗਦਾਨ ਪਾਇਆ ਜਾਵੇ ਤਾਂ ਜੋ ਜ਼ਿਲ੍ਹੇ ਨੂੰ ਰਾਜ ਅਤੇ ਨੈਸ਼ਨਲ ਰੈਂਕਿੰਗ ਵਿੱਚ ਪਹਿਲੇ ਸਥਾਨ ਤੇ ਲਿਆਂਦਾ ਜਾ ਸਕੇ। ਇਸ ਮੌਕੇ ਮੀਟਿੰਗ ਵਿੱਚ ਸੰਜੀਵ ਕੁਮਾਰ ਵਧੀਕ ਡਿਪਟੀ ਕਮਿਸ਼ਨਰ ਵਿਕਾਸ, ਸਿਮਰਨਜੀਤ ਸਿੰਘ, ਜ਼ਿਲ੍ਹਾ ਸੈਨੀਟੇਸ਼ਨ ਅਫਸਰ, ਤਰਨ ਤਾਰਨ, ਅਭਿਨਵ ਗੋਇਲ ਜ਼ਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸੁਰਿੰਦਰ ਕੁਮਾਰ ਡੀ. ਈ. ਓ ਐਲੀਮੈਂਟਰੀ, ਪਰਮਜੀਤ ਸਿੰਘ ਡੀ. ਈ. ਓ. ਸੈਕੰਡਰੀ, ਦਵਿੰਦਰ ਕੁਮਾਰ ਆਰ. ਓ, ਹਰਜੀਤ ਸਿੰਘ, ਬਲਜਿੰਦਰ ਸਿੰਘ ਬੀ. ਡੀ. ਪੀ. ਓ, ਮੁਨੀਸ਼ ਗੁਪਤਾ ਡਿਪਟੀ ਡਾਇਰੈਕਟਰ ਐਨੀਮਲ ਹਸਬੈਂਡਰੀ, ਗਗਨਦੀਪ ਸਿੰਘ ਡੀ. ਐੱਸ. ਐੱਸ. ਓ, ਅਨਿਲ ਚੋਪੜਾ, ਹਰਵਿੰਦਰ ਸਿੰਘ ਈ. ਓ, ਮਨਿੰਦਰ ਸਿੰਘ ਕਾਰਜਕਾਰੀ ਇੰਜੀਨੀਅਰ, ਸੁਖਰਾਜ ਸਿੰਘ, ਧਰਵਿੰਦਰ ਸਿੰਘ, ਅਮਨਦੀਪ ਸਿੰਘ, ਹਰਪ੍ਰੀਤ ਸਿੰਘ ਉਪ ਮੰਡਲ ਇੰਜੀਨੀਅਰ, ਗੁਰਪ੍ਰੀਤ ਕੌਰ ਡੀ. ਪੀ. ਐੱਮ, ਸੁਰਿੰਦਰਜੀਤ ਸਿੰਘ, ਅਰੋਮਾ, ਪਰਮਜੀਤ ਸਿੰਘ, ਕੁਵੰਰਪ੍ਰੀਤ ਸਿੰਘ ਬੀ.ਪੀ.ਐੱਮ, ਦਲਜੀਤ ਸਿੰਘ ਡੀ. ਐੱਮ. ਐੱਮ, ਧਰਵਿੰਦਰ ਸਿੰਘ ਸੀ. ਸੀ, ਡਾ.ਰਣਦੀਪ ਸਿੰਘ ਸਿਵਲ ਸਰਜਨ, ਜਗੀਰ ਸਿੰਘ ਟੀ. ਸੀ, ਸਮੂਹ ਸੀ. ਡੀ. ਪੀ. ਓ , ਜਲ ਸਪਲਾਈ ਸੈਨੀਟੇਸ਼ਨ ਵਿਭਾਗ ਤੋਂ ਰਾਜੀਵ ਖੰਡਵਾਲ ਉਪ ਮੰਡਲ ਇੰਜੀਨੀਅਰ, ਸੰਜੀਵ ਰਾਏ, ਮਨੋਹਰ ਸਿੰਘ, ਹਰਜੀਤ ਸਿੰਘ, ਵਿਕਰਮ ਸਿੰਘ, ਹਰਪ੍ਰਤਾਪ ਸਿੰਘ, ਓਂਕਾਰ ਸਿੰਘ, ਰਵੀ ਕੁਮਾਰ, ਨੰਦਿਨੀ ਮਹਿਤਾ ਜੇ. ਈਜ ਕਸ਼ਮੀਰ ਸਿੰਘ ਏ. ਈ, ਮੱਖਣ ਸਿੰਘ, ਜਸਵਿੰਦਰ ਸਿੰਘ ਡਾਟਾ ਐਂਟਰੀ ਓਰੇਟਰ, ਜ਼ਿਲ੍ਹਾ ਪੱਧਰੀ ਅਤੇ ਬਲਾਕ ਪੱਧਰੀ ਸਮਾਜਿਕ ਸਟਾਫ ਹਾਜ਼ਰ ਸਨ।

# ਨਸ਼ੀਲੀਆਂ ਗੋਲੀਆਂ ਅਤੇ ਡਰੱਗ ਮਨੀ ਸਮੇਤ ਕਾਬੂ

ਬਟਾਲਾ, ਜੂਨ (ਡਾ. ਮਲਵਿੰਦਰ ਸਿੰਘ)-ਸੁਹੇਲ ਕਾਸਿਮ ਮੀਰ ਐੱਸਐੱਸਪੀ ਬਟਾਲਾ ਦੀ ਅਗਵਾਈ ਹੇਠ ਬਟਾਲਾ ਪੁਲਸ ਵੱਲੋਂ ਨਸ਼ਿਆਂ ਖਿਲਾਫ ਸਖ਼ਤ ਮੁਹਿੰਮ ਵਿੱਢੀ ਗਈ ਹੈ ਜਿਸ ਦੇ ਚੱਲਦਿਆਂ ਡੀਐੱਸਪੀ ਸਿਟੀ ਬਟਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਐੱਸਆਈ ਸੁਖਜਿੰਦਰ ਸਿੰਘ, ਐੱਸਐੱਚਓ ਥਾਣਾ ਸਿਟੀ ਬਟਾਲਾ ਵੱਲੋਂ ਕਾਰਵਾਈ ਕਰਦੇ ਹੋਏ ਦੌਰਾਨੇ ਗਸ਼ਤ ਐੱਸਆਈ ਪਲਵਿੰਦਰ ਸਿੰਘ ਥਾਣਾ ਸਿਟੀ ਬਟਾਲਾ ਵੱਲੋਂ ਸਮੇਤ ਪੁਲਸ ਪਾਰਟੀ ਦੋਸ਼ੀ ਰੋਹਿਤ ਕੁਮਾਰ ਪੁੱਤਰ ਸੁਖਵਿੰਦਰ ਵਾਸੀ ਮਲਾਵੇ ਦੀ ਕੋਠੀ ਬਟਾਲਾ ਨੂੰ ਕਾਬੂ ਕਰਕੇ ਉਸ ਪਾਸੋਂ 105 ਨਸ਼ੀਲੀਆਂ ਗੋਲੀਆਂ ਸਮੇਤ 1200 ਰੁਪਏ ਡਰੱਗ ਮਨੀ ਬ੍ਰਾਮਦ ਕਰਕੇ ਮੁਕੱਦਮਾ ਨੰਬਰ 113 ਮਿਤੀ 17-06-2025 ਜੁਰਮ 22/271-61-85 ਐਨਡੀਪੀਐੱਸ/ ਐਕਟ ਤਹਿਤ ਥਾਣਾ ਸਿਟੀ ਬਟਾਲਾ ਦਰਜ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਹੈ।ਐੱਸ. ਆਈ. ਸੁਖਜਿੰਦਰ ਸਿੰਘ, ਐੱਸ. ਐੱਚ. ਓ. ਥਾਣਾ ਸਿਟੀ ਬਟਾਲਾ ਨੇ ਦੱਸਿਆ ਕਿ ਬਟਾਲਾ ਪੁਲਸ ਵੱਲੋਂ ਸਮਾਜ ਵਿਰੋਧੀ ਅਨਸਰਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾ ਰਿਹਾ ਹੈ ਅਤੇ ਨਸ਼ੇ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਰੁਖ਼ ਅਪਣਾਇਆ ਗਿਆ ਹੈ।ਦੱਸਣਯੋਗ ਹੈ ਕਿ ਬਟਾਲਾ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਿਥੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਕਰਦਿਆਂ ਉਨ੍ਹਾਂ ਵੱਲੋਂ ਉਸਾਰੀਆਂ ਨਾਜਾਇਜ਼ ਉਸਾਰੀਆਂ ਨੂੰ ਢਾਹਿਆ ਗਿਆ ਹੈ। ਉਸਦੇ ਨਾਲ-ਨਾਲ ਬਟਾਲਾ ਪੁਲਸ ਵੱਲੋਂ ਨਸ਼ਾ ਪੀੜਤਾਂ ਦਾ ਇਲਾਜ ਕਰਵਾਉਣ ਲਈ ਉਨ੍ਹਾਂ ਨੂੰ ਨਸ਼ਾ ਛਡਾਓ ਕੇਂਦਰਾਂ ਵਿਚ ਭੇਜਿਆ ਗਿਆ ਹੈ ਅਤੇ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।

# 582 ਅਨੁਸੂਚਿਤ ਜਾਤੀ ਭਾਈਚਾਰੇ ਦੇ ਪਰਿਵਾਰਾਂ ਦੇ ਕਰਜ਼ੇ ਮੁਆਫ : ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-ਮੁੱਖ ਮੰਤਰੀ ਪੰਜਾਬ ਸ: ਭਗਵੰਤ ਸਿੰਘ ਮਾਨ ਵੱਲੋਂ ਪਿਛਲੇ ਦਿਨੀਂ ਸੂਬੇ ਦੇ ਕਮਜ਼ੋਰ ਅਤੇ ਪੱਛੜੇ ਵਰਗਾਂ ਦੀ ਭਲਾਈ ਲਈ 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕੀਤੇ ਗਏ ਸਨ ਜਿਸ ਵਿਚੋਂ ਅੰਮ੍ਰਿਤਸਰ ਜ਼ਿਲ੍ਹੇ ਦੇ 582 ਲਾਭਪਾਤਰੀਆਂ ਦੇ 5 ਕਰੋੜ 82 ਲੱਖ ਦੇ ਕਰਜ਼ੇ ਮੁਆਫ਼ ਹੋਏ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਸੂਬਾ ਸਰਕਾਰ ਸਮਾਜ ਦੇ ਲੋੜਵੰਦ ਅਤੇ ਪੱਛੜੇ ਵਰਗਾਂ ਦੀ ਮਦਦ ਲਈ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਲੋਕਾਂ ਦੀ ਵੱਧ ਤੋਂ ਵੱਧ ਭਲਾਈ ਨੂੰ ਯਕੀਨੀ ਬਣਾ ਰਹੀ ਹੈ ਤਾਂ ਜੋ ਸਮਾਜ ਦੇ ਹਰ ਵਰਗ ਨੂੰ ਇਸ ਦਾ ਲਾਭ ਮਿਲ ਸਕੇ।ਉਨ੍ਹਾਂ ਦੱਸਿਆ ਕਿ ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸੂਬੇ ਦੇ ਪੱਛੜੇ ਤੇ ਕਮਜ਼ੋਰ ਵਰਗਾਂ ਨੂੰ ਇਹ ਰਾਹਤ ਮਿਲੀ ਹੈ।ਉਨ੍ਹਾਂ ਕਿਹਾ ਕਿ ਇਹ ਇਸ ਕਰਕੇ ਸੰਭਵ ਹੋਇਆ ਹੈ ਕਿਉਂਕਿ ਪਹਿਲੀ ਵਾਰ ਸੂਬੇ ਦਾ ਬਜਟ ਆਮ ਆਦਮੀ ਦੀ ਭਲਾਈ ਲਈ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਰਕਾਰੀ ਖਜ਼ਾਨੇ ਦਾ ਇੱਕ-ਇੱਕ ਪੈਸਾ ਜਨਤਕ ਭਲਾਈ ਤੇ ਖਰਚ ਕਰ ਰਹੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਮੁਆਫ਼ੀ ਪੀ. ਐਸ. ਸੀ. ਐੱਫ. ਸੀ. ਦੁਆਰਾ ਉਪਰੋਕਤ ਮਿਤੀ ਤੱਕ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ ਜਿਸ ਨਾਲ ਐੱਸ. ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਅਤਿ ਲੋੜੀਂਦੀ ਰਾਹਤ ਮਿਲੀ ਹੈ।ਇਸ ਕਦਮ ਨਾਲ ਜ਼ਿਲ੍ਹੇ ਦੇ 582 ਐੱਸ. ਸੀ. ਪਰਿਵਾਰ ਇਸ ਕਰਜ਼ਾ ਮੁਆਫ਼ੀ ਯੋਜਨਾ ਹੇਠ ਆਉਣਗੇ।ਉਨ੍ਹਾਂ ਦੱਸਿਆ ਕਿ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਨਿਗਮ (ਪੀਐੱਸਸੀਐੱਫਸੀ) ਵੱਲੋਂ 31 ਮਾਰਚ, 2020 ਤੱਕ ਵੰਡੇ ਗਏ ਕਰਜ਼ਿਆਂ 'ਤੇ ਲੀਕ ਫੇਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਹ ਮੁਆਫ਼ੀ ਪੀ. ਐੱਸ. ਸੀ. ਐੱਫ. ਸੀ. ਦੁਆਰਾ ਉਪਰੋਕਤ ਮਿਤੀ ਤੱਕ ਵੰਡੇ ਗਏ ਸਾਰੇ ਕਰਜ਼ਿਆਂ ਲਈ ਹੈ ਜਿਸ ਨਾਲ ਐੱਸ. ਸੀ. ਭਾਈਚਾਰਾ ਅਤੇ ਦਿਵਿਆਂਗ ਵਰਗ ਦੇ ਕਰਜ਼ਦਾਰਾਂ ਨੂੰ ਬੜੀ ਰਾਹਤ ਮਿਲੀ ਹੈ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ 'ਕੋਈ ਇਤਰਾਜ਼ ਨਹੀਂ' ਸਰਟੀਫਿਕੇਟ (ਨੋ ਡਿਊ ਸਰਟੀਫਿਕੇਟ) ਜਾਰੀ ਕੀਤੇ ਜਾਣਗੇ।

ਉਨ੍ਹਾਂ ਦੱਸਿਆ ਕਿ 30 ਅਪ੍ਰੈਲ, 2025 ਤੱਕ ਗਿਣਿਆ ਗਿਆ ਮੂਲ, ਵਿਆਜ ਅਤੇ ਦੰਡ ਵਿਆਜ ਸਮੇਤ ਬਣਦੀ ਪੂਰੀ ਰਕਮ ਸੂਬਾ ਸਰਕਾਰ ਵੱਲੋਂ ਪੀ. ਐੱਸ. ਸੀ. ਐੱਫ. ਸੀ. ਨੂੰ ਵਾਪਸ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮਹੱਤਵਪੂਰਨ ਗੱਲ ਇਹ ਹੈ ਕਿ ਜਿਨ੍ਹਾਂ ਕਰਜ਼ਦਾਰਾਂ ਨੇ ਪਹਿਲਾਂ ਵੀ ਕਰਜ਼ਾ ਮੁਆਫੀ ਸਕੀਮਾਂ ਲਾਭ ਪ੍ਰਾਪਤ ਕੀਤਾ ਹੈ, ਉਹ ਵੀ ਇਸ ਮੁਆਫੀ ਸਕੀਮ ਦਾ ਲਾਭ ਲੈਣ ਲਈ ਯੋਗ ਮੰਨੇ ਜਾਣਗੇ। ਉਨ੍ਹਾਂ ਕਿਹਾ ਕਿ ਕਰਜ਼ਾ ਮੁਆਫੀ ਤੋਂ ਬਾਅਦ ਪੀ. ਐੱਸ. ਸੀ. ਐੱਫ. ਸੀ. ਦੇ ਨਿਯਮਾਂ ਤਹਿਤ ਕਰਜ਼ਾ ਲੈਣ ਵਾਲਿਆਂ ਵਿਰੁੱਧ ਰਿਕਵਰੀ ਲਈ ਕੋਈ ਕਾਰਵਾਈ ਸ਼ੁਰੂ ਨਹੀਂ ਕੀਤੀ ਜਾਵੇਗੀ।ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਕੱਟ-ਆਫ ਮਿਤੀ ਤੱਕ ਉਨ੍ਹਾਂ ਦੇ ਖਾਤਿਆਂ ਨੂੰ ਪੂਰੀ ਤਰ੍ਹਾਂ ਸੈਟਲ ਮੰਨਿਆ ਜਾਵੇਗਾ।

# ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਚੰਨਣਕੇ ਦੀਆਂ 8 ਵਿਦਿਆਰਥਣਾਂ ਵੱਲੋਂ 'ਨੀਟ' ਕੁਆਲੀਫਾਈ

ਤਰਸਿੱਕਾ, ਤਰਸੇਮ ਸਿੰਘ ਸਾਧਪੁਰ)- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਗੁਰੂ ਨਾਨਕ ਦੇਵ ਗਲੋਬਲ ਅਕੈਡਮੀ ਚੰਨਣਕੇ (ਅੱਡਾ ਨਾਥ ਦੀ ਖੂਹੀ) ਦੀਆਂ 8 ਵਿਦਿਆਰਥਣਾਂ ਨੇ ਨੈਸ਼ਨਲ ਅਲਿਜੀਬਿਲਟੀ-ਕਮ-ਐਂਟਰੈਂਸ ਟੈਸਟ 'ਨੀਟ' ਕੁਆਲੀਫਾਈ ਕਰਕੇ ਇਲਾਕੇ 'ਚ ਆਪਣੇ ਸਕੂਲ ਤੇ ਮਾਪਿਆਂ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਪ੍ਰਿੰਸੀਪਲ ਰਿਤੂ ਖੰਨੇਜਾ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆ ਕਿ ਸਕੂਲ ਦੀਆਂ ਹੋਣਹਾਰ, 8 ਵਿਦਿਆਰਥਣਾਂ ਨਿਮਰਤਪ੍ਰੀਤ ਕੌਰ ਨੇ 407, ਗੁਰਮਨਪ੍ਰੀਤ ਕੌਰ ਨੇ 395, ਮੁਸਕਾਨਪ੍ਰੀਤ ਕੌਰ ਨੇ 317 ਤੇ ਨਵਕਿਰਨ ਕੌਰ ਨੇ 205 ਅੰਕ, ਮਨਪਰੀਤ ਕੌਰ (66.6) ਪਰਨੀਤ ਕੌਰ (62.5) ਗੁਰਲੀਨ ਕੌਰ (60.71) ਗੁਰਮਨਪਰੀਤ ਕੌਰ (60.1) ਫੀਸਦੀ ਸਕੋਰ ਨਾਲ ਟੈਸਟ ਕੁਆਲੀਫਾਈ ਕੀਤਾ



ਹੈ।ਸਕੂਲ ਦੇ ਮੈਨੇਜਿੰਗ ਡਾਇਰੈਕਟਰ ਕੁਲਜੀਤ ਸਿੰਘ ਬਾਠ ਤੇ ਡਾਇਰੈਕਟਰ ਕੁਲਵੰਤ ਕੌਰ ਬਾਠ ਨੇ ਬੱਚੀਆਂ ਦੀ ਹੌਂਸਲਾ ਅਫਜ਼ਾਈ ਕਰਦੇ ਹੋਏ ਕਿਹਾ ਕਿ ਸਾਡੇ ਸਕੂਲ ਲਈ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਇਨ੍ਹਾਂ ਹੋਣਹਾਰ ਬੱਚੀਆਂ ਵੱਲੋਂ ਦਿਲ ਲਗਾ ਕੇ ਪੂਰੀ ਲਗਨ ਨਾਲ ਕੀਤੀ ਗਈ ਸਖਤ ਮਿਹਨਤ ਨੂੰ ਬੂਰ ਪਿਆ ਹੈ।

ਉਨ੍ਹਾਂ ਨੇ ਸਾਰੀਆਂ ਬੱਚੀਆਂ ਨੂੰ ਵਧਾਈ ਦਿੰਦੇ ਹੋਏ ਇੱਕ ਉਜਵਲ ਤੇ ਚੰਗੇਰੇ ਭਵਿੱਖ ਲਈ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

# ਰੇਹੜੀਆਂ, ਢਾਬੇ, ਰੈਸਟੋਰੈਂਟਾਂ ਤੇ ਹੋਟਲਾਂ ਨੂੰ ਰਸੋਈਆਂ ਮੁਕੰਮਲ ਸਾਫ ਸੁਥਰੀਆਂ ਰੱਖਣ ਦੇ ਨਿਰਦੇਸ਼

ਬਟਾਲਾ (ਡਾ. ਮਲਵਿੰਦਰ ਸਿੰਘ)- ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ ਕਿ ਗੋਲਗੱਪੇ/ਟਿੱਕੀ ਚਾਟ ਅਤੇ ਫਾਸਟ ਫੂਡ ਦੀਆਂ ਰੇਹੜੀਆਂ, ਢਾਬੇ, ਹੋਟਲਾਂ, ਰੈਸਟੋਰੈਂਟਾਂ ਅਤੇ ਹੋਰ ਈਟਿੰਗ ਹੱਬ ਵੱਲੋਂ ਜੋ ਕਰਮਚਾਰੀ ਨਿਯੁਕਤ ਕੀਤੇ ਗਏ ਹਨ, ਉਨ੍ਹਾਂ ਵੱਲੋਂ ਸਾਫ ਸਫਾਈ ਦਾ ਧਿਆਨ ਨਹੀਂ ਰੱਖਿਆ ਜਾ ਰਿਹਾ, ਜਿਸ ਦਾ ਸਖ਼ਤ ਨੋਟਿਸ ਲਿਆ ਗਿਆ ਹੈ।ਇਸ ਲਈ ਰੇਹੜੀ, ਹੋਟਲ, ਰੈਸਟੋਰੈਂਟ ਮਾਲਕਾਂ ਨੂੰ ਸਖ਼ਤ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਅਧੀਨ ਕੰਮ ਕਰ ਰਹੇ ਕਰਮਚਾਰੀਆਂ ਨੂੰ ਹਦਾਇਤ ਕੀਤੀ ਜਾਵੇ ਕਿ ਖਾਣਾ ਬਣਾਉਣ ਜਾਂ ਸਰਵ ਕਰਨ ਸਮੇਂ ਉਨ੍ਹਾਂ ਦੇ ਸਿਰ ਢੱਕੇ ਹੋਣੇ ਚਾਹੀਦੇ ਹਨ ਅਤੇ ਹੱਥਾਂ ਦੇ ਦਸਤਾਨੇ ਪਾਏ ਹੋਣੇ ਚਾਹੀਦੇ ਹਨ ਤਾਂ ਜੋ ਖਾਣ ਪੀਣ ਵਾਲੀਆਂ ਵਸਤੂਆਂ ਵਿੱਚ ਕੋਈ ਵਾਲ ਜਾਂ ਨਹੁੰ ਵਗੈਰਾ ਨਾ ਜਾਵੇ।ਹਰ ਕਰਮਚਾਰੀ ਦਾ ਮੈਡੀਕਲ ਕਰਵਾਇਆ ਜਾਵੇ ਤਾਂ ਜੋ ਕੋਈ ਵੀ ਕਰਮਚਾਰੀ ਅਜਿਹਾ ਨਾ ਹੋਵੇ ਜਿਸ ਨੂੰ ਕਿਸੇ ਕਿਸਮ ਦੀ ਬਿਮਾਰੀ ਜਾਂ ਕੋਈ ਚਮੜੀ ਰੋਗ ਹੋਵੇ।ਆਪਣੇ ਰੋਜ਼ਾਨਾ ਖਾਣਾ ਬਣਾਉਣ ਲਈ ਵਰਤੋਂ ਵਿੱਚ ਆਉਣ ਵਾਲੀ ਰਸੋਈ ਦੀ ਸਾਫ ਸਫਾਈ ਕਰਵਾਈ ਜਾਵੇ, ਖਾਣਾ ਬਣਾਉਣ ਵਾਲੀ ਜਗ੍ਹਾ 'ਤੇ ਕਿਸੇ ਵੀ ਕਿਸਮ ਦੀ ਕੋਈ ਗੰਦਗੀ ਨਹੀਂ ਹੋਣੀ ਚਾਹੀਦੀ ਅਤੇ ਰੋਜ਼ਾਨਾ ਦਾ ਕੂੜਾ ਕਰਕਟ ਸੁੱਟਣ ਲਈ ਡਸਟਬੀਨ ਲਗਾਇਆ ਹੋਣਾ ਚਾਹੀਦਾ ਹੈ।ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਦੱਸਿਆ ਗਿਆ ਕਿ ਰੇਹੜੀਆਂ, ਢਾਬੇ, ਰੈਸਟੋਰੈਂਟਾਂ ਅਤੇ ਹੋਟਲਾਂ ਦੀ ਸਾਫ ਸਫਾਈ ਦੀ ਚੈਕਿੰਗ ਕਰਨ ਲਈ ਟੀਮ ਗਠਿਤ ਕੀਤੀ ਗਈ ਹੈ, ਜੋ ਰੋਜ਼ਾਨਾ ਇਨ੍ਹਾਂ ਥਾਵਾਂ ਦੀ ਚੈਕਿੰਗ ਕਰੇਗੀ ਅਤੇ ਜਿਸ ਵੀ ਹੋਟਲ, ਰੈਸਟੋਰੈਂਟ, ਢਾਬਾ, ਰੇਹੜੀ ਅਤੇ ਹੋਰ ਕਿਸੇ ਵੀ ਈਟਿੰਗ ਹੱਬ ਵਿੱਚ ਸਾਫ ਸਫਾਈ ਅਤੇ ਡਸਟਬੀਨ ਨਹੀਂ ਰੱਖਿਆ ਹੋਵੇਗਾ, ਪੰਜਾਬ ਮਿਊਂਸੀਪਲ ਕਾਰਪੋਰੇਸ਼ਨ ਐਕਟ ਦੀ ਧਾਰਾ 1976 ਤਹਿਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗਾ।ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਇੱਕ ਸਾਫ ਸੁਥਰਾ ਮਾਹੌਲ ਦੇਣ ਲਈ ਨਗਰ ਨਿਗਮ ਬਟਾਲਾ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਨੂੰ ਸਾਫ ਸੁਥਰਾ ਅਤੇ ਬਿਮਾਰੀਆਂ ਤੋਂ ਦੂਰ ਰੱਖਣਾ ਨਗਰ ਨਿਗਮ, ਬਟਾਲਾ ਦਾ ਫਰਜ਼ ਹੈ ਜਿਸ ਵਿੱਚ ਕਿਸੇ ਕਿਸਮ ਦੀ ਅਣਗਹਿਲੀ/ਲਾਪਰਵਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ।



# ਸ. ਅਮਰਜੀਤ ਸਿੰਘ ਦੀ ਯਾਦ 'ਚ ਕੀਰਤਨ ਦਰਬਾਰ ਸੁਸਾਇਟੀ ਨੂੰ ਵੀਹ ਵਾਟਰ ਕੂਲਰ ਭੇਟ



ਪੱਟੀ (ਬਲਦੇਵ ਸਿੰਘ ਸੰਧੂ)-ਧੰਨ-ਧੰਨ ਬਾਬਾ ਦੀਪ ਸਿੰਘ ਕੀਰਤਨ ਦਰਬਾਰ ਸੁਸਾਇਟੀ ਰਜਿ ਪੱਟੀ ਵੱਲੋਂ ਸਥਾਨਕ ਸ਼ਹਿਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਧਾਰਮਿਕ ਸੇਵਾਵਾਂ ਕਰਦੀ ਆ ਰਹੀ ਹੈ।ਅੱਤ ਦੀ ਗਰਮੀ ਵਿੱਚ ਲੋੜਵੰਦ ਪਰਿਵਾਰ ਜਿਨ੍ਹਾਂ ਕੋਲ ਸਾਫ ਪਾਣੀ ਪੀਣ ਦਾ ਕੋਈ ਢੁੱਕਵਾਂ ਪ੍ਰਬੰਧ ਨਹੀਂ ਸੀ ਉਨ੍ਹਾਂ ਪਰਿਵਾਰਾਂ ਦੀ ਪੜਤਾਲ ਕਰਕੇ ਉਨ੍ਹਾਂ ਨੂੰ ਕਾਰਡ ਜਾਰੀ ਕੀਤੇ ਗਏ। ਉਨ੍ਹਾਂ ਗੁਰਦਵਾਰਾ ਬੀਬੀ ਰਜਨੀ ਜੀ ਵਿਖੇ ਬੁਲਾ ਕੇ ਵਾਟਰ ਕੂਲਰ ਦਿੱਤੇ ਗਏ।ਇਨ੍ਹਾਂ ਕੂਲਰਾਂ ਦੀ ਸੇਵਾ ਗੁਰਪ੍ਰੀਤ ਸਿੰਘ ਰੂਬੀ ਮਿਕਸਿੰਗ ਵਾਲਿਆਂ ਨੇ ਆਪਣੇ ਪਿਤਾ ਅਮਰਜੀਤ ਸਿੰਘ ਦੀ ਯਾਦ ਵਿੱਚ ਸੁਸਾਇਟੀ ਨੂੰ ਵੀਹ ਕੂਲਰਾਂ ਦੀ ਸੇਵਾ ਕੀਤੀ ਗਈ।ਇਸ ਮੌਕੇ ਸੁਸਾਇਟੀ ਨਾਲ ਨਵੇਂ ਜੁੜੇ ਮੈਂਬਰਾਂ ਗੁਰਪ੍ਰੀਤ ਸਿੰਘ ਰੂਬੀ, ਹਰਪ੍ਰੀਤ ਸਿੰਘ ਪ੍ਰੀਤ ਫੂਡ ਹਾਊਸ ਵਾਲੇ, ਵਰਿੰਦਰ ਪਾਲ ਸਿੰਘ ਲੁਧਿਆਣਾ, ਡਾਕਟਰ ਗੁਰਸ਼ਰਨ ਸਿੰਘ ਰਵੀ ਨੂੰ ਸਨਮਾਨਿਤ ਕੀਤਾ ਗਿਆ।

ਇਹ ਜਾਣਕਾਰੀ ਕੁਲਵਿੰਦਰ ਸਿੰਘ ਬੱਬੂ ਅਤੇ ਸਕੱਤਰ ਜੋਗਾ ਸਿੰਘ ਨੇ ਦਿੱਤੀ। ਇਸ ਮੌਕੇ ਗੁਰਦਿਆਲ ਸਿੰਘ ਰੇਲਵੇ, ਅਜੇਪਾਲ ਸਿੰਘ, ਡਾਕਟਰ ਜਸਪਾਲ ਸਿੰਘ, ਰਜਵੰਤ ਸਿੰਘ ਬੈਂਕ ਵਾਲੇ, ਸੂਬੇਦਾਰ ਮਹਿਲ ਸਿੰਘ, ਧਰਮ ਸਿੰਘ, ਹਰਪ੍ਰੀਤ ਸਿੰਘ, ਕੁਲਵਿੰਦਰ ਸਿੰਘ ਕਾਕਾ, ਇਸਮੀਤ ਸਿੰਘ, ਆਦਿ ਹਾਜ਼ਰ ਸਨ।

# ਜ਼ਿਲ੍ਹਾ ਗੁਰਦਾਸਪੁਰ 'ਚ ਭੀਖ ਮੰਗਣ ਵਾਲੇ ਛੋਟੇ-ਛੋਟੇ ਬੱਚਿਆਂ ਦੀ ਗਿਣਤੀ 'ਚ ਵਾਧਾ ਗੰਭੀਰ ਚਿੰਤਾ ਦਾ ਵਿਸ਼ਾ !

ਗੁਰਦਾਸਪੁਰ (ਜਨਕ ਮਹਾਜਨ)-ਚੰਦਰਮਾ 'ਤੇ ਘਰ ਬਣਾਉਣ ਦਾ ਸੁਪਨਾ ਦੇਖਣ ਵਾਲੇ ਭਾਰਤ ਦੀ ਜ਼ਮੀਨ ਤੇ ਅੱਜ ਵੀ ਵੱਡੀ ਗਿਣਤੀ ਵਿਚ ਲੋਕ ਆਪਣਾ ਜੀਵਨ ਮੰਗ ਕੇ ਬਤੀਤ ਕਰਨ ਲਈ ਮਜਬੂਰ ਹਨ।ਇਥੋਂ ਤੱਕ ਕਿ ਜ਼ਿਲ੍ਹਾ ਗੁਰਦਾਸਪੁਰ ਅਤੇ ਆਲੇ-ਦੁਆਲੇ ਦੇ ਕਸਬਿਆਂ ਵਿੱਚ ਭੀਖ ਮੰਗ ਕੇ ਪੇਟ ਪਾਲਣ ਵਾਲੇ ਛੋਟੇ-ਛੋਟੇ ਬੱਚਿਆਂ ਦੀ ਗਿਣਤੀ ਵਿਚ ਲਗਾਤਾਰ ਵਾਧਾ ਹੁੰਦਾ ਜਾ ਰਿਹਾ ਹੈ ਪਰ ਸੰਬੰਧਿਤ ਵਿਭਾਗ ਇਸ ਪਾਸੇ ਕੋਈ ਧਿਆਨ ਨਹੀਂ ਦੇ ਰਿਹਾ। ਸ਼ਹਿਰ ਵਾਸੀਆਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਪੜ੍ਹਨ ਲਿਖਣ ਦੀ ਉਮਰ ਵਿਚ ਝੁੱਗੀਆਂ ਝੌਂਪੜੀਆਂ ਦੇ ਬੱਚੇ ਤੜਕਸਾਰ ਉੱਠ ਕੇ ਸ਼ਹਿਰ ਦੇ ਬਾਜ਼ਾਰਾਂ ਗਲੀਆਂ ਅਤੇ ਦੁਕਾਨਾਂ ਅੱਗੇ ਖੜ੍ਹੇ ਹੋ ਜਾਂਦੇ ਹਨ ਅਤੇ ਹਰ ਆਉਣ ਜਾਣ ਵਾਲੇ ਵਿਅਕਤੀ ਪਾਸੋਂ ਭੀਖ ਮੰਗਦੇ ਹਨ। ਲੋਕਾਂ ਦਾ ਕਹਿਣਾ ਕਿ ਇਨ੍ਹਾਂ ਛੋਟੇ ਬੱਚਿਆਂ ਦੇ ਮਾਪਿਆਂ ਵੱਲੋਂ ਇਨ੍ਹਾਂ ਨੂੰ ਖੁਦ ਸ਼ਹਿਰ ਵਿਚ ਭੀਖ ਮੰਗਣ ਲਈ ਭੇਜ ਦਿੱਤਾ ਜਾਂਦਾ ਹੈ। ਉਨ੍ਹਾਂ ਕਿਹਾ ਭੀਖ ਵਿੱਚ ਮਿਲੇ ਪੈਸੇ ਮਾਪੇ ਆਪਣੇ ਕੋਲ ਰੱਖ ਕੇ ਫਿਰ ਅਗਲੇ ਦਿਨ ਇਨ੍ਹਾਂ ਬੱਚਿਆਂ ਨੂੰ ਭੀਖ ਮੰਗਣ ਲਈ ਭੇਜ ਦਿੰਦੇ ਹਨ। ਇਨ੍ਹਾਂ ਬੱਚਿਆਂ ਦੀ ਹਾਲਤ ਬਹੁਤ ਮਾੜੀ ਦੇਖ ਕੇ ਕੁਝ ਲੋਕ ਤਰਸ ਖਾ ਕੇ ਇਨ੍ਹਾਂ ਨੂੰ ਪੈਸੇ ਦੇ ਦਿੰਦੇ ਹਨ ਅਤੇ ਕਈ ਵਾਰ ਇਨ੍ਹਾਂ ਨੂੰ ਲੋਕ ਦਬਕੇ ਮਾਰ ਕੇ ਵੀ ਭਜਾ ਦਿੰਦੇ ਹਨ। ਉਨ੍ਹਾਂ ਕਿਹਾ ਕਈ ਬੱਚੇ ਹੱਥਾਂ ਵਿੱਚ ਬੋਰੇ ਫੜ ਕੇ ਸ਼ਹਿਰ ਅੰਦਰ ਕੋਲ ਕੂੜੇ ਦੇ ਢੇਰਾਂ ਤੋਂ ਕੂੜਾ ਫਰੋਲੀ ਕਰਕੇ ਉਸ ਵਿੱਚੋਂ ਮਿਲੇ ਸ਼ੀਸ਼ੇ ਅਤੇ ਪਲਾਸਟਿਕ ਦੇ ਸਾਮਾਨ ਨੂੰ ਇਕੱਠਾ ਕਰਕੇ ਵੇਚਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਕਈ ਵਾਰ ਮੰਗਣ ਵਾਲੀਆਂ ਔਰਤਾਂ ਵੱਲੋਂ ਛੋਟੇ-ਛੋਟੇ ਬੱਚਿਆਂ ਨੂੰ ਕੁੱਛੜ ਚੁੱਕ ਕੇ ਭੀਖ ਮੰਗੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਛੋਟੇ ਬੱਚਿਆਂ ਨੂੰ ਵਧੀਆ ਜੀਵਨ ਮੁਹੱਈਆ ਕਰਵਾਉਣ ਲਈ ਕਈ ਤਰ੍ਹਾਂ ਦੇ ਦਾਅਵੇ ਕੀਤੇ ਜਾਂਦੇ ਹਨ ਪਰ ਸਰਕਾਰ ਦੇ ਦਾਅਵੇ ਇਨ੍ਹਾਂ ਭੀਖ ਮੰਗਣ ਵਾਲੇ ਬੱਚਿਆਂ ਦੀ ਹਾਲਤ ਦੇਖ ਕੇ ਫੇਲ੍ਹ ਸਾਬਤ ਹੁੰਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਸਰਕਾਰ ਨੂੰ ਚਾਹੀਦਾ ਕਿ ਉਹ ਇਨ੍ਹਾਂ ਬੱਚਿਆਂ ਦੇ ਰਹਿਣ ਅਤੇ ਪੜ੍ਹਾਈ ਲਈ ਖਾਸ ਪ੍ਰਬੰਧ ਕਰਨ ਦੇ ਨਾਲ-ਨਾਲ ਇਨ੍ਹਾਂ ਦੇ ਮਾਪਿਆਂ ਖਿਲਾਫ ਸਖਤ ਕਾਰਵਾਈ ਕਰੇ ਤਾਂ ਜੋ ਮਾਪੇ ਆਪਣੇ ਬੱਚਿਆਂ ਨੂੰ ਭੀਖ ਮੰਗਣ ਲਈ ਮਜਬੂਰ ਨਾ ਕਰਨ।

# ਮਾਨ ਸਰਕਾਰ ਸਿਆਸੀ ਸਰਪ੍ਰਸਤੀ ਹੇਠ ਚੱਲ ਰਹੇ ਨਕਲੀ ਸ਼ਰਾਬ ਮਾਫੀਆ ਨੂੰ ਰੋਕਣ 'ਚ ਬੁਰੀ ਤਰ੍ਹਾਂ ਅਸਫਲ: ਕੈਂਥ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਜੀਠਾ ਖੇਤਰ ਵਿੱਚ ਮੀਥੇਨੌਲ ਤੋਂ ਬਣੀ ਜ਼ਹਿਰੀਲੀ ਸ਼ਰਾਬ ਕਾਰਨ ਮਰਨ ਵਾਲੇ 27 ਲੋਕਾਂ ਵਿੱਚੋਂ 16 ਅਨੁਸੂਚਿਤ ਜਾਤੀ ਭਾਈਚਾਰੇ ਨਾਲ ਸਬੰਧਤ ਸਨ।ਭਗਵੰਤ ਮਾਨ ਸਰਕਾਰ ਵੱਲੋਂ ਇਨ੍ਹਾਂ ਤੱਥਾਂ ਨੂੰ ਛੁਪਾਉਣ ਦੀ ਜਾਣਬੁੱਝ ਕੇ ਕੀਤੀ ਗਈ ਕੋਸ਼ਿਸ਼ ਨੂੰ ਅਸਫਲ ਕਰਨ ਲਈ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚੇ ਦੇ ਆਗੂਆਂ ਦੇ ਇੱਕ ਵਫ਼ਦ ਨੇ ਪ੍ਰਭਾਵਿਤ ਪਰਿਵਾਰਾਂ ਦੇ ਪਿੰਡਾਂ ਦਾ ਦੌਰਾ ਕੀਤਾ।ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਸੂਬਾਈ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਵੱਲੋਂ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਵਿੱਚ ਦਾਇਰ ਪਟੀਸ਼ਨ ਤੇ ਕਾਰਵਾਈ ਕਰਦਿਆਂ ਅਨੁਸੂਚਿਤ ਜਾਤੀ ਕਮਿਸ਼ਨ ਨੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ 20 ਜੂਨ ਤੱਕ ਦਿੱਲੀ ਸਥਿਤ ਆਪਣੇ ਮੁੱਖ ਦਫ਼ਤਰ ਵਿੱਚ ਲਿਖਤੀ ਜਵਾਬ ਦਾਇਰ ਕਰਨ ਦੇ ਹੁਕਮ ਦਿੱਤੇ ਹਨ।



ਭਾਜਪਾ ਆਗੂ ਪਰਮਜੀਤ ਸਿੰਘ ਕੈਂਥ ਨੇ ਕਿਹਾ ਕਿ ਮਈ ਮਹੀਨੇ ਵਿੱਚ ਅੰਮ੍ਰਿਤਸਰ ਜ਼ਿਲ੍ਹੇ ਦੇ ਸਰਹੱਦੀ ਇਲਾਕਿਆਂ ਵਿੱਚ ਮੀਥੇਨੌਲ ਤੋਂ ਬਣੀ ਜ਼ਹਿਰੀਲੀ ਸ਼ਰਾਬ ਕਾਰਨ 27 ਤੋਂ ਵੱਧ ਲੋਕਾਂ ਦੀਆਂ ਮੌਤਾਂ ਨੂੰ ਗੰਭੀਰਤਾ ਨਾਲ ਲੈਂਦੇ ਹੋਏ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਨੇ ਜ਼ਹਿਰੀਲੀ ਸ਼ਰਾਬ ਦੇ ਪੀੜਤਾਂ ਨੂੰ ਇਨਸਾਫ਼ ਦਿਵਾਉਣ ਲਈ ਰਾਸ਼ਟਰੀ ਅਨੁਸੂਚਿਤ ਜਾਤੀ ਕਮਿਸ਼ਨ ਅੱਗੇ ਜ਼ੋਰਦਾਰ ਆਵਾਜ਼ ਉਠਾਈ ਸੀ ਅਤੇ ਪੀੜਤ ਪਰਿਵਾਰ ਨੂੰ ਮਿਲਿਆ ਸੀ ਅਤੇ ਉਨ੍ਹਾਂ ਨੂੰ ਇਨਸਾਫ਼ ਦਾ ਭਰੋਸਾ ਦਿੱਤਾ ਸੀ।

ਸ. ਕੈਂਥ ਨੇ ਕਿਹਾ ਕਿ ਕਮਿਸ਼ਨ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 338 ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਮਾਮਲੇ ਦੀ ਜਾਂਚ ਕਰਨ ਦਾ ਫੈਸਲਾ ਕੀਤਾ ਹੈ।ਦਲਿਤ ਆਗੂ ਕੈਂਥ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਨੇ ਜ਼ਹਿਰੀਲੀ ਸ਼ਰਾਬ ਮਾਫੀਆ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਨਾ ਕਰਨ ਲਈ ਪੰਜਾਬ ਸਰਕਾਰ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਸਰਕਾਰ ਸ਼ਰਾਬ ਮਾਫੀਆ ਦਾ ਪਰਦਾਫਾਸ਼ ਕਰਨ ਵਿੱਚ ਬੁਰੀ ਤਰ੍ਹਾਂ ਅਸਫਲ ਰਹੀ ਹੈ।

ਰਾਜਨੀਤਿਕ ਦਬਾਅ ਕਾਰਨ, ਸਿਵਲ ਅਤੇ ਪੁਲਸ ਪ੍ਰਸ਼ਾਸਨ ਅਨੁਸੂਚਿਤ ਜਾਤੀ ਭਾਈਚਾਰੇ ਦੀਆਂ ਮੌਤਾਂ ਦੀ ਗਿਣਤੀ ਦਾ ਖੁਲਾਸਾ ਨਹੀਂ ਕਰਨਾ ਚਾਹੁੰਦਾ ਸੀ।ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ 1989 ਦੇ ਅੱਤਿਆਚਾਰ ਰੋਕਥਾਮ ਐਕਟ ਅਧੀਨ ਉਨ੍ਹਾਂ ਵਿਰੁੱਧ ਕੇਸ ਦਰਜ ਹੋਣ ਤੋਂ ਬਾਅਦ ਵੀ ਮੁਆਵਜ਼ਾ ਰਾਸ਼ੀ ਜਾਰੀ ਨਹੀਂ ਕੀਤੀ, ਪਰ ਭਗਵੰਤ ਮਾਨ ਸਰਕਾਰ ਦੀ ਰਾਜਨੀਤਿਕ ਸਰਪ੍ਰਸਤੀ ਪ੍ਰਾਪਤ ਕਰਨ ਵਾਲੇ ਲੋਕਾਂ ਵਿਰੁੱਧ ਅਪਰਾਧਿਕ ਮਾਮਲੇ ਦਰਜ ਕਰਨ ਵਿੱਚ ਟਾਲ-ਮਟੋਲ ਅਤੇ ਉਦਾਸੀਨਤਾ ਦੀ ਨੀਤੀ ਦਰਸਾਉਂਦੀ ਹੈ ਕਿ ਸਰਕਾਰ ਦਲਿਤ ਵਿਰੋਧੀ ਹੈ।ਮਾਨ ਸਰਕਾਰ ਇਨ੍ਹਾਂ ਤੱਥਾਂ ਨੂੰ ਲੁਕਾਉਣਾ ਚਾਹੁੰਦੀ ਹੈ।ਭਾਰਤੀ ਜਨਤਾ ਪਾਰਟੀ ਸਰਕਾਰ ਦੇ ਅਜਿਹੇ ਇਰਾਦਿਆਂ ਨੂੰ ਸਫਲ ਨਹੀਂ ਹੋਣ ਦੇਵੇਗੀ।

# ਸੰਤ ਬਾਬਾ ਸੱਜਣ ਸਿੰਘ ਨੇ ਕਵੀਸ਼ਰ ਦਲਬੀਰ ਸਿੰਘ ਮਹਿਮੇ ਚੱਕ ਦਾ ਹਾਲ-ਚਾਲ ਜਾਣਿਆ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਬਾਬਾ ਸੱਜਣ ਸਿੰਘ ਆਪਣੀ ਇੰਗਲੈਂਡ ਫੇਰੀ ਦੌਰਾਨ ਕਵੀ ਰਾਜ ਕਵੀਸ਼ਰ ਜੋਗਾ ਸਿੰਘ ਜੋਗੀ ਦੇ ਜਥੇ ਨਾਲ ਸੇਵਾ ਕਰਦੇ ਰਹੇ ਲਾ ਮਿਸਾਲ ਕਵੀਸ਼ਰੀ ਗਵੱਈਏ ਅਤੇ ਲਿਖਾਰੀ ਦਲਬੀਰ ਸਿੰਘ ਮਹਿਮੇਚੱਕ ਜਿਨ੍ਹਾਂ ਦੀ ਸਿਹਤ ਅੱਜਕੱਲ ਕੁਝ ਢਿੱਲੀ ਹੈ ਅਤੇ ਉਹ ਯੂਕੇ ਦੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਹਨ, ਕੋਲ ਪਹੁੰਚੇ ਅਤੇ ਦਲਬੀਰ ਸਿੰਘ ਮਹਿਮੇ ਚੱਕ ਦੇ ਜਲਦੀ ਸਿਹਤਯਾਬ ਹੋਣ ਦੀ ਕਾਮਨਾ ਕੀਤੀ। ਵਰਣਨਯੋਗ ਹੈ ਕਿ ਪਿਛਲੇ ਸਮੇਂ ਤੋਂ ਦਲਬੀਰ ਸਿੰਘ ਮਹਿਮੇ ਚੱਕ ਜ਼ੇਰੇ ਇਲਾਜ ਹਨ। ਸਾਰੇ ਹੀ ਕਵੀਸ਼ਰ ਅਤੇ ਕਵੀਸ਼ਰੀ ਚਹੇਤੇ ਇਨ੍ਹਾਂ ਦੀ ਸਿਹਤਯਾਬੀ ਲਈ ਅਰਦਾਸਾਂ ਕਰਦੇ ਹਨ ਸੰਤ ਬਾਬਾ ਸੱਜਣ ਸਿੰਘ ਨੇ ਕਿਹਾ ਕਿ ਬੜਾ ਲੰਮਾ ਸਮਾਂ ਕਵੀਸ਼ਰ ਜਥਾ ਜੋਗਾ ਸਿੰਘ ਜੋਗੀ ਦੇ ਨਾਲ ਦਲਬੀਰ ਸਿੰਘ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਵਿਖੇ ਹੋਲਾ ਮਹੱਲਾ ਦੀਵਾਨਾਂ 'ਚ ਹਾਜ਼ਰੀ ਭਰਦੇ ਰਹੇ ਹਨ। ਪਰਮਾਤਮਾ ਇਸ ਸਿੰਘ ਨੂੰ ਜਲਦੀ ਤੰਦਰੁਸਤੀ ਬਖਸ਼ਣ।



# ਸਰਕਾਰੀ ਆਈ. ਟੀ. ਆਈ. ਗੁਰਦਾਸਪੁਰ 'ਚ ਸਿਖਿਆਰਥੀਆਂ ਦੇ ਸਕਿੱਲ ਮੁਕਾਬਲੇ ਕਰਵਾਏ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਤੇ ਤਕਨੀਕੀ ਸਿੱਖਿਆ ਵਿਭਾਗ ਦੇ ਹੁਕਮਾਂ ਤਹਿਤ ਪਵਨ ਕੁਮਾਰ ਆਈ. ਟੀ. ਆਈ. ਸਰਕਾਰੀ ਗੁਰਦਾਸਪੁਰ ਵਿਖੇ ਸਕਿੱਲ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਜ਼ਿਲ੍ਹਾ ਗੁਰਦਾਸਪੁਰ, ਪਠਾਨਕੋਟ ਅਤੇ ਫਤਿਹਗੜ੍ਹ ਚੂੜੀਆਂ ਦੀਆਂ ਸਾਰੀਆਂ ਸਰਕਾਰੀ ਆਈ. ਟੀ. ਆਈ. ਦੀਆਂ ਟਰੇਡਾਂ ਦੇ ਸਿਖਿਆਰਥੀਆਂ ਨੇ ਭਾਗ ਲਿਆ। ਸਰਕਾਰੀ ਨੋਡਲ ਆਈ. ਟੀ. ਆਈ. ਦੇ ਪ੍ਰਿੰ. ਇੰਜੀਨੀਅਰ ਸੰਦੀਪ ਸਿੰਘ ਬੈਂਸ ਨੇ ਦੱਸਿਆ ਕਿ ਪਵਨ ਕੁਮਾਰ ਸਰਕਾਰੀ ਆਈ. ਟੀ. ਆਈ. ਗੁਰਦਾਸਪੁਰ ਨੇ ਟਰੇਡ ਪਲੰਬਰ, ਫਿਟਰ, ਵੁੱਡਵਰਕ, ਡੀਜ਼ਲ ਮਕੈਨਿਕ, ਟਰਨਰ, ਮਸ਼ੀਨਿਸ਼ਟ ਅਤੇ ਮੋਟਰ ਮਕੈਨਿਕ ਟਰੇਡਾਂ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਆਰ. ਏ. ਸੀ. ਵਿੱਚ ਸਰਕਾਰੀ ਆਈ. ਟੀ. ਆਈ. ਨਿਆਗੀ, ਸਰਕਾਰੀ ਆਈ. ਟੀ. ਆਈ. ਇਸਤਰੀਆਂ ਗੁਰਦਾਸਪੁਰ ਨੇ ਕੰਪਿਊਟਰ ਹਾਰਡਵੇਅਰ ਵਿਚ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸਾਫਟਵੇਅਰ ਤੇ ਫੂਡ ਬੈਵਰੇਜ ਟਰੇਡ ਵਿੱਚ ਸਰਕਾਰੀ ਆਈ. ਟੀ. ਆਈ. ਪਠਾਨਕੋਟ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਓਵਰਆਲ ਪਵਨ ਕੁਮਾਰ ਸਰਕਾਰੀ ਆਈ. ਟੀ. ਆਈ. ਗੁਰਦਾਸਪੁਰ ਨੇ ਪਹਿਲਾ ਸਥਾਨ, ਸਰਕਾਰੀ ਆਈ. ਟੀ. ਆਈ. ਪਠਾਨਕੋਟ ਨੇ ਦੂਜਾ ਸਥਾਨ ਅਤੇ ਸਰਕਾਰੀ ਆਈ. ਟੀ. ਆਈ. ਫਤਿਹਗੜ੍ਹ ਚੂੜੀਆਂ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਟੀ. ਓ. ਕੰਵਰ ਨੌਨਿਹਾਲ ਸਿੰਘ ਅਤੇ ਪ੍ਰਿੰ. ਸੰਦੀਪ ਸਿੰਘ ਵੱਲੋਂ



ਬਾਹਰੋਂ ਆਏ ਸਰਕਾਰੀ ਆਈ. ਟੀ. ਆਈ. ਦੇ ਪ੍ਰਿੰਸੀਪਲਾਂ, ਟਾਟਾ ਏਜੰਸੀ ਦੇ ਚੇਅਰਮੈਨ ਜਸਬੀਰ ਸਿੰਘ ਅਤੇ ਮਹਿੰਦਰਾ ਏਜੰਸੀ ਦੇ ਚੇਅਰਮੈਨ ਗਗਨਦੀਪ ਸਿੰਘ ਦਾ ਧੰਨਵਾਦ ਕੀਤਾ ਤੇ ਸਿਖਿਆਰਥੀਆਂ ਨੂੰ ਪੂਰੀ ਲਗਨ ਤੇ ਮਿਹਨਤ ਨਾਲ ਕੋਰਸਾਂ ਨੂੰ ਮੁਕੰਮਲ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰ. ਸਤਵੰਤ ਸਿੰਘ ਬੇਦੀ ਸਰਕਾਰੀ ਆਈ. ਟੀ. ਆਈ. ਬਟਾਲਾ, ਸਰਕਾਰੀ ਆਈ. ਟੀ. ਆਈ. ਕਲਾਨੌਰ ਪ੍ਰਿੰ. ਨੀਰਜ ਧਵਨ ਤੇ ਸਰਕਾਰੀ ਆਈ. ਟੀ. ਆਈ. ਫਤਿਹਗੜ੍ਹ ਚੂੜੀਆਂ ਦੇ ਪ੍ਰਿੰ. ਮਨੀਸ਼ ਗਾਂਧੀ, ਟੀ. ਓ. ਬਲਵੰਤ ਸਿੰਘ, ਮਨਜੀਤ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਜੱਜ ਦੀ ਭੂਮਿਕਾ ਇੰਜੀਨੀਅਰ ਸੰਦੀਪ ਸਿੰਘ ਬੈਂਸ ਤੇ ਸਰਕਾਰੀ ਆਈ. ਟੀ. ਆਈ. ਇਸਤਰੀਆਂ ਪ੍ਰਿੰ. ਦਵਿੰਦਰ ਰਾਣਾ, ਟਰੇਨਿੰਗ ਅਫਸਰ ਕੰਵਰ ਨੌਨਿਹਾਲ ਤੇ ਰਾਜਨ ਭਗਤ ਨੇ ਸਾਂਝੇ ਤੌਰ 'ਤੇ ਨਿਭਾਈ।

# ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਦਿੱਤੇ ਜਾਣ ਵਾਲੇ ਪੁਰਸਕਾਰਾਂ ਦਾ ਐਲਾਨ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਪੰਜਾਬੀ ਲੇਖਕਾਂ ਦੀ ਸਿਰਮੌਰ ਜਥੇਬੰਦੀ ਕੇਂਦਰੀ ਪੰਜਾਬੀ ਲੇਖਕ ਸਭਾ ਵੱਲੋਂ ਡੇਢ ਸਾਲਾ ਇਜਲਾਸ ਦੌਰਾਨ ਦਿੱਤੇ ਜਾਣ ਵਾਲੇ ਬਹੁ-ਵੱਕਾਰੀ ਪੁਰਸਕਾਰਾਂ ਦੇ ਨਾਵਾਂ ਦਾ ਐਲਾਨ ਕਰ ਦਿੱਤਾ ਗਿਆ ਹੈ।ਕੇਂਦਰੀ ਸਭਾ ਦੇ ਦਫਤਰ ਤੋਂ ਜਾਰੀ ਬਿਆਨ ਵਿਚ ਸਭਾ ਦੇ ਪ੍ਰਧਾਨ ਦਰਸ਼ਨ ਬੁੱਟਰ, ਜਨਰਲ ਸਕੱਤਰ ਸੁਸ਼ੀਲ ਦੁਸਾਂਝ, ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ ਅਤੇ ਦਫ਼ਤਰ ਸਕੱਤਰ ਦੀਪ ਦੇਵਿੰਦਰ ਸਿੰਘ ਨੇ ਦੱਸਿਆ ਕਿ ਸਭਾ ਵੱਲੋਂ ਦਿੱਤੇ ਜਾਣ ਵਾਲੇ ਗਿਆਨੀ ਹੀਰਾ ਸਿੰਘ ਯਾਦਗਾਰੀ ਜਥੇਬੰਦਕ ਪੁਰਸਕਾਰ ਲਈ ਕਰਮ ਸਿੰਘ ਵਕੀਲ, ਡਾ. ਰਵਿੰਦਰ ਰਵੀ ਆਲੋਚਨਾ ਪੁਰਸਕਾਰ ਲਈ ਡਾ. ਮਨਜਿੰਦਰ ਸਿੰਘ, ਡਾ. ਐੱਸ. ਤਰਸੇਮ ਸਾਹਿਤ ਸਾਧਨਾ ਪੁਰਸਕਾਰ ਲਈ ਬਲਬੀਰ ਪਰਵਾਨਾ ਅਤੇ ਹਰਭਜਨ ਸਿੰਘ ਹੁੰਦਲ ਕਾਵਿ ਪੁਰਸਕਾਰ ਲਈ ਗ਼ਜ਼ਲਗੋ ਜਸਵਿੰਦਰ ਦੇ ਨਾਵਾਂ 'ਤੇ ਸਹਿਮਤੀ ਬਣੀ ਹੈ।ਇਹ ਪੁਰਸਕਾਰ 20 ਜੁਲਾਈ ਨੂੰ ਅੰਮ੍ਰਿਤਸਰ ਵਿਖੇ ਹੋਣ ਵਾਲੇ ਇਜਲਾਸ ਮੌਕੇ ਕੇਂਦਰੀ ਸਭਾ ਦੇ ਅਹੁਦੇਦਾਰ, ਮੈਂਬਰ ਕਾਰਜਕਾਰਨੀ, ਪੰਜਾਬ ਅਤੇ ਪੰਜਾਬੋਂ ਬਾਹਰਲੀਆਂ ਸਾਹਿਤ ਸਭਾਵਾਂ ਅਤੇ ਸਾਹਿਤਕਾਰਾਂ ਦੀ ਭਰਵੀਂ ਹਾਜ਼ਰੀ ਵਿਚ ਦਿੱਤੇ ਜਾਣਗੇ।

# ਮੱਕੀ ਦੀ ਫ਼ਸਲ ਉੱਪਰ ਕੀੜਿਆਂ ਦੀ ਰੋਕਥਾਮ ਲਈ ਨਿਰੰਤਰ ਨਿਰੀਖਣ ਦੀ ਲੋੜ : ਮੁੱਖ ਖੇਤੀਬਾੜੀ ਅਫ਼ਸਰ

ਧਾਰੀਵਾਲ/ ਕਾਹਨੂੰਵਾਨ (ਮਨਦੀਪ ਸਿੰਘ ਵਿੱਕੀ)-ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ ਝੋਨੇ ਹੇਠੋਂ ਰਕਬਾ ਕੱਢ ਕੇ ਮੱਕੀ ਹੇਠ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ 2000 ਹੈਕ. ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਵਾਈ ਜਾ ਰਹੀ।ਵੱਖ-ਵੱਖ ਬਲਾਕਾਂ ਵਿਚ ਬਿਜਾਈ ਗਈ ਮੱਕੀ ਦਾ ਜਾਇਜ਼ਾ ਲੈਣ ਲਈ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰੀਕ ਸਿੰਘ ਵੱਲੋਂ ਬਲਾਕ ਧਾਰੀਵਾਲ ਅਤੇ ਕਾਹਨੂੰਵਾਨ ਦਾ ਦੌਰਾ ਕੀਤਾ ਅਤੇ ਖੇਤਾਂ ਵਿਚ ਜਾ ਕੇ ਮੱਕੀ ਦੀ ਫ਼ਸਲ ਦਾ ਕੀੜਿਆਂ ਦੇ ਹਮਲੇ ਦਾ ਜਾਇਜ਼ਾ ਲਿਆ।ਪਿੰਡ ਕਲੇਰ ਖੁਰਦ ਵਿਚ ਉਦਮੀ ਕਿਸਾਨ ਹਰਭਜਨ ਸਿੰਘ ਵੱਲੋਂ ਇੱਕ ਏਕੜ ਰਕਬੇ ਵਿੱਚ ਬਿਜਾਈ ਕੀਤੀ ਮੱਕੀ ਦੀ ਫ਼ਸਲ ਵਾਲੇ ਖੇਤਾਂ ਵਿਚ ਗੱਲਬਾਤ ਕਰਦਿਆਂ ਡਾਕਟਰ ਅਮਰੀਕ ਸਿੰਘ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੋਨੇ ਦੀ ਕਾਸ਼ਤ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ ਜਿਸ ਕਾਰਨ ਭਵਿੱਖ ਵਿੱਚ ਖੇਤੀ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ ।ਉਨ੍ਹਾਂ ਦੱਸਿਆ ਕਿ ਭਵਿੱਖ ਦੀ ਖੇਤੀ ਨੂੰ ਟਿਕਾਊ ਬਣਾਉਣ ਅਤੇ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ 2000 ਹੈਕ.ਰਕਬਾ ਝੋਨੇ ਦੀ ਖੇਤੀ ਹੇਠੋਂ ਕੱਢ ਕੇ ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ ।ਉਨ੍ਹਾਂ ਦੱਸਿਆ ਕਿ ਅਜੋਕੇ ਸਮੇਂ ਵਿੱਚ ਮੱਕੀ ਦੀ ਫਸਲ ਉੱਪਰ ਫਾਲ ਆਰਮੀ ਵਰਮ ਨਾਮਕ ਕੀੜੇ ਦਾ ਹਮਲਾ ਦੇਖਿਆ ਗਿਆ ਹੈ,ਜਿਸ ਦੀ ਰੋਕਥਾਮ ਲਈ ਕਿਸਾਨਾਂ ਨੂੰ ਰੋਕਥਾਮ ਤਕਨੀਕਾਂ ਤੋਂ ਜਾਣੂ ਹੋਣਾ ਬਹੁਤ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਇਸ ਕੀੜੇ ਦੀ ਸੁੰਡੀ ਦੀ ਪਹਿਚਾਣ ਪਿਛਲੇ ਸਿਰੇ ਵੱਲ ਚਾਰ ਵਰਗ ਬਣਾਉਂਦੇ ਬਿੰਦੂਆਂ ਅਤੇ ਸਿਰ ਉਪਰ ਚਿੱਟੇ ਰੰਗ ਦੇ ਅੰਗ੍ਰੇਜ਼ੀ ਦੇ ਵਾਈ ਅੱਖਰ ਦੇ ਉਲਟੇ ਨਿਸ਼ਾਨ ਤੋਂ ਹੁੰਦੀ ਹੈ।ਉਨ੍ਹਾਂ ਕਿਹਾ ਕਿ ਇਸ ਕੀੜੇ ਦੇ ਹਮਲੇ ਤੋਂ ਮੱਕੀ ਦੀ ਫਸਲ ਨੂੰ ਬਚਾਉਣ ਲਈ ਮੱਕੀ ਦੀ ਫਸਲ ਦਾ ਨਿਰੰਤਰ ਨਿਰੀਖਣ ਕਰਦੇ ਰਹਿਣਾ ਚਾਹੀਦਾ ਹੈ। ਡਾਕਟਰ ਰਸ਼ਪਾਲ ਸਿੰਘ ਨੇ ਦੱਸਿਆ ਕਿ ਇਸ ਵਾਰ ਪੰਜਾਬ ਸਰਕਾਰ ਵੱਲੋਂ ਮੱਕੀ ਦੀ ਖਰੀਦ ਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਮੱਕੀ ਦੀ ਖਰੀਦ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਮੱਕੀ ਦੀ ਖਰੀਦ ਘੱਟੋ ਘੱਟ ਸਮਰਥਨ ਮੁੱਲ 'ਤੇ ਕਰਨ ਨੂੰ ਯਕੀਨੀ ਬਣਾਏਗੀ।



# ਦਿੱਲੀ ਪੁੱਜੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਦਾ ਵਿਸ਼ੇਸ਼ ਸਨਮਾਨ

## * ਸਿੱਖ ਦਾ ਮੂੰਹ ਸ੍ਰੀ ਗੁਰੂ ਗ੍ਰੰਥ ਸਾਹਿਬ ਤੇ ਪੰਥ ਵੱਲ ਹੋਣਾ ਚਾਹੀਦਾ : ਜਥੇਦਾਰ ਗੜਗੱਜ

**ਨਵੀਂ ਦਿੱਲੀ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਦਿੱਲੀ ਦੀ ਸੰਗਤ ਨੂੰ ਇਮਾਨ ਬਰਕਰਾਰ ਰੱਖਣ ਦਾ ਸੱਦਾ ਦਿੱਤਾ ਹੈ।ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਿਰਜਨਾ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮੋਤੀ ਨਗਰ ਵਿਖੇ ਹੋਏ ਵਿਸ਼ੇਸ਼ ਗੁਰਮਤਿ ਸਮਾਗਮ ਦੌਰਾਨ ਇਤਿਹਾਸਕ ਵਿਚਾਰਾਂ ਕਰਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਅੱਜ ਪੰਥ ਨੂੰ ਇਕਜੁੱਟ ਹੋਣ ਦੀ ਲੋੜ ਹੈ।

ਵਿਪਰੀਤ ਹਾਲਾਤ 'ਚ ਵੀ ਸਿਦਕ ਵਾਲਿਆਂ ਨੂੰ ਸਿਦਕ ਨਹੀਂ ਛੱਡਣਾ ਚਾਹੀਦਾ।ਖੁਦਗਰਜ਼ੀ ਛੱਡ ਕੇ ਸਿੱਖ ਦਾ ਮੂੰਹ ਗੁਰੂ ਗ੍ਰੰਥ ਤੇ ਗੁਰੂ ਪੰਥ ਵੱਲ ਹੋਣਾ ਚਾਹੀਦਾ ਹੈ।ਸਿੱਖ ਜਰਨੈਲਾਂ ਨੇ 1783 ਦੀ ਦਿੱਲੀ ਫਤਿਹ ਤੋਂ ਬਾਅਦ ਦਿੱਲੀ ਦੇ ਇਤਿਹਾਸਕ ਗੁਰਦੁਆਰੇ ਤਾਮੀਲ ਕਰਵਾਏ ਸੀ।ਇਸ ਲਈ ਗੁਰਦਵਾਰਿਆਂ ਦੀ ਮਾਣ ਮਰਿਆਦਾ ਕਾਇਮ ਰਹਿਣੀ ਚਾਹੀਦੀ ਹੈ।ਅੱਜ ਦਿੱਲੀ ਦੇ ਸਿੱਖ ਨੌਜਵਾਨਾਂ 'ਚ ਟੋਪੀ ਪਾਉਣ ਤੇ ਹੁੱਕਾਂ ਪੀਣ ਦੀਆਂ ਅਲਾਮਤਾਂ ਪਾਈਆਂ ਜਾ ਰਹੀਆਂ ਹਨ ਜਦਕਿ ਸਾਨੂੰ ਧਰਮ ਦੀ ਗੁੜ੍ਹਤੀ ਲੈਣ ਦੀ ਲੋੜ ਸੀ।ਜਥੇਦਾਰ ਨੇ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਾਰੇ ਸਥਾਨਕ ਗੁਰਦੁਆਰਿਆਂ ਨੂੰ ਧਰਮ ਪ੍ਰਚਾਰ ਕਰਕੇ ਨੌਜਵਾਨੀ ਨੂੰ ਵਾਪਸ ਸਿੱਖੀ 'ਚ ਲਿਆਉਣ ਦੀ ਆਪਣੀ ਜ਼ਿੰਮੇਵਾਰੀ



ਨਿਭਾਉਣੀ ਚਾਹੀਦੀ ਹੈ।ਹਾਲਾਂਕਿ ਦਿੱਲੀ 'ਤੇ ਰਾਜ ਕਰ ਰਹੇ ਹਾਕਮ ਸਾਡੇ ਬੰਦੀ ਸਿੰਘਾਂ ਨੂੰ ਛੱਡ ਨਹੀਂ ਰਹੇ।ਜਦੋਂ ਕਦੇ ਵੀ ਬੰਦੀ ਸਿੰਘਾਂ ਦੀ ਰਿਹਾਈ ਲਈ ਮਾਹੌਲ ਬਣਨ ਲੱਗਦਾ ਹੈ, ਤਾਂ ਸਾਡੇ ਆਪਣੇ ਹੀ ਵਿਰੋਧ ਕਰਨ ਲੱਗ ਜਾਂਦੇ ਹਨ ਕਿਉਂਕਿ ਸਾਡੇ ਘਰ ਫੁੱਟ ਪਈ ਹੋਈ ਹੈ।ਦਿੱਲੀ ਦਾ ਸਿੱਖ ਪਹਿਲਾਂ ਇਕਜੁੱਟ ਹੁੰਦਾ ਸੀ, ਪਰ ਹੁਣ ਧੜਿਆਂ ਵਿੱਚ ਵੰਡਿਆ ਹੋਇਆ ਹੈਂ।ਬੀਤੇ ਹਫਤੇ ਰੋਹਿਣੀ 'ਚ ਇੱਕ ਸਿੱਖ ਨਾਲ ਥਾਣੇ 'ਚ ਅਣਮਨੁੱਖੀ ਕਾਰਾ ਕੀਤਾ ਗਿਆ ਪਰ ਦਿੱਲੀ ਦੇ ਧੜਿਆਂ 'ਚ ਵੰਡੇ ਹੋਏ ਸਿੱਖਾਂ ਦਾ ਇਸ ਮਾਮਲੇ 'ਚ ਰੋਸ ਨਜ਼ਰ ਨਹੀਂ ਆਇਆ। ਇਸ ਮੌਕੇ ਗੁਰਦੁਆਰਾ ਕਮੇਟੀ ਪ੍ਰਬੰਧਕਾਂ ਵੱਲੋਂ ਧਰਮ ਪ੍ਰਚਾਰ ਲਹਿਰ ਖੁਆਰ ਹੋਏ ਸਭ ਮਿਲੈਂਗੇ ਤਹਿਤ ਨੌਜਵਾਨੀ ਨੂੰ ਮੁੜ ਵਾਪਸ ਪੰਥਕ ਲੀਹਾਂ 'ਤੇ ਲਿਆਉਣ ਦੀਆਂ ਉਸਾਰੂ ਕੋਸ਼ੀਸ਼ਾਂ ਕਰਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਕਾਰਜਕਾਰੀ ਜਥੇਦਾਰ ਨਿਯੁਕਤ ਹੋਣ ਤੋਂ ਬਾਅਦ ਪਹਿਲੀ ਵਾਰ ਦਿੱਲੀ ਪੁੱਜਣ ਉਤੇ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ, ਮੋਤੀ ਨਗਰ ਦੇ ਪ੍ਰਧਾਨ ਰਵਿੰਦਰ ਸਿੰਘ, ਕਾਰਜਕਾਰੀ ਜਨਰਲ ਸਕੱਤਰ ਜਤਿੰਦਰ ਸਿੰਘ ਸਾਹਨੀ ਤੇ ਗੁਰੂ ਨਾਨਕ ਪਬਲਿਕ ਸਕੂਲ, ਮੋਤੀ ਨਗਰ ਦੇ ਮੈਨੇਜਰ ਗੁਰਕੁੰਵਰ ਸਿੰਘ ਸਾਹਨੀ ਨੇ ਜਥੇਦਾਰ ਸਾਹਿਬ ਨੂੰ ਸਨਮਾਨ ਚਿੰਨ੍ਹ, ਸਿਰੀ ਸਾਹਿਬ ਤੇ ਦੁਸ਼ਾਲਾ ਦੇ ਕੇ ਸਨਮਾਨਿਤ ਕੀਤਾ।ਭਾਈ ਬੀਬਾ ਸਿੰਘ ਖਾਲਸਾ ਸਕੂਲ, ਮੋਤੀ ਨਗਰ ਦੇ ਮੈਨੇਜਰ ਡਾਕਟਰ ਪਰਮਿੰਦਰ ਪਾਲ ਸਿੰਘ ਨੇ ਇਸ ਮੌਕੇ ਸਟੇਜ ਸਕੱਤਰ ਦੀ ਸੇਵਾ ਨਿਭਾਈ।

# ਐੱਮਵੇ ਇੰਡੀਆ ਨੇ ਆਪਣੇ ਇਮਿਊਨਿਟੀ ਪੋਰਟਫੋਲੀਓ ਨੂੰ ਨਿਊਟ੍ਰੀਲਾਈਟ ਟ੍ਰਿਪਲ ਪ੍ਰੋਟੈਕਟ ਲਾਂਚ ਕਰਕੇ ਮਜ਼ਬੂਤ ਕੀਤਾ

ਅੰਮ੍ਰਿਤਸਰ : ਐੱਮਵੇ ਇੰਡੀਆ ਨੇ ਨਿਊਟ੍ਰੀਲਾਈਟ ਟ੍ਰਿਪਲ ਪ੍ਰੋਟੈਕਟ ਨਾਲ ਆਪਣੀ ਪੋਸ਼ਣ ਸ਼੍ਰੇਣੀ ਦੇ ਪ੍ਰਸਤਾਵ ਨੂੰ ਮਜ਼ਬੂਤ ਕੀਤਾ।ਇੱਕ ਵਿਗਿਆਨਕ ਰੂਪ ਨਾਲ ਫਾਰਮੂਲਾ ਯੁਕਤ ,ਪੌਦੇ-ਆਧਾਰਿਤ ਸਪਲੀਮੈਂਟ ਜਿਸਨੂੰ ਐਸਰੋਲਾ ਚੈਰੀ, ਹਲਦੀ ਅਤੇ ਮੁਲੱਠੀ ਦੀ ਕੁਦਰਤੀ ਤਾਕਤ ਨਾਲ ਭਰਪੂਰ ਕੀਤਾ ਗਿਆ ਹੈ।ਇਹ ਸ਼ਕਤੀਸ਼ਾਲੀ ਫਾਰਮੂਲੇਸ਼ਨ ਵਿੱਚ ਪੋਸ਼ਕ ਤੱਤ ਹਨ ਜੋ ਟ੍ਰਿਪਲ-ਐਕਸ਼ਨ ਦੇ ਫਾਇਦੇ ਦਿੰਦੇ ਹਨ-ਇਮਿਊਨਿਟੀ ਦਾ ਸਮਰਥਨ ਕਰਨਾ, ਸੋਜਸ਼ ਨੂੰ ਘਟਾਉਣਾ ਅਤੇ ਅੰਤੜੀਆਂ, ਚਮੜੀ ਅਤੇ ਇਮਿਊਨ ਸਿਹਤ ਲਈ ਮਜ਼ਬੂਤ ਐਂਟੀਆਕਸੀਡੈਂਟ ਸੁਰੱਖਿਆ ਪ੍ਰਦਾਨ ਕਰਨਾ।ਲਾਂਚ ਤੇ ਟਿੱਪਣੀ ਕਰਦਿਆਂ ਐੱਮਵੇ ਇੰਡੀਆ ਦੇ ਮੈਨੇਜਿੰਗ ਡਾਇਰੈਕਟਰ ਰਜਨੀਸ਼ ਚੋਪੜਾ ਨੇ ਕਿਹਾ ਕਿ ਜਿਵੇਂ ਕਿ ਮਾੜੇ ਪੋਸ਼ਣ ਦੇ ਕਾਰਨ ਅੱਧੇ ਤੋਂ ਵੱਧ ਦੇਸ਼ ਦੀ ਸਿਹਤ ਤੇ ਪ੍ਰਭਾਵ ਪੈਂਦਾ ਹੈ, ਸਮੁੱਚੀ ਤੰਦਰੁਸਤੀ ਲਈ ਸਾਫ਼, ਪੌਦਿਆਂ ਤੇ ਆਧਾਰਿਤ ਹੱਲਾਂ ਦੀ ਲੋੜ ਕਦੇ ਵੀ ਇਸ ਤੋਂ ਵੱਧ ਨਹੀਂ ਸੀ। ਅੱਜ ਦੇ ਖਪਤਕਾਰ ਸਿਹਤ ਨੂੰ ਪਹਿਲਾਂ ਨਾਲੋਂ ਜ਼ਿਆਦਾ ਤਰਜੀਹ ਦੇ ਰਹੇ ਹਨ, ਜਿਸ ਵਿੱਚ 52 ਫੀਸਦੀ ਰੈਂਕਿੰਗ ਨਾਲ ਸਪਲੀਮੈਂਟ ਵਿੱਚ ਇਮਿਊਨਿਟੀ ਨੂੰ ਸਭ ਤੋਂ ਵੱਡਾ ਲਾਭ ਮੰਨਿਆ ਜਾ ਰਿਹਾ ਹੈ ।

## ਸਕੂਲਾਂ ਦੀ ਰਜਿਸਟ੍ਰੇਸ਼ਨ ਕੀਤੀ ਲਾਜ਼ਮੀ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਸਰਕਾਰ ਵੱਲੋਂ ਪ੍ਰਾਈਵੇਟ ਸਕੂਲ/ਸੰਸਥਾਵਾਂ/ਪਲੇਅ-ਵੇਅ ਸਕੂਲ ਜੋ ਕਿ 'ਅਰਲੀ ਚਾਈਲਡ ਕੇਅਰ ਐਂਡ ਐਜੂਕੇਸ਼ਨ' ਦੇ ਖੇਤਰ ਵਿੱਚ ਕੰਮ ਕਰ ਰਹੀਆਂ ਹਨ, ਨੂੰ ਰਜਿਸਟਰ ਕਰਨ ਲਈ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਇਸ ਸੰਬੰਧੀ ਜ਼ਿਲ੍ਹਾ ਐੱਸ.ਏ.ਐੱਸ.ਨਗਰ ਅਧੀਨ 3-6 ਸਾਲ ਦੇ ਬੱਚਿਆਂ ਲਈ ਈ.ਸੀ.ਸੀ.ਈ ਖੇਤਰ ਵਿੱਚ ਕੰਮ ਕਰ ਰਹੀਆਂ ਸੰਸਥਾਵਾਂ ਦੀ ਵਿਭਾਗ ਵੱਲੋਂ ਰਜਿਸਟ੍ਰੇਸ਼ਨ ਸ਼ੁਰੂ ਕੀਤੀ ਗਈ ਹੈ ਅਤੇ ਰਜਿਸਟ੍ਰੇਸ਼ਨ ਲਾਜ਼ਮੀ ਬਣਾਉਣ ਲਈ ਤੁਰੰਤ ਦਫ਼ਤਰ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਐੱਸ.ਏ.ਐੱਸ.ਨਗਰ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸੈਕਟਰ-76 ਮੋਹਾਲੀ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।ਜ਼ਿਲ੍ਹੇ ਅਧੀਨ ਚੱਲ ਰਹੇ ਪਲੇਅ-ਵੇਅ ਸਕੂਲਾਂ ਲਈ ਰਜਿਸਟ੍ਰੇਸ਼ਨ ਕਰਵਾਉਣਾ ਲਾਜ਼ਮੀ ਹੈ।


## ਉੱਤਰ ਰੇਲਵੇ

### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉੱਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵੱਲੋਂ ਟੈਂਡਰ ਨੰ. **433-ਸਿਗ/ਟੀ-08/25-26** ਈ ਟੈਂਡਰਿੰਗ ਦੇ ਮਾਧਿਅਮ ਨਾਲ ਮਿਤੀ **09.07.2025** ਨੂੰ **12:30** ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ। ਐਨ.ਆਈ.ਟੀ

| ਕੰਮ ਦਾ ਨਾਮ | ਫਿਰੋਜ਼ਪੁਰ ਡਵੀਜਨ ਵਿਚ ਤਿੰਨ (03) ਸਾਲਾਂ ਦੇ ਲਈ 5 ਵਾਟ ਅਤੇ 25 ਵਾਟ ਵਾਕੀ ਟਾਕੀ ਸੈਟਾਂ ਦੀ ਸਲਾਨਾ ਮੁਰੰਮਤ ਨਾਲ ਸਬੰਧਿਤ ਕਾਂਟਰੈਕਟ (ਏਆਰਸੀ)। | | |
|---|---|---|---|
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | 09.07.2025 12:30 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 17.06.2025 15:52 |
| ਅੰਦਾਜਨ ਲਾਗਤ | ₹ 3427995.00 | ਬਿਡਿੰਗ ਸ਼ੁਰੂ ਦੀ ਮਿਤੀ (ਆਈਆਰਈਪੀਐਸ) | 25.06.2025 |
| ਬਿਆਨਾ ਰਾਸ਼ੀ | ₹ 68600.00 | ਕੰਮ ਪੂਰਾ ਕਰਨ ਦਾ ਸਮਾਂ | 36 ਮਹੀਨੇ |

ਨਿਵਿਦਾ ਸੂਚਨਾ ਨੰ. 433-ਸਿਗ- ਟੀ-08-25-26 ਮਿਤੀ- 18.06.2025    1822/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



## Capital Small Finance Bank Ltd.

HO:- MIDAS Corporate Park, 3rd Floor, 37, G.T. Road, Jalandhar-144001, Punjab, India

### ਕਬਜ਼ਾ ਨੋਟਿਸ (ਅਚੱਲ ਜਾਇਦਾਦ ਲਈ)

ਜਦੋਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ (ਐਕਟ, 2002 (54 ਆਫ 2002) ਅਤੇ ਸਕਿਊਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 18.03.2025 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਤਰਲੋਚਨ ਸਿੰਘ ਉਰਫ ਤਰਲੋਚਨ ਸਿੰਘ ਸੋਹਲ ਪੁੱਤਰ ਸਰਵਣ ਸਿੰਘ, ਵਾਸੀ 540/ਪਾਰਟ 2, ਪਿੰਡ ਅੱਟਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ 2. ਸ੍ਰੀਮਤੀ ਚਰਨਜੀਤ ਕੌਰ ਸੋਹਲ ਪਤਨੀ ਸ੍ਰੀ ਤਰਲੋਚਨ ਸਿੰਘ, ਵਾਸੀ 540/ਬੀ, ਅੱਟਾ ਪਾਰਟ 2, ਪਿੰਡ ਅੱਟਾ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) 3. ਸ੍ਰੀ ਚਰਨਜੀਤ ਸਿੰਘ ਉਰਫ ਚਰਨਜੀਤ ਸਿੰਘ ਪੂਨੀਆਂ ਪੁੱਤਰ ਸ੍ਰੀ ਸੰਤੋਖ ਸਿੰਘ, ਵਾਸੀ ਪਿੰਡ ਦੋਸਾਂਝ ਖੁਰਦ, ਡਾਕਖਾਨਾ ਮੁਠੱਡਾ ਕਲਾਂ, ਜਲੰਧਰ 4. ਸ੍ਰੀ ਸਤਵਿੰਦਰ ਸਿੰਘ ਪੁੱਤਰ ਸ੍ਰੀ ਸਰਵਣ ਸਿੰਘ, ਵਾਸੀ ਅੱਟਾ, ਗੋਰਾਇਆ, ਜਲੰਧਰ, ਪੰਜਾਬ-144409 (ਇਸ ਤੋਂ ਬਾਅਦ ਗਰੰਟਰਾਂ ਵਜੋਂ ਹਵਾਲਾ) ਤੋਂ ਐੱਲ ਏ ਪੀ/026602000018 'ਚ ਰੁ. 4,59,206.33, ਓ ਡੀ/026400000061 'ਚ ਰੁ. 1,40,950.20 ਅਤੇ ਡਬਲਯੂ ਸੀ ਟੀ ਐੱਲ/026612000074 'ਚ ਰੁ. 3,39,586.75 ਬਕਾਇਆ ਰਕਮ ਦਰਸਾਏ ਨੋਟਿਸ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ।

ਉਪਲੱਬਧ ਸਮੇਂ 'ਚ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਲ ਏ ਪੀ/026602000018 'ਚ ਰੁ. 4,59,206.33, ਓ ਡੀ/026400000061 'ਚ ਰੁ. 1,40,950.20 ਅਤੇ ਡਬਲਯੂ ਸੀ ਟੀ ਐੱਲ/026612000074 'ਚ ਰੁ. 3,39,586.75 ਮਿਤੀ 01.03.2025 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

### ਅਚੱਲ ਜਾਇਦਾਦ ਦਾ ਵੇਰਵਾ

ਅਚੱਲ ਜਾਇਦਾਦ ਦਾ ਉਚਿਤ ਰਹਿਣਨਾਮਾ : ਜਾਇਦਾਦ ਰਕਬਾ 206 ਮਰਲੇ, ਪਿੰਡ ਭੱਟੀਆਂ, ਤਹਿਸੀਲ ਫਿਲੌਰ, ਜ਼ਿਲ੍ਹਾ ਜਲੰਧਰ, ਬੈਨਾਮਾ ਨੰ. 4235 ਮਿਤੀ 08.02.1976, ਬੈਨਾਮਾ ਨੰ. 4624 ਮਿਤੀ 24.03.1976 ਅਤੇ ਬੈਨਾਮਾ ਨੰ. 67 ਮਿਤੀ 07.04.1976 ਅਤੇ ਉਹੀ ਸ੍ਰੀ ਤਰਲੋਚਨ ਸਿੰਘ ਪੁੱਤਰ ਸ੍ਰੀ ਸਰਵਣ ਸਿੰਘ ਨੂੰ ਇੰਤਕਾਲ ਨੰ. 1104 ਮਿਤੀ 12.03.2010, ਫਰਦ ਜਮ੍ਹਾਂਬੰਦੀ 2004-05 'ਚ ਵਿਰਾਸਤ 'ਚ ਦੇ ਦਿੱਤੀ, ਨਾਲ ਸੰਬੰਧਤ ਸਭ ਕੁੱਝ।

ਮਿਤੀ : 18.06.2025, ਸਥਾਨ : ਜਲੰਧਰ    (ਅਧਿਕਾਰਤ ਅਫਸਰ)



## Bajaj Finance Limited

**Registered Office :** Bajaj Finance Limited, C/o Bajaj Auto Limited Complex Mumbai Pune Road Akurdi Pune 411035
**Branch Office:** Bajaj Finance Limited, 1st Floor, SCO 4 5, Rai Sahib Colony, Opp. Punjab Roadways Workshop, Above Andra Bank, Near Dominoz, Jalandhar Road, Batala -143505

BAJAJ FINANCE

### ਕਬਜ਼ਾ ਸੂਚਨਾ (ਅਚੱਲ ਜਾਇਦਾਦ ਵਾਸਤੇ)

(ਸਕਿਊਰਟੀ ਇੰਟਰੈੱਸਟ ਇਨਫੋਰਸਮੈਂਟ ਰੂਲਜ਼, 2002 ਦੇ ਨਿਯਮ 8 (1) ਨਾਲ ਪੜ੍ਹੀ ਜਾਂਦੀ ਅੰਤਿਕਾ IV ਅਨੁਸਾਰ)

ਜਦੋਂਕਿ, ਨਿਮਨਹਸਤਾਖਰੀ ਨੇ ਸਕਿਊਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਿਟੀ ਇੰਟਰੈੱਸਟ ਐਕਟ, 2002 ਦੀਆਂ ਵਿਵਸਥਾਵਾਂ ਅਧੀਨ ਬਜਾਜ ਫਾਇਨਾਂਸ ਲਿਮਟਿਡ (ਬੀ ਐੱਫ ਐੱਲ) ਦੇ ਅਧਿਕਾਰਤ ਅਫਸਰ ਵਜੋਂ ਅਤੇ ਸਕਿਊਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੇਠ ਵਰਨਣ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ ਨੂੰ ਰਜਿਸਟਰਡ ਡਾਕ ਰਾਹੀਂ ਡਿਮਾਂਡ ("ਨੋਟਿਸ") ਨੋਟਿਸ ਜਾਰੀ ਕਰਕੇ ਦਰਸਾਏ ਐਕਟ ਦੇ 13 (2) ਅਧੀਨ ਨੋਟਿਸ ਵਿੱਚ ਵਰਨਣ ਰਾਸ਼ੀ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਅਦਾ ਕਰਨ ਲਈ ਕਿਹਾ ਗਿਆ ਸੀ।

ਹੇਠਾਂ ਵਰਨਣ ਨਾਂਅ ਵਾਲੇ ਕਰਜ਼ਦਾਰ/ਗਿਰਵੀਕਾਰ/ਗਰੰਟਰ ਰਾਸ਼ੀ ਮੋੜਨ 'ਚ ਅਸਫਲ ਰਹੇ ਹਨ। ਇਸ ਲਈ ਇਸ ਦੁਆਰਾ ਕਰਜ਼ਦਾਰਾਂ/ਗਿਰਵੀਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਨਿਮਨ ਹਸਤਾਖਰੀ ਨੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਦਰਸਾਏ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਇੱਥੇ ਹੇਠਾਂ ਦਰਸਾਈ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਕਰਕੇ ਅਤੇ ਆਮ ਜਨਤਾ ਨੂੰ ਵਰਨਣ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਜੇ ਸੌਦੇਬਾਜ਼ੀ ਕੀਤੀ ਜਾਂਦੀ ਹੈ ਤਾਂ ਠੇਕਾ ਦਰ 'ਤੇ ਬਣਦੇ ਵਿਆਜ ਸਮੇਤ ਬਕਾਇਆ ਨਿਕਲਦੀ ਰਾਸ਼ੀ ਲਈ ਬਜਾਜ ਫਾਈਨਾਂਸ ਲਿਮਟਿਡ ਦੇ ਚਾਰਜ ਦਾ ਵਿਸ਼ਾ ਹੋਵੇਗਾ।

ਕਰਜ਼ਦਾਰਾਂ ਦਾ ਸਕਿਓਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਸੰਬੰਧੀ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

| ਕਰਜ਼ਾ ਖਾਤਾ ਨੰ./ਕਰਜ਼ਦਾਰ (ਕਰਜ਼ਦਾਰਾਂ)/ਗਿਰਵੀਕਾਰ (ਗਿਰਵੀਕਾਰਾਂ)/ ਗਰੰਟਰ (ਗਰੰਟਰਾਂ) ਦੇ ਨਾਂਅ ਅਤੇ ਪਤੇ | ਸਕਿਓਰਡ ਅਚੱਲ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ ਅਤੇ ਰਾਸ਼ੀ / ਕਬਜ਼ੇ ਦੀ ਮਿਤੀ |
|---|---|---|
| LAN :5U4BLSFV574912<br>1. ਅਮਰਬੀਰ ਸਿੰਘ ਪੁੱਤਰ ਹਰਦੀਪ ਸਿੰਘ ਵਾਸੀ ਗਾਜ਼ੀ ਨੰਗਲ, ਗੁਰਦਾਸਪੁਰ, ਪੰਜਾਬ-143605, ਨਾਲ ਹੀ ਵਾਸੀ: ਖਸਰਾ ਨੰ. 24//1//2/1-2/1 -1/2/1 ਮਿਨ, ਖੇਵਟ ਖਤੌਨੀ ਨੰ. 44/63 ਹਦਬਸਤ ਨੰ. 418, ਜਮ੍ਹਾਂਬੰਦੀ ਸਾਲ 2016-2017, ਵਾਕਿਆ ਪਿੰਡ ਗਾਜ਼ੀ ਨੰਗਲ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143604<br>2. ਭੁਪਿੰਦਰ ਕੌਰ ਪੁੱਤਰੀ ਗੁਰਦਿਆਲ ਸਿੰਘ ਪਤਨੀ ਹਰਦੀਪ ਸਿੰਘ ਵਾਸੀ ਗਾਜ਼ੀ ਨੰਗਲ, ਗੁਰਦਾਸਪੁਰ, ਪੰਜਾਬ-143605 | ਖਸਰਾ ਨੰ. 24//1//2/1-2/1-1/2/1 ਮਿਨ, ਖੇਵਟ ਖਤੌਨੀ ਨੰ. 44/63, ਹਦਬਸਤ ਨੰ. 418, ਜਮ੍ਹਾਂਬੰਦੀ ਸਾਲ 2016-2017, ਵਾਕਿਆ ਪਿੰਡ ਗਾਜ਼ੀ ਨੰਗਲ, ਤਹਿਸੀਲ ਡੇਰਾ ਬਾਬਾ ਨਾਨਕ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ-143604 ਸਮੇਤ ਸਾਂਝੇ ਖੇਤਰਫਲ (ਖੇਤਰਫਲ ਮਿਣਤੀ 3300 ਵਰਗ ਫੁੱਟ) ਦੇ ਅਨੁਪਾਤਕ ਹਿੱਸੇ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਜਾਇਦਾਦ ਮਾਲਕ, ਪੱਛਮ : ਬਲਬੀਰ ਸਿੰਘ, ਉੱਤਰ : ਗਲੀ, ਦੱਖਣ : ਅਮਰਬੀਰ ਸਿੰਘ | 24.03.2025 ਅਤੇ ਰੁਪਏ 21,48,956/-<br>ਸੰਕੇਤਕ ਕਬਜ਼ੇ ਦੀ ਮਿਤੀ 13.06.2025 ਸ਼ਾਮ 3 ਤੋਂ 4 ਵਜੇ |

ਸਥਾਨ : ਬਟਾਲਾ,    ਮਿਤੀ : 16-06-2025    ਅਧਿਕਾਰਤ ਅਫਸਰ, ਵਾਸਤੇ ਮੈਸਰਜ਼ ਬਜਾਜ ਫਾਇਨਾਂਸ ਲਿਮਟਿਡ

19-June-PAGE-12.qxd 6/18/2025 11:04 PM Page 1



# ਬਸਪਾ ਨੇ ਡਾ. ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਤੇ ਹੋਰ ਮੁੱਦਿਆਂ ਨੂੰ ਲੈ ਕੇ ਸ੍ਰੀ ਖੁਰਾਲਗੜ੍ਹ ਤੋਂ ਗੜ੍ਹਸ਼ੰਕਰ ਤੱਕ ਕੀਤਾ ਰੋਸ ਮਾਰਚ

**ਹੁਸ਼ਿਆਰਪੁਰ (ਓ ਪੀ ਰਾਣਾ)** ਬਹੁਜਨ ਸਮਾਜ ਪਾਰਟੀ ਵੱਲੋਂ ਪੰਜਾਬ ਨੂੰ ਨਸ਼ਾ ਮੁਕਤ, ਭੈ ਮੁਕਤ, ਭ੍ਰਿਸ਼ਟਾਚਾਰ ਮੁਕਤ ਕਰਨ ਲਈ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਚਰਨਛੋਹ ਇਤਿਹਾਸਕ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਗੜ੍ਹਸ਼ੰਕਰ ਤੱਕ ਵਿਸ਼ਾਲ ਰੋਸ ਮਾਰਚ ਕੀਤਾ ਅਤੇ ਐਸ ਡੀ ਐਮ ਗੜ੍ਹਸ਼ੰਕਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਭੇਜਿਆ ਗਿਆ।ਬਹੁਜਨ ਸਮਾਜ ਪਾਰਟੀ ਵੱਲੋਂ 'ਪੰਜਾਬ ਸੰਭਾਲੋ ਮੁਹਿੰਮ' ਤਹਿਤ ਨਸ਼ਿਆਂ, ਬੇਰੁਜ਼ਗਾਰੀ, ਮਹਿੰਗਾਈ, ਸਿੱਖਿਆ ਨੀਤੀ, ਭ੍ਰਿਸ਼ਟਾਚਾਰ ਅਤੇ ਪਵਿੱਤਰ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ 'ਚੋਂ ਸ਼ਰਾਬ ਦਾ ਠੇਕਾ ਤੇ ਨਜਾਇਜ ਬ੍ਰਾਂਚਾਂ ਬੰਦ ਕਰਾਉਣ ਅਤੇ ਹਲਕਾ ਗੜ੍ਹਸ਼ੰਕਰ ਦੇ ਪਿੰਡ ਖਾਨਪੁਰ ਵਾਸੀਆਂ ਤੇ ਦਰਜ ਨਜਾਇਜ ਪਰਚੇ ਰੱਦ ਕਰਾਉਣ ਲਈ ਗੜ੍ਹਸ਼ੰਕਰ 'ਚ ਧਰਨਾ ਦਿੱਤਾ।ਇਸ ਮੌਕੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਨੇ ਕਿਹਾ ਕਿ ਬਸਪਾ ਵੱਲੋਂ ਪੰਜਾਬ ਦੀ ਜਬਾਨੀ, ਕਿਸਾਨੀ ਨੂੰ ਬਚਾਉਣ ਲਈ 'ਪੰਜਾਬ ਸੰਭਾਲੋ ਮੁਹਿੰਮ' ਸ਼ੁਰੂ ਕੀਤੀ ਗਈ ਹੈ ਜਿਸ ਨੂੰ ਪੰਜਾਬ ਵਾਸੀਆਂ ਵੱਲੋਂ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਤੱਕ ਬਣੀਆਂ ਕਾਂਗਰਸ, ਅਕਾਲੀ ਭਾਜਪਾ ਤੇ ਆਪ ਸਰਕਾਰਾਂ ਨੇ ਪੰਜਾਬ ਨੂੰ ਕਰਜ਼ਾਈ ਤੇ ਬਰਬਾਦ ਕਰਕੇ ਰੱਖ ਦਿੱਤਾ ਹੈ। ਉਨ੍ਹਾਂ ਕਿਹਾ ਪੰਜਾਬ ਅੰਦਰ ਡਰੱਗ ਮਾਫੀਆ ਨੇ ਪਿੰਡ-ਪਿੰਡ ਤੱਕ ਆਪਣਾ ਜਾਲ ਵਿਛਾਇਆ ਹੋਇਆ ਹੈ ਜਿਸਨੂੰ ਰੋਕਣ ਵਿੱਚ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ।ਡਾ. ਕਰੀਮਪੁਰੀ ਨੇ ਕਿਹਾ ਕਿ ਹੁਣ ਤੱਕ ਦੀਆਂ ਕਾਂਗਰਸ, ਅਕਾਲੀ-ਭਾਜਪਾ ਅਤੇ ਆਪ ਸਰਕਾਰ ਦੀਆਂ ਗਲਤ ਨੀਤੀਆਂ ਕਾਰਨ ਪੰਜਾਬ ਬਰਬਾਦੀ ਦੇ ਰਾਹ ਵੱਲ ਗਿਆ ਹੈ। ਉਨ੍ਹਾ ਕਿਹਾ ਸੂਬੇ ਅੰਦਰ ਅਮਨ ਕਾਨੂੰਨ ਦੀ ਵਿਵਸਥਾ ਬਹੁਤ ਵਿਗੜ ਚੁੱਕੀ ਹੈ। ਕਰੀਮਪੁਰੀ ਨੇ ਕਿਹਾ ਕਿ ਪੰਜਾਬ ਅੰਦਰ ਫਿਲੌਰ ਦੇ ਪਿੰਡ ਨੰਗਲ, ਪਿੰਡ ਨੂਰਪੁਰ ਜੱਟਾਂ ਹਲਕਾ ਗੜ੍ਹਸ਼ੰਕਰ, ਹੁਸ਼ਿਆਰਪੁਰ, ਬਟਾਲਾ, ਜਗਰਾਉਂ ਵਿੱਚ ਬਾਬਾ ਸਾਹਿਬ ਡਾ. ਅੰਬੇਡਕਰ ਦੇ ਬੁੱਤਾਂ ਦੀ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ 'ਚ ਸਰਕਾਰ ਬੁਰੀ ਤਰ੍ਹਾਂ ਅਸਫਲ ਰਹੀ ਹੈ।ਉਨ੍ਹਾਂ ਕਿਹਾ ਸਰਕਾਰ ਬਣਨ ਤੋਂ ਤਿੰਨ ਮਹੀਨੇ ਅੰਦਰ ਨਸ਼ਿਆਂ ਦਾ ਖਾਤਮਾ ਕਰਨ ਦੇ ਦਾਅਵੇ ਕਰਨ ਵਾਲੀ ਸਰਕਾਰ ਨੇ ਸ਼ਰਾਬ ਦੇ ਠੇਕਿਆਂ ਵਿੱਚ ਵਾਧਾ ਕਰਕੇ ਥਾਂ-ਥਾਂ 'ਤੇ ਬਰਾਂਚਾਂ ਖੋਲ੍ਹ ਕੇ ਸ਼ਰਾਬ ਮਾਫੀਏ ਨੂੰ ਪੂਰੀ ਖੁੱਲ੍ਹ ਦਿੱਤੀ ਹੈ। ਇਸ ਮੌਕੇ ਬਸਪਾ ਪੰਜਾਬ ਇੰਚਾਰਜ ਗੁਰਨਾਮ ਚੌਧਰੀ, ਹਰਭਜਨ ਸਿੰਘ ਬੁਜਹੇੜੀ ਜਨਰਲ ਸਕੱਤਰ ਪੰਜਾਬ, ਐਡਵੋਕੇਟ ਬਲਵਿੰਦਰ ਕੁਮਾਰ ਜਨਰਲ ਸਕੱਤਰ ਪੰਜਾਬ, ਠੇਕੇਦਾਰ ਭਗਵਾਨ ਦਾਸ ਸਿੱਧੂ ਜਨਰਲ ਸਕੱਤਰ ਪੰਜਾਬ, ਰਾਜਾ ਰਜਿੰਦਰ ਸਿੰਘ ਨਨਹੇੜੀਆ ਜਨਰਲ ਸਕੱਤਰ ਪੰਜਾਬ, ਗੁਰਮੇਲ ਚੁੰਬਰ ਜਨਰਲ ਸਕੱਤਰ ਪੰਜਾਬ, ਤੀਰਥ ਰਾਜਪੁਰਾ ਇੰਚਾਰਜ ਪੰਜਾਬ, ਇੰਜੀ.ਜਸਵੰਤ ਰਾਏ ਦਫਤਰ ਸੈਕਟਰੀ ਪੰਜਾਬ, ਬੀਬੀ ਹਰਜਿੰਦਰ ਕੌਰ ਕਰੀਮਪੁਰੀ, ਪ੍ਰਵੀਨ ਬੰਗਾ ਸਕੱਤਰ ਪੰਜਾਬ, ਮਨੀਦਰ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ, ਰਣਵੀਰ ਬੱਬਰ ਸਕੱਤਰ ਪੰਜਾਬ, ਦਲਜੀਤ ਰਾਏ ਜਿਲਾ ਪ੍ਰਧਾਨ,ਜਗਦੀਸ਼ ਸ਼ੇਰਪੁਰੀ ਪ੍ਰਧਾਨ ਜਲੰਧਰ, ਲਾਲ ਚੰਦ ਔਜਲਾ, ਰਮੇਸ਼ ਭਾਰਸਿੰਘ ਪੁਰੀ, ਖੁਸ਼ੀ ਰਾਮ ਨੰਗਲ, ਮਲਕੀਤ ਸੂੰਨੀ ਪ੍ਰਧਾਨ ਹਲਕਾ ਗੜ੍ਹਸ਼ੰਕਰ, ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਚੱਬੇਵਾਲ, ਐਡਵੋਕੇਟ ਧਰਮਿੰਦਰ ਦਾਦਰਾ, ਯਸ਼ ਭੱਟੀ ਪ੍ਰਧਾਨ ਹਲਕਾ ਚੱਬੇਵਾਲ, ਜਗਮੋਹਣ ਸੱਜਣਾਂ, ਹੈਪੀ ਫੰਬੀਆਂ,ਬਖਸ਼ੀਸ਼ ਬਲਵਿੰਦਰ ਬਿੱਟਾ,ਭੀਮ,ਮੋਹਣ ਲਾਲ ਭਟੋਆ, ਸੱਤਪਾਲ ਭਾਰਦਵਾਜ, ਲਹਿੰਬਰ ਰਾਮ ਝੰਮਟ, ਮਦਨ ਸਿੰਘ ਬੈਂਸ, ਇੰਦਰਜੀਤ ਬੱਧਣ, ਦਿਨੇਸ਼ ਪੱਪੂ,ਹਰਦੇਵ ਗੁਲਮਰਗ, ਦਿਲਬਾਗ ਮਹਿੰਦੀਪੁਰ, ਕੁਲਵੰਤ ਸਿੰਘ ਮਹਿੰਤੋਂ, ਜਸ਼ਪਾਲ ਚੇਚੀ, ਜੀਵਨ ਮਹਿਮੀ ਅਤੇ ਹਜ਼ਾਰਾਂ ਵਰਕਰ ਹਾਜ਼ਰ ਸਨ।



# ਫਲਸਤੀਨੀਆਂ ਉੱਪਰ ਕੀਤੇ ਜਾ ਰਹੇ ਲੋਕ-ਮਾਰੂ ਹਮਲਿਆਂ ਵਿਰੁੱਧ ਖੱਬੀਆਂ ਪਾਰਟੀਆਂ ਨੇ ਕੀਤਾ ਰੋਸ ਵਿਖਾਵਾ



**ਬੰਗਾ (ਅਵਤਾਰ ਕਲੇਰ)**
ਭਾਰਤੀ ਕਮਿਊਨਿਸਟ ਪਾਰਟੀ ਅਤੇ ਭਾਰਤੀ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਵੱਲੋਂ ਸਾਂਝੇ ਤੌਰ 'ਤੇ ਨਵਾਂਸ਼ਹਿਰ ਵਿਖੇ ਜਬਰਦਸਤ ਰੋਸ ਵਿਖਾਵਾ ਕੀਤਾ ਗਿਆ। ਇਸ ਰੋਸ ਵਿਖਾਵੇ ਦਾ ਮੁੱਖ ਮੰਤਵ ਤਾਨਾਸ਼ਾਹੀ ਇਜ਼ਰਾਈਲ ਵੱਲੋਂ ਫਲਸਤੀਨ ਦੇ ਲੋਕਾਂ ਉੱਪਰ ਕੀਤੇ ਜਾ ਰਹੇ ਹਮਲਿਆਂ ਵਿਰੁੱਧ ਫਲਸੀਨਤ ਦੇ ਲੋਕਾਂ ਨਾਲ ਭਾਈਵਾਲਤਾ ਪ੍ਰਗਟਾਉਣਾ ਰਿਹਾ। ਇਸ ਮੌਕੇ ਸੀ ਆਈ ਟੀ ਯੂ ਦੇ ਸੂਬਾ ਪ੍ਰਧਾਨ ਮਹਾਂ ਸਿੰਘ ਰੋੜੀ ਅਤੇ ਏਟਕ ਸੂਬਾਈ ਆਗੂ ਜਸਵਿੰਦਰ ਸਿੰਘ ਭੰਗਲ ਨੇ ਸਾਂਝੇ ਤੌਰ 'ਤੇ ਸੰਬੋਧਨ ਦੌਰਾਨ ਆਖਿਆ ਕਿ ਅੱਜ ਦੇਸ਼ ਭਰ ਵਿੱਚ ਉਪਰੋਕਤ ਖੱਬੀਆਂ ਪਾਰਟੀ ਵੱਲੋਂ ਅਮਰੀਕਨ ਧੌਂਸ ਅਤੇ ਦੂਜੇ ਦੇਸਾਂ ਵਿੱਚ ਬੇਲੋੜੀ ਦਖਲ ਅੰਦਾਜੀ ਦੇ ਖਿਲਾਫ ਅਤੇ ਫਲਸਤੀਨ ਦੇ ਲੋਕਾਂ ਦੀ ਬਾਂਹ ਫੜਨ ਲਈ ਰੋਸ ਮੁਜਾਹਰੇ ਕੀਤੇ ਜਾ ਰਹੇ ਹਨ। ਇਸ ਲੜੀ ਤਹਿਤ ਨਵਾਂ ਸ਼ਹਿਰ ਵਿਖੇ ਜਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ ਹੈ। ਇਸ ਦੀ ਪ੍ਰਧਾਨਗੀ ਸੀ ਪੀ ਆਈ ਵੱਲੋਂ ਕਾਮਰੇਡ ਰਾਮ ਸਿੰਘ ਨੂਰਪੁਰੀ ਅਤੇ ਸੀ ਪੀ ਆਈ ਵੱਲੋਂ ਨਰੰਜਣ ਦਾਸ ਮੇਹਲੀ ਨੇ ਕੀਤੀ। ਇਸ ਮੌਕੇ ਮਾਰਕਸੀ ਪਾਰਟੀ ਦੇ ਜਿਲ੍ਹਾ ਸਕੱਤਰ ਚਰਨਜੀਤ ਸਿੰਘ ਦੌਲਤਪੁਰ, ਸੀ ਪੀ ਆਈ ਦੇ ਦਸੌਂਦਾ ਸਿੰਘ, ਸੁਖਦੇਵ ਸਿੰਘ ਗਰਚਾ, ਜੁਗਿੰਦਰ ਲੜੋਆ, ਬਲਵੀਰ ਸਿੰਘ ਮਹਿਤਪੁਰ, ਧਰਮਪਾਲ, ਪਰਮਜੀਤ ਸਿੰਘ, ਜਸਵਿੰਦਰ ਸਿੰਘ ਰਾਹੋਂ, ਸੁਰਿੰਦਰ ਰਾਮ ਰਾਹੋਂ, ਭੁਪਿੰਦਰ ਸਿੰਘ ਕੌਲਗੜ੍ਹ, ਹੁਸਨ ਸਿੰਘ ਮਝੋਟ, ਅੱਛਰ ਸਿੰਘ ਟੋਰੋਵਾਲ, ਜਰਨੈਲ ਸਿੰਘ ਰਾਣੇਵਾਲ ਅਤੇ ਸਰਾਧੂ ਰਾਮ ਤਾਜੋਵਾਲ ਆਦਿ ਆਗੂ ਮੌਜੂਦ ਸਨ।

## ਜਨਮ ਦਿਨ ਮੁਬਾਰਕ



ਨਵਜੋਤ ਕੌਰ ਸੈਣੀ, ਤਰਨ ਤਾਰਨ

## ਵਰ੍ਹੇਗੰਢ ਮੁਬਾਰਕ



ਸੁਖਦੀਪ ਸਿੰਘ ਦਿਹੜ ਤੇ ਜੈਸਮੀਨ ਕੌਰ ਵਾਸੀ ਲੋਹਗੜ੍ਹ (ਬਰਨਾਲਾ) ਨੇ ਵਿਆਹ ਦੀ ਦੂਜੀ ਵਰ੍ਹੇਗੰਢ ਮਨਾਈ।

# ਸਟੇਟ ਐਵਾਰਡੀ ਪ੍ਰਿੰਸੀਪਲ ਅਸ਼ੋਕ ਬਸਰਾ ਦਾ ਵਿਸ਼ੇਸ਼ ਸਨਮਾਨ



**ਆਦਮਪੁਰ, (ਪਰਮਜੀਤ ਸਿੰਘ)**-ਸਿੱਖਿਆ ਵਿਭਾਗ ਵਿਚ ਅਹਿਮ ਸੇਵਾਵਾਂ ਨਿਭਾਉਣ ਤੇ ਸਕੂਲਾਂ ਦੇ ਸੰਚਾਲਨਾਤਮਕ ਢਾਂਚੇ ਨੂੰ ਮਜ਼ਬੂਤ ਕਰਨ ਵਿਚ ਸ਼ਾਨਦਾਰ ਭੂਮਿਕਾ ਲਈ ਸਟੇਟ ਐਵਾਰਡੀ ਪ੍ਰਿੰਸੀਪਲ ਅਸ਼ੋਕ ਬਸਰਾ ਦਾ ਡਾ. ਅੰਬੇਦਕਰ ਕਲੱਬ ਕਡਿਆਣਾ (ਆਦਮਪੁਰ) ਵਲੋਂ ਸਨਮਾਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਨੈਸ਼ਨਲ ਬੈਂਕ ਦੇ ਮੈਨੇਜਰ ਜਗਦੇਵ ਸਿੰਘ ਨੇ ਦੱਸਿਆ ਕਿ ਪ੍ਰਿੰਸੀਪਲ ਅਸ਼ੋਕ ਬਸਰਾ ਸਿੱਖਿਆ ਤੇ ਮਿਸ਼ਨਰੀ ਸੋਚ ਦੇ ਪ੍ਰਚਾਰ ਪ੍ਰਸਾਰ ਲਈ ਲੰਬੇ ਸਮੇਂ ਤੋਂ ਕੰਮ ਕਰ ਰਹੇ ਹਨ।ਉਹ ਸਮਾਜਿਕ ਚੇਤਨਾ ਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਉਸਾਰੂ ਕੰਮ ਕਰ ਰਹੇ ਹਨ। ਉਹਨਾਂ ਕਿਹਾ ਕਿ ਸਿੱਖਿਆ ਸਮੁੱਚੇ ਸਮਾਜ ਦੀ ਰੀੜ੍ਹ ਦੀ ਹੱਡੀ ਹੈ ਤੇ ਸਿੱਖਿਆ ਜਿੰਨੀ ਮਜ਼ਬੂਤ ਹੋਵੇਗੀ, ਸਮਾਜ ਓਨਾ ਹੀ ਸਿਹਤਮੰਦ ਬਣੇਗਾ। ਇਸ ਮੌਕੇ ਲੈਕਚਰਾਰ ਗੁਰਿੰਦਰ ਸਿੰਘ, ਪ੍ਰਧਾਨ ਕਮਲਜੀਤ ਕਡਿਆਣਾ, ਪ੍ਰਿੰਸੀਪਲ ਭੁਪਿੰਦਰ ਸਿੰਘ, ਕੋਚ ਗੁਰਚਰਨ ਸਿੰਘ, ਸਾਬਕਾ ਹੈਡਮਾਸਟਰ ਹਰਵਿੰਦਰ ਸਿੰਘ ਤੇ ਸਾਇੰਸ ਮਾਸਟਰ ਪ੍ਰਦੀਪ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

# ਸਨੈਚਿੰਗ ਦੀਆਂ ਵੱਖ-ਵੱਖ 3 ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਦੋਸ਼ੀ ਕਾਬੂ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ, (ਕ੍ਰਿਸ਼ਨ ਗਰਗ)**
ਹਰਮਨਦੀਪ ਹਾਂਸ, ਸੀਨੀਅਰ ਕਪਤਾਨ ਪੁਲਸ, ਜ਼ਿਲ੍ਹਾ ਐਸ.ਏ.ਐਸ ਨਗਰ ਵੱਲੋਂ ਸਮਾਜ ਵਿਰੋਧੀ ਮਾੜੇ ਅਨਸਰਾਂ ਨੂੰ ਨੱਥ ਪਾਉਣ ਲਈ ਜਾਰੀ ਕੀਤੀਆਂ ਗਈਆਂ ਹਦਾਇਤਾਂ ਅਨੁਸਾਰ ਮਨਪ੍ਰੀਤ ਸਿੰਘ, ਕਪਤਾਨ ਪੁਲਸ (ਦਿਹਾਤੀ) ਜ਼ਿਲ੍ਹਾ ਐਸ.ਏ.ਐਸ ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੋਹਿਤ ਕੁਮਾਰ ਅਗਰਵਾਲ, ਕਪਤਾਨ ਪੁਲਸ, ਸਬ-ਡਵੀਜ਼ਨ ਮੁੱਲਾਂਪੁਰ, ਜ਼ਿਲ੍ਹਾ ਐਸ.ਏ.ਐਸ ਨਗਰ ਦੀ ਨਿਗਰਾਨੀ ਹੇਠ ਇੰਸਪੈਕਟਰ ਅਮਨਦੀਪ ਤ੍ਰਿਕਾ, ਮੁੱਖ ਅਫਸਰ ਥਾਣਾ ਮੁੱਲਾਂਪੁਰ ਗਰੀਬਦਾਸ ਦੀ ਅਗਵਾਈ ਵਿੱਚ ਥਾਣਾ ਮੁੱਲਾਂਪੁਰ ਗਰੀਬਦਾਸ ਦੀ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ ਜਦੋਂ ਸਨੈਚਿੰਗ ਦੀਆਂ ਵੱਖ ਵੱਖ 3 ਵਾਰਦਾਤਾਂ ਨੂੰ ਅੰਜਾਮ ਦੇਣ ਵਾਲੇ ਦੋਸ਼ੀਆਂ ਨੂੰ ਕਾਬੂ ਕੀਤਾ ਗਿਆ।ਜਾਣਕਾਰੀ ਦਿੰਦਿਆਂ ਮੋਹਿਤ ਕੁਮਾਰ ਅਗਰਵਾਲ, ਕਪਤਾਨ ਪੁਲਸ ਨੇ ਦੱਸਿਆ ਕਿ ਥਾਣਾ ਮੁੱਲਾਂਪੁਰ ਗਰੀਬਦਾਸ ਵਿਖੇ ਈਕੋ ਸਿਟੀ-2 ਵਿਖੇ ਸੋਨੇ ਦੀ ਚੈਨ ਅਤੇ ਵਾਲੀਆਂ ਦੀ ਖੋਹ ਕਰਨ ਸਬੰਧੀ ਮੁਕੱਦਮਾ ਦਰਜ ਹੋਇਆ ਸੀ, ਜਿਸ ਵਿੱਚ ਤੁਰੰਤ ਕਾਰਵਾਈ ਕਰਦੇ ਹੋਏ ਖੋਹ ਕਰਨ ਵਾਲੇ ਮੋਹਨ ਗਿਰੀ ਪੁੱਤਰ ਜਗਦੀਸ਼ ਗਿਰੀ, ਵਿੱਕੀ ਗਿਰੀ ਪੁੱਤਰ ਜਗਦੀਸ਼ ਗਿਰੀ ਵਾਸੀਅਨ ਪਿੰਡ ਸੁਲਤਾਨਪੁਰ, ਥਾਣਾ ਭੰਭੋਰਾ, ਜ਼ਿਲ੍ਹਾ ਬਰੇਲੀ, ਉੱਤਰ ਪ੍ਰਦੇਸ ਹਾਲ ਵਾਸੀ ਕਿਰਾਏਦਾਰ ਪਿੰਡ ਪੱਲਣਪੁਰ, ਥਾਣਾ ਮੁੱਲਾਂਪੁਰ ਗਰੀਰਬਦਾਸ, ਜ਼ਿਲ੍ਹਾ ਐਸ.ਏ.ਐਸ ਨਗਰ ਨੂੰ ਨੂੰ ਗ੍ਰਿਫਤਾਰ ਕੀਤਾ ਗਿਆ। ਇਨ੍ਹਾਂ ਨੇ ਪੁੱਛਗਿੱਛ ਦੌਰਾਨ ਮੰਨਿਆ ਕਿ ਉਨ੍ਹਾਂ ਵੱਲੋਂ ਆਲਟਸ ਸੋਸਾਇਟੀ ਵਿੱਚ ਚੈਨੀ ਖੋਹਣ ਦੀ ਵਾਰਦਾਤ ਨੂੰ ਵੀ ਅੰਜਾਮ ਦਿੱਤਾ ਗਿਆ ਸੀ, ਜਿਸ ਵਿੱਚ ਵੀ ਦੋਵੇਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਪੁਲਸ ਰਿਮਾਂਡ ਹਾਸਲ ਕੀਤਾ ਗਿਆ ਸੀ। ਇਸ ਮੁਕੱਦਮਾ ਵਿੱਚ ਸਨੈਚਿੰਗ ਦੀਆਂ ਵਾਰਦਾਤਾਂ ਵਿੱਚ ਵਰਤਿਆ ਗਿਆ ਚੋਰੀ ਦਾ ਮੋਟਰਸਾਈਕਲ ਅਤੇ ਇੱਕ ਚੋਰੀ ਦੀ ਸਕੂਟਰੀ ਵੀ ਬ੍ਰਾਮਦ ਕੀਤੀ ਗਈ ਹੈ। ਇਸ ਤੋਂ ਇਲਾਵਾ 2 ਹੋਰ ਦੋਸ਼ੀ ਮੁਕੱਦਮੇ ਵਿੱਚ ਨਾਮਜ਼ਦ ਕੀਤੇ ਗਏ ਹਨ। ਮੁਕੱਦਮੇ ਦੀ ਤਫਤੀਸ਼ ਜਾਰੀ ਹੈ।ਇਸ ਤੋਂ ਇਲਾਵਾ ਇੱਕ ਹੋਰ ਸਨੈਚਿੰਗ ਦੀ ਵਾਰਦਾਤ ਹੋਣ ਬਾਰੇ ਸੂਚਨਾ ਮਿਲੀ ਸੀ ਅਤੇ ਉਕਤ ਸਨੈਚਿੰਗ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਸੰਤੋਸ਼ ਕੁਮਾਰ ਪੁੱਤਰ ਰਾਜ ਕੁਮਾਰ ਵਾਸੀ ਦੀਨਾ ਕਾ ਪੁਰਵਾਰ ਥਾਣਾ ਰਾਣੀ ਗੰਜ ਜ਼ਿਲ੍ਹਾ ਪ੍ਰਤਾਪਗੜ੍ਹ, ਯੂ.ਪੀ ਹਾਲ ਵਾਸੀ ਕਿਰਾਏਦਾਰ ਸਾਹਮਣੇ ਸੀਤਲਾ ਮਾਤਾ ਮੰਦਰ ਅਤੇ ਲਲਿਤ ਕੁਮਾਰ ਪੁੱਤਰ ਬੈਜਨਾਥ ਵਾਸੀ ਕਮਤੋਲ ਥਾਣਾ/ਜ਼ਿਲ੍ਹਾ ਦਰਭੰਗਾ ਹਾਲ ਡੱਡੂ ਮਾਜਰਾ ਹਾਲ ਕਿਰਾਏਦਾਰ ਸੇਵਾ ਸਿੰਘ ਉਰਫ ਰਿੰਕੂ ਪਿੰਡ ਮਸਤਗੜ੍ਹ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਸੰਤੋਸ਼ ਕੁਮਾਰ ਉਕਤ ਪਾਸੋਂ ਖੋਹ ਕੀਤੀਆਂ ਹੋਈਆਂ ਸੋਨੇ ਦੀਆਂ ਵਾਲੀਆਂ ਬ੍ਰਾਮਦ ਕੀਤੀ ਗਈਆਂ ਅਤੇ ਦੂਜੇ ਦੋਸ਼ੀ ਲਲਿਤ ਕੁਮਾਰ ਪਾਸੋਂ ਖੋਹ ਦੀ ਵਾਰਦਾਤ ਵਿੱਚ ਵਰਤਿਆ ਗਿਆ ਆਟੋ ਨੰਬਰੀ ਪੀ.ਬੀ 65-ਬੀ.ਐਚ-4452 ਵੀ ਬ੍ਰਾਮਦ ਕੀਤਾ ਗਿਆ ਹੈ।

# ਸੀ ਐੱਮ ਦੀ ਯੋਗਸ਼ਾਲਾ : ਪੀ ਏ ਪੀ ਗਰਾਊਂਡ 'ਚ ਰਾਜ ਪੱਧਰੀ 'ਪੰਜਾਬ ਯੋਗ-2025' ਸਮਾਗਮ ਅੱਜ

**ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**
'ਸੀ ਐਮ ਦੀ ਯੋਗਸ਼ਾਲਾ' ਪਹਿਲਕਦਮੀ ਤਹਿਤ 19 ਜੂਨ ਨੂੰ ਪੀ ਏ ਪੀ ਕੰਪਲੈਕਸ ਵਿਖੇ ਹੋਣ ਵਾਲੇ ਰਾਜ ਪੱਧਰੀ 'ਪੰਜਾਬ ਯੋਗ ਸਮਾਗਮ 2025' ਦੀ ਮੇਜਬਾਨੀ ਲਈ ਜਲੰਧਰ ਜਿਲ੍ਹਾ ਪ੍ਰਸਾਸਨ ਪੂਰੀ ਤਰ੍ਹਾਂ ਤਿਆਰ ਹੈ। ਡਿਪਟੀ ਕਮਿਸਨਰ ਡਾ. ਹਿਮਾਂਸ਼ੂ ਅਗਰਵਾਲ ਅਤੇ ਪੁਲਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਸਮਾਗਮ ਵਾਲੀ ਥਾਂ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਵਿਅਕਤੀਗਤ ਤੌਰ 'ਤੇ ਇਸ ਸ਼ਾਨਦਾਰ ਸਮਾਗਮ ਦੀਆਂ ਤਿਆਰੀਆਂ ਨੂੰ ਅੰਤਿਮ ਛੋਹਾਂ ਦਿੱਤੀਆਂ। ਸਮਾਗਮ ਦੇ ਪ੍ਰਬੰਧਾਂ ਦਾ ਜਾਇਜਾ ਲੈਂਦਿਆਂ ਡਿਪਟੀ ਕਮਿਸ਼ਨਰ ਨੇ ਮਾਣ ਪ੍ਰਗਟ ਕੀਤਾ ਹੈ ਕਿ ਪੰਜਾਬ ਸਰਕਾਰ ਵੱਲੋਂ ਜਲੰਧਰ ਨੂੰ ਇਸ ਵੱਕਾਰੀ ਰਾਜ ਪੱਧਰੀ ਸਮਾਰੋਹ ਦੀ ਮੇਜਬਾਨੀ ਲਈ ਚੁਣਿਆ ਗਿਆ ਹੈ, ਜਿਸ 'ਚ ਹਜ਼ਾਰਾਂ ਦੀ ਗਿਣਤੀ 'ਚ ਵਲੰਟੀਅਰ ਭਾਗ ਲੈਣਗੇ ਅਤੇ ਰਾਜ ਭਰ 'ਚ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਦਾ ਸੰਦੇਸ਼ ਦੇਣ ਲਈ ਮਾਹਰ ਟ੍ਰੇਨਰਾਂ ਦੀ ਅਗਵਾਈ ਹੇਠ ਇਕੱਠੇ ਯੋਗਾ ਕਰਨਗੇ। ਮੀਟਿੰਗ ਦੌਰਾਨ ਸਟੇਜ ਦੀ ਸਥਾਪਨਾ, ਢੁੱਕਵੀਂ ਪਾਰਕਿੰਗ, ਵਲੰਟੀਅਰ ਦੀ ਸੁਰੱਖਿਆ, ਪੀਣ ਵਾਲੇ ਪਾਣੀ ਦਾ ਇੰਤਜ਼ਾਮ, ਰਿਫਰੈਸਮੈਂਟ, ਸਾਈਨ ਬੋਰਡ, ਮੋਬਾਈਲ ਟਾਇਲਟ, ਟ੍ਰੈਫਿਕ ਨਿਯਮ ਅਤੇ ਮੈਡੀਕਲ ਟੀਮਾਂ ਦੀ ਤਾਇਨਾਤੀ ਸਮੇਤ ਹੋਰ ਲੋੜੀਂਦੇ ਪ੍ਰਬੰਧਾਂ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ।



# ਮੁੱਖ ਮੰਤਰੀ ਤੇ ਰੇਲ ਮੰਤਰੀ ਨੇ ਮਾਰੂਤੀ ਪਲਾਂਟ ਦਾ ਕੀਤਾ ਉਦਘਾਟਨ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਨੇ ਲਾਜਿਸਟਿਕਸ ਅਤੇ ਉਦਯੋਗਿਕ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਇੱਕ ਇਤਿਹਾਸਕ ਉਪਰਬਧੀ ਹਾਸਲ ਕੀਤੀ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਭਾਰਤ ਸਰਕਾਰ ਵਿੱਚ ਰੇਲ ਮੰਤਰੀ ਅਸ਼ਵਨੀ ਵੈਸ਼ਣਵ ਨਾਲ ਗੁਰੂਗ੍ਰਾਮ ਦੇ ਮਾਨੇਸਰ ਵਿੱਚ ਮਾਰੂਤੀ ਪਲਾਂਟ ਵਿੱਚ ਦੇਸ਼ ਦੇ ਸਭ ਤੋਂ ਵੱਡੇ ਗਤੀ ਸ਼ਕਤੀ ਮਲਟੀ-ਮਾਡਲ ਕਾਰਗੋ ਟਰਮਿਨਲ ਦਾ ਸਾਂਝੇ ਰੂਪ ਨਾਲ ਉਦਘਾਟਨ ਕੀਤਾ।ਆਈ ਐਮ ਟੀ ਮਾਨੇਸਰ ਵਿੱਚ ਮਾਰੂਤੀ ਸੁਜ਼ੂਕੀ ਪਲਾਂਟ ਵਿੱਚ ਸਥਾਪਿਤ ਇਹ ਟਰਮਿਨਲ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਸ਼ੁਰੂ ਕੀਤੇ ਗਏ ਗਤੀਸ਼ਕਤੀ ਰਾਸ਼ਟਰੀ ਮਾਸਟਰ ਪਲਾਨ ਤਹਿਤ ਤਿਆਰ ਕੀਤਾ ਗਿਆ ਹੈ ਜੋ ਭਾਰਤ ਦੇ ਗਲੋਬਲ ਪੱਧਰ ਲਾਜਿਸਟਿਕਸ ਨੇਟਵਰਕ ਵਿਕਸਿਤ ਕਰਨ ਦੀ ਦਿਸ਼ਾ ਵਿੱਚ ਇੱਕ ਵੱਡੀ ਯੋਜਨਾ ਹੈ।ਇਸ ਪੂਰੇ ਪ੍ਰੋਜੈਕਟ 'ਤੇ 1 ਲੱਖ 17 ਹਜ਼ਾਰ 91 ਮਿਲਿਅਨ ਰੁਪਏ ਦੀ ਲਾਗਤ ਆਈ ਹੈ।ਇਸ ਵਿੱਚ ਹਰਿਆਣਾ ਰੇਲ ਇੰਫ੍ਰਾਸਟ੍ਰਕਚਰ ਡੇਵਲਪਮੈਂਟ ਕਾਰਪੋਰੇਸ਼ਨ ਲਿਮਿਟੇਡ ਦੀ 55.4 ਫੀਸਦੀ, ਐਚ ਐਸ ਆਈ ਆਈ ਡੀ ਸੀ ਦੀ 19 ਫੀਸਦੀ ਅਤੇ ਗੁਰੂਗ੍ਰਾਮ ਮਹਾਨਗਰ ਵਿਕਾਸ ਅਥਾਰਿਟੀ ਦੀ 5 ਫੀਸਦੀ ਦੀ ਹਿੱਸੇਦਾਰੀ ਹੈ।ਰੇਲ ਮੰਤਰੀ ਅਸ਼ਵਿਨੀ ਵੈਸ਼ਣਵ ਅਤੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਗਤੀ ਸ਼ਕਤੀ ਮਲਟੀ ਮਾਡਲ ਕਾਰਗੋ ਟਰਮੀਨਲ ਤੋਂ ਪਹਿਲੀ ਕਾਰਗੋ ਟ੍ਰੇਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਸਮਾਰੋਹ ਵਿੱਚ ਮਾਰੂਤੀ ਸੁਜ਼ੂਕੀ ਇੰਡੀਆ ਲਿਮਿਟੇਡ ਦੇ ਸੀਈਓ ਹਿਸਾਸ਼ੀ ਤਾਕੇਉਚੀ ਨੇ ਕੇਂਦਰੀ ਰੇਲ ਮੰਤਰੀ ਅਤੇ ਮੁੱਖ ਮੰਤਰੀ ਦਾ ਉਦਘਾਟਨ ਸਮਾਰੋਹ ਵਿੱਚ ਪਹੁੰਚਣ 'ਤੇ ਸਵਾਗਤ ਕੀਤਾ।

# ਸੰਗੋਵਾਲ ਵਿਖੇ 6ਵੀਂ ਮਿੰਨੀ ਵਾਲੀਬਾਲ ਲੀਗ ਕਰਵਾਈ



**ਮਹਿਤਪੁਰ (ਰਾਜਾ)**
ਤਹਿਸੀਲ ਨਕੋਦਰ ਅਤੇ ਹਲਕਾ ਸ਼ਾਹਕੋਟ ਦੇ ਪਿੰਡ ਸੰਗੋਵਾਲ ਵਿਖੇ ਅਜੀਤ ਸਿੰਘ ਸਪੋਰਟਸ ਕਲੱਬ ਸੰਗੋਵਾਲ ਵੱਲੋਂ ਪੂਰੇ ਨਗਰ, ਐਨ.ਆਰ.ਆਈ ਵੀਰਾਂ ਅਤੇ ਪੰਚਾਇਤ ਦੇ ਸਹਿਯੋਗ ਨਾਲ 6ਵੀਂ ਮਿੰਨੀ ਵਾਲੀਬਾਲ ਟੂਰਨਾਮੈਂਟ/ਲੀਗ ਕਰਵਾਈ ਗਈ। ਲੀਗ/ਟੂਰਨਾਮੈਂਟ ਵਿੱਚ ਅੱਠ ਟੀਮਾਂ ਨੇ ਹਿੱਸਾ ਲਿਆ। ਸਾਰੇ ਮੈਚ ਪੂਰੇ ਫਸਵੇਂ ਰਹੇ। ਇਸ ਟੂਰਨਾਮੈਂਟ ਵਿੱਚ ਪਿੰਡ ਸੰਗੋਵਾਲ ਦੀ ਵਾਲੀਬਾਲ ਟੀਮ ਇਸ ਲੀਗ ਦੀ ਵਿਜੇਤਾ ਰਹੀ ਅਤੇ ਦੂਸਰਾ ਸਥਾਨ ਪਿੰਡ ਰੌਲੀ ਦੀ ਵਾਲੀਬਾਲ ਟੀਮ ਨੇ ਪ੍ਰਾਪਤ ਕੀਤਾ। ਇਸ ਟੂਰਨਾਮੈਂਟ ਨੂੰ ਸਾਬਕਾ ਸਰਪੰਚ ਬਲਦੇਵ ਸਿੰਘ ਚੰਦੀ ਵੱਲੋਂ ਸਪਾਂਸਰ ਕੀਤਾ ਗਿਆ ਅਤੇ ਖਿਡਾਰੀਆਂ ਨੂੰ ਨਕਦ ਰਾਸ਼ੀ ਅਤੇ ਟਰਾਫੀਆਂ ਵੰਡੀਆਂ ਗਈਆਂ। ਟੂਰਨਾਮੈਂਟ ਦੌਰਾਨ ਲੰਗਰ-ਪਾਣੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਸੰਗੋਵਾਲ ਪਿੰਡ ਵੱਲੋਂ ਹਰ ਮਹੀਨੇ ਫੁੱਟਬਾਲ ਤੇ ਵਾਲੀਵਾਲ ਦੀਆਂ ਲੀਗ ਬੱਚਿਆਂ ਨੂੰ ਨਸ਼ੇ ਤੋਂ ਦੂਰ ਰੱਖਣ, ਸਿਹਤਮੰਦ ਰੱਖਣ ਅਤੇ ਉੱਚ ਕੋਟੀ ਦੇ ਖਿਡਾਰੀ ਤਿਆਰ ਕਰਨ ਲਈ ਕਰਵਾਈਆਂ ਜਾਂਦੀਆਂ ਹਨ। ਇਸ ਟੂਰਨਾਮੈਂਟ ਵਿੱਚ ਖਿਡਾਰੀਆਂ ਅਤੇ ਕਲੱਬ ਮੈਂਬਰਾਂ ਦਾ ਹੌਸਲਾ ਵਧਾਉਣ ਲਈ ਸਰਪੰਚ ਕੁਲਵੰਤ ਸਿੰਘ, ਸਾਬਕਾ ਸਰਪੰਚ ਗੁਰਪਾਲ ਸਿੰਘ, ਪ੍ਰਧਾਨ ਹਰਭਜਨ ਸਿੰਘ, ਵਾਲੀਬਾਲ ਦੇ ਸਾਬਕਾ ਨੈਸ਼ਨਲ ਖਿਡਾਰੀ ਰਹੇ ਸੇਵਾ ਮੁਕਤ ਪੁਲਸ ਇੰਸਪੈਕਟਰ ਰਣਜੀਤ ਸਿੰਘ, ਵਾਲੀਬਾਲ ਕੋਚ ਬਲਦੇਵ ਰਾਜ ਅਰੋੜਾ, ਅਧਿਆਪਕ ਆਗੂ ਕੰਵਲਜੀਤ ਸੰਗੋਵਾਲ, ਚੇਅਰਮੈਨ ਬਲਦੇਵ ਸਿੰਘ ਲਾਡੀ, ਬਲਾਕ ਪ੍ਰਧਾਨ ਲਖਵਿੰਦਰ ਸਿੰਘ, ਸੇਵਾ ਮੁਕਤ ਪੁਲਸ ਇੰਸਪੈਕਟਰ ਅਵਤਾਰ ਸਿੰਘ ਜੋਸਨ, ਸੇਵਾ ਮੁਕਤ ਸੁਪਰਡੈਂਟ ਹਰਜਿੰਦਰ ਸਿੰਘ ਜੋਸਨ, ਕਸ਼ਮੀਰ ਸਿੰਘ ਚੰਦੀ, ਖੁਸ਼ਵੰਤ ਸਿੰਘ ਸਾਬੀ ਮੈਂਬਰ ਪੰਚਾਇਤ, ਅਜੈਬ ਸਿੰਘ ਲੰਬੜਦਾਰ, ਅਮਨਦੀਪ ਜੰਮੂ, ਕਲੱਬ ਦੇ ਪ੍ਰਧਾਨ ਚਰਨਦੀਪ ਚੈਰੀ ਚੰਦੀ, ਯਾਦਵਿੰਦਰ ਸਿੰਘ ਜੋਸਨ, ਹਰਪ੍ਰੀਤ ਸਿੰਘ ਦੀਪੂ, ਅਮਨਦੀਪ ਸਿੰਘ ਰੋਮੀ, ਨਿਰਮਲ ਸਿੰਘ ਚੰਦੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਧਰਮਪਾਲ ਭੱਲਾ ਅਤੇ ਸਾਰੇ ਗ੍ਰਾਮ ਪੰਚਾਇਤ ਮੈਂਬਰ ਅਤੇ ਕਲੱਬ ਮੈਂਬਰ ਹਾਜ਼ਰ ਸਨ।

# ਭੀਖੀ ਬਲਾਕ ਦਾ ਮਾਨਸਾ ਬਲਾਕ 'ਚ ਰਲੇਵਾਂ ਲੋਕ-ਵਿਰੋਧੀ : ਚੌਹਾਨ

**ਮਾਨਸਾ (ਆਤਮਾ ਸਿੰਘ ਪਮਾਰ)**
ਮਾਨਸਾ ਜ਼ਿਲ੍ਹੇ ਦੇ ਬਲਾਕ ਭੀਖੀ ਨੂੰ ਤੋੜ ਕੇ ਮਾਨਸਾ ਬਲਾਕ ਨਾਲ ਜੋੜਨ ਸਬੰਧੀ ਸੂਬੇ ਦੀ ਭਗਵੰਤ ਮਾਨ ਸਰਕਾਰ ਖ਼ਿਲਾਫ਼ ਆਮ ਲੋਕਾਂ 'ਚ ਰੋਹ ਅਤੇ ਰੋਸ ਦੀ ਇੱਕ ਤਰ੍ਹਾਂ ਲਹਿਰ ਹੀ ਬਣਦੀ ਜਾ ਰਹੀ ਹੈ। ਇਸ ਫੈਸਲੇ ਖਿਲਾਫ ਰੋਸ ਵਜੋਂ ਵੱਖ ਵੱਖ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ ਲਗਾਤਾਰ ਜਾਰੀ ਹਨ। ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਸਾਥੀ ਕ੍ਰਿਸ਼ਨ ਚੌਹਾਨ ਤੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਰੂਪ ਸਿੰਘ ਢਿੱਲੋਂ, ਦਲਜੀਤ ਸਿੰਘ ਮਾਨਸ਼ਾਹੀਆ,ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਕੇਵਲ ਸਿੰਘ ਸਮਾਓ, ਨੌਜਵਾਨ ਸਭਾ ਦੇ ਜਗਤਾਰ ਸਿੰਘ ਪੰਧੇਰ ਅਤੇ ਸੁਖਦੇਵ ਸਿੰਘ ਪੰਧੇਰ ਆਦਿ ਆਗੂਆਂ ਨੇ ਮਾਨਸਾ ਜ਼ਿਲ੍ਹੇ ਦੇ ਭੀਖੀ ਬਲਾਕ ਨੂੰ ਮਾਨਸਾ 'ਚ ਮਿਲਾਉਣ ਖ਼ਿਲਾਫ਼ ਅਤੇ ਫੈਸਲੇ ਨੂੰ ਰੱਦ ਕਰਨ ਲਈ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਡਿਪਟੀ ਕਮਿਸ਼ਨਰ ਰਾਹੀਂ ਮੰਗ ਪੱਤਰ ਵੀ ਭੇਜਿਆ ਹੈ।ਆਗੂਆਂ ਨੇ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਜ਼ਿਲ੍ਹਾ ਮਾਨਸਾ ਦੀਆਂ ਅਨੇਕਾਂ ਸਮੱਸਿਆਵਾਂ ਤੇ ਮੰਗਾਂ ਵੱਲ ਉਚੇਚਾ ਧਿਆਨ ਦੇਣ ਦੀ ਬਜਾਏ ਉਲਟਾ ਭੀਖੀ ਬਲਾਕ ਨੂੰ ਤੋੜ ਕੇ ਲੋਕ ਵਿਰੋਧੀ ਫ਼ੈਸਲੇ ਕੀਤੇ ਜਾ ਰਹੇ ਹਨ। ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਇਸ ਫੈਸਲੇ ਨੂੰ ਰੱਦ ਕਰਵਾਉਣ ਤੱਕ ਲਗਾਤਾਰ ਸੰਘਰਸ਼ ਜਾਰੀ ਰਹੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਰਨੈਲ ਸਿੰਘ ਭੀਖੀ,ਕਰਮ ਸਿੰਘ ਬੀਰ ਖ਼ੁਰਦ,ਪੱਪੀ ਸਿੰਘ ਮੂਲਾ ਸਿੰਘ ਵਾਲਾ, ਹਰਪਾਲ ਸਿੰਘ ਬੱਪੀਆਣਾ, ਸੁਖਰਾਜ ਸਿੰਘ ਜੋਗਾ ਆਦਿ ਆਗੂ ਵੀ ਹਾਜ਼ਰ ਸਨ।



# ਛੇਵਾਂ ਲੋਕ ਨਾਚ ਭੰਗੜਾ ਗਿੱਧਾ ਸਿਖਲਾਈ ਕੈਂਪ ਸੰਪੰਨ



**ਆਦਮਪੁਰ (ਪਰਮਜਈਤ ਸਿੰਘ)**
ਢੋਲ ਤਾਲ ਸੱਭਿਆਚਾਰ ਸੱਥ ਆਦਮਪੁਰ ਵੱਲੋਂ ਛੇਵੇਂ ਲੋਕ ਨਾਚ ਭੰਗੜਾ ਗਿੱਧਾ ਸਿਖਲਾਈ ਕੈਂਪ ਦੇ ਆਖਰੀ ਦਿਨ ਬੜੀ ਸਫਲਤਾ ਪੂਰਕ ਸਫਲਤਾ ਪੂਰਵਕ ਸੰਪੰਨ ਹੋਇਆ। ਭੰਗੜਾ ਗਿੱਧਾ ਸਿਖਲਾਈ ਕੈਂਪ ਦੇ ਸਮਾਪਤੀ ਸਮਰੋਹ ਤੇ ਲੋਕ ਨਾਚ ਭੰਗੜੇ ਤੇ ਗਿੱਧੇ ਦੀ ਪੇਸ਼ਕਾਰੀ ਦਾਨਾ ਮੰਡੀ ਆਦਮਪੁਰ ਵਿਖੇ ਕੀਤੀ ਗਈ ਦਿਨ ਤੋਂ ਸਿਖਲਾਈ ਪ੍ਰਾਪਤ ਕਰ ਰਹੇ ਮੁੰਡੇ ਕੁੜੀਆਂ ਨੇ ਗਿੱਧੇ ਅਤੇ ਭੰਗੜੇ ਦੀ ਕਲਾ ਦੀ ਪੇਸ਼ਕਾਰੀ ਕੀਤੀ। ਸਮਾਪਤੀ ਸਮਾਰੋਹ ਤੇ ਕੈਂਪ ਵਿੱਚ ਆਏ ਹਰ ਬੱਚੇ ਨੇ ਸਟੇਜ 'ਤੇ ਪੇਸ਼ਕਾਰੀ ਦਿੱਤੀ ਅਤੇ ਹਰ ਬੱਚੇ ਨੂੰ ਸਰਟੀਫਿਕੇਟ ਅਤੇ ਜੇਤੂ ਬੱਚਿਆਂ ਨੂੰ ਟਰੋਫੀਆ ਨਾਲ ਸਨਮਾਨਿਤ ਕੀਤਾ ਗਿਆ। ਢੋਲ ਤਾਲ ਸੱਭਿਆਚਾਰ ਸੱਥ ਆਦਮਪੁਰ ਦੇ ਮੁੱਖ ਪ੍ਰਬੰਧਕ ਤੇ ਪ੍ਰਧਾਨ ਕਮਲ ਭਾਟੀਆਂ ਵੱਲੋਂ ਦੱਸਿਆ ਗਿਆ ਕਿ ਸਾਡੀ ਇਸ ਸਿਖਲਾਈ ਕੈਂਪ 'ਚ ਤਕਰੀਬਨ 277 ਦੀ ਤਰਕੀਬ ਬੱਚਿਆਂ ਨੇ ਹਿੱਸਾ ਲਿਆ। ਇਸ ਕੈਂਪ ਦਾ ਮਕਸਦ ਪੰਜਾਬ ਸਰਕਾਰ ਵੱਲੋਂ ਚਲਾਈ ਗਈ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਦਾ ਹਿੱਸਾ ਬਣਨਾ ਅਤੇ ਆਉਣ ਵਾਲੀ ਪੀੜੀ ਨੂੰ ਆਪਣੇ ਲੋਕ ਨਾਚ ਭੰਗੜੇ ਕੀਤੇ ਅਤੇ ਆਪਣੇ ਵਿਰਸੇ ਨਾਲ ਜੋੜਨਾ ਅਤੇ ਤੰਦਰੁਸਤ ਪੰਜਾਬ ਬਣਾਉਣਾ। ਇਹ ਕੈਂਪ ਹਰ ਸਾਲ ਜੋ ਜੂਨ ਮਹੀਨੇ ਗਰਮੀ ਦੀਆਂ ਛੁੱਟੀਆਂ 'ਚ ਲਗਾਇਆ ਜਾਂਦਾ ਹੈ। ਪ੍ਰੋਗਰਾਮ 'ਚ ਮੁੱਖ ਮਹਿਮਾਨ ਦਾ ਮੋਟੀਵੇਟਰ ਦੇ ਮਾਲਕ ਸਰਪ੍ਰੀਤ ਸਿੰਘ ਤੇ ਮੈਡਮ ਹਰਪ੍ਰੀਤ ਕੌਰ, ਡਾਕਟਰ ਗੁਰਬੀਰ ਸਿੰਘ ਗਿੱਲ ਆਕਸਫੋਰਡ ਹੋਸਪਿਟਲ ਜਲੰਧਰ ਆਏ ਸਨ ਬੱਚਿਆਂ ਦੀ ਕਲਾ ਦਾ ਨਿਰੀਖਣ ਜਜਮੈਂਟ ਰੂਪ ਤਜਿੰਦਰ, ਡਾਕਟਰ ਰਿਕਾ ਰਾਣੀ, ਅਮਨਦੀਪ ਸਿੰਘ ਨੇ ਕੀਤਾ।

# ਜ਼ਿਲ੍ਹਾ ਮੈਜਿਸਟੈਟ ਨੇ ਕਿਰਾਏਦਾਰਾਂ ਦਾ ਪੂਰਾ ਵੇਰਵਾ ਪ੍ਰਸ਼ਾਸਨ ਨੂੰ ਦੇਣਾ ਦੇਣ ਦੇ ਜਾਰੀ ਕੀਤੇ ਹੁਕਮ

**ਨਵਾਂਸ਼ਹਿਰ (ਮਨੋਜ ਲਾਡੀ)**-ਜ਼ਿਲ੍ਹਾ ਮੈਜਿਸਟਰੇਟ ਅੰਕੁਰਜੀਤ ਸਿੰਘ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਤਹਿਤ ਜ਼ਿਲ੍ਹੇ ਦੇ ਮਿਉਂਸਪਲ ਕੌਂਸਲ, ਨਗਰ ਪੰਚਾਇਤਾਂ ਅਤੇ ਪਿੰਡਾਂ ਦੀਆਂ ਪੰਚਾਇਤਾਂ ਦੇ ਅਧਿਕਾਰ ਖੇਤਰ ਵਿੱਚ ਰਹਿਣ ਵਾਲਾ ਕੋਈ ਵੀ ਵਿਅਕਤੀ ਜੇਕਰ ਆਪਣੇ ਘਰ/ ਹੋਟਲ/ਰੈਸਟੋਰੈਂਟ ਵਿੱਚ ਕਿਰਾਏਦਾਰ/ਨੌਕਰ/ਪੇਇੰਗ ਗੈਸਟ/ਨੇਪਾਲੀ ਲਾਂਗਰੀ ਰੱਖੇਗਾ ਤਾਂ ਇਸਦੀ ਸੂਚਨਾ ਪੁਲਸ ਪ੍ਰਸ਼ਾਸਨ ਨੂੰ ਦੇਣੀ ਯਕੀਨੀ ਬਣਾਏਗਾ।ਜ਼ਿਲ੍ਹਾ ਮੈਜਿਸਟ੍ਰੇਟ ਨੇ ਕਿਹਾ ਕਿ ਜਿਨ੍ਹਾਂ ਮਕਾਨ ਮਾਲਕਾਂ ਨੇ ਅੱਜ ਤੱਕ ਕਿਰਾਏਦਾਰਾਂ ਦੀ ਸੂਚਨਾ ਪੁਲਸ ਨੂੰ ਨਹੀਂ ਦਿੱਤੀ ਹੈ, ਉਹ ਈ-ਮੇਲ 'ਤੇ ਕਿਰਾਏਦਾਰ (ਨਾਮ, ਪਿਤਾ ਦਾ ਨਾਮ, ਫੋਟੋ ਅਤੇ ਆਧਾਰ ਕਾਰਡ) ਦੀ ਸੂਚਨਾ ਇਸ ਹੁਕਮ ਦੇ ਜਾਰੀ ਹੋਣ ਦੀ ਮਿਤੀ ਤੇ ਇੱਕ ਹਫਤੇ ਦੇ ਅੰਦਰ-ਅੰਦਰ ਦੇਣਾ ਯਕੀਨੀ ਬਣਾਉਣ।ਜ਼ਿਕਰਯੋਗ ਹੈ ਕਿ ਮਕਾਨ ਮਾਲਕਾ ਵੱਲੋਂ ਰੱਖੇ ਗਏ ਕਿਰਾਏਦਾਰ/ਨੌਕਰ/ਪੇਇੰਗ ਗੈਸਟ ਆਦਿ ਕਈ ਵਾਰ ਨਸ਼ਿਆਂ, ਗੈਰ-ਸਮਾਜੀ ਅਤੇ ਅਪਰਾਧਿਕ ਪਿਛੋਕੜ ਦੇ ਹੁੰਦੇ ਹਨ ਜੋ ਕਿਰਾਏ ਵਾਲੇ ਮਕਾਨਾਂ ਅਤੇ ਜਨਤਕ ਥਾਵਾਂ 'ਤੇ ਹੁੜਦੰਗ ਕਰਦੇ ਰਹਿੰਦੇ ਹਨ। ਅਜਿਹੇ ਹਾਲਾਤ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿਗੜਨ ਦਾ ਡਰ ਹੁੰਦਾ ਹੈ।ਪ੍ਰਸ਼ਾਸਨ ਦੇ ਇਹ ਵੀ ਧਿਆਨ ਵਿੱਚ ਆਇਆ ਹੈ ਕਿ ਮਕਾਨ ਮਾਲਕਾਂ ਵੱਲੋਂ ਇਨ੍ਹਾਂ ਕਿਰਾਏਦਾਰਾਂ ਦੀ ਸੂਚਨਾ ਪੁਲਿਸ ਕੋਲ ਸਮੇਂ ਸਿਰ ਦਰਜ ਨਹੀਂ ਕਰਵਾਈ ਜਾਂਦੀ ਹੈ ਜੋ ਕਿ ਕਰਵਾਉਣੀ ਲਾਜ਼ਮੀ ਹੈ।ਇਹ ਹੁਕਮ 23 ਅਗਸਤ, 2025 ਤੱਕ ਲਾਗੂ ਰਹੇਗਾ।

# ਸੰਗਰੂਰ ਜ਼ਿਲ੍ਹੇ ਦੇ ਬੱਚਿਆਂ ਨੇ ਜਿੱਤੇ ਮੈਡਲ



**ਸੁਨਾਮ ( ਅਸ਼ੋਕ ਬਾਂਸਲ, ਹਾਕਮ ਭੱਟੀ)** ਰਾਜ ਪੱਧਰ 'ਤੇ ਲੁਧਿਆਨਾ ਵਿਖੇ ਹੋਈ ਫੈਂਸਿੰਗ ਚੈਂਪੀਅਨਸ਼ਿਪ ਵਿੱਚ ਅੰਡਰ 10 ਅਤੇ ਅੰਡਰ 12 ਬੱਚਿਆਂ ਨੇ ਭਾਗ ਲਿਆ ਜਿਸ ਵਿੱਚ ਸੰਗਰੂਰ ਜ਼ਿਲ੍ਹੇ ਦੇ ਕਈ ਬੱਚਿਆਂ ਨੇ ਮੈਡਲ ਜਿੱਤੇ । ਇਸ ਮੌਕੇ ਕੋਚ ਹਰਪ੍ਰੀਤ ਕੋਰ ਤੇ ਅਮਿਤ ਕੋਸਲ ਨੇ ਦੱਸਿਆ ਕਿ ਅੰਡਰ 10 ਦੇ ਵਿੱਚ ਹਰਬਸੰਤ ਸਿੰਘ ਨੇ ਸਿਲਵਰ ਮੈਡਲ, ਨਿਕੁੰਜ ਗਰਗ, ਚਿਰਾਗ ਗਰਗ ਅਤੇ ਵੰਸ਼ ਪਰਾਸਰ ਨੇ ਬਰਾਊਨ ਮੈਡਲ ਜਿੱਤੇ। ਅੰਡਰ 10 ਲੜਕੀਆਂ ਦੇ ਵਿੱਚ ਅਨਮੋਲ,ਪਰਵਗੁਣ ਕੌਰ,ਫਲਕ ਗਰਗ ਮਹਿਰਾਵ ਕੌਰ ਨੇ ਬਰਾਊਨ ਮੈਡਲ ਜਿੱਤੇ। ਅੰਡਰ 12 ਦੇ ਵਿੱਚ ਮਨਕੀਰਤ ਸਿੰਘ ਨੇ ਗੋਲਡ ਪਰਨਵ ਪਰਾਸਰ ਨੇ ਸਿਲਵਰ ਅਤੇ ਅਦਵਿਕ ਨੇ ਬਰਾਉਨ ਮੈਡਲ ਜਿੱਤੇ। ਅੰਡਰ 12 ਦੀ ਲੜਕੀਆਂ ਦੇ ਵਿਚ ਵਿਧੀ ਸ਼ਰਮਾ ਨੇ ਗੋਲਡ ਤੇ ਹਰਨੂਰ ਨੇ ਸਿਲਵਰ ਮੈਡਲ ਪ੍ਰਾਪਤ ਕੀਤਾ।

# ਪੰਜ ਪੀਰ ਸੱਚੀ ਸਰਕਾਰ ਦਾ ਸਾਲਾਨਾ ਜੋੜ ਮੇਲਾ 26 ਨੂੰ

**ਭੋਗਪੁਰ ( ਗੁਰਪ੍ਰੀਤ ਸਿੰਘ ਭੋਗਲ)**- ਪੰਜ ਪੀਰ ਸੱਚੀ ਸਰਕਾਰ ਦਾ ਸਲਾਨਾ 19 ਵਾਂ ਜੋੜ ਮੇਲਾ 26 ਜੂਨ ਨੂੰ ਬੜੀ ਧੂਮਧਾਮ ਨਾਲ ਪਿੰਡ ਮੋਗੇ ਨੇੜੇ ਭੋਗਪੁਰ ਜ਼ਿਲ੍ਹਾ ਜਲੰਧਰ ਵਿਖੇ ਕਰਵਾਇਆ ਜਾ ਰਿਹਾ ਹੈ। 26 ਜੂਨ ਨੂੰ ਹੀ ਮਹਿੰਦੀ ਦੀ ਰਸਮ ਅਦਾ ਕੀਤੀ ਜਾਵੇਗੀ ਤੇ 26 ਜੂਨ ਨੂੰ ਹੀ ਨਿਸ਼ਾਨ ਸਾਹਿਬ ਚੜ੍ਹਾਇਆ ਜਾਵੇਗਾ ਤੇ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਸੰਗਤਾਂ ਨੂੰ ਅਸ਼ੀਰਵਾਦ ਦੇਣ ਲਈ ਵੱਖ ਵੱਖ ਡੇਰਿਆਂ ਤੋਂ ਮਹਾਂਪੁਰਸ਼ ਪਹੁੰਚੇ ਰਹੇ ਹਨ। ਇਸ ਮੌਕੇ ਮੇਲੇ ਵਿੱਚ ਪੰਜਾਬ ਦੇ ਸੁਪਰਹਿੱਟ ਕਲਾਕਾਰਾਂ ਚਰਨਪ੍ਰੀਤ ਚੰਨੀ, ਰਮੇਸ਼ ਧਮਾਕਾ, ਰਮਨ ਪੇਂਟਰ ਤੇ ਹੋਰ ਸਾਰੇ ਬਹੁਤ ਕਲਾਕਾਰ ਦਰਬਾਰ ਵਿੱਚ ਹਾਜ਼ਰੀਆਂ ਲਗਾਉਣਗੇ ਤੇ ਸੰਗਤਾਂ ਲਈ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਅਟੁੱਟ ਲੰਗਰ ਵਰਤਾਏ ਜਾਣਗੇ। ਇਸ ਮੌਕੇ ਦਰਬਾਰ ਦੇ ਮੁੱਖ ਸੇਵਾਦਾਰ ਤਾਰੀ ਲਾਲ ਮਹਿਮੀ, ਗੁਰਦਿਆਲ ਸਿੰਘ, ਪ੍ਰਿਤਪਾਲ ਸਿੰਘ ਭੋਲਾ, ਪਵਿੱਤਰ ਸਿੰਘ ਮਾੜਾ, ਗੁਰਵਿੰਦਰ ਗਿੰਦੂ, ਸੋਨੀ ਲਾਲ, ਅਜੇ ਕੁਮਾਰ, ਵਿਜੈ ਕੁਮਾਰ, ਗੁਰਪ੍ਰੀਤ ਗੋਪੀ, ਲਖਵਿੰਦਰ ਲੇਖੂ, ਬੂਟਾ ਸਿੰਘ ਕਨੇਡਾ, ਸੁਰਜੀਤ ਸਿੰਘ ਲੰਬੜਦਾਰ, ਫਕੀਰ ਸਿੰਘ ਪ੍ਰਧਾਨ, ਸਾਬੀ ਲੰਬੜ, ਕੁਲਵੰਤ ਸਿੰਘ, ਲੱਕੀ, ਸੁਖਦੇਵ ਲੋਹਾਰੀਆ ਮੀਡੀਆ ਪ੍ਰਧਾਨ ( ਐਡੀਟਰ) ਤੇ ਹੋਰ ਸੰਗਤਾਂ ਹਾਜ਼ਰ ਹੋਣਗੀਆਂ ਤੇ ਸੰਗਤਾਂ ਲਈ ਚਾਹ ਪਕੌੜਿਆਂ ਦੇ ਲੰਗਰ ਤੇ ਪ੍ਰਸ਼ਾਦਾ ਅਟੁੱਟ ਵਰਤਾਇਆ ਜਾਵੇਗਾ।

# ਗੁਰੂ ਨਾਨਕ ਖਾਲਸਾ ਸਕੂਲ ਲੁਹਾਰਾ ਵਿਖੇ 13ਵਾਂ ਗੁਰਮਤਿ ਸਿਖਲਾਈ ਕੈਂਪ ਸੰਪੰਨ

**ਭੋਗਪੁਰ (ਗੁਰਪ੍ਰੀਤ ਸਿੰਘ ਭੋਗਲ)**
ਗੁਰੂ ਨਾਨਕ ਮਿਸ਼ਨਰੀ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ ਤੇ ਸਿੱਖ ਮਿਸ਼ਨਰੀ ਸਰਕਲ ਵੱਲੋਂ 'ਗੁਰੂ ਨਾਨਕ ਖਾਲਸਾ ਸਕੂਲ ਪਿੰਡ ਲੁਹਾਰਾ ਚਾੜ੍ਹਕੇ ਭੋਗਪੁਰ' ਵਿਖੇ ਗਿਆਨੀ ਸਵਰਨ ਸਿੰਘ ਕੈਨੇਡਾ ਵੱਲੋਂ ਸਾਲਾਨਾ ਗੁਰਮਤਿ ਕੈਂਪ ਲਗਾਇਆ ਗਿਆ।ਕੈਂਪ ਦੇ ਸਮਾਪਤੀ ਦੌਰਾਨ ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਵੱਲੋਂ ਸਮੂਹ ਸੰਗਤਾਂ ਨੂੰ ਸੰਬੋਧਿਤ ਕੀਤਾ ਗਿਆ। ਉਹਨਾਂ ਵੱਲੋਂ ਚੇਅਰਮੈਨ, ਗਿਆਨੀ ਸਵਰਨ ਸਿੰਘ ਕੈਨੇਡਾ ਵਾਲੇ ਤੇ ਸਮੂਹ ਪ੍ਰਬੰਧਕ ਕਮੇਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਉਹਨਾਂ ਵੱਲੋਂ ਸਿੱਖ ਮਿਸ਼ਨਰੀ ਐਜੂਕੇਸ਼ਨਲ ਐਂਡ ਚੈਰੀਟੇਬਲ ਟਰੱਸਟ ਦੀਆ ਵਿਦਿਆਰਥਣਾਂ ਦੀ ਵਿੱਦਿਆ ਹਾਸਲ ਕਰਨ ਵਿੱਚ ਯੋਗ ਸਹਾਇਤਾ ਕਰਨ ਦਾ ਭਰੋਸਾ ਦਿੱਤਾ ਗਿਆ।ਇਸ ਗੁਰਮਤਿ ਕੈਂਪ ਵਿੱਚ ਸਮੂਹ ਇਲਾਕਾ ਨਿਵਾਸੀਆਂ ਵੱਲੋਂ ਆਪਣੇ 245 ਦੇ ਕਰੀਬ ਆਪਣੇ ਬੱਚਿਆਂ ਨੂੰ ਕੈਂਪ ਦੇ ਵਿੱਚ ਭੇਜ ਕੇ ਅਹਿਮ ਯੋਗਦਾਨ ਦਿੱਤਾ ਗਿਆ।ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅੰਮ੍ਰਿਤਸਰ ਵੱਲੋਂ ਪੰਜ ਪਿਆਰੇ ਸਾਹਿਬਾਨਾਂ ਤੋਂ ਵੀਹ ਅੰਮ੍ਰਿਤ ਅਭਿਲਾਖੀਆਂ ਨੇ ਅੰਮ੍ਰਿਤ ਪਾਨ ਕੀਤਾ।ਇਸ ਸਮੇਂ ਮੁਫਤ ਕਕਾਰਾਂ ਦੀ ਸੇਵਾ ਵੀ ਕੀਤੀ ਗਈ।ਇਸ ਕੈਂਪ ਵਿੱਚ ਗਿਆਨੀ ਕੇਵਲ ਸਿੰਘ ਸਾਬਕਾ ਜਥੇਦਾਰ, ਸਾਬੋ ਕੀ ਤਲਵੰਡੀ, ਸਿੱਖ ਚਿੰਤਕ ਡਾ. ਸੇਵਕ ਸਿੰਘ, ਕੈਪਟਨ ਯਸ਼ਪਾਲ ਸਿੰਘ ਦਿੱਲੀ, ਡਾਇਰੈਕਟਰ ਕੁਲਵੰਤ ਸਿੰਘ ਜੰਮੂ ਸਿੱਖ ਮਿਸ਼ਨਰੀ, ਡਾ. ਅਮਰਜੀਤ ਸਿੰਘ, ਜੰਮੂ ਐਗਰੀਕਲਚਰ ਅਫਸਰ, ਨੈਸ਼ਨਲ ਅਵਾਰਡੀ ਪਰਮਜੀਤ ਸਿੰਘ ਚੰਡੀਗੜ੍ਹ, ਡਾਕਟਰ ਮਹਿੰਦਰ ਕੌਰ ਗਰੇਵਾਲ, ਸਾਬਕਾ ਪ੍ਰਿੰਸੀਪਲ ਸਰਕਾਰੀ ਕਾਲਜ ਲੁਧਿਆਣਾ, ਨੌਜਵਾਨ ਬੁਲਾਰਾ ਇੰਦਰਪਾਲ ਸਿੰਘ ਲੁਧਿਆਣਾ, ਸਤਨਾਮ ਸਿੰਘ ਸਲ੍ਹੋਪੁਰੀ, ਰਾਜਪਾਲ ਸਿੰਘ ਅੰਮ੍ਰਿਤਸਰ, (ਸਹਿਜ ਪਾਠ ਲਹਿਰ), ਹਰਪ੍ਰੀਤ ਸਿੰਘ ਅਕਾਲ ਪੁਰਖ ਕੀ ਫੌਜ, ਜਸਵਿੰਦਰ ਸਿੰਘ ਇੰਗਲੈਂਡ, (ਮਲਟੀ ਯੂਨੀਵਰਸਿਟੀ), ਗੁਰਜੀਤ ਸਿੰਘ ਆਜ਼ਾਦ ਸਿੱਖ ਮਿਸ਼ਨਰੀ ਸਮੂਹ ਬੁਲਾਰਿਆਂ, ਪ੍ਰਿੰਸੀਪਲ ਡਾ. ਗੁਰਨਾਮ ਸਿੰਘ ਡੁਮੇਲੀ, ਪ੍ਰੋ. ਕੁਲਵੰਤ ਕੌਰ, ਪ੍ਰੋ. ਡਾ. ਦਮਨਜੀਤ ਕੌਰ, ਡਾ. ਅਮਰਪਾਲ ਕੌਰ, ਦਲਜਿੰਦਰ ਸਿੰਘ ਗੁਰੂ ਨਾਨਕ ਖਾਲਸਾ ਕਾਲਜ ਡੋਲੀ ਕਲਾਂ, ਬੱਚਿਆਂ ਨੂੰ 'ਸਚਿਆਰ ਮਨੁੱਖ ਦੀ ਘਾੜਤ' ਬਾਣੀ ਤੇ ਬਾਣਾ, ਸਹਿਜ ਪਾਠ, ਸਿੱਖ ਇਤਿਹਾਸ, ਨੈਤਿਕ ਸਿੱਖਿਆ, ਪੰਜਾਬੀ ਅੱਖਰਕਾਰੀ, ਦੁਮਾਲਾ, ਦਸਤਾਰ ਸਜਾਉਣ, ਹਰਮੋਨੀਅਮ, ਤਬਲਾ ਤੇ ਗਤਕਾ, ਵਿਰਸਾ ਤੇ ਵਿਰਾਸਤ ਨਾਲ ਜੋੜਿਆ ਗਿਆ। ਕੈਂਪ ਵਿੱਚ ਵੈਸਟ ਕੈਂਪਰਾ ਦੀ ਚੋਣ ਵੀ ਕੀਤੀ ਤੇ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ।ਸਾਰੇ ਕੈਂਪਰਾ ਨੂੰ ਗੁਰਮਤਿ ਸਿਖਲਾਈ ਕੈਂਪ ਦੇ ਸਰਟੀਫਿਕੇਟ ਵੰਡੇ ਗਏ।ਬੱਚਿਆਂ ਨੂੰ ਇੱਕ ਦਿਨ ਫਤਿਹਗੜ੍ਹ ਸਾਹਿਬ ਦੇ ਦਰਸ਼ਨ ਵੀ ਕਰਵਾਏ ਗਏ।ਚੇਅਰਮੈਨ ਗਿਆਨੀ ਸਵਰਨ ਸਿੰਘ ਜੀ ਕੈਨੇਡਾ, ਪ੍ਰਧਾਨ ਮਨਦੀਪ ਸਿੰਘ ਖਾਲਸਾ ਭੋਗਪੁਰ, ਸਕੱਤਰ ਮਨਿੰਦਰ ਸਿੰਘ, ਟਰੱਸਟੀ ਰਮਨਦੀਪ ਕੌਰ, ਟਰੱਸਟੀ ਪਵਿੱਤਰ ਸਿੰਘ, ਪ੍ਰਿੰਸੀਪਲ ਡਾ. ਕਮਲਜੀਤ ਕੌਰ, ਸਿੱਖ ਮਿਸ਼ਨਰੀ ਸਰਕਲ ਲੁਹਾਰਾਂ, ਇੰਚਾਰਜ, ਪ੍ਰਿੰਸੀਪਲ ਮਨਦੀਪ ਸਿੰਘ, ਸਮੂਹ ਇੰਸਟੀਚਿਊਟ ਤੇ ਸਕੂਲ ਸਟਾਫ਼ ਵੱਲੋਂ ਕੁਲਵੰਤ ਸਿੰਘ ਮੰਨਣ ਮੁੱਖ ਸਕੱਤਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ, ਰਣਜੀਤ ਸਿੰਘ ਰਾਣਾ, ਸਮੂਹ ਬੁਲਾਰਿਆਂ, ਇਲਾਕਾ ਨਿਵਾਸੀਆਂ, ਬੱਚਿਆਂ ਦੇ ਮਾਤਾ ਪਿਤਾ ਦਾ ਧੰਨਵਾਦ ਕੀਤਾ।



# ਸਰਕਾਰ ਦਾ ਉਦੇਸ਼ ਕੁਰੂਕਸ਼ੇਤਰ ਨੂੰ ਵਿਸ਼ਵ ਪੱਧਰ 'ਤੇ ਪਹਿਚਾਣ ਮਿਲੇ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**
ਧਰਮਖੇਤਰ ਕੁਰੂਕਸ਼ੇਤਰ ਦੀ ਸਭਿਆਚਾਰਕ ਅਤੇ ਅਧਿਆਤਮਕ ਧਰੋਹਰ ਨੂੰ ਵਿਸ਼ਵ ਪੱਧਰ 'ਤੇ ਪਹਿਚਾਣ ਮਿਲੇ, ਇਸ ਦੇ ਲਈ ਲਗਾਤਾਰ ਸਰਕਾਰ ਯਤਨ ਕਰ ਰਹੀ ਹੈ। ਇਸੀ ਲੜੀ ਵਿੱਚ ਕੁਰੂਕਸ਼ੇਤਰ ਵਿਕਾਸ ਬੋਰਡ ਦੀ 82ਵੀਂ ਮੀਟਿੰਗ ਅੱਜ ਰਾਜਪਾਲ ਅਤੇ ਬੋਰਡ ਚੇਅਰਮੈਨ ਬੰਡਾਰੂ ਦੱਤਾਤ੍ਰੇਅ ਦੀ ਅਗਵਾਈ ਹੇਠ ਸੰਪੰਨ ਹੋਈ। ਇਸ ਮਹਤੱਵਪੂਰ ਮੀਟਿੰਗ ਵਿੱਚ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਨੀ ਬਤੌਰ ਵਾਇਸ ਚੇਅਰਮੈਨ ਸ਼ਾਮਲ ਹੋਏ। ਇਸ ਮੌਕੇ ਕੈਬਨਿਟ ਮੰਤਰੀ ਵਿਪੁਲ ਗੋਇਲ ਵੀ ਮੌਜੂਦ ਰਹੇ।ਰਾਜਪਾਲ ਅਤੇ ਬੋਰਡ ਚੇਅਰਮੈਨ ਬੰਡਾਰੂ ਦੱਤਾਤ੍ਰੇਅ ਨੇ ਕਿਹਾ ਕਿ ਪੂਰੇ ਦੇਸ਼ ਵਿੱਚ ਕੁਰੂਕਸ਼ੇਤਰ ਦੀ ਵਿਸਤਾਰ ਪਹਿਚਾਣ ਬਣੇ, ਇਸ ਦੇ ਲਈ ਸਾਰਿਆਂ ਨੂੰ ਮਿਲਜੁੱਲ ਕੇ ਯਤਨ ਕਰਨੇ ਹੋਣਗੇ। ਕੁਰੂਕਸ਼ੇਤਰ ਦਾ ਇੱਕ ਵੱਡਾ ਧਾਰਮਿਕ ਮਹਤੱਵ ਹੈ, ਅਜਿਹੇ ਵਿੱਚ ਇੱਕ ਵੱਡੀ ਅਧਿਆਤਮਕ ਨਗਰੀ ਵਜੋਂ ਇਸ ਦੇ ਵਿਸਤਾਰ ਨੂੰ ਲੈ ਕੇ ਸਾਡੀ ਪਰਿਕਲਪਨਾ ਹੋਣੀ ਚਾਹੀਦੀ ਹੈ। ਇਸ ਦੇ ਬੋਰਡ ਵਿੱਚ ਪੂਰੇ ਦੇਸ਼ ਦੇ ਵਿਦਵਾਨ ਅਤੇ ਮੰਨੇ-ਪ੍ਰਮੰਨੇ ਲੋਕਾਂ ਨੂੰ ਜੋੜਿਆ ਜਾਣਾ ਚਾਹੀਦਾ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਨੀ ਨੇ ਕਿਹਾ ਕਿ ਸਰਕਾਰ ਦਾ ਉਦੇਸ਼ ਹੈ ਕਿ ਧਰਮਖੇਤਰ ਕੁਰੂਕਸ਼ੇਤਰ ਦੀ ਸੱਭਿਆਚਾਰਕ ਅਤੇ ਅਧਿਆਤਮਕ ਧਰੋਹਰ ਨੂੰ ਵਿਸ਼ਵ ਪੱਧਰ 'ਤੇ ਪਹਿਚਾਣ ਮਿਲੇ। ਉਨ੍ਹਾਂ ਕਿਹਾ ਕਿ ਅਜਿਹੀ ਵਿਵਸਥਾ ਕੀਤੀ ਜਾਵੇ ਕਿ ਜੇਕਰ ਕੋਈ ਇੱਥੇ ਆਵੇ ਤਾਂ ਉਸ ਨੂੰ ਅਹਿਸਾਸ ਹੋਵੇ ਕਿ ਉਹ ਉਸ ਪਵਿੱਤਰ ਧਰਤੀ 'ਤੇ ਆਇਆ ਹਾਂ ਜੋ ਮਹਾਭਾਂਰਤ ਦੇ ਇਤਿਹਾਸ ਨਾਲ ਜੁੜੀ ਹੋਈ ਹੈ। ਇਸ ਦੇ ਲਈ ਇੱਥੇ ਧਾਰਮਿਕ ਅਤੇ ਸੈਰ-ਕੁਰਮਸ਼ੇਤਰ ਵਿਕਾਸ ਬੋਰਡ ਦੀ ਮੀਟਿੰਗ ਵਿੱਚ ਫੈਸਲਾ ਹੋਇਆ ਹੈ ਕਿ ਕੁਰੂਕਸ਼ੇਤਰ ਵਿੱਚ ਇਲੈਕਟ੍ਰਿਕ ਬੱਸਾਂ ਚਲਾਈਆਂ ਜਾਣਗੀਆਂ। ਇਨ੍ਹਾਂ ਬੱਸਾਂ ਨੂੰ 48 ਕੋਸ ਤਹਿਤ ਆਉਣ ਵਾਲੇ ਤੀਰਥਾਂ ਦੇ ਨਾਲ ਕਨੈਕਟ ਕੀਤਾ ਜਾਵੇਗਾ। ਬੱਸਾਂ ਦੇ ਅੰਦਰ ਰੂਟ ਮੈਪ ਵੀ ਲਗਾਇਆ ਜਾਵੇਗਾ, ਨਾਲ ਹੀ ਡੇਲੀਵੇਜ ਪਾਸ ਨੂੰ ਵਿਵਸਥਾ ਵੀ ਰਹੇਗੀ। ਮੀਟਿੰਗ ਵਿੱਚ ਮੌਜੂਦ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਡੇਲੀਵੇਜ ਪਾਸ ਨਾ ਸਿਰਫ ਬੱਸ ਵਿੱਚ ਚੱਲਣਗੇ ਨਾਲ ਹੀ ਕੁਰੂਕਸ਼ੇਤਰ ਵਿੱਚ ਬਣੇ ਵੱਖ-ਵੱਖ ਸਥਾਨਾਂ 'ਤੇ ਵੀ ਐਂਟਰੀ ਪਾਸ ਵਜੋਂ ਵੀ ਕੰਮ ਆ ਸਕੇਗਾ। ਮੀਟਿੰਗ ਦੌਰਾਨ ਗੀਤਾ ਮਨੀਸ਼ੀ ਸਵਾਮੀ ਗਿਆਨਾਨੰਦ ਨੇ ਕਿਹਾ ਕਿ ਧਰਮਨਗਰੀ ਕੁਰੂਕਸ਼ੇਤਰ ਨੂੰ ਸ਼ਾਨਦਾਰ ਰੂਪ ਦੇਣ ਲਈ ਅਸੀਂ ਸਾਰੇ ਮਿਲ ਕੇ ਯਤਨ ਕਰ ਰਹੇ ਹਾਂ। ਉਨ੍ਹਾਂ ਸੁਝਾਅ ਦਿੱਤਾ ਕਿ ਗਲੋਬਲ ਗੀਤਾ ਸਮਿਟ ਦਾ ਵੀ ਸੂਬੇ ਵਿੱਚ ਆਯੋਜਨ ਹੋਣਾ ਚਾਹੀਦਾ ਹੈ, ਜਿਸ ਵਿੱਚ ਪੂਰੇ ਵਿਸ਼ਵ ਤੋਂ ਸਕਾਲਰ ਆਉਣ।ਮੀਟਿੰਗ ਵਿੱਚ ਕੁਰੂਕਸ਼ੇਤਰ ਤੋਂ ਸਾਂਸਦ ਨਵੀਨ ਜਿੰਦਲ ਵੀਡੀਓ ਕਾਨਫ੍ਰੰਸਿੰਗ ਰਾਹੀਂ ਸ਼ਾਮਲ ਹੋਏ। ਇਸ ਦੌਰਾਨ ਵਿਧਾਇਕ ਅਸ਼ੋਕ ਅਰੋੜਾ, ਮੁੱਖ ਸਕੱਤਰ ਅਨੁਰਾਗ ਰਸਤੋਗੀ, ਗ੍ਰਹਿ ਵਿਭਾਂਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ, ਮੁੱਖ ਮੰਤਰੀ ਦੇ ਪ੍ਰਧਾਨ ਸਕੱਤਰ ਅਰੁਣ ਗੁਪਤਾ, ਮੁੱਖ ਮੰਤਰੀ ਦੇ ਵਧੀਕ ਪ੍ਰਧਾਨ ਸਕੱਤਰ ਡਾ. ਸਾਕੇਤ ਕੁਮਾਰ, ਕੁਰੂਕਸ਼ੇਤਰ ਵਿਕਾਸ ਬੇਰਡ ਦੇ ਮੈਂਬਰ ਸਕੱਤਰ ਵਿਕਾਸ ਗੁਪਤਾ, ਮੁੱਖ ਮੰਤਰੀ ਦੇ ਓ ਐਸ ਡੀ ਭਾਰਤ ਭੂਸ਼ਣ ਭਾਰਤੀ, ਕੁਰੂਕਸ਼ੇਤਰ ਵਿਕਾਸ ਬੋਰਡ ਦੇ ਸੀ ਈ ਓ ਪੰਕਜ ਸੇਤਿਆ, ਉਪੇਂਦਰ ਸਿੰਘਲ, ਡਾ. ਰਿਸ਼ੀਪਾਲ ਮਥਾਨਾ, ਮਦਨ ਮੋਹਨ ਛਾਬੜਾ ਵੀ ਮੌਜੂਦ ਸਨ।

